11-SEP-PAGE-1.qxd 9/10/2024 10:37 PM Page 1

ਬੁੱਧਵਾਰ, 11 ਸਤੰਬਰ, 2024
27 ਭਾਦੋਂ { ਨਾਨਕਸ਼ਾਹੀ 556 / ਬਿਕਰਮੀ 2081 }
ਜਿਲਦ/VOL. : 73
ਅੰਕ/NO. : 101

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 11 SEPTEMBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਰਾਹੁਲ ਦੇ ਘੱਟ-ਗਿਣਤੀਆਂ ਬਾਰੇ ਬਿਆਨ ਤੋਂ ਭਾਜਪਾਈ ਲੋਹ-ਲਾਖੇ



**ਨਵੀਂ ਦਿੱਲੀ** : ਰਾਹੁਲ ਗਾਂਧੀ ਵੱਲੋਂ ਅਮਰੀਕਾ 'ਚ ਭਾਰਤੀ ਘੱਟ ਗਿਣਤੀਆਂ ਵਿਚਲੀ ਬੇਚੈਨੀ ਬਾਰੇ ਕੀਤੀ ਗਈ ਟਿੱਪਣੀ 'ਤੇ ਭਾਜਪਾਈ ਬੁਰੀ ਤਰ੍ਹਾਂ ਖਫਾ ਹੋ ਗਏ ਹਨ। ਵਾਸ਼ਿੰਗਟਨ ਡੀ ਸੀ ਦੇ ਵਰਜੀਨੀਆ ਦੇ ਇਕ ਉਪ ਨਗਰ ਹਰਨਡਾਨ 'ਚ ਅਮਰੀਕਾ ਰਹਿੰਦੇ ਭਾਰਤੀਆਂ ਨੂੰ ਸੰਬੋਧਨ ਦੌਰਾਨ ਰਾਹੁਲ ਨੇ ਕਿਹਾ—ਸਭ ਤੋਂ ਪਹਿਲਾਂ ਸਾਨੂੰ ਇਹ ਸਮਝਣਾ ਹੋਵੇਗਾ ਕਿ ਲੜਾਈ ਕੀ ਹੈ? ਲੜਾਈ ਰਾਜਨੀਤੀ ਦੀ ਨਹੀਂ, ਇਹ ਗੱਲ ਸਤਹੀ ਹੈ।

ਇਸ ਤੋਂ ਬਾਅਦ ਉਨ੍ਹਾ ਸਰੋਤਿਆਂ ਵਿੱਚੋਂ ਇਕ ਪਗੜੀਧਾਰੀ ਵਿਅਕਤੀ ਵੱਲ ਇਸ਼ਾਰਾ ਕਰਕੇ ਪੁੱਛਿਆ ਕਿ ਭਾਈ ਸਾਹਿਬ, ਤੁਹਾਡਾ ਨਾਂਅ ਕੀ ਹੈ? ਜਵਾਬ ਮਿਲਣ 'ਤੇ ਰਾਹੁਲ ਨੇ ਕਿਹਾ—ਲੜਾਈ ਇਸ ਗੱਲ ਨੂੰ ਲੈ ਕੇ ਹੈ ਕਿ ਕੀ ਇੱਕ ਸਿੱਖ ਨੂੰ ਭਾਰਤ ਵਿਚ ਦਸਤਾਰ ਸਜਾਉਣ ਜਾਂ ਕੜਾ ਪਾਉਣ ਦੀ ਆਗਿਆ ਹੋਵੇਗੀ ਕਿ ਨਹੀਂ? ਜਾਂ ਸਿੱਖ ਹੋਣ ਦੇ ਨਾਤੇ ਉਹ ਗੁਰਦੁਆਰੇ ਜਾ ਸਕੇਗਾ ਕਿ ਨਹੀਂ? ਇਹ ਹੈ ਅਸਲ ਲੜਾਈ। ਅਤੇ ਸਿਰਫ ਤੁਹਾਡੀ ਨਹੀਂ, ਸਗੋਂ ਸਾਰੇ ਧਰਮਾਂ ਦੀ ਹੈ।

ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਬਕਾਇਦਾ ਪ੍ਰੈੱਸ ਕਾਨਫਰੰਸ ਲਾ ਕੇ ਕਿਹਾ ਕਿ ਰਾਹੁਲ ਨੇ ਇਹ ਪ੍ਰਭਾਵ ਦੇਣ ਦੀ ਕੋਸ਼ਿਸ਼ ਕੀਤੀ ਹੈ ਕਿ ਭਾਰਤ ਵਿਚ ਸਿੱਖਾਂ ਵਿਚ ਬੇਚੈਨੀ ਹੈ ਅਤੇ ਉਹ ਦਸਤਾਰ ਤੇ ਕੜਾ ਨਹੀਂ ਪਹਿਨ ਸਕਦੇ। ਉਨ੍ਹਾ ਕਿਹਾ—ਮੈਂ 60 ਸਾਲ ਤੋਂ ਦਸਤਾਰ ਸਜਾ ਰਿਹਾ ਹਾਂ ਤੇ ਕੜਾ ਪਾ ਰਿਹਾ ਹਾਂ। ਇਸ ਸਰਕਾਰ ਨੇ ਸਿੱਖਾਂ ਦੇ ਮੁੱਦਿਆਂ ਤੇ ਫਿਕਰਾਂ ਵੱਲ ਧਿਆਨ ਦਿੱਤਾ ਹੈ। ਸਾਡੇ ਇਤਿਹਾਸ ਵਿਚ ਸਿੱਖ ਭਾਈਚਾਰਾ ਨੇ ਅਸੁੱਰਖਿਆ ਤੇ ਹੋਂਦ ਨੂੰ ਖਤਰਾ ਉਦੋਂ ਮਹਿਸੂਸ ਕੀਤਾ, ਜਦੋਂ ਰਾਹੁਲ ਗਾਂਧੀ ਦਾ ਪਰਵਾਰ ਸੱਤਾ 'ਚ ਸੀ।

ਭਾਜਪਾ ਦੇ ਬੁਲਾਰੇ ਗੌਰਵ ਭਾਟੀਆ ਨੇ ਕਿਹਾ ਕਿ ਰਾਹੁਲ ਭਾਰਤੀ ਜਮਹੂਰੀਅਤ ਵਿਚ ਕਾਲਾ ਦਾਗ ਹੈ, ਉਸ ਨੂੰ ਪਤਾ ਨਹੀਂ ਕਿ ਬਾਹਰ ਜਾ ਕੇ ਕੀ ਗੱਲ ਕਰਨੀ ਹੈ।

ਆਰ ਪੀ ਸਿੰਘ ਨੇ ਕਿਹਾ—ਦਿੱਲੀ 'ਚ 3000 ਸਿੱਖਾਂ ਦਾ ਕਤਲੇਆਮ ਕੀਤਾ ਗਿਆ, ਉਨ੍ਹਾਂ ਦੀਆਂ ਪੱਗਾਂ ਉਤਾਰ ਦਿੱਤੀਆਂ ਗਈਆਂ, ਉਨ੍ਹਾਂ ਦੇ ਵਾਲ ਕੱਟੇ ਗਏ ਅਤੇ ਦਾੜ੍ਹੀਆਂ ਮੁੰਨ ਦਿੱਤੀਆਂ ਗਈਆਂ, ਰਾਹੁਲ ਗਾਂਧੀ ਇਹ ਨਹੀਂ ਕਹਿੰਦੇ ਕਿ ਇਹ ਸਭ ਉਦੋਂ ਹੋਇਆ, ਜਦੋਂ ਕਾਂਗਰਸ ਦੀ ਸੱਤਾ ਸੀ, ਮੈਂ ਰਾਹੁਲ ਗਾਂਧੀ ਨੂੰ ਚੁਣੌਤੀ ਦਿੰਦਾ ਹਾਂ ਕਿ ਉਹ ਸਿੱਖਾਂ ਬਾਰੇ ਬਾਹਰ ਜੋ ਕਹਿ ਰਹੇ ਹਨ, ਉਹ ਭਾਰਤ 'ਚ ਦੁਹਰਾਉਣ ਅਤੇ ਫਿਰ ਮੈਂ ਉਨ੍ਹਾ ਖਿਲਾਫ ਕੇਸ ਦਰਜ ਕਰ ਕੇ ਅਦਾਲਤ 'ਚ ਲੈ ਜਾਵਾਂਗਾ। ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਰਾਹੁਲ ਗਾਂਧੀ ਨੂੰ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਦੀ ਯਾਦ ਦਿਵਾਉਂਦਿਆਂ ਕਿਹਾ ਕਿ ਜਦੋਂ ਅਟਲ ਬਿਹਾਰੀ ਵਾਜਪਾਈ ਵਿਰੋਧੀ ਧਿਰ ਦੇ ਨੇਤਾ ਸਨ ਤਾਂ ਉਨ੍ਹਾ ਕਦੇ ਵੀ ਦੇਸ਼ ਦੇ ਅਕਸ ਨੂੰ ਖਰਾਬ ਕਰਨ ਦੀ ਕੋਸ਼ਿਸ਼ ਨਹੀਂ ਕੀਤੀ। ਰਾਹੁਲ ਗਾਂਧੀ ਵਿਰੋਧੀ ਧਿਰ ਦੇ ਨੇਤਾ ਹਨ ਅਤੇ ਵਿਰੋਧੀ ਧਿਰ ਦਾ ਅਹੁਦਾ ਇਕ ਜ਼ਿੰਮੇਵਾਰ ਅਹੁਦਾ ਹੈ।

ਉਪਰੋਕਤ ਸਮਾਗਮ 'ਚ ਰਾਹੁਲ ਗਾਂਧੀ ਨੇ ਇਹ ਵੀ ਕਿਹਾ ਕਿ ਇਸ ਵਾਰ ਭਾਰਤ 'ਚ ਆਮ ਚੋਣਾਂ ਦੇ ਨਤੀਜਿਆਂ ਨੇ 'ਮੋਦੀ ਦਾ ਵਿਚਾਰ' ਢਹਿ-ਢੇਰੀ ਕਰ ਦਿੱਤਾ ਅਤੇ ਪ੍ਰਧਾਨ ਮੰਤਰੀ ਵੱਲੋਂ ਪੈਦਾ ਕੀਤਾ ਗਿਆ 'ਡਰ' ਗਾਇਬ ਹੋ ਗਿਆ ਅਤੇ 'ਇਤਿਹਾਸ' ਬਣ ਗਿਆ।

ਰਾਹੁਲ ਨੇ ਕਿਹਾ ਕਿ ਲੋਕ ਸਭਾ ਚੋਣਾਂ ਲੜਨ ਲਈ ਸਾਰਿਆਂ ਨੂੰ ਬਰਾਬਰ ਦੇ ਮੌਕੇ ਮੁਹੱਈਆ ਨਹੀਂ ਸਨ, ਪਰ ਇਸ ਦੇ ਬਾਵਜੂਦ ਭਾਜਪਾ ਦੀ ਅਗਵਾਈ ਵਾਲਾ ਸੱਤਾਧਾਰੀ ਗੱਠਜੋੜ ਢਹਿ-ਢੇਰੀ ਹੋ ਗਿਆ, 'ਇਕਦਮ ਵਿੱਚੋਂ' ਟੁੱਟ ਗਿਆ। ਲੋਕ ਸਭਾ ਚੋਣਾਂ ਦੇ ਨਤੀਜਿਆਂ ਦਾ ਐਲਾਨ ਹੋਣ ਤੋਂ ਬਾਅਦ ਚੀਜ਼ਾਂ ਬਦਲੀਆਂ ਹਨ। ਮੋਦੀ ਜੀ ਵੱਲੋਂ ਪੈਦਾ ਕੀਤਾ ਗਿਆ ਡਰ ਇਕ ਸਕਿੰਟ 'ਚ ਗਾਇਬ ਹੋ ਗਿਆ। ਉਸ ਡਰ ਨੂੰ ਪੈਦਾ ਕਰਨ 'ਚ ਕਈ ਸਾਲ ਲੱਗ ਗਏ, ਬਹੁਤ ਸਾਰੀਆਂ ਯੋਜਨਾਵਾਂ ਬਣਾਈਆਂ ਗਈਆਂ ਅਤੇ ਕਾਫੀ ਪੈਸਾ ਲਗਾਇਆ ਗਿਆ, ਪਰ ਇਸ ਨੂੰ ਖਤਮ ਹੋਣ 'ਚ ਸਿਰਫ ਇਕ ਸਕਿੰਟ ਲੱਗਾ।

ਰਾਹੁਲ ਨੇ ਅੱਗੇ ਕਿਹਾ—ਮੈਂ ਤੁਹਾਨੂੰ ਦੱਸ ਦੇਵਾਂ ਕਿ ਮੋਦੀ ਦਾ ਵਿਚਾਰ 56 ਇੰਚ ਦੀ ਛਾਤੀ, ਰੱਬ ਨਾਲ ਸਿੱਧਾ ਜੋੜ ਆਦਿ ਸਭ ਗਾਇਬ ਹੋ ਗਿਆ, ਹੁਣ ਇਹ ਇਤਿਹਾਸ ਹੈ।ਰਾਹੁਲ ਗਾਂਧੀ ਨੇ ਕਿਹਾ ਕਿ ਕਾਂਗਰਸ ਪਾਰਟੀ ਰਾਖਵੇਂਕਰਨ ਨੂੰ ਖਤਮ ਕਰਨ ਬਾਰੇ ਉਦੋਂ ਸੋਚੇਗੀ ਜਦੋਂ ਭਾਰਤ 'ਚ ਰਾਖਵੇਂਕਰਨ ਦੇ ਲਿਹਾਜ਼ ਨਾਲ ਨਿਰਪੱਖਤਾ ਹੋਵੇਗੀ ਅਤੇ ਅਜੇ ਅਜਿਹਾ ਨਹੀਂ ਹੈ। ਜੌਰਜਟਾਊਨ ਯੂਨੀਵਰਸਿਟੀ 'ਚ ਗੱਲਬਾਤ ਦੌਰਾਨ ਵਿਦਿਆਰਥੀਆਂ ਨੇ ਰਾਹੁਲ ਨੂੰ ਰਾਖਵੇਂਕਰਨ ਨੂੰ ਲੈ ਕੇ ਸਵਾਲ ਕੀਤਾ ਸੀ ਅਤੇ ਪੁੱਛਿਆ ਸੀ ਕਿ ਇਹ ਕਦੋਂ ਤੱਕ ਜਾਰੀ ਰਹੇਗਾ। ਇਸ 'ਤੇ ਉਨ੍ਹਾ ਕਿਹਾ—ਜਦੋਂ ਭਾਰਤ 'ਚ ਰਾਖਵੇਂਕਰਨ ਦੇ ਲਿਹਾਜ਼ ਨਾਲ ਨਿਰਪੱਖਤਾ ਹੋਵੇਗੀ ਤਾਂ ਅਸੀਂ ਰਾਖਵਾਂਕਰਨ ਖਤਮ ਕਰਨ ਬਾਰੇ ਸੋਚਾਂਗੇ। ਅਜੇ ਭਾਰਤ ਇਸ ਵਾਸਤੇ ਇਕ ਨਿਰਪੱਖ ਜਗ੍ਹਾ ਨਹੀਂ ਹੈ।

ਰਾਹੁਲ ਨੇ ਕਿਹਾ—ਜਦੋਂ ਤੁਸੀਂ ਵਿੱਤੀ ਅੰਕੜਿਆਂ ਨੂੰ ਦੇਖਦੇ ਹੋ, ਤਾਂ ਕਬਾਇਲੀਆਂ ਨੂੰ 100 ਰੁਪਏ 'ਚੋਂ 10 ਰੁਪਏ ਮਿਲਦੇ ਹਨ। ਦਲਿਤਾਂ ਨੂੰ 100 ਰੁਪਏ 'ਚੋਂ ਪੰਜ ਰੁਪਏ ਮਿਲਦੇ ਹਨ ਅਤੇ ਹੋਰ ਪੱਛੜੇ ਵਰਗ ਦੇ ਲੋਕਾਂ ਨੂੰ ਵੀ ਲੱਗਭੱਗ ਐਨੇ ਹੀ ਪੈਸੇ ਮਿਲਦੇ ਹਨ। ਸੱਚ ਇਹ ਹੈ ਕਿ ਉਨ੍ਹਾਂ ਨੂੰ ਉਚਿੱਤ ਹਿੱਸੇਦਾਰੀ ਨਹੀਂ ਮਿਲ ਰਹੀ ਹੈ। ਸਮੱਸਿਆ ਇਹ ਹੈ ਕਿ ਭਾਰਤ ਦੀ 90 ਫੀਸਦ ਆਬਾਦੀ ਭਾਗੀਦਾਰੀ ਕਰਨ 'ਚ ਸਮਰੱਥ ਨਹੀਂ ਹੈ। ਭਾਰਤ ਦੇ ਹਰੇਕ 'ਬਿਜ਼ਨਸ ਲੀਡਰ' ਦੀ ਸੂਚੀ ਦੇਖੋ। ਮੈਂ ਅਜਿਹਾ ਕੀਤਾ ਹੈ। ਮੈਨੂੰ ਕਬਾਇਲੀ ਨਾਂਅ ਦਿਖਾਓ। ਮੈਨੂੰ ਦਲਿਤ ਨਾਂਅ ਦਿਖਾਓ। ਮੈਨੂੰ ਓ ਬੀ ਸੀ ਨਾਂਅ ਦਿਖਾਓ। ਮੈਨੂੰ ਲੱਗਦਾ ਹੈ ਕਿ ਸਿਖਰਲੇ 200 ਵਿੱਚੋਂ ਇਕ ਓ ਬੀ ਸੀ ਹੈ। ਉਹ ਭਾਰਤ ਦੀ ਆਬਾਦੀ ਦਾ 50 ਫੀਸਦ ਹਨ, ਪਰ ਅਸੀਂ ਇਸ ਬਿਮਾਰੀ ਦਾ ਇਲਾਜ ਨਹੀਂ ਕਰ ਰਹੇ ਹਨ। ਇਹੀ ਸਮੱਸਿਆ ਹੈ। ਅਮਰੀਕਾ ਦਾ ਚਾਰ ਦਿਨਾਂ ਦੌਰਾ ਕਰ ਰਹੇ ਰਾਹੁਲ ਨੇ ਸੋਮਵਾਰ ਜੌਰਜਟਾਊਨ ਯੂਨੀਵਰਸਿਟੀ ਤੋਂ ਇਲਾਵਾ ਵਾਸ਼ਿੰਗਟਨ ਡੀ ਸੀ ਦੇ ਵਰਜੀਨੀਆ ਦੇ ਇਕ ਉਪ ਨਗਰ ਹਰਨਡਾਨ 'ਚ ਪ੍ਰੋਗਰਾਮ ਨੂੰ ਸੰਬੋਧਨ ਕੀਤਾ।

### ਹਾਲਤ ਕਾਫੀ ਨਾਜ਼ੁਕ



**ਨਵੀਂ ਦਿੱਲੀ** : ਸੀ ਪੀ ਆਈ (ਐੱਮ) ਦੇ ਜਨਰਲ ਸਕੱਤਰ ਸੀਤਾਰਾਮ ਯੇਚੂਰੀ ਦੀ ਹਾਲਤ ਨਾਜ਼ੁਕ ਹੈ ਅਤੇ ਏਮਜ਼ 'ਚ ਉਨ੍ਹਾ ਨੂੰ ਮਸ਼ੀਨਾਂ ਦੀ ਮਦਦ ਨਾਲ ਸਾਹ ਦਿਵਾਇਆ ਜਾ ਰਿਹਾ ਹੈ। ਪਾਰਟੀ ਨੇ ਦੱਸਿਆ ਹੈ ਕਿ 72 ਸਾਲਾ ਯੇਚੂਰੀ ਦਾ ਸਾਹ ਦੀ ਨਲੀ ਦੀ ਲਾਗ ਦਾ ਇਲਾਜ ਕੀਤਾ ਜਾ ਰਿਹਾ ਹੈ। ਯੇਚੂਰੀ ਨੂੰ ਨਿਮੋਨੀਆ ਵਰਗੀ ਛਾਤੀ ਦੀ ਲਾਗ ਦੇ ਇਲਾਜ ਲਈ 19 ਅਗਸਤ ਨੂੰ ਭਰਤੀ ਕੀਤਾ ਗਿਆ ਸੀ।

### ਮਾਲ ਗੱਡੀ ਉਲਟਾਉਣ ਦੀ ਕੋਸ਼ਿਸ਼



**ਜੈਪੁਰ** : ਰਾਜਸਥਾਨ ਦੇ ਅਜਮੇਰ ਜ਼ਿਲ੍ਹੇ 'ਚ ਵੈਸਟਰਨ ਡੈਡੀਕੇਟਿਡ ਫਰੇਟ ਕੌਰੀਡੋਰ 'ਤੇ ਸੀਮਿੰਟ ਦੇ ਬਲਾਕ ਰੱਖ ਕੇ ਇਕ ਮਾਲ ਗੱਡੀ ਨੂੰ ਪਟੜੀ ਤੋਂ ਲਾਹੁਣ ਦੀ ਕੋਸ਼ਿਸ਼ ਕੀਤੀ ਗਈ। ਉੱਤਰ-ਪੱਛਮੀ ਰੇਲਵੇ ਦੇ ਅਧਿਕਾਰੀ ਨੇ ਦੱਸਿਆ—ਕੁਝ ਬਦਮਾਸ਼ਾਂ ਨੇ ਐਤਵਾਰ ਵੈਸਟਰਨ ਡੈਡੀਕੇਟਿਡ ਫਰੇਟ ਕੌਰੀਡੋਰ 'ਚ ਫੁਲੇਰਾ-ਅਹਿਮਦਾਬਾਦ ਟਰੈਕ 'ਤੇ ਸਰਧਨਾ ਤੇ ਬਾਂਗੜ ਸਟੇਸ਼ਨਾਂ ਵਿਚਾਲੇ ਪਟੜੀ 'ਤੇ ਸੀਮਿੰਟ ਦੇ ਦੋ ਬਲਾਕ ਰੱਖ ਦਿੱਤੇ, ਜਿਨ੍ਹਾਂ ਨੂੰ ਇਕ ਮਾਲ ਗੱਡੀ ਨੇ ਟੱਕਰ ਮਾਰ ਦਿੱਤੀ, ਪਰ ਕੋਈ ਮੰਦਭਾਗੀ ਘਟਨਾ ਨਹੀਂ ਵਾਪਰੀ।

### ਮਲਬੇ 'ਚੋਂ 4 ਹੋਰ ਸ਼ਰਧਾਲੂਆਂ ਦੀਆਂ ਲਾਸ਼ਾਂ ਬਰਾਮਦ

**ਰੁਦਰਪ੍ਰਯਾਗ (ਉੱਤਰਾਖੰਡ)** : ਰੁਦਰਪ੍ਰਯਾਗ ਜ਼ਿਲ੍ਹੇ ਦੇ ਕੇਦਾਰਨਾਥ ਕੌਮੀ ਰਾਜਮਾਰਗ 'ਤੇ ਢਿੱਗਾਂ ਖਿਸਕਣ ਕਾਰਨ ਜਮ੍ਹਾਂ ਹੋਏ ਮਲਬੇ 'ਚੋਂ ਮੰਗਲਵਾਰ ਚਾਰ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਤੇ ਇਸ ਨਾਲ ਮ੍ਰਿਤਕਾਂ ਦੀ ਗਿਣਤੀ ਪੰਜ ਹੋ ਗਈ ਹੈ। ਸੋਮਵਾਰ ਰਾਤ ਖਰਾਬ ਮੌਸਮ, ਬਰਫਬਾਰੀ, ਹਨੇਰੇ ਅਤੇ ਪੱਥਰ ਡਿੱਗਣ ਕਾਰਨ ਰੋਕੇ ਗਏ ਬਚਾਅ ਅਤੇ ਰਾਹਤ ਕਾਰਜਾਂ ਨੂੰ ਸਵੇਰੇ ਫਿਰ ਤੋਂ ਸ਼ੁਰੂ ਕੀਤਾ ਗਿਆ, ਇਸ ਦੌਰਾਨ ਤਿੰਨ ਔਰਤਾਂ ਸਮੇਤ ਚਾਰ ਹੋਰ ਸ਼ਰਧਾਲੂਆਂ ਦੀਆਂ ਲਾਸ਼ਾਂ ਨੂੰ ਬਾਹਰ ਕੱਢਿਆ ਗਿਆ। ਸੋਨਪ੍ਰਯਾਗ ਅਤੇ ਗੌਰੀਕੁੰਡ ਵਿਚਕਾਰ ਮੁਨਕਟੀਆ ਨੇੜੇ ਸੋਮਵਾਰ ਦੇਰ ਸ਼ਾਮ ਢਿੱਗਾਂ ਖਿਸਕਣ ਕਾਰਨ ਮਲਬੇ ਵਿਚ ਹੋਰ ਲੋਕਾਂ ਦੇ ਦੱਬੇ ਹੋਣ ਦਾ ਵੀ ਖਦਸ਼ਾ ਹੈ।

### ਆਪ ਦੇ 9 ਹੋਰ ਉਮੀਦਵਾਰ

**ਚੰਡੀਗੜ੍ਹ** : ਹਰਿਆਣਾ ਵਿਧਾਨ ਸਭਾ ਚੋਣਾਂ ਲਈ ਆਮ ਆਦਮੀ ਪਾਰਟੀ ਨੇ 9 ਉਮੀਦਵਾਰਾਂ ਦੀ ਦੂਜੀ ਸੂਚੀ ਜਾਰੀ ਕਰ ਦਿੱਤੀ ਹੈ। ਹਲਕਾ ਸਢੌਰਾ ਤੋਂ ਰੀਟਾ ਬਾਮਨੀਆ, ਥਾਨੇਸਰ ਤੋਂ ਕ੍ਰਿਸ਼ਨ ਬਜਾਜ, ਇੰਦਰੀ ਤੋਂ ਹਵਾ ਸਿੰਘ, ਰਤੀਆ ਤੋਂ ਮੁਖਤਿਆਰ ਸਿੰਘ ਬਾਜ਼ੀਗਰ, ਆਦਮਪੁਰ ਤੋਂ ਐਡਵੋਕੇਟ ਭੁਪੇਂਦਰ ਬੈਨੀਵਾਲ, ਬਰਵਾਲਾ ਤੋਂ ਪ੍ਰੋਫੈਸਰ ਛਤਰਪਾਲ ਸਿੰਘ, ਬਾਵਲ ਤੋਂ ਜਵਾਹਰ ਲਾਲ, ਫਰੀਦਾਬਾਦ ਤੋਂ ਪ੍ਰਵੇਸ਼ ਮਹਿਤਾ ਅਤੇ ਤਿਗਾਓਂ ਤੋਂ ਅਬਾਸ਼ ਚੰਦੇਲਾ ਨੂੰ ਉਮੀਦਵਾਰ ਐਲਾਨਿਆ ਗਿਆ ਹੈ। ਪਾਰਟੀ ਨੇ 90 ਸੀਟਾਂ ਵਿੱਚੋਂ 29 'ਤੇ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਹੈ।

### 14 ਕਰੋੜ ਦੀ ਸ਼ਰਾਬ ਤੇ ਹੋਰ ਮਾਲ ਜ਼ਬਤ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਸਕੱਤਰ ਡਾ. ਟੀ ਵੀ ਐੱਸ ਐੱਨ ਪ੍ਰਸਾਦ ਨੇ ਮੰਗਲਵਾਰ ਹਰਿਆਣਾ ਵਿਧਾਨ ਸਭਾ ਦੇ ਆਮ ਚੋਣਾਂ ਦੇ ਮੱਦੇਨਜ਼ਰ ਚੋਣ ਕਮਿਸ਼ਨ ਵੱਲੋਂ ਗੁਆਂਢੀ ਸੂਬਿਆਂ ਨਾਲ ਚੋਣ ਨੂੰ ਲੈ ਕੇ ਇੰਟਰ-ਸਟੇਟ ਬੋਰਡ 'ਤੇ ਤਾਲਮੇਲ ਲਈ ਬੁਲਾਈ ਗਈ ਮੀਟਿੰਗ ਦੌਰਾਨ ਰਾਜ ਵਿਚ ਵਿਆਪਕ ਚੋਣ ਤਿਆਰੀਆਂ ਅਤੇ ਕਾਨੂੰਨ ਵਿਵਸਥਾ ਦੀ ਸਥਿਤੀ ਦੀ ਜਾਣਕਾਰੀ ਦਿੱਤੀ।ਡਾ. ਪ੍ਰਸਾਦ ਨੇ ਦੱਸਿਆ ਕਿ ਚੋਣ ਐਲਾਨ ਦੇ ਬਾਅਦ ਤੋਂ ਹੁਣ ਤੱਕ ਸੂਬੇ ਵਿਚ ਕੁੱਲ 14 ਕਰੋੜ ਰੁਪਏ ਦੀ ਨਜਾਇਜ਼ ਸ਼ਰਾਬ, ਨਸ਼ੀਲੇ ਪਦਾਰਥ, ਨਗਦੀ ਤੇ ਕੀਮਤੀ ਵਸਤੂਆਂ ਜ਼ਬਤ ਕੀਤੀਆਂ ਗਈਆਂ ਹਨ। ਜ਼ਬਤ ਕੀਤੇ ਗਏ ਸਮਾਨ ਵਿਚ 10.45 ਲੱਖ ਰੁਪਏ ਦੀ ਨਗਦੀ, 2.44 ਲੱਖ ਲੀਟਰ ਸ਼ਰਾਬ, 436.55 ਲੱਖ ਰੁਪਏ ਦੀ 2,079 ਕਿਲੋ ਡਰੱਗਜ਼, 30.5 ਕਿਲੋ ਕੀਮਤੀ ਧਾਤੂ ਅਤੇ 134.98 ਲੱਖ ਰੁਪਏ ਮੁੱਲ ਦਾ ਹੋਰ ਕੀਮਤੀ ਸਮਾਨ ਸ਼ਾਮਲ ਹੈ।

### ਇੰਜੀਨੀਅਰ ਰਾਸ਼ਿਦ ਦੀ ਅੰਤਰਮ ਜ਼ਮਾਨਤ



**ਨਵੀਂ ਦਿੱਲੀ** : ਦਿੱਲੀ ਦੇ ਐਡੀਸ਼ਨਲ ਸੈਸ਼ਨ ਜੱਜ ਚੰਦਰ ਜੀਤ ਸਿੰਘ ਨੇ ਨਵੇਂ ਚੁਣੇ ਗਏ ਲੋਕ ਸਭਾ ਮੈਂਬਰ ਸ਼ੇਖ ਅਬਦੁਲ ਰਾਸ਼ਿਦ (ਇੰਜੀਨੀਅਰ ਰਾਸ਼ਿਦ) ਨੂੰ ਦਹਿਸ਼ਤੀ ਫੰਡਿੰਗ ਮਾਮਲੇ 'ਚ ਮੰਗਲਵਾਰ ਦੋ ਅਕਤੂਬਰ ਤੱਕ ਅੰਤਰਮ ਜ਼ਮਾਨਤ ਦੇ ਦਿੱਤੀ, ਤਾਂ ਕਿ ਉਹ ਜੰਮੂ ਅਤੇ ਕਸ਼ਮੀਰ ਵਿਧਾਨ ਸਭਾ ਚੋਣਾਂ 'ਚ ਪ੍ਰਚਾਰ ਕਰ ਸਕੇ। ਰਾਸ਼ਿਦ ਨੇ 2024 ਦੀਆਂ ਲੋਕ ਸਭਾ ਚੋਣਾਂ 'ਚ ਬਾਰਾਮੂਲਾ ਹਲਕੇ ਵਿਚ ਜੰਮੂ-ਕਸ਼ਮੀਰ ਦੇ ਸਾਬਕਾ ਮੁੱਖ ਮੰਤਰੀ ਉਮਰ ਅਬਦੁੱਲਾ ਨੂੰ ਹਰਾਇਆ ਸੀ।

## ਮਨੀਪੁਰ 'ਚ ਇੰਟਰਨੈੱਟ ਬੰਦ, ਦੋ ਜ਼ਿਲ੍ਹਿਆਂ 'ਚ ਕਰਫਿਊ



**ਇੰਫਾਲ** : ਮਨੀਪੁਰ ਦੇ ਡੀ ਜੀ ਪੀ ਤੇ ਸੁਰੱਖਿਆ ਸਲਾਹਕਾਰ ਨੂੰ ਹਟਾਉਣ ਦੀ ਮੰਗ ਕਰ ਰਹੇ ਵਿਦਿਆਰਥੀਆਂ ਦੀ ਮੰਗਲਵਾਰ ਇੱਥੇ ਸੁਰੱਖਿਆ ਬਲਾਂ ਨਾਲ ਝੜਪ ਹੋ ਜਾਣ ਤੋਂ ਬਾਅਦ ਸਰਕਾਰ ਨੇ ਇੰਟਰਨੈੱਟ ਸੇਵਾ ਛੇ ਦਿਨਾਂ ਲਈ ਬੰਦ ਕਰ ਦਿੱਤੀ। ਦੋ ਜ਼ਿਲ੍ਹਿਆਂ ਇੰਫਾਲ ਪੂਰਬੀ ਤੇ ਪੱਛਮੀ 'ਚ ਕਰਫਿਊ ਲਗਾ ਦਿੱਤਾ ਗਿਆ ਹੈ, ਤਾਂ ਜੋ ਲੋਕਾਂ ਨੂੰ ਘਰਾਂ ਤੋਂ ਬਾਹਰ ਨਿਕਲਣ ਤੋਂ ਰੋਕਿਆ ਜਾ ਸਕੇ। ਇਸ ਤੋਂ ਇਲਾਵਾ ਥੌਬਲ 'ਚ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਗਏ ਹਨ। ਸਵੇਰੇ ਰਾਜ ਭਵਨ ਵੱਲ ਵਧ ਰਹੇ ਵਿਦਿਆਰਥੀਆਂ ਤੇ ਮਹਿਲਾਵਾਂ ਨੂੰ ਰੋਕਣ ਲਈ ਸੁਰੱਖਿਆ ਬਲਾਂ ਨੇ ਹੰਝੂ ਗੈਸ ਵੀ ਛੱਡੀ। ਇਸੇ ਦੌਰਾਨ ਕਾਂਗਪੋਕਪੀ ਜ਼ਿਲ੍ਹੇ 'ਚ ਦੋ ਹਥਿਆਰਬੰਦ ਗਰੁੱਪਾਂ ਵਿਚਾਲੇ ਸੰਘਰਸ਼ 'ਚ ਫਸੀ ਇਕ 46 ਸਾਲਾ ਮਹਿਲਾ ਦੀ ਮੌਤ ਹੋ ਗਈ। ਪੁਲਸ ਨੇ ਮੰਗਲਵਾਰ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਘਟਨਾ ਐਤਵਾਰ ਰਾਤ ਨੂੰ ਦੂਰ-ਦੁਰਾਡੇ ਦੇ ਥਾਂਗਬੂਹ ਪਿੰਡ 'ਚ ਵਾਪਰੀ। ਪਿੰਡ 'ਚ ਕੁਝ ਮਕਾਨਾਂ 'ਚ ਅੱਗ ਵੀ ਲਗਾ ਦਿੱਤੀ ਗਈ, ਜਿਸ ਨਾਲ ਸਥਾਨਕ ਲੋਕਾਂ ਨੂੰ ਨੇੜਲੇ ਜੰਗਲਾਂ 'ਚ ਪਨਾਹ ਲੈਣੀ ਪਈ। ਮ੍ਰਿਤਕ ਮਹਿਲਾ ਦੀ ਪਛਾਣ ਨੇਮਜਾਖੋਲ ਲਹੂੰਗਡਿਮ ਵਜੋਂ ਹੋਈ ਹੈ। ਚੁਰਾਚਾਂਦਪੁਰ ਜ਼ਿਲ੍ਹਾ ਹਸਪਤਾਲ 'ਚ ਪੋਸਟਮਾਰਟਮ ਤੋਂ ਬਾਅਦ ਮਹਿਲਾ ਦੀ ਲਾਸ਼ ਉਸ ਦੇ ਪਰਵਾਰ ਨੂੰ ਸੌਂਪ ਦਿੱਤੀ ਗਈ। ਪੁਲਸ ਮੁਤਾਬਕ ਦੋਵੇਂ ਧਿਰਾਂ ਵਿਚਾਲੇ ਹੋਏ ਸੰਘਰਸ਼ ਦੌਰਾਨ ਵੱਡੀ ਗਿਣਤੀ 'ਚ ਸ਼ਕਤੀਸ਼ਾਲੀ ਬੰਬਾਂ ਦਾ ਇਸਤੇਮਾਲ ਕੀਤਾ ਗਿਆ।

## ਮਾਧਵੀ ਬੁੱਚ ਦੇ ਪਤੀ ਨੂੰ ਮਹਿੰਦਰਾ ਐਂਡ ਮਹਿੰਦਰਾ ਤੋਂ 4.78 ਕਰੋੜ ਮਿਲੇ : ਕਾਂਗਰਸ

**ਨਵੀਂ ਦਿੱਲੀ** : ਕਾਂਗਰਸ ਨੇ ਮੰਗਲਵਾਰ ਦੋਸ਼ ਲਾਇਆ ਕਿ ਭਾਰਤੀ ਸਕਿਓਰਟੀਜ਼ ਤੇ ਐਕਸਚੇਂਜ ਬੋਰਡ (ਸੇਬੀ) ਦੀ ਮੁਖੀ ਮਾਧਵੀ ਪੁਰੀ ਬੁੱਚ ਦੀ 'ਅਗੋਰਾ ਐਡਵਾਈਜ਼ਰੀ ਪ੍ਰਾਈਵੇਟ ਲਿਮਟਿਡ' ਨਾਂਅ ਦੀ ਕੰਪਨੀ 'ਚ ਉਸ ਸਮੇਂ 99 ਫੀਸਦ ਹਿੱਸੇਦਾਰੀ ਸੀ, ਜਦੋਂ ਇਹ ਮਸ਼ਵਰਾ ਦੇਣ ਵਾਲੀ ਕੰਪਨੀ 'ਮਹਿੰਦਰਾ ਐਂਡ ਮਹਿੰਦਰਾ' ਗਰੁੱਪ ਨੂੰ ਸੇਵਾ ਮੁਹੱਈਆ ਕਰ ਰਹੀ ਸੀ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ 'ਐਕਸ' ਉੱਤੇ ਇਹ ਦਾਅਵਾ ਵੀ ਕੀਤਾ ਕਿ ਮਾਧਵੀ ਦੇ ਸੇਬੀ ਦੀ ਲੰਬੇ ਸਮੇਂ ਦੀ ਮੈਂਬਰ ਰਹਿੰਦੇ ਹੋਏ ਉਨ੍ਹਾ ਦੇ ਪਤੀ ਧਵਲ ਬੁੱਚ ਨੂੰ ਸਾਲ 2019-21 ਵਿਚਾਲੇ ਮਹਿੰਦਰਾ ਐਂਡ ਮਹਿੰਦਰਾ ਤੋਂ 4.78 ਕਰੋੜ ਰੁਪਏ ਮਿਲੇ। ਉੱਧਰ, ਮਹਿੰਦਰਾ ਐਂਡ ਮਹਿੰਦਰਾ ਨੇ ਕਾਂਗਰਸ ਦੇ ਦੋਸ਼ਾਂ ਨੂੰ ਝੂਠੇ ਅਤੇ ਭਰਮਾਉਣ ਵਾਲੇ ਕਰਾਰ ਦਿੰਦੇ ਹੋਏ ਕਿਹਾ ਕਿ ਉਸ ਨੇ ਕਦੇ ਵੀ ਸੇਬੀ ਤੋਂ ਤਰਜੀਹ ਦੀ ਅਪੀਲ ਨਹੀਂ ਕੀਤੀ ਅਤੇ ਧਵਲ ਬੁੱਚ ਦੀ ਸੇਵਾ ਉਨ੍ਹਾ ਦੇ ਆਲਮੀ ਤਜਰਬੇ ਨੂੰ ਦੇਖਦੇ ਹੋਏ ਸਿਰਫ ਸਪਲਾਈ ਚੇਨ ਵਾਸਤੇ ਲਈ ਗਈ ਸੀ। ਰਮੇਸ਼ ਨੇ ਇਹ ਸਵਾਲ ਕੀਤਾ ਹੈ ਕਿ ਕੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਾਧਵੀ ਦੀ ਇਸ ਹਿੱਸੇਦਾਰੀ ਬਾਰੇ ਜਾਣਕਾਰੀ ਸੀ?

## ਓ ਟੀ ਟੀ ਤੇ ਹੋਰਨਾਂ ਡਿਜੀਟਲ ਪਲੇਟਫਾਰਮਾਂ 'ਤੇ ਨਿਗਰਾਨੀ ਲਈ ਪਟੀਸ਼ਨ ਦਾਇਰ

**ਨਵੀਂ ਦਿੱਲੀ** : ਸੁਪਰੀਮ ਕੋਰਟ 'ਚ ਮੰਗਲਵਾਰ ਇਕ ਜਨਹਿੱਤ ਪਟੀਸ਼ਨ ਦਾਇਰ ਕਰ ਕੇ ਭਾਰਤ 'ਚ 'ਓਵਰ ਦਿ ਟੌਪ' (ਓ ਟੀ ਟੀ) ਅਤੇ ਹੋਰ ਡਿਜੀਟਲ ਪਲੇਟਫਾਰਮਾਂ 'ਤੇ ਸਮਗਰੀ ਦੀ ਨਿਗਰਾਨੀ ਤੇ ਰੈਗੂਲੇਟ ਕਰਨ ਲਈ ਇਕ ਖੁਦਮੁਖਤਿਆਰ ਇਕਾਈ ਗਠਿਤ ਕਰਨ ਸੰਬੰਧੀ ਕੇਂਦਰ ਨੂੰ ਨਿਰਦੇਸ਼ ਦੇਣ ਦੀ ਅਪੀਲ ਕੀਤੀ ਗਈ ਹੈ। ਪਟੀਸ਼ਨ 'ਚ 'ਨੈੱਟਫਲਿਕਸ' ਉੱਤੇ ਪ੍ਰਸਾਰਤ ਕੀਤੀ ਜਾ ਰਹੀ ਵੈੱਬ ਲੜੀ 'ਆਈ ਸੀ 814: ਦਿ ਕੰਧਾਰ ਹਾਈਜੈਕ' ਦਾ ਜ਼ਿਕਰ ਵੀ ਕੀਤਾ ਗਿਆ ਹੈ, ਤਾਂ ਜੋ ਇਕ ਰੈਗੂਲੇਟਰੀ ਤੰਤਰ ਦੀ ਲੋੜ ਨੂੰ ਉਜਾਗਰ ਕੀਤਾ ਜਾ ਸਕੇ, ਕਿਉਂਕਿ ਓ ਟੀ ਟੀ ਪਲੇਟਫਾਰਮ ਦਾ ਦਾਅਵਾ ਹੈ ਕਿ ਇਹ ਲੜੀ ਅਸਲ ਜੀਵਨ ਦੀਆਂ ਘਟਨਾਵਾਂ 'ਤੇ ਆਧਾਰਤ ਹੈ।

ਵਕੀਲ ਸ਼ਸ਼ਾਂਕ ਸ਼ੇਖਰ ਝਾਅ ਅਤੇ ਅਪੂਰਵਾ ਅਰਹਤੀਆ ਵੱਲੋਂ ਦਾਇਰ ਇਸ ਪਟੀਸ਼ਨ 'ਚ ਕਿਹਾ ਗਿਆ ਹੈ ਕਿ ਲੜੀ 'ਚ ਜੋ ਕੁਝ ਦਿਖਾਇਆ ਗਿਆ ਹੈ, ਉਹ ਇਤਿਹਾਸ ਨੂੰ ਮੁੜ ਤੋਂ ਲਿਖਣ, ਅਸਲ ਅਗਵਾਕਾਰਾਂ ਵੱਲੋਂ ਕੀਤੇ ਗਏ ਦਹਿਸ਼ਤੀ ਕਾਰੇ ਨੂੰ ਘੱਟ ਕਰ ਕੇ ਦਿਖਾਉਣ ਅਤੇ ਉਨ੍ਹਾਂ ਦੇ ਕਾਰਿਆਂ ਦਾ ਗੁਣਗਾਨ ਕਰਨ ਦੀ ਇਕ ਘਿਨੌਣੀ ਕੋਸ਼ਿਸ਼ ਹੈ।

## ਡਾਕਟਰਾਂ ਵਿਰੁੱਧ ਹਿੰਸਾ ਰੋਕਣ ਲਈ ਸਿਹਤ ਸੰਸਥਾਵਾਂ ਦਾ ਸੁਰੱਖਿਆ ਆਡਿਟ ਹੋਵੇਗਾ

**ਮੁਹਾਲੀ (ਗੁਰਜੀਤ ਬਿੱਲਾ)**

ਪੰਜਾਬ ਦੇ ਸਿਹਤ ਅਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪਿਛਲੇ ਦਿਨੀਂ ਮੀਟਿੰਗ ਕਰਕੇ ਜਾਰੀ ਹਦਾਇਤਾਂ ਦੀ ਪਾਲਣਾ ਵਿੱਚ ਅਤੇ ਭਾਰਤ ਦੀ ਸੁਪਰੀਮ ਕੋਰਟ ਵੱਲੋਂ ਡਿਊਟੀ ਸਮੇਂ ਦੌਰਾਨ ਸਿਹਤ ਸੰਭਾਲ ਪੇਸ਼ੇਵਰਾਂ (ਡਾਕਟਰਾਂ) ਅਤੇ ਪੈਰਾਮੈਡਿਕ ਸਟਾਫ਼ ਦੇ ਹਿੱਤਾਂ ਦੀ ਰਾਖੀ ਲਈ ਜਾਰੀ ਦਿਸ਼ਾ-ਨਿਰਦੇਸ਼ਾਂ 'ਤੇ ਕੰਮ ਕਰਦੇ ਹੋਏ ਰੋਕਥਾਮ ਦੇ ਉਪਾਅ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਨੇ ਮੁਹਾਲੀ ਵਿਖੇ ਜ਼ਿਲ੍ਹਾ ਸਿਹਤ ਬੋਰਡ ਦੇ ਗਠਨ ਨਾਲ ਇਹਤਿਆਤੀ ਕਦਮ ਚੁੱਕੇ ਹਨ। ਇਸ ਬੋਰਡ ਦੀ ਅਗਵਾਈ ਡਿਪਟੀ ਕਮਿਸ਼ਨਰ ਚੇਅਰਪਰਸਨ ਵਜੋਂ ਕੀਤੀ ਜਾਵੇਗੀ, ਜਦੋਂ ਕਿ ਐੱਸ ਐੱਸ ਪੀ, ਸਿਵਲ ਸਰਜਨ, ਪ੍ਰਿੰਸੀਪਲ/ਮੈਡੀਕਲ ਸੁਪਰਡੈਂਟ, ਪੈਰਾਮੈਡਿਕ ਸਟਾਫ ਦੇ ਪ੍ਰਤੀਨਿਧੀ ਵਜੋਂ ਨਰਸਿੰਗ ਸਿਸਟਰ, ਆਈ ਐੱਮ ਏ ਦੇ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਅਟਾਰਨੀ ਸ਼ਾਮਲ ਹਨ।ਡਿਪਟੀ ਕਮਿਸ਼ਨਰ ਸ੍ਰੀਮਤੀ ਜੈਨ ਨੇ ਦੱਸਿਆ ਕਿ ਸਥਾਨਕ ਪੱਧਰ 'ਤੇ ਬਣਾਈ ਜਾ ਰਹੀ ਸੀਨੀਅਰ ਮੈਡੀਕਲ ਅਫ਼ਸਰ ਦੀ ਅਗਵਾਈ ਵਾਲੀ ਹਸਪਤਾਲ ਸੁਰੱਖਿਆ ਅਤੇ ਹਿੰਸਾ ਰੋਕਥਾਮ ਕਮੇਟੀ ਵੱਲੋਂ ਸੁਰੱਖਿਆ ਆਡਿਟ ਕੀਤਾ ਜਾਵੇਗਾ।

ਉਪ ਮੰਡਲ ਮੈਜਿਸਟ੍ਰੇਟਾਂ ਨੂੰ ਅਗਲੇ 10 ਦਿਨਾਂ ਤੱਕ ਸੁਰੱਖਿਆ ਆਡਿਟ ਮੁਕੰਮਲ ਕਰਨ ਲਈ ਇਨ੍ਹਾਂ ਸਾਰੀਆਂ ਸਿਹਤ ਸਹੂਲਤਾਂ ਦਾ ਨਿੱਜੀ ਤੌਰ 'ਤੇ ਦੌਰਾ ਕਰਨ ਲਈ ਕਿਹਾ ਗਿਆ ਹੈ।

ਇਸੇ ਤਰ੍ਹਾਂ ਇਨ੍ਹਾਂ ਸਿਹਤ ਸਹੂਲਤਾਂ 'ਤੇ ਪਹਿਲਾਂ ਤੋਂ ਹੀ ਲਗਾਏ ਗਏ ਸਾਰੇ ਸੀ ਸੀ ਟੀ ਵੀ ਕੈਮਰੇ ਕਾਰਜਸ਼ੀਲ ਹੋਣ ਨੂੰ ਯਕੀਨੀ ਬਣਾਇਆ ਜਾਵੇਗਾ ਅਤੇ ਵਾਧੂ ਲਾਈਟਾਂ ਦਾ ਪ੍ਰਬੰਧ ਕਰਕੇ ਹਨੇਰੇ ਕੋਨਿਆਂ ਦੀ ਚੰਗੀ ਤਰ੍ਹਾਂ ਦੇਖਭਾਲ ਕੀਤੀ ਜਾਵੇਗੀ।

ਇਸ ਤੋਂ ਇਲਾਵਾ ਇਹ ਫੈਸਲਾ ਕੀਤਾ ਗਿਆ ਕਿ ਜ਼ਿਆਦਾ ਚੱਲਣ ਵਾਲੀਆਂ ਸਿਹਤ ਸਹੂਲਤਾਂ ਵਿੱਚ ਆਈ ਪੀ ਡੀ ਮਰੀਜ਼ਾਂ ਦੇ ਨਾਲ ਆਉਣ ਵਾਲੇ ਵਿਅਕਤੀਆਂ ਨੂੰ ਇੱਕ ਸਿੰਗਲ ਪਾਸ ਜਾਰੀ ਕੀਤਾ ਜਾਵੇਗਾ, ਜਿਸ ਨਾਲ ਸਿਰਫ ਇੱਕ ਵਿਅਕਤੀ ਨੂੰ ਆਈ ਪੀ ਡੀ ਖੇਤਰ ਵਿੱਚ ਦਾਖਲ ਹੋਣ ਦੀ ਆਗਿਆ ਹੋਵੇਗੀ ਅਤੇ ਬਾਕੀ ਸੇਵਾਦਾਰ ਆਈ ਪੀ ਡੀ ਖੇਤਰ ਦੇ ਬਾਹਰ ਉਡੀਕ ਕਰ ਸਕਦੇ ਹਨ।

ਐੱਸ ਐੱਸ ਪੀ ਦੀਪਕ ਪਾਰਿਕ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਨੇ ਪਿਛਲੇ ਦਿਨਾਂ ਵਿੱਚ ਨਿੱਜੀ ਸਿਹਤ ਸੰਸਥਾਵਾਂ ਦੀ ਚੈਕਿੰਗ ਕੀਤੀ ਸੀ ਅਤੇ ਡਾਕਟਰਾਂ ਅਤੇ ਹੋਰ ਪੈਰਾਮੈਡਿਕ ਸਟਾਫ ਦੀ ਸੁਰੱਖਿਆ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਸਨ। ਉਨ੍ਹਾ ਦੱਸਿਆ ਕਿ ਦਿਨ ਦੀ ਗਸ਼ਤ ਤੋਂ ਇਲਾਵਾ 10 ਅਹਿਮ ਥਾਵਾਂ 'ਤੇ ਰਾਤ ਦੀ ਵਿਸ਼ੇਸ਼ ਗਸ਼ਤ ਕੀਤੀ ਜਾਵੇਗੀ।

ਮੀਟਿੰਗ ਵਿੱਚ ਏ ਡੀ ਸੀ (ਡੀ) ਸੋਨਮ ਚੌਧਰੀ, ਸਿਵਲ ਸਰਜਨ ਡਾ. ਰੇਣੂ ਸਿੰਘ, ਪ੍ਰਿੰਸੀਪਲ ਮੈਡੀਕਲ ਕਾਲਜ (ਏ ਆਈ ਐੱਮ ਐੱਸ ਮੁਹਾਲੀ) ਡਾ. ਭਵਨੀਤ ਭਾਰਤੀ, ਮੈਡੀਕਲ ਸੁਪਰਡੈਂਟ ਡਾ. ਨਵਦੀਪ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਗਿਰੀਸ਼ ਡੋਗਰਾ, ਐੱਸ ਡੀ ਐੱਮਜ਼ ਤੇ ਐੱਸ ਐੱਮ ਓਜ਼ ਵੀ ਹਾਜ਼ਰ ਸਨ।

## ਸਟੈਚੂ ਆਫ ਯੂਨਿਟੀ 'ਚ ਤਰੇੜਾਂ ਦੀ ਪੋਸਟ ਪਾਉਣ ਵਾਲੇ 'ਤੇ ਕੇਸ

**ਕੇਵੜੀਆ** : ਸੋਸ਼ਲ ਮੀਡੀਆ ਪਲੇਟਫਾਰਮ ਐੱਕਸ 'ਤੇ ਇਕ ਵਿਅਕਤੀ ਨੇ ਪੋਸਟ ਪਾ ਕੇ ਦਾਅਵਾ ਕੀਤਾ ਸੀ ਕਿ ਗੁਜਰਾਤ ਵਿਚ ਸਟੈਚੂ ਆਫ ਯੂਨਿਟੀ 'ਚ ਤਰੇੜਾਂ ਆ ਗਈਆਂ ਹਨ ਤੇ ਇਹ ਕਿਸੇ ਵੇਲੇ ਵੀ ਡਿੱਗ ਸਕਦੀ ਹੈ। ਪੁਲਸ ਨੇ ਜਾਂਚ ਤੋਂ ਬਾਅਦ ਮਾਮਲੇ ਨੂੰ ਝੂਠਾ ਪਾਇਆ ਤੇ ਅਫਵਾਹ ਫੈਲਾਉਣ ਵਾਲੇ ਖਿਲਾਫ ਕੇਸ ਦਰਜ ਕਰ ਲਿਆ ਹੈ। ਦੇਸ਼ ਦੇ ਪਹਿਲੇ ਗ੍ਰਹਿ ਮੰਤਰੀ ਸਰਦਾਰ ਵੱਲਭਭਾਈ ਪਟੇਲ ਨੂੰ ਸ਼ਰਧਾਂਜਲੀ ਵਜੋਂ ਉਨ੍ਹਾ ਦੀ ਨਰਮਦਾ ਜ਼ਿਲ੍ਹੇ ਦੇ ਕੇਵੜੀਆ ਵਿਚ 182 ਮੀਟਰ ਉੱਚੀ ਮੂਰਤੀ ਬਣਾਈ ਗਈ ਹੈ, ਜੋ ਸੈਲਾਨੀਆਂ ਲਈ ਖਿੱਚ ਦਾ ਕੇਂਦਰ ਬਣੀ ਹੋਈ ਹੈ।

ਇਸ ਮੂਰਤੀ ਦੇ ਡਿੱਗਣ ਬਾਰੇ ਪੋਸਟ ਇਸ ਵੇਲੇ ਉਪਲੱਬਧ ਨਹੀਂ ਹੈ, ਕਿਉਂਕਿ ਐੱਕਸ ਦੇ ਯੂਜ਼ਰ ਨੇ ਇਸ ਨੂੰ ਡਿਲੀਟ ਕਰ ਦਿੱਤਾ ਹੈ। ਪੁਲਸ ਅਧਿਕਾਰੀ ਨੇ ਕਿਹਾ ਕਿ ਆਮ ਲੋਕਾਂ 'ਚ ਡਰ ਪੈਦਾ ਕਰਨ ਲਈ ਝੂਠੀ ਜਾਣਕਾਰੀ ਤੇ ਅਫਵਾਹ ਫੈਲਾਉਣ ਵਾਲੇ ਖਿਲਾਫ ਕੇਸ ਦਰਜ ਕੀਤਾ ਗਿਆ ਹੈ।

## ਭਾਜਪਾ ਉਮੀਦਵਾਰ ਨੇ ਟਿਕਟ ਮੋੜ'ਤੀ



**ਚੰਡੀਗੜ੍ਹ** : ਕੁਰੂਕਸ਼ੇਤਰ ਜ਼ਿਲ੍ਹੇ ਦੇ ਵਿਧਾਨ ਸਭਾ ਹਲਕੇ ਪਿਹੋਵਾ ਤੋਂ ਭਾਜਪਾ ਉਮੀਦਵਾਰ ਕੰਵਲਜੀਤ ਸਿੰਘ ਅਜਰਾਨਾ ਨੇ ਨਾਮਜ਼ਦਗੀ ਦਾਖਲ ਕਰਨ ਤੋਂ ਪਹਿਲਾਂ ਹੀ ਮੰਗਲਵਾਰ ਚੋਣ ਮੈਦਾਨ ਤੋਂ ਹਟਣ ਦਾ ਐਲਾਨ ਕਰ ਦਿੱਤਾ। ਸਥਾਨਕ ਭਾਜਪਾ ਆਗੂਆਂ ਤੇ ਅਹੁਦੇਦਾਰਾਂ ਵੱਲੋਂ ਕੀਤੇ ਜਾ ਰਹੇ ਵਿਰੋਧ ਕਾਰਨ ਉਨ੍ਹਾ ਆਪਣੀ ਟਿਕਟ ਹਾਈਕਮਾਂਡ ਨੂੰ ਮੋੜ ਦਿੱਤੀ। ਭਾਜਪਾ ਨੇ ਪਿਹੋਵਾ ਤੋਂ ਮੌਜੂਦਾ ਵਿਧਾਇਕ ਤੇ ਸਾਬਕਾ ਖੇਡ ਰਾਜ ਮੰਤਰੀ ਸੰਦੀਪ ਸਿੰਘ ਦੀ ਟਿਕਟ ਕੱਟ ਕੇ ਅਜਰਾਨਾ ਨੂੰ ਦਿੱਤੀ ਸੀ। ਟਿਕਟ ਲਈ ਅੱਧਾ ਦਰਜਨ ਤੋਂ ਵੱਧ ਆਗੂ ਦੌੜ 'ਚ ਸ਼ਾਮਲ ਸਨ। ਸਿੱਖ ਚਿਹਰੇ 'ਤੇ ਦਾਅ ਖੇਡਦਿਆਂ ਭਾਜਪਾ ਨੇ ਅਜਰਾਨਾ ਨੂੰ ਟਿਕਟ ਦਿੱਤੀ ਸੀ। ਭਾਜਪਾ ਦੇ ਅੰਦਰੂਨੀ ਸੂਤਰਾਂ ਦਾ ਕਹਿਣਾ ਹੈ ਕਿ ਅਜਰਾਨਾ ਦੀ ਟਿਕਟ ਦਾ ਐਲਾਨ ਹੋਣ ਤੋਂ ਬਾਅਦ ਹੋਈ ਬਗਾਵਤ ਤੋਂ ਬਾਅਦ ਅੰਦਰਖਾਤੇ ਭਾਜਪਾ ਵੀ ਆਪਣੇ ਫੈਸਲੇ 'ਤੇ ਮੁੜ ਤੋਂ ਵਿਚਾਰ ਸ਼ੁਰੂ ਕਰ ਚੁੱਕੀ ਸੀ।

## ਤਾਇਆ ਫੋਗਾਟ ਦੇ ਸਿਆਸੀ ਅਖਾੜੇ 'ਚ ਕੁੱਦਣ ਤੋਂ ਨਾਖੁਸ਼

**ਚੰਡੀਗੜ੍ਹ** : ਵਿਨੇਸ਼ ਫੋਗਾਟ ਦੇ ਤਾਇਆ ਅਤੇ ਮਸ਼ਹੂਰ ਕੁਸ਼ਤੀ ਕੋਚ ਮਹਾਵੀਰ ਫੋਗਾਟ ਨੇ ਕਿਹਾ ਹੈ ਕਿ ਉਨ੍ਹਾ ਦੀ ਭਤੀਜੀ ਨੂੰ ਹਾਲੇ ਰਾਜਨੀਤੀ ਵਿਚ ਨਹੀਂ ਆਉਣਾ ਚਾਹੀਦਾ ਸੀ ਅਤੇ 2028 ਦੀਆਂ ਉਲੰਪਿਕ ਖੇਡਾਂ ਵਿਚ ਸੋਨ ਤਗਮਾ ਜਿੱਤਣ ਲਈ ਧਿਆਨ ਕੇਂਦਰਤ ਕਰਨਾ ਚਾਹੀਦਾ ਸੀ। ਕਾਂਗਰਸ ਪਾਰਟੀ ਵੱਲੋਂ ਵਿਨੇਸ਼ ਫੋਗਾਟ ਨੂੰ ਹਰਿਆਣਾ ਵਿਧਾਨ ਸਭਾ ਚੋਣਾਂ ਵਿਚ ਜੁਲਾਨਾ ਤੋਂ ਉਮੀਦਵਾਰ ਬਣਾਏ ਜਾਣ ਤੋਂ ਬਾਅਦ ਮਹਾਵੀਰ ਫੋਗਾਟ ਨੇ ਇਹ ਟਿੱਪਣੀ ਕੀਤੀ ਹੈ। ਮਹਾਵੀਰ ਫੋਗਾਟ ਨੇ ਵਿਸ਼ਵਾਸ ਜਤਾਇਆ ਕਿ ਭਾਰਤੀ ਜਨਤਾ ਪਾਰਟੀ ਲਗਾਤਾਰ ਤੀਜੀ ਵਾਰ ਹਰਿਆਣਾ 'ਚ ਸੱਤਾ 'ਚ ਆਵੇਗੀ। ਜ਼ਿਕਰਯੋਗ ਹੈ ਕਿ ਮਹਾਵੀਰ ਫੋਗਾਟ ਦੀ ਧੀ ਬਬੀਤਾ ਫੋਗਾਟ 2018 ਵਿਚ ਭਾਜਪਾ ਵਿਚ ਸ਼ਾਮਲ ਹੋਈ ਸੀ ਤੇ 2019 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਦਾਦਰੀ ਤੋਂ ਹਾਰ ਗਈ ਸੀ।

### ਫੋਗਾਟ ਦੇ ਮੁਕਾਬਲੇ ਭਾਜਪਾ ਦਾ ਕੈਪਟਨ ਯੋਗੇਸ਼ ਬੈਰਾਗੀ

**ਚੰਡੀਗੜ੍ਹ** : ਭਾਜਪਾ ਨੇ 90 ਮੈਂਬਰੀ ਹਰਿਆਣਾ ਵਿਧਾਨ ਸਭਾ ਚੋਣਾਂ ਲਈ ਮੰਗਲਵਾਰ 21 ਉਮੀਦਵਾਰਾਂ ਦੀ ਦੂਜੀ ਸੂਚੀ ਜਾਰੀ ਕੀਤੀ।

ਪਿਛਲੀ ਵਾਰ 67 ਉਮੀਦਵਾਰਾਂ ਦਾ ਐਲਾਨ ਕੀਤਾ ਸੀ। ਦੂਜੀ ਸੂਚੀ 'ਚ ਨਰਾਇਣਗੜ੍ਹ ਤੋਂ ਪਵਨ ਸੈਣੀ, ਪਿਹੋਵਾ ਤੋਂ ਜੈ ਭਗਵਾਨ ਸ਼ਰਮਾ, ਜੁਲਾਨਾ ਤੋਂ ਕੈਪਟਨ ਯੋਗੇਸ਼ ਬੈਰਾਗੀ ਨੂੰ ਟਿਕਟ ਦਿੱਤੀ ਗਈ ਹੈ। ਕੈਪਟਨ ਦੀ ਟੱਕਰ ਕਾਂਗਰਸ ਦੀ ਵਿਨੇਸ਼ ਫੋਗਾਟ ਨਾਲ ਹੋਵੇਗੀ।

## ਮੁਲਤਾਨੀ ਕੇਸ 'ਚ ਸੈਣੀ ਨੂੰ ਰਾਹਤ ਨਹੀਂ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ 1991 'ਚ ਜੂਨੀਅਰ ਇੰਜੀਨੀਅਰ ਬਲਵੰਤ ਸਿੰਘ ਮੁਲਤਾਨੀ ਦੇ ਗਾਇਬ ਹੋਣ ਅਤੇ ਉਸ ਦੀ ਹੱਤਿਆ ਹੋਣ ਦੇ ਸੰਬੰਧ 'ਚ ਪੰਜਾਬ ਦੇ ਸਾਬਕਾ ਡੀ ਜੀ ਪੀ ਸੁਮੇਧ ਸਿੰਘ ਸੈਣੀ ਖਿਲਾਫ ਦਰਜ ਨਵੀਂ ਐੱਫ ਆਈ ਆਰ ਰੱਦ ਕਰਨ ਤੋਂ ਮੰਗਲਵਾਰ ਇਨਕਾਰ ਕਰ ਦਿੱਤਾ। ਜਸਟਿਸ ਐੱਮ ਐੱਮ ਸੁੰਦਰੇਸ਼ ਅਤੇ ਜਸਟਿਸ ਪੰਕਜ ਮਿੱਤਲ ਦੀ ਬੈਂਚ ਨੇ ਕਿਹਾ ਕਿ ਮਾਮਲੇ 'ਚ ਦਾਖਲ ਦੋਸ਼ ਪੱਤਰ ਦੇ ਮੱਦੇਨਜ਼ਰ ਉਹ ਐੱਫ ਆਈ ਆਰ 'ਚ ਦਖਲ ਨਹੀਂ ਦੇਣਾ ਚਾਹੇਗੀ। ਹਾਲਾਂਕਿ, ਉਸ ਨੇ ਕਿਹਾ ਕਿ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ 8 ਸਤੰਬਰ 2020 ਦੇ ਫੈਸਲੇ 'ਚ ਦਰਜ ਟਿੱਪਣੀ ਅਤੇ ਨਤੀਜਾ ਹੇਠਲੀ ਅਦਾਲਤ 'ਚ ਕਾਰਵਾਈ ਦੇ ਰਾਹ 'ਚ ਨਹੀਂ ਆਉਣਗੇ। ਸੈਣੀ ਵੱਲੋਂ ਪੇਸ਼ ਹੋਏ ਵਕੀਲ ਮੁਕੁਲ ਰੋਹਤਗੀ ਨੇ ਐੱਫ ਆਈ ਆਰ ਰੱਦ ਕਰਨ ਦੀ ਅਪੀਲ ਕਰਦੇ ਹੋਏ ਕਿਹਾ ਕਿ ਇਹ ਕਥਿਤ ਘਟਨਾ ਤੋਂ ਕਈ ਸਾਲ ਬਾਅਦ 2020 'ਚ ਸਿਆਸੀ ਕਾਰਨਾਂ ਕਰ ਕੇ ਦਰਜ ਕੀਤੀ ਗਈ ਸੀ। ਜਸਟਿਸ ਸੁੰਦਰੇਸ਼ ਨੇ ਕਿਹਾ ਕਿ ਮਾਮਲੇ 'ਚ ਦੋਸ਼ ਪੱਤਰ ਦਾਇਰ ਕੀਤਾ ਜਾ ਚੁੱਕਾ ਹੈ, ਇਸ ਵਾਸਤੇ ਅਦਾਲਤ ਇਸ ਪੱਧਰ 'ਤੇ ਐੱਫ ਆਈ ਆਰ ਰੱਦ ਨਹੀਂ ਕਰ ਸਕਦੀ। ਬੈਂਚ ਨੇ ਕਿਹਾ ਕਿ ਸੈਣੀ ਹੇਠਲੀ ਅਦਾਲਤ ਵਿਚ ਕਾਰਵਾਈ ਦਾ ਸਾਹਮਣਾ ਕਰ ਸਕਦੇ ਹਨ ਅਤੇ ਉਸ ਨੂੰ ਇਕ ਉਚਿਤ ਪਲੇਟਫਾਰਮ 'ਤੇ ਚੁਣੌਤੀ ਦੇ ਸਕਦੇ ਹਨ।

### ਅੱਜ-ਨਾਮਾ

ਮਨੀਪੁਰ ਵਿੱਚ ਹਾਲਾਤ ਹਨ ਹੋਰ ਵਿਗੜੇ,
ਚੁੱਪ ਸਰਕਾਰ ਤੇ ਮਰਨ ਪਏ ਲੋਕ ਬੇਲੀ।
ਸੜਕਾਂ ਸੁੰਨੀਆਂ, ਘਰਾਂ ਵਿੱਚ ਤੜੇ ਲੋਕੀਂ,
ਕਈ ਸੇਵਾਵਾਂ ਦੀ ਲੱਗੀ ਪਈ ਰੋਕ ਬੇਲੀ।
ਇੰਟਰਨੈੱਟ ਵੀ ਕੀਤਾ ਫਿਰ ਬੰਦ ਕਹਿੰਦੇ,
ਸਿਸਟਮ ਸਾਰਾ ਹੀ ਹੋ ਗਿਆ ਚੋਕ ਬੇਲੀ।
ਸਾਊ ਲੋਕੀਂ ਆ ਸਹਿਮ ਵਿੱਚ ਚੁੱਪ ਕੀਤੇ,
ਲਲਕਾਰੇ ਮਾਰਦੇ ਸੁਣਨ ਪਏ ਬੋਕ ਬੇਲੀ।
ਵਿਸ਼ਵ-ਗੁਰੂ ਪਈ ਬਣਨ ਨੂੰ ਤਾਂਘ ਲੱਗੀ,
ਲਾ-ਲਾ ਚੱਕਰ ਲਿਆ ਵੇਖ ਸੰਸਾਰ ਬੇਲੀ।
ਆਪਣੇ ਦੇਸ਼ ਵਿੱਚ ਲੋਕਾਂ ਦਾ ਹਾਲ ਕਿੱਦਾਂ,
ਮਿਲਿਆ ਵਕਤ ਨਾ ਲਈ ਆ ਸਾਰ ਬੇਲੀ।

-ਤੀਸ ਮਾਰ ਖਾਂ

## ਹੇਮਲਤਾ ਤੇ ਤਪਨ ਸੇਨ ਦਾ ਦੇਸ਼ ਭਗਤ ਯਾਦਗਾਰ ਹਾਲ 'ਚ ਨਿੱਘਾ ਸਵਾਗਤ



**ਜਲੰਧਰ** : ਗਦਰੀ ਦੇਸ਼ ਭਗਤਾਂ ਦੇ ਵਿਹੜੇ ਵਿੱਚ ਮੰਗਲਵਾਰ ਸੀਟੂ ਦੇ ਕੌਮੀ ਪ੍ਰਧਾਨ ਡਾਕਟਰ ਹੇਮਲਤਾ ਅਤੇ ਜਨਰਲ ਸਕੱਤਰ ਤਪਨ ਸੇਨ ਪਹੁੰਚੇ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਦਫ਼ਤਰ ਵਿਖੇ ਉਨ੍ਹਾਂ ਦੇ ਸੁਆਗਤ ਲਈ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਪਿਰਥੀਪਾਲ ਸਿੰਘ ਮਾੜੀਮੇਘਾ, ਕਮੇਟੀ ਦੇ ਖਜ਼ਾਨਚੀ ਇੰਜੀਨੀਅਰ ਸੀਤਲ ਸਿੰਘ ਸੰਘਾ, ਟਰੱਸਟੀ ਮੰਗਤ ਰਾਮ ਪਾਸਲਾ, ਟਰੱਸਟੀ ਰਣਜੀਤ ਸਿੰਘ ਔਲਖ, ਕਮੇਟੀ ਮੈਂਬਰ ਸੁਖਵਿੰਦਰ ਸਿੰਘ ਸੇਖੋਂ ਤੇ ਕਮੇਟੀ ਮੈਂਬਰ ਭੈਣ ਕ੍ਰਿਸ਼ਨਾ ਜੀ ਬੈਠੇ ਹੋਏ ਸਨ। ਕੇਂਦਰੀ ਆਗੂਆਂ ਦੇ ਆਉਣ 'ਤੇ ਦੇਸ਼ ਭਗਤ ਯਾਦਗਾਰ ਕੰਪਲੈਕਸ ਦੇ ਇਤਿਹਾਸ ਤੇ ਭਵਿੱਖ ਦੇ ਕਾਰਜਾਂ ਬਾਰੇ ਉਨ੍ਹਾਂ ਨੂੰ ਜਾਣਕਾਰੀ ਦਿੱਤੀ ਗਈ। ਜਦੋਂ ਉਨ੍ਹਾਂ ਨੂੰ ਇਹ ਦੱਸਿਆ ਗਿਆ ਕਿ ਇਹ ਸਥਾਨ ਅਗਾਂਹਵਧੂ ਵਿਚਾਰਾਂ ਵਾਲਿਆਂ ਦਾ ਇੱਕ ਮਹੱਤਵਪੂਰਨ ਕੇਂਦਰ ਬਣ ਗਿਆ ਹੈ। ਇਸ ਕੰਪਲੈਕਸ ਵਿੱਚ ਛੋਟੇ ਤੇ ਵੱਡੇ ਹਾਲ ਹਨ ਤੇ ਰਹਾਇਸ਼ ਦਾ ਵੀ ਪੂਰਾ ਪ੍ਰਬੰਧ ਹੈ ਅਤੇ ਜਿਹੜੇ ਮੁਲਾਜ਼ਮ, ਅਹੁਦੇਦਾਰ, ਕਮੇਟੀ ਮੈਂਬਰ ਅਤੇ ਆਰਜ਼ੀ ਤੌਰ 'ਤੇ ਮਜ਼ਦੂਰ ਵੀ ਇਥੇ ਕੰਮ ਕਰਦੇ ਹਨ, ਉਹ ਸਾਰੇ ਇਥੋਂ ਲੰਗਰ ਖਾਂਦੇ ਹਨ, ਉਨ੍ਹਾਂ ਤੋਂ ਪੈਸਾ ਕੋਈ ਨਹੀਂ ਲਿਆ ਜਾਂਦਾ। ਮਜ਼ਦੂਰਾਂ ਨੂੰ ਦਿਹਾੜੀ ਵੀ ਪੂਰੀ ਦਿੱਤੀ ਜਾਂਦੀ ਹੈ। ਇਹ ਸੁਣ ਕੇ ਉਹ ਬਹੁਤ ਖੁਸ਼ ਹੋਏ। ਉਨ੍ਹਾਂ ਨੂੰ ਇਹ ਵੀ ਦੱਸਿਆ ਗਿਆ ਕਿ ਹਰ ਸਾਲ ਇਥੇ ਗ਼ਦਰੀ ਬਾਬਿਆਂ ਦਾ ਮੇਲਾ ਆਯੋਜਿਤ ਕੀਤਾ ਜਾਂਦਾ ਹੈ ਅਤੇ ਨਾਮਵਰ ਸ਼ਖ਼ਸੀਅਤਾਂ ਮੇਲੇ ਵਿੱਚ ਆਪਣੇ ਵਿਚਾਰ ਰੱਖਦੀਆਂ ਹਨ। ਆਮ ਤੌਰ 'ਤੇ ਇਹ ਮੇਲਾ 30-31 ਅਕਤੂਬਰ ਤੇ ਪਹਿਲੀ ਨਵੰਬਰ ਨੂੰ ਹੁੰਦਾ ਸੀ, ਪਰ ਐਸ ਵਾਰ ਦੀਵਾਲੀ ਆਉਣ ਕਰਕੇ ਮੇਲਾ 7-8 ਤੇ 9 ਨਵੰਬਰ ਨੂੰ ਲੱਗ ਰਿਹਾ ਹੈ। ਇਸ ਦੇ ਖਰਚੇ ਦਾ ਪ੍ਰਬੰਧ ਕਮੇਟੀ ਮੈਂਬਰ ਕਰਦੇ ਹਨ, ਭਾਵ ਆਪ ਦੇ ਕੋਲੋਂ ਵੀ ਪਾਉਂਦੇ ਅਤੇ ਉਗਰਾਹੀ ਵੀ ਕਰਦੇ ਹਨ। ਜਦੋਂ ਇਹ ਵਿਚਾਰ ਸਾਹਮਣੇ ਆਇਆ ਤਾਂ ਉਸੇ ਵੇਲੇ ਕਾਮਰੇਡ ਮੰਗਤ ਰਾਮ ਪਾਸਲਾ ਨੇ 26 ਹਜ਼ਾਰ ਰੁਪਏ ਦੇ ਕਰੀਬ ਕੱਢੇ ਤੇ ਕਮੇਟੀ ਮੈਂਬਰਾਂ ਦੇ ਹਵਾਲੇ ਕੀਤੇ। ਇਹ ਪੈਸੇ ਉਨ੍ਹਾ ਕਿਸੇ ਕਾਮਰੇਡ ਦੇ ਭੋਗ 'ਤੇ ਅਪੀਲ ਕਰਕੇ ਉਗਰਾਹੇ ਸਨ। ਡਾਕਟਰ ਹੇਮਲਤਾ ਤੇ ਤਪਨ ਸੇਨ ਨੂੰ ਗਦਰ ਪਾਰਟੀ ਦੇ ਇਤਿਹਾਸ ਨਾਲ ਜੁੜੀਆਂ ਪੁਸਤਕਾਂ ਦੇ ਕੇ ਸਨਮਾਨਤ ਕੀਤਾ ਗਿਆ।

## 20 ਕਿੱਲੋਮੀਟਰ ਤੱਕ ਟੈਕਸ ਨਹੀਂ!



**ਨਵੀਂ ਦਿੱਲੀ** : ਆਲਮੀ ਨੇਵੀਗੇਸ਼ਨ ਉਪ ਗ੍ਰਹਿ ਪ੍ਰਣਾਲੀ (ਜੀ ਐੱਨ ਐੱਸ ਐੱਸ) ਨਾਲ ਲੈਸ ਨਿੱਜੀ ਵਾਹਨਾਂ ਦੇ ਮਾਲਕਾਂ ਕੋਲੋਂ ਰਾਜ ਮਾਰਗਾਂ ਅਤੇ ਐਕਸਪ੍ਰੈੱਸ ਵੇਅ 'ਤੇ ਰੋਜ਼ਾਨਾ 20 ਕਿਲੋਮੀਟਰ ਤੱਕ ਦੇ ਸਫਰ ਲਈ ਕੋਈ ਟੈਕਸ ਨਹੀਂ ਵਸੂਲਿਆ ਜਾਵੇਗਾ। ਸੜਕੀ ਟਰਾਂਸਪੋਰਟ ਅਤੇ ਰਾਜ ਮਾਰਗ ਮੰਤਰਾਲੇ ਨੇ ਮੰਗਲਵਾਰ ਕੌਮੀ ਰਾਜਮਾਰਗ ਫੀਸ (ਦਰਾਂ ਤੇ ਕੁਲੈਕਸ਼ਨ ਦਾ ਨਿਰਧਾਰਨ) ਨਿਯਮ, 2008 'ਚ ਸੋਧ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਹੈ। ਕੌਮੀ ਮਾਰਗ ਫੀਸ (ਦਰਾਂ ਤੇ ਕੁਲੈਕਸ਼ਨ ਨਿਰਧਾਰਨ) ਸੋਧ ਨਿਯਮ, 2024 ਦੇ ਰੂਪ 'ਚ ਨੋਟੀਫਾਈ ਨਿਯਮਾਂ ਤਹਿਤ ਰਾਜ ਮਾਰਗਾਂ ਅਤੇ ਐਕਸਪ੍ਰੈੱਸ ਵੇਅ 'ਤੇ 20 ਕਿਲੋਮੀਟਰ ਤੋਂ ਜ਼ਿਆਦਾ ਦੀ ਦੂਰੀ ਤੈਅ ਕਰਨ 'ਤੇ ਹੀ ਵਾਹਨ ਮਾਲਕ ਤੋਂ ਕੁੱਲ ਦੂਰੀ 'ਤੇ ਫੀਸ ਵਸੂਲੀ ਜਾਵੇਗੀ।

ਕੌਮੀ ਪਰਮਿਟ ਰੱਖਣ ਵਾਲੇ ਵਾਹਨਾਂ ਨੂੰ ਛੱਡ ਕੇ ਕਿਸੇ ਹੋਰ ਵਾਹਨ ਦਾ ਚਾਲਕ, ਮਾਲਕ ਜਾਂ ਇੰਚਾਰਜ ਵਿਅਕਤੀ, ਜੋ ਕੌਮੀ ਰਾਜਮਾਰਗ, ਸਥਾਈ ਪੁਲ, ਬਾਈਪਾਸ ਜਾਂ ਸੁਰੰਗ ਦੇ ਉਸੇ ਹਿੱਸੇ ਦਾ ਇਸਤੇਮਾਲ ਕਰਦਾ ਹੈ, ਉਸ ਤੋਂ ਜੀ ਐੱਨ ਐੱਸ ਐੱਸ ਆਧਾਰਤ ਇਸਤੇਮਾਲਕਰਤਾ ਫੀਸ ਕੁਲੈਕਸ਼ਨ ਪ੍ਰਣਾਲੀ ਤਹਿਤ ਇਕ ਦਿਨ 'ਚ ਹਰੇਕ ਦਿਸ਼ਾ 'ਚ 20 ਕਿਲੋਮੀਟਰ ਦੀ ਯਾਤਰਾ ਦੀ ਕੋਈ ਫੀਸ ਨਹੀਂ ਵਸੂਲੀ ਜਾਵੇਗੀ।

## ਜਲਦ ਨੇਪਰੇ ਚੜ੍ਹਨਗੇ ਫਰੀਦਕੋਟ ਦੇ ਰਹਿੰਦੇ ਵਿਕਾਸ ਕਾਰਜ : ਸੇਖੋਂ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ, ਐਲਿਗਜੈਂਡਰ ਡਿਸੂਜਾ)**-ਗ੍ਰਾਮ ਪੰਚਾਇਤ ਫ਼ਰੀਦਕੋਟ ਦਿਹਾਤੀ-1 ਵਿਖੇ ਕਾਫੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਐੱਲ.ਆਈ.ਸੀ. ਵਾਲੀ ਗਲੀ ਜੋ ਕਿ ਭਾਨ ਸਿੰਘ ਕਾਲੋਨੀ ਗਲੀ ਨੰਬਰ 7 ਤੋਂ ਲੈ ਕੇ ਅਰਾਈਆਂ ਵਾਲਾ ਰੋਡ ਤੱਕ ਪੱਕੀ ਕੀਤੀ ਜਾਣ ਦੀ ਮੰਗ ਦਾ ਹੱਲ ਵਿਧਾਇਕ ਫਰੀਦਕੋਟ ਸ੍ਰ. ਗੁਰਦਿੱਤ ਸਿੰਘ ਸੇਖੋਂ ਨੇ ਗਲੀ ਨੂੰ ਇੰਟਰਲੌਕ ਕਰਨ ਤੇ ਗੰਦੇ ਪਾਣੀ ਲਈ ਇਸ ਦੇ ਨਾਲ ਨਾਲ ਨਿਕਾਸੀ ਨਾਲਾ ਬਣਾਉਣ ਦਾ ਕੰਮ ਸ਼ੁਰੂ ਕਰਵਾ ਕੇ ਕੀਤਾ।ਇਸ ਮੌਕੇ ਆਪਣੇ ਸੰਬੋਧਨ ਵਿੱਚ ਸ੍ਰ. ਸੇਖੋਂ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਉਲਝਾਏ ਗਏ ਮਸਲਿਆਂ ਨੂੰ ਹੱਲ ਕਰਨ ਵਿੱਚ ਕਾਫੀ ਸਮਾਂ ਲੱਗਾ ਤੇ ਹੁਣ ਸਰਕਾਰ ਵੱਲੋਂ ਸ਼ਹਿਰ ਵਾਸੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾ ਕਿਹਾ ਕਿ ਇਹ ਰੋਡ ਬਣਨ ਨਾਲ ਇਕੱਲੇ ਗੁਰੂ ਨਾਨਕ ਕਲੋਨੀ ਜਾਂ ਭਾਨ ਸਿੰਘ ਕਲੋਨੀ ਦੇ ਲੋਕਾਂ ਨੂੰ ਫਾਇਦਾ ਨਹੀਂ ਹੋਵੇਗਾ, ਸਗੋਂ ਇਸ ਗਲੀ ਦੇ ਬਣਨ ਨਾਲ ਅਨਾਜ ਮੰਡੀ, ਸਬਜ਼ੀ ਮੰਡੀ, ਫਿਰੋਜ਼ਪੁਰ ਰੋਡ, ਰੇਲਵੇ ਸਟੇਸ਼ਨ ਆਦਿ ਨੂੰ ਜਾਣ ਲਈ ਸ਼ਾਰਟ ਕੱਟ ਰਾਸਤਾ ਹੋਣ ਕਾਰਨ ਲੋਕਾਂ ਨੂੰ ਕਾਫੀ ਲਾਭ ਮਿਲੇਗਾ।ਉਨ੍ਹਾ ਕਿਹਾ ਕਿ ਇਸ ਗਲੀ ਨੂੰ ਮੁਕੰਮਲ ਕਰਨ ਲਈ ਕਰੀਬ 60 ਲੱਖ ਤੋਂ ਵੱਧ ਦੀ ਲਾਗਤ ਆਵੇਗੀ।ਉਨ੍ਹਾਂ ਕਿਹਾ ਕਿ ਫਰੀਦਕੋਟ ਸ਼ਹਿਰ ਦੇ ਬਾਕੀ ਅਧੂਰੇ ਪਏ ਵਿਕਾਸ ਕਾਰਜ ਵੀ ਜਲਦ ਹੀ ਪੂਰੇ ਕੀਤੇ ਜਾਣਗੇ।ਉਨ੍ਹਾ ਕਿਹਾ ਕਿ ਆਉਣ ਵਾਲੀਆਂ ਗ੍ਰਾਮ ਪੰਚਾਇਤਾਂ ਦੀਆਂ ਚੋਣਾਂ ਵਿੱਚ ਧੜੇਬੰਦੀ ਨੂੰ ਛੱਡ ਕੇ ਪਿੰਡਾਂ ਦੇ ਵਿਕਾਸ ਲਈ ਕਿਸੇ ਇੱਕ ਪਾਰਟੀ ਦੀ ਪੰਚਾਇਤ ਨਾ ਚੁਣ ਕੇ ਪਿੰਡ ਦੀ ਪੰਚਾਇਤ ਦੀ ਚੋਣ ਸਰਬਸੰਮਤੀ ਨਾਲ ਕੀਤੀ ਜਾਵੇ ਤਾਂ ਜੋ ਸੂਬੇ ਦੇ ਪਿੰਡਾਂ ਦਾ ਬਾਕੀ ਰਹਿੰਦਾ ਵਿਕਾਸ ਹੋ ਸਕੇ ਤੇ ਮੁੱਖ ਮੰਤਰੀ ਦੁਆਰਾ ਐਲਾਨੀ 5.00 ਲੱਖ ਰੁਪਏ ਦੀ ਸਰਬਸੰਤੀ ਵਾਲੀ ਗ੍ਰਾਂਟ ਪ੍ਰਾਪਤ ਕੀਤੀ ਜਾਵੇ।

## ਪਾਵਰਕਾਮ ਪੈਨਸ਼ਨਰਾਂ ਦੀ ਸੂਬਾ ਪੱਧਰੀ ਪਟਿਆਲਾ ਰੈਲੀ ਸਰਕਾਰ ਦੀਆਂ ਜੜ੍ਹਾਂ ਪੁੱਟ ਦੇਵੇਗੀ : ਸਿਕੰਦਰ ਸਿੰਘ



**ਸਮਰਾਲਾ (ਸੁਰਜੀਤ ਸਿੰਘ)**-ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਮੰਡਲ ਦੀ ਮਹੀਨਾਵਾਰ ਮੀਟਿੰਗ ਤੇ ਸਰਕਾਰ ਵਿਰੁੱਧ ਰੈਲੀ ਸਿਕੰਦਰ ਸਿੰਘ ਮੰਡਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਸਮਰਾਲਾ ਵਿਖੇ ਹੋਈ, ਜਿਸ ਵਿੱਚ ਪੈਨਸ਼ਨਰਾਂ ਦੀਆਂ ਮੰਗਾਂ ਅਤੇ ਮਸਲਿਆਂ ਤੇ ਆਉਣ ਵਾਲੇ ਸੰਘਰਸ਼ਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਦੇ ਸ਼ੁਰੂ ਵਿੱਚ ਵਿਛੜ ਗਏ ਸਾਥੀ ਪਾਲ ਸਿੰਘ ਪਪੜੌਦੀ, ਬਲਜੀਤ ਕੌਰ ਵਿਧਵਾ ਮੇਜਰ ਸਿੰਘ ਸੰਗਤਪੁਰਾ, ਲੇਟ ਸੁਚਿੰਦਰ ਕੁਮਾਰ ਬਰਵਾਲੀ ਦੀ ਧਰਮ ਪਤਨੀ ਤੇ ਸਾਥੀ ਜਗਤਾਰ ਸਿੰਘ ਹਰਿਓਂ ਦੇ ਬਹਿਨੋਈ ਮਦਨਪਾਲ ਸਿੰਘ ਬੱਲਾਂ ਤੇ ਚਾਚਾ ਆਤਮਾ ਸਿੰਘ ਮੁਸ਼ਕਾਬਾਦ, ਚਰਨਜੀਤ ਸਿੰਘ ਲਾਈਮੈਨ ਘੁਲਾਲ ਦੀ ਧਰਮ ਪਤਨੀ ਅਤੇ ਰਣਧੀਰ ਸਿੰਘ ਸੀ. ਐਚ. ਵੀ. (ਧਨਾਂਨਸੂ ) ਕੋਹਾੜਾ, ਦੇ ਬੇਵਕਤੀ ਮੌਤ 'ਤੇ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਉਪਰੰਤ ਸਿਕੰਦਰ ਸਿੰਘ ਪ੍ਰਧਾਨ ਨੇ ਸਾਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ 25 ਸਤੰਬਰ ਨੂੰ ਸਟੇਟ ਬਾਡੀ ਦੇ ਸੱਦੇ 'ਤੇ ਸੂਬਾ ਪੱਧਰੀ ਧਰਨਾ ਹੈੱਡ ਆਫ਼ਿਸ ਪਟਿਆਲਾ ਵਿਖੇ ਦਿੱਤਾ ਜਾ ਰਿਹਾ ਹੈ, ਜਿਸ ਵਿੱਚ ਪਾਵਰਕਾਮ ਸਮਰਾਲਾ ਦੇ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਪਹਿਲਾਂ ਦੀ ਤਰ੍ਹਾਂ ਦੋ ਵੱਡੀਆਂ ਬੱਸਾਂ ਮਾਛੀਵਾੜਾ ਸਾਹਿਬ ਤੇ ਕਟਾਣੀ ਕਲਾਂ ਤੋਂ ਸਵੇਰੇ 8 ਵਜੇ ਚੱਲਣਗੀਆਂ।ਬੀਤੇ ਦਿਨੀਂ ਪੰਜਾਬ ਸਰਕਾਰ ਵੱਲੋਂ ਡੀਜ਼ਲ, ਪੈਟਰੋਲ, ਬੱਸ ਕਿਰਾਏ ਵਿੱਚ ਕੀਤੇ ਵਾਧੇ ਤੇ ਤਿੰਨ ਰੁਪਏ ਪ੍ਰਤੀ ਯੂਨਿਟ ਬਿਜਲੀ ਸਬਸਿਡੀ ਬੰਦ ਕਰਨ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਅੱਜ ਦੀ ਮੀਟਿੰਗ ਵੀ ਰੱਦ ਕਰਕੇ, ਜੋ ਹੁਣ 12 ਸਤੰਬਰ ਦੀ ਰੱਖੀ ਗਈ, ਦੀ ਪੁਰਜ਼ੋਰ ਨਿਖੇਧੀ ਕੀਤੀ ਗਈ।

ਪੈਨਸ਼ਨਰਾਂ ਦੀਆਂ ਮੁੱਖ ਮੰਗਾਂ ਪੇ ਕਮਿਸ਼ਨ ਦੀ ਸਿਫ਼ਾਰਸ਼ ਅਨੁਸਾਰ 31-12-2015 ਤੋਂ ਪਹਿਲਾਂ ਦੇ ਰਿਟਾਇਰ ਹੋਏ ਪੈਨਸ਼ਨਰਾਂ ਨੂੰ 2.59 ਦੇ ਫਾਰਮੂਲੇ ਅਨੁਸਾਰ ਪੈਨਸ਼ਨ ਦੀ ਸੁਧਾਈ ਕਰਨਾ, ਮੈਡੀਕਲ ਕੈਸ਼ਲੈਸ ਸਕੀਮ ਚਾਲੂ ਕਰਨਾ, ਪੇ ਸਕੇਲ ਦੇ ਬਕਾਏ ਦੇਣੇ, ਮੈਡੀਕਲ ਭੱਤਾ 2000 ਕਰਨਾ, ਡੀ.ਏ. ਦੀਆਂ ਪੈਂਡਿੰਗ ਕਿਸ਼ਤਾਂ ਜੋ ਗੁਆਂਢੀ ਸੂਬੇ ਦੀਆਂ ਸਰਕਾਰਾਂ ਦੇ ਚੁੱਕੀਆਂ ਹਨ ਜਾਰੀ ਕਰਨਾ ਅਤੇ ਏਰੀਅਰ ਦੇਣਾ, ਬਿਜਲੀ ਵਰਤੋਂ ਵਿੱਚ ਰਿਆਇਤ ਦੇਣ ਸਬੰਧੀ, ਆਦਿ ਮੰਗਾਂ ਸਬੰਧੀ ਚਾਨਣਾਂ ਪਾਇਆ। ਮੀਟਿੰਗ ਨੂੰ ਸੰਬੋਧਨ ਕਰਨ ਵਾਲਿਆਂ ਪ੍ਰਮੁੱਖ ਤੌਰ ਤੇ ਭਰਪੂਰ ਸਿੰਘ ਸਰਕਲ ਪ੍ਰਧਾਨ, ਇੰਜ. ਪ੍ਰੇਮ ਸਿੰਘ ਸਾਬਕਾ ਐਸ.ਡੀ.ਓ, ਮੇਘ ਸਿੰਘ ਜਵੰਦਾ ਪ੍ਰਧਾਨ ਪੈਨਸ਼ਨਰਜ਼ ਕਲਿਆਣ ਸੰਗਠਨ ਸਮਰਾਲਾ, ਰਜਿੰਦਰ ਪਾਲ ਵਡੇਰਾ ਸਾਬਕਾ ਡਿਪਟੀ ਸੀ.ਏ.ਓ, ਇੰਜ: ਦਰਸ਼ਨ ਸਿੰਘ ਖ਼ਜ਼ਾਨਚੀ, ਜਗਤਾਰ ਸਿੰਘ ਪ੍ਰੈਸ ਸਕੱਤਰ, ਜਸਵੰਤ ਸਿੰਘ ਢੰਡਾ, ਦਰਸ਼ਨ ਸਿੰਘ ਕੋਟਾਲਾ, ਭੁਪਿੰਦਰਪਾਲ ਸਿੰਘ ਚਹਿਲਾਂ ਆਦਿ ਨੇ ਵੀ ਪੈਨਸ਼ਨਰਾਂ ਨੂੰ ਸੰਬੋਧਨ ਕੀਤਾ।ਪ੍ਰੈਸ ਸਕੱਤਰ ਦੀ ਭੂਮਿਕਾ ਇੰਜ: ਜੁਗਲ ਕਿਸ਼ੋਰ ਸਾਹਨੀ ਵੱਲੋਂ ਬਾਖੂਬੀ ਨਿਭਾਈ।

ਬਿਜਲੀ ਕਾਮਿਆਂ ਵੱਲੋਂ ਤਿੰਨ ਦਿਨ ਦੀ ਸਮੂਹਿਕ ਛੁੱਟੀ ਲੈਣ ਦੀ ਪੁਰਜ਼ੋਰ ਹਮਾਇਤ ਕੀਤੀ ਗਈ।ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਵੱਖ-ਵੱਖ ਵਿਭਾਗਾਂ ਪੈਨਸ਼ਨਰਜ਼ ਅਤੇ ਭੈਣਾਂ ਵੀ ਗਰਮੀ ਅਤੇ ਖਰਾਬ ਮੌਸਮ ਹੋਣ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।ਅਖੀਰ ਵਿੱਚ ਸਿਕੰਦਰ ਸਿੰਘ ਮੰਡਲ ਪ੍ਰਧਾਨ ਨੇ ਮੀਟਿੰਗ ਵਿੱਚ ਆਏ ਪੈਨਸ਼ਨਰਜ਼ ਸਾਥੀਆਂ ਦਾ ਧੰਨਵਾਦ ਕੀਤਾ ਤੇ 25 ਸਤੰਬਰ ਦੇ ਸੂਬਾ ਪੱਧਰੀ ਧਰਨੇ ਵਿੱਚ ਪੈਨਸ਼ਨਰਾਂ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ ਤੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨਾ ਮੰਨੀਆਂ ਤਾਂ ਆਉਣ ਵਾਲੀਆਂ ਲੋਕਲ ਬਾਡੀ ਤੇ ਪੰਚਾਇਤੀ ਚੋਣਾਂ ਵਿੱਚ ਸਰਕਾਰ ਨੂੰ ਵਿਰੋਧ ਸਾਹਮਣਾ ਕਰਨਾ ਪਵੇਗਾ।

## ਨਸ਼ਾ ਵਿਰੋਧੀ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਦੀ ਲੋੜ : ਐੱਸ ਐੱਚ ਓ



**ਭੀਖੀ (ਧਰਮਵੀਰ ਸ਼ਰਮਾ)** ਪੰਜਾਬ ਪੁਲਸ ਨਸ਼ਿਆਂ ਦੇ ਖਾਤਮੇ ਲਈ ਵਚਨਬੱਧ ਹੈ, ਜਿਸ ਨੂੰ ਖਤਮ ਕਰਨ ਲਈ ਨਸ਼ਾ ਵਿਰੋਧੀ ਮੁਹਿੰਮ ਨੂੰ ਲੋਕ ਲਹਿਰ ਬਨਾਉਣ ਦੀ ਜ਼ਰੂਰਤ ਹੈ। ਇਹ ਪ੍ਰਗਟਾਵਾ ਥਾਣਾ ਭੀਖੀ ਦੇ ਨਵ ਨਿਯੁਕਤ ਐਸ ਐਚ ਓ ਬਿਕਰਮਜੀਤ ਸਿੰਘ ਨੇ ਗੱਲਬਾਤ ਦੌਰਾਨ ਕੀਤਾ। ਉਹ ਆਪਣਾ ਅਹੁਦਾ ਸੰਭਾਲਣ ਤੋਂ ਬਾਅਦ ਪੱਤਰਕਾਰ ਮਿਲਣੀ ਦੌਰਾਨ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਜਿੱਥੇ ਥਾਣੇ ਆਉਣ 'ਤੇ ਹਰ ਅਮਨ ਪਸੰਦ ਸ਼ਹਿਰੀ ਦਾ ਮਾਣ-ਸਨਮਾਨ ਕੀਤਾ ਜਾਵੇਗਾ, ਉੱਥੇ ਲੋਕਾਂ ਦੇ ਜਾਨ-ਮਾਲ ਦੀ ਸੁਰੱਖਿਆ ਨੂੰ ਵੀ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਨਸ਼ੇ ਦੇ ਸੌਦਾਗਰਾਂ ਤੇ ਸਮਾਜ ਵਿਰੋਧੀ ਅਨਸਰਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਸਮਾਜ ਵਿਰੋਧੀ ਕੰਮ ਛੱਡ ਕੇ ਮੁੱਖ ਧਾਰਾ ਵਿੱਚ ਸ਼ਾਮਲ ਹੋਣ ਨਹੀਂ ਤਾਂ ਉਨ੍ਹਾਂ ਖਿਲਾਫ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਇਲਾਕੇ ਅੰਦਰ ਅਮਨ ਸ਼ਾਂਤੀ ਲਈ ਹਰ ਉੱਚਿਤ ਕਦਮ ਚੁੱਕੇ ਜਾਣਗੇ। ਉਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਨਾਬਾਲਗ ਬੱਚਿਆਂ ਨੂੰ ਦੋ ਪਹੀਆਂ ਵਾਹਨ ਚਲਾਉਣ ਦੇਣ ਤੋਂ ਗੁਰੇਜ਼ ਕਰਨ ਤੇ ਦੂਜੇ ਆਪਣੇ ਵਹੀਕਲ ਚਲਾਉਂਦੇ ਸਮੇਂ ਆਪਣੇ ਵਹੀਕਲ ਦੇ ਕਾਗਜ਼ਾਤ ਪੂਰੇ ਰੱਖਣ ਅਤੇ ਪੁਲਸ ਨੂੰ ਪੂਰਾ ਸਹਿਯੋਗ ਦੇਣ।

ਉਨ੍ਹਾਂ ਸਮੂਹ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਬਜ਼ਾਰਾਂ ਵਿੱਚ ਦੁਕਾਨਦਾਰਾਂ ਵੱਲੋਂ ਕੀਤੇ ਗਏ ਨਜਾਇਜ਼ ਕਬਜ਼ਿਆਂ ਲਈ ਨਗਰ ਪੰਚਾਇਤ ਨਾਲ ਮਿਲਕੇ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ ਤਾਂ ਜੁ ਟ੍ਰੈਫਿਕ ਵਿੱਚ ਕੋਈ ਵਿਘਨ ਨਾ ਪਵੇ। ਇਸ ਮੌਕੇ ਮੁੱਖ ਮੁਨਸ਼ੀ ਪ੍ਰਗਟ ਸਿੰਘ ਤੇ ਹੋਰ ਵੀ ਮੌਜੂਦ ਸਨ।


**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SCANNER-4 | 24.09.2024 at 11:00 Hrs. | ਸਟੇਸ਼ਨਾਂ ਦੇ ਚਾਰ ਸਮੂਹਾਂ ਦੇ ਲਈ ਸਾਰੇ ਆਊਟਗੋਇੰਗ ਪਾਰਸਲ ਦੀ ਸਕੈਨਿੰਗ ਦੇ ਲਈ ਪਾਰਸਲ ਸਕੈਨਰ ਮਸ਼ੀਨ ਦੇ ਪ੍ਰਾਵਧਾਨ ਦੇ ਕੰਮ ਦੇ ਲਈ ਕਾਂਟਰੇਕਟ ਦਾ ਅਲਾਟਮੈਂਟ ਜੋ ਕਿ ਨਿਮਨ ਪ੍ਰਕਾਰ ਹੈ: (i) ਸ਼੍ਰੀਨਗਰ, ਬੜਗਾਮ ਅਤੇ ਜੰਮੂ ਤਵੀ, (ii) ਪਠਾਨਕੋਟ, ਪਠਾਨਕੋਟ ਕੈਂਟ ਅਤੇ ਅੰਮ੍ਰਿਤਸਰ |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।

2825/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਚਮੜੀ ਦੇ ਰੋਗਾਂ ਦਾ ਮੁਫ਼ਤ ਕੈਂਪ ਲਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੰਤ ਸ਼੍ਰੋਮਣੀ ਇੱਛਾਪੂਰਤੀ ਸ਼੍ਰੀ ਬਾਲਾ ਜੀ ਚੈਰੀਟੇਬਲ ਟਰੱਸਟ (ਰਜਿ.) ਵੱਲੋਂ 37ਵਾਂ ਮੁਫਤ ਮੈਡੀਕਲ ਕੈਂਪ ਲਾਇਆ ਗਿਆ। ਸ਼੍ਰੀ ਬਾਲਾ ਜੀ ਟਰੱਸਟ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਅਮਰ ਸ਼ਹੀਦ ਲਾਲਾ ਜਗਤ ਨਰਾਇਣ ਜੀ ਦੀ 43ਵੀਂ ਬਰਸੀ ਮੌਕੇ 37ਵਾਂ ਮੁਫਤ ਮੈਡੀਕਲ ਕੈਂਪ ਬਾਲਾ ਜੀ ਮੰਦਰ ਵਿਖੇ ਲਾਇਆ ਗਿਆ।ਚੈਕਅੱਪ ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਚਮੜੀ ਰੋਗਾਂ ਦੇ ਮਾਹਿਰ ਡਾ. ਨਵਦੀਪ ਅਰੋੜਾ ਨੇ ਉੱਥੇ ਪਹੁੰਚ ਕੇ ਮਰੀਜ਼ਾਂ ਦਾ ਇਲਾਜ ਕੀਤਾ ਤੇ ਦਵਾਈਆਂ ਵੀ ਮੁਫ਼ਤ ਦਿੱਤੀਆਂ ਗਈਆਂ।ਜਨਾਲੀਆ ਨੇ ਦੱਸਿਆ ਕਿ ਸਿਵਲ ਸਰਜਨ ਸੰਗਰੂਰ ਡਾ. ਕਿਰਪਾਲ ਸਿੰਘ ਤੇ ਸੀਨੀਅਰ ਭਾਜਪਾ ਆਗੂ ਮੈਡਮ ਦਾਮਨ ਥਿੰਦ ਬਾਜਵਾ ਉਚੇਚੇ ਤੌਰ 'ਤੇ ਪਹੁੰਚੇ।ਉਨ੍ਹਾਂ ਸ਼੍ਰੀ ਬਾਲਾ ਜੀ ਟਰੱਸਟ ਦੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਰੀਆਂ ਸੰਸਥਾਵਾਂ ਨੂੰ ਅਜਿਹੇ ਮੈਡੀਕਲ ਕੈਂਪ ਲਾਉਂਦੇ ਰਹਿਣ ਤਾਂ ਜੁ ਲੋੜਵੰਦ ਲੋਕਾਂ ਦੀ ਮਦਦ ਕੀਤੀ ਜਾ ਸਕੇ।ਜਨਾਲੀਆ ਨੇ ਦੱਸਿਆ ਕਿ ਆਉਣ ਵਾਲੇ ਮਰੀਜ਼ਾਂ ਲਈ ਇਸ ਮੌਕੇ ਕੜੀ ਚੌਲਾਂ ਦਾ ਲੰਗਰ ਵੀ ਲਗਾਇਆ ਗਿਆ। ਉਨ੍ਹਾਂ ਦੱਸਿਆ ਕਿ ਸਕੂਲਾਂ, ਝੁੱਗੀਆਂ ਤੇ ਪਿੰਡਾਂ ਵਿੱਚ ਮੋਬਾਈਲ ਹਸਪਤਾਲ ਵੈਨਾਂ ਰਾਹੀਂ ਮੁਫ਼ਤ ਮੈਡੀਕਲ ਸਹੂਲਤਾਂ ਵੀ ਦਿੱਤੀਆਂ ਜਾ ਰਹੀਆਂ ਹਨ।

## ਹਰਬੰਸ ਕੌਰ ਗਿੱਲ ਦੀ ਮੌਤ 'ਤੇ ਆਗੂਆਂ ਵੱਲੋਂ ਦੁੱਖ ਪ੍ਰਗਟ



**ਮਲੋਟ (ਗੁਰਮੀਤ ਸਿੰਘ ਮੱਕੜ)**-ਸਾਬਕਾ ਨਗਰ ਕੌਂਸਲਰ ਰਮਿੰਦਰ ਕੌਰ ਦੇ ਮਾਤਾ ਤੇ ਸੀ.ਜੀ.ਐਮ ਕਾਲਜ ਮੋਹਲਾਂ ਦੇ ਚੇਅਰਮੈਨ ਸੱਤਪਾਲ ਮੋਹਲਾਂ ਤੇ ਨਵਜੀਤ ਮੋਹਲਾਂ ਏ.ਐਸ.ਆਈ (ਵਾਇਰਲੈੱਸ) ਦੇ ਨਾਨੀ ਸਰਦਾਰਨੀ ਹਰਬੰਸ ਕੌਰ ਗਿੱਲ ਧਰਮ ਪਤਨੀ ਬਹਾਲ ਸਿੰਘ (ਸਾਉਂਕੇ) ਸਵਰਗਵਾਸ ਹੋ ਗਏ। ਉਨ੍ਹਾਂ ਦੀ ਮੌਤ 'ਤੇ ਕਾਂਗਰਸ ਜ਼ਿਲ੍ਹਾ ਪ੍ਰਧਾਨ ਤੇ ਪ੍ਰਧਾਨ ਨਗਰ ਕੌਂਸਲ ਮਲੋਟ ਸ਼ੁਭਦੀਪ ਸਿੰਘ ਬਿੱਟੂ, ਸਾਬਕਾ ਨਗਰ ਕੌਂਸਲਰ ਜਗਤਾਰ ਸਿੰਘ ਬਰਾੜ, ਪ੍ਰੈਸ ਕਲੱਬ ਦੇ ਪ੍ਰਧਾਨ ਗੁਰਮੀਤ ਸਿੰਘ ਮੱਕੜ, ਸੀ.ਜੀ.ਐਮ ਕਾਲਜ ਮੋਹਲਾਂ ਪ੍ਰਿੰਸੀਪਲ ਡਾ. ਬਲਜੀਤ ਸਿੰਘ ਗਿੱਲ ਸਮੂਹ ਸਟਾਫ ਅਤੇ ਸੀ.ਜੀ.ਐਮ ਸਕੂਲ ਮੋਹਲਾਂ ਦੇ ਸਮੂਹ ਸਟਾਫ, ਪ੍ਰਾਈਵੇਟ ਸਕੂਲ ਐਸ਼ੋਸ਼ੀਏਸ਼ਨ ਦੇ ਆਗੂ ਹਰਜੀਤ ਸਿੰਘ ਛੱਤੇਆਣਾ, ਕੁਲਦੀਪ ਸਿੰਘ ਦੀਪ ਪਬਲਿਕ ਸਕੂਲ ਘੁਮਿਆਰਾ (ਲੋਹਾਰਾ), ਨਿਹਾਲ ਸਿੰਘ ਦੇਸ਼ ਭਗਤ ਰਾਏ ਸਿੰਘ ਸਕੂਲ ਕਾਉਣੀ, ਸਵਰਨ ਸਿੰਘ ਮੱਲਣ, ਬਲਕਰਨ ਸਿੰਘ ਜਟਾਣਾ ਪੱਤਰਕਾਰ ਪੰਨੀਵਾਲਾ ਫੱਤਾ, ਸ਼ਿੰਦਰਪਾਲ ਸਿੰਘ ਵੜੈਚ, ਜਸਪਾਲ ਸਿੰਘ ਸੰਧੂ ਮੋਹਲਾਂ, ਪ੍ਰੋ. ਜਰਮਨਬੀਰ ਸਿੰਘ ਸੰਧੂ ਮੋਹਲਾਂ, ਹਰਮਨ ਸੰਧੂ, ਕੁਲਦੀਪ ਸਿੰਘ ਕੰਦੂਖੇੜਾ ਤੇ ਵੱਖ-ਵੱਖ ਸੰਸਥਾਵਾਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਸਵ. ਸਰਦਾਰਨੀ ਹਰਬੰਸ ਕੌਰ ਦੀ ਅੰਤਮ ਅਰਦਾਸ ਅਤੇ ਪਾਠ ਦਾ ਭੋਗ 11 ਸਤੰਬਰ ਨੂੰ ਮਨਮੋਹਨ ਸਿੰਘ ਸਾਬਕਾ ਸਰਪੰਚ (ਸਪੁੱਤਰ ਸਰਦਾਰਨੀ ਹਰਬੰਸ ਕੌਰ ਗਿੱਲ) ਦੇ ਗ੍ਰਿਹ ਵਿਖੇ ਪਿੰਡ ਸਾਉਂਕੇ ਵਿਖੇ ਹੋਵੇਗੀ।

## ਭਾਰਤੀ ਕਿਸਾਨ ਯੂਨੀਅਨ ਕਾਦੀਆਂ ਨੇ ਡੀ ਸੀ ਨੂੰ ਸੌਂਪਿਆ ਮੰਗ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਪੰਜਾਬ ਰਜਿ: (ਕਾਦੀਆਂ) ਦੀ ਜ਼ਿਲ੍ਹਾ ਟੀਮ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਮੇਜਰ ਸਿੰਘ ਘੋਲੀਆ ਖੁਰਦ, ਸਕੱਤਰ ਜਨਰਲ ਜਸਵਿੰਦਰ ਸਿੰਘ ਚੁਗਾਵਾਂ, ਸੂਬਾ ਕਮੇਟੀ ਮੈਂਬਰ ਕੁਲਜਿੰਦਰ ਸਿੰਘ ਬਲਾਕ ਪ੍ਰਧਾਨ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਸਕੱਤਰ ਰਜਿੰਦਰ ਸਿੰਘ ਰਾਜਾ ਮਾਣੂੰਕੇ, ਰਮਨਦੀਪ ਸਿੰਘ ਖੋਸਾ ਰਣਧੀਰ ਬਲਾਕ ਪ੍ਰਧਾਨ ਕੋਟ ਈਸੇ ਖਾਂ, ਨਛੱਤਰ ਸਿੰਘ ਬਲਾਕ ਪ੍ਰਧਾਨ ਧਰਮਕੋਟ, ਗੁਰਬਿੰਦਰ ਸਿੰਘ ਰੌਲੀ ਬਲਾਕ ਪ੍ਰਧਾਨ ਮੋਗਾ-1, ਰਾਜਾ ਸਿੰਘ ਦੌਲਤਪੁਰਾ ਬਲਾਕ ਪ੍ਰਧਾਨ ਮੋਗਾ-2 ਵੱਲੋਂ ਡਿਪਟੀ ਕਮਿਸ਼ਨਰ ਮੋਗਾ ਨੂੰ ਡੀ.ਏ.ਪੀ. ਖਾਦ ਨਾਲ ਹਰ ਪਦਾਰਥ ਨਾਲ ਟੈਗ ਕਰਕੇ ਕਿਸਾਨਾਂ ਦਿੱਤੇ ਜਾਣ ਵਾਲੇ ਅਦਾਰਿਆਂ ਨੂੰ ਜਬਰੀ ਦਿੱਤੇ ਜਾਣ ਵਾਲੇ ਅਦਾਰਿਆਂ ਨੂੰ ਜਬਰੀ ਨੈਨੋ ਯੂਰੀਆ ਆਦਿ ਨਾਲ ਦੇਣ ਤੇ ਪਾਬੰਦੀ ਲਾਉਣ ਬਾਰੇ ਮੰਗ ਕੀਤੀ ਗਈ ਹੈ। ਕਿਸਾਨ ਆਗੂਆਂ ਨੇ ਦੱਸਿਆ ਕਿ ਜ਼ਿਲ੍ਹੇ ਦੇ ਵੱਖ-2 ਖਾਦ ਸੈਂਟਰ ਇਫਕੋ ਤੇ ਪ੍ਰਾਈਵੇਟ ਸੈਂਟਰ ਕਿਸਾਨਾਂ ਨੂੰ ਡੀ.ਏ.ਪੀ ਖਾਦ ਦੇ ਨਾਲ ਜਬਰੀ ਫ਼ਾਲਤੂ ਵਸਤਾਂ ਕਿਸਾਨਾਂ ਨੂੰ ਵੇਚੀਆਂ ਜਾ ਰਹੀਆਂ ਹਨ, ਕਿਸਾਨਾਂ 'ਤੇ ਬੇਲੋੜਾ ਖਰਚਾ ਸਿਰ ਪਾਇਆ ਜਾ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਕਿਸਾਨਾਂ ਦੀ ਇੱਛਾ ਤੋਂ ਬਿਨਾਂ ਕੋਈ ਵੀ ਵਾਧੂ ਖਾਦ, ਪਦਾਰਥ ਆਦਿ ਜਬਰੀ ਕਿਸਾਨਾਂ ਨੂੰ ਦੇਣ ਤੋਂ ਪੂਰਨ ਤੌਰ 'ਤੇ ਪਾਬੰਦੀ ਲਾਈ ਜਾਵੇ। ਸੁਸਾਇਟੀਆਂ ਨੂੰ ਜਿਹੜੀ ਨੈਨੋ ਯੂਰੀਆ ਭੇਜੀ ਜਾ ਚੁੱਕੀ ਹੈ, ਉਸ ਨੂੰ ਤੁਰੰਤ ਵਾਪਸ ਲਿਆ ਜਾਵੇ। ਕਿਸਾਨ ਆਗੂਆਂ ਨੇ ਦੱਸਿਆ ਕਿ ਪਿਛਲੇ ਦਿਨੀਂ ਪੀ.ਏ.ਯੂ. ਲੁਧਿਆਣਾ ਦੇ ਮਾਹਰਾਂ ਨੇ ਨੈਨੋ ਯੂਰੀਆ ਵਿੱਚ ਲੋੜੀਂਦੇ ਤੱਤ ਨਹੀਂ ਹਨ। ਕਿਸਾਨ ਯੂਨੀਅਨ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਆਖਿਆ ਹੈ ਕਿ ਕਿਸੇ ਵੀ ਸੈਂਟਰ ਤੇ ਡੀ.ਏ.ਪੀ. ਖਾਦ ਦੇ ਨਾਲ ਕੋਈ ਵੀ ਦਵਾਈ ਜਾਂ ਹਰ ਖਾਦ ਸਮੱਗਰੀ ਨਾਲ ਲਈ ਜਾਵੇ। ਵੇਚਣ ਵਾਲਿਆਂ ਸੈਂਟਰਾਂ, ਦੁਕਾਨਾਂ ਦਾ ਵਿਰੋਧ ਕੀਤਾ ਜਾਵੇ। ਉਨ੍ਹਾਂ ਇਹ ਵੀ ਕਿਸਾਨਾਂ ਨੂੰ ਅਪੀਲ ਕੀਤੀ ਹੈ। ਕਿ ਜੇਕਰ ਫਿਰ ਵੀ ਕੋਈ ਸੈਂਟਰ ਜਾਂ ਦੁਕਾਨਦਾਰ ਜਬਰੀ ਵਾਧੂ ਜਗ੍ਹਾ ਦੇ ਰਿਹਾ ਹੈ, ਤਾਂ ਉਸਦੀ ਜਾਣਕਾਰੀ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਆਗੂਆਂ ਪਾਸ ਅਤੇ ਖੇਤੀਬਾੜੀ ਮਹਿਕਮੇ ਦੇ ਉਚੇਚੇ ਤੌਰ 'ਤੇ ਧਿਆਨ ਵਿੱਚ ਲਿਆਂਦਾ ਜਾਵੇ।


AXIS BANK

**Retail Asset Centre:** AXIS Bank Ltd, SCO 367-368, SECTOR – 34A, Chandigarh, 160022
**Corporate Office:** 'Axis House', Block-B, Bombay Dyeing Mills Compound, Pandurang Budhkar Marg, Worli, Mumbai-400025.
**Registered Office:** 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਿਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|
| (1) ਮੈਸਰਜ਼ ਨੰਦਾ ਮੈਡੀਸਨ ਸੈਂਟਰ ਰਾਹੀਂ ਇਸ ਦੇ ਭਾਈਵਾਲ ਸ੍ਰੀ ਭੂਸ਼ਨ ਨੰਦਾ, ਸ੍ਰੀ ਵਿਸ਼ਾਲ ਨੰਦਾ ਅਤੇ ਸ੍ਰੀ ਇਨੇਸ਼ ਨੰਦਾ ਪਤਾ : 6-ਡੀ, ਦਿਲਕੁਸ਼ਾ ਮਾਰਕਿਟ, ਜਲੰਧਰ ਸਿਟੀ, ਜਲੰਧਰ-144001 (2) ਸ੍ਰੀਮਤੀ ਗੀਤਾ ਨੰਦਾ ਪਤਨੀ ਭੂਸ਼ਨ ਨੰਦਾ ਪਤਾ : ਮਕਾਨ ਨੰ. 382 ਐੱਲ, ਮਾਡਲ ਟਾਊਨ, ਜਲੰਧਰ-1, ਵਡਾਲਾ, ਜਲੰਧਰ-144003 (3) ਇਨੇਸ਼ ਨੰਦਾ ਪੁੱਤਰ ਵਿਸ਼ਾਲ ਨੰਦਾ ਪਤਾ : ਮਕਾਨ ਨੰ. 382-ਐੱਲ, ਮਾਡਲ ਟਾਊਨ, ਜਲੰਧਰ-1, ਵਡਾਲਾ, ਜਲੰਧਰ-144003 (4) ਮੋਨਿਕਾ ਨੰਦਾ ਪੁੱਤਰੀ ਹਰੀਸ਼ ਪਤਾ : ਮਕਾਨ ਨੰ. 382 ਐੱਲ, ਮਾਡਲ ਟਾਊਨ, ਜਲੰਧਰ-1, ਵਡਾਲਾ, ਜਲੰਧਰ-144003 (5) ਵਿਸ਼ਾਲ ਨੰਦਾ ਪੁੱਤਰ ਭੂਸ਼ਨ ਨੰਦਾ ਪਤਾ : ਮਕਾਨ ਨੰ. 382, ਐੱਲ, ਮਾਡਲ ਟਾਊਨ, ਜਲੰਧਰ-1, ਵਡਾਲਾ, ਜਲੰਧਰ-144003 (6) ਵਿਕਾਸ ਨੰਦਾ ਪੁੱਤਰ ਭੂਸ਼ਨ ਨੰਦਾ ਪਤਾ : ਮਕਾਨ ਨੰ. 382 ਐੱਲ, ਮਾਡਲ ਟਾਊਨ, ਜਲੰਧਰ-1, ਵਡਾਲਾ, ਜਲੰਧਰ-144003 (7) ਭੂਸ਼ਨ ਨੰਦਾ ਪੁੱਤਰ ਉੱਤਮ ਚੰਦ ਪਤਾ : ਮਕਾਨ ਨੰ. 382, ਐੱਲ, ਮਾਡਲ ਟਾਊਨ, ਜਲੰਧਰ-1, ਵਡਾਲਾ, ਜਲੰਧਰ-144003 | ਜਾਇਦਾਦ ਨੰ. 1 : ਬੈਨਾਮਾ ਨੰ. 5301 ਮਿਤੀ 17-9-1993, 382 ਐੱਲ, ਮਾਡਲ ਟਾਊਨ ਜਲੰਧਰ ਵਿਖੇ ਸਥਿਤ ਭੂਸ਼ਨ ਨੰਦਾ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ ਕੁੱਲ ਰਕਬਾ 18 ਮਰਲੇ 'ਚੋਂ 4-1/4 ਮਰਲੇ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸੜਕ, ਪੱਛਮ : ਹੋਰ, ਉੱਤਰ : ਮਕਾਨ ਨੰ. 382, ਆਰ, ਦੱਖਣ : ਮਕਾਨ ਨੰ. 383-ਆਰ. ਜਾਇਦਾਦ ਨੰ. (2) ਬੈਨਾਮਾ ਨੰ. 4791 ਮਿਤੀ 7-9-1993, 382 ਐੱਲ ਮਾਡਲ ਹਾਊਸ, ਜਲੰਧਰ ਵਿਖੇ ਸਥਿਤ ਵਿਕਾਸ ਨੰਦਾ ਦੇ ਨਾਂਅ ਰਜਿਸਟਰਡ ਜਾਇਦਾਦ ਕੁੱਲ ਰਕਬਾ 18 ਮਰਲੇ, ਜਿਸ 'ਚੋਂ 4-1/4 ਮਰਲੇ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸੜਕ, ਪੱਛਮ :ਹੋਰ,ਉੱਤਰ : ਮਕਾਨ ਨੰ. 382 ਆਰ, ਦੱਖਣ : ਮਕਾਨ ਨੰ. 383 ਆਰ. ਜਾਇਦਾਦ ਨੰ. (3) ਬੈਨਾਮਾ ਨੰ. 4533 ਮਿਤੀ 1-9-1993, 382-ਐੱਲ, ਮਾਡਲ ਹਾਊਸ, ਜਲੰਧਰ ਵਿਖੇ ਸਥਿਤ ਗੀਤਾ ਨੰਦਾ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ ਕੁੱਲ ਰਕਬਾ 18 ਮਰਲੇ, ਜਿਸ 'ਚੋਂ 4-1/4 ਮਰਲੇ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸੜਕ, ਪੱਛਮ : ਹੋਰ, ਉੱਤਰ : ਮਕਾਨ ਨੰ. 382-ਆਰ, ਦੱਖਣ : ਮਕਾਨ ਨੰ. 383-ਆਰ। ਜਾਇਦਾਦ ਨੰ. (4) : ਬੈਨਾਮਾ ਨੰ. 5539 ਮਿਤੀ 27-9-1993, 382-ਐੱਲ ਮਾਡਲ ਹਾਊਸ, ਜਲੰਧਰ ਵਿਖੇ ਸਥਿਤ ਵਿਸ਼ਾਲ ਨੰਦਾ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ ਕੁੱਲ ਰਕਬਾ 18 ਮਰਲੇ, ਜਿਸ 'ਚੋਂ 4-1/4 ਮਰਲੇ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸੜਕ, ਪੱਛਮ : ਹੋਰ, ਉੱਤਰ ਮਕਾਨ ਨੰ. 382-ਆਰ, ਦੱਖਣ : ਮਕਾਨ ਨੰ. 383-ਆਰ। ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਸਾਰੀਆਂ 4 ਜਾਇਦਾਦਾਂ ਇੱਕ ਸਿੰਗਲ ਜਾਇਦਾਦ 382-ਐੱਲ, ਰਕਬਾ 18 ਮਰਲੇ, ਮਾਡਲ ਹਾਊਸ ਜਲੰਧਰ ਨਾਲ ਸੰਬੰਧਤ ਹਨ। | 27 ਮਈ 2024 | 6 ਸਤੰਬਰ 2024 ਜਲੰਧਰ, ਪੰਜਾਬ | ਰੁਪਏ 2,95,65,161/- (ਦੋ ਕਰੋੜ ਪਚਾਨਵੇਂ ਲੱਖ ਪੈਂਹਠ ਹਜ਼ਾਰ ਇੱਕ ਸੌ ਇਕਾਹਠ ਰੁਪਏ ਕੇਵਲ) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 11.09.2024
ਸਥਾਨ : ਜਲੰਧਰ

ਅਧਿਕਾਰਤ ਅਫਸਰ,
ਐਕਸਿਸ ਬੈਂਕ ਲਿਮਟਿਡ


## ਮੰਗ ਕੇ ਲਿਆਂਦਾ ਮੋਟਰਸਾਈਕਲ ਚੋਰੀ


ਚੋਰੀ ਹੋਇਆ ਮੋਟਰਸਾਈਕਲ

**ਭਗਤਾ ਭਾਈ ਕਾ (ਰਾਜੀਵ ਗੋਇਲ)**-ਭਾਈ ਬਹਿਲੋ ਰੋਡ 'ਤੇ ਸਥਿਤ ਇੱਕ ਦੁਕਾਨ 'ਤੇ ਕੰਮ ਕਰਨ ਵਾਲੇ ਨੇੜਲੇ ਪਿੰਡ ਢਿੱਲਵਾਂ ਦੇ ਰਹਿਣ ਵਾਲੇ ਨੌਜਵਾਨ ਸੰਦੀਪ ਅਲੀ ਦਾ ਦੁਕਾਨ 'ਤੇ ਆਉਣ ਲਈ ਮੰਗਵਾਂ ਲਿਆਂਦਾ ਮੋਟਰਸਾਈਕਲ ਬੀਤੀ 8 ਸਤੰਬਰ ਦੀ ਸ਼ਾਮ ਚੋਰੀ ਹੋ ਗਿਆ। ਪੀੜਤ ਨੌਜਵਾਨ ਨੇ ਦੱਸਿਆ ਕਿ ਉਹ ਸਵੇਰੇ ਦੁਕਾਨ 'ਤੇ ਆਉਣ ਲਈ ਆਪਣੇ ਕਿਸੇ ਮਿੱਤਰ ਦਾ ਕਾਲੇ ਰੰਗ ਦਾ ਸਪਲੈਂਡਰ ਮੋਟਰਸਾਈਕਲ ਮੰਗ ਕੇ ਲੈ ਕੇ ਆਇਆ ਸੀ, ਜਿਹੜਾ ਉਸੇ ਦਿਨ ਸ਼ਾਮ ਨੂੰ ਕਰੀਬ ਪੌਣੇ ਪੰਜ ਵਜੇ ਦੋ ਅਣਪਛਾਤੇ ਨੌਜਵਾਨਾਂ ਵੱਲੋਂ ਚੋਰੀ ਕਰ ਲਿਆ ਗਿਆ। ਪੀੜਤ ਨੇ ਦੱਸਿਆ ਕਿ ਸੰਬੰਧਤ ਥਾਣੇ ਨੂੰ ਅਰਜ਼ੀ ਦੇ ਦਿੱਤੀ ਗਈ ਹੈ ਤੇ ਪੁਲਸ ਦਾ ਕਹਿਣਾ ਸੀ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਦੁਕਾਨਦਾਰਾਂ ਵੱਲੋਂ ਪ੍ਰਸ਼ਾਸਨ ਪਾਸੋਂ ਚੋਰੀ ਹੋਏ ਮੋਟਰਸਾਈਕਲ ਨੂੰ ਲੱਭਣ ਲਈ ਪ੍ਰਸ਼ਾਸਨ ਅੱਗੇ ਗੁਹਾਰ ਲਾਈ ਗਈ ਹੈ।

## ਪਲੇਸਮੈਂਟ ਕੈਂਪ ਅੱਜ

**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਮਾਨਸਾ ਵਿਖੇ 11 ਸਤੰਬਰ 2024 ਨੂੰ 'ਮਿਡਲੈਂਡ ਮਾਈਕਰੋਫਿਨ ਪ੍ਰਾਈਵੇਟ ਲਿਮਟਡ' ਵੱਲੋਂ ਟਰੇਨੀ ਕਮਿਊਨਿਟੀ ਸਰਵਿਸ ਅਫ਼ਸਰਾਂ ਤੇ ਕਮਿਊਨਿਟੀ ਸਰਵਿਸ ਅਫ਼ਸਰਾਂ ਦੀ ਭਰਤੀ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਹ ਜਾਣਕਾਰੀ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਰਵਿੰਦਰ ਸਿੰਘ ਨੇ ਦਿੱਤੀ।ਉਨ੍ਹਾ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਘੱਟੋ ਘੱਟ 12ਵੀਂ ਪਾਸ ਲੜਕੇ ਭਾਗ ਲੈ ਸਕਦੇ ਹਨ, ਜਿਨ੍ਹਾਂ ਦੀ ਉਮਰ ਸੀਮਾ 21 ਤੋਂ 30 ਸਾਲ ਤੱਕ ਹੋਣੀ ਚਾਹੀਦੀ ਹੈ ਤੇ ਪ੍ਰਾਰਥੀ ਸਰੀਰਕ ਤੌਰ 'ਤੇ ਫਿੱਟ ਹੋਣੇ ਚਾਹੀਦੇ ਹਨ। ਉਨ੍ਹਾ ਕਿਹਾ ਕਿ ਚਾਹਵਾਨ ਪ੍ਰਾਰਥੀ ਆਪਣੇ ਅਸਲ ਆਧਾਰ ਕਾਰਡ, ਪੈਨ ਕਾਰਡ ਤੇ ਯੋਗਤਾ ਦਾ ਵੇਰਵਾ (ਰਜ਼ਿਊਮ) ਲੈ ਕੇ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ (ਨੇੜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੇਵਾ ਕੇਂਦਰ ਦੀ ਦੂਜੀ ਮੰਜ਼ਿਲ 'ਤੇ) ਕੈਂਪ ਵਾਲੇ ਦਿਨ ਸਵੇਰੇ 10:30 ਵਜੇ ਪਹੁੰਚਣ।

## ਸ਼ਹਿਰ 'ਚ ਦੜਾ-ਸੱਟਾ, ਰੇਤ ਮਾਈਨਿੰਗ, ਗੁੰਡਾਗਰਦੀ ਤੇ ਲੁੱਟਾਂ-ਖੋਹਾਂ ਦੀ ਭਰਮਾਰ : ਪੰਨੂ



**ਜ਼ੀਰਾ (ਨਰਿੰਦਰ ਅਨੇਜਾ)**-ਪੰਜਾਬ ਅੰਦਰ ਜਦੋਂ ਦੀ ਆਮ ਆਦਮੀ ਦੀ ਸਰਕਾਰ ਪੰਜਾਬ ਵਿੱਚ ਆਈ ਹੈ, ਉਸ ਵਖਤ ਤੋਂ ਹੀ ਪੰਜਾਬ ਅੰਦਰ ਦਿਨ ਦਿਹਾੜੇ ਲੁੱਟਾਂ ਖੋਹਾਂ ਤੇ ਗੁੰਡਾ ਗਰਦੀ ਦਾ ਰਾਜ ਚੱਲ ਰਿਹਾ ਹੈ ਸਰਕਾਰ ਬਣਨ ਤੋਂ ਪਹਿਲਾਂ ਬਹੁਤ ਵੱਡੇ ਵੱਡੇ ਦਾਅਵੇ ਆਮ ਆਦਮੀ ਕਰਦੀ ਸੀ ਕਿ ਅਸੀਂ ਰੇਤ ਮਾਈਨਿੰਗ ਤੇ ਗੁੰਡਾਗਰਦੀ ਦੇ ਦੜੇ ਸੱਟੇ 'ਤੇ ਨੱਥ ਪਾਵਾਂਗੇ, ਪਰ ਹੁਣ ਇਸ ਦੇ ਉਲਟ ਸਾਰੇ ਨਜਾਇਜ਼ ਕੰਮ ਜ਼ੀਰਾ ਵਿੱਚ ਹੋ ਰਹੇ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦੇ ਕਾਂਗਰਸ ਕਮੇਟੀ ਫਿਰੋਜ਼ਪੁਰ ਦੇ ਉੱਪ ਪ੍ਰਧਾਨ ਜਸਪਾਲ ਸਿੰਘ ਪੰਨੂ ਨੇ ਪੱਤਰਕਾਰਾਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਜ਼ੀਰਾ ਫਿਰੋਜ਼ਪੁਰ ਹਲਕੇ ਅੰਦਰ ਦਿਨ ਦਿਹਾੜੇ ਸ਼ਰਿਆਮ ਗੋਲੀਆਂ ਚੱਲ ਰਹੀਆਂ ਹਨ, ਜਿਸ ਦੀ ਤਾਜ਼ਾ ਮਿਸਾਲ ਪਿਛਲੇ ਸਮੇਂ ਦੌਰਾਨ ਤਿੰਨ ਵਾਰ ਗੈਂਗਸਟਰਾਂ ਵੱਲੋਂ ਗੋਲੀਆਂ ਚਲਾਈਆਂ ਗਈਆਂ ਅਤੇ ਤਿੰਨ-ਚਾਰ ਕਤਲ ਕੀਤੇ ਗਏ, ਜਿਸ ਵਿੱਚ ਇੱਕ ਲੜਕੀ ਦਾ ਕਤਲ ਵੀ ਸ਼ਾਮਲ ਹੈ ਅਤੇ ਇਸੇ ਤਰ੍ਹਾਂ ਜ਼ੀਰਾ ਹਲਕੇ ਅੰਦਰ ਵੱਡੇ ਪੱਧਰ 'ਤੇ ਦੱੜੇ ਸੱਟੇ ਤੇ ਰੇਤਾ ਮਾਈਨਿੰਗ ਸ਼ਰੇਆਮ ਹੋ ਰਹੀ ਜ਼ੀਰਾ ਦੇ ਇੰਨੇ ਹਾਲਾਤ ਮਾੜੇ ਹੋਣ ਕਾਰਨ ਵੀ ਆਪਣੇ ਆਪ ਨੂੰ ਇਮਾਨਦਾਰ ਕਹਾਉਣ ਵਾਲੀ ਆਮ ਆਦਮੀ ਪਾਰਟੀ ਦੀ ਮਾਨ ਸਰਕਾਰ ਕੁੰਭਕਰਨ ਦੀ ਨੀਂਦ ਸੁਤੀ ਪਈ ਹੈ ਅਤੇ ਪ੍ਰਸ਼ਾਸਨ ਵੱਲੋਂ ਵੀ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ, ਉਲਟਾ ਦੜਾ ਸੱਟਾ ਤੇ ਰੇਟ ਮਾਈਨਿੰਗ ਕਰਨ ਵਾਲੇ ਵਿਰੁੱਧ ਕੋਈ ਸ਼ਿਕਾਇਤ ਕਰਦਾ ਤਾਂ ਉਲਟਾ ਉਨ੍ਹਾਂ ਨੂੰ ਹੀ ਡਰਾਇਆ ਧਮਕਾਇਆ ਜਾਂਦਾ ਹੈ, ਹਲਕੇ ਵਿੱਚ ਲੋਕਾਂ ਵਿੱਚ ਡਰ ਦਾ ਮਾਹੌਲ ਹੈ।ਇਸ ਸਮੇਂ ਬਲਜੀਤ ਸਿੰਘ ਬੱਬਾ ਬਰਾੜ ਸਰਪੰਚ ਬੋੜਾਂ ਵਾਲੀ, ਸਰਪੰਚ ਬਲਜਿੰਦਰ ਸਿੰਘ ਕੋਠੇ ਅੰਬਰਹਰ, ਸਰਪੰਚ ਸਤਵੀਰ ਸਿੰਘ ਸ਼ੂਸ਼ਕ, ਸਰਪੰਚ ਦਲਵਿੰਦਰ ਸਿੰਘ ਗੋਛਾ ਮਰੂੜ, ਸਰਪੰਚ ਦਰਸ਼ਨ ਸਿੰਘ ਨੌਰੰਗ ਸਿੰਘ ਵਾਲਾ, ਸਰਪੰਚ ਸਰਦੂਲ ਸਿੰਘ ਮਰਖਾਈ, ਸਰਪੰਚ ਗੁਰਮੇਲ ਸਿੰਘ ਮਨਸੂਰਵਾਲ ਕਲਾਂ ਆਦਿ ਹਾਜ਼ਰ ਸਨ।

## ਨਵਨਿਯੁਕਤ ਪ੍ਰਧਾਨ ਸੋਨਿਕਾ ਬਾਂਸਲ ਤੇ ਮੀਤ ਪ੍ਰਧਾਨ ਰਿਸ਼ੂ ਰੰਗੀ ਦਾ ਸਨਮਾਨ



**ਤਪਾ ਮੰਡੀ (ਅਰੁਣ ਗੋਇਲ)**-ਨਗਰ ਕੌਂਸਲ ਦੇ ਪ੍ਰਧਾਨ ਤੇ ਮੀਤ ਪ੍ਰਧਾਨ ਨੂੰ ਪਾਰਟੀ ਪੱਧਰ ਤੋਂ ਉਪਰ ਉੱਠ ਕੇ ਉਗਰਸੈਨ ਮੋੜ ਨੇ ਦੋਨੋਂ ਨਵਨਿਯੁਕਤ ਮਹਿਲਾਵਾਂ ਨੂੰ ਸਨਮਾਨਤ ਕੀਤਾ ਗਿਆ। ਉਗਰ ਸੈਨ ਮੋੜ ਨੇ ਦੱਸਿਆ ਕਿ ਨਗਰ ਕੌਂਸਲ ਤਪਾ ਦੀ ਬਣੀ ਪ੍ਰਧਾਨ ਸੋਨਿਕਾ ਬਾਂਸਲ ਤੇ ਮੀਤ ਪ੍ਰਧਾਨ ਰਿਸ਼ੂ ਰੰਗੀ ਨੂੰ ਵਧਾਈ ਦਿੰਦਿਆਂ ਦੱਸਿਆ ਕਿ ਦੋਵੇਂ ਨਵਨਿਯੁਕਤ ਮਹਿਲਾਵਾਂ ਅਪਣੀ ਪੂਰੀ ਟੀਮ ਨੂੰ ਨਾਲ ਲੈ ਕੇ ਸ਼ਹਿਰ ਦੇ ਸਰਵਪੱਖੀ ਵਿਕਾਸ ਕਰਨਗੀਆਂ। ਸ੍ਰੀ ਮੋੜ ਨੇ ਨਵਨਿਯੁਕਤ ਪ੍ਰਧਾਨ ਦੇ ਧਿਆਨ 'ਚ ਲਿਆਂਦਾ ਗਿਆ ਕਿ ਸ਼ਹਿਰ 'ਚ ਪੀਣ ਵਾਲੇ ਪਾਣੀ ਦੀ ਸਮੱਸਿਆ, ਗੰਦੇ ਪਾਣੀ ਦੀ ਨਿਕਾਸੀ ਸਮੱਸਿਆ, ਖਸਤਾ ਹਾਲਤ 'ਚ ਸੜਕਾਂ ਤੋਂ ਇਲਾਵਾ ਗਲੀਆਂ 'ਚ ਨਾਲੀਆਂ ਅਤੇ ਅਧੂਰੇ ਫ਼ਰਸ਼ ਪਏ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਹਲਕਾ ਭਦੌੜ ਦੇ ਵਿਧਾਇਕ ਲਾਭ ਸਿੰਘ ਉਗੋਕੇ ਦੇ ਦਿਸ਼ਾਂ-ਨਿਰਦੇਸ਼ਾਂ 'ਤੇ ਸ਼ਹਿਰ ਦੇ ਸਾਰੇ ਅਧੂਰੇ ਪਏ ਕੰਮਾਂ ਨੂੰ ਨੇਪਰੇ ਚਾੜ੍ਹ ਦਿੱਤੇ ਜਾਣਗੇ, ਕਿਸੇ ਨਾਲ ਵੀ ਕੋਈ ਵੀ ਭੇਦਭਾਵ ਨਹੀਂ ਕੀਤਾ ਜਾਵੇਗਾ। ਇਸ ਤੋਂ ਪਹਿਲਾਂ ਦੋਵੇਂ ਨਵਨਿਯੁਕਤ ਪ੍ਰਧਾਨ ਅਪਣੇ ਸਮਰਥਕਾਂ ਨਾਲ ਬਾਬਾ ਸੁਖਾਨੰਦ ਤੇ ਬਾਬਾ ਇੰਦਰ ਦਾਸ ਦੀ ਸਮਾਧ ਤੇ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਮੈਡਮ ਵਿਨੋਦ ਕੁਮਾਰੀ, ਅਰਵਿੰਦ ਰੰਗੀ, ਡਾ. ਬਾਲ ਚੰਦ ਬਾਂਸਲ ਆਦਿ ਮੰਡੀ ਨਿਵਾਸੀਆਂ ਨੇ ਸੋਨਿਕਾ ਬਾਂਸਲ ਦੇ ਪ੍ਰਧਾਨ ਅਤੇ ਰਿਸ਼ੂ ਰੰਗੀ ਦੇ ਮੀਤ ਪ੍ਰਧਾਨ ਬਣਨ ਤੇ ਮੁਬਾਰਕਵਾਦ ਦਿੱਤੀ ਗਈ।

## ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੈਂਕੜੇ ਆਗੂ ਲਾਲਪੁਰਾ ਦੀ ਅਗਵਾਈ 'ਚ 'ਆਪ' 'ਚ ਸ਼ਾਮਲ



**ਚੋਹਲਾ ਸਾਹਿਬ (ਰਮਨ ਚੱਢਾ)**-ਹਲਕਾ ਖਡੂਰ ਸਾਹਿਬ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਹੋਰ ਬਲ ਮਿਲਿਆ ਜਦੋਂ ਹਰਮਨਪਿਆਰੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਵੱਲੋਂ ਹਲਕਾ ਖਡੂਰ ਸਾਹਿਬ ਵਿੱਚ ਜੋ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਉਨ ਾਂ ਤੋਂ ਪ੍ਰਭਾਵਿਤ ਹੋ ਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪਿੰਡ ਡੇਹਰਾ ਸਾਹਿਬ ਤੋਂ ਸੈਂਕੜੇ ਸੀਨੀਅਰ ਆਗੂ ਅਤੇ ਵਰਕਰ ਆਪਣੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਸਦਾ ਲਈ ਅਲਵਿਦਾ ਆਖ ਕੈਪਟਨ ਤੇਜਿੰਦਰ ਸਿੰਘ ਦੀ ਪ੍ਰੇਰਨਾ ਸਦਕਾ ਹਲਕਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਦੀ ਯੋਗ ਅਗਵਾਈ ਹੇਠ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋ ਗਏ।ਨਵੇਂ ਸ਼ਾਮਲ ਹੋਏ ਆਗੂਆਂ ਨੇ ਇਕਸੁਰਤਾ ਨਾਲ ਕਿਹਾ ਕਿ ਅਸੀਂ ਲਾਲਪੁਰਾ ਦੇ ਵਧੀਆ ਸੁਭਾਅ ਅਤੇ ਉਨ ਾਂ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋਏ ਹਾਂ, ਸ਼੍ਰੋਮਣੀ ਅਕਾਲੀ ਦਲ ਦਾ ਕੋਈ ਵੀ ਅਧਾਰ ਪਿੰਡਾਂ ਵਿਚ ਨਹੀਂ ਰਿਹਾ।ਸ਼੍ਰੋਮਣੀ ਅਕਾਲੀ ਦਲ ਹੁਣ ਲੋਕਾਂ ਦੇ ਮੁੱਦਿਆਂ ਦੀ ਗੱਲ ਨਹੀਂ ਕਰਦੀ। ਇਸ ਮੌਕੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਵੱਲੋਂ ਸਾਰੇ ਸ਼ਾਮਲ ਪੰਚਾਂ/ਸਰਪੰਚਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਪਾਰਟੀ ਵੱਲੋਂ ਭਰੋਸਾ ਦਿੱਤਾ ਕਿ ਉਹ ਉਹ ਹਮੇਸ਼ਾ ਤੁਹਾਡੇ ਮੋਢੇ ਨਾਲ ਮੋਢਾ ਜੋੜ ਕੇ ਖੜੇ ਰਹਿਣਗੇ।ਇਸ ਮੌਕੇ ਪਾਰਟੀ ਵਿਚ ਨਵੇਂ ਸ਼ਾਮਲ ਬਲਦੇਵ ਸਿੰਘ ਸਰਪੰਚ, ਗੁਲਜ਼ਾਰ ਸਿੰਘ ਮੈਂਬਰ, ਕਸ਼ਮੀਰ ਸਿੰਘ ਮੈਂਬਰ, ਅਮਰੀਕ ਸਿੰਘ ਮੈਂਬਰ, ਸ਼ਮਿੰਦਰ ਸਿੰਘ, ਗੁਰਲਾਲ ਸਿੰਘ, ਬਲਵਿੰਦਰ ਸਿੰਘ, ਹਰਪ੍ਰੀਤ ਸਿੰਘ, ਨਵਦੀਪ ਸਿੰਘ, ਵੱਸਣ ਸਿੰਘ, ਪਾਲਾ ਸਿੰਘ, ਗੁਰਮੁਖ ਸਿੰਘ, ਬਾਲ ਸਿੰਘ, ਜੀਤਾ ਨੰਬਰਦਾਰ, ਪ੍ਰਗਟ ਸਿੰਘ, ਸੁਖਦੇਵ ਸਿੰਘ, ਗੁਰਮੀਤ ਸਿੰਘ ਪ੍ਰਕਾਸ਼ ਸਿੰਘ, ਗੁਰਲਾਲ ਸਿੰਘ, ਕਸ਼ਮੀਰ ਸਿੰਘ, ਨਿਰਮਲ ਸਿੰਘ, ਧਰਮ ਸਿੰਘ, ਮਹਿਲ ਸਿੰਘ, ਰਜਿੰਦਰ ਸਿੰਘ, ਰਛਪਾਲ ਸਿੰਘ, ਇਕਬਾਲ ਸਿੰਘ, ਪ੍ਰਗਟ ਸਿੰਘ, ਰਾਜਨ ਸਿੰਘ, ਜਗਦੀਪ ਸਿੰਘ, ਸੁੱਚਾ ਸਿੰਘ, ਅਰਸ਼ਦੀਪ ਸਿੰਘ, ਦਰਸ਼ਨ ਸਿੰਘ, ਅਮਰਜੀਤ ਸਿੰਘ, ਕੌਲਾ ਸਿੰਘ, ਗੁਰਬਚਨ ਸਿੰਘ, ਹਰਦੀਪ ਸਿੰਘ, ਅਮਰੀਕ ਸਿੰਘ ਆਦਿ ਨੂੰ ਲਾਲਪੁਰਾ ਵੱਲੋਂ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ।


**ਉੱਤਰ ਰੇਲਵੇ**

**ਪ੍ਰਮੁੱਖ ਮੁੱਖ ਸਾਮਗਰੀ ਪ੍ਰਬੰਧਕ ਦਫਤਰ**
**ਪ੍ਰਧਾਨ ਦਫਤਰ, ਬੜੌਦਾ ਹਾਊਸ, ਨਵੀਂ ਦਿੱਲੀ-110 001**
**Mail ID: salenr365@gmail.com**

ਨੰ: 117-ਐਸ/ਸੇਲ/ਆਕਸ਼ਨ ਪ੍ਰੋਗਰਾਮ/ਸੇਲ/2024-25          ਮਿਤੀ : 06.09.2024

**ਨੀਲਾਮੀ ਸੂਚਨਾ ਨੰ:- ਅਕਤੂਬਰ / 2024**

ਰੱਦ ਲੋਹਾ, ਅਲੋਹ, ਹੋਰ ਵੱਖ-ਵੱਖ ਸਕ੍ਰੈਪ, ਕੰਡਮ ਲੋਕੋ ਕੋਚੇਜ ਅਤੇ ਵੈਗਨਸ, ਸਕ੍ਰੈਪ ਰੇਲ ਅਤੇ ਹੋਰ ਰੇਲ ਪੱਥ ਸਾਮਗਰੀ ਦੇ ਨਿਸਤਾਰਣ ਲਈ ਈ-ਨੀਲਾਮੀ ਕੀਤੀ ਜਾਵੇਗੀ। ਲੈਡ ਏਸਿਡ ਬੈਟਰੀਜ/ਯੂਜਡ ਆਯਲ/ਰਿਫਯੂਡ ਆਯਲ ਕੇਵਲ ਉਨ੍ਹਾਂ ਸੰਭਰਣਕਰਤਾਵਾਂ ਨੂੰ ਵਿਕਰੀ ਕੀਤਾ ਜਾਵੇਗਾ ਜੋ ਕਿ ਰਾਜ ਪ੍ਰਦੂਸ਼ਣ ਨਿਯੰਤਰਣ ਬੋਰਡ ਦੇ ਅਧੀਨ ਰਜਿਸਟਰਡ ਹੋਣਗੇ।

**ਅਕਤੂਬਰ' - 2024 ਦੀ ਈ - ਨੀਲਾਮੀ**

| ਲ. ਨੰ: | ਨੀਲਾਮੀ ਕਰਨ ਵਾਲਾ ਡਿਪੋ/ਡਵੀਜਨ | ਨੀਲਾਮੀ ਸਮਾਂ | ਪਹਿਲਾ ਚਰਣ | ਦੂਸਰਾ ਚਰਣ | ਤੀਸਰਾ ਚਰਣ | ਚੋਥਾ ਚਰਣ | ਪੰਜਵਾ ਚਰਣ | ਛੇਵਾ ਚਰਣ |
|---|---|---|---|---|---|---|---|---|
| 1 | ਆਲਮਬਾਗ/ਲਖਨਊ 0522-2451257 | 10.00 ਸਵੇਰੇ | 4 | 9 | 16 | 19 | 26 | 30 |
| 2 | ਸ਼ਕੂਰਬਸਤੀ 011-27015387 | 10.00 ਸਵੇਰੇ | 5 | 11 | 18 | 21 | 26 | 30 |
| 3 | ਜਗਾਧਰੀ 01732-252388 | 10.00 ਸਵੇਰੇ | 5 | 10 | 16 | 19 | 26 | 30 |
| 4 | ਸੀਨੀਅਰ ਮੰਡਲ ਸਾਮਗਰੀ ਪ੍ਰਬੰਧਕ/ਲਖਨਊ 0522-2234756 | 10.00 ਸਵੇਰੇ | 3 | 7 | 14 | 21 | 25 | 30 |
| 5 | ਸੀਨੀਅਰ ਮੰਡਲ ਸਾਮਗਰੀ ਪ੍ਰਬੰਧਕ/ਫ਼ਿਰੋਜ਼ਪੁਰ 01632-244154 | 10.00 ਸਵੇਰੇ | 4 | 8 | 15 | 22 | 24 | 30 |
| 6 | ਸੀਨੀਅਰ ਮੰਡਲ ਸਾਮਗਰੀ ਪ੍ਰਬੰਧਕ/ਅੰਬਾਲਾ 0171-2611203 | 10.00 ਸਵੇਰੇ | 3 | 8 | 15 | 22 | 25 | 30 |
| 7 | ਸੀਨੀਅਰ ਮੰਡਲ ਸਾਮਗਰੀ ਪ੍ਰਬੰਧਕ/ਮੁਰਾਦਾਬਾਦ 0591-2413141 | 10.00 ਸਵੇਰੇ | 4 | 9 | 16 | 21 | 24 | 30 |
| 8 | ਸੀਨੀਅਰ ਮੰਡਲ ਸਾਮਗਰੀ ਪ੍ਰਬੰਧਕ/ਦਿੱਲੀ 011-23365311 | 10.00 ਸਵੇਰੇ | 3 | 7 | 14 | 21 | 24 | 30 |

ਨੋਟ:- ਨੀਲਾਮੀ ਵਿਚ ਵੇਚੇ ਜਾਣ ਵਾਲੀ ਸਾਮਗਰੀ ਦਾ ਵੇਰਵਾ www.ireps.gov.in ਉਤੇ ਦਿਤੇ ਗਏ ਕੈਟਲਾਗ ਉਤੇ ਉਪਲਬਧ ਹੋਣਗੇ। 1. ਇਛੁਕ ਖਰੀਦਦਾਰ ਖਰੀਦਦਾਰ ਉਪਰੋਕਤ ਵਰਣਿਤ ਸਾਮਗਰੀ ਨੂੰ ਨੀਲਾਮੀ ਦੇ ਪਹਿਲਾ ਨਾਮਿਤ ਜਗ੍ਹਾਂ ਉਤੇ ਕੰਮ ਵਾਲੇ ਦਿਨ ਵਿਚ ਦੇਖ ਸਕਦੇ ਹਨ। 2. ਪਹਿਲਾ ਨੀਲਾਮੀ ਵਿਚ ਵੇਚੇ ਗਈ ਸਾਮਗਰੀ ਦਾ ਵੇਰਵਾ www.nr.railnet.gov.in ਉਤੇ ਉਪਲਬਧ ਹੈ। 3. ਈ-ਨੀਲਾਮੀ ਵਿਚ ਭਾਗ ਲੈਣ ਦੇ ਲਈ ਕ੍ਰੇਤਾ ਨੂੰ ireps ਉਤੇ ਰਜਿਸਟਰਡ ਹੋਣਾ ਜ਼ਰੂਰੀ ਹੈ। ਈ-ਨੀਲਾਮੀ ਦੀ ਪੂਰੀ ਜਾਣਕਾਰੀ, ਰਜਿਸਟ੍ਰੇਸ਼ਨ ਅਤੇ ਹੋਰ ਨਿਯਮ ਤੇ ਸ਼ਰਤਾਂ ਦੇ ਲਈ ਕ੍ਰਿਪਾ ਰੇਲਵੇ ਵੇਬਸਾਈਟ www.ireps.gov.in ਦੇਖੋ।

2821/2024          ਉਪ ਮੁੱਖ ਸਾਮਗਰੀ ਪ੍ਰਬੰਧਕ/ਐਸ ਅਤੇ ਪੀ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਪੰਜਾਬੀ 'ਵਰਸਿਟੀ ਗੁਰੂ ਕਾਸ਼ੀ ਕੈਂਪਸ 'ਚ ਗੈੱਸਟ ਲੈਕਚਰ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਦੇ ਭਾਸ਼ਾਵਾਂ ਵਿਭਾਗ ਅਤੇ ਸੋਸ਼ਲ ਸਾਇੰਸ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਇੱਕ ਗੈਸਟ ਲੈਕਚਰ ਦਾ ਆਯੋਜਨ ਕਰਾਇਆ ਗਿਆ।ਇਸ ਵਿੱਚ ਪ੍ਰਸਿੱਧ ਕਵੀ ਤੇ ਚਿੰਤਕ ਸੁਖਜਿੰਦਰ ਨੇ ਮੁੱਖ ਵਕਤੇ ਵਜੋਂ ਸ਼ਮੂਲੀਅਤ ਕੀਤੀ।ਪ੍ਰੋ. ਕੁਮਾਰ ਸੁਸ਼ੀਲ ਮੁਖੀ ਭਾਸ਼ਾਵਾਂ ਵਿਭਾਗ ਨੇ ਮਹਿਮਾਨਾਂ ਨੂੰ ਜੀ ਆਇਆਂ ਆਖਿਆ।ਮੁੱਖ ਬੁਲਾਰੇ ਨੇ ਆਪਣੇ ਲੈਕਚਰ ਵਿੱਚ ਸਾਹਿਤ ਦੇ ਅਤੇ ਮਨੁੱਖੀ ਜੀਵਨ ਦੀ ਸਰਬੰਗਤਾ ਨੂੰ ਅੰਤਰ ਸੰਬੰਧਿਤ ਕਰਕੇ ਦਰਸਾਉਂਦਿਆਂ ਹੋਇਆਂ ਆਧੁਨਿਕ ਜੀਵਨ ਦੀਆਂ ਦੁਸ਼ਵਾਰੀਆਂ, ਮਨੁੱਖ ਦਾ ਵਿਖੰਡਤ ਆਪਾ, ਆਧੁਨਿਕ ਜਨਜੀਵਨ ਉੱਪਰ ਸਾਹਿਤ ਦਾ ਪ੍ਰਭਾਵ ਆਦਿ ਵਿਸ਼ਿਆਂ ਨੂੰ ਆਪਣੀ ਚਰਚਾ ਦਾ ਵਿਸ਼ਾ ਬਣਾਇਆ। ਇਸ ਤੋਂ ਇਲਾਵਾ ਪ੍ਰਸਿੱਧ ਲੇਖਕ ਔਰਥਰ ਮਿਲਰ ਦੇ ਨਾਟਕ- ਦ ਡੈਥ ਆਫ ਸੇਲਜਮੈਨ-ਦੇ ਸੰਦਰਭਗਤ ਵਿਚਾਰ ਚਰਚਾ ਕੀਤੀ ਗਈ।ਅਖੀਰ ਵਿੱਚ ਡਾ. ਬਲਦੇਵ ਸਿੰਘ ਮੁਖੀ ਸੋਸ਼ਲ ਸਾਇੰਸਜ ਵਿਭਾਗ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।ਕੈਂਪਸ ਡਾਇਰੈਕਟਰ ਡਾ. ਕਮਲਜੀਤ ਸਿੰਘ ਨੇ ਇਸ ਕਾਰਜ ਦੀ ਭਰਪੂਰ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਅਜਿਹੇ ਸਾਹਿਤਕ ਕਾਰਜ ਕਰਾਉਂਦੇ ਰਹਿਣ ਦੀ ਆਸ ਪ੍ਰਗਟਾਈ।ਸਗਲੇ ਪ੍ਰੋਗਰਾਮ ਦਾ ਮੰਚ ਸੰਚਾਲਨ ਸ੍ਰੀ ਗੁਰਮੀਤ ਸਿੰਘ ਵੱਲੋਂ ਕੀਤਾ ਗਿਆ।ਇਸ ਸਮੇਂ ਸਮੂਹ ਅਧਿਆਪਕ ਅਮਲਾ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਰਹੇ।

## 'ਸਰਕਾਰ ਤੁਹਾਡੇ ਦੁਆਰ' ਤਹਿਤ ਉਟਾਲਾ 'ਚ ਕੈਂਪ ਲਾਇਆ



**ਸਮਰਾਲਾ (ਸੁਰਜੀਤ ਸਿੰਘ)**-ਪਿੰਡ ਉਟਾਲਾ ਵਿਖੇ 'ਸਰਕਾਰ ਤੁਹਾਡੇ ਦੁਆਰ' ਕੈਂਪ ਲਾਇਆ ਗਿਆ, ਜਿਸ ਵਿਚ ਇਲਾਕੇ ਦੇ ਪਿੰਡਾਂ ਤੋਂ ਆਏ ਲੋਕਾਂ ਦੇ ਅਟਕੇ ਹੋਏ ਕੰਮ ਮੌਕੇ 'ਤੇ ਹੀ ਨਬੇੜ ਦਿੱਤੇ ਗਏ, ਜਿਸ 'ਤੇ ਲੋਕਾਂ ਵੱਲੋਂ ਤਸੱਲੀ ਦਾ ਇਜ਼ਹਾਰ ਕੀਤਾ ਗਿਆ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਿੰਡ ਉਟਾਲਾ ਵਿੱਚ ਕੈਂਪ ਲਾਇਆ ਗਿਆ, ਜਿਸ ਦਾ ਉਦਘਾਟਨ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਕੀਤਾ।ਕੈਂਪ ਵਿੱਚ ਉਪ ਮੰਡਲ ਮੈਜਿਸਟ੍ਰੇਟ ਸਮਰਾਲਾ ਸ੍ਰੀ ਰਜਨੀਸ਼ ਅਰੋੜਾ ਤੇ ਹੋਰ ਵੱਖ-ਵੱਖ ਵਿਭਾਗਾਂ ਦੇ ਉੱਚ ਅਧਿਕਾਰੀ ਵੀ ਹਾਜ਼ਰ ਸਨ।ਮਾਲ, ਸੇਵਾ ਕੇਂਦਰ, ਸਮਾਜਿਕ ਨਿਆਂ, ਸਸ਼ਕਤੀਕਰਨ ਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ ਅਤੇ ਔਰਤਾਂ ਅਤੇ ਬੱਚਿਆਂ ਦਾ ਵਿਕਾਸ, ਖੇਤੀਬਾੜੀ ਅਤੇ ਕਿਸਾਨ ਭਲਾਈ, ਸਿਹਤ, ਜਲ ਸਪਲਾਈ ਅਤੇ ਸੈਨੀਟੇਸ਼ਨ, ਪੇਂਡੂ ਵਿਕਾਸ ਤੇ ਪੰਚਾਇਤਾਂ, ਪੁਲਿਸ ਅਤੇ ਹੋਰ ਵਿਭਾਗਾਂ ਦੇ ਵੱਖ-ਵੱਖ ਸੀਨੀਅਰ ਅਧਿਕਾਰੀਆਂ ਨੇ ਲੋਕਾਂ ਨੂੰ ਸੇਵਾਵਾਂ ਪ੍ਰਦਾਨ ਕੀਤੀਆਂ। ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਵੀ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ ਅਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਵੱਲੋਂ ਉਠਾਏ ਗਏ ਕਿਸੇ ਵੀ ਮਸਲੇ ਦੇ ਤੁਰੰਤ ਹੱਲ ਨੂੰ ਯਕੀਨੀ ਬਣਾਇਆ ਜਾਵੇ। ਦਿਆਲਪੁਰਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਵੱਖ-ਵੱਖ ਥਾਵਾਂ 'ਤੇ ਵਿਸ਼ੇਸ਼ ਸੁਵਿਧਾ ਕੈਂਪ ਲਾਏ ਜਾ ਰਹੇ ਹਨ ਤਾਂ ਜੁ ਸਰਕਾਰ ਦੀਆਂ ਸੇਵਾਵਾਂ ਅਤੇ ਸਕੀਮਾਂ ਦਾ ਲਾਭ ਲੋਕਾਂ ਤੱਕ ਪੁਚਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਸਰਕਾਰੀ ਸੇਵਾਵਾਂ ਦਾ ਲਾਭ ਸਿੱਧੇ ਤੌਰ 'ਤੇ ਲੋਕਾਂ ਤੱਕ ਪੁਚਾਉਣ ਲਈ 'ਸਰਕਾਰ ਤੁਹਾਡੇ ਦੁਆਰ' ਮੁਹਿੰਮ ਤਹਿਤ ਜ਼ਿਲ੍ਹੇ ਭਰ ਵਿੱਚ ਹੋਰ ਕੈਂਪ ਲਾਏ ਜਾਣਗੇ।

## ਡੀ ਏ ਵੀ ਸਕੂਲ ਦੇ ਵਿਦਿਆਰਥੀ ਕਿਸਾਨ ਮੇਲਾ ਦੇਖਣ ਪਹੁੰਚੇ



**ਰਾਜਪੁਰਾ (ਰਮੇਸ਼ ਕਟਾਰੀਆ)**-ਡੀਏਵੀ ਸਕੂਲ ਰਾਜਪੁਰਾ ਦੇ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਸ੍ਰੀਮਤੀ ਅਲਪਨਾ ਪਾਠਕ ਦੀ ਅਗਵਾਈ ਹੇਠ ਕਿਸਾਨ ਮੇਲੇ ਦਾ ਦੌਰਾ ਕਰਨ ਲਈ ਭੇਜਿਆ ਗਿਆ।ਇਸ ਮੌਕੇ ਡੀਏਵੀ ਸ਼ਕੂਲ ਰਾਜਪੁਰਾ ਦੇ ਵਿਦਿਆਰਥੀਆਂ ਨੇ ਕਿਸਾਨ ਮੇਲਾ ਬੜੇ ਉਤਸ਼ਾਹ ਨਾਲ ਦੇਖਿਆ।ਉਨ੍ਹਾਂ ਨੂੰ ਖੇਤੀ ਉਤਪਾਦਾਂ ਤੇ ਬੀਜਾਂ ਬਾਰੇ ਜਾਣਕਾਰੀ ਦਿੱਤੀ ਗਈ।ਉਨ੍ਹਾਂ ਨੂੰ ਖੇਤੀ ਦੀਆਂ ਨਵੀਆਂ ਤਕਨੀਕਾਂ ਬਾਰੇ ਦੱਸ ਕੇ ਉਨ੍ਹਾਂ ਦੇ ਗਿਆਨ ਵਿੱਚ ਵਾਧਾ ਕੀਤਾ ਗਿਆ ਤੇ ਵਿਦਿਆਰਥੀਆਂ ਨੂੰ ਆਧੁਨਿਕ ਮਸ਼ੀਨਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਨਾਲ ਹੀ ਬੱਚਿਆਂ ਨੂੰ ਫਲਾਂ ਦੇ ਪੌਦਿਆਂ ਤੇ ਜੈਵਿਕ ਸਬਜ਼ੀਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ।ਪੌਸ਼ਟਿਕ ਭੋਜਨ ਦੀ ਕਿਫਾਇਤੀ ਤੇ ਪਹੁੰਚਯੋਗਤਾ ਵਿੱਚ ਸੁਧਾਰ ਲਈ ਫਸਲੀ ਵਿਭਿੰਨਤਾ, ਘੱਟ ਲਾਗਤ ਵਾਲੇ ਜਲਵਾਯੂ ਅਨੁਕੂਲ ਤੇ ਫਸਲਾਂ ਦੀ ਕਾਸ਼ਤ, ਜਨਤਕ ਵੰਡ ਪ੍ਰਣਾਲੀ ਦੀਆਂ ਖਦਾਨਾਂ ਵਿੱਚ ਵਿਭਿੰਨਤਾ ਆਦਿ ਬਾਰੇ ਜਾਣਕਾਰੀ ਦਿੱਤੀ ਗਈ।ਕਿਸਾਨ ਮੇਲੇ ਵਿੱਚ ਆਏ ਸਾਰੇ ਵਿਦਿਆਰਥੀਆਂ ਨੂੰ ਤੋਹਫ਼ੇ ਵੀ ਵੰਡੇ ਗਏ।



ਪੰਜਾਬ ਭਰ 'ਚ ਡਾਕਟਰਾਂ ਦੀ ਦੂਜੇ ਦਿਨ ਵੀ ਹੜਤਾਲ ਜਾਰੀ ਰਹੀ ਅਤੇ ਫਗਵਾੜਾ ਵਿਖੇ ਹਸਪਤਾਲਾਂ 'ਚ ਕਾਫੀ ਭੀੜ ਦੇਖੀ ਗਈ। ਤਸਵੀਰ 'ਚ ਆਪਣੀ ਵਾਰੀ ਦੀ ਉਡੀਕ ਕਰ ਰਹੇ ਮਰੀਜ਼।

## ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੀ ਮੀਟਿੰਗ

**ਸੰਗਰੂਰ (ਪ੍ਰਵੀਨ ਸਿੰਘ)**-ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਆਗੂਆਂ ਤੇ ਵਰਕਰਾਂ ਨੇ ਮੀਟਿੰਗ ਕਰਕੇ ਮੰਗ ਕੀਤੀ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਆਪਣੇ ਅਹੁਦੇ ਤੋਂ ਤੁਰੰਤ ਅਸਤੀਫ਼ਾ ਦੇਣ ਤੇ ਅਕਾਲ ਤਖ਼ਤ ਸਾਹਿਬ ਵਿਖੇ ਜਾ ਕੇ ਅਪਣੇ ਉੱਪਰ ਉੱਠੇ ਗੰਭੀਰ ਇਲਜ਼ਾਮਾਂ ਬਾਰੇ ਪੱਖ ਪੇਸ਼ ਕਰਨ।ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਮਲਕੀਤ ਸਿੰਘ ਚੰਗਾਲ, ਵਪਾਰ ਮੰਡਲ ਦੇ ਆਗੂ ਜਸਵਿੰਦਰ ਸਿੰਘ ਪ੍ਰਿੰਸ, ਕੇਵਲ ਸਿੰਘ ਜਵਾਨ ਤੇ ਗੁਰਮੀਤ ਸਿੰਘ ਜੌਹਲ ਨੇ ਸਾਂਝੇ ਬਿਆਨ ਰਾਹੀਂ ਕਿਹਾ ਕਿ ਸ੍ਰ. ਭੂੰਦੜ ਉੱਪਰ ਡੇਰਾ ਸਿਰਸਾ ਦੇ ਸਿਆਸੀ ਵਿੰਗ ਦੇ ਆਗੂਆਂ ਨਾਲ ਮੀਟਿੰਗਾਂ ਕਰਨ ਦੇ ਗੰਭੀਰ ਦੋਸ਼ ਲਾਏ ਗਏ ਹਨ ਤੇ ਇਨ੍ਹਾਂ ਦੋਸ਼ਾਂ ਬਾਰੇ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬਾਨ ਕੋਲ ਵੀ ਬਕਾਇਦਾ ਸ਼ਿਕਾਇਤ ਪੁੱਜੀ ਹੈ ਇਸ ਕਰਕੇ ਸ੍ਰ. ਭੂੰਦੜ ਦਾ ਸ਼੍ਰੋਮਣੀ ਅਕਾਲੀ ਦਲ ਦੇ ਕਿਸੇ ਅਹੁਦੇ ਉੱਪਰ ਰਹਿਣ ਦਾ ਨੈਤਿਕ ਹੱਕ ਹੀ ਨਹੀਂ ਰਿਹਾ।ਸ੍ਰ. ਭੂੰਦੜ ਨੂੰ ਪਹਿਲਾਂ ਅਕਾਲ ਤਖ਼ਤ ਸਾਹਿਬ ਵਿਖੇ ਜਾ ਕੇ ਅਪਣੇ ਉੱਪਰ ਲੱਗੇ ਦੋਸ਼ਾਂ ਬਾਰੇ ਦੱਸਿਆ ਜਾਣਾ ਚਾਹੀਦਾ ਹੈ ਇਹ ਵੀ ਦੋਸ਼ ਲੱਗੇ ਹਨ ਕਿ ਸ੍ਰ. ਭੂੰਦੜ ਨੇ ਡੇਰਾ ਸਿਰਸਾ ਦੇ ਸਿਆਸੀ ਵਿੰਗ ਨਾਲ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦਿੱਤੇ ਜਾਣ ਤੋਂ ਕੁੱਝ ਸਮਾਂ ਪਹਿਲਾਂ ਮੀਟਿੰਗ ਕੀਤੀ ਹੈ। ਇਸ ਤਰ੍ਹਾਂ ਸ੍ਰ. ਭੂੰਦੜ ਨੇ ਅਕਾਲ ਤਖ਼ਤ ਦੇ ਹੁਕਮਾਂ ਦੀ ਉਲੰਘਣਾ ਕੀਤੀ ਹੈ।ਇਨ੍ਹਾਂ ਆਗੂਆਂ ਨੇ ਤੁਰੰਤ ਅਸਤੀਫੇ ਦੀ ਮੰਗ ਕੀਤੀ ਹੈ।


**ਉੱਤਰ ਰੇਲਵੇ**

**ਪ੍ਰਮੁੱਖ ਮੁੱਖ ਸਾਮਗਰੀ ਪ੍ਰਬੰਧਕ ਦਫਤਰ**
**ਹੈਡਕੁਆਟਰ, ਬੜੌਦਾ ਹਾਊਸ, ਨਵੀਂ ਦਿੱਲੀ-110001**
**Mail ID: salenr365@gmail.com**

ਨੰਬਰ:-117 ਐਸ/ਸੇਲ/ਆਕਸ਼ਨ ਪ੍ਰੋਗਰਾਮ/2024-25          ਤਾਰੀਕ : 06.09.2024

**ਨੀਲਾਮੀ ਸੂਚਨਾ ਨੰ.-ਨਵੰਬਰ/24**

ਰੱਦ ਲੋਹਾ, ਅਲੋਹ, ਹੋਰ ਵਿਵਿਧ ਸਕ੍ਰੈਪ, ਕੰਡਮ ਲੋਕੋ ਕੋਚੇਜ ਅਤੇ ਵੈਗਨਸ, ਸਕ੍ਰੈਪ ਰੇਲ ਅਤੇ ਹੋਰ ਰੇਲ ਪਥ ਸਮਗਰੀ ਦੇ ਨਿਪਟਾਰੇ ਲਈ ਈ-ਨੀਲਾਮੀ ਕੀਤੀ ਜਾਵੇਗੀ। ਲੈਡ ਅਸਿਡ ਬੈਟਰੀਜ/ਯੂਜਡ ਆਯਲ/ਰਿਯੂਜਡ ਆਯਲ ਕੇਵਲ ਉਨ੍ਹਾਂ ਸੰਭਰਨਕਰਤਾਵਾਂ ਨੂੰ ਵਿਕਰੀ ਕੀਤਾ ਜਾਵੇਗਾ ਜੋ ਕਿ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਤਹਿਤ ਰਜਿਸਟਰਡ ਹੋਣਗੇ.

**ਨਵੰਬਰ' 2024 ਦੀ ਈ-ਨੀਲਾਮੀ**

| ਨੰ. | ਨੀਲਾਮੀ ਕਰਨੇ ਵਾਲਾ ਡਿਪੋ/ਡਵੀਜਨ | | ਨੀਲਾਮੀ ਸਮਾਂ | ਪਹਿਲਾ ਪੜਾਅ | ਦੂਜਾ ਪੜਾਅ | ਤੀਸਰਾ ਪੜਾਅ | ਚੋਥਾ ਪੜਾਅ | ਪੰਜਵਾਂ ਪੜਾਅ | ਛੇਵਾਂ ਪੜਾਅ |
|---|---|---|---|---|---|---|---|---|---|
| 1 | ਆਲਮਬਾਗ/ਲਖਨਊ | 0522–2451257 | 10.00 ਸਵੇਰੇ | 4 | 9 | 14 | 20 | 23 | 30 |
| 2 | ਸ਼ਕੂਰਬਸਤੀ | 011–27015387 | 10.00 ਸਵੇਰੇ | 6 | 9 | 14 | 20 | 23 | 30 |
| 3 | ਜਗਾਧਰੀ | 01732–252388 | 10.00 ਸਵੇਰੇ | 5 | 9 | 16 | 20 | 23 | 30 |
| 4 | ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ਲਖਨਊ | 0522–2234756 | 10.00 ਸਵੇਰੇ | 5 | 11 | 18 | 21 | 25 | 29 |
| 5 | ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ਫਿਰੋਜਪੁਰ | 01632–244154 | 10.00 ਸਵੇਰੇ | 8 | 12 | 19 | 22 | 26 | 29 |
| 6 | ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ਅੰਬਾਲਾ | 0171–2611203 | 10.00 ਸਵੇਰੇ | 6 | 11 | 18 | 21 | 25 | 29 |
| 7 | ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ਮੁਰਾਦਾਬਾਦ | 0591–2413141 | 10.00 ਸਵੇਰੇ | 8 | 13 | 19 | 22 | 26 | 29 |
| 8 | ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ਦਿੱਲੀ | 011–23365311 | 10.00 ਸਵੇਰੇ | 4 | 11 | 18 | 21 | 25 | 29 |

ਨੋਟ: ਨੀਲਾਮੀ ਵਿਚ ਵੇਚੀ ਜਾਣ ਵਾਲੀ ਸਮਗਰੀ ਦਾ ਵੇਰਵਾ www.ireps.gov.in 'ਤੇ ਦਿਤੇ ਕੈਟਲਾਗ 'ਤੇ ਉਪਲਬਧ ਹੋਣਗੇ। 1.ਇਛੁਕ ਖਰੀਦਦਾਰ ਉਪਰੋਕਤ ਵਰਣਿਤ ਸਮਗਰੀ ਨੂੰ ਨੀਲਾਮੀ ਦੇ ਪੂਰਵ ਨਾਮਿਤ ਸਥਾਨ 'ਤੇ ਕੰਮ ਦਿਵਸ ਵਿਚ ਦੇਖ ਸਕਦੇ ਹਨ। 2. ਪੂਰਵ ਨਿਲਾਮੀ ਵਿਚ ਵੇਚੇ ਗਏ ਸਮਗਰੀ ਦਾ ਵੇਰਵਾ www.nr.railnet.gov.in 'ਤੇ ਉਪਲਬਧ ਹੈ। 3. ਈ-ਨੀਲਾਮੀ ਵਿਚ ਭਾਗ ਲੈਣ ਦੇ ਲਈ ਕ੍ਰੇਤਾ ਨੂੰ ireps 'ਤੇ ਰਜਿਸਟਰਡ ਹੋਣਾ ਜਰੂਰੀ ਹੈ। ਨੀਲਾਮੀ ਦੀ ਵਿਸਤ੍ਰਿਤ ਜਾਣਕਾਰੀ, ਰਜਿਸਟਰੇਸ਼ਨ ਅਤੇ ਹੋਰ ਨਿਯਮ ਤੇ ਸ਼ਰਤਾਂ ਦੇ ਲਈ ਕਿਰਪਾ ਰੇਲਵੇ ਵੈਬਸਾਈਟ www.ireps.gov.in ਦੇਖੋ।

(ਨਰੇਂਦਰ ਸਿੰਘ) ਉਪ ਮੁੱਖ ਸਮਗਰੀ ਪ੍ਰਬੰਧਕ/ਐਸ ਅਤੇ ਪੀ
2819/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਪੈਟਰੋਲ ਤੇ ਡੀਜ਼ਲ ਦੀਆਂ ਵਧੀਆਂ ਕੀਮਤਾਂ ਖਿਲਾਫ ਸਰਕਾਰ ਦਾ ਕੀਤਾ ਪਿੱਟ-ਸਿਆਪਾ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐਮਪੀਆਈ) ਵੱਲੋਂ ਡੀਜ਼ਲ-ਪਟਰੋਲ ਦੀਆਂ ਵਧਾਈਆਂ ਕੀਮਤਾਂ ਅਤੇ 7 ਕਿੱਲੋ ਵਾਟ ਦੇ ਖਪਤਕਾਰਾਂ ਦੀ ਕੱਟੀ ਬਿਜਲੀ ਸਬਸਿਡੀ ਅਤੇ ਬੱਸ ਕਰਾਏ ਵਿੱਚ 23 ਪੈਸੇ ਪ੍ਰਤੀ ਕਿਲੋਮੀਟਰ ਦੇ ਲੋਕ ਮਾਰੂ ਫੈਸਲਿਆਂ ਵਿਰੁੱਧ ਸੈਂਕੜੇ ਪਾਰਟੀ ਕਾਰਕੁਨਾਂ ਤੇ ਮਹਿੰਗਾਈ ਤੋਂ ਸਤਾਏ ਲੋਕਾਂ ਨੇ ਪੰਜਾਬ ਸਰਕਾਰ ਦੇ ਪ੍ਰਤੀਕ ਪੁਤਲੇ ਨੂੰ ਚੁੱਕ ਕੇ ਤੇ ਹੱਥਾਂ 'ਚ ਮੰਗਾਂ ਦੀਆਂ ਤਖਤੀਆਂ ਫੜ ਕੇ ਅਜਨਾਲਾ ਦੇ ਮੇਨ ਬਜ਼ਾਰਾਂ 'ਚ ਜ਼ੋਰਦਾਰ ਪ੍ਰਦਰਸ਼ਨ ਕੀਤਾ ਤੇ ਸਰਕਾਰ ਦੇ ਉਕਤ ਫੈਸਲਿਆਂ ਵਿਰੁੱਧ ਜਮ ਕੇ ਨਾਅਰੇਬਾਜ਼ੀ ਕੀਤੀ ਅਤੇ ਸਰਕਾਰ ਦਾ ਪੁਤਲਾ ਫੂਕਿਆ! ਸਕੱਤਰੇਤ ਮੈਂਬਰ ਤੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ, ਪਾਰਟੀ ਦੇ ਸੂਬਾ ਕਮੇਟੀ ਮੈਂਬਰ ਸੀਤਲ ਸਿੰਘ ਤਲਵੰਡੀ, ਪਾਰਟੀ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਦੁਧਰਾਏ, ਪਾਰਟੀ ਆਗੂ ਸੁਰਜੀਤ ਸਿੰਘ ਭੂਰੇਗਿੱਲ, ਬੀਬੀ ਅਜੀਤ ਕੌਰ, ਨੌਜਵਾਨ ਸਭਾ ਦੇ ਪ੍ਰਧਾਨ ਜੱਗਾ ਸਿੰਘ ਡੱਲਾ ਤੇ ਸਮਾਜ ਸੇਵੀ ਲਖਬੀਰ ਸਿੰਘ ਤੇੜਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ ਮਜ਼ਦੂਰ, ਕਿਸਾਨ, ਦੁਕਾਨਦਾਰ ਤੇ ਹੋਰ ਮਿਹਨਤਕਸ਼ ਲੋਕ ਪਹਿਲਾਂ ਹੀ ਮਹਿੰਗਾਈ ਤੋਂ ਸਤਾਏ ਹੋਏ ਹਨ ਉੱਪਰੋਂ ਅਜਿਹਾ ਹੋਰ ਭਾਰ ਪਾਉਣ ਨਾਲ ਉਨ੍ਹਾਂ ਦਾ ਲੱਕ ਟੁੱਟ ਜਾਵੇਗਾ। ਉਕਤ ਆਗੂਆਂ ਨੇ ਜ਼ੋਰਦਾਰ ਮੰਗ ਕੀਤੀ ਕਿ ਡੀਜ਼ਲ, ਪੈਟਰੋਲ, ਬੱਸਾਂ ਦਾ ਕਿਰਾਇਆ ਤੇ ਬਿਜਲੀ ਦੀ ਸਬਸਿਡੀ 'ਚ ਕੀਤੀ ਕਟੌਤੀ ਤੁਰੰਤ ਵਾਪਿਸ ਲਈ ਜਾਵੇ ਨਹੀਂ ਤਾ ਪਾਰਟੀ ਪੀੜਿਤ ਲੋਕਾਂ ਨੂੰ ਨਾਲ ਲੈ ਕੇ ਇਸ ਸੰਘਰਸ ਨੂੰ ਹੋਰ ਤੇਜ਼ ਕਰੇਗੀ। ਇਸ ਉਪਰੰਤ ਵੱਡੀ ਗਿਣਤੀ ਚੇ ਸਰਕਾਰ ਵਿਰੁੱਧ ਨਾਅਰੇ ਮਾਰਦਿਆਂ ਐਸਡੀਐਮ ਦੇ ਦਫਤਰ ਪੁੱਜੇ ਜਿਥੇ ਐਸਡੀਐਮ ਦੀ ਗੈਰ-ਮੌਜੂਦਗੀ 'ਚ ਤਹਿਸੀਲਦਾਰ ਨੇ ਮੰਗ ਪੱਤਰ ਲਿਆ। ਇਸ ਸਮੇਂ ਰੋਹ ਭਰੇ ਪ੍ਰਦਰਸ਼ਨ ਤੇ ਮੁਜ਼ਾਹਰੇ ਵਿੱਚ ਹੋਰਨਾਂ ਤੋਂ ਇਲਾਵਾ ਸਤਵਿੰਦਰ ਸਿੰਘ ਓਠੀਆਂ, ਜਥੇਦਾਰ ਤਸਬੀਰ ਸਿੰਘ ਹਾਸ਼ਮਪੁਰਾ, ਜੰਗ ਬਹਾਦਰ ਸਿੰਘ ਮੱਟੀਆਂ, ਗਾਇਕ ਗੁਰਪਾਲ ਗਿੱਲ ਸੈਦਪੁਰ, ਤਰਸੇਮ ਸਿੰਘ ਕਾਮਲਪੁਰਾ, ਬਲਕਾਰ ਸਿੰਘ ਗੁੱਲਗੜ, ਡਾ.ਬਲਵਿੰਦਰ ਸਿੰਘ ਕੋਟਲਾ ਸੁਰਾਜ ਲੁਹਾਰ, ਕਰਨੈਲ ਸਿੰਘ ਭਿੰਡੀ ਸੈਦਾਂ, ਲਖਬੀਰ ਸਿੰਘ ਤੱਲੇ, ਪ੍ਰੋ. ਮਨਪ੍ਰੀਤ ਸਿੰਘ ਨੇ ਵੀ ਸਰਕਾਰ ਦੀ ਨੁਕਤਾਚੀਨੀ ਕੀਤੀ!

# ਡਾ. ਓਬਰਾਏ ਦੇ ਯਤਨਾਂ ਸਦਕਾ ਦੁਬਈ ਤੋਂ ਨੌਜਵਾਨ ਦਾ ਮ੍ਰਿਤਕ ਸਰੀਰ 40 ਦਿਨਾਂ ਬਾਅਦ ਭਾਰਤ ਪੁੱਜਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਡਾ. ਐੱਸ. ਪੀ. ਸਿੰਘ ਓਬਰਾਏ ਦੇ ਯਤਨਾਂ ਸਦਕ ਸਰਹੱਦੀ ਹਲਕਾ ਅਜਨਾਲਾ ਨਾਲ ਸੰਬੰਧਿਤ ਪਿੰਡ ਮੱਦੂਛਾਂਗਾ ਦੇ 29 ਸਾਲਾ ਬਿਕਰਮਜੀਤ ਸਿੰਘ ਪੁੱਤਰ ਸੁਲੱਖਣ ਸਿੰਘ ਦਾ ਮ੍ਰਿਤਕ ਸਰੀਰ ਦੁਬਈ ਤੋਂ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਵਿਖੇ ਪਹੁੰਚਿਆ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਡਾ. ਓਬਰਾਏ ਨੇ ਦੱਸਿਆਕਿ ਬਿਕਰਮਜੀਤ ਸਿੰਘ ਵੀ ਹੋਰਨਾਂ ਨੌਜਵਾਨਾਂ ਵਾਂਗ ਕੁਝ ਸਮਾਂ ਪਹਿਲਾਂ ਹੀ ਕਰਜ਼ਾ ਚੁੱਕ ਕੇ ਆਪਣੇ ਬਿਹਤਰ ਭਵਿੱਖ ਦੇ ਸੁਪਨੇ ਲੈ ਕੇ ਦੁਬਈ ਆਇਆ ਸੀ ਜਿਸ ਦੀ ਬੀਤੀ 1 ਅਗਸਤ ਨੂੰ ਅਚਾਨਕ ਮੌਤ ਹੋ ਗਈ ਸੀ।ਡਾ. ਓਬਰਾਏ ਨੇ ਦੱਸਿਆ ਕਿ ਇਸ ਮੰਦਭਾਗੀ ਘਟਨਾ ਸਬੰਧੀ ਉਨਾਂ ਨੂੰ ਟਰੱਸਟ ਦੀ ਅੰਮ੍ਰਿਤਸਰ ਟੀਮ ਰਾਹੀਂ ਜਾਣਕਾਰੀ ਮਿਲੀ ਸੀ।

ਉਨ੍ਹਾਂ ਦੱਸਿਆ ਕਿ ਜਦ ਉਨ੍ਹਾਂ ਨੇ ਇਸ ਕੇਸ ਦੀ ਪੈਰਵਾਈ ਕੀਤੀ ਤਾਂ ਉਨ੍ਹਾਂ ਨੂੰ ਪਤਾ ਲੱਗਾ ਕਿ ਬਿਕਰਮਜੀਤ ਦੇ ਕੰਮ ਵਾਲੀ ਕੰਪਨੀ ਉਸਦੀ ਮ੍ਰਿਤਕ ਦੇਹ ਭਾਰਤ ਭੇਜਣ ਤੋਂ ਇਨਕਾਰੀ ਹੋ ਗਈ ਹੈ, ਜਿਸ ਤੇ ਉਨਾਂ ਭਾਰਤੀ ਦੂਤਾਵਾਸ ਦੀ ਮਦਦ ਨਾਲ ਸਾਰੇ ਲੋੜੀਂਦੇ ਕਾਗਜ਼ਾਤ ਮੁਕੰਮਲ ਕਰਵਾ ਕੇ ਉਸੇ ਹੀ ਕੰਪਨੀ ਦੇ ਖਰਚ 'ਤੇ ਬਿਕਰਮਜੀਤ ਦੀ ਮ੍ਰਿਤਕ ਦੇਹ ਨੂੰ ਭਾਰਤ ਉਸਦੇ ਵਾਰਸਾਂ ਤੱਕ ਪਹੁੰਚਾਇਆ ਹੈ।ਬਿਕਰਮਜੀਤ ਸਿੰਘ ਦਾ ਮ੍ਰਿਤਕ ਸਰੀਰ ਲੈਣ ਪਹੁੰਚੇ ਉਸਦੇ ਭਰਾ ਜਗਰੂਪ ਸਿੰਘ, ਦਲਬੀਰ ਸਿੰਘ, ਸਰਬਜੋਤ ਸਿੰਘ, ਸ਼ਰਨਜੀਤ ਸਿੰਘ, ਧਰਮਿੰਦਰ ਸਿੰਘ, ਰਣਜੀਤ ਸਿੰਘ, ਸੁਖਜਿੰਦਰ ਸਿੰਘ ਆਦਿ ਨੇ ਭਾਵੁਕ ਹੁੰਦਿਆਂ ਦੱਸਿਆ ਕਿ ਬਿਕਰਮਜੀਤ ਸਿੰਘ ਦੇ ਪਿਤਾ ਦੀ ਵੀ ਮੌਤ ਹੋ ਚੁੱਕੀ ਹੈ ਤੇ ਉਸ ਦੀ ਬਜ਼ੁਰਗ ਮਾਂ ਦਾ ਰੋ-ਰੋ ਕੇ ਬਹੁਤ ਬੁਰਾ ਹਾਲ ਹੈ। ਜ਼ਿਕਰਯੋਗ ਹੈ ਕਿ ਡਾ.ਓਬਰਾਏ ਦੇ ਯਤਨਾਂ ਸਦਕਾ ਹੁਣ ਤੱਕ 371 ਦੇ ਕਰੀਬ ਬਦਨਸੀਬ ਲੋਕਾਂ ਦੇ ਮ੍ਰਿਤਕ ਸਰੀਰ ਉਨ੍ਹਾਂ ਦੇ ਵਾਰਸਾਂ ਤੱਕ ਪਹੁੰਚਾਏ ਜਾ ਚੁੱਕੇ ਹਨ।

# ਰਮਦਾਸ ਨੂੰ ਆਉਂਦੇ ਚਾਰ ਰਸਤਿਆਂ 'ਤੇ ਬਣਨ ਵਾਲੇ ਗੇਟਾਂ ਲਈ ਪੌਣੇ ਤਿੰਨ ਕਰੋੜ ਰੁਪਏ ਜਾਰੀ

**ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)**— ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਸਮੁੱਚੀ ਸੰਗਤ ਨਾਲ ਖੁਸ਼ੀ ਸਾਂਝੀ ਕਰਦੇ ਹੋਏ ਦੱਸਿਆ ਕਿ ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਇਸ ਧਰਤੀ ਨੂੰ ਆਉਂਦੇ ਚਾਰ ਮੁੱਖ ਰਸਤਿਆਂ ਉੱਤੇ ਧਾਰਮਿਕ ਦਿਖ ਵਾਲੇ ਸੁੰਦਰ ਗੇਟ ਬਣਾਉਣ ਦਾ ਜੋ ਸੁਪਨਾ ਲਿਆ ਸੀ , ਉਸ ਨੂੰ ਪੂਰਾ ਕਰਨ ਲਈ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਨੇ ਲਗਭਗ ਪੌਣੇ ਤਿੰਨ ਕਰੋੜ ਰੁਪਏ ਦੀ ਰਾਸ਼ੀ ਜਾਰੀ ਕਰ ਦਿੱਤੀ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦੇ ਉਨਾਂ ਨੇ ਦੱਸਿਆ ਕਿ ਬਾਬਾ ਬੁੱਢਾ ਸਾਹਿਬ ਜੀ ਦੀ ਇਸ ਨਗਰੀ ਦਾ ਵਿਕਾਸ ਕਰਨਾ ਮੇਰਾ ਮੁੱਖ ਟੀਚਾ ਹੈ ਅਤੇ ਮੈਂ ਲਗਾਤਾਰ ਇਸ ਲਈ ਕੰਮ ਕਰ ਰਿਹਾ ਹਾਂ, ਜਿਸ ਸਦਕਾ ਰਮਦਾਸ ਨੂੰ ਆਉਂਦੀ ਮੁੱਖ ਸੜਕ ਤੇ ਬਾਬਾ ਬੁੱਢਾ ਸਾਹਿਬ ਦੇ ਗੁਰਦੁਆਰੇ ਤੱਕ ਜਾਂਦੀ ਸੜਕ ਬਣ ਚੁੱਕੀ ਹੈ ਅਤੇ ਹੁਣ ਇਸ ਇਸ ਸ਼ਹਿਰ ਨੂੰ ਆਉਂਦੇ ਚਾਰ ਮੁੱਖ ਰਸਤਿਆਂ ਉੱਤੇ ਵੱਡੇ ਦਰਵਾਜ਼ੇ ਬਣਾਏ ਜਾਣਗੇ।ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਰਮਦਾਸ ਤੋਂ ਪਿੰਡਾਂ ਨੂੰ ਜਾਂਦੀਆਂ ਲਿੰਕ ਸੜਕਾਂ ਵੀ ਛੇਤੀ ਬਣਨਗੀਆਂ।ਉਨ੍ਹਾਂ ਦੱਸਿਆ ਕਿ ਥੋੜਾ ਦਿਨ ਪਹਿਲਾਂ ਹੀ ਮੈਂ ਇਹ ਫਾਈਲ ਮੁੱਖ ਮੰਤਰੀ ਪੰਜਾਬ ਨੂੰ ਭੇਜੀ ਸੀ ਜਿਨ੍ਹਾਂ ਨੇ ਬਿਨਾਂ ਦੇਰੀ ਕੀਤੇ ਇਸ ਪਵਿੱਤਰ ਕੰਮ ਲਈ 27283785 ਰੁਪਏ ਜਾਰੀ ਕਰ ਦਿੱਤੇ ਹਨ। ਉਨ੍ਹਾਂ ਦੱਸਿਆ ਕਿ ਹੁਣ ਇਨ੍ਹਾਂ ਗੇਟਾਂ ਦਾ ਟੈਂਡਰ ਲਗਾ ਕੇ ਆਉਣ ਵਾਲੇ ਇੱਕ ਮਹੀਨੇ ਦੇ ਅੰਦਰ ਅੰਦਰ ਇਹ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਮੇਰੀ ਕੋਸ਼ਿਸ਼ ਹੋਵੇਗੀ ਕਿ ਮੁੱਖ ਮੰਤਰੀ ਮਾਨ ਇਨ੍ਹਾਂ ਗੇਟਾਂ ਦਾ ਨੀਹ ਪੱਥਰ ਰੱਖਣ ਲਈ ਮੌਕੇ ਉਤੇ ਜ਼ਰੂਰ ਆਉਣ। ਉਨ੍ਹਾਂ ਸਮੁੱਚੀਆਂ ਨਾਮ ਲੇਵਾ ਸੰਗਤਾਂ ਵੱਲੋਂ ਮੁੱਖ ਮੰਤਰੀ ਪੰਜਾਬ ਦਾ ਇਸ ਵਡਮੁੱਲੇ ਤੋਹਫੇ ਲਈ ਧੰਨਵਾਦ ਕੀਤਾ।

# ਪੰਜਾਬ ਸਰਕਾਰ ਦੀ ਡੋਰ ਸਟੈਪ ਸੇਵਾ ਘਰ-ਘਰ 43 ਸਰਕਾਰੀ ਸੇਵਾਵਾਂ ਪ੍ਰਦਾਨ ਕਰੇਗੀ

**ਗੁਰਦਾਸਪੁਰ, (ਜਨਕ ਮਹਾਜਨ)**-ਉਮਾ ਸ਼ੰਕਰ ਗੁਪਤਾ ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 1076 ਹੈਲਪਲਾਈਨ ਸੇਵਾ ਰਾਹੀਂ ਹੁਣ 43 ਤਰ੍ਹਾਂ ਦੀਆਂ ਸਰਕਾਰੀ ਸੇਵਾਵਾਂ ਲੋਕਾਂ ਨੂੰ ਘਰ-ਘਰ ਪਹੁੰਚਾਈਆਂ ਜਾ ਰਹੀਆਂ ਹਨ। ਡੀਸੀ ਨੇ ਦੱਸਿਆ ਕਿ ਇਸ ਸੇਵਾ ਨਾਲ ਲੋਕਾਂ ਨੂੰ ਦਫ਼ਤਰਾਂ ਵਿੱਚ ਆਉਣ-ਜਾਣ ਤੋਂ ਰਾਹਤ ਮਿਲੇਗੀ ਅਤੇ ਉਹ ਆਪਣੀ ਸਹੂਲਤ ਅਨੁਸਾਰ ਸੇਵਾ ਸਹਾਇਕ ਨਾਗਰਿਕ ਦੇ ਘਰ ਜਾ ਕੇ ਬਿਨੈ-ਪੱਤਰ, ਫੋਟੋ ਅਤੇ ਹੋਰ ਦਸਤਾਵੇਜ਼ ਇਕੱਠੇ ਕਰਦਾ ਹੈ ਅਤੇ ਕੰਮ ਪੂਰਾ ਹੋਣ 'ਤੇ ਸਬੰਧਤ ਸਰਟੀਫਿਕੇਟ ਵੀ ਘਰ ਪਹੁੰਚਾਉਂਦਾ ਹੈ। ਇਸ ਤਹਿਤ ਜ਼ਿਲੇ ਵਿੱਚ ਵੱਖ-ਵੱਖ ਸਰਕਾਰੀ ਸੇਵਾਵਾਂ ਲਈ ਸੇਵਾ ਸਹਾਇਕ ਨਿਯੁਕਤ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਸੇਵਾ ਤਹਿਤ ਕੁੱਲ 43 ਸੇਵਾਵਾਂ ਜਿਵੇਂ ਕਿ ਬੁਢਾਪਾ, ਵਿਧਵਾ, ਅੰਗਹੀਣ ਅਤੇ ਆਸ਼ਰਿਤ ਪੈਨਸ਼ਨ, ਆਮਦਨ ਦਾ ਸਬੂਤ ਸਰਟੀਫਿਕੇਟ, ਜਮਾਂਬੰਦੀ ਦੀ ਕਾਪੀ, ਜਨਮ ਸਰਟੀਫਿਕੇਟ ਸਰਟੀਫਿਕੇਟ, ਮੌਤ ਪ੍ਰਮਾਣ ਪੱਤਰ, ਅਨੁਸੂਚਿਤ ਜਾਤੀ/ਬੀਸੀ ਸਰਟੀਫਿਕੇਟ ਸਰਟੀਫਿਕੇਟ ਆਦਿ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਆਮ ਸੇਵਾ ਕੇਂਦਰ ਦੀ ਫੀਸ ਤੋਂ ਇਲਾਵਾ 120 ਰੁਪਏ ਪ੍ਰਤੀ ਸੇਵਾ ਵਿਜ਼ਿਟ ਫੀਸ ਵੀ ਰੱਖੀ ਗਈ ਹੈ। ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਦੀ ਇਸ ਘਰ-ਘਰ ਸੇਵਾ ਦਾ ਲਾਭ ਉਠਾਉਣ ਅਤੇ 1076 'ਤੇ ਕਾਲ ਕਰਕੇ ਘਰ ਬੈਠੇ ਹੀ ਲੋੜੀਂਦੀਆਂ ਸੇਵਾਵਾਂ ਪ੍ਰਾਪਤ ਕਰਨ।

## ਐਗਜ਼ੋਨੋਬਲ ਇੰਡੀਆ ਵੱਲੋਂ 'ਡਿਊਲਕਸ ਵੈੱਲਵੇਟ ਟੱਚ ਐਟਰਨਾ' ਲਾਂਚ

**ਲੁਧਿਆਣਾ**:ਭਾਰਤ ਦੇ ਡੈਕੋਰੇਟਿਵ ਪੇਂਟ ਉਦਯੋਗ ਵਿੱਚ ਇੰਟੀਰੀਅਲ ਇਮਲਜ਼ਨ ਦੀ ਡਿਊਲਕਸ ਵੈੱਲਵੇਟ ਟੱਚ ਰੇਂਜ ਦੇ ਨਾਲ ਚਾਰ ਦਹਾਕਿਆਂ ਤੱਕ ਗਾਹਕਾਂ ਦਾ ਲਗਜ਼ਰੀ ਅਨੁਭਵ ਪ੍ਰਦਾਨ ਕਰਨ ਤੋਂ ਬਾਅਦ ਹੁਣ ਐਗਜ਼ੋਨੋਬਲ ਇੰਡੀਆ ਲਿਮਿਟਡ ਦੇਸ਼ ਵਿੱਚ ਆਪਣੇ ਪਹਿਲੇ ਉਬਰ ਲਗਜ਼ਰੀ ਇੰਟੀਰੀਅਰ ਇਮਲਜ਼ਨ ਡਿਊਲਕਸ ਵੈਲਵੇਟ ਟੱਚ ਐਟਰਨਾ ਦੇ ਨਾਲ ਲਗਜ਼ਰੀ ਨੂੰ ਨਵੀਂ ਪਰਿਭਾਸ਼ਾ ਦੇਣ ਲਈ ਤਿਆਰ ਹੈ।ਡਿਊਲਕਸ ਵੈਲਵੇਟ ਟੱਚ ਐਟਰਨਾ ਡਿਊਲਕਸ ਵੈਲਵੇਟ ਟੱਚ ਦੀ ਇਨੋਵੇਸ਼ਨ ਅਤੇ ਸ਼ਾਨਦਾਰ ਗੁਣਵੱਤਾ ਦੀ ਵਿਰਾਸਤ ਨੂੰ ਅਗਲੇ ਪੱਧਰ ਤੱਕ ਲੈ ਜਾਵੇਗਾ। ਪਹਿਲੀ ਬਾਰ ਭਾਰਤੀ ਇੰਟੀਰੀਅਲ ਇਮਲਜ਼ਨ ਦੇ ਲਈ ਪੇਸ਼ ਕੀਤਾ ਗਿਆ ਆਧੁਨਿਕ ਪੀਯੂ ਨਾਲ ਅਧਾਰਤ ਐਕਰੀਲਿਕ ਪੇਂਟ ਨੂੰ ਜ਼ਿਆਦਾ ਟਿਕਾਊ ਅਤੇ ਧੂੜ-ਪ੍ਰੂਫ ਬਣਾਉਂਦਾ ਹੈ ।ਰੋਹਿਤ ਟੋਟਲਾ ਐਗਜ਼ੈਕਟਿਵ ਡਾਇਰੈਕਟਰ-ਡੇਕੋਰੇਟਿਵ ਪੇਂਟਜ਼ ਐਗਜ਼ੋਨੋਬਲ ਇੰਡੀਆ ਨੇ ਕਿਹਾ ਕਿ ਭਾਰਤ ਦੇ ਸਭ ਤੋਂ ਭਰੋਸੇਮੰਦ ਬ੍ਰਾਂਡਜ਼ ਵਿੱਚੋਂ ਇੱਕ ਹੈ।

## ਸਮਾਜ ਸੇਵੀਆਂ ਨੂੰ ਸਨਮਾਨਤ ਕਰਨ ਲਈ ਮਾਰਕਸ -2024 ਦਾ ਆਯੋਜਨ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਵੱਖ-ਵੱਖ ਕਲੱਬਾਂ ਵੱਲੋਂ ਸਾਲ 2023-24 ਦੌਰਾਨ ਕੀਤੇ ਗਏ ਸਮਾਜ ਸੇਵਾ ਦੇ ਕੰਮਾਂ ਨੂੰ ਨੇਪਰੇ ਚਾੜ ਨ ਵਾਲਿਆਂ ਨੂੰ ਸਨਮਾਨਤ ਕਰਨ ਲਈ ਮਾਰਕਸ-2024 ਦਾ ਆਯੋਜਨ ਸਾਬਕਾ ਜ਼ਿਲ੍ਹਾ ਗਵਰਨਰ ਲਾਇਨ ਐੱਸ. ਪੀ. ਸੌਂਧੀ ਜਲੰਧਰ ਦੀ ਪ੍ਰਧਾਨਗੀ ਹੇਠ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਲਾਇਨਜ਼ ਕਲੱਬ ਅੰਮ੍ਰਿਤਸਰ ਸਿਵਲ ਲਾਈਨ ਦੇ ਪ੍ਰਧਾਨ ਲਾਇਨ ਤੇਜਪਾਲ ਸਿੰਘ ਸੰਧੂ, ਸਕੱਤਰ ਲਾਇਨ ਰਾਜੇਸ਼ ਸੇਠੀ, ਲਾਇਨ ਮਨਦੀਪ ਸਿੰਘ, ਲਾਇਨ ਐਡਵੋਕੇਟ ਬਲਦੇਵ ਸਿੰਘ ਢਿੱਲੋਂ ਅਤੇ ਲਾਇਨ ਮਨਪ੍ਰੀਤ ਸਿੰਘ ਨੂੰ ਸਨਮਾਨਿਤ ਕੀਤਾ ਗਿਆ ਅਤੇ ਲਾਇਨ ਡਾ: ਕਰਨਪਾਲ ਸਿੰਘ ਸੰਧੂ ਨੂੰ 1300 ਤੋਂ ਵੱਧ ਵਿਦਿਆਰਥੀਆਂ ਨੂੰ ਯੁਕਰੇਨ ਵਿੱਚ ਜੰਗੀ ਮਾਹੌਲ ਵਿੱਚੋਂ ਭਾਰਤ ਵਾਪਸ ਲਿਆਉਣ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਲਈ ਵਿਸ਼ੇਸ਼ ਦਿੱਤਾ ਗਿਆ।ਇਸ ਮੌਕੇ ਜਲੰਧਰ ਜ਼ਿਲੇ ਦੇ ਸਾਬਕਾ ਜ਼ਿਲ੍ਹਾ ਗਵਰਨਰਾਂ ਨੇ ਅੰਮ੍ਰਿਤਸਰ ਸਿਵਲ ਲਾਈਨ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ।ਇਸ ਮੌਕੇ ਸਾਬਕਾ ਜ਼ਿਲ੍ਹਾ ਗਵਰਨਰ ਲਾਇਨ ਪਰਮਜੀਤ ਸਿੰਘ ਚਾਵਲਾ, ਲਾਇਨ ਹਰਦੀਪ ਸਿੰਘ ਖੜਕਾ, ਲਾਇਨ ਸੁਰਿੰਦਰ ਮਹਾਜਨ, ਲਾਇਨ ਸ਼ਿਵ ਸੇਖੜੀ, ਲਾਇਨ ਹਰੀਸ਼ ਬੰਗਾ, ਲਾਇਨ ਸੁਰਿੰਦਰ ਮਹਾਜਨ, ਲਾਇਨ ਏ. ਐੱਸ ਮਦਾਨ, ਲਾਇਨ ਕੁਲਦੀਪ ਸਿੰਘ ਆਦਿ ਹਾਜ਼ਰ ਸਨ।

## ਮਾਊਂਟੇਨ ਡਿਊ ਵੱਲੋਂ ਕੇਬੀਸੀ ਦੇ ਸਹਿਯੋਗ ਨਾਲ ਨਿਵੇਕਲੀ ਪਹਿਲਕਦਮੀ ਦਾ ਐਲਾਨ

**ਲੁਧਿਆਣਾ** : ਮਾਊਂਟੇਨ ਡਿਊ ਨੇ ਦੇਸ਼ ਦੇ ਪ੍ਰਸਿੱਧ ਗੇਮ ਸ਼ੋਅ ਕੌਨ ਬਣੇਗਾ ਕਰੋੜਪਤੀ (ਕੇਬੀਸੀ) ਦੇ ਸਹਿਯੋਗ ਨਾਲ ਇੱਕ ਦਿਲਚਸਪ ਪਹਿਲਕਦਮੀ ਦਾ ਐਲਾਨ ਕੀਤਾ ਹੈ, ਜੋ ਕਿ ਸ਼ੋਅ ਦੇ 16ਵੇਂ ਸੀਜ਼ਨ ਵਿੱਚ ਵਾਈਲਡ ਕਾਰਡ ਐਂਟਰੀ ਦਿਵਾ ਸਕਦੀ ਹੈ।ਇਸ ਅਨੋਖੇ ਮੌਕੇ ਦੇ ਨਾਲ ਮਾਊਂਟੇਨ ਡਿਊ ਦੇ ਗਾਹਕ ਇਸ ਸ਼ੋਅ ਦੇ ਹੋਸਟ ਅਮਿਤਾਭ ਬੱਚਨ ਦੇ ਸਾਹਮਣੇ ਹੌਟ ਸੀਟ 'ਤੇ ਬੈਠ ਕੇ ਪ੍ਰਸਿੱਧ ਗੇਮ ਸ਼ੋਅ ਵਿੱਚ ਹਿੱਸਾ ਲੈ ਸਕਦੇ ਹਨ।ਇਸ ਥੀਮ ਬ੍ਰਾਂਡ ਦੇ ਨਾਲ-ਨਾਲ ਹੀ ਕੇਬੀਸੀ ਦੀ ਵੀ ਹੈ ਤਾਂ ਇਸ ਵਾਰ ਮਾਊਂਟੇਨ ਡਿਊ ਐਕਸ ਕੇਬੀਸੀ ਮੁਹਿੰਮ ਦਾ ਥੀਮ ਹੈ 'ਇਹ ਖੇਡ 'ਗਿਆਨ' ਦੀ ਹੈ, ਪਰ ਜਿੱਤਿਆ 'ਹਿੰਮਤ' ਨਾਲ ਜਾਂਦਾ ਹੈ! ਇਸ ਸਾਂਝੇਦਾਰੀ ਬਾਰੇ ਅਕਾਂਕਸ਼ਾ ਦਲਾਲ ਕੈਟਾਗਰੀ ਹੈੱਡ, ਮਾਊਂਟੇਨ ਡਿਊ, ਪੈਪਸੀਕੋ ਇੰਡੀਆ ਨੇ ਕਿਹਾ ਕਿ ਮਾਊਂਟੇਨ ਡਿਊ ਹਮੇਸ਼ਾ ਡਰ ਨੂੰ ਸਹਿਜ ਰੂਪ ਵਿੱਚ ਲੈਣ, ਹਿੰਮਤ ਦਾ ਜਸ਼ਨ ਮਨਾਉਣ ਅਤੇ ਜ਼ਿੰਦਗੀ ਵਿੱਚ ਵੱਖ-ਵੱਖ ਹਾਲਾਤ ਵਿੱਚ ਸਾਹਮਣੇ ਹਾਜ਼ਰ ਹੋਣ ਵਾਲੀ 'ਹੌਟ ਸੀਟ' 'ਤੇ ਜਿੱਤ ਨੂੰ ਉਤਸਵ ਦੀ ਤਰ੍ਹਾਂ ਲੈਣ ਲਈ ਪ੍ਰੇਰਿਤ ਕਰਦਾ ਰਿਹਾ ਹੈ।

## ਬੇਰੁਜ਼ਗਾਰ ਨੌਜਵਾਨਾਂ ਲਈ ਦੋ ਹਫਤੇ ਦਾ ਡੇਅਰੀ ਸਿਖਲਾਈ ਕੋਰਸ 16 ਤੋਂ

**ਗੁਰਦਾਸਪੁਰ, (ਜਨਕ ਮਹਾਜਨ)**-ਜ਼ਿਲਾ ਗੁਰਦਾਸਪੁਰ ਨਾਲ ਸਬੰਧਿਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਜਿਲਾ ਪ੍ਰਬੰਧਕੀ ਕੰਪਲੈਕਸ ਬਲਾਕ ਬੀ ਚੌਥੀ ਮੰਜ਼ਿਲ ਕਮਰਾ ਨੰ:508 ਵਿਖੇ 13 ਸਤੰਬਰ ਤੱਕ ਅਰਜ਼ੀਆਂ ਦੇ ਸਕਦੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਨਾਉਣ ਲਈ 2 ਹਫਤੇ ਦੀ ਡੇਅਰੀ ਸਿਖਲਾਈ 16 ਸਤੰਬਰ ਤੋਂ ਗੁਰਦਾਸਪੁਰ ਵਿਖੇ ਸਪੈਸ਼ਲ ਬੈਚ ਲਗਾਇਆ ਜਾਣਾ ਹੈ। ਇਸ ਸਿਖਲਾਈ ਕੋਰਸ ਵਿੱਚ ਜਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ ਜੋ ਘੱਟੋ-ਘੱਟ 5ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ। ਸਿਖਲਾਈ ਉਪਰੰਤ ਵਿਭਾਗ ਵੱਲੋਂ ਸਬੰਧਤ ਡੇਅਰੀ ਫਾਰਮਰਾਂ ਨੂੰ ਵੱਖ-ਵੱਖ ਬੈਂਕਾਂ ਤੋਂ ਡੇਅਰੀ ਕਰਜ਼ੇ ਦੀ ਸੁਵਿਧਾ ਰਾਹੀਂ 2 ਤੋਂ 20 ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਤ ਕਰਵਾ ਕੇ 25 ਪ੍ਰਤੀਸ਼ਤ ਜਨਰਲ ਅਤੇ 33 ਪ੍ਰਤੀਸ਼ਤ ਅ.ਜਾਤੀ ਲਈ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਗਾਵਾਂ ਦੇ ਸ਼ੈੱਡ 'ਤੇ ਵੱਧ ਤੋਂ ਵੱਧ 1.50 ਲੱਖ ਅਤੇ ਮੱਝਾਂ ਦੇ ਸ਼ੈਡ ਤੇ 1 ਲੱਖ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਚਾਹਵਾਨ ਲੜਕੇ-ਲੜਕੀਆਂ ਇਸ ਸਬੰਧੀ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨਾਲ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ਼ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ।

## ਗੋਦਾਮ ਤੋਂ ਉਡਦੀ ਸੁਸਰੀ ਤੋਂ ਪ੍ਰੇਸ਼ਾਨ ਸ਼ਹਿਰ ਵਾਸੀਆਂ ਵੱਲੋਂ ਐੱਸ ਡੀ ਐੱਮ ਨੂੰ ਮੰਗ ਪੱਤਰ



**ਬਲਾਚੌਰ (ਜਸਵਿੰਦਰ ਬੈਂਸ)**-ਪਿਛਲੇ ਲੰਮੇ ਸਮੇਂ ਤੋਂ ਬਲਾਚੌਰ ਦੇ ਐਫ ਸੀ ਆਈ ਦੇ ਗੋਦਾਮਾਂ ਪਾਸ ਆਪਣੀ ਰਿਹਾਇਸ਼ ਰੱਖਣ ਵਾਲੇ ਲੋਕ ਉੱਡਦੀ ਸੁਸਰੀ ਤੋਂ ਡਾਢੇ ਪ੍ਰੇਸ਼ਾਨ ਹਨ ਜਿਨ੍ਹਾਂ ਵਲੋਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਨਾਲ ਵਾਰ ਵਾਰ ਸੰਪਰਕ ਕਰਕੇ ਇਸ ਤੋਂ ਨਿਜਾਤ ਦਿਵਾਏ ਜਾਣ ਦੀਆਂ ਕੀਤੀਆਂ ਅਪੀਲਾਂ ਉਪਰ ਵੀ ਜਦ ਕੋਈ ਅਸਰ ਨਾ ਹੋਇਆ ਤਾਂ ਅੱਜ ਉਨ੍ਹਾਂ ਵਲੋਂ ਐਸ ਡੀ ਐਮ ਬਲਾਚੌਰ ਨੂੰ ਇਸ ਤੋਂ ਨਿਜਾਤ ਦਿਵਾਏ ਜਾਣ ਦੀ ਗੁਹਾਰ ਲਾਈ। ।ਸਮਾਜ ਸੇਵੀ ਅਤੇ ਕਾਂਗਰਸ ਦੇ ਬਲਾਕ ਪ੍ਰਧਾਨ ਰਜਿੰਦਰ ਛਿੰਦੀ ਨੇ ਦੱਸਿਆ ਕਿ ਐਫ ਸੀ ਆਈ ਦੇ ਗੋਦਾਮ ਦਾਣਾ ਮੰਡੀ ਅਤੇ ਡਾਕਘਰ ਦੇ ਵਿਚਕਾਰ ਹਨ। ਐਫ ਸੀ ਆਈ ਦੇ ਅਧਿਕਾਰੀਆਂ ਵਲੋਂ ਕਣਕ ਅਤੇ ਚਾਵਲ ਦੇ ਰੱਖ ਰਖਾਵ ਵਿੱਚ ਅਣਗਹਿਲੀ ਵਰਤੀ ਜਾ ਰਹੀ ਹੈ ਜਿਸ ਕਾਰਨ ਵੱਡੀ ਪੱਧਰ ਉਪਰ ਸੁਸਰੀ ਦੀ ਪੈਦਾਵਾਰ ਹੋ ਰਹੀ ਹੈ ਅਤੇ ਇਹ ਸੁਸਰੀ ਗੋਦਾਮਾਂ ਵਿੱਚੋਂ ਉੱਡਦੀ ਹੋਈ ਨਾਲ ਲੱਗਦੇ ਮੁਹੱਲਾ ਨਿਵਾਸੀਆਂ ਅਤੇ ਦੂਰ ਦੂਰ ਤੱਕ ਰਹਿਣ ਵਾਲੇ ਸ਼ਹਿਰ ਨਿਵਾਸੀਆਂ ਦੇ ਘਰਾਂ, ਦੁਕਾਨਾਂ ਤੱਕ ਆ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਸੁਸਰੀ ਕਾਰਨ ਲੋਕਾਂ ਨੂੰ ਕਾਫੀ ਪ੍ਰੇਸ਼ਾਨੀਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ ।ਉਨ੍ਹਾਂ ਦੱਸਿਆ ਕਿ ਅਨੇਕਾਂ ਵਾਰ ਸਬੰਧਤ ਅਧਿਕਾਰੀਆਂ ਨੂੰ ਇਸ ਦੇ ਹੱਲ ਲਈ ਕਿਸੇ ਦਵਾ ਦੇ ਛਿੜਕਾਓ ਲਈ ਅਪੀਲ ਕੀਤੀ ਪਰ ਇਸ ਦਾ ਕਿਸੇ ਵੀ ਅਧਿਕਾਰੀ ਵਲੋਂ ਹੱਲ ਨਹੀ ਕੀਤਾ ਗਿਆ। ਉਨ੍ਹਾਂ ਆਪਣੇ ਪੱਤਰ ਵਿੱਚ ਸੁਸਰੀ ਦੀ ਸਮੱਸਿਆ ਤੋਂ ਨਿਜਾਤ ਦਵਾਏ ਜਾਣ ਅਤੇ ਇਲਾਕੇ ਅੰਦਰ ਫੌਗਿੰਗ ਕਰਾਏ ਜਾਣ ਦੀ ਅਪੀਲ ਕੀਤੀ। ਇਸ ਮੌਕੇ ਕੌਂਸਲਰ ਪਰਮਿੰਦਰ ਮੇਨਕਾ, ਲਾਲ ਬਹਾਦੁਰ ਗਾਂਧੀ, ਪਰਵਿੰਦਰ ਪੰਮਾ, ਸਮਾਜ ਸੇਵੀ ਸੋਮ ਨਾਥ ਤੱਕਲਾ, ਦਿਨੇਸ਼ ਕੁਮਾਰ ਵੀ ਮੌਜੂਦ ਸਨ।

## ਸੁਰਸਿੰਘ ਵਿਖੇ ਬਹਾਦਰ ਬਾਬਾ ਬਿਧੀ ਚੰਦ ਜੀ ਦੇ ਸੱਚਖੰਡ ਪਿਆਨਾ ਕਰਨ ਸੰਬੰਧੀ ਜੋੜ ਮੇਲਾ ਆਰੰਭ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਇਤਿਹਾਸਕ ਨਗਰ ਸੁਰਸਿੰਘ ਵਿਖੇ ਬ੍ਰਹਮਗਿਆਨੀ ਬਹਾਦਰ ਬਾਬਾ ਬਿਧੀ ਚੰਦ ਸਾਹਿਬ ਦਾ ਸੱਚਖੰਡ ਪਿਆਨਾ ਕਰਨ ਦਾ ਸਲਾਨਾ ਜੋੜ ਮੇਲਾ ਹਰ ਸਾਲ ਦੀ ਤਰਾਂ ਇਸ ਵਾਰ ਵੀ ਨਗਰ ਇਲਾਕੇ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਦਲ ਬਹਾਦਰ ਬਾਬਾ ਬਿਧੀ ਚੰਦ ਸਾਹਿਬ ਜੀ ਦੇ ਬਾਰਵੇਂ ਮੌਜੂਦਾ ਮੁਖੀ ਜਥੇਦਾਰ ਸੰਤ ਬਾਬਾ ਅਵਤਾਰ ਸਿੰਘ ਜੀ ਬਿਧੀਚੰਦੀਏ ਸੁਰਸਿੰਘ ਵਾਲਿਆਂ ਦੀ ਰਹਿਨੁਮਾਈ ਹੇਠ 9 ਸਤੰਬਰ ਦਿਨ ਸੋਮਵਾਰ ਨੂੰ ਗੁਰਦੁਆਰਾ ਸਮਾਧਾਂ ਬਾਬਾ ਬਿਧੀ ਚੰਦ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ। 12 ਵਜੇ ਪਾਲਕੀ ਸਾਹਿਬ ਨਗਰ ਕੀਰਤਨ ਸਜਾਇਆ ਗਿਆ।10 ਸਤੰਬਰ ਦਿਨ ਮੰਗਲਵਾਰ ਨੂੰ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਦਸਮ ਗੁਰਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਏ, 11 ਸਤੰਬਰ ਦਿਨ ਬੁੱਧਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ। ਕਥਾ, ਕੀਰਤਨ ਹੋਏਗਾ।ਉਪ੍ਰੰਤ ਢਾਡੀ ਦਰਬਾਰ ਸੱਜੇਗਾ,12 ਸਤੰਬਰ ਦਿਨ ਵੀਰਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ, ਕਥਾ ਕੀਤਰਨ ਹੋਏਗਾ। ਉਪ੍ਰੰਤ ਢਾਡੀ ਦਰਬਾਰ ਹੋਵੇਗਾ ਜਿਸ ਵਿੱਚ ਸਿੱਖ ਕੌਮ ਦੇ ਮਹਾਨ ਪ੍ਰਚਾਰਕ ਸੰਗਤਾਂ ਨੂੰ ਨਿਹਾਲ ਕਰਨਗੇ।ਇਸ ਮੌਕੇ ਸੰਤ ਬਾਬਾ ਅਵਤਾਰ ਸਿੰਘ ਤੋਂ ਇਲਾਵਾਂ ਬਾਬਾ ਪ੍ਰੇਮ ਸਿੰਘ, ਬਾਬਾ ਚਰਨਜੀਤ ਸਿੰਘ ਅਤੇ ਹੋਰ ਬੇਅੰਤ ਸੇਵਾਦਾਰ ਸੰਗਤਾਂ ਹਾਜ਼ਰ ਸਨ।

# ਨਸ਼ਿਆਂ ਨੂੰ ਠੱਲ੍ਹ ਪਾਉਣ ਦੇ ਸਰਕਾਰੀ ਦਾਅਵੇ ਖੋਖਲੇ

## * ਸੇਖਵਾਂ ਗਰੀਬ ਪਰਿਵਾਰ ਦੇ ਦੋ ਪੁੱਤ ਚੜ੍ਹੇ ਚਿੱਟੇ ਦੀ ਭੇਟ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਪਿੰਡ ਸੇਖਵਾਂ ਵਿਖੇ ਇੱਕ ਗਰੀਬ ਪਰਿਵਾਰ ਦਾ ਦੂਸਰਾ ਨੌਜਵਾਨ ਪੁੱਤ ਵੀ ਚਿੱਟੇ ਦੀ ਭੇਟ ਚੜ ਗਿਆ। ਪਰਿਵਾਰ ਦਾ ਪਿੱਛੇ ਰੋ ਰੋ ਕੇ ਬੁਰਾ ਹਾਲ ਹੈ ਅਤੇ ਪਰਿਵਾਰ ਦੇ ਹਾਲਾਤ ਦੇਖ ਕੇ ਹਰੇਕ ਵਿਅਕਤੀ ਦੀ ਅੱਖ ਵਿੱਚ ਅਥਰੂ ਹਨ। ਦੱਸਣਯੋਗ ਹੈ ਕਿ ਸੇਖਵਾਂ ਪਿੰਡ ਦੇ ਵਿੱਚ ਪੁਲਸ ਥਾਣਾ ਸੇਖਵਾਂ ਹੋਣ ਦੇ ਬਾਵਜੂਦ ਅਜਿਹੀ ਘਟਨਾ ਵਾਪਰਨ ਨਾਲ ਇੰਝ ਲੱਗਦਾ ਹੈ ਕਿ ਜਿਵੇਂ ਥਾਣਾ ਸੇਖਵਾਂ ਦੇ ਅਧੀਨ ਪਿੰਡ ਸੇਖਵਾਂ 'ਚ ਨਸ਼ੇ ਦਾ ਬੋਲਬਾਲਾ ਹੈ। ਮ੍ਰਿਤਕ ਨੌਜਵਾਨ ਕੁਲਵਿੰਦਰ ਸਿੰਘ ਪੁੱਤਰ ਪ੍ਰਗਟ ਸਿੰਘ ਦੀ ਮਾਤਾ ਗੁਰਮੀਤ ਕੌਰ ਨੇ ਦੱਸਿਆ ਕਿ ਉਸ ਦੇ ਬੱਚੇ ਦੀ ਉਮਰ ਕਰੀਬ 30 ਸਾਲ ਹੈ ਅਤੇ ਉਹ ਨਸ਼ੇ ਦੀ ਓਵਰਡੋਜ਼ ਕਾਰਨ ਉਸਦੀ ਮੌਤ ਹੋਈ ਹੈ। ਉਸਦਾ ਇੱਕ ਨੌਜਵਾਨ ਪੁੱਤ ਪਹਿਲਾਂ ਵੀ ਨਸ਼ੇ ਦੀ ਭੇਟ ਚੜ ਚੁੱਕਿਆ । ਹੁਣ ਉਸਦੇ ਦੋਨੋਂ ਪੁੱਤ ਹੀ ਉਸਦੇ ਕੋਲ ਨਹੀਂ ਹਨ ਜਿਸ ਲਈ ਜ਼ਿੰਮੇਵਾਰ ਚਿੱਟਾ ਵੇਚਣ ਵਾਲੇ ਅਤੇ ਮੌਜੂਦਾ ਸਰਕਾਰ ਹੈ। ਪਰਿਵਾਰਕ ਮੈਂਬਰਾਂ ਨੇ ਕਿਹਾ ਹੈ ਕਿ ਇਲਾਕੇ ਦੇ ਵਿੱਚ ਨਸ਼ਾ ਵੇਚਣ ਵਾਲੇ ਸ਼ਰੇਆਮ ਨਸ਼ਾ ਵੇਚਦੇ ਹਨ। ਪਰ ਇਨ੍ਹਾਂ ਨੂੰ ਫੜਨ ਦੇ ਲਈ ਨਾ ਤਾਂ ਸਰਕਾਰ ਕੋਈ ਕੁਝ ਕਰ ਰਹੀ ਹੈ ਤੇ ਨਾ ਹੀ ਪੁਲਸ ਪ੍ਰਸ਼ਾਸਨ। ਸੂਤਰਾਂ ਦੇ ਹਵਾਲੇ ਨਾਲ ਕਈ ਵਿਅਕਤੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਦੇ ਵੱਲੋਂ ਨਸ਼ਿਆਂ ਨੂੰ ਖਤਮ ਕਰਨ ਲਈ ਲਗਾਤਾਰ ਵੱਡੇ ਵੱਡੇ ਦਾਅਵੇ ਕੀਤੇ ਜਾਂਦੇ ਹਨ ਪਰ ਲੱਗਦਾ ਇੰਜ ਹੈ ਕਿ ਨਸ਼ੇ ਨੂੰ ਖਤਮ ਨਹੀਂ ਕੀਤਾ ਜਾ ਰਿਹਾ ਸਗੋਂ ਹੋਰ ਬੜ੍ਹਾਵਾ ਦਿੱਤਾ ਜਾ ਰਿਹਾ। ਮਾਂ ਦੇ ਵੱਲੋਂ ਗੁਹਾਰ ਲਗਾਈ ਜਾ ਰਹੀ ਸੀ ਕਿ ਇਲਾਕੇ ਦੇ ਵਿੱਚੋਂ ਨਸ਼ੇ ਨੂੰ ਖਤਮ ਕੀਤਾ ਜਾਵੇ। ਇੱਥੇ ਹੈਰਾਨ ਕਰ ਦੇਣ ਵਾਲੀ ਗੱਲ ਇਹ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਜਿੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵੱਲੋਂ ਲਗਾਤਾਰ ਨਸ਼ੇ ਨੂੰ ਖਤਮ ਕਰਨ ਦੇ ਲਈ ਯਤਨ ਕੀਤੇ ਜਾ ਰਹੇ ਹਨ ਪਰ ਉੱਥੇ ਹੀ ਆਮ ਆਦਮੀ ਪਾਰਟੀ ਦੇ ਕੁਝ ਸੀਨੀਅਰ ਆਗੂਆਂ ਦੇ ਹਲਕਿਆਂ ਵਿੱਚ ਨਸ਼ਾ ਵਿਕਦਾ ਹੈ।

## ਮੋਟਰਸਾਈਕਲ ਚੋਰੀ ਕਰਨ ਵਾਲੇ ਅਣਪਛਾਤੇ ਵਿਅਕਤੀ ਖ਼ਿਲਾ.ਫ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਦੀਨਾਨਗਰ ਪੁਲਸ ਨੇ ਮੋਟਰਸਾਈਕਲ ਚੋਰੀ ਕਰਨ ਵਾਲੇ ਨਾ-ਮਾਲੂਮ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਰਮੇਸ਼ ਕੁਮਾਰ ਪੁੱਤਰ ਨੰਦ ਲਾਲ ਵਾਸੀ ਗੁਰਦਾਸਪੁਰ ਭਾਈਆਂ ਥਾਣਾ ਤਾਰਾਗੜ ਜ਼ਿਲ੍ਹਾ ਪਠਾਨਕੋਟ ਨੇ ਦੱਸਿਆ ਕਿ ਮੈਂ ਦੀਨਾਨਗਰ ਵਿਖੇ ਵਿਕਾਸ ਪੁੱਤਰ ਟੇਕ ਚੰਦ ਦੀ ਦੁਕਾਨ 'ਤੇ ਕੰਮ ਕਰਦਾ ਸੀ ਕਿ 4 ਸਤੰਬਰ ਨੂੰ ਆਪਣੇ ਮੋਟਰਸਾਈਕਲ ਸਪਲੈਂਡਰ ਨੰਬਰ ਪੀਬੀ 35.ਐਕਸ.0970 'ਤੇ ਸਵਾਰ ਹੋ ਕੇ ਸ਼ਹਿਰ ਦੀਨਾਨਗਰ ਨਿੱਜੀ ਕੰਮ ਵਾਸਤੇ ਆਇਆ ਸੀ ਅਤੇ ਵਕਤ ਕਰੀਬ 2.40 ਪੀ.ਐਮ. 'ਤੇ ਆਪਣਾ ਮੋਟਰਸਾਈਕਲ ਵਿਕਾਸ ਦੀ ਦੁਕਾਨ ਦੇ ਬਾਹਰ ਲਗਾਇਆ ਸੀ 2.50 ਪੀ.ਐਮ. 'ਤੇ ਜਦੋਂ ਮੈਂ ਦੁਕਾਨ ਤੋਂ ਬਾਹਰ ਆਇਆ ਤਾਂ ਦੇਖਿਆ ਕਿ ਉਸ ਦਾ ਮੋਟਰਸਾਇਕਲ ਉਥੇ ਨਹੀ ਸੀ, ਜੋ ਕੋਈ ਅਣਪਛਾਤਾ ਵਿਅਕਤੀ ਚੋਰੀ ਕਰਕੇ ਲੈ ਗਿਆ ਹੈ। ਥਾਣਾ ਦੀਨਾਨਗਰ ਪੁਲਸ ਨੇ ਮੋਟਰਸਾਈਕਲ ਚੋਰੀ ਕਰਨ ਵਾਲੇ ਵਿਅਕਤੀ ਖ਼ਿਲਾਫ਼ ਜ਼ੇਰੇ ਧਾਰਾ 303 (2) ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਗੁ. ਨਾਗੀਆਨ ਸਾਹਿਬ ਉਦੋਕੇ ਵਿਖੇ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ



**ਤਰਸਿੱਕਾ , (ਤਰਸੇਮ ਸਿੰਘ ਸਾਧਪੁਰ)**— ਗੁਰਦੁਆਰਾ ਨਾਗੀਆਨ ਸਾਹਿਬ ਪਿੰਡ ਉਦੋਕੇ ਦੇ ਮੁੱਖੀ ਸੰਤ ਬਾਬਾ ਕਵਲਜੀਤ ਸਿੰਘ ਦੀ ਅਗਵਾਈ ਹੇਠ, ਸੰਤ ਬਾਬਾ ਚੁਗੱਤ ਸਿੰਘ ਦੀ ਯਾਦ ਨੂੰ ਸਮਰਪਿਤ 51ਵਾਂ ਅਤੇ ਸੰਤ ਬਾਬਾ ਜੋਗਿੰਦਰ ਸਿੰਘ ਜੀ ਦੀ ਯਾਦ ਨੂੰ ਸਮਰਪਿਤ 10ਵਾਂ ਗੁਰਮੱਤ ਸਮਾਗਮ ਦੇਸ ਵਿਦੇਸ਼ ਅਤੇ ਇਲਾਕੇ ਨਿਵਾਸੀ ਦੇ ਸਹਿਯੋਗ ਨਾਲ ਕਰਵਾਇਆ ।ਇਸ ਦੋ ਦਿਨਾ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰੱਖੇ ਗਏ ਸ੍ਰੀ ਪਾਠ ਸਾਹਿਬ ਜੀ ਦੇ ਭੋਗ ਪਾਏ ਉਪਰੰਤ ਖੁੱਲੇ ਪੰਡਾਲਾਂ ਵਿੱਚ ਭਾਰੀ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਸਮਾਗਮ ਦੇ ਪਹਿਲੇ ਦਿਨ ਪੰਥ ਦੇ ਮਹਾਨ ਆਗੂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਸਰੂਪ ਸਿੰਘ ਜੀ, ਰਾਗੀ ਭਾਈ ਦਵਿੰਦਰ ਸਿੰਘ ਨਿਰਮਾਣ, ਰਾਗੀ ਭਾਈ ਭਾਰਤ ਜਵੱਦੀ ਕਲਾ ਲੁਧਿਆਣਾ, ਕਥਾਵਾਚਕ ਭਾਈ ਜਸਵੰਤ ਸਿੰਘ ਪਰਵਾਨਾਂ ਜਲੰਧਰ ਵਾਲੇ, ਰਾਗੀ ਭਾਈ ਪ੍ਰਭਜੀਤ ਸਿੰਘ ਨਾਗੀਆਨਾ ਸਾਹਿਬ ਵਾਲੇ, ਕਥਾਵਾਚਕ ਭਾਈ ਨਿਸ਼ਾਨ ਸਿੰਘ ਨਾਗੀਆਨਾ ਸਾਹਿਬ ਵਾਲੇ ਵੱਲੋਂ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਅਤੇ ਦੂਜੇ ਦਿਨ ਸਜਾਏ ਗਏ ਦੀਵਾਨਾਂ ਵਿੱਚ ਢਾਡੀ ਗਿਆਨੀ ਸਤਨਾਮ ਸਿੰਘ ਲਾਲੂ ਘੁੰਮਣ ਵਾਲੇ, ਕਵੀਸ਼ਰ ਭਾਈ ਮਨਜੀਤ ਸਿੰਘ ਸੋਹੀ, ਢਾਡੀ ਗਿਆਨੀ ਲਖਵਿੰਦਰ ਸਿੰਘ ਸੋਹਲ, ਢਾਡੀ ਬੀਬੀ ਜਸਵੀਰ ਕੌਰ ਜੱਸ ਸੁਲਤਾਨਪੁਰ ਲੋਧੀ ਵਾਲੇ, ਕਵੀਸ਼ਰ ਭਾਈ ਝੰਡਾ ਸਿੰਘ ਉਦੋਕੇ ਵਾਲੇ ਆਦਿ ਜਥਿਆਂ ਨੇ ਹਾਜ਼ਰੀਆਂ ਭਰੀਆਂ।ਉਪਰੰਤ ਸ਼ਾਮ ਨੂੰ ਮਾਝਾ ਕਬੱਡੀ ਅਕੈਡਮੀ ਘੜਿਆਲ (ਕਲਸੀ) ਅਤੇ ਮਾਤਾ ਸੁਲੱਖਣੀ ਕਬੱਡੀ ਕਲੱਬ ਬਟਾਲਾ ਦੀਆਂ ਟੀਮਾਂ ਵਿੱਚਕਾਰ ਕਬੱਡੀ ਦੇ ਸ਼ੋਅ ਮੈਚ ਕਰਵਾਏ ਗਏ ਜਿਸ ਵਿਚ ਦੋਵੇਂ ਟੀਮਾਂ ਬਰਾਬਰ ਰਹੀਆਂ।

# ਜੀ.ਟੀ.ਬੀ.ਆਈ. ਸਕੂਲ ਕਲਿਆਣਪੁਰ ਵਿਖੇ ਜ਼ਿਲ੍ਹਾ ਪੱਧਰੀ ਬਾਸਕਿਟਬਾਲ ਮੁਕਾਬਲੇ ਕਰਵਾਏ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸਕੂਲ ਸਿੱਖਿਆ ਵਿਭਾਗ ਪੰਜਾਬ ਵਲੋਂ 75ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ 2024-25 ਤਹਿਤ ਜ਼ਿਲ੍ਹਾ ਪੱਧਰੀ ਬਾਸਕਿਟਬਾਲ ਮੁਕਾਬਲੇ ਜੀ.ਟੀ.ਬੀ.ਆਈ. ਸਕੂਲ ਕਲਿਆਣਪੁਰ (ਧਾਰੀਵਾਲ) ਵਿਖੇ ਸਕੂਲ ਚੇਅਰਮੈਨ ਤਰਸੇਮ ਸਿੰਘ ਅਤੇ ਮੈਨੇਜਿੰਗ ਡਾਇਰੈਕਟਰ ਸੁਰਜੀਤ ਸਿੰਘ ਦੇ ਪ੍ਰਬੰਧਾਂ ਹੇਠ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਬਲਾਕ ਘਨੀਏ ਕੇ ਬਾਂਗਰ, ਬਟਾਲਾ, ਦੀਨਾਨਗਰ, ਗੁਰਦਾਸਪੁਰ ਅਤੇ ਧਾਰੀਵਾਲ ਦੀਆਂ ਟੀਮਾਂ ਅੰਡਰ 14 ਉਮਰ ਵਰਗ ਮੁੰਡਿਆਂ ਨੇ ਭਾਗ ਲਿਆ। ਇਨ੍ਹਾਂ ਮੁਕਾਬਲਿਆਂ ਵਿੱਚ ਬਲਾਕ ਧਾਰੀਵਾਲ ਨੇ ਪਹਿਲਾ ਸਥਾਨ, ਗੁਰਦਾਸਪੁਰ ਨੇ ਦੂਸਰਾ, ਬਟਾਲਾ ਨੇ ਤੀਸਰਾ ਅਤੇ ਘਨੀਏ ਕੇ ਬਾਂਗਰ ਨੇ ਚੌਥਾ ਸਥਾਨ ਹਾਸਲ ਕੀਤਾ। ਇਸ ਮੌਕੇ ਪ੍ਰਿੰ. ਬਰਿੰਦਰ ਜੋਤ ਕੌਰ ਅਤੇ ਐਜੂਕੇਸ਼ਨਲ ਡਾਇਰੈਕਟਰ ਡਾ. ਕ੍ਰਿਤਇੰਦਰ ਕੌਰ ਨੇ ਸਾਂਝੇ ਤੌਰ ਤੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਬਲਾਕ ਧਾਰੀਵਾਲ ਦੀ ਟੀਮ ਵਿੱਚ ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਬਹੁਤ ਹੀ ਵਧੀਆ ਪ੍ਰਦਰਸ਼ਨ ਕੀਤਾ ਜਿਸ ਦੇ ਨਤੀਜੇ ਵਜੋਂ ਧਾਰੀਵਾਲ ਬਲਾਕ ਪਹਿਲੇ ਸਥਾਨ ਤੇ ਰਿਹਾ। ਚੇਅਰਮੈਨ ਤਰਸੇਮ ਸਿੰਘ ਅਤੇ ਮੈਨੇਜਿੰਗ ਡਾਇਰੈਕਟਰ ਸੁਰਜੀਤ ਸਿੰਘ ਨੇ ਸਕੂਲ ਦੇ ਬਾਸਕਿਟਬਾਲ ਕੋਚ ਸਿਮਰਨਜੀਤ ਸਿੰਘ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਦੱਸਿਆ ਕਿ ਇਸ ਕੋਚ ਦੇ ਉਦਮ ਸਦਕਾ ਜ਼ਿਲ੍ਹਾ ਗੁਰਦਾਸਪੁਰ ਦੇ ਬਾਸਕਿਟਬਾਲ ਦੇ ਮੈਚ ਗੁਰੂ ਤੇਗ ਬਹਾਦੁਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ ਵਿਖੇ ਕਰਵਾਏ ਗਏ। ਇਸ ਮੌਕੇ ਸਕੂਲ ਵਿੱਚ ਆਏ ਹੋਏ ਸਭ ਮਹਿਮਾਨਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮੂਹ ਸਟਾਫ਼ ਹਾਜ਼ਰ ਸਨ।

# ਚੀਫ਼ ਖ਼ਾਲਸਾ ਦੀਵਾਨ ਵੱਲੋਂ ਟੀਚਰ ਟਰੇਨਿੰਗ ਪ੍ਰੋਗਰਾਮਾਂ ਦੀ ਲੜੀ ਆਰੰਭ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਚੀਫ਼ ਖ਼ਾਲਸਾ ਦੀਵਾਨ ਸਕੂਲਾਂ ਦੇ ਵਿਦਿਅਕ ਪੱਧਰ ਨੂੰ ਉਪਰ ਚੁੱਕਣ ਲਈ ਚੀਫ਼ ਖ਼ਾਲਸਾ ਦੀਵਾਨ ਡਾਇਰੈਕਟੋਰੇਟ ਦਫ਼ਤਰ ਵੱਲੋਂ ਟੀਚਰ ਟਰੇਨਿੰਗ ਪ੍ਰੋਗਰਾਮਾਂ ਨੂੰ ਆਯੋਜਿਤ ਕਰਨ ਦੀ ਲੜੀ ਤਹਿਤ ਅੱਜ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਵੱਲੋਂ ਪਹਿਲੇ ਅਧਿਆਪਕ ਸਿਖਲਾਈ ਪ੍ਰੋਗਰਾਮ ਦਾ ਸ਼ੁਭ ਆਰੰਭ ਕੀਤਾ ਗਿਆ। ਜਿਸ ਵਿਚ ਪ੍ਰੀ—ਪ੍ਰਾਇਮਰੀ ਅਧਿਆਪਕਾ ਵੱਲੋਂ ਬਹੁਤ ਉਤਸ਼ਾਹ ਨਾਲ ਵੱਧ ਚੜ ਕੇ ਭਾਗ ਲਿਆ ਗਿਆ। ਇਸ ਮੌਕੇ ਡਾ.ਨਿੱਜਰ ਵੱਲੋਂ ਆਪਣੇ ਸਾਥੀਆਂ ਸਮੇਤ ਟਰੇਨਿੰਗ ਕੈਂਪ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਉਹਨਾਂ ਕਿਹਾ ਕਿ ਟੀਚਰ ਟਰੇਨਿੰਗ ਪ੍ਰੋਗਰਾਮ ਚੀਫ਼ ਖ਼ਾਲਸਾ ਦੀਵਾਨ ਵਿਦਿਅਕ ਸਿਸਟਮ ਦਾ ਮਹੱਤਵਪੂਰਨ ਹਿੱਸਾ ਹਨ। ਅਜਿਹੇ ਸਿਖਲਾਈ ਪ੍ਰੋਗਰਾਮਾਂ ਦਾ ਉਦੇਸ਼ ਸੀ.ਕੇ.ਡੀ ਅਧਿਆਪਕਾਂ ਨੂੰ ਨਵੀਆਂ ਵਿਦਿਅਕ ਤਕਨੀਕਾਂ ਅਤੇ ਆਡੀਓ—ਵੀਡੀਓ ਸਾਧਨਾਂ ਨਾਲ ਬੱਚਿਆਂ ਦੀ ਦਿਲਚਸਪੀ ਅਨੁਸਾਰ ਪੜ੍ਹਾਉਣ ਦੇ ਗੁਰ ਸਿਖਾਉਣਾ ਹੈ। ਉਹਨਾਂ ਕਿਹਾ ਕਿ ਇਹ ਟੀਚਰ ਟਰੇਨਿੰਗ ਕੈਂਪ ਸੀ.ਕੇ.ਡੀ. ਵਿਦਿਆਰਥੀਆਂ ਖਾਸਕਰ ਪੇਂਡੂ ਵਿਦਿਆਰਥੀਆਂ ਦੇ ਉਜਵਲ ਭਵਿੱਖ ਲਈ ਇਕ ਮਜ਼ਬੂਤ ਵਿਦਿਅਕ ਨੀਂਹ ਰੱਖਣ ਵਿਚ ਸਹਾਈ ਸਿੱਧ ਹੋਣਗੇ।

ਮੀਤ ਪ੍ਰਧਾਨ ਸ੍ਰ.ਜਗਜੀਤ ਸਿੰਘ ਅਤੇ ਕਾਰਜਕਾਰੀ ਆਨਰੇਰੀ ਸਕੱਤਰ ਸ੍ਰ.ਸੁਖਜਿੰਦਰ ਸਿੰਘ ਪ੍ਰਿੰਸ ਨੇ ਕਿਹਾ ਕਿ ਅਧਿਆਪਕਾਂ ਨੂੰ ਸਿਖਲਾਈ ਪ੍ਰੋਗਰਾਮਾਂ ਰਾਹੀਂ ਤਕਨੀਕੀ ਸਮੇਂ ਦਾ ਹਾਨੀ ਬਣਾਉਣ ਦਾ ਮਤਲਬ ਸਮੂਹ ਵਿਦਿਆਰਥੀਆਂ ਨੂੰ ਆਧੁਨਿਕਤਾ ਨਾਲ ਜੋੜਨਾ ਹੈ। ਉਹਨਾਂ ਨੇ ਕਿਹਾ ਕਿ ਅਧਿਆਪਕਾਂ ਵੱਲੋਂ ਨਵੀਆਂ ਦਿਲਚਸਪ ਅਧਿਆਪਨ ਵਿਧੀਆਂ ਰਾਹੀਂ ਪੜ੍ਹਾਉਣ ਨਾਲ ਬੱਚਿਆਂ ਵਿਚ ਪੜਾਈ ਲਈ ਉਤਸ਼ਾਹ ਹੋਰ ਵੀ ਜ਼ਿਆਦਾ ਵੱਧ ਜਾਂਦਾ ਹੈ। ਇਸ ਮੌਕੇ ਡਾਇਰੈਕਟਰ ਏ.ਪੀ.ਐਸ. ਚਾਵਲਾ ਵੱਲੋਂ ਚੀਫ਼ ਖ਼ਾਲਸਾ ਦੀਵਾਨ ਸਕੂਲਾਂ ਦੇ ਵਿਦਿਅਕ ਸਿਸਟਮ ਨੂੰ ਗਲੋਬਲ ਪੱਧਰ ਤੱਕ ਲਿਜਾਉਣ ਲਈ ਵਿਸ਼ੇਸ਼ ਯਤਨ ਕਰਨ ਦਾ ਭਰੋਸਾ ਦਿੱਤਾ ਗਿਆ ਅਤੇ ਅਧਿਆਪਕਾਂ ਲਈ ਸ਼ੁਰੂ ਕੀਤੇ ਗਏ ਅਜਿਹੇ ਸਿਖਲਾਈ ਪ੍ਰੋਗਰਾਮਾਂ ਨੂੰ ਅਗੋਂ ਵੀ ਨਿਰੰਤਰ ਜਾਰੀ ਰੱਖਣ ਦੀ ਵਚਨਬੱਧਤਾ ਪ੍ਰਗਟਾਈ ਗਈ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸ੍ਰ.ਜਗਜੀਤ ਸਿੰਘ, ਕਾਰਜਕਾਰੀ ਆਨਰੇਰੀ ਸਕੱਤਰ ਸ੍ਰ.ਸੁਖਜਿੰਦਰ ਸਿੰਘ ਪ੍ਰਿੰਸ, ਐਡੀ.ਆਨਰੇਰੀ ਸਕੱਤਰ ਸ੍ਰ.ਜਸਪਾਲ ਸਿੰਘ ਢਿੱਲੋਂ, ਸ੍ਰ.ਗੁਰਪ੍ਰੀਤ ਸਿੰਘ ਸੇਠੀ, ਪ੍ਰੋ.ਭੁਪਿੰਦਰ ਸਿੰਘ ਸੇਠੀ, ਡਾਇਰੈਕਟਰ ਏ.ਪੀ.ਐਸ.ਚਾਵਲਾ ਆਦਿ ਹਾਜ਼ਰ ਸਨ।

# ਆਲ ਇੰਡੀਆ ਪਿੰਗਲਵਾੜਾ ਸੁਸਾਇਟੀ ਮਾਨਾਂਵਾਲਾ ਦਾ ਜੰਮੂ ਦੇ ਬੱਚਿਆਂ ਵੱਲੋਂ ਦੌਰਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ (ਰਜ਼ਿ:) ਅੰਮ੍ਰਿਤਸਰ ਦੀ ਮਾਨਾਂਵਾਲਾ ਬ੍ਰਾਂਚ ਦਾ ਐਮ. ਆਈ. ਈ. ਆਰ. ਕਾਲਜ ਆਫ਼ ਐਜੁਕੈਸ਼ਨ ਜੰਮੂ ਦੇ 40 ਵਿਦਿਆਰਥੀਆਂ ਅਤੇ ਵਿਦਿਆਰਥਣਾਂ ਵੱਲੋਂ ਦੌਰਾ ਕੀਤਾ ਗਿਆ। ਕਾਲਜ ਦੇ ਐਸੋਸੀਏਟ ਪ੍ਰੋਫੈਸਰ ਬਹਿਜਾਦ ਮਕਬੂਲ ਦੀ ਅਗਵਾਈ ਵਿਚ ਪੁੱਜੇ 40 ਵਿਦਿਆਰਥੀ ਦਾ ਮਾਨਾਂਵਾਲਾ ਬ੍ਰਾਂਚ ਦੇ ਸਹਿ-ਪ੍ਰਸ਼ਾਸਕ ਸ. ਜੈ ਸਿੰਘ ਵੱਲੋਂ ਸਵਾਗਤ ਕੀਤਾ ਗਿਆ। ਇਸ ਮੌਕੇ ਉਹਨਾਂ ਕਾਲਜ ਦੇ ਆਏ ਵਿਦਿਆਰਥੀਆਂ ਨੂੰ ਭਗਤ ਪੂਰਨ ਸਿੰਘ ਜੀ ਦੇ ਜੀਵਨ ਉੱਪਰ ਵਿਸਥਾਰ ਸਹਿਤ ਜਾਣਕਾਰੀ ਦਿੱਤੀ।ਉਹਨਾਂ ਨੇ ਦੱਸਿਆ ਕਿ ਕਿਵੇਂ ਭਗਤ ਪੂਰਨ ਸਿੰਘ ਨੇ ਸੇਵਾ ਦਾ ਇਹ ਪੌਦਾ ਪਿੰਗਲਵਾੜੇ ਦੇ ਰੂਪ ਵਿਚ ਪਾਲਿਆ ਜੋ ਕਿ ਡਾ. ਇੰਦਰਜੀਤ ਕੌਰ ਮੁੱਖ ਸੇਵਾਦਾਰ ਪਿੰਗਲਵਾੜਾ ਸੰਸਥਾ ਨੇ ਇਸ ਵੇਲੇ ਵਿਸ਼ਾਲ ਰੂਪ ਬਣਾ ਕੇ ਮਨੁੱਖਤਾ ਦੀ ਭਲਾਈ ਲਈ ਕੰਮ ਕਰ ਰਿਹਾ ਹੈ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਵੱਲੋਂ ਮਾਨਾਂਵਾਲਾ ਬ੍ਰਾਂਚ ਅੰਦਰ ਬਣੇ ਵੱਖ-ਵੱਖ ਵਿਭਾਗਾਂ ਅਤੇ ਵਾਰਡਾਂ ਆਦਿ ਦਾ ਦੌਰਾ ਕੀਤਾ ਅਤੇ ਚੱਲ ਰਹੇ ਸੇਵਾ ਦਾ ਕਾਰਜਾਂ ਨੂੰ ਬੜੇ ਨੇੜਿਉਂ ਤੱਕਿਆ। ਮਰੀਜ਼ਾਂ ਨੂੰ ਮਿਲ ਕੇ ਬਹੁਤ ਭਾਵੁਕ ਵੀ ਹੋਏ।ਇਸ ਟੂਰ ਦੌਰਾਨ ਵਿਦਿਆਰਥੀਆਂ ਨਾਲ ਕਾਲਜ ਦੇ ਅਧਿਆਪਕ ਸੀ.ਆਰ. ਜਾਗਰਾਂ ਅਤੇ ਸ੍ਰੀ ਮਤੀ ਸੁਮਨ ਦੇਵੀ ਵੀ ਬੱਚਿਆਂ ਨਾਲ ਉਚੇਚੇ ਤੌਰ ਤੇ ਪੁੱਜੇ। ਇਸ ਮੌਕੇ ਸਹਿ ਪ੍ਰਸ਼ਾਸਕ ਜੈ ਸਿੰਘ ਵੱਲੋਂ ਮੌਜੂਦਾ ਮੁੱਖ ਸੇਵਾਦਾਰ ਡਾ. ਇੰਦਰਜੀਤ ਕੌਰ ਦੀ ਅਗਵਾਈ ਹੇਠ ਚੱਲ ਰਹੇ ਸੇਵਾ ਕਾਰਜਾਂ ਬਾਰੇ ਜਾਣਕਾਰੀ ਦਿੱਤੀ ਗਈ।

# ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਕਰਵਾਇਆ ਗੁਰਮਤਿ ਸਮਾਗਮ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸ ਨੰਗਲ ਵਿਖੇ ਕਾਲਜ ਪ੍ਰਿੰ. ਡਾ. ਗੁਰਜੀਤ ਸਿੰਘ ਦੇ ਪ੍ਰਬੰਧਾਂ ਅਧੀਨ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ-ਜੋਤ ਸਮਾਉਣ ਦਿਵਸ ਅਤੇ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਦੇ 450 ਸਾਲਾ ਦਿਵਸ ਨੂੰ ਸਮਰਪਿਤ ਸਤਾਬਦੀ ਸਬੰਧੀ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਸਬਦ ਗਾਇਨ ਮੁਕਾਬਲੇ, ਭਾਸ਼ਣ ਮੁਕਾਬਲੇ, ਕਵਿਤਾ ਉਚਾਰਨ ਮੁਕਾਬਲੇ, ਕਵੀਸ਼ਰੀ ਮੁਕਾਬਲੇ, ਲੇਖ ਰਚਨਾ ਅਤੇ ਗਤਕਾ ਮੁਕਾਬਲੇ ਕਰਵਾਏ ਗਏ। ਇਸ ਮੌਕੇ ਬੀਬੀ ਜਸਬੀਰ ਕੌਰ ਜਫਰਵਾਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੁੱਖ ਮਹਿਮਾਨ ਅਤੇ ਵਿਕਰਮਜੀਤ ਸਿੰਘ ਮੈਨੇਜਰ ਗੁਰਦੁਆਰਾ ਪਾਤਸ਼ਾਹੀ ਪੰਜਵੀਂ ਧਾਰੀਵਾਲ (ਜਾਪੂਵਾਲ) ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸ਼ਬਦ ਗਾਇਨ ਮੁਕਾਬਲੇ ਵਿੱਚੋਂ ਪਰਮਜੀਤ ਕੌਰ ਨੇ ਪਹਿਲਾ ਅਤੇ ਪਰਮਜੀਤ ਸਿੰਘ ਨੇ ਦੂਜਾ ਸਥਾਨ ਹਾਸਲ ਕੀਤਾ। ਭਾਸ਼ਣ ਮੁਕਾਬਲੇ ਵਿੱਚੋਂ ਮਨਪ੍ਰੀਤ ਕੌਰ ਨੇ ਪਹਿਲਾ, ਕਿਰਨਪ੍ਰੀਤ ਕੌਰ ਨੇ ਦੂਜਾ ਅਤੇ ਹਰਜਾਪ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਕਵਿਤਾ ਉਚਾਰਨ ਵਿੱਚੋਂ ਅਕਾਸ਼ਦੀਪ ਸਿੰਘ, ਸਤਨਾਮ ਸਿੰਘ ਅਤੇ ਜਸਕਰਨਦੀਪ ਸਿੰਘ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ। ਕਵੀਸ਼ਰੀ ਵਿੱਚੋਂ ਅਕਾਸ਼ਦੀਪ ਸਿੰਘ ਅਤੇ ਪਰਮਜੀਤ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਲੇਖ ਰਚਨਾ ਮੁਕਾਬਲੇ ਵਿੱਚੋਂ ਕੁਲਵਿੰਦਰ ਕੌਰ ਨੇ ਪਹਿਲਾ, ਹਰਮਨਪ੍ਰੀਤ ਕੌਰ ਤੇ ਸਬਨਮ ਨੇ ਦੂਜਾ ਅਤੇ ਪ੍ਰਭਜੋਤ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ। ਗਤਕੇ ਵਿੱਚੋਂ ਹਰਜਾਪ ਸਿੰਘ ਨੇ ਪਹਿਲਾ ਸਥਾਨ, ਫਤਹਿ ਸਿੰਘ ਨੇ ਦੂਜਾ ਅਤੇ ਸਤਨਾਮ ਸਿੰਘ ਤੇ ਜਗਰੂਪ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ। ਕਾਲਜ ਪ੍ਰਿੰ. ਡਾ. ਗੁਰਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬਾਨ ਵੱਲੋਂ ਬਖਸ਼ੇ ਸਿੱਖ ਸਿਧਾਂਤਾਂ ਤੇ ਫਲਸਫੇ ਤੇ ਪਹਿਰਾ ਦਿੰਦੇ ਹੋਏ। ਇਨ੍ਹਾਂ ਸਿਧਾਂਤਾਂ ਅਨੁਸਾਰ ਜੀਵਨ ਜਿਉਣ ਅਤੇ ਸਫਲ ਹੋਣ ਦੀ ਗੱਲ ਆਖੀ। ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੇ ਕੋਆਰਡੀਨੇਟਰ ਡਾ. ਆਤਮਾ ਸਿੰਘ ਦੀ ਦੇਖ-ਰੇਖ ਹੇਠ ਇਹ ਸਮਾਗਮ ਸਫ਼ਲਤਾਪੂਰਵਕ ਸੰਪੰਨ ਹੋਇਆ। ਇਸ ਮੌਕੇ ਕਾਲਜ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

## ਚਾਟੀਵਿੰਡ ਲੇਹਲ ਦੇ ਲੋਕ ਸਹੂਲਤਾਂ ਨੂੰ ਤਰਸੇ, ਪਿੰਡ 'ਚ ਖੜ੍ਹਾ ਗੰਦਾ ਪਾਣੀ ; ਸੜਕਾਂ ਲੀਰੋ-ਲੀਰ !

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**— ਵਿਧਾਨ ਸਭਾ ਹਲਕਾ ਮਜੀਠਾ ਅਤੇ ਬਲਾਕ ਤਰਸਿੱਕਾ ਦੇ ਪਿੰਡ ਚਾਟੀਵਿੰਡ ਲੇਹਲ ਵਿੱਚ ਸਰਕਾਰ ਦੇ ਵਿਕਾਸ ਕਾਰਜਾਂ ਦੀ ਹਵਾ ਨਿਕਲ ਰਹੀ ਹੈ ਕਿਉਂਕਿ ਸੜਕਾਂ 'ਤੇ ਖੜ੍ਹੇ ਗੰਦੇ ਪਾਣੀ ਕਾਰਨ ਲੋਕ ਪਰੇਸ਼ਾਨ, ਸੜਕਾਂ ਟੁੱਟ ਰਹੀਆਂ ਹਨ, ਲੋਕਾਂ ਦੇ ਘਰਾਂ ਵਿੱਚ ਵੀ ਪਾਣੀ ਜਾ ਰਿਹਾ।ਸਰਕਾਰ ਦੇ ਵਿਰੁੱਧ ਆਪਣੀ ਭੜਾਸ ਕੱਢਦਿਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਆਗੂ ਰਣਜੀਤ ਸਿੰਘ, ਸੁਖਦੇਵ ਸਿੰਘ, ਅੰਗਰੇਜ਼ ਸਿੰਘ, ਰਵਿੰਦਰ ਸਿੰਘ, ਹਰਪਾਲ ਸਿੰਘ, ਧਰਮ ਸਿੰਘ, ਦਵਿੰਦਰ ਸਿੰਘ, ਗੁਰਵੇਲ ਸਿੰਘ, ਤਰਸੇਮ ਸਿੰਘ, ਸਾਧੂ ਸਿੰਘ, ਇਕਬਾਲ ਸਿੰਘ ਅਤੇ ਸਤਨਾਮ ਸਿੰਘ ਨੇ ਦੱਸਿਆ ਜੇ ਚਾਟੀਵਿੰਡ ਲੇਹਲ ਦੇ ਆਲੇ ਦੁਆਲੇ ਸੜਕ ਦਾ ਮੰਦਾ ਹਾਲ ਹੈ। ਖਜਾਲਾ ਵੱਲ ਨੂੰ ਜਾਂਦੀ ਸੜਕ ਤੇ ਪਾਣੀ ਇੱਕ ਫੁੱਟ ਖੜ੍ਹਾ ਹੋਣ ਦੇ ਕਾਰਨ ਲੋਕਾਂ ਨੂੰ ਲੰਘਣ ਦੀ ਸਮੱਸਿਆ ਹੈ, ਬੀਡੀਪੀਓ ਦੀ ਅਣਗਹਿਲੀ ਦੇ ਕਾਰਨ ਸੜਕ ਖਰਾਬ ਹੋ ਰਹੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ 19 ਜੁਲਾਈ ਨੂੰ ਬੀਡੀਪੀਓ ਦਫਤਰ ਤਰਸਿੱਕਾ ਵਿੱਚ ਧਰਨਾ ਲਗਾ ਕੇ ਪ੍ਰਸ਼ਾਸਨ ਨੂੰ ਪਿੰਡ ਦੀਆਂ ਸੰਬੰਧਿਤ ਮੁਸ਼ਕਲਾਂ ਸਬੰਧੀ ਜਾਣੂ ਕਰਵਾਇਆ ਗਿਆ ਸੀ ਜਿਸ ਤੇ ਪ੍ਰਸ਼ਾਸਨ ਨੇ 10 ਦਿਨ ਦਾ ਟਾਈਮ ਲਿਆ ਸੀ। ਇਸ ਤੋਂ ਬਾਅਦ 5 ਅਗਸਤ ਨੂੰ ਦੁਬਾਰਾ ਬੀਡੀਪੀਓ ਅਤੇ ਪ੍ਰਬੰਧਕ ਨੇ ਭਰੋਸਾ ਦਿਵਾਇਆ ਸੀ ਕਿ ਉਹ ਅੱਜ ਹੀ ਪਿੰਡ ਜਾਣਗੇ ਅਤੇ ਮੁਸ਼ਕਲਾਂ ਦਾ ਹੱਲ ਕਰਨਗੇ ਪਰ ਕੋਈ ਵੀ ਪਿੰਡ ਨਹੀਂ ਆਇਆ ਅਤੇ ਨਾ ਹੀ ਕੋਈ ਮੁਸ਼ਕਿਲ ਹੱਲ ਹੋਈ ਹੈ। ਕਿਸਾਨ ਆਗੂਆਂ ਅਤੇ ਪਿੰਡ ਵਾਸੀਆਂ ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦੇ ਕਿਹਾ ਕਿ ਜੇ ਪਿੰਡ ਦੇ ਕੰਮਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਬੀਡੀਪੀਓ ਦਫਤਰ ਘੇਰਨਾ ਸਾਡੀ ਮਜਬੂਰੀ ਹੋਵੇਗੀ।

## ਸਿੱਧੀ ਬਿਜਾਈ ਵਾਲੇ ਝੋਨੇ ਨੂੰ ਪਈ ਬਲਾਈਂਡ ਦੀ ਮਾਰ



**ਟਾਂਗਰਾ: (ਲਾਡੀ ਮੱਲ੍ਹੀ)**—ਇਸ ਵਾਰ ਬਲਾਕ ਤਰਸਿੱਕਾ ਅਧੀਨ ਪੈਂਦੇ ਪਿੰਡਾਂ ਵਿੱਚ ਖੇਤੀਬਾੜੀ ਵਿਭਾਗ ਦੀਆਂ ਸਿਫ਼ਾਰਸ਼ਾਂ ਤੇ ਕਿਸਾਨਾਂ ਵੱਲੋਂ ਝੋਨੇ ਦੇ ਸ਼ੀਜਨ ਮੌਕੇ ਸਿੱਧੀ ਬਿਜਾਈ ਵੱਡੇ ਪੱਧਰ 'ਤੇ ਕੀਤੀ ਗਈ ਸੀ ਪਰ ਮੌਸਮ ਦੇ ਮਿਜ਼ਾਜ ਜ਼ਿਆਦਾ ਗਰਮੀ ਪੈਣ ਕਾਰਨ ਬਲਾਈਂਡ ਦੀ ਬੀਮਾਰੀ ਕਾਫੀ ਮਾਤਰਾ ਵਿੱਚ ਪਾਈ ਗਈ ।ਤਰਸਿੱਕਾ, ਜਬੋਵਾਲ, ਸ਼ਾਹਪੁਰ, ਆਦਿ ਪਿੰਡਾਂ ਦੇ ਕਿਸਾਨਾਂ ਤੋਂ ਮਿਲੀ ਜਾਣਕਾਰੀ ਅਤੇ ਖੇਤੀਬਾੜੀ ਵਿਭਾਗ ਦੇ ਡਾ. ਸਤਵਿੰਦਰਬੀਰ ਸਿੰਘ ਕੋਟਲਾ ਨੇ ਦੱਸਿਆ ਕਿ ਕਿਤੇ ਕਿਤੇ ਹਮਲੇ ਦੀ ਰਿਪੋਰਟ ਆ ਰਹੀ ਹੈ।ਇਸ ਦਾ ਕਾਰਨ ਜ਼ਿਆਦਾ ਗਰਮੀ ਅਤੇ ਘੱਟ ਲੇਟ ਬਾਰਸ਼ ਹੋਣ ਕਰਕੇ ਕਿਸਾਨਾਂ ਵੱਲੋਂ ਨਾਈਟ੍ਰੋਜਨ ਦੀ ਖੁਰਾਕ ਵਧੇਰੇ ਦੇਣ ਨੂੰ ਹੀ ਮੰਨਿਆ ਜਾ ਰਿਹਾ ਹੈ ।ਝਾੜ ਅਤੇ ਰੇਟ ਵੀ ਇਸ ਵਾਰ ਘੱਟ ਹਨ।ਠੇਕੇ ਤੇ ਜ਼ਮੀਨਾਂ ਵਾਉਣ ਵਾਲੇ ਕਿਸਾਨ ਇਸ ਵਾਰੀ ਮਾਯੂਸ ਹਨ ਕਿ ਠੇਕੇ, ਬੀਜ, ਖਾਦਾਂ ਮਹਿੰਗੀਆਂ ਦੇ ਨੁਕਸਾਨ ਦੀ ਭਰਵਾਈ ਨਹੀਂ ਹੋਣੀ।

11-Sep-PAGE-4.qxd 9/10/2024 10:46 PM Page 1

ਨਵਾਂ ਜ਼ਮਾਨਾ
ਬੁੱਧਵਾਰ, 11 ਸਤੰਬਰ 2024

# ਸਰਕਾਰੀ ਹਸਪਤਾਲਾਂ 'ਚ ਡਾਕਟਰਾਂ ਦੀ ਭਾਰੀ ਕਮੀ

*ਪਿਛਲੇ ਇੱਕ ਦਹਾਕੇ ਵਿੱਚ ਅੰਡਰ-ਗ੍ਰੈਜੂਏਟ ਤੇ ਪੋਸਟ-ਗ੍ਰੈਜੂਏਟ ਦੀਆਂ ਸੀਟਾਂ ਦੁੱਗਣੀਆਂ ਹੋ ਜਾਣ ਦੇ ਬਾਵਜੂਦ ਪੇਂਡੂ ਤੇ ਸ਼ਹਿਰੀ ਇਲਾਕਿਆਂ ਵਿੱਚ ਸਰਕਾਰੀ ਕਲੀਨਿਕਾਂ ਤੇ ਹਸਪਤਾਲਾਂ 'ਚ ਡਾਕਟਰਾਂ ਤੇ ਸਪੈਸ਼ਲਿਸਟਾਂ ਦੀਆਂ 23 ਹਜ਼ਾਰ ਤੋਂ ਵੱਧ ਮਨਜ਼ੂਰ ਡਾਕਟਰੀ ਪੋਸਟਾਂ ਖਾਲੀ ਹਨ। ਇਹ ਖੁਲਾਸਾ ਕੇਂਦਰੀ ਸਿਹਤ ਮੰਤਰਾਲੇ ਦੀ ਸਰਕਾਰੀ ਹਸਪਤਾਲਾਂ ਵਿੱਚ ਮਨੁੱਖੀ ਵਸੀਲਿਆਂ ਤੇ ਬੁਨਿਆਦੀ ਢਾਂਚੇ ਬਾਰੇ ਰਿਪੋਰਟ ਵਿੱਚ ਹੋਇਆ ਹੈ। 31 ਮਾਰਚ 2023 ਤੱਕ ਪੇਂਡੂ ਇਲਾਕਿਆਂ ਵਿੱਚ ਪ੍ਰਾਇਮਰੀ ਹੈਲਥ ਸੈਂਟਰਾਂ (ਪੀ ਐੱਚ ਸੀ) ਵਿੱਚ 9 ਹਜ਼ਾਰ ਤੋਂ ਵੱਧ ਡਾਕਟਰਾਂ ਜਾਂ ਮੈਡੀਕਲ ਅਫਸਰਾਂ ਦੀਆਂ ਪੋਸਟਾਂ ਖਾਲੀ ਸਨ, ਜਦਕਿ ਮਨਜ਼ੂਰ ਪੋਸਟਾਂ 41,900 ਹਨ। ਇਸੇ ਤਰ੍ਹਾਂ ਨਰਸਿੰਗ ਸਟਾਫ ਦੀਆਂ ਮਨਜ਼ੂਰ 46,600 ਵਿੱਚੋਂ 10,800 ਪੋਸਟਾਂ ਖਾਲੀ ਸਨ। ਪਿੰਡਾਂ ਵਿੱਚ ਰੂਰਲ ਕਮਿਊਨਿਟੀ ਹੈੱਲਥ ਸੈਂਟਰਾਂ (ਸੀ ਐੱਚ ਸੀ) ਵਿੱਚ ਮਹਿਲਾਵਾਂ ਤੇ ਬੱਚਿਆਂ ਦੇ ਰੋਗਾਂ ਦੇ ਮਾਹਰਾਂ, ਫਿਜ਼ੀਸ਼ੀਅਨਾਂ ਜਾਂ ਸਰਜਨਾਂ ਦੀਆਂ ਮਨਜ਼ੂਰ ਪੋਸਟਾਂ 13,232 ਵਿੱਚੋਂ 8,900 ਪੋਸਟਾਂ ਖਾਲੀ ਸਨ। ਇੱਕ ਤਰ੍ਹਾਂ ਨਾਲ ਦੋ-ਤਿਹਾਈ ਪੋਸਟਾਂ ਖਾਲੀ ਸਨ।*

*ਸ਼ਹਿਰੀ ਇਲਾਕਿਆਂ ਦੇ ਪੀ ਐੱਚ ਸੀ 'ਚ ਡਾਕਟਰਾਂ ਜਾਂ ਮੈਡੀਕਲ ਅਫਸਰਾਂ ਦੀਆਂ ਮਨਜ਼ੂਰ ਪੋਸਟਾਂ 9412 ਸਨ, ਪਰ 1796 ਖਾਲੀ ਸਨ। ਸ਼ਹਿਰੀ ਸੀ ਐੱਚ ਸੀ 'ਚ ਸਪੈਸ਼ਲਿਸਟਾਂ ਦੀਆਂ ਮਨਜ਼ੂਰ 3256 ਪੋਸਟਾਂ ਵਿੱਚੋਂ 1415 ਖਾਲੀ ਸਨ। ਸ਼ਹਿਰੀ ਪੀ ਐੱਚ ਸੀ ਵਿੱਚ ਨਰਸਾਂ ਦੀਆਂ ਮਨਜ਼ੂਰ 6500 ਤੋਂ ਵੱਧ ਪੋਸਟਾਂ ਵਿੱਚੋਂ 2400 ਅਤੇ ਸੀ ਐੱਚ ਸੀ ਵਿੱਚ 11,600 ਮਨਜ਼ੂਰ ਪੋਸਟਾਂ ਵਿੱਚੋਂ 2276 ਖਾਲੀ ਸਨ।*

*ਇਹ ਹਾਲਤ ਇਸ ਦੇ ਬਾਵਜੂਦ ਹੈ ਕਿ 2014 ਵਿੱਚ ਐੱਮ ਬੀ ਬੀ ਐੱਸ ਦੀਆਂ ਸੀਟਾਂ 51,000 ਤੋਂ ਵਧ ਕੇ 2024 ਵਿਚ 1,12,000 ਹੋ ਗਈਆਂ, ਜਦਕਿ ਪੋਸਟ-ਗ੍ਰੈਜੂਏਟਾਂ ਦੀਆਂ ਸੀਟਾਂ 31 ਹਜ਼ਾਰ ਤੋਂ ਵਧ ਕੇ 71 ਹਜ਼ਾਰ ਹੋ ਗਈਆਂ।*

*ਸਰਕਾਰੀ ਹਸਪਤਾਲਾਂ ਵਿੱਚ ਨਰਸਾਂ ਤੇ ਡਾਕਟਰਾਂ ਦੀ ਕਮੀ ਦਾ ਨਤੀਜਾ ਇਹ ਹੁੰਦਾ ਹੈ ਕਿ ਮਰੀਜ਼ਾਂ ਵੱਲ ਪੂਰਾ ਧਿਆਨ ਨਹੀਂ ਦੇ ਹੁੰਦਾ ਅਤੇ ਅਣਹੋਣੀ ਦੀ ਸੂਰਤ 'ਚ ਮਰੀਜ਼ਾਂ ਦੇ ਪਰਵਾਰ ਵਾਲੇ ਡਾਕਟਰਾਂ ਤੇ ਨਰਸਾਂ 'ਤੇ ਹੀ ਗੁੱਸਾ ਕੱਢਦੇ ਤੇ ਹਿੰਸਾ ਦਾ ਸ਼ਿਕਾਰ ਬਣਾਉਂਦੇ ਹਨ। ਦੇਸ਼ ਭਰ ਦਾ ਸਰਕਾਰੀ ਸਿਹਤ ਅਮਲਾ ਸੁਰੱਖਿਆ ਲਈ ਅਵਾਜ਼ ਉਠਾ ਰਿਹਾ ਹੈ। ਇਸ ਲਈ ਜ਼ਰੂਰੀ ਹੈ ਕਿ ਸਰਕਾਰ ਡਾਕਟਰਾਂ ਤੇ ਨਰਸਾਂ ਨੂੰ ਯੋਗ ਪ੍ਰੋਤਸਾਹਨ ਤੇ ਸੁਰੱਖਿਆ ਦੇਵੇ, ਤਾਂ ਜੋ ਉਹ ਪਿੰਡਾਂ ਵਿੱਚ ਕੰਮ ਕਰਨ ਤੋਂ ਖੌਫ ਨਾ ਖਾਣ।*

## ਪਾਠਕ-ਸੱਥ

### ਓਵਰਏਜ ਅਧਿਆਪਕਾਂ ਨੂੰ ਵੀ ਮੌਕਾ ਮਿਲੇ

ਪੰਜਾਬ ਵਿੱਚ ਮੌਜੂਦਾ ਸਰਕਾਰ ਸਿੱਖਿਆ ਖੇਤਰ ਨੂੰ ਇੱਕ ਪਾਸੇ ਦਿੱਲੀ ਮਾਡਲ ਦੀ ਤਰਜ਼ 'ਤੇ ਵਿਕਸਤ ਕਰਨ ਦੀ ਗੱਲ ਕਰ ਰਹੀ ਹੈ, ਦੂਜੇ ਪਾਸੇ ਸਰਕਾਰੀ ਸਿੱਖਿਆ ਸੰਸਥਾਵਾਂ ਵਿੱਚ ਵੱਡੇ ਪੱਧਰ 'ਤੇ ਅਧਿਆਪਕਾਂ ਦੀਆਂ ਅਸਾਮੀਆਂ ਖਾਲੀ ਪਈਆਂ ਹਨ ਅਤੇ ਸਰਕਾਰ ਨਵੀਆਂ ਭਰਤੀਆਂ ਨੂੰ ਰੋਕ ਕੇ ਬੈਠੀ ਹੋਈ ਹੈ। ਇੱਕ ਪਾਸੇ ਬੀ ਐੱਡ ਅਤੇ ਈ ਟੀ ਟੀ ਪਾਸ ਅਧਿਆਪਕ ਅਧਿਆਪਕ ਯੋਗਤਾ ਪ੍ਰੀਖਿਆ ਦੀ ਇੰਤਜ਼ਾਰ ਕਰਦੇ ਕਰਦੇ ਹੁਣ ਧਰਨੇ ਪ੍ਰਦਰਸ਼ਨਾਂ ਦੇ ਰਾਹ ਤੁਰ ਪਏ ਹਨ, ਪਰ ਸਰਕਾਰ ਸਿਰਫ਼ ਲਾਰੇ ਹੀ ਲਾ ਰਹੀ ਹੈ, ਦੂਸਰੇ ਪਾਸੇ ਪਹਿਲਾਂ ਤੋਂ ਹੀ ਪੀ ਐੱਸ ਟੈਟ ਪਾਸ ਹਜ਼ਾਰਾਂ ਯੋਗ ਅਧਿਆਪਕ ਨਵੀਆਂ ਭਰਤੀਆਂ ਦੀ ਉਡੀਕ ਵਿੱਚ ਹਨ, ਧਰਨੇ ਲਗਾ ਲਗਾ ਕੇ ਕਈ ਤਾਂ ਅੱਕ ਕੇ ਨਿਰਾਸ਼ ਹੋ ਕੇ ਬਹਿ ਗਏ ਹਨ। ਬਹੁਤੇ ਅਧਿਆਪਕਾਂ ਦੀ ਤਾਂ ਨੌਕਰੀ ਲੱਗਣ ਦੀ ਉਮਰ ਵੀ ਲੰਘ ਗਈ ਹੈ। ਇਹ ਸਾਡੇ ਪੰਜਾਬ ਦੇ ਸਿੱਖਿਆ ਪ੍ਰਬੰਧ ਦੀ ਬਹੁਤ ਵੱਡੀ ਤ੍ਰਾਸਦੀ ਹੈ ਕਿ ਅਧਿਆਪਕਾਂ ਨੂੰ ਭਰਤੀ ਦੇ ਇਸ਼ਤਿਹਾਰ ਜਾਰੀ ਕਰਵਾਉਣ ਲਈ ਧਰਨੇ-ਪ੍ਰਦਰਸ਼ਨ ਕਰਨੇ ਪੈਂਦੇ ਹਨ, ਪਰ ਸਰਕਾਰ ਪਤਾ ਨਹੀਂ ਸਭ ਕੁਝ ਦੇਖ ਸਮਝ ਕੇ ਵੀ ਸਿਰਫ਼ ਡੰਗ-ਟਪਾਊ ਨੀਤੀ 'ਤੇ ਚੱਲ ਰਹੀ ਹੈ। ਢਾਈ-ਤਿੰਨ ਸਾਲ ਹੋ ਗਏ, ਅਜੇ ਤੱਕ ਮੌਜੂਦਾ ਪੰਜਾਬ ਸਰਕਾਰ ਨੇ ਅਧਿਆਪਕ ਭਰਤੀ ਦਾ ਕੋਈ ਇਸ਼ਤਿਹਾਰ ਜਾਰੀ ਨਹੀਂ ਕੀਤਾ ਅਤੇ ਪਿਛਲੀ ਚੰਨੀ ਸਰਕਾਰ ਦੁਆਰਾ ਚਲਾਈ ਗਈ ਭਰਤੀ ਵੀ ਅਜੇ ਤੱਕ ਮੁਕੰਮਲ ਨਹੀਂ ਹੋ ਸਕੀ। ਬੇਨਤੀ ਸਰਕਾਰ ਨੂੰ ਇਹ ਵੀ ਹੈ ਕਿ ਇਸ ਵਾਰ ਭਰਤੀ ਦੇ ਇਸ਼ਤਿਹਾਰ ਵਿੱਚ ਓਵਰਏਜ ਅਧਿਆਪਕਾਂ ਨੂੰ ਘੱਟੋ-ਘੱਟ ਤਿੰਨ ਸਾਲ ਦੀ ਛੋਟ ਹੋਰ ਦਿੱਤੀ ਜਾਵੇ, ਤਾਂ ਜੋ ਇੱਕ ਮੌਕਾ ਹੋਰ ਉਹਨਾਂ ਅਧਿਆਪਕਾਂ ਨੂੰ ਜ਼ਰੂਰ ਮਿਲ ਸਕੇ, ਜਿਹਨਾਂ ਨੇ ਤਿੰਨ-ਤਿੰਨ, ਚਾਰ-ਚਾਰ ਪੀ ਐੱਸ ਟੈਟ ਪਾਸ ਕਰ ਰੱਖੇ ਹਨ, ਭਰ ਭਰਤੀ ਦੀ ਉਡੀਕ ਵਿੱਚ ਉਮਰ ਲੰਘਾ ਚੁੱਕੇ ਹਨ।

**-ਯਸ਼ਪਾਲ ਮਾਹਵਰ, ਸ਼੍ਰੀ ਮੁਕਤਸਰ ਸਾਹਿਬ।**

### ਮਾਲੀਆ ਇਕੱਠਾ ਕਰਨ ਦੀ ਮੁਸਤੈਦੀ

ਇਸ ਵਿੱਚ ਕੋਈ ਸ਼ੱਕ ਨਹੀਂ ਕਿ ਸਰਕਾਰਾਂ ਲੋਕਾਂ ਦੁਆਰਾ ਤਾਰੇ ਗਏ ਮਾਲੀਏ ਤੇ ਟੈਕਸਾਂ ਆਸਰੇ ਚੱਲਦੀ ਹਨ ਤੇ ਸਰਕਾਰਾਂ ਵੀ ਹਰ ਵੇਲੇ ਜੁਗਤ ਲੜਾਉਂਦੀਆਂ ਰਹਿੰਦੀਆਂ ਹਨ ਕਿ ਕਿਵੇਂ ਵੱਧ ਤੋਂ ਵੱਧ ਮਾਲੀਆ 'ਕੱਠਾ ਕੀਤਾ ਜਾਵੇ। ਲੰਘੇ ਦਿਨੀਂ ਪੰਜਾਬ ਵਿਧਾਨ ਸਭਾ ਦੀ ਇਕੱਤਰਤਾ ਵਿੱਚ ਵੀ ਪੈਟਰੋਲ, ਡੀਜ਼ਲ ਦੀਆਂ ਕੀਮਤਾਂ ਤੇ ਬੱਸਾਂ ਆਦਿ ਦੇ ਕਿਰਾਏ ਵਿਚ ਵਾਧਾ ਕੀਤਾ ਗਿਆ ਤੇ ਪੈਟਰੋਲ ਡੀਜ਼ਲ ਦੀਆਂ ਕੀਮਤਾਂ ਵਿਚ ਕੀਤਾ ਵਾਧਾ ਰਾਤ ਦੇ ਬਾਰਾਂ ਵਜੇ ਹੀ ਲਾਗੂ ਕਰ ਦਿੱਤਾ ਤੇ ਬੱਸਾਂ ਦੇ ਕਿਰਾਏ 'ਚ ਵਾਧੇ ਦਾ ਨੋਟੀਫਿਕੇਸ਼ਨ ਅਗਲੇ ਦਿਨ ਤੋਂ ਹੀ ਲਾਗੂ ਹੋ ਗਿਆ। ਦੂਜੇ ਪਾਸੇ ਜੋ ਲੋਕ ਹਿਤੈਸ਼ੀ ਮਤੇ ਹੁੰਦੇ ਹਨ ਉਹ ਜਲਦੀ ਲਾਗੂ ਨਾ ਹੋਣ ਕਰਕੇ ਜਨਤਾ ਬਹੁਤ ਪਰੇਸ਼ਾਨ ਹੁੰਦੀ ਹੈ, ਜਿਵੇਂ ਸੂਬੇ ਵਿੱਚ ਪਲਾਟਾਂ ਦੀਆਂ ਰਜਿਸਟਰੀਆਂ ਕਰਵਾਉਣ ਬਾਬਤ ਐਨ ਓ ਸੀ ਦੀ ਸ਼ਰਤ ਖ਼ਤਮ ਦਾ ਮਤਾ ਪਾਸ ਕੀਤਾ ਸੀ, ਉਸ ਬਾਰੇ ਜਨਤਾ ਵਿਚ ਅਜੇ ਵੀ ਭੰਬਲਭੂਸੇ ਵਾਲੀ ਸਥਿਤੀ ਹੋਣ ਕਰਕੇ ਉਹ ਐਨ ਓ ਸੀ ਦੀ ਸ਼ਰਤ ਖ਼ਤਮ ਵਾਲੇ ਅਖ਼ਬਾਰਾਂ ਦੀ ਖ਼ਬਰ ਦੀ ਕਟਿੰਗ ਚੁੱਕੀ ਸਬੰਧਤ ਦਫਤਰਾਂ ਦੇ ਕਰਮਚਾਰੀਆਂ ਨਾਲ ਬਹਿਸਦੀ ਬੇਵਜ੍ਹਾ ਖੱਜਲ ਖੁਆਰ ਹੁੰਦੀ ਰਹਿੰਦੀ ਹੈ। ਸਰਕਾਰ ਨੂੰ ਅਜਿਹੇ ਲੋਕ ਹਿਤੈਸ਼ੀ ਮਸਲਿਆਂ ਬਾਰੇ ਵੀ ਮੁਸਤੈਦੀ ਦਿਖਾਉਣ ਦੀ ਲੋੜ ਹੈ।

**-ਨੀਲ ਕਮਲ ਰਾਣਾ ਦਿੜ੍ਹਬਾ, 98151-71874**

# ਕੈਨੇਡਾ ਦੇ ਪ੍ਰਵਾਸੀ ਵਿਦਿਆਰਥੀਆਂ ਦੀ ਬਾਂਹ ਫੜਨ ਦੀ ਲੋੜ



ਪਰਗਟ ਸਿੰਘ ਜਾਮਾਰਾਏ

ਪ੍ਰਵਾਸ ਦੇ ਅਨੇਕਾਂ ਹੀ ਕਾਰਨ ਰਹੇ ਹਨ। ਇਹਨਾਂ ਕਾਰਨਾਂ ਵਿੱਚੋਂ ਸਭ ਤੋਂ ਪ੍ਰਮੁੱਖ ਕਾਰਨ ਵਧੀਆ ਜੀਵਨ ਜਿਉਣ ਦੀ ਲਾਲਸਾ ਲਈ ਵਧੀਆ ਭੂਗੋਲਿਕ ਖਿੱਤਿਆਂ ਦੀ ਤਲਾਸ਼ ਰਿਹਾ ਹੈ। ਚਿਰਾਂ ਤੋਂ ਹੀ ਮਨੁੱਖ ਉਸ ਭੂਗੋਲਿਕ ਖਿੱਤੇ ਵੱਲ ਜਾਣ ਦੀ ਇੱਛਾ ਕਰਦਾ ਰਿਹਾ, ਜਿਸ ਧਰਤੀ 'ਤੇ ਉਸ ਨੂੰ ਵਧੇਰੇ ਸੁੱਖ-ਸਹੂਲਤਾਂ ਮਿਲਣ। ਜੇ ਅੱਜ ਅਸੀਂ ਹਿੰਦੁਸਤਾਨੀਆਂ ਦੇ ਪ੍ਰਵਾਸ ਦੀ ਗੱਲ ਕਰੀਏ ਤਾਂ ਇਸ ਦਾ ਵੀ ਸੰਬੰਧ ਬਹੁਤਾ ਆਰਥਿਕਤਾ ਨਾਲ ਹੈ। ਭਾਰਤ ਦੀ ਧਰਤੀ ਜਿਹੜੀ ਬਹੁਤ ਉਪਜਾਊ ਹੈ, ਜਿੱਥੇ ਵਧੀਆ ਪੌਣ-ਪਾਣੀ ਵੀ ਵਧੀਆ ਹੈ, ਫਿਰ ਇਸ ਧਰਤੀ ਦੇ ਲੋਕ ਉਹਨਾਂ ਧਰਤੀਆਂ ਵੱਲ ਕਿਉਂ ਜਾ ਰਹੇ ਹਨ, ਜਿਨ੍ਹਾਂ ਧਰਤੀਆਂ 'ਤੇ ਅੰਤਾਂ ਦੀ ਠੰਢ ਤੇ ਜੀਵਨ ਬਹੁਤ ਕਠਿਨ ਹੈ? ਸਵਾਲ ਇਹ ਬਣਦਾ?

ਇਸੇ ਸਵਾਲ ਦੇ ਜਵਾਬ ਦੀ ਤਲਾਸ਼ ਵਿੱਚ ਅਸੀਂ ਇਹ ਆਖ ਸਕਦੇ ਹਾਂ ਕਿ ਮਨੁੱਖ ਉਸ ਭੂਗੋਲਿਕ ਖਿੱਤੇ ਵੱਲ ਜਾਂਦਾ, ਜਿੱਥੇ ਉਸ ਦਾ ਜੀਵਨ ਵਧੀਆ ਤਰੀਕੇ ਨਾਲ ਨਿਭ ਸਕੇ। ਕੇਵਲ ਕੁਦਰਤੀ ਪੌਣ-ਪਾਣੀ ਹੀ ਮਨੁੱਖ ਨੂੰ ਨਹੀਂ ਚਾਹੀਦੇ। ਮਨੁੱਖ ਨੂੰ ਉਹ ਸਮਾਜਿਕ ਰਾਜਨੀਤਕ ਆਲਾ-ਦੁਆਲਾ ਵੀ ਵਧੀਆ ਚਾਹੀਦਾ, ਜਿਸ ਵਿੱਚ ਮਨੁੱਖ ਸੁੱਖ ਦਾ ਸਾਹ ਲੈ ਸਕੇ। ਜਿਹੜੇ ਦੇਸ਼ ਅੱਜ ਵਧੀਆ ਹਨ, ਉਹਨਾਂ ਦੇਸ਼ਾਂ ਨੂੰ ਵਧੀਆ ਉੱਥੋਂ ਦੇ ਰਾਜਸੀ ਲੀਡਰਾਂ ਨੇ ਬਣਾਇਆ। ਜੇ ਅੱਜ ਹਿੰਦੁਸਤਾਨ ਦੀ ਸਥਿਤੀ ਬਹੁਤ ਹੀ ਵਧੀਆ ਨਹੀਂ ਤੇ ਇਸ ਦੀ ਜ਼ਿੰਮੇਵਾਰੀ ਵੀ ਰਾਜਸੀ ਲੀਡਰਾਂ ਸਿਰ ਆਉਂਦੀ ਹੈ। ਜਿਨ੍ਹਾਂ ਨੇ ਲੰਮਾ ਸਮਾਂ ਭਾਰਤ 'ਤੇ ਰਾਜ ਕੀਤਾ ਤੇ ਉਸ ਰਾਜ ਵਿੱਚੋਂ ਨਿੱਜੀ ਧਨ-ਦੌਲਤ ਦਾ ਵਾਧਾ ਕੀਤਾ ਤੇ ਦੇਸ਼ ਦੀ ਆਮ ਜਨਤਾ ਨੂੰ ਕੰਗਾਲ ਬਣਾ ਕੇ ਰੱਖ ਦਿੱਤਾ।

ਹਿੰਦੁਸਤਾਨ ਦੇ ਲੋਕ ਵੱਖ-ਵੱਖ ਦੇਸ਼ਾਂ ਨੂੰ ਜਾਣਾ ਸੁਰੂ ਉਦੋਂ ਹੁੰਦੇ ਹਨ, ਜਦੋਂ ਉਹ ਅੰਗਰੇਜ਼ਾਂ ਦੇ ਅਰਦਲੀ ਸਨ। ਅੰਗਰੇਜ਼ਾਂ ਨੇ ਆਪਣੀ ਦੇਖਰੇਖ ਲਈ ਆਪਣੀ ਸੇਵਾ ਵਾਸਤੇ ਵਧੀਆ ਫੌਜੀ ਸਿਪਾਹੀਆਂ ਨੂੰ ਸਿੰਘਾਪੁਰ, ਬਰਮਾ, ਚੀਨ ਆਦਿ ਦੇਸ਼ਾਂ ਵਿੱਚ ਨਾਲ ਖੜ੍ਹਿਆ, ਉਦੋਂ ਤੋਂ ਹੀ ਮਨੁੱਖ ਦੀ ਇੱਕ ਜਗਿਆਸਾ ਜਾਗੀ ਕਿ ਉਹ ਉਹਨਾਂ ਧਰਤੀਆਂ 'ਤੇ ਜਾਵੇ, ਜਿਹੜੀਆਂ ਧਰਤੀਆਂ ਨਾ ਕੇਵਲ ਭੂਗੋਲਿਕ ਤੌਰ 'ਤੇ, ਸਗੋਂ ਰਾਜਸੀ ਤੇ ਸਮਾਜਿਕ ਤੌਰ 'ਤੇ ਵੀ ਬਿਹਤਰ ਹਨ।

ਕੈਨੇਡਾ ਵਿੱਚ ਹਿੰਦੁਸਤਾਨ ਦੇ ਪ੍ਰਵਾਸ ਦਾ ਆਰੰਭ ਵੀ ਅਜਿਹੀ ਹੀ ਇਕ ਘਟਨਾ ਨਾਲ ਹੁੰਦਾ, ਜਦੋਂ ਮਲਕਾ ਵਿਕਟੋਰੀਆ ਦੇ ਸਿਲਵਰ ਜੁਬਲੀ ਜਸ਼ਨਾਂ 'ਤੇ ਜਾਂਦੇ ਭਾਰਤ ਦੇ ਸਿਪਾਹੀ ਵਾਪਸੀ ਵੇਲੇ ਬ੍ਰਿਟਿਸ਼ ਕੋਲੰਬੀਆ ਵਿੱਚ ਰੁਕ ਜਾਂਦੇ ਹਨ ਜਾਂ ਜਿਹੜੇ ਵਾਪਸ ਵੀ ਆ ਜਾਂਦੇ ਹਨ, ਉਹ ਉਹਨਾਂ ਧਰਤੀਆਂ 'ਤੇ ਰਹਿਣ ਦਾ ਸੁਪਨਾ ਆਪਣੇ ਮਨ ਵਿੱਚ ਲੈ ਕੇ ਆਉਂਦੇ ਹਨ। 20ਵੀਂ ਸਦੀ ਦੇ ਪਹਿਲੇ ਵਰ੍ਹਿਆਂ ਵਿੱਚ ਇਹ ਕੈਨੇਡਾ ਦੇ ਪ੍ਰਵਾਸ ਦਾ ਸਫਰ ਆਰੰਭ ਹੁੰਦਾ ਹੈ।

ਵੀਹਵੀਂ ਸਦੀ ਜਦੋਂ ਭਾਰਤ ਗੁਲਾਮ ਸੀ, ਜਦੋਂ ਬਹੁਤੇ ਲੋਕ ਇਹ ਸਮਝਦੇ ਸੀ ਸਾਡੀ ਕੰਗਾਲੀ ਦਾ ਕਾਰਨ ਵਿਦੇਸ਼ੀ ਸ਼ਾਸਕ ਹਨ। ਕਿਉਂਕਿ ਸਾਡੇ 'ਤੇ ਵਿਦੇਸ਼ੀ ਤਾਕਤਾਂ ਰਾਜ ਕਰਦੀਆਂ ਨੇ। ਸੋ ਇਸ ਲਈ ਇਸ ਦੇਸ਼ ਨੂੰ ਆਜ਼ਾਦ ਕਰਾਉਣਾ ਕੁਝ ਲੋਕਾਂ ਦਾ ਏਜੰਡਾ ਸੀ। ਉਹ ਲੋਕ ਭਾਵੇਂ ਮੁੱਠੀ ਭਰ ਸਨ, ਪਰ ਉਹ ਦਿਨ-ਰਾਤ ਇਸ ਭਾਰਤ ਨੂੰ ਆਜ਼ਾਦ ਕਰਾਉਣ ਦੇ ਖਿਆਲ ਨਾਲ ਲੋਕਾਂ ਨੂੰ ਜਥੇਬੰਦ ਕਰਨ ਵਿੱਚ ਲੱਗੇ ਹੋਏ ਸਨ। ਕੁਝ ਲੋਕ ਵਧੀਆ ਜ਼ਿੰਦਗੀ ਲਈ ਆਪਣੇ ਨਿੱਜ ਨੂੰ ਧਿਆਨ 'ਚ ਰੱਖਦੇ ਉਹਨਾਂ ਧਰਤੀਆਂ 'ਤੇ ਚਲੇ ਗਏ, ਜਿਹੜੀਆਂ ਬਿਹਤਰ ਸਨ ਤੇ ਕੁਝ ਲੋਕ ਜਿਵੇਂ ਗਦਰੀ ਬਾਬੇ ਤੇ ਉਹਨਾਂ ਨੂੰ ਚਾਹੁਣ ਵਾਲੇ ਅਮਰੀਕਾ, ਕੈਨੇਡਾ ਦੇ ਸਵਰਗ ਨੂੰ ਲੱਤ ਮਾਰ ਕੇ ਵਾਪਸ ਭਾਰਤ ਵਿੱਚ ਆ ਗਏ। ਇੱਥੇ ਆ ਕੇ ਉਨ੍ਹਾਂ ਜੇਲ੍ਹਾਂ ਕੱਟੀਆਂ, ਫਾਂਸੀਆਂ ਦੇ ਰੱਸਿਆਂ ਨੂੰ ਚੁੰਮਿਆ ਤੇ ਹਰ ਤਰ੍ਹਾਂ ਦਾ ਕਸਟ ਝੱਲਿਆ ਤੇ ਅੰਤ 15 ਅਗਸਤ 1947 ਨੂੰ ਦੇਸ਼ ਆਜ਼ਾਦ ਹੋ ਗਿਆ।

ਦੇਸ਼ ਆਜ਼ਾਦ ਹੋ ਜਾਣ ਤੋਂ ਬਾਅਦ ਵੀ ਦੇਸ਼ ਦੇ ਅੰਦਰ ਭੁੱਖਮਰੀ, ਗਰੀਬੀ ਵਿੱਚ ਕੋਈ ਫਰਕ ਨਹੀਂ ਆਇਆ, ਸਗੋਂ ਇਹ ਹੋਰ ਵਧਣ ਲੱਗੀ। ਅੱਜ ਜਦੋਂ ਦੇਸ਼ ਦੀ ਆਜ਼ਾਦੀ 75 ਸਾਲਾਂ ਤੋਂ ਵੀ ਵਡੇਰੀ ਉਮਰ ਦੀ ਹੋ ਗਈ ਹੈ, ਪਰ ਦੇਸ਼ ਦੀਆਂ ਆਰਥਿਕ, ਸਮਾਜਿਕ ਹਾਲਤਾਂ ਵਿੱਚ ਕੋਈ ਸੁਧਾਰ ਨਹੀਂ ਦੇਖਿਆ ਜਾ ਰਿਹਾ। ਅਜਿਹੀਆਂ ਸਥਿਤੀਆਂ ਵਿੱਚ ਵੱਡੀ ਗਿਣਤੀ 'ਚ ਲੋਕ ਅੱਜ ਵੀ ਪ੍ਰਵਾਸ ਆਪਣੇ ਬਿਹਤਰ ਜੀਵਨ ਲਈ ਕਰਦੇ ਹਨ। ਬਿਹਤਰ ਜੀਵਨ ਦੀ ਭਾਲ ਵਿੱਚ ਜਦੋਂ ਜਿੱਥੇ ਵੀ ਕਿਸੇ ਨੂੰ ਮੌਕਾ ਮਿਲਦਾ, ਉਹ ਉਸੇ ਰੂਪ ਵਿੱਚ ਜਾਣ ਲਈ ਤਿਆਰ ਹੋ ਜਾਂਦਾ। ਸਿੱਟੇ ਵਜੋਂ ਅਸੀਂ ਦੇਖਦੇ ਹਾਂ ਕਿ ਬਹੁਤ ਲੋਕ ਮੈਕਸੀਕੋ ਦੇ ਬਾਰਡਰ ਨੂੰ ਪਾਰ ਕਰਦੇ ਮਾਰੇ ਜਾਣ ਦੀਆਂ ਖਬਰਾਂ ਆਉਂਦੀਆਂ ਨੇ। ਮਾਲਟਾ ਦੇ ਸਾਗਰਾਂ ਵਿੱਚ ਜਹਾਜ਼ ਦੇ ਡੁੱਬ ਜਾਣ ਨਾਲ ਸੈਂਕੜੇ ਪੰਜਾਬੀਆਂ ਦੇ ਮਾਰੇ ਜਾਣ ਦੀਆਂ ਮੰਦਭਾਗੀਆਂ ਖਬਰਾਂ ਸਾਨੂੰ ਭੁੱਲੀਆਂ ਨਹੀਂ, ਪਰ ਇਸ ਸਾਰੇ ਦੇ ਨਾਲ-ਨਾਲ ਕੁਝ ਵਿਦਿਆਰਥੀ ਕੈਨੇਡਾ ਵੱਲੋਂ ਆਸਟਰੇਲੀਆ ਵੱਲੋਂ ਜਾਂ ਨਿਊਜ਼ੀਲੈਂਡ ਵੱਲੋਂ ਦਿੱਤੀਆਂ ਜਾ ਰਹੀਆਂ ਪੜ੍ਹਨ ਦੀਆਂ ਸਹੂਲਤਾਂ ਦੇ ਨਾਲ ਪੱਕੇ ਹੋਣ ਦੇ ਮਨੋਰਥ ਨਾਲ ਉੱਥੇ ਜਾ ਰਹੇ ਹਨ ਪਰ ਪਿਛਲੇ ਦਿਨਾਂ ਤੋਂ ਜਿਉਂ-ਜਿਉਂ ਆਰਥਿਕ ਸੰਕਟ ਗਹਿਰਾਅ ਰਹੇ ਹਨ, ਵਿਦੇਸ਼ਾਂ ਵਿੱਚ ਪੜ੍ਹਨ ਦੇ ਬਹਾਨੇ ਨਾਲ ਗਏ ਪੱਕੇ ਹੋਣ ਦੀ ਇੰਤਜ਼ਾਰ ਕਰਦੇ ਵਿਦਿਆਰਥੀਆਂ ਅੰਦਰ ਬੇਚੈਨੀ ਵਧ ਗਈ ਹੈ, ਕਿਉਂਕਿ ਇਹਨਾਂ ਦੇਸ਼ਾਂ ਨੇ ਇਨ੍ਹਾਂ ਪ੍ਰਵਾਸੀ ਵਿਦਿਆਰਥੀਆਂ ਲਈ ਦਰਵਾਜ਼ੇ ਬੰਦ ਕਰ ਦਿੱਤੇ ਹਨ। ਹਾਲ ਹੀ ਵਿੱਚ ਕੈਨੇਡਾ ਦੀ ਸਰਕਾਰ ਜਸਟਿਨ ਟਰੂਡੋ ਦੀ ਸਰਕਾਰ ਨੇ ਵੱਡੇ ਪੱਧਰ 'ਤੇ ਵਿਦਿਆਰਥੀਆਂ ਦੀ ਆਮਦ 'ਤੇ ਰੋਕ ਲਾ ਦਿੱਤੀ ਹੈ। ਜਿਹੜੇ ਵਿਦਿਆਰਥੀ ਉੱਥੇ ਪੜ੍ਹਨ ਗਏ, ਉਹਨਾਂ ਨੂੰ ਵਰਕ ਪਰਮਿਟ ਨਹੀਂ ਮਿਲਦਾ। ਉਹਨਾਂ ਵਿਦਿਆਰਥੀਆਂ ਨੂੰ ਪੱਕੇ ਹੋਣ ਵਿੱਚ 25% ਦੀ ਕਟੌਤੀ ਕਰ ਦਿੱਤੀ ਗਈ ਹੈ। ਕੈਨੇਡਾ ਦੇ ਸਥਾਨਕ ਮੂਲ ਨਿਵਾਸੀ ਤੇ ਸਿਟੀਜ਼ਨ ਲੋਕ ਵਿਦਿਆਰਥੀਆਂ ਦੀ ਬੇਲੋੜੀ ਆਮਦ ਤੋਂ ਤੰਗ ਆਏ ਬੈਠੇ ਹਨ, ਪਰ ਹਿੰਦੁਸਤਾਨ 'ਚੋਂ ਵੱਡੀ ਪੱਧਰ 'ਤੇ ਵਿਦਿਆਰਥੀ ਕਰੋੜਾਂ ਰੁਪਈਆ ਖਰਚ ਕੇ ਕੈਨੇਡਾ ਦੀ ਧਰਤੀ ਦੇ ਉਸ ਸਵਰਗ ਨੂੰ ਮਾਨਣ ਗਏ ਸੀ, ਜਿਹੜੇ ਸਵਰਗ ਦੀ ਅਸਲੀਅਤ ਅੱਜ ਉਹਨਾਂ ਦੇ ਸਾਹਮਣੇ ਆ ਗਈ ਹੈ। ਉਹ ਵਿਦਿਆਰਥੀ ਇਸ ਆਸ ਨਾਲ ਗਏ ਸੀ ਕਿ ਉਹ ਉਥੇ ਪੱਕੇ ਹੋ ਜਾਣਗੇ, ਪਰੰਤੂ ਕੈਨੇਡਾ ਦੀ ਸਰਕਾਰ ਨੇ ਇੱਕ-ਇੱਕ ਕਰਕੇ ਪੱਕੇ ਹੋਣ ਦੀਆਂ ਸਾਰੀਆਂ ਹੀ ਸੰਭਾਵਨਾਵਾਂ ਉੱਤੇ ਪਾਣੀ ਫੇਰ ਦਿੱਤਾ ਹੈ। ਅੱਜ ਕਰੀਬ 70 ਹਜ਼ਾਰ ਪ੍ਰਵਾਸੀ ਵਿਦਿਆਰਥੀਆਂ ਦੇ ਵਾਪਸ ਪਰਤ ਆਉਣ ਦੀਆਂ ਸੰਭਾਵਨਾਵਾਂ ਵਧ ਗਈਆਂ ਹਨ, ਜਿਨ੍ਹਾਂ ਵਿੱਚ 45 ਹਜ਼ਾਰ ਦੇ ਕਰੀਬ ਪੰਜਾਬੀ ਹਨ। ਇਹ ਪੰਜਾਬੀ ਲੱਗਭੱਗ 25-25, 30-30 ਲੱਖ ਰੁਪਈਆ ਖਰਚ ਕੇ ਆਪਣੀ ਜ਼ਿੰਦਗੀ ਦੇ ਪੰਜ-ਪੰਜ ਸਾਲ ਕੈਨੇਡਾ ਦੀ ਧਰਤੀ ਨੂੰ ਦੇ ਦੇਣ ਤੋਂ ਬਾਅਦ ਹੁਣ ਉਥੇ ਸੜਕਾਂ 'ਤੇ ਅੰਦੋਲਨ ਕਰ ਰਹੇ ਹਨ, ਇਹਨਾਂ ਅੰਦੋਲਨ ਕਰਦੇ ਵਿਦਿਆਰਥੀਆਂ ਦੀ ਨਾ ਤਾਂ ਹਿੰਦੁਸਤਾਨ ਦੀ ਸਰਕਾਰ ਨੇ ਤੇ ਨਾ ਹੀ ਪੰਜਾਬ ਸਰਕਾਰ ਨੇ ਕੋਈ ਬਾਂਹ ਫੜੀ ਹੈ, ਜਿੱਥੇ ਵਿਦਿਆਰਥੀ ਕੈਨੇਡਾ ਦੀਆਂ ਸੜਕਾਂ 'ਤੇ ਬੇਚੈਨ ਹਨ, ਉੱਥੇ ਉਹਨਾਂ ਵਿਦਿਆਰਥੀਆਂ ਦੇ ਮਾਪੇ ਪੰਜਾਬ ਦੀ ਧਰਤੀ 'ਤੇ ਦਿਨ-ਰਾਤ ਬੇਚੈਨ ਹਨ, ਉਹਨਾਂ ਦੀ ਬਾਂਹ ਫੜਨ ਵਾਲਾ ਕੋਈ ਨਹੀਂ। ਅਸੀਂ ਪੰਜਾਬ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਉਹ ਕੇਂਦਰ ਦੀ ਮੋਦੀ ਸਰਕਾਰ 'ਤੇ ਦਬਾਅ ਬਣਾਵੇ ਕਿ ਕੈਨੇਡਾ ਦੀ ਸਰਕਾਰ ਨਾਲ ਡਿਪਲੋਮੈਟਿਕ ਸੰਬੰਧਾਂ ਦੇ ਰਾਹੀਂ ਇਹਨਾਂ ਵਿਦਿਆਰਥੀਆਂ ਨੂੰ ਪੱਕੇ ਕਰਨ ਦੀ ਅਪੀਲ ਕਰੇ। ਜਿਨ੍ਹਾਂ ਵਿਦਿਆਰਥੀਆਂ ਨੇ ਨਾ ਕੇਵਲ ਵੱਡੀ ਪੱਧਰ 'ਤੇ ਧਨ-ਦੌਲਤ ਹੀ ਬਰਬਾਦ ਕਰ ਦਿੱਤਾ ਹੈ, ਉਥੇ ਆਪਣੀ ਜ਼ਿੰਦਗੀ ਦੇ ਕੀਮਤੀ ਚਾਰ-ਪੰਜ ਵਰ੍ਹੇ ਵੀ ਉਸ ਧਰਤੀ ਨੂੰ ਦੇ ਦਿੱਤੇ ਹਨ।

ਜਸਟਿਨ ਟਰੂਡੋ ਨੇ 18 ਮਈ, 2016 ਨੂੰ ਓਟਾਵਾ ਵਿੱਚ ਹਾਊਸ ਆੱਫ ਕਾਮਨਜ਼ ਨੂੰ ਸੰਬੋਧਨ ਕਰਦਿਆਂ ਕੈਨੇਡਾ ਦੀ ਧਰਤੀ 'ਤੇ ਕਾਮਾਗਾਟਾ ਮਾਰੂ ਦੇ ਦਰਦਨਾਕ ਹਾਦਸੇ ਨੂੰ ਯਾਦ ਕਰਦਿਆਂ ਇਸ ਦੀ ਮਾਫੀ ਮੰਗੀ ਸੀ, ਅੱਜ ਉਹੀ ਜਸਟਿਨ ਟਰੂਡੋ ਕਾਮਾਗਾਟਾ ਮਾਰੂ ਦੀ ਯਾਦ ਨੂੰ ਦੋਹਰਾ ਰਿਹਾ ਹੈ। ਕਾਮਾਗਾਟਾ ਮਾਰੂ ਕੇਵਲ 250 ਮੁਸਾਫਰਾਂ ਨੂੰ ਲੈ ਕੇ ਗਿਆ ਸੀ, ਪਰ ਅੱਜ 70 ਹਜ਼ਾਰ ਵਿਦਿਆਰਥੀ ਇਸ ਸੰਤਾਪ ਨੂੰ ਭੋਗ ਰਹੇ ਹਨ। ਮਾਫੀ ਮੰਗਣ ਵਾਲਾ ਜਸਟ ਐਂਡ ਟਰੂਡੋ ਅੱਠਾਂ ਸਾਲਾਂ ਵਿੱਚ ਹੀ ਉਸ ਮਾਫੀ ਦੇ ਅਰਥਾਂ ਨੂੰ ਭੁੱਲ ਗਿਆ ਹੈ ਤੇ ਅੱਜ ਆਪ ਵੀ ਉਹੀ ਗਲਤੀ ਦੁਹਰਾਅ ਰਿਹਾ ਹੈ, ਜਿਹੜੀ ਉਹਦੇ ਪੁਰਖਿਆਂ ਨੇ ਇੱਕ ਸਦੀ ਪਹਿਲਾਂ ਕੀਤੀ ਸੀ।

ਜਿਨ੍ਹਾਂ ਵਿਦਿਆਰਥੀਆਂ ਨੇ ਇਮਾਨਦਾਰੀ ਨਾਲ ਉਥੇ ਕੰਮ ਕੀਤਾ, ਜਿਨ੍ਹਾਂ ਵਿਦਿਆਰਥੀਆਂ ਨੇ ਉੱਥੇ ਦੇ ਟੈਕਸ ਭਰੇ ਹਨ, ਉਹਨਾਂ ਵਿਦਿਆਰਥੀਆਂ ਨਾਲ ਅੱਜ ਜਿਸ ਤਰ੍ਹਾਂ ਦਾ ਵਿਹਾਰ ਕੀਤਾ ਜਾ ਰਿਹਾ ਹੈ, ਉਹ ਵਿਹਾਰ ਬਰਦਾਸ਼ਤ ਕਰਨ ਵਾਲਾ ਨਹੀਂ। ਅਸੀਂ ਵੀ ਕੈਨੇਡਾ ਦੀ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਉਹ ਆਪਣੇ ਫੈਸਲੇ 'ਤੇ ਪੁਨਰ ਵਿਚਾਰ ਕਰੇ ਤੇ ਇਹਨਾਂ 70 ਹਜ਼ਾਰ ਵਿਦਿਆਰਥੀਆਂ ਨੂੰ ਪੱਕਿਆਂ ਕਰੇ।

ਮੈਂ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਪੰਜਾਬ ਸਕੱਤਰ ਵਜੋਂ ਸਮੂਹ ਪੰਜਾਬੀਆਂ ਨੂੰ ਅਪੀਲ ਕਰਦਾ ਹਾਂ ਕਿ 70 ਹਜ਼ਾਰ ਪ੍ਰਵਾਸੀਆਂ ਦੇ ਲਈ ਇੱਕਮੁੱਠ ਹੋ ਕੇ ਆਵਾਜ਼ ਬੁਲੰਦ ਕਰੀਏ ਤੇ ਨਾਲ ਹੀ ਪੰਜਾਬ ਸਰਕਾਰ ਨੂੰ ਅਪੀਲ ਕਰਦਾ ਹਾਂ ਕਿ ਆਪਣੇ ਲਾਲਚ ਵਾਸਤੇ ਜਿਨ੍ਹਾਂ ਏਜੰਟਾਂ ਨੇ ਇਹਨਾਂ ਵਿਦਿਆਰਥੀਆਂ ਨੂੰ ਗੁੰਮਰਾਹ ਕਰਕੇ ਭੇਜਿਆ, ਉਹਨਾਂ ਖਿਲਾਫ ਕਾਰਵਾਈ ਦੀ ਮੰਗ ਕਰੀਏ। ਅੱਜ ਇੱਕ ਬੰਨੇ ਤਾਂ ਵੱਡੀ ਗਿਣਤੀ ਵਿੱਚ ਵਿਦਿਆਰਥੀ ਉਥੇ ਬੇਚੈਨ ਬੈਠੇ ਹਨ, ਦੂਸਰੇ ਪਾਸੇ ਅੱਜ ਵੀ ਇਸ ਤਰ੍ਹਾਂ ਦੇ ਇਸ਼ਤਿਹਾਰ ਸੋਸ਼ਲ ਮੀਡੀਆ 'ਤੇ ਦੇਖੇ ਜਾ ਸਕਦੇ ਹਨ, ਜਿਸ ਵਿੱਚ ਕਮਿਸ਼ਨ ਖਾਣ ਵਾਲੇ ਏਜੰਟ ਇਸ ਤਰ੍ਹਾਂ ਦਾ ਪ੍ਰਚਾਰ ਕਰ ਰਹੇ ਹਨ ਕਿ ਅੱਜ ਸਭ ਤੋਂ ਸੁਨਹਿਰੀ ਮੌਕਾ ਹੈ ਕੈਨੇਡਾ ਦੀ ਧਰਤੀ 'ਤੇ ਪੱਕੇ ਹੋਣ ਦਾ। ਸੋ ਪੰਜਾਬ ਸਰਕਾਰ ਦੀ ਇੱਕ ਪਾਸੇ ਡਿਊਟੀ ਉਹਨਾਂ ਫਸੇ 70 ਹਜ਼ਾਰ ਵਿਦਿਆਰਥੀਆਂ ਦੀ ਹਰ ਪੱਖੋਂ ਮਦਦ ਕਰਨ ਦੀ ਬਣਦੀ ਹੈ ਤੇ ਦੂਜੇ ਪਾਸੇ ਇਹਨਾਂ ਆਇਲੈਟਸ ਸੈਂਟਰਾਂ ਦੇ ਮਾਲਕਾਂ ਤੇ ਇਹਨਾਂ ਏਜੰਟਾਂ 'ਤੇ ਨਕੇਲ ਕੱਸਣ ਦੀ ਵੀ ਬਣਦੀ ਹੈ, ਜਿਹੜੇ ਅੱਜ ਵੀ ਇਹਨਾਂ ਭੋਲੇ-ਭਾਲੇ ਵਿਦਿਆਰਥੀਆਂ ਨੂੰ ਗੁੰਮਰਾਹ ਕਰਕੇ ਝੂਠੇ ਸਵਰਗ ਦੇ ਸੁਪਨੇ ਦਿਖਾ ਰਹੇ ਹਨ। ਅਸੀਂ ਉਹਨਾਂ ਮਾਪਿਆਂ ਦੀ ਤੇ ਉਹਨਾਂ ਵਿਦਿਆਰਥੀਆਂ ਦੀ ਬਾਂਹ ਫੜਨ ਲਈ ਆਪਣੀ ਪਾਰਟੀ ਵੱਲੋਂ ਹੁੰਗਾਰਾ ਭਰਦੇ ਹਾਂ। ਆਓ ਉਹਨਾਂ 70 ਹਜ਼ਾਰ ਪ੍ਰਵਾਸੀ ਮਜ਼ਦੂਰਾਂ ਲਈ ਹਾਂ ਦਾ ਨਾਅਰਾ ਮਾਰੀਏ।

**# ਸੰਪਰਕ : 98769-81571**

# ਕਲਮ ਦਾ ਜਾਦੂ



ਅਮਰਜੀਤ ਸਿੰਘ 'ਫੌਜੀ'

ਅੱਜਕੱਲ੍ਹ ਪੰਜਾਬੀ ਸਾਹਿਤ ਬਹੁਤ ਵੱਡੀ ਤਾਦਾਦ ਵਿੱਚ ਰਚਿਆ ਜਾ ਰਿਹਾ ਹੈ ਅਤੇ ਇਸ ਦਾ ਦਾਇਰਾ ਬਹੁਤ ਵਿਸ਼ਾਲ ਹੋ ਚੁੱਕਾ ਹੈ। ਇਸ ਨੂੰ ਲਿਖਣ ਅਤੇ ਪੜ੍ਹਨ ਵਾਲੇ ਲੋਕ ਹਰ ਖਿੱਤੇ ਵਿੱਚ, ਹਰ ਪਿੰਡ, ਸ਼ਹਿਰ, ਗਲੀ ਮੁਹੱਲੇ ਵਿੱਚ ਮਿਲ਼ ਜਾਣਗੇ। ਪੰਜਾਬੀ ਸਾਹਿਤ ਬੇਸ਼ੱਕ ਉਹ ਗੀਤ, ਗ਼ਜ਼ਲ, ਕਵਿਤਾ, ਕਹਾਣੀ ਜਾਂ ਅਖ਼ਬਾਰਾਂ ਦੇ ਲੇਖ ਹੋਣ ਉਨ੍ਹਾਂ ਨੂੰ ਪੜ੍ਹਨ ਵਾਲਿਆਂ ਦੀ ਗਿਣਤੀ ਤਾਂ ਅਣਗਿਣਤ ਹੈ। ਕੁਝ ਪਾਠਕ ਅਖ਼ਬਾਰਾਂ ਵਿੱਚ ਛਪੇ ਇਸ ਸਾਹਿਤ ਨੂੰ ਪੜ੍ਹ ਕੇ ਲੇਖਕ ਨੂੰ ਫੋਨ ਕਰਕੇ ਉਸ ਦੀ ਹੌਸਲਾ-ਅਫਜ਼ਾਈ ਵੀ ਕਰਦੇ ਹਨ ਤੇ ਕੋਈ ਊਣਤਾਈ ਜਾਂ ਕਿਸੇ ਤਰ੍ਹਾਂ ਦਾ ਸੁਝਾਅ ਹੋਵੇ, ਉਹ ਵੀ ਲੇਖਕ ਨਾਲ਼ ਸਾਂਝਾ ਕਰਦੇ ਹਨ।

ਪਾਠਕਾਂ ਦੇ ਇਨ੍ਹਾਂ ਫੋਨਾਂ ਕਰਕੇ ਦਿੱਤੀ ਗਈ ਹੱਲਾਸ਼ੇਰੀ ਤੇ ਹੌਸਲੇ ਸਦਕਾ ਲੇਖਕ ਨੂੰ ਹੋਰ ਵਧੀਆ ਅਤੇ ਮਿਆਰੀ ਲਿਖਣ ਲਈ ਉਤਸ਼ਾਹ ਮਿਲਦਾ ਹੈ ਅਤੇ ਆਮ ਲੋਕਾਂ ਦੀਆਂ ਸਮੱਸਿਆਂਵਾਂ ਨੂੰ ਆਪਣੀ ਕਲ਼ਮ ਰਾਹੀਂ ਉਜਾਗਰ ਕਰਕੇ ਸਰਕਾਰਾਂ ਅਤੇ ਪ੍ਰਬੰਧਕਾਂ ਤੱਕ ਪਹੁੰਚਾਉਣ ਦੀ ਜ਼ਿੰਮੇਵਾਰੀ ਵਿੱਚ ਹੋਰ ਵਾਧਾ ਹੁੰਦਾ ਹੈ, ਜਿਸ ਸਦਕਾ ਸਮੱਸਿਆਵਾਂ ਦੇ ਹੱਲ ਲਈ ਸਰਕਾਰਾਂ ਨੂੰ ਮਜਬੂਰ ਹੋਣਾ ਪੈਂਦਾ ਹੈ ਅਤੇ ਬਹੁਤੇ ਪਾਠਕ ਉਹ ਹਨ, ਜੋ ਪੰਜਾਬੀ ਸਾਹਿਤ ਜਾਂ ਅਖ਼ਬਾਰਾਂ ਵਗੈਰਾ ਨੂੰ ਬੜੀ ਡੂੰਘਾਈ ਜਾਂ ਗੰਭੀਰਤਾ ਨਾਲ ਪੜ੍ਹਦੇ ਹਨ ਅਤੇ ਉਨ੍ਹਾਂ 'ਤੇ ਚਿੰਤਨ ਕਰਦੇ ਹਨ, ਪਰ ਲੇਖਕ ਨੂੰ ਫੋਨ ਨਹੀਂ ਕਰ ਪਾਉਂਦੇ, ਇਹ ਪਾਠਕ ਜ਼ਿਆਦਾਤਰ ਘਰੇਲੂ ਔਰਤਾਂ, ਦੁਕਾਨਦਾਰ, ਡਰਾਈਵਰ, ਪੜ੍ਹੇ-ਲਿਖੇ ਵਰਗ ਦੇ ਪ੍ਰਾਈਵੇਟ ਮੁਲਾਜ਼ਮ, ਕਿਰਤੀ ਕਾਮੇ ਅਤੇ ਹੋਰ ਅਣਗਿਣਤ ਲੋਕ ਹਨ। ਇਸ ਗੱਲ ਦਾ ਪਤਾ ਮੈਨੂੰ ਇਸ ਤਰ੍ਹਾਂ ਲੱਗਾ ਕਿ ਪਿਛਲੇ ਦਿਨੀਂ ਮੇਰਾ ਇੱਕ ਦੋਸਤ ਗੰਭੀਰ ਬੀਮਾਰ ਹੋ ਗਿਆ, ਜੋ ਮੋਹਾਲੀ ਦੇ ਕਿਸੇ ਵੱਡੇ ਹਸਪਤਾਲ ਵਿੱਚ ਦਾਖ਼ਲ ਸੀ। ਮੈਂ ਉਸ ਦੀ ਦੇਖਭਾਲ ਲਈ ਉਸ ਕੋਲ ਕੁਝ ਦਿਨ ਹਸਪਤਾਲ ਵਿੱਚ ਰਿਹਾ। ਇੱਕ ਦਿਨ ਮੈਂ ਅਚਾਨਕ ਹੀ ਬਾਹਰ ਘੁੰਮਣ ਲਈ ਨਿਕਲਿਆ, ਮੈਂ ਇੱਕ ਛੋਟਾ ਝੋਲ਼ਾ ਮੋਢੇ 'ਤੇ ਟੰਗ ਲਿਆ, ਉਸ ਵਿੱਚ ਪਾਣੀ ਦੀ ਬੋਤਲ ਅਤੇ ਗਿਲਾਸ ਸੀ। ਮੈਂ ਸੋਚਿਆ ਨਾਲੇ ਸੈਰ ਹੋ ਜਾਵੇਗੀ, ਨਾਲੇ ਬਾਹਰੋਂ ਠੰਢੇ ਪਾਣੀ ਦੀ ਬੋਤਲ ਭਰ ਲਿਆਵਾਂਗਾ। ਜਦੋਂ ਮੈਂ ਤੁਰਦਾ-ਤੁਰਦਾ ਥੋੜ੍ਹੀ ਦੂਰ ਨਿਕਲ ਗਿਆ ਤਾਂ ਮੈਂ ਉੱਥੇ ਦੇਖਿਆ ਕਿ ਕਿਸੇ ਦੀ ਘਰੇਲੂ ਬਗੀਚੀ ਵਿੱਚ ਕੁਝ ਹਰੀਆਂ ਸਬਜ਼ੀਆਂ ਅਤੇ ਹਰੀਆਂ ਮਿਰਚਾਂ ਬੀਜੀਆਂ ਹੋਈਆਂ ਸਨ ਜੋ ਘਰ ਦੇ ਬਾਹਰ ਕੰਡਿਆਲੀ ਤਾਰ ਦੇ ਅੰਦਰ ਸਨ, ਸੋਹਣੀਆਂ ਲੱਗੀਆਂ ਹਰੀਆਂ ਮਿਰਚਾਂ ਦੇਖ ਕੇ ਮੈਥੋਂ ਰਿਹਾ ਨਾ ਗਿਆ, ਮੈਂ ਪੇਂਡੂ ਸੁਭਾਅ ਹੋਣ ਕਰਕੇ ਰੋਟੀ ਨਾਲ ਖਾਣ ਲਈ ਪੰਜ-ਸੱਤ ਹਰੀਆਂ ਮਿਰਚਾਂ ਤੋੜ ਲਈਆਂ ਅਤੇ ਮੋਢੇ ਟੰਗੇ ਝੋਲ਼ੇ ਵਿੱਚ ਪਾ ਲਈਆਂ ਤੇ ਮੈਂ ਅੱਗੇ ਨੂੰ ਤੁਰ ਗਿਆ। ਮੇਰੀ ਇਸ ਹਰਕਤ ਨੂੰ ਉਪਰੋਂ ਛੱਤ ਦੀ ਬਾਲਕੋਨੀ 'ਤੇ ਖੜ੍ਹੀ ਉਸ ਦੀ ਮਾਲਕ ਇੱਕ ਬਜ਼ੁਰਗ ਔਰਤ ਨੇ ਦੇਖ ਲਿਆ ਸੀ ਅਤੇ ਉਹ ਉਸੇ ਵੇਲੇ ਹੇਠਾਂ ਬਗੀਚੀ ਵਿੱਚ ਆ ਗਈ। ਜਦੋਂ ਮੈਂ ਥੋੜ੍ਹਾ ਅੱਗੇ ਜਾ ਕੇ ਪਾਣੀ ਦੀ ਬੋਤਲ ਭਰ ਕੇ ਵਾਪਸ ਮੁੜਿਆ ਤਾਂ ਉਸ ਔਰਤ ਨੇ ਮੈਨੂੰ ਅੱਗਿਉਂ ਘੇਰ ਲਿਆ ਅਤੇ ਕਾਫੀ ਉੱਚਾ-ਨੀਵਾਂ ਬੋਲਣ ਲੱਗੀ ਕਿ ਤੂੰ ਸਾਡੀ ਸਬਜ਼ੀ ਤੋੜੀ ਹੈ। ਮੈਂ ਉਸ ਦੇ ਸਾਹਮਣੇ ਮੋਢੇ ਵਿੱਚ ਪਾਇਆ ਝੋਲ਼ਾ ਖੋਲ੍ਹ ਕੇ ਢੇਰੀ ਕਰ ਦਿੱਤਾ, ਜਿਸ ਵਿੱਚੋਂ ਪੰਜ-ਸੱਤ ਹਰੀਆਂ ਮਿਰਚਾਂ, ਗਿਲਾਸ ਅਤੇ ਪਾਣੀ ਦੀ ਬੋਤਲ ਹੇਠਾਂ ਡਿੱਗ ਪਈਆਂ। ਏਨੇ ਨੂੰ ਸਾਡੀਆਂ ਗੱਲਾਂ ਸੁਣ ਕੇ ਦੋ ਨੌਜਵਾਨ ਔਰਤਾਂ ਵੀ ਬਗੀਚੀ ਵਿੱਚ ਆ ਗਈਆ ਜੋ ਉਸ ਬਜ਼ੁਰਗ ਔਰਤ ਦੀਆਂ ਇੱਕ ਲੜਕੀ ਅਤੇ ਦੂਸਰੀ ਉਸ ਦੀ ਨੂੰਹ ਸੀ। ਉਨ੍ਹਾਂ ਨੇ ਸਾਡੀ ਸਾਰੀ ਗੱਲਬਾਤ ਸੁਣ ਲਈ ਸੀ। ਉਨ੍ਹਾਂ ਦੇ ਸਾਹਮਣੇ ਹੀ ਮੈਂ ਉਸ ਔਰਤ ਨੂੰ ਕਿਹਾ ਕਿ ਪ੍ਰਮਾਤਮਾ ਨੇ ਤੁਹਾਨੂੰ ਦੌਲਤ ਤਾਂ ਬਹੁਤ ਦਿੱਤੀ ਹੈ, ਪਰ ਦਰਿਆਦਿਲੀ ਅਤੇ ਨਿਮਰਤਾ ਉੱਕਾ ਹੀ ਨਹੀਂ ਦਿੱਤੀ।

ਤਾਂ ਉਹ ਬੋਲੀ-ਚੱਲ-ਚੱਲ ਵੱਡਾ ਆਇਐ ਨਾਢੂ ਖ਼ਾਂ, ਨਾਲੇ ਮਿਰਚਾਂ ਤੋੜ ਲੀਆਂ ਨਾਲੇ ਉਪਦੇਸ਼ ਦਿੰਦੈ ਸਾਨੂੰ, ਕਰਦਾ ਕੀ ਫਿਰਦੈ ਪੇਂਡੂ ਗਵਾਰ ਜਿਹਾ।

ਏਨੇ ਨੂੰ ਉਨ੍ਹਾਂ ਦੋ ਨੌਜਵਾਨ ਔਰਤਾਂ ਵਿਚੋਂ ਇੱਕ ਬੋਲੀ-

ਠਹਿਰੋ-ਠਹਿਰੋ ਮੈਂ ਇਨ੍ਹਾਂ ਨੂੰ ਕਿਤੇ ਪਹਿਲਾਂ ਵੀ ਦੇਖਿਐ?

ਉਹ ਸੱਜੇ ਹੱਥ ਦੀ ਉਂਗਲ ਵਾਰ-ਵਾਰ ਪੁੜਪੜੀ 'ਤੇ ਮਾਰ ਕੇ ਤੇ ਥੱਲੇ ਵਾਲਾ ਬੁੱਲ੍ਹ ਦੰਦਾਂ ਹੇਠਾਂ ਦੱਬ ਕੇ ਸੋਚਣ ਲੱਗੀ ਤੇ ਫੇਰ ਇੱਕਦਮ ਉੱਚੀ ਆਵਾਜ਼ ਵਿੱਚ ਬੋਲੀ-ਹਾਂ-ਹਾਂ ਮੈਂ ਇਨ੍ਹਾਂ ਦੀ ਫੋਟੋ ਅਖ਼ਬਾਰ ਵਿੱਚ ਵੇਖੀ ਸੀ। ਮੈਂ ਕਿਹਾ-ਹਾਂ ਦੇਖੀ ਹੋਵੇਗੀ, ਮੇਰੇ ਲੇਖ, ਕਹਾਣੀਆਂ ਅਤੇ ਹੋਰ ਲਿਖਤਾਂ ਅਖ਼ਬਾਰਾਂ ਵਿੱਚ ਛਪਦੇ ਰਹਿੰਦੇ ਹਨ ਤੇ ਫਿਰ ਉਹ ਫਟਾਫਟ ਬੋਲੀ-ਤੁਸੀਂ ਕਿਤੇ ਉਹ ਫ਼ੌਜੀ ਤਾਂ ਨਹੀਂ, ਜਿਨ੍ਹਾਂ ਰੋਡਵੇਜ਼ ਦਾ ਸਫ਼ਰ ਲੇਖ ਵੀ ਲਿਖਿਆ ਸੀ, ਮੈਂ ਕਿਹਾ ਹਾਂ-ਹਾਂ ਮੈਂ ਹੀ ਲਿਖਿਆ ਸੀ ਉਹ ਲੇਖ ਤੇ ਮੇਰਾ ਨਾਂਅ ਅਮਰਜੀਤ ਸਿੰਘ ਫ਼ੌਜੀ ਹੈ। ਮੇਰੇ ਏਨਾ ਕਹਿਣ 'ਤੇ ਉਸ ਨੇ ਭੱਜ ਕੇ ਮੈਨੂੰ ਸਾਈਡ ਤੋਂ ਜੱਫ਼ੀ ਜਿਹੀ ਪਾ ਲਈ, ਜਿਵੇਂ ਆਪਣਾਪਨ ਅਤੇ ਸਤਿਕਾਰ ਜਤਾਉਂਦੀ ਹੋਵੇ, ਮੈਂ ਹੈਰਾਨ ਵੀ ਹੋਇਆ ਅਤੇ ਉਸ ਦੇ ਸਿਰ 'ਤੇ ਹੱਥ ਧਰ ਕੇ ਉਸ ਨੂੰ ਪਿਆਰ ਸਤਿਕਾਰ ਦਿੱਤਾ।

ਫੇਰ ਉਸ ਨੇ ਉਸ ਬਜ਼ੁਰਗ ਔਰਤ ਨੂੰ ਕਿਹਾ-ਮੰਮਾ, ਇਹ ਵਧੀਆ ਲੇਖਕ ਨੇ, ਇਨ੍ਹਾਂ ਦੇ ਲੇਖ, ਕਹਾਣੀਆਂ ਅਖ਼ਬਾਰਾਂ ਵਿੱਚ ਛਪਦੇ ਰਹਿੰਦੇ ਹਨ, ਮੈਂ ਸਾਰੀਆਂ ਅਕਸਰ ਹੀ ਪੜ੍ਹਦੀ ਹਾਂ, ਬਹੁਤ ਸਿਖਿਆਦਾਇਕ ਹੁੰਦੇ ਹਨ।

ਉਹ ਬਜ਼ੁਰਗ ਔਰਤ ਕਦੇ ਮੇਰੇ ਵੱਲ ਵੇਖੇ, ਕਦੇ ਆਪਣੀ ਨੂੰਹ ਵੱਲ ਤੇ ਫੇਰ ਮੈਨੂੰ ਸੰਬੋਧਨ ਹੁੰਦੀਂ ਹੋਈ ਬੋਲੀ- ਪੁੱਤ ਮੇਰੇ ਤੋਂ ਬਹੁਤ ਵੱਡੀ ਗਲਤੀ ਹੋ ਗਈ, ਚਾਰ ਮਿਰਚਾਂ ਦਾ ਕੀ ਹੁੰਦੈ, ਲੋਕ ਤਾਂ ਲੰਗਰ ਲਾਈ ਜਾਂਦੇ ਐ।

ਫੇਰ ਉਹ ਤਿੰਨੋਂ ਮੈਨੂੰ ਬੜੇ ਪਿਆਰ ਤੇ ਸਤਿਕਾਰ ਨਾਲ ਘਰ ਦੇ ਅੰਦਰ ਲੈ ਗਈਆਂ। ਚਾਹ ਪਿਆਈ ਨਾਲ਼ ਕਾਜੂ ਤੇ ਬਦਾਮ ਖਾਣ ਲਈ ਦਿੱਤੇ।

ਫਿਰ ਉਸ ਦੀ ਨੂੰਹ, ਜਿਸ ਦਾ ਨਾਂਅ ਕੋਮਲ ਸੀ, ਨੇ ਮੈਨੂੰ ਦੱਸਿਆ ਕਿ ਸਾਡੇ ਚਾਰ ਸ਼ੋਅ ਰੂਮ ਹਨ ਅਤੇ ਚਾਰਾਂ 'ਤੇ ਵੱਖ-ਵੱਖ ਅਖਬਾਰ ਆਉਂਦੇ ਹਨ, ਜੋ ਰਾਤ ਨੂੰ ਆਉਣ ਲੱਗੇ ਘਰ ਲੈ ਆਉਂਦੇ ਹਨ, ਜਿਨ੍ਹਾਂ ਨੂੰ ਮੈਂ ਅਗਲੇ ਦਿਨ ਸਾਰੇ ਪੜ੍ਹਦੀ ਹਾਂ, ਵਿਚਾਰਦੀ ਅਤੇ ਘੋਖਦੀ ਹਾਂ। ਉਸ ਨੇ ਦੱਸਿਆ ਕਿ ਮੈਂ ਤੁਹਾਡੀ ਕਹਾਣੀ 'ਕੁੱਖ ਵਿੱਚ ਮਾਰੀ ਧੀ ਦਾ ਪਛਤਾਵਾ' ਵੀ ਪੜ੍ਹੀ ਸੀ, ਜੋ ਮੇਰੇ ਦਿਲ ਨੂੰ ਛੂਹ ਗਈ।

ਫੇਰ ਮੈਂ ਉਨ੍ਹਾਂ ਤੋਂ ਇਜਾਜ਼ਤ ਲੈ ਕੇ ਹਸਪਤਾਲ ਆ ਗਿਆ। ਇਜਾਜ਼ਤ ਇਸ ਸ਼ਰਤ 'ਤੇ ਮਿਲੀ ਕਿ ਜਿੰਨੇ ਦਿਨ ਹਸਪਤਾਲ ਰਹਿਣਾ ਹੈ, ਪ੍ਰਸ਼ਾਦਾ ਸਾਡੇ ਘਰ ਹੀ ਛਕਣਾ ਹੈ ਤੇ ਇਸੇ ਤਰ੍ਹਾਂ ਹੀ ਹੋਇਆ, ਮੇਰੇ ਕੋਲ ਜਦੋਂ ਟਾਈਮ ਲਗਦਾ, ਮੈਂ ਉਨ੍ਹਾਂ ਕੋਲ ਚਲਾ ਜਾਂਦਾ ਅਤੇ ਉਨ੍ਹਾਂ ਤੋਂ ਅਥਾਹ ਪਿਆਰ, ਸਤਿਕਾਰ ਅਤੇ ਅਸੀਸਾਂ ਪ੍ਰਾਪਤ ਕਰਦਾ। ਮੈਨੂੰ ਹੋਰ ਵੀ ਡੂੰਘਾ ਅਹਿਸਾਸ ਹੋਇਆ ਕਿ ਕਲਮ ਨਾਲ਼ ਰਚੇ ਹੋਏ ਚੰਗੇ ਸ਼ਬਦ ਲੇਖਕ ਨੂੰ ਲੋਕਾਂ ਦੇ ਮਨਾਂ ਤੱਕ ਹੀ ਨਹੀਂ, ਸਗੋਂ ਰੂਹ ਤੱਕ ਲੈ ਜਾਂਦੇ ਹਨ। ਕਲਮ ਵਿੱਚ ਦੁਸ਼ਮਣ ਨੂੰ ਦੋਸਤ ਬਣਾਉਣ ਦੀ ਅਥਾਹ ਸ਼ਕਤੀ ਤੇ ਸਮਰੱਥਾ ਹੁੰਦੀ ਹੈ, ਜਿਹੜੇ ਲੇਖਕ ਵਧੀਆ ਤੇ ਮਿਆਰੀ ਸਾਹਿਤ ਰਚਦੇ ਹਨ, ਉਹ ਲੋਕਾਂ ਦੀ ਰੂਹ ਵਿੱਚ ਵਸ ਜਾਂਦੇ ਹਨ।

**# ਸੰਪਰਕ : 94174-04804**

# ਅਧਿਆਪਕ ਦਿਵਸ 'ਤੇ ਸਨਮਾਨਿਤ ਅਧਿਆਪਕ ਮਾਰਗ-ਦਰਸ਼ਕ ਦਾ ਕੰਮ ਕਰਨਗੇ

**ਮੇਜਰ ਸਿੰਘ ਨਾਭਾ**

ਸਤੰਬਰ ਮਹੀਨੇ ਦੀ 5 ਤਾਰੀਖ ਨੂੰ ਹਰ ਸਾਲ ਅਧਿਆਪਕਾਂ ਨੂੰ ਵਿਸ਼ੇਸ਼ ਕਾਰਗੁਜ਼ਾਰੀ ਲਈ ਰਾਜ ਪੱਧਰ ਅਤੇ ਰਾਸ਼ਟਰੀ ਪੱਧਰ ਉੱਪਰ ਸਨਮਾਨਿਤ ਕੀਤਾ ਜਾਂਦਾ ਹੈ। ਇਹ ਦਿਨ ਸਾਡੇ ਦੇਸ਼ ਦੇ ਮਰਹੂਮ ਰਾਸ਼ਟਰਪਤੀ ਡਾਕਟਰ ਸਰਵਪੱਲੀ ਰਾਧਾ ਕ੍ਰਿਸ਼ਨਨ ਦੇ ਜਨਮ ਦਿਨ ਨੂੰ ਸਮਰਪਿਤ ਕੀਤਾ ਗਿਆ ਹੈ। ਉਨ੍ਹਾਂ ਨੇ ਆਪਣੀ ਜ਼ਿੰਦਗੀ ਕਾਲਜ 'ਚ ਪੜ੍ਹਾਉਣ ਤੋਂ ਸ਼ੁਰੂ ਕੀਤੀ। ਉਹ 1909 ਤੋਂ 1952 ਤੱਕ ਸਿੱਖਿਆ ਦੇ ਖੇਤਰ ਨਾਲ ਜੁੜੇ ਰਹੇ। ਸੰਨ 1962 'ਚ ਰਾਸ਼ਟਰਪਤੀ ਬਣਨ ਉਪਰੰਤ ਜ਼ਿੰਦਗੀ ਦਾ ਲੰਮੇਰਾ ਸਮਾਂ ਅਧਿਆਪਨ ਨਾਲ ਜੁੜੇ ਹੋਣ ਅਤੇ ਮਨ ਅੰਦਰ ਵਸਿਆ ਅਧਿਆਪਕ ਹੋਣ ਕਰਕੇ ਉਨ੍ਹਾਂ ਨੇ ਆਪਣੇ 5 ਸਤੰਬਰ ਦੇ ਜਨਮ ਦਿਨ ਨੂੰ ਮਨਾਉਣ ਲਈ ਇਹ ਦਿਨ ਅਧਿਆਪਕਾਂ ਨੂੰ ਸਮਰਪਿਤ ਕਰ ਦਿੱਤਾ। ਵੈਸੇ ਤਾਂ ਬਹੁਤੇ ਅਧਿਆਪਕ ਆਪਣੇ ਕਿੱਤੇ ਨੂੰ ਸਮਰਪਿਤ ਹੋ ਕੇ ਆਪਣੀਆਂ ਡਿਊਟੀਆਂ ਨਿਭਾਉਂਦੇ ਹਨ, ਉਹ ਰਾਸ਼ਟਰੀ ਐਵਾਰਡ ਦੇ ਹੱਕਦਾਰ ਵੀ ਹੋ ਸਕਦੇ ਹਨ, ਕਈ ਯੋਗ ਅਧਿਆਪਕ ਕਾਗਜ਼ੀ ਕਾਰਵਾਈ ਨਾ ਕਰਨ ਕਰਕੇ ਇਹ ਸਨਮਾਨ ਨਹੀਂ ਪਾ ਸਕੇ, ਉਨ੍ਹਾ ਨੂੰ ਵੀ ਸਿਜਦਾ ਕਰਨਾ ਬਣਦਾ ਹੈ।

ਬਾਕੀ ਐਵਾਰਡਾਂ ਦੀ ਇੱਕ ਨਿਸ਼ਚਤ ਗਿਣਤੀ ਹੋਣ ਕਾਰਨ ਵੀ ਹੋਰ ਯੋਗ ਅਧਿਆਪਕ ਚੁਣੇ ਜਾਣ ਤੋਂ ਰਹਿ ਜਾਂਦੇ ਹਨ। ਉਨ੍ਹਾਂ ਨੂੰ ਵੀ ਹੌਸਲਾ ਨਹੀਂ ਛੱਡਣਾ ਚਾਹੀਦਾ, ਅਗਲੇ ਸਾਲ ਫੇਰ ਕੇਸ ਭੇਜ ਸਕਦੇ ਹਨ, ਉਹ ਵੀ ਐਵਾਰਡ ਪ੍ਰਾਪਤ ਕਰ ਸਕਦੇ ਹਨ। ਉਂਝ ਸਰਕਾਰ ਜੇ ਸਕੂਲ ਦੇ ਮੁਖੀ ਦੀ ਸਿਫਾਰਸ਼ 'ਤੇ ਵਧੀਆ ਅਧਿਆਪਕਾਂ ਨੂੰ ਸਨਮਾਨ ਸਰਟੀਫਿਕੇਟ ਦੇ ਦੇਵੇ ਤਾਂ ਇਹ ਕੋਈ ਮਹਿੰਗਾ ਕੰਮ ਨਹੀਂ, ਜਿਸ ਨਾਲ ਇਹ ਅਧਿਆਪਕ ਹੋਰ ਵੀ ਵਧੇਰੇ ਜੋਸ਼ ਨਾਲ ਸੇਵਾ ਕਰਨਗੇ। ਇਸ ਵਾਰ ਪੰਜਾਬ ਦੇ ਸਿੱਖਿਆ ਖੇਤਰ 'ਚ ਵਧੀਆ ਭੂਮਿਕਾ ਨਿਭਾਉਣ ਵਾਲੇ ਦੋ ਅਧਿਆਪਕਾਂ ਨੂੰ ਰਾਸ਼ਟਰਪਤੀ ਐਵਾਰਡ ਅਤੇ ਰਾਜ ਪੁਰਸਕਾਰ ਲਈ ਸਟੇਟ ਐਵਾਰਡ-2024 ਲਈ 55 ਸਟੇਟ ਟੀਚਰ ਐਵਾਰਡੀ, 10 ਯੰਗ ਟੀਚਰ ਐਵਾਰਡੀ, 5 ਸਪੈਸ਼ਲ ਟੀਚਰ ਐਵਾਰਡੀ ਅਤੇ 7 ਐਡਮਨਿਸਟਰੇਟਿਵ ਐਵਾਰਡੀ ਚੁਣੇ ਗਏ ਹਨ। ਇਹ ਸਾਰੇ ਹੀ ਵਧਾਈ ਦੇ ਪਾਤਰ ਹਨ, ਇਨ੍ਹਾਂ ਸਟੇਟ ਐਵਾਰਡੀਆਂ ਨੂੰ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਹੁਸ਼ਿਆਰਪੁਰ ਵਿਖੇ ਸਟੇਟ ਪੱਧਰੀ ਸਮਾਗਮ ਵਿੱਚ ਸਨਮਾਨਿਤ ਕੀਤਾ ਗਿਆ ਹੈ, ਜਿਨ੍ਹਾਂ ਉੱਪਰ ਹੁਣ ਹੋਰ ਵਧੇਰੇ ਜ਼ਿੰਮੇਵਾਰੀ ਦਾ ਅਹਿਸਾਸ ਹੋਰ ਵੀ ਬਿਹਤਰ ਕਾਰਗੁਜ਼ਾਰੀ ਦੇਣ ਦਾ ਕੰਮ ਕਰੇਗਾ ਅਤੇ ਅਗਲੀ ਮੰਜ਼ਲ ਨੂੰ ਸਰ ਵੀ ਕਰਨਾ ਹੋਵੇਗਾ।

ਪਟਿਆਲਾ ਜ਼ਿਲ੍ਹੇ ਦੀ ਜੇ ਗੱਲ ਕਰੀਏ ਤਾਂ ਇਸ ਵਿੱਚ 6 ਸਟੇਟ ਐਵਾਰਡੀ, 1 ਯੰਗ ਐਵਾਰਡੀ, 1 ਸਪੈਸ਼ਲ ਟੀਚਰ ਅਤੇ 1 ਐਡਮਨਿਸਟਰੇਟਿਵ ਐਵਾਰਡ ਮਿਲੇ ਹਨ। ਪਟਿਆਲਾ ਜ਼ਿਲ੍ਹੇ ਨੇ ਸਾਰੀਆਂ ਕੈਟਾਗਰੀਆਂ ਵਿੱਚ ਸ਼ਮੂਲੀਅਤ ਕਰਕੇ ਜ਼ਿਲ੍ਹੇ ਦਾ ਨਾਂ, ਸਿੱਖਿਆ ਵਿਭਾਗ ਵਿੱਚ ਉੱਚਾ ਕੀਤਾ ਹੈ। ਕੁਝ ਕੁ ਜਾਣਕਾਰ ਸ਼ਖਸੀਅਤਾਂ ਦੇ ਸੰਖੇਪ ਜ਼ਿਕਰ 'ਚ ਬੀ.ਪੀ.ਈ.ਓ. ਜਗਜੀਤ ਸਿੰਘ ਸਿੱਖਿਆ ਸੁਧਾਰ ਮੰਚ ਨਾਲ ਜੁੜੇ ਹੋਏ ਹਨ ਉਨ੍ਹਾ ਦੀ ਅਗਵਾਈ ਵਿੱਚ ਉਨ੍ਹਾਂ ਦੀ ਟੀਮ ਵੱਲੋਂ ਹਰੇਕ ਸਾਲ ਬਾਲ ਮੇਲਾ ਕਰਵਾਇਆ ਜਾਂਦਾ ਹੈ, ਜੋ ਕਿ ਸਾਰੇ ਪੰਜਾਬ ਵਿੱਚ ਮਕਬੂਲ ਹੋ ਚੁੱਕਾ ਹੈ, ਇਸ ਬਾਲ ਮੇਲੇ ਨੇ ਪ੍ਰਾਇਮਰੀ ਤੱਕ ਦੇ ਬੱਚਿਆਂ ਦੀ ਅੰਦਰਲੀ ਕਲਾ ਅਤੇ ਟੇਲੈਂਟ ਨੂੰ ਬਾਹਰ ਕੱਢ ਕੇ ਵੱਡੇ ਪਲੇਟਫਾਰਮ ਉੱਪਰ ਪੁੱਜਣ ਲਈ ਮੌਕੇ ਦਿੱਤੇ ਹਨ। ਆਪਣੇ ਬਲਾਕ ਵਿੱਚ ਬੱਚਿਆਂ ਲਈ ਸਮੇਂ-ਸਮੇਂ ਸਿਰ ਬਹੁਤ ਸ਼ਾਨਦਾਰ ਵੱਡੇ ਪੱਧਰ ਦੇ ਪ੍ਰੋਗਰਾਮ ਕਰਾ ਕੇ ਬੱਚਿਆਂ ਨੂੰ ਚੰਗੇਰੀ ਸੇਧ ਦੇਣ ਦਾ ਕੰਮ ਕਰਦੇ ਆ ਰਹੇ ਹਨ। ਨਾਭਾ ਨੇੜਲੇ ਪਿੰਡ ਥੂਹੀ ਦੇ ਸ.ਹ. ਸਕੂਲ ਨੂੰ ਪੰਜਾਬ 'ਚ ਨਿਵੇਕਲੀ ਦਿੱਖ ਅਤੇ ਅਨੇਕਾਂ ਗਤੀਵਿਧੀਆਂ 'ਚ ਮਾਰ ਕੇ ਮਾਰਨ ਵਾਲੇ ਸਕੂਲ ਦੀ ਮੁੱਖ ਅਧਿਆਪਕਾ ਪਰਮਜੀਤ ਕੌਰ ਨੂੰ ਜੋ ਸਟੇਟ ਐਵਾਰਡ ਮਿਲਿਆ ਹੈ, ਇਹ ਸੱਚ-ਮੁੱਚ ਇਸ ਸਕੂਲ ਨੂੰ ਦੇਸ਼ ਦੇ ਸਕੂਲਾਂ 'ਚੋਂ ਅੱਵਲ ਲਿਆਉਣ ਦਾ ਕੰਮ ਕਰੇਗਾ, ਕਿਉਂਕਿ ਪਹਿਲਾਂ ਹੀ ਇਸ ਸਕੂਲ਼ ਨੂੰ ਨਿਖਾਰਨ ਵਾਲੇ ਡੀ.ਪੀ.ਈ. ਹਰਿੰਦਰ ਸਿੰਘ ਗਰੇਵਾਲ ਤਨ, ਮਨ, ਧਨ ਨਾਲ ਸਕੂਲ ਦੀ ਕਾਇਆ ਪਲਟਣ 'ਚ ਅਹਿਮ ਰੋਲ ਅਦਾ ਕਰ ਰਹੇ ਹਨ, ਉਨ੍ਹਾਂ ਦੇ ਬੱਚੇ ਖੇਡਾਂ 'ਚ ਰਾਸ਼ਟਰੀ ਪੱਧਰ ਤੱਕ ਖੇਡ ਕੇ ਸਨਮਾਨ ਪ੍ਰਾਪਤ ਕਰ ਚੁੱਕੇ ਹਨ।

ਪੰਜਾਬ ਅੰਦਰ ਇਹ ਪਹਿਲਾ ਡੇ ਬੋਰਡਿੰਗ ਸਕੂਲ ਹੈ, ਜਿਸ ਦਾ ਸਮਾਂ ਸਾਢੇ ਪੰਜ ਵਜੇ ਤੋਂ ਸ਼ਾਮ ਸੱਤ ਵਜੇ ਤੱਕ ਹੈ। ਇੱਥੇ ਇੰਨਡੋਰ ਖੇਡਾਂ ਲਈ ਗਰਾਊਂਡ ਦੀ ਵਿਵਸਥਾ ਹੈ। ਹਾਕੀ ਲਈ ਗਰਾਊਂਡ ਹੈ। ਸਕੂਲ ਦੇ ਵਧੀਆ ਮਾਹੌਲ ਸਦਕਾ ਸ਼ਹਿਰੀ ਸਕੂਲਾਂ ਅਤੇ ਦੂਰੋਂ ਬੱਚੇ ਇਸ ਸਕੂਲ 'ਚ ਦਾਖਲੇ ਲੈ ਰਹੇ ਹਨ। ਮੁੱਖ ਅਧਿਆਪਕਾ ਮੈਡਮ ਦੀ ਅਗਵਾਈ ਵਿੱਚ ਹੁਣ ਸਕੂਲ ਸਟਾਫ ਅਤੇ ਪਿੰਡ ਵਾਸੀਆਂ, ਦਾਨੀ ਸੱਜਣਾਂ ਦੇ ਸਹਿਯੋਗ ਨਾਲ ਸਕੂਲ਼ ਹੋਰ ਉੱਚ ਮੁਕਾਮ ਵੱਲ ਨੂੰ ਉਡਾਰੀ ਮਾਰੇਗਾ, ਜਿਸ ਨੂੰ ਦੇਖਣ ਲਈ ਭਾਵੇਂ ਪਹਿਲਾਂ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀ ਅਤੇ ਸਰਕਾਰ ਦੇ ਨੁਮਾਇੰਦੇ, ਨਾਮਵਰ ਸ਼ਖਸੀਅਤਾਂ ਸਮੇਂ-ਸਮੇਂ ਸਿਰ ਇਸ ਸਕੂਲ ਦੀ ਵਿਜ਼ਟ ਕਰਕੇ ਸਰਾਹਨਾ ਕਰ ਚੁੱਕੇ ਹਨ, ਆਸ ਹੈ ਹੁਣ ਇਹ ਹੋਰਾਂ ਸਕੂਲਾਂ ਲਈ ਰੋਲ ਮਾਡਲ ਦਾ ਕੰਮ ਕਰੇਗਾ ਅਤੇ ਦੇਖਣਯੋਗ ਨਿਵੇਕਲਾ ਅੱਵਲ ਦਰਜੇ ਦਾ ਸਕੂਲ ਹੋਵੇਗਾ।

ਮੇਰੀ ਸਿੱਖਿਆ ਵਿਭਾਗ 'ਚ ਬਤੌਰ ਟੀਚਰ ਨਿਯੁਕਤੀ ਹੋਣ 'ਤੇ ਮੈਂ ਪਹਿਲੇ ਸਕੂਲ਼ ਸ.ਹ.ਸ. ਹੁਣ ਸ.ਸ.ਸ.ਸ. ਉਲਾਣਾ ਵਿਖੇ ਕੁਝ ਸਮਾਂ ਕੰਮ ਕੀਤਾ, ਜਿਸ ਦੀ ਯਾਦ ਜ਼ਿੰਦਗੀ ਭਰ ਰਹੇਗੀ, ਇਸ ਸਕੂਲ਼ ਦੇ ਅਧਿਆਪਕ ਜਸਵਿੰਦਰ ਸਿੰਘ ਨਾਲ ਪਿਛਲੇ ਸਮੇਂ ਗੱਲਬਾਤ ਉਨ੍ਹਾਂ ਦੀਆਂ ਬੱਚਿਆਂ ਨੂੰ ਕਰਵਾਈਆਂ ਜਾਂਦੀਆਂ ਖੇਡਾਂ, ਖਾਸ ਕਰਕੇ ਗੱਤਕਾ ਟੀਮ ਦਾ ਪ੍ਰਦਰਸ਼ਨ, ਹੋਰ ਸਰਗਰਮੀਆਂ 'ਚ ਸ਼ਮੂਲੀਅਤ ਆਦਿ ਉੱਪਰ ਉਨ੍ਹਾਂ ਦੇ ਬੱਚਿਆਂ ਦੇ ਰਾਸ਼ਟਰੀ ਪੱਧਰ ਤੱਕ ਖੇਡਾਂ 'ਚ ਭਾਗ ਲੈਣ ਅਤੇ ਸਨਮਾਨ ਪ੍ਰਾਪਤ ਕਰਨ ਬਾਰੇ ਗੱਲਬਾਤ ਹੋਈ, ਜੋ ਕਿ ਸਰਗਰਮ ਮਿਹਨਤੀ ਅਧਿਆਪਕ ਹਨ ਅਤੇ ਹੋਰਾਂ ਸਕੂਲਾਂ ਦੇ ਬੱਚਿਆਂ ਨੂੰ ਉਤਸ਼ਾਹਿਤ ਕਰਦੇ ਹਨ। ਇਹ ਸਾਰੇ ਹੀ ਪੰਜਾਬ ਦੇ 77 ਸਟੇਟ ਐਵਾਰਡੀ ਅਧਿਆਪਕ ਅਤੇ 2 ਰਾਸ਼ਟਰਪਤੀ ਐਵਾਰਡ ਅਧਿਆਪਕ ਆਪਣੀ ਬਿਹਤਰ ਕਾਰਗੁਜ਼ਾਰੀ ਲਈ ਵਧਾਈ ਦੇ ਪਾਤਰ ਹਨ ਇਨ੍ਹਾਂ ਕੌਮ ਦੇ ਨਿਰਮਾਤਾਵਾਂ ਤੋਂ ਸਮਾਜ ਨੂੰ ਹੋਰ ਵੀ ਵਧੇਰੇ ਚੰਗੇ ਰਾਸ਼ਟਰ ਨਿਰਮਾਣ ਦੀ ਆਸ ਹੈ, ਜਿਸ ਨਾਲ ਇਹ ਅਧਿਆਪਕ ਬਾਕੀ ਅਧਿਆਪਕਾਂ ਅਤੇ ਬੱਚਿਆਂ ਲਈ ਰੋਲ ਮਾਡਲ ਦਾ ਕੰਮ ਕਰ ਸਕਣਗੇ। ਇਸ ਨਾਲ ਅਧਿਆਪਕ ਵਰਗ ਦੀ ਛਵੀ ਸਮਾਜ 'ਚ ਹੋਰ ਉੱਚੀ ਹੋਵੇਗੀ। ਬੱਚਿਆਂ ਦੇ ਮਨਾਂ ਅੰਦਰ ਸਤਿਕਾਰਤ ਹੋਣ ਨਾਲ ਗੁਰੂ ਅਤੇ ਚੇਲੇ ਦਾ ਰਿਸ਼ਤਾ ਹੋਰ ਪੱਕਾ ਹੋਵੇਗਾ।

**# ਸੰਪਰਕ : 94635-53962**

11-SEP-PAGE-5.qxd 9/10/2024 10:40 PM Page 1



# ਬਿਜਲੀ ਮੁਲਾਜ਼ਮਾਂ ਵੱਲੋਂ ਪਾਵਰਕਾਮ ਮੈਨੇਜਮੈਂਟ ਤੇ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ


ਗੁਰੂ ਹਰਸਹਾਏ


ਰਾਜਪੁਰਾ


ਫਿਰੋਜ਼ਪੁਰ


ਸ੍ਰੀ ਮੁਕਤਸਰ ਸਾਹਿਬ

## ਮੁਲਾਜ਼ਮ ਤਿੰਨ ਦਿਨ ਦੀ ਸਮੂਹਕ ਛੁੱਟੀ 'ਤੇ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪਾਵਰਕਾਮ ਮੈਨੇਜਮੈਂਟ ਤੇ ਪੰਜਾਬ ਸਰਕਾਰ ਵੱਲੋਂ ਬਿਜਲੀ ਕਾਮਿਆਂ ਦੀਆਂ 15 ਵਾਜਿਬ ਮੰਗਾਂ ਵੱਟੇ ਖਾਤੇ ਪਾਉਣ ਖਿਲਾਫ਼ ਅੱਜ ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਤੇ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼ ਦੇ ਸੱਦੇ 'ਤੇ ਟੈਕਨੀਕਲ ਸਰਵਿਸਿਜ਼ ਯੂਨੀਅਨ ਦੇ ਸਾਰੇ ਬਿਜਲੀ ਕਾਮਿਆਂ ਵੱਲੋਂ ਤਿੰਨ ਦਿਨਾਂ ਸਮੂਹਕ ਛੁੱਟੀ ਕਰ ਕੇ ਗੁਰੂ ਹਰਸਹਾਏ ਦਫ਼ਤਰ ਦੇ ਗੇਟ 'ਤੇ ਪ੍ਰਧਾਨ ਸੁਰਿੰਦਰ ਕੁਮਾਰ ਦੀ ਪ੍ਰਧਾਨਗੀ ਹੇਠ ਰੋਸ ਪ੍ਰਦਰਸ਼ਨ ਕੀਤਾ।ਇਸ ਰੋਸ ਰੈਲੀ ਸਬੰਧੀ ਜਾਣਕਾਰੀ ਦਿੰਦਿਆਂ ਸਰਕਲ ਸਕੱਤਰ ਫਿਰੋਜ਼ਪੁਰ ਇੰਜ. ਸ਼ਿੰਗਾਰ ਮਹਿਰੋਕ ਨੇ ਦੱਸਿਆ ਕਿ 31 ਜੁਲਾਈ ਦੀ ਮੀਟਿੰਗ ਵਿੱਚ ਮੁਲਾਜ਼ਮ ਮੰਗਾਂ 'ਤੇ ਹੋਈਆਂ ਸਹਿਮਤੀਆਂ ਅਨੁਸਾਰ ਡਿਊਟੀ ਦੌਰਾਨ ਘਾਤਕ ਹਾਦਸੇ ਦਾ ਸ਼ਿਕਾਰ ਹੋਏ ਬਿਜਲੀ ਕਾਮਿਆਂ ਦੇ ਪੀੜਤ ਪਰਵਾਰਾਂ ਨੂੰ ਇੱਕ ਕਰੋੜ ਦੀ ਮੁਆਵਜ਼ਾ ਰਾਸ਼ੀ ਦੇਣ ਸਮੇਤ ਕਾਮੇ ਨੂੰ ਸ਼ਹੀਦ ਦਾ ਦਰਜਾ ਦੇਣ, ਹਾਦਸੇ ਦਾ ਸ਼ਿਕਾਰ ਹੋਏ ਕਾਮੇ ਨੂੰ ਕੈਸ਼ ਲੈੱਸ ਇਲਾਜ ਦੀ ਸੁਵਿਧਾ ਲਾਗੂ ਕਰਨ, ਹਾਦਸੇ ਦੌਰਾਨ ਕਰਮਚਾਰੀ ਦੀ ਮੌਤ ਹੋ ਜਾਣ ਦੀ ਸੂਰਤ ਵਿੱਚ ਸਬੰਧਤ ਕਰਮਚਾਰੀ (ਜੇ ਈ, ਲ ਮ, ਸ ਲ ਮ ਆਦਿ) ਦੇ ਨਾਂ ਉੱਪਰ ਬਿਨਾਂ ਪੜਤਾਲ ਕੀਤੇ ਐੱਫ ਆਈ ਆਰ ਦਰਜ ਕਰਨ ਦੀ ਪਿਰਤ ਬੰਦ ਕਰਨ, ਹਜ਼ਾਰਾਂ ਦੀ ਗਿਣਤੀ ਵਿੱਚ ਖਾਲੀ ਪਈਆਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰਨ, ਆਰ ਟੀ ਐੱਮ ਦੀ ਤਰੱਕੀ ਤੁਰੰਤ ਕਰਨ, ਓ ਸੀ ਕੈਟਾਗਰੀ ਨੂੰ ਪੇ ਬੈਂਡ ਦੇਣ, ਸ ਲ ਮ ਤੋਂ ਲ ਮ ਦੀ ਤਰੱਕੀ ਕਰਨ, ਬਾਕੀ ਸਾਰੀਆਂ ਕੈਟੇਗਰੀਆਂ ਦੀ ਤਰੱਕੀਆਂ ਵਿੱਚ ਆਈ ਖੜੋਤ ਦੂਰ ਕਰਨ, ਇਨ ਹਾਊਸ ਕਾਂਟ੍ਰੈਕਟ ਕਾਮਿਆਂ ਨੂੰ ਰੈਗੂਲਰ ਕਰਨ, ਸੋਧੇ ਭੱਤਿਆਂ ਦਾ 32 ਮਹੀਨੇ ਦਾ ਬਕਾਇਆ ਜਾਰੀ ਕਰਨ, ਰਹਿੰਦੇ ਭੱਤੇ ਜਿਵੇਂ ਹਾਰਡਸ਼ਿਪ ਭੱਤਾ ਆਦਿ ਨੂੰ ਸੋਧ ਕੇ ਲਾਗੂ ਕਰਨ, ਪੁਨਰ ਗਠਨ ਦੇ ਨਾਮ ਤੇ ਖਤਮ ਕੀਤੀਆਂ ਅਸਾਮੀਆਂ ਨੂੰ ਮੁੜ ਤੋਂ ਬਹਾਲ ਕਰਨ ਆਦਿ ਮੰਗਾਂ ਲਈ 15 ਅਗਸਤ ਤੱਕ ਵਿੱਤ ਮੰਤਰੀ ਤੇ ਮੁੱਖ ਮੰਤਰੀ ਨਾਲ ਗੱਲ ਕਰਕੇ ਮੰਨੀਆਂ ਮੰਗਾਂ ਲਾਗੂ ਕਰਨ ਦਾ ਵਾਅਦਾ ਕੀਤਾ ਸੀ, ਪਰ ਹੁਣ ਪਾਵਰ ਮੈਨੇਜਮੈਂਟ ਤੇ ਬਿਜਲੀ ਮੰਤਰੀ ਮੰਗਾਂ ਮੰਨਣ ਤੋਂ ਮੁਨਕਰ ਹੋ ਗਏ ਹਨ, ਮੰਗਾਂ ਲਾਗੂ ਕਰਨ ਦੀ ਥਾਂ ਤੇ ਵਰਕ ਟੂ ਰੂਲ ਅਨੁਸਾਰ ਡਿਊਟੀ ਕਰ ਰਹੇ ਮੁਲਾਜ਼ਮਾਂ ਨੂੰ ਐਸਮਾ ਵਰਗੇ ਕਾਲੇ ਕਾਨੂੰਨਾਂ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ, ਜਿਸ ਕਰਕੇ ਬਿਜਲੀ ਮੁਲਾਜ਼ਮਾਂ ਵਿੱਚ ਭਾਰੀ ਰੋਸ ਹੈ ਅਤੇ ਮੈਨੇਜਮੈਂਟ ਤੇ ਪੰਜਾਬ ਸਰਕਾਰ ਪ੍ਰਤੀ ਬੇਵਿਸ਼ਵਾਸੀ ਦਾ ਮਾਹੌਲ ਹੈ।ਇਸ ਲਈ ਬਿਜਲੀ ਕਾਮੇ 21 ਅਗਸਤ ਤੋਂ ਲਗਾਤਾਰ ਵਰਕ ਟੂ ਰੂਲ ਤਹਿਤ ਅਪਣੀ ਬਣਦੀ 8 ਘੰਟੇ ਦੀ ਡਿਊਟੀ ਹੀ ਕਰ ਰਹੇ ਹਨ ਅਤੇ 30 ਸਤੰਬਰ ਤੱਕ ਵਰਕ ਟੂ ਰੂਲ ਜਾਰੀ ਰੱਖਿਆ ਜਾਵੇਗਾ।ਆਗੂਆਂ ਨੇ ਦੱਸਿਆ ਕਿ 10 ਸਤੰਬਰ ਤੋਂ 12 ਸਤੰਬਰ 24 ਤੱਕ ਤਿੰਨ ਦਿਨ ਦੀ ਸਮੂੱਚੇ ਬਿਜਲੀ ਮੁਲਾਜ਼ਮ ਸਮੂਹਕ ਛੁੱਟੀ ਲੈ ਕੇ ਮੰਡਲ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ ਕਰ ਰਹੇ ਹਨ।ਇਸ ਤੋਂ ਇਲਾਵਾ ਫੀਲਡ ਦੌਰੇ ਦੌਰਾਨ ਬਿਜਲੀ ਮੰਤਰੀ ਸਮੇਤ ਪੂਰੀ ਮੈਨੇਜਮੈਂਟ ਤੇ ਡਾਇਰੈਕਟਰਾਂ ਖਿਲਾਫ਼ ਕਾਲੇ ਝੰਡਿਆਂ ਨਾਲ ਰੋਸ ਵਿਖਾਵੇ ਕੀਤੇ ਜਾਣਗੇ।ਰੋਸ ਰੈਲੀ ਵਿੱਚ ਹੋਰਨਾਂ ਤੋਂ ਇਲਾਵਾ ਪ੍ਰਧਾਨ ਨਾਨਕ ਚੰਦ, ਜਸਵਿੰਦਰਪਾਲ, ਬਲਕਾਰ ਚੰਦ, ਬਲਦੇਵ ਸਿੰਘ, ਦਵਿੰਦਰ ਸਿੰਘ, ਸੰਦੀਪ ਕੁਮਾਰ, ਜਸਪਾਲ ਸਿੰਘ ਆਦਿ ਨੇ ਬਿਜਲੀ ਨਿਗਮ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਟਕਰਾਅ ਦੀ ਨੀਤੀ ਛੱਡ ਕੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਜਲਦੀ ਲਾਗੂ ਨਾ ਕੀਤੀਆਂ ਗਈਆਂ ਤਾਂ ਇਸ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਵੱਖ ਵੱਖ ਆਗੂਆਂ ਨੇ ਸਮੁੱਚੇ ਬਿਜਲੀ ਕਾਮਿਆਂ/ਭਰਾਤਰੀ ਤੇ ਪੈਨਸ਼ਨਰ ਜਥੇਬੰਦੀਆਂ ਨੂੰ ਇਸ ਸਾਂਝੇ ਸੰਘਰਸ਼ ਨੂੰ ਕਾਮਯਾਬ ਬਣਾਉਣ ਲਈ ਅਪਣਾ ਬਣਦਾ ਯੋਗਦਾਨ ਪਾਉਣ ਦੀ ਪੁਰਜ਼ੋਰ ਅਪੀਲ ਕੀਤੀ।

**ਰਾਜਪੁਰਾ (ਰਮੇਸ਼ ਕਟਾਰੀਆ)** : ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਸਾਂਝਾ ਫੋਰਮ ਪੰਜਾਬ ਤੇ ਜੇ ਈ ਐਸੋਸੀਏਸ਼ਨ ਦੇ ਸੱਦੇ 'ਤੇ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਡਵੀਜ਼ਨ ਰਾਜਪੁਰਾ ਪ੍ਰਧਾਨ ਸਾਥੀ ਕੁਲਦੀਪ ਸਿੰਘ ਤੇ ਪੀ ਐੱਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਡਵੀਜ਼ਨ ਰਾਜਪੁਰਾ ਦੇ ਪ੍ਰਧਾਨ ਸਾਥੀ ਰਾਮ ਰਤਨ ਦੀ ਪ੍ਰਧਾਨਗੀ ਹੇਠ ਤਿੰਨ ਦਿਨਾਂ ਦੀ ਛੁੱਟੀ ਭਰ ਕੇ ਪਹਿਲੇ ਦਿਨ ਰੋਸ ਧਰਨਾ ਦਿੱਤਾ ਗਿਆ। ਧਰਨਾ ਕੌਮੀ ਆਗੂ ਹਰਭਜਨ ਸਿੰਘ ਪਿਲਖਣੀ ਤੇ ਸਾਥੀ ਬਲਜੀਤ ਕੁਮਾਰ ਵਿੱਤ ਸਕੱਤਰ ਪੰਜਾਬ ਦੀ ਅਗਵਾਈ ਹੇਠ ਰਾਜਪੁਰਾ ਡਵੀਜ਼ਨ ਵਿਖੇ ਦਿੱਤਾ ਗਿਆ। ਧਰਨੇ ਵਿੱਚ ਸੈਂਕੜਿਆਂ ਦੀ ਗਿਣਤੀ 'ਚ ਹਾਜ਼ਰ ਸਾਥੀਆਂ ਨੇ ਮੈਨੇਜਮੈਂਟ ਖਿਲਾਫ ਰੋਸ ਪ੍ਰਗਟ ਕੀਤਾ। ਰਾਜ ਗਾਇਕ ਸਾਥੀ ਰਾਮ ਰਤਨ ਨੇ ਸਾਥੀਆਂ ਨਾਲ ਇਨਕਲਾਬੀ ਗੀਤ ਸਾਂਝਾ ਕੀਤਾ। ਧਰਨੇ ਨੂੰ ਸੰਬੋਧਨ ਕਰਦਿਆਂ ਸਾਥੀ ਹਰਭਜਨ ਸਿੰਘ ਪਿਲਖਣੀ ਨੇ ਦੱਸਿਆ ਕਿ ਪੰਜਾਬ ਸਰਕਾਰ ਤੇ ਪਾਵਰ ਦੀ ਮੈਨੇਜਮੈਂਟ ਲਗਾਤਾਰ ਮੰਗਾਂ ਮੰਨ ਕੇ ਆਪਣੇ ਕੀਤੇ ਵਾਅਦਿਆਂ ਤੋਂ ਮੁੱਕਰਦੀ ਆ ਰਹੀ ਹੈ। ਪੰਜਾਬ ਸਰਕਾਰ ਮੀਟਿੰਗਾਂ ਦੇ ਕੇ ਮੀਟਿੰਗਾਂ ਤੋਂ ਭੱਜ ਰਹੀ ਹੈ। ਇਸ ਕਰਕੇ ਸੰਘਰਸ਼ਾਂ ਤੇ ਹੀ ਟੇਕ ਰੱਖਣ ਦੀ ਲੋੜ ਹੈ। ਇਸ ਧਰਨੇ ਨੂੰ ਸਾਥੀ ਅਤਿੰਦਰਪਾਲ ਸਿੰਘ, ਸਤਨਾਮ ਸਿੰਘ, ਸੋਦਾਗਰ ਖਾਨ, ਕਿਸਨ ਕੁਮਾਰ, ਪਰਮਜੀਤ ਸਿੰਘ, ਗੁਰਨਾਮ ਸਿੰਘ, ਰਾਮ ਰਤਨ, ਜੋਰਾਵਰ ਸਿੰਘ, ਰਘਬੀਰ ਸਿੰਘ, ਜਗਤਾਰ ਸਿੰਘ, ਹਰਦੀਪ ਸਿੰਘ ਆਦਿ ਆਗੂ ਸਾਥੀਆਂ ਨੇ ਸੰਬੋਧਨ ਕੀਤਾ। ਸਟੇਜ ਦੀ ਕਾਰਵਾਈ ਡਵੀਜ਼ਨ ਦੇ ਸਕੱਤਰ ਸਾਥੀ ਜਗਵਿੰਦਰ ਸਿੰਘ ਨੇ ਬਾਖੂਬੀ ਨਿਭਾਈ। ਸਰਕਲ ਆਗੂ ਸਾਥੀ ਸੁਖਦੇਵ ਸਿੰਘ, ਸਰਕਲ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ ਤੇ ਵਿੱਤ ਸਕੱਤਰ ਪੰਜਾਬ ਸਾਥੀ ਬਲਜੀਤ ਕੁਮਾਰ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਤੇ ਪਾਵਰ ਮੈਨੇਜਮੈਂਟ ਮੁਲਾਜ਼ਮਾਂ ਦੇ ਮਸਲੇ ਮੀਟਿੰਗਾਂ ਰਾਹੀਂ ਹੱਲ ਕਰੇ, ਜੇਕਰ ਮਸਲੇ ਹੱਲ ਨਾ ਹੋਏ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਅਤੇ 12 ਸਤੰਬਰ 2024 ਤੱਕ ਜਥੇਬੰਦੀਆਂ ਵੱਲੋਂ ਉਲੀਕੇ ਸੰਘਰਸ਼ ਤਹਿਤ ਮੰਡਲ ਪੱਧਰ 'ਤੇ ਰੋਸ ਧਰਨੇ ਜਾਰੀ ਰਹਿਣਗੇ। ਅੰਤ ਵਿੱਚ ਰਾਜਪੁਰਾ ਡਵੀਜ਼ਨ ਦੇ ਪ੍ਰਧਾਨ ਸਾਥੀ ਕੁਲਦੀਪ ਸਿੰਘ ਨੇ ਪਹੁੰਚੇ ਸਾਥੀਆਂ ਦਾ ਧੰਨਵਾਦ ਕੀਤਾ।

**ਸੰਗਰੂਰ (ਪ੍ਰਵੀਨ ਸਿੰਘ)** : ਪੀ ਐੱਸ ਈ ਬੀ ਜਾਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਤੇ ਜੂਨੀਅਰ ਇੰਜੀਨੀਅਰ ਐਸੋਸੀਏਸ਼ਨ ਵੱਲੋਂ ਪਾਵਰਕਾਮ ਦੀ ਮੈਨੇਜਮੈਂਟ ਖਿਲਾਫ ਮੰਡਲ ਸੰਗਰੂਰ ਵੱਲੋਂ ਭਰਵੀਂ ਰੋਸ ਰੈਲੀ ਕੀਤੀ ਗਈ।ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆਂ ਸਟੇਟ ਆਗੂ ਹਰਪਾਲ ਸਿੰਘ ਨੇ ਪਾਵਰਕਾਮ ਦੀ ਮੈਨੇਜਮੈਂਟ ਨੂੰ ਚਿਤਾਵਨੀ ਦਿੰਦਿਆਂ ਆਖਿਆ ਕਿ ਜੇਕਰ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਸਾਨੂੰ ਮਜਬੂਰ ਹੋ ਸੰਘਰਸ਼ ਨੂੰ ਹੋਰ ਤਿੱਖਾ ਕਰਨਾ ਪਏਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰੈਲੀ ਨੂੰ ਸਾਥੀ ਜੀਵਨ ਸਿੰਘ, ਕੁਲਵਿੰਦਰ ਸਿੰਘ, ਜਗਦੀਪ ਸਿੰਘ ਗੁੱਜਰਾਂ, ਜਗਦੇਵ ਸਿੰਘ, ਜਸਮੇਲ ਸਿੰਘ ਜੱਸੀ ਤੇ ਗੁਲਜਾਰ ਸਿੰਘ ਨੇ ਵੀ ਸੰਬੋਧਨ ਕੀਤਾ।

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਸਾਥੀ ਰਾਜੇਸ਼ ਦੱਤਾ ਦੀ ਅਗਵਾਈ ਵਿੱਚ ਸਿਟੀ ਡਵੀਜ਼ਨ ਸਾਹਮਣੇ ਵੱਡੀ ਗਿਣਤੀ ਵਿੱਚ ਬਿਜਲੀ ਮੁਲਾਜ਼ਮਾਂ ਵੱਲੋਂ ਧਰਨਾ ਦਿੱਤਾ ਗਿਆ। ਧਰਨੇ ਨੂੰ ਸੰਬੋਧਨ ਕਰਦੇ ਹੋਏ ਆਗੂ ਸਾਥੀ ਸਰਕਲ ਪ੍ਰਧਾਨ ਜਗਤਾਰ ਸਿੰਘ, ਅਸ਼ਵਨੀ ਕੁਮਾਰ ਸਰਕਲ ਪ੍ਰਧਾਨ, ਰਾਜੇਸ਼ ਦੇਵਗਨ ਸਬ ਅਰਬਨ ਮੰਡਲ ਪ੍ਰਧਾਨ, ਸਤੀਸ਼ ਕੁਮਾਰ ਮੀਤ ਪ੍ਰਧਾਨ ਪੰਜਾਬ, ਰਾਕੇਸ਼ ਸੈਣੀ, ਕੁਲਵੰਤ ਸਿੰਘ, ਸੁਖਚੈਨ ਸਿੰਘ, ਰਵੀ ਸ਼ਰਮਾ ਬਾਜੀਦਪੁਰ, ਤਰਲੋਚਨ ਸਿੰਘ, ਅਮੋਲਕ ਸਿੰਘ, ਰਮਨਦੀਪ ਸਿੰਘ, ਅਵਤਾਰ ਸਿੰਘ, ਗੁਰਦੇਵ ਸਿੰਘ, ਰਾਮ ਸੁੱਖ, ਰਜਿੰਦਰ ਸ਼ਰਮਾ, ਨੰਦ ਲਾਲ, ਜਗਸੀਰ ਸਿੰਘ, ਰੇਸ਼ਮ ਸਿੰਘ ਆਦਿ ਨੇ ਕਿਹਾ ਕਿ ਬਿਜਲੀ ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਮੁਤਾਬਿਕ ਪਾਵਰਕਾਮ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਨੂੰ ਮੰਗ ਪੱਤਰ ਦਿੱਤਾ ਹੋਇਆ ਹੈ, ਜੋ ਕਿ ਪਾਵਰਕਾਮ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਟਾਲ ਮਟੋਲ ਕੀਤਾ ਜਾ ਰਿਹਾ ਹੈ, ਜਿਸ ਦਾ ਬਿਜਲੀ ਮੁਲਾਜ਼ਮਾਂ ਵਿੱਚ ਕਾਫੀ ਰੋਸ ਪਾਇਆ ਜਾ ਰਿਹਾ ਹੈ। ਜੇਕਰ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਨੇ ਮੀਟਿੰਗ ਦੇ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਹੱਲ ਨਾ ਕੀਤੀਆਂ ਤਾਂ ਬਿਜਲੀ ਮੁਲਾਜ਼ਮ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ, ਜਿਸ ਦੇ ਨਿਕਲਣ ਵਾਲੇ ਸਿੱਟਿਆਂ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਪਾਵਰਾਮ ਦੀ ਮੈਨੇਜਮੈਂਟ ਦੀ ਹੋਵੇਗੀ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)** : ਪੰਜਾਬ ਰਾਜ ਬਿਜਲੀ ਬੋਰਡ ਇੰਪਲਾਈਜ਼ ਜੁਆਇੰਟ ਫੋਰਮ ਤੇ ਬਿਜਲੀ ਮੁਲਾਜ਼ਮ ਮੰਚ ਏਕਤਾ ਪੰਜਾਬ ਵੱਲੋਂ ਦਿੱਤੇ ਗਏ ਸੱਦੇ 'ਤੇ ਬਿਜਲੀ ਮੁਲਾਜ਼ਮਾਂ ਨੇ ਛੁੱਟੀ ਲੈ ਕੇ ਕੰਮ ਬੰਦ ਰੱਖਿਆ।ਮਿਲੀ ਜਾਣਕਾਰੀ ਅਨੁਸਾਰ ਉੱਪ ਮੰਡਲ ਸਬ ਅਰਬਨ ਸ਼ਹਿਰੀ, ਰੁਪਾਣਾ, ਬਰੀਵਾਲਾ, ਲੱਖੇਵਾਲੀ, ਫੱਤਣਵਾਲਾ, ਲੁਬਾਣਿਆਂ ਵਾਲੀ ਆਦਿ ਦਫ਼ਤਰ ਬੰਦ ਰੱਖੇ।ਵੱਖ ਵੱਖ ਥਾਵਾਂ 'ਤੇ ਬਿਜਲੀ ਮੁਲਾਜ਼ਮਾਂ ਨੇ ਪੰਜਾਬ ਸਰਕਾਰ ਖਿਲਾਫ ਨਾਹਰੇਬਾਜ਼ੀ ਕੀਤੀ।ਇਸ ਮੌਕੇ ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ ਅਤੇ ਕੰਮ-ਕਾਜ ਠੱਪ ਕਰਨ ਦਾ ਸਮਾਂ ਵਧਾਇਆ ਜਾਵੇਗਾ।ਇਸ ਸਮੇਂ ਬਰਜਿੰਦਰ ਸ਼ਰਮਾ, ਬਲਜੀਤ ਸਿੰਘ ਮੋਦਲਾ, ਮਨਿੰਦਰ ਸਿੰਘ, ਗੁਰਦੀਪ ਸਿੰਘ, ਗੁਰਸੇਵਕ ਸਿੰਘ, ਬੱਲਾ ਸਿੰਘ, ਅਕਾਸ਼ਦੀਪ ਸਿੰਘ, ਮਨਦੀਪ ਸਿੰਘ, ਕੁਲਵੰਤ ਸਿੰਘ, ਗੁਰਲਾਲ ਸਿੰਘ, ਮਨਜਿੰਦਰ ਸਿੰਘ ਤੇ ਬਸੰਤ ਸਿੰਘ ਆਦਿ ਹੋਰ ਆਗੂ ਮੌਜੂਦ ਸਨ।

# ਪਟਿਆਲਾ ਪੁਲਸ ਵੱਲੋਂ ਗੈਂਗਸਟਰਾਂ ਦੇ ਨਜ਼ਦੀਕੀ ਸਾਥੀ ਅਸਲੇ ਸਮੇਤ ਕਾਬੂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਡਾ: ਨਾਨਕ ਸਿੰਘ ਆਈ.ਪੀ.ਐੱਸ ਸੀਨੀਅਰ ਕਪਤਾਨ ਪੁਲਸ ਨੇ ਪ੍ਰੈੱਸ ਨੋਟ ਰਾਹੀਂ ਦੱਸਿਆ ਕਿ ਪਟਿਆਲਾ ਪੁਲਸ ਵੱਲੋਂ ਗੈਂਗਸਟਰ ਲਾਰੈਂਸ ਬਿਸ਼ਨੋਈ ਤੇ ਰਜੀਵ ਰਾਜਾ ਗਰੋਹ ਦੇ ਮੈਂਬਰਾਂ ਦੇ ਕਰੀਬੀ ਸਾਥੀ, ਜੋ ਕਿ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਰਹੇ ਹਨ, ਦੇ ਖਿਲਾਫ ਸਪੈਸ਼ਲ ਮੁਹਿੰਮ ਚਲਾਈ ਹੋਈ ਹੈ, ਜਿਸ ਦੇ ਤਹਿਤ ਸ੍ਰੀ ਯੁਗੇਸ਼ ਸ਼ਰਮਾ ਪੀ.ਪੀ.ਐੱਸ, ਕਪਤਾਨ ਪੁਲਸ, ਇੰਨਵੈਸਟੀਗੇਸ਼ਨ ਪਟਿਆਲਾ, ਗੁਰਦੇਵ ਸਿੰਘ ਧਾਲੀਵਾਲ ਉਪ ਕਪਤਾਨ ਪੁਲਸ (ਡੀ) ਪਟਿਆਲਾ ਦੀ ਅਗਵਾਈ ਵਿੱਚ ਇੰਸਪੈਕਟਰ ਸ਼ਮਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਪਟਿਆਲਾ ਦੀ ਟੀਮ ਵੱਲੋਂ ਪਿਛਲੇ ਦਿਨੀਂ ਕਤਲ ਹੋਏ ਤੇਜਪਾਲ ਦੇ ਕਰੀਬੀ ਸਾਥੀ ਰੋਹਿਤ ਕੁਮਾਰ ਉਰਫ ਚੀਕੂ ਪੁੱਤਰ ਮੇਵਾ ਰਾਮ ਵਾਸੀ ਮਕਾਨ ਨੰਬਰ 19 ਨਿਊ ਮਾਲਵਾ ਕਲੋਨੀ ਸਨੌਰੀ ਅੱਡਾ ਥਾਣਾ ਕੋਤਵਾਲੀ ਪਟਿਆਲਾ, ਸੁਖਪਾਲ ਸਿੰਘ ਪੁੱਤਰ ਲੇਟ ਹਰਭਜਨ ਸਿੰਘ ਵਾਸੀ ਪਿੰਡ ਹਰਿਆਊ ਥਾਣਾ ਲਹਿਰਾਗਾਗਾ ਜ਼ਿਲ੍ਹਾ ਸੰਗਰੂਰ ਨੂੰ ਸਨੌਰ ਤੋਂ ਰਿਸ਼ੀ ਕਲੋਨੀ ਮੋੜ ਤੋਂ ਗ੍ਰਿਫਤਾਰ ਕੀਤਾ ਗਿਆ ਹੈ, ਜਿਨ੍ਹਾਂ ਪਾਸੋਂ 2 ਪਿਸਟਲ .32 ਬੋਰ ਸਮੇਤ 12 ਰੋਦ ਬਰਾਮਦ ਹੋਏ। ਇਕ ਹੋਰ ਕੇਸ ਵਿੱਚ ਦੋਸ਼ੀ ਯਸ਼ਰਾਜ ਉਰਫ ਕਾਕਾ ਪੁੱਤਰ ਰਛਪਾਲ ਛੰਮਾ ਵਾਸੀ ਮਕਾਨ ਨੰਬਰ 1346/98 ਮੁਹੱਲਾ ਸਮਸ਼ੇਰ ਸਿੰਘ ਨੇੜੇ ਕਿਤਾਬਾਂ ਵਾਲਾ ਬਜ਼ਾਰ ਥਾਣਾ ਕੋਤਵਾਲੀ ਪਟਿਆਲਾ ਨੂੰ ਡਕਾਲਾ ਰੋੜ ਨੇੜੇ ਡੀਅਰ ਪਾਰਕ ਤੋਂ ਗ੍ਰਿਫਤਾਰ ਕੀਤਾ ਗਿਆ ਹੈ, ਦੋਸ਼ੀ ਯਸ਼ਰਾਜ ਉਰਫ ਕਾਕਾ ਜੋ ਕਿ ਪਿਛਲੇ ਦਿਨੀਂ ਕਤਲ ਹੋਏ ਅਵਤਾਰ ਤਾਰੀ ਦੇ ਕੇਸ ਵਿੱਚ ਲੋੜੀਂਦਾ ਸੀ।ਗ੍ਰਿਫਤਾਰੀ ਦੌਰਾਨ ਦੋਸ਼ੀ ਯਸ਼ਰਾਜ ਉਰਫ ਕਾਲਾ ਪਾਸੋਂ 2 ਪਿਸਟਲ .32 ਬੋਰ ਸਮੇਤ 14 ਰੋਦ ਬਰਾਮਦ ਹੋਏ ਹਨ, ਇਨ੍ਹਾਂ ਦੋਵੇਂ ਕੇਸਾਂ ਵਿੱਚ ਉਕਤਾਨ 3 ਦੋਸ਼ੀਆਂ ਪਾਸੋਂ ਕੁਲ 4 ਪਿਸਟਲ .32 ਬੋਰ 26 ਰੋਦ ਬਰਾਮਦ ਕਰਨ ਦੀ ਸਫਲਤਾ ਹਾਸਲ ਕੀਤੀ ਗਈ ਹੈ।ਐੱਸ.ਐੱਸ.ਪੀ. ਪਟਿਆਲਾ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਵਿਅਕਤੀਆਂ ਦੇ ਗੈਂਗਸਟਰ ਲਾਰੈਂਸ ਬਿਸ਼ਨੋਈ ਤੇ ਰਜੀਵ ਰਾਜਾ ਗਰੋਹ ਦੇ ਮੈਂਬਰਾਂ ਦੇ ਕਰੀਬੀ ਸਾਥੀ ਹਨ, ਇਹ ਵੱਖ-ਵੱਖ ਕੇਸਾਂ ਵਿੱਚ ਪਿਛਲੇ ਕਾਫੀ ਸਮੇਂ ਤੋਂ ਵੱਖ-ਵੱਖ ਜੇਲ੍ਹਾਂ ਵਿੱਚ ਰਹੇ ਹਨ।

ਬਰਾਮਦ ਅਸਲਿਆਂ ਬਾਰੇ ਮੁਢਲੇ ਤੌਰ 'ਤੇ ਇਹ ਗੱਲ ਸਾਹਮਣੇ ਆਈ ਹੈ ਕਿ ਰੋਹਿਤ ਕੁਮਾਰ ਚੀਕੂ, ਸੁਖਪਾਲ ਸਿੰਘ ਤੇ ਯਸ਼ਰਾਜ ਉਰਫ ਕਾਕਾ ਬਰਾਮਦ ਅਸਲਾ ਐਮੋਨੀਸ਼ਨ, ਜੋ ਕਿ ਮੱਧ ਪ੍ਰਦੇਸ ਤੋਂ ਲੈ ਕੇ ਆਇਆ ਸੀ.ਪੁਨੀਤ ਸਿੰਘ ਗੋਲਾ ਨੂੰ 1 ਅਗਸਤ 2024 ਨੂੰ ਪੁਲਸ ਇਨਕਾਊਂਟਰ ਦੌਰਾਨ ਕਾਬੂ ਕੀਤਾ ਗਿਆ ਸੀ, ਜਿਸ ਨੂੰ ਦੋਬਾਰਾ ਮਿਤੀ 30.08.2024 ਤੋਂ ਮਿਤੀ 05.09.2024 ਤੱਕ ਪੁਲਸ ਰਿਮਾਂਡ ਲਿਆ ਕੇ ਪੁੱਛਗਿੱਛ ਕੀਤੀ ਗਈ ਹੈ।ਮੁਲਜ਼ਮ ਰੋਹਿਤ ਕੁਮਾਰ ਉਰਫ ਚੀਕੂ, ਸੁਖਪਾਲ ਸਿੰਘ ਤੇ ਯਸ਼ਰਾਜ ਉਰਫ ਕਾਲਾ ਉਕਤ ਦਾ ਪੁਲਸ ਰਿਮਾਂਡ ਹਾਸਲ ਕਰਕੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।



# ਫਰਜ਼ੀ ਟਰੈਵਲ ਏਜੰਟ ਸੁੱਖ ਧੋਥੜ ਦਾ ਪੁਲਸ ਰਿਮਾਂਡ ਖਤਮ, ਜੇਲ੍ਹ ਭੇਜਿਆ

## ਮਾਮਲਾ ਜਾਲ੍ਹੀ ਹਵਾਈ ਟਿਕਟਾਂ ਰਾਹੀਂ ਕਰੋੜਾਂ ਰੁਪਏ ਹੜੱਪਣ ਦਾ

**ਚੌਕੀਮਾਨ/ਅੱਡਾ ਦਾਖਾ (ਬਲਬੀਰ ਮਾਨ)**-ਅੱਜ ਤੋਂ ਕਰੀਬ ਪੰਜ ਮਹੀਨੇ ਪਹਿਲਾਂ ਹਲਕਾ ਦਾਖਾ ਦੇ ਕਸਬਾ ਮੁੱਲਾਂਪੁਰ ਦਾਖਾ 'ਚ ਇੱਕ ਫਰਜ਼ੀ ਟਰੈਵਲ ਏਜੰਟ ਖਿਲਾਫ 28 ਦਰਖ਼ਾਸਤਾਂ ਥਾਣੇ ਪੁੱਜੀਆਂ ਸਨ ਅਤੇ ਇਹ ਕਥਿਤ ਆਰੋਪੀ ਸੁੱਖ ਆਨਲਾਈਨ ਸਰਵਿਸ ਦੇ ਮਾਲਕ ਸੁਖਵਿੰਦਰ ਸਿੰਘ ਸੁੱਖ ਧੋਥੜ ਅੱਜ ਤੋਂ 8 ਮਹੀਨੇ ਪਹਿਲਾਂ ਫਰਾਰ ਹੋ ਗਿਆ ਸੀ ਅਤੇ ਸ਼ੱਕ ਕੀਤੀ ਜਾ ਰਹੀ ਸੀ ਕਿ ਇਹ ਆਰੋਪੀ ਵਿਦੇਸ਼ ਭੱਜਣ 'ਚ ਸਫਲ ਹੋ ਗਿਆ ਹੈ।ਇਸ ਕਥਿਤ ਠੱਗ ਦਾ ਪਿੰਡ ਸਵੱਦੀ ਕਲਾਂ ਦੇ ਨਜ਼ਦੀਕ ਧੋਥੜ ਦੱਸਿਆ ਜਾ ਰਿਹਾ ਹੈ, ਜਿਸ ਨੇ ਪਹਿਲਾਂ ਪਿੰਡ ਸਵੱਦੀ ਕਲਾਂ 'ਚ ਇੱਕ ਕੈਫੇ ਖੋਲ੍ਹਿਆ ਸੀ, ਜਿਸ ਤੋਂ ਬਾਅਦ ਇਹ ਨੌਜਵਾਨ ਨੇ ਇੱਕ ਟਰੈਵਲ ਏਜੰਟ ਦੀ ਦੁਕਾਨ ਕਸਬਾ ਮੁੱਲਾਂਪੁਰ ਦਾਖਾ 'ਚ ਖੋਲ੍ਹੀ ਸੀ, ਜਿੱਥੇ ਇਲਾਕੇ ਭਰ ਦੇ ਲੋਕ ਕੈਨੇਡਾ, ਅਮਰੀਕਾ ਤੇ ਯੂਰਪੀਨ ਦੇਸ਼ਾਂ ਦੀਆਂ ਹਵਾਈ ਟਿਕਟਾਂ ਬੁੱਕ ਕਰਨ ਲੱਗੇ।ਇਸ ਮਹਾਨ ਸ਼ਾਤਰ ਨੌਜਵਾਨ ਨੇ ਪਹਿਲਾਂ ਲੋਕਾਂ 'ਚ ਵਿਸ਼ਵਾਸ ਬਣਾਇਆ ਤੇ ਬਾਅਦ ਵਿੱਚ ਸਣੇ ਹਵਾਈ ਟਿਕਟਾਂ ਵੇਚਣ ਵਾਲੇ ਹੋਲ ਸੇਲਰਾਂ ਨੂੰ ਕਰੋੜਾਂ ਰੁਪਏ ਦਾ ਚੂਨਾ ਲਗਾ ਦਿੱਤਾ ਅਤੇ ਇਲਾਕੇ ਭਰ ਦੇ ਲੋਕਾਂ ਨੇ ਵੱਡੀ ਗਿਣਤੀ ਕੈਨੇਡਾ ਜਾਣ ਵਾਸਤੇ ਇਸ ਨੌਜਵਾਨ ਕੋਲੋਂ ਹਵਾਈ ਟਿਕਟਾਂ ਬੁੱਕ ਕਰਵਾ ਦਿੱਤੀਆਂ, ਪ੍ਰੰਤੂ ਇਨ੍ਹਾਂ ਲੋਕਾਂ ਨੂੰ ਠੱਗੀ ਦਾ ਉਸ ਵੇਲੇ ਪਤਾ ਲੱਗਾ, ਜਦੋਂ ਇਹ ਲੋਕ ਦਿੱਲੀ ਏਅਰਪੋਰਟ 'ਤੇ ਪੁੱਜੇ ਤੇ ਇਨ੍ਹਾਂ ਨੂੰ ਪਤਾ ਲੱਗਾ ਕਿ ਇਨ੍ਹਾਂ ਕੋਲ ਤਾਂ ਜਾਲ੍ਹੀ ਹਵਾਈ ਟਿਕਟਾਂ ਹਨ।ਫੇਰ ਕੀ ਸੀ, ਇੱਕ ਇੱਕ ਕਰਕੇ 28 ਲੋਕਾਂ ਨੇ ਇਹ ਨੌਜਵਾਨਾਂ ਖਿਲਾਫ ਮਾਡਲ ਥਾਣਾ ਦਾਖਾ 'ਚ ਪੁੱਜ ਕੇ ਆਪੋ ਆਪਣੀਆਂ ਦਰਖਾਸਤਾਂ ਦਿੱਤੀਆਂ।ਉਸ ਸਮੇਂ ਜਦੋਂ ਡੀ ਐੱਸ ਪੀ ਦਾਖਾ ਤੇ ਐੱਸ ਐੱਸ ਓ ਮੁੱਲਾਂਪੁਰ ਦਾਖਾ ਨੇ ਇਸ ਨੌਜਵਾਨ ਦੀ ਮੁੱਖ ਦੁਕਾਨ 'ਤੇ ਰੇਡ ਕੀਤੀ ਸੀ, ਪ੍ਰੰਤੂ ਉਸ ਵੇਲੇ ਇਹ ਨੌਜਵਾਨ ਫ਼ਰਾਰ ਹੋ ਚੁੱਕਾ ਸੀ।ਪੁਲਸ ਨੇ ਸੁੱਖ ਟੈਲੀਕਾਮ ਨਾਮੀ ਦੁਕਾਨ ਨੂੰ ਜਿੰਦਰਾ ਲਗਾ ਦਿੱਤਾ ਸੀ, ਪਰ ਉਸ ਵੇਲੇ ਪੀੜਤ ਲੋਕਾਂ ਨੇ ਇਸ ਆਰੋਪੀ ਦੇ ਘਰ ਤੱਕ ਵੀ ਪਹੁੰਚ ਕੀਤੀ ਪ੍ਰੰਤੂ ਪੀੜਤ ਲੋਕਾਂ ਦੇ ਪੱਲੇ ਨਿਰਾਸ਼ਾ ਹੀ ਪਈ।ਹੁਣ ਕਰੀਬ 7 ਤੋਂ 8 ਮਹੀਨੇ ਬੀਤ ਜਾਣ ਬਾਅਦ ਇਹ ਨੌਜਵਾਨ ਨੇ ਮਾਨਯੋਗ ਅਦਾਲਤ ਵਿੱਚ ਆਪਣੇ ਆਪ ਨੂੰ ਪੇਸ਼ ਕਰ ਦਿੱਤਾ ਹੈ, ਜਿਸ ਦਾ ਬਾਅਦ ਚ ਪੁਲਸ ਨੇ ਦੋ ਦਿਨਾਂ ਪੁਲਸ ਰਿਮਾਂਡ ਮੰਗਿਆ ਸੀ।

ਤਫਤੀਸ਼ੀ ਅਫ਼ਸਰ ਆਤਮਾ ਸਿੰਘ ਨੇ ਦੱਸਿਆ ਕਿ 3 ਸਤੰਬਰ ਨੂੰ ਇਸ ਨੌਜਵਾਨ ਨੇ ਆਪਣੇ ਆਪ ਨੂੰ ਕਾਨੂੰਨ ਦੇ ਹਵਾਲੇ ਕਰ ਦਿੱਤਾ ਸੀ, ਜਿਸ ਤੋਂ ਬਾਅਦ 5 ਸਤੰਬਰ ਨੂੰ ਇਸ ਨੂੰ ਜੇਲ੍ਹ ਭੇਜ ਦਿੱਤਾ ਗਿਆ।ਉਨ੍ਹਾਂ ਦੱਸਿਆ ਕਿ ਦੋ ਦਿਨ ਦੇ ਪੁਲਸ ਰਿਮਾਂਡ ਦੌਰਾਨ ਇਸ ਆਰੋਪੀ ਨੌਜਵਾਨ ਨੇ ਮੰਨਿਆ ਕਿ ਉਸ ਨੇ ਵੱਡੀ ਗਿਣਤੀ ਲੋਕਾਂ ਨਾਲ ਠੱਗੀ ਮਾਰੀ ਹੈ।ਪੁਲਸ ਅਧਿਕਾਰੀ ਨੇ ਦੱਸਿਆ ਕਿ ਹੁਣ ਇਹ ਆਰੋਪੀ ਜੇਲ੍ਹ ਵਿੱਚ ਹੈ ਤੇ ਹੁਣ ਦੇਖਣਾ ਇਹ ਹੋਵੇਗਾ ਕਿ ਕੀ ਇਸ ਨੌਜਵਾਨ ਨੂੰ ਸਜ਼ਾ ਹੁੰਦੀ ਹੈ ਜਾਂ ਇਹ ਸਰਕਾਰੇ ਦਰਬਾਰੇ ਆਪਣੀ ਅਪਰੋਚ ਨਾਲ ਬਚ ਜਾਵੇਗਾ।



# ਕਿਸਾਨ ਵਿੰਗ ਆਗੂ ਦੇ ਕਾਤਲ ਖੰਨਾ ਪੁਲਸ ਵੱਲੋਂ ਕੁਝ ਘੰਟਿਆਂ 'ਚ ਕਾਬੂ

**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਲੁਧਿਆਣਾ ਰੇਂਜ ਦੇ ਆਈ ਜੀ ਧਨਪ੍ਰੀਤ ਕੌਰ ਆਈ ਪੀ ਐੱਸ ਦੇ ਨਿਰਦੇਸ਼ਾਂ, ਪੁਲਸ ਜ਼ਿਲ੍ਹਾ ਖੰਨਾ ਐੱਸ ਐੱਸ ਪੀ ਅਸ਼ਵਨੀ ਗੁਟਿਆਲ ਆਈ ਪੀ ਐੱਸ ਦੀ ਰਹਿਨੁਮਾਈ ਹੇਠ ਚਲਾਈ ਭੈੜੇ ਅਨਸਾਰਾਂ ਕਾਬੂ ਕਰਨ ਦੀ ਮੁਹਿੰਮ ਦੀ ਅਗਵਾਈ ਸ੍ਰੀ ਸੌਰਵ ਜਿੰਦਲ ਐੱਸ ਪੀ (ਆਈ) ਤਰਲੋਚਨ ਸਿੰਘ ਪੀਪੀਐੱਸ ਉਪ ਕਪਤਾਨ ਸਮਰਾਲਾ, ਅੰਮ੍ਰਿਤਪਾਲ ਸਿੰਘ ਪੀਪੀਐੱਸ ਉਪ ਕਪਤਾਨ ਖੰਨਾ, ਇੰਚਾਰਜ ਸੀ ਆਈ ਏ ਸਟਾਫ ਖੰਨਾ ਤੇ ਮੁੱਖ ਅਫਸਰ ਥਾਣਾ ਸਦਰ ਖੰਨਾ ਵੱਲੋਂ ਬੀਤੇ ਕੱਲ੍ਹ ਦੇਰ ਸ਼ਾਮ ਖੰਨਾ ਨੇੜਲੇ ਪਿੰਡ ਇਕੋਲਾਹਾ 'ਚ ਹੋਏ ਆਮ ਆਦਮੀ ਪਾਰਟੀ ਦੇ ਕਿਸਾਨ ਵਿੰਗ ਦੇ ਆਗੂ ਤਰਲੋਚਨ ਸਿੰਘ ਦੇ ਕਾਤਲ ਦੀ ਗੁੱਥੀ ਨੂੰ ਕੁਝ ਘੰਟਿਆਂ ਵਿੱਚ ਸੁਲਝਾ ਕੇ ਇੱਕ ਕਥਿਤ ਦੋਸ਼ੀ ਗ੍ਰਿਫਤਾਰ ਕਰਕੇ ਉਸ ਪਾਸੋਂ ਇੱਕ ਰਿਵਾਲਵਰ .32 ਬੋਰ ਸਮੇਤ ਤਿੰਨ ਜ਼ਿੰਦਾ ਕਾਰਤੂਸ ਇੱਕ ਖਾਲੀ ਖੋਲ .32 ਬੋਰ ਇੱਕ ਸਕੂਟਰੀ ਨੰਬਰ ਪੀ ਬੀ 26 ਐੱਚ 7201 ਬ੍ਰਾਮਦ ਕੀਤੀ ਗਈ ਹੈ।ਲੁਧਿਆਣਾ ਰੇਂਜ ਦੀ ਆਈ ਜੀ ਧਨਪ੍ਰੀਤ ਕੌਰ ਵੱਲੋਂ ਪੁਲਸ ਜ਼ਿਲ੍ਹਾ ਖੰਨਾ ਦੇ ਐੱਸ ਐੱਸ ਪੀ ਦੇ ਦਫ਼ਤਰ ਵਿੱਚ ਇੱਕ ਪ੍ਰੈੱਸ ਕਾਨਫਰੰਸ ਕਰਕੇ ਪੱਤਰਕਾਰਾਂ ਨੂੰ ਦਿੰਦਿਆਂ ਦੱਸਿਆ ਕਿ 10-9-2024 ਨੂੰ ਹਰਪ੍ਰੀਤ ਸਿੰਘ ਪੁੱਤਰ ਲੇਟ ਤਰਲੋਚਨ ਸਿੰਘ ਵਾਸੀ ਪਿੰਡ ਇਕੋਲਾਹਾ ਨੇ ਖੰਨਾ ਪੁਲਸ ਨੂੰ ਬਿਆਨ ਰਾਹੀਂ ਇਤਲਾਹ ਦਿੱਤੀ ਕਿ 9 ਸਤੰਬਰ 2024 ਦੀ ਸ਼ਾਮ ਨੂੰ ਉਸ ਦੇ ਪਿਤਾ ਤਰਲੋਚਨ ਸਿੰਘ ਆਪਣੀ ਮੋਟਰ ਤੋਂ ਆਪਣੇ ਵਹੀਕਲ ਉੱਪਰ ਘਰ ਵੱਲ ਨੂੰ ਵਾਪਸ ਆ ਰਿਹਾ ਸੀ।ਉਹ ਆਪਣੇ ਪਿਤਾ ਦੇ ਵਹੀਕਲ ਥੋੜ੍ਹਾ ਪਿੱਛੇ ਸੀ।ਜਦੋਂ ਉਸ ਦਾ ਪਿਤਾ ਤਰਲੋਚਨ ਸਿੰਘ ਸੂਆ ਪੁਲੀ ਕੌੜੀ ਵਾਲੇ ਰਾਸਤੇ 'ਤੇ ਪਹੁੰਚੇ ਤਾਂ ਉੱਥੇ ਪਿੰਡ ਦਾ ਰਣਜੀਤ ਸਿੰਘ ਪੁੱਤਰ ਬੰਤ ਸਿੰਘ ਖੜ੍ਹਾ ਸੀ, ਜਿਸ ਨੇ ਆਪਣੇ ਡੱਬ ਵਿੱਚੋਂ ਰਿਵਾਲਵਰ ਕੱਢ ਕੇ ਉਸ ਦੇ ਪਿਤਾ ਤਰਲੋਚਨ ਸਿੰਘ ਉੱਪਰ ਫਾਇਰ ਕਰ ਕਰਨੇ ਸ਼ੁਰੂ ਕਰ ਦਿੱਤੇ, ਜਿਸ ਕਰਕੇ ਉਸ ਦਾ ਪਿਤਾ ਸਮੇਤ ਸਕੂਟਰੀ ਸੜਕ ਉੱਪਰ ਡਿੱਗ ਗਿਆ ਤੇ ਰਣਜੀਤ ਸਿੰਘ ਉਸ ਨੂੰ ਵੇਖ ਕੇ ਰਿਵਾਲਵਰ ਸਮੇਤ ਮੌਕੇ ਤੋਂ ਭੱਜ ਗਿਆ।ਇਸ ਸਭ ਕਾਰੇ ਦੀ ਵਜ੍ਹਾ ਪੁਰਾਣੀ ਰੰਜਿਸ਼ ਹੈ।ਕੁਝ ਸਾਲ ਪਹਿਲਾਂ ਰਣਜੀਤ ਸਿੰਘ ਨੇ ਉਸ ਦੇ ਪਿਤਾ ਤਰਲੋਚਨ ਸਿੰਘ ਅਤੇ ਉਸਦੇ ਸੱਟਾਂ ਮਾਰੀਆਂ ਸਨ।ਇਸ ਸਬੰਧੀ ਉਨ੍ਹਾਂ ਦਾ ਪਿੰਡ ਦੇ ਮੋਹਤਬਰ ਵਿਅਕਤੀਆਂ ਨੇ ਰਾਜ਼ੀਨਾਮਾ ਕਰਵਾ ਦਿੱਤਾ ਸੀ।ਇਸ ਕਰਕੇ ਰਣਜੀਤ ਸਿੰਘ ਉਨ੍ਹਾਂ ਨਾਲ ਰੰਜਿਸ਼ ਰੱਖਦਾ ਸੀ।ਮਿਤ੍ਰਕ ਦੇ ਬੇਟੇ ਹਰਪ੍ਰੀਤ ਸਿੰਘ ਹੈਪੀ ਦੇ ਬਿਆਨਾਂ ਮੁਤਾਬਿਕ ਰਣਜੀਤ ਸਿੰਘ ਪੁੱਤਰ ਬੰਤ ਸਿੰਘ ਨੇ ਜਤਿੰਦਰ ਸਿੰਘ ਉਰਫ ਤੇਜਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਕੁਲਵਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਨਾਲ ਸਾਜ਼ਿਸ਼ ਰਚ ਕੇ ਮੇਰੇ ਪਿਤਾ ਤਰਲੋਚਨ ਸਿੰਘ ਦਾ ਕਤਲ ਕੀਤਾ ਹੈ।ਮਿਤ੍ਰਕ ਦੇ ਪੁੱਤਰ ਵੱਲੋਂ ਸੂਚਨਾ ਪ੍ਰਾਪਤ ਹੋਣ 'ਤੇ ਖੰਨਾ ਪੁਲਸ ਵੱਲੋਂ ਤੁਰੰਤ ਮੁਕੱਦਮਾ ਨੰਬਰ 179 ਥਾਣਾ ਸਦਰ ਖੰਨਾ ਵਿਖੇ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ ਗਈ।ਪੁਲਸ ਦੇ ਸੀਨੀਅਰ ਅਫਸਰ ਵੱਲੋਂ ਪਿੰਡ ਇਕੋਲਾਹਾ ਵਿਖੇ ਮੌਕਾ ਵਾਰਦਾਤ ਤੋਂ ਤਿੰਨ ਖਾਲੀ ਕਾਰਤੂਸ ਬਰਾਮਦ ਕੀਤੇ ਗਏ।ਮੁਕੱਦਮੇ ਦੀ ਤਫਤੀਸ਼ ਦੌਰਾਨ ਖੰਨਾ ਪੁਲਸ ਵੱਲੋਂ ਵੱਖ-ਵੱਖ ਟੀਮਾਂ ਬਣਾ ਕੇ ਮੁਕੱਦਮੇ ਦੀ ਵਿਗਿਆਨਕ ਤੇ ਤਕਨੀਕ ਪੱਖਾਂ ਤੋਂ ਤਫਤੀਸ਼ ਅਮਲ ਵਿੱਚ ਲਿਆਂਦੀ।ਤਫਤੀਸ਼ ਦੌਰਾਨ ਕਥਿਤ ਦੋਸ਼ੀ ਰਣਜੀਤ ਸਿੰਘ ਪੁੱਤਰ ਬੰਤ ਸਿੰਘ ਨੂੰ ਗ੍ਰਿਫਤਾਰ ਕੇ ਉਸ ਪਾਸੋਂ ਇਸ ਵਾਰਦਾਤ ਵਿੱਚ ਵਰਤਿਆ ਰਿਵਾਲਵਰ .32 ਬੋਰ ਤਿੰਨ ਜ਼ਿੰਦਾ ਕਾਰਤੂਸ ਤੇ ਖਾਲੀ ਖੋਲ .32 ਹੋਰ ਅਤੇ ਸਕੂਟਰੀ ਨੰਬਰ ਪੀ ਬੀ 26 ਐੱਚ 7201 ਬਰਾਮਦ ਕੀਤੀ ਗਈ ਹੈ।ਗ੍ਰਿਫਤਾਰ ਕੀਤੇ ਵਿਅਕਤੀ ਤੋਂ ਡੂੰਘਾਈ ਨਾਲ ਪੁਲਸ ਵੱਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ।



# ਜਾਅਲੀ ਐੱਨ ਓ ਸੀ ਦੇ ਦੋਸ਼ ਹੇਠ ਦੋ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕਾਰ ਦਾ ਲੋਨ ਉਤਾਰੇ ਬਗੈਰ ਜਾਅਲੀ ਐਨ.ਓ.ਸੀ. ਬਣਾ ਕੇ ਕਾਰ ਨੂੰ ਅੱਗੇ ਵੇਚਣ ਦੇ ਕਥਿਤ ਮਾਮਲੇ 'ਚ ਥਾਣਾ ਸਰਹਿੰਦ ਦੀ ਪੁਲਿਸ ਵੱਲੋਂ ਪਤੀ-ਪਤਨੀ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਸੀਨੀਅਰ ਪੁਲਸ ਅਧਿਕਾਰੀਆਂ ਨੂੰ ਦਿੱਤੀ ਦਰਖਾਸਤ 'ਚ ਇਕਿਉਟਾਸ ਸਮਾਲ ਫਾਇਨੈਂਸ ਬੈਂਕ ਦੇ ਮੈਨੇਜਰ ਹਿਤੇਸ਼ ਕੁਮਾਰ ਨੇ ਦੋਸ਼ ਲਾਏ ਸਨ ਕਿ ਗੁਰਪ੍ਰੀਤ ਸਿੰਘ ਅਤੇ ਖੁਸ਼ਪ੍ਰੀਤ ਕੌਰ ਨੇ ਉਨ੍ਹਾਂ ਦੇ ਅਦਾਰੇ ਤੋਂ ਕਾਰ ਨੰਬਰ ਪੀ.23.ਜੈੱਡ-7029 'ਤੇ 5 ਲੱਖ ਰੁਪਏ ਦਾ ਲੋਨ ਲਿਆ ਸੀ, ਜਿਸ ਦੀ 12160/- ਰੁਪਏ ਦੇ ਹਿਸਾਬ ਨਾਲ ਮਹੀਨਾਵਾਰ 60 ਕਿਸ਼ਤਾਂ ਸਨ, ਪਰ ਉਕਤ ਵਿਅਕਤੀਆਂ ਨੇ ਲੋਨ ਦੀਆਂ ਸੱਤ ਕਿਸ਼ਤਾਂ ਦੇਣ ਉਪਰੰਤ ਇਕਿਉਟਾਸ ਸਮਾਲ ਫਾਇਨੈਂਸ ਬੈਂਕ ਦੀ ਜਾਅਲੀ ਐਨ.ਓ.ਸੀ. ਬਣਾ ਕੇ ਕਾਰ ਨੂੰ ਅੱਗੇ ਕਿਸੇ ਹੋਰ ਨੂੰ ਵੇਚ ਕੇ ਧੋਖਾਧੜੀ ਕੀਤੀ ਹੈ।ਦਰਖਾਸਤ ਦੀ ਪੜਤਾਲ ਡੀ ਐਸ ਪੀ (ਪੀ.ਬੀ.ਆਈ.) ਵੱਲੋਂ ਕੀਤੀ ਗਈ, ਜਿਨ੍ਹਾਂ ਦੀ ਪੜਤਾਲ ਪੂਰੀ ਹੋਣ 'ਤੇ ਸੀਨੀਅਰ ਪੁਲਸ ਅਧਿਕਾਰੀਆਂ ਵੱਲੋਂ ਮਾਮਲੇ 'ਚ ਮੁਕੱਦਮਾ ਦਰਜ ਕਰਨ ਦੇ ਦਿੱਤੇ ਗਏ ਹੁਕਮਾਂ 'ਤੇ ਗੁਰਪ੍ਰੀਤ ਸਿੰਘ ਅਤੇ ਖੁਸ਼ਪ੍ਰੀਤ ਕੌਰ ਵਾਸੀਆਨ ਪਿੰਡ ਹੁਸੈਨਪੁਰਾ ਵਿਰੁੱਧ ਅ/ਧ 406, 420, 465, 467, 468, 471, 120ਬੀ ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਸਰਹਿੰਦ ਦੀ ਪੁਲਿਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

# ਮਾਨ ਸਰਕਾਰ ਮੁਲਾਜ਼ਮਾਂ ਨਾਲ ਟਕਰਾਓ ਦੀ ਨੀਤੀ ਛੱਡ ਕੇ ਵਾਅਦਿਆਂ ਮੁਤਾਬਿਕ ਮੰਗਾਂ ਦਾ ਨਿਪਟਾਰਾ ਕਰਨ ਦੇ ਰਾਹ ਤੁਰੇ : ਰਾਣਵਾਂ, ਲੁਬਾਣਾ

**ਲੁਧਿਆਣਾ (ਐੱਮ ਐੱਸ ਭਾਟੀਆ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1680) ਦੇ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਚੇਅਰਮੈਨ ਦਰਸ਼ਨ ਸਿੰਘ ਲੁਬਾਣਾ, ਸਰਪ੍ਰਸਤ ਚਰਨ ਸਿੰਘ ਸਰਾਭਾ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ, ਮੁੱਖ ਜਥੇਬੰਦਕ ਸਕੱਤਰ ਜਗਦੀਸ ਸਿੰਘ ਚਾਹਲ, ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਤੇ ਕਰਤਾਰ ਸਿੰਘ ਪਾਲ, ਸੀਨੀਅਰ ਮੀਤ ਪ੍ਰਧਾਨ ਗੁਰਜੀਤ ਸਿੰਘ ਘੋੜੇਵਾਹ, ਗੁਰਪ੍ਰੀਤ ਸਿੰਘ ਮੰਗਵਾਲ, ਗੁਰਮੇਲ ਸਿੰਘ ਕੈਲਪੁਰ, ਵਾਈਸ ਪ੍ਰਧਾਨ ਪ੍ਰਵੀਨ ਕੁਮਾਰ ਲੁਧਿਆਣਾ, ਜਗਮੇਲ ਸਿੰਘ ਪੱਖੋਵਾਲ, ਮੇਲਾ ਸਿੰਘ ਪੁੰਨਾਂਵਾਲ ਤੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਸੁਰਿੰਦਰ ਸਿੰਘ ਬੈਂਸ ਨੇ ਪਾਵਰਕਾਮ ਮੁਲਾਜ਼ਮਾਂ ਵੱਲੋਂ ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਤੇ ਐਸੋਸੀਏਸ਼ਨ ਆਫ ਜੂਨੀਅਰ ਇੰਜਨੀਅਰਜ਼ ਦੀ ਅਗਵਾਈ 'ਚ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਵੱਲੋਂ ਬਿਜਲੀ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਅਣਗੌਲਿਆ ਕਰਨ ਦੇ ਰੋਸ ਵਿੱਚ 10 ਸਤੰਬਰ ਤੋਂ 12 ਸਤੰਬਰ ਤੱਕ ਸਮੂਹਕ ਛੁੱਟੀ ਲੈ ਕੇ ਹੜਤਾਲ ਕਰਨ ਦੇ ਫੈਸਲੇ ਦੀ ਹਮਾਇਤ ਕਰਦਿਆਂ ਕਿਹਾ ਕਿ ਬਿਜਲੀ ਕਾਮਿਆਂ ਦੀਆਂ ਮੰਗਾਂ ਬਿਲਕੁੱਲ ਹੱਕੀ ਤੇ ਜਾਇਜ਼ ਹਨ, ਪੰਜਾਬ ਸਰਕਾਰ ਤੇ ਬਿਜਲੀ ਮੰਤਰੀ ਨੂੰ ਤੁਰੰਤ ਬਿਜਲੀ ਮੁਲਾਜ਼ਮਾਂ ਦੇ ਆਗੂਆਂ ਨਾਲ ਮੁੜ ਗੱਲਬਾਤ ਸ਼ੁਰੂ ਕਰਕੇ ਮੰਗਾਂ ਦਾ ਨਿਪਟਾਰਾ ਕਰਨਾ ਚਾਹੀਦਾ, ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਚੇਅਰਮੈਨ ਦਰਸ਼ਨ ਸਿੰਘ ਲੁਬਾਣਾ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ ਤੇ ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਕਿਹਾ ਕਿ ਬਿਜਲੀ ਮੁਲਾਜ਼ਮ ਹਮੇਸ਼ਾ ਅਪਣੀ ਜਾਨ ਨੂੰ ਖਤਰੇ ਵਿੱਚ ਪਾ ਕੇ ਅਪਣੀ ਸਰਕਾਰੀ ਡਿਊਟੀ (ਸੇਵਾ) ਨਿਭਾਉਂਦਾ ਹੈ, ਇਸ ਲਈ ਡਿਊਟੀ ਦੌਰਾਨ ਘਾਤਕ ਹਾਦਸੇ ਦਾ ਸ਼ਿਕਾਰ ਹੋਏ ਬਿਜਲੀ ਕਾਮਿਆਂ ਦੇ ਪੀੜਤ ਪਰਵਾਰਾਂ ਨੂੰ ਇੱਕ ਕਰੋੜ ਦੀ ਮੁਆਵਜ਼ਾ ਰਾਸ਼ੀ ਸਮੇਤ ਕਾਮੇਂ ਨੂੰ ਸ਼ਹੀਦ ਦਾ ਦਰਜਾ ਦੇਣਾ, ਹਾਦਸੇ ਦਾ ਸ਼ਿਕਾਰ ਹੋਏ ਹਰ ਤਰ੍ਹਾਂ ਦੇ ਕੱਚੇ/ਪੱਕੇ ਮੁਲਾਜ਼ਮਾਂ ਨੂੰ ਕੈਸ਼ਲੈੱਸ ਇਲਾਜ ਦੀ ਸੁਵਿਧਾ ਦੇਣਾ, ਹਾਦਸੇ ਦੌਰਾਨ ਕਰਮਚਾਰੀ ਦੀ ਮੌਤ ਹੋ ਜਾਣ ਦੀ ਸੂਰਤ ਵਿੱਚ ਸਬੰਧਿਤ ਕਰਮਚਾਰੀ (ਜੇ ਈ, ਲ.ਮ,ਸ.ਲ.ਮ,ਆਦਿ) ਦੇ ਨਾਂਅ ਉੱਪਰ ਬਿਨਾਂ ਪੜਤਾਲ ਕੀਤੇ ਐਫ.ਆਈ. ਆਰ. ਦਰਜ ਕਰਨ ਦੀ ਪਿਰਤ ਬੰਦ ਕਰਨਾ, ਆਰ ਟੀ ਐਮ ਦੀ ਤਰੱਕੀ ਤੁਰੰਤ ਕਰਨ,ਓ ਸੀ ਕੈਟਾਗਿਰੀ ਨੂੰ ਪੇ ਬੈਂਡ ਦੇਣ,ਸ.ਲ.ਮ. ਤੋਂ ਲ.ਮ.ਦੀ ਤਰੱਕੀ ਕਰਨਾ ਆਦਿ ਬਾਕੀ ਸਾਰੀਆਂ ਕੈਟਾਗਿਰੀਆਂ ਦੀਆਂ ਤਰੱਕੀਆਂ ਵਿੱਚ ਆਈ ਖੜੋਤ ਦੂਰ ਕਰਨਾ,ਇਨ ਹਾਊਸ ਕੰਟ੍ਰੈਕਟ ਕਾਮਿਆਂ ਨੂੰ ਰੈਗੂਲਰ ਕਰਨਾ, ਸੋਧੇ ਭੱਤਿਆਂ ਦਾ 32 ਮਹੀਨੇ ਦਾ ਬਕਾਇਆ ਜਾਰੀ ਕਰਨ ਆਦਿ ਮੰਗਾਂ ਲਈ ਬਿਜਲੀ ਮੰਤਰੀ ਵੱਲੋਂ ਵਾਅਦਾ ਕੀਤਾ ਗਿਆ ਸੀ ਕਿ 15 ਅਗਸਤ ਤੱਕ ਵਿੱਤ ਮੰਤਰੀ ਤੇ ਮੁੱਖ ਮੰਤਰੀ ਪੰਜਾਬ ਨਾਲ ਗੱਲ ਕਰਕੇ ਮੰਗਾਂ ਦਾ ਨਿਪਟਾਰਾ ਕਰ ਦਿੱਤਾ ਜਾਵੇਗਾ, ਪਰ ਹੁਣ ਬਿਜਲੀ ਮੈਨੇਜਮੈਂਟ ਤੇ ਬਿਜਲੀ ਮੰਤਰੀ ਮੁੱਕਰ ਗਏ ਹਨ, ਜਿਸ ਕਾਰਨ ਬਿਜਲੀ ਕਾਮਿਆਂ ਨੂੰ ਮਜਬੂਰੀ ਵਸ ਤਿੱਖੇ ਸੰਘਰਸ਼ ਦੇ ਰਾਹ ਪੈਣ ਲਈ ਮਜਬੂਰ ਹੋਣਾ ਪੈ ਰਿਹਾ ਹੈ।ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਤੇ ਚੇਅਰਮੈਨ ਦਰਸ਼ਨ ਸਿੰਘ ਲੁਬਾਣਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵਿਧਾਨ ਸਭਾ ਚੋਣਾਂ ਦੌਰਾਨ ਕੀਤੇ ਵਾਅਦਿਆਂ/ਗਰੰਟੀਆਂ ਮੁਤਾਬਕਾਂ ਮੁਲਾਜ਼ਮਾਂ ਨਾਲ ਟਕਰਾਓ ਦੀ ਨੀਤੀ ਤਿਆਗ ਕੇ ਗੱਲਬਾਤ ਰਾਹੀਂ ਮਸਲੇ ਹੱਲ ਕਰਨ ਦਾ ਰਸਤਾ ਅਖਤਿਆਰ ਕਰੇ। ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਅਪਣੀ ਸਰਕਾਰ ਦੇ ਢਾਈ ਸਾਲ ਦੇ ਕਾਰਜਕਾਲ ਦੌਰਾਨ ਇੱਕ ਵੀ ਮੀਟਿੰਗ ਮੁਲਾਜ਼ਮ ਆਗੂਆਂ ਨਾਲ ਮੰਗਾਂ ਦੇ ਨਿਪਟਾਰੇ ਲਈ ਨਹੀਂ ਕੀਤੀ, ਜਿਸ ਦਾ ਖਮਿਆਜ਼ਾ ਆਪ ਸਰਕਾਰ ਨੂੰ ਆ ਰਹੀਆਂ ਜ਼ਿਮਨੀ ਚੋਣਾਂ ਦੌਰਾਨ ਭੁਗਤਣਾ ਪਵੇਗਾ।



# ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਹੋ ਰਿਹਾ ਹਲਕੇ ਦਾ ਵਿਕਾਸ : ਕਾਕਾ ਬਰਾੜ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਪਿੰਡ ਮਾਨ ਸਿੰਘ ਵਾਲਾ ਦੀ ਬੀੜ ਵਿੱਚ ਰਹਿੰਦੇ ਸ਼੍ਰੋਮਣੀ ਅਕਾਲੀ ਦਲ ਨਾਲ ਸੰਬੰਧਤ ਕਰੀਬ ਇੱਕ ਦਰਜਨ ਪਰਵਾਰਾਂ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਇਨ੍ਹਾਂ ਪਰਵਾਰਾਂ ਨੂੰ ਹਲਕੇ ਦੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਮਾਰਕਿਟ ਕਮੇਟੀ ਚੇਅਰਮੈਨ ਸੁਰਜੀਤ ਸਿੰਘ ਸੰਧੂ, ਬਲਾਕ ਪ੍ਰਧਾਨ ਰਾਜਿੰਦਰ ਸਿੰਘ ਬਰਾੜ, ਸਟੇਟ ਯੂਥ ਆਗੂ ਅਰਸ਼ ਬਰਾੜ ਜੱਸੇਆਣਾ, ਕੌਂਸਲਰ ਜਗਮੀਤ ਸਿੰਘ ਜੱਗਾ, ਰੋਮੀ, ਜਗਦੀਪ ਸਿੰਘ ਢਿੱਲੋਂ, ਕੁਲਵਿੰਦਰ ਸਿੰਘ, ਗੁਰਪ੍ਰੀਤ ਸਿੰਘ ਤੇ ਹੋਰ ਪਾਰਟੀ ਦੇ ਵਰਕਰ ਹਾਜ਼ਰ ਸਨ।ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਵੱਲੋਂ ਹਰ ਵਰਗ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਸਿਹਤ, ਸਿੱਖਿਆ ਅਤੇ ਹਰੀ ਕ੍ਰਾਂਤੀ ਲਿਆਉਣ ਲਈ ਦਿਨ-ਰਾਤ ਮਿਹਨਤ ਕੀਤੀ ਜਾ ਰਹੀ ਹੈ।ਵਿਧਾਇਕ ਕਾਕਾ ਬਰਾੜ ਨੇ ਆਖਿਆ ਕਿ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਜਾ ਰਹੇ ਕੰਮਾਂ ਤੋਂ ਪ੍ਰਭਾਵਤ ਹੋਕੇ ਚੰਗੇ ਲੋਕ ਦੂਜੀਆਂ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ, ਜਿਨ੍ਹਾਂ ਦਾ ਮਾਣ-ਸਨਮਾਨ ਕਰਨਾ ਸਾਡਾ ਮੁੱਢਲਾ ਫ਼ਰਜ਼ ਹੈ। ਸ਼੍ਰੋਮਣੀ ਅਕਾਲੀ ਦਲ ਨੂੰ ਛੱਡ ਕੇ ਆਪ ਵਿੱਚ ਆਏ ਪਰਵਾਰ ਮਹਿਲ ਸਿੰਘ, ਸੁਖਰਾਜ ਸਿੰਘ, ਸੁਖਦੇਵ ਸਿੰਘ, ਕੰਵਰਜੀਤ ਸਿੰਘ, ਲਾਲਜੀਤ ਸਿੰਘ, ਇੰਦਰਜੀਤ ਸਿੰਘ, ਗੁਰਮੇਲ ਸਿੰਘ, ਸੁਖਦੀਪ ਸਿੰਘ, ਸੁਰਿੰਦਰ ਸਿੰਘ, ਗੁਰਪ੍ਰੀਤ ਸਿੰਘ, ਧਰਮ ਸਿੰਘ, ਜਗਰੂਪ ਸਿੰਘ, ਟੇਕ ਸਿੰਘ, ਜੱਗਾ ਸਿੰਘ ਆਦਿ ਨੇ ਭਰੋਸਾ ਦੁਆਇਆ ਕਿ ਉਹ ਉਨ੍ਹਾਂ ਦੇ ਮੋਢੇ ਨਾਲ ਮੋਢਾ ਲਗਾਕੇ ਚੱਲਗਣੇ ਅਤੇ ਪਾਰਟੀ ਲਈ ਦਿਨ ਰਾਤ ਮਿਹਨਤ ਕਰਨਗੇ।

## ਮਾਮਲਾ ਨੈਸਲੇ 'ਚ ਕੰਮ ਕਰਦੇ ਸਕਿਊਰਟੀ ਗਾਰਡਜ਼ ਨੂੰ ਨੌਕਰੀ ਤੋਂ ਹਟਾਉਣ ਦਾ

# ਤਿੰਨ ਯੂਨੀਅਨਾਂ ਨੇ ਵਿਧਾਇਕਾ ਨਾਲ ਕੀਤੀ ਮੁਲਾਕਾਤ

**ਮੋਗਾ (ਇਕਬਾਲ ਸਿੰਘ ਖਹਿਰਾ)**

13/14 ਸਾਲਾਂ ਤੋਂ ਨੈਸਲੇ ਵਿੱਚ ਸਕਿਊਰਟੀ ਗਾਰਡਜ਼ ਦੀ ਨੌਕਰੀ ਕਰਦੇ 96 ਸਕਿਊਰਟੀ ਗਾਰਡਜ਼ ਨੂੰ ਸਕਿਊਰਟੀ ਠੇਕਾ ਬਦਲਣ ਦੀ ਆੜ ਵਿੱਚ ਨੌਕਰੀ ਤੋਂ ਫਾਰਗ ਕਰ ਦਿੱਤਾ ਹੈ। ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਤੇ ਜਨਰਲ ਸਕੱਤਰ ਪ੍ਰਵੀਨ ਕੁਮਾਰ ਸ਼ਰਮਾ ਨੇ ਕਿਹਾ ਕਿ ਛੁਪਿਆ ਕਾਰਨ ਇਹ ਹੈ ਕਿ ਇਨ੍ਹਾਂ ਸਕਿਊਰਟੀ ਗਾਰਡਜ਼ ਨੇ ਅਪਣੀ ਯੂਨੀਅਨ ਬਣਾ ਲਈ ਸੀ ਅਤੇ ਆਪਣੀ ਤਨਖਾਹ ਵਧਾਉਣ ਤੇ ਹੋਰ ਮੰਗਾਂ ਸਬੰਧੀ ਪਹਿਲੀ ਵਾਰ ਸਕਿਊਰਟੀ ਗਾਰਡਜ਼ ਯੂਨੀਅਨ ਨੇ ਸਕਿਊਰਟੀ ਠੇਕੇਦਾਰ ਅਤੇ ਨੈਸਲੇ ਪ੍ਰਬੰਧਨ ਨੂੰ ਡਿਮਾਂਡ ਨੋਟਿਸ ਦਿੱਤਾ ਸੀ। ਯੂਨੀਅਨ ਨੂੰ ਖਤਮ ਕਰਾਉਣ ਦੀ ਨੀਅਤ ਨਾਲ ਮੌਜੂਦਾ ਠੇਕਾ ਬਦਲਣ ਦੀ ਆੜ ਹੇਠ ਇਨ੍ਹਾਂ 96 ਸਕਿਊਰਟੀ ਗਾਰਡਜ਼ ਨੂੰ ਨੌਕਰੀ ਤੋਂ ਹਟਾ ਦਿੱਤਾ ਗਿਆ ਹੈ।

ਨੈਸਲੇ ਵਿੱਚ ਕੰਮ ਕਰਦੇ ਦੂਸਰੇ ਠੇਕਾ ਵਰਕਰਾਂ ਦੀਆਂ ਦੋ ਯੂਨੀਅਨਾਂ ਦੇ ਸਕਿਊਰਟੀ ਗਾਰਡਜ਼ ਨਾਲ ਆ ਖੜਨ ਤੇ ਹਾਲਾਤ ਕਿਤੇ ਖਰਾਬ ਨਾ ਹੋ ਜਾਣ ਨੂੰ ਵੇਖਦਿਆਂ ਬੀਤੇ ਦਿਨ ਜ਼ਿਲ੍ਹਾ ਪੁਲਿਸ ਕਾਨਫਰੰਸ ਹਾਲ ਵਿੱਚ ਐਸ ਪੀ ਹੈਡਕੁਆਰਟਰ ਗੁਰਸ਼ਰਨਜੀਤ ਸਿੰਘ ਸੰਧੂ ਦੀ ਅਗਵਾਈ ਵਿੱਚ ਐਸ.ਪੀ ਦੀ ਪਹਿਲਕਦਮੀ 'ਤੇ ਇੱਕ ਮੀਟਿੰਗ ਵਿੱਚ ਨੈਸਲੇ ਪ੍ਰਬੰਧਨ ਵੱਲੋਂ ਐਚ ਆਰ ਅਲੋਕ ਅਤੇ ਦੂਜੇ ਅਫ਼ਸਰ ਹਰਵਿੰਦਰ ਸਿੰਘ, ਮਜ਼ਦੂਰਾਂ ਵੱਲੋਂ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ, ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ, ਨੈਸਲੇ ਠੇਕੇਦਾਰ ਲੇਬਰ ਯੂਨੀਅਨ ਪ੍ਰਧਾਨ ਸ਼ੰਕਰ, ਜਨਰਲ ਸਕੱਤਰ ਅਰੁਣ ਬੌਹਤ, ਨਰਿੰਦਰ ਸਿੰਘ ਬਲਖੰਡੀ, ਠੇਕੇਦਾਰ ਲੇਬਰ ਯੂਨੀਅਨ ਨੈਸਲੇ ਵੱਲੋਂ ਉਮਰਸੀਰ ਸਿੰਘ ਸੀਰਾ, ਪ੍ਰਾਈਵੇਟ ਸਕਿਊਰਟੀ ਗਾਰਡਜ਼ ਯੂਨੀਅਨ ਵੱਲੋਂ ਗੁਰਦੀਪ ਸਿੰਘ ਤੋਂ ਇਲਾਵਾ ਡੀ ਐਸ ਪੀ ਸਿਟੀ ਹਰਵਿੰਦਰ ਸਿੰਘ, ਐਸ ਐਚ ਓ ਸਿਟੀ 1 ਗੁਰਤੇਜ ਸਿੰਘ ਸ਼ਾਮਲ ਹੋਏ ਸਨ।

ਐਸ ਪੀ ਹੈਡਕੁਆਰਟਰ ਗੁਰਸ਼ਰਨਜੀਤ ਸਿੰਘ ਸੰਧੂ ਨੇ ਅਪਣੀ ਸੂਝ-ਬੂਝ ਨਾਲ ਇਹ ਫੈਸਲਾ ਕਰਵਾ ਕੇ ਦੋਨਾਂ ਧਿਰਾਂ ਨੂੰ ਇੱਕ ਵਾਰ ਸ਼ਾਂਤ ਕਰ ਦਿੱਤਾ ਸੀ ਕਿ ਹਟਾਏ ਗਏ ਸਕਿਊਰਟੀ ਗਾਰਡਜ਼ ਇੱਕ ਵਾਰ ਨਵੇਂ ਸਕਿਊਰਟੀ ਠੇਕੇਦਾਰ ਸਵਿਫਟ ਸਕਿਊਰਟੀ ਕੰਪਨੀ ਪਾਸ ਨੌਕਰੀ ਲਈ ਆਪਣੀਆਂ ਦਰਖਾਸਤਾਂ ਦੇਣ। ਧੀਰ ਨੇ ਕਿਹਾ ਕਿ ਐਸ ਪੀ ਹੈਡਕੁਆਰਟਰ ਗੁਰਸ਼ਰਨਜੀਤ ਸਿੰਘ ਸੰਧੂ ਵੱਲੋਂ ਕਰਾਏ ਗਏ ਫੈਸਲੇ ਮੁਤਾਬਕ ਨੌਕਰੀ ਤੋਂ ਹਟਾਏ ਗਏ ਸਕਿਊਰਟੀ ਗਾਰਡਜ਼ ਨੇ ਨਵੇਂ ਸਕਿਊਰਟੀ ਠੇਕੇਦਾਰ ਸਵਿਫਟ ਸਕਿਊਰਟੀ ਕੰਪਨੀ ਨੂੰ ਨੌਕਰੀ ਤੇ ਰੱਖਣ ਲਈ ਦਰਖ਼ਾਸਤਾਂ ਦੇ ਦਿੱਤੀਆਂ ਸਨ, ਪ੍ਰੰਤੂ ਸਵਿਫਟ ਕੰਪਨੀ ਨੌਕਰੀ ਤੋਂ ਹਟਾਏ ਗਏ। ਇਨ੍ਹਾਂ ਸਕਿਊਰਟੀ ਗਾਰਡਜ਼ ਦੀ ਇੰਟਰਵਿਊ ਲੈਣ ਲਈ ਲਾਰੇ ਲੱਪੇ ਲਾਉਂਦੀ ਆ ਰਹੀ ਹੈ, ਇਸ ਮਾਮਲੇ ਵਿੱਚ ਕਿਸੇ ਤਰ੍ਹਾਂ ਦੀ ਐਜੀਟੇਸ਼ਨ ਕਰਨ ਤੋਂ ਪਹਿਲਾਂ ਸਥਾਨਕ ਵਿਧਾਇਕ ਡਾਕਟਰ ਅਮਨਦੀਪ ਕੌਰ ਅਰੋੜਾ ਦੇ ਧਿਆਨ ਵਿੱਚ ਲਿਆਉਣ ਤੇ ਉਨ੍ਹਾਂ ਨੂੰ ਭਰੋਸਾ ਵਿੱਚ ਲਿਆਉਣ ਦੇ ਇਰਾਦੇ ਨਾਲ ਨੈਸਲੇ ਠੇਕਾ ਲੇਬਰ ਦੀਆਂ ਤਿੰਨੇ ਯੂਨੀਅਨਾਂ ਨੈਸਲੇ ਠੇਕੇਦਾਰ ਲੇਬਰ ਯੂਨੀਅਨ, ਨੈਸਲੇ ਠੇਕੇਦਾਰ ਲੇਬਰ ਯੂਨੀਅਨ ਅਤੇ ਪ੍ਰਾਈਵੇਟ ਸਕਿਊਰਟੀ ਗਾਰਡਜ਼ ਯੂਨੀਅਨ ਦੇ ਪ੍ਰਤਿਨਿਧਾਂ ਨੇ ਵਿਧਾਇਕ ਡਾਕਟਰ ਅਮਨਦੀਪ ਕੌਰ ਅਰੋੜਾ ਦੇ ਨਿਵਾਸ ਸਥਾਨ ਤੇ ਉਨ੍ਹਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਨੌਕਰੀ ਤੋਂ ਹਟਾਏ ਗਏ ਸਿਕਿਊਰਟੀ ਗਾਰਡਜ ਦੀ ਪੂਰੀ ਦਾਸਤਾਨ ਤੋਂ ਜਾਣੂ ਕਰਾਇਆ। ਵਿਧਾਇਕ ਡਾਕਟਰ ਅਮਨਦੀਪ ਕੌਰ ਅਰੋੜਾ ਨੇ ਇਸ ਮਾਮਲੇ ਨੂੰ ਜਲਦ ਸੁਲਝਾਉਣ ਦੀ ਕੋਸ਼ਿਸ਼ ਕਰਨ ਦਾ ਭਰੋਸਾ ਦਿੱਤਾ।



# ਹਲਕਾ ਸ਼ੁਤਰਾਣਾ 'ਚ ਸਿਹਤ ਸਹੂਲਤਾਂ ਨਾ ਮਿਲਣ ਤੋਂ ਦੁਖੀ ਲੋਕਾਂ ਦਾ ਫੁੱਟਿਆ ਗੁੱਸਾ

## ਬਾਦਸ਼ਾਹਪੁਰ ਵਿਖੇ ਫੂਕਿਆ ਮੁੱਖ ਮੰਤਰੀ ਦਾ ਪੁਤਲਾ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਡਾਕਟਰਾਂ ਦੀ ਕਮੀ ਨਾਲ ਜੂਝ ਰਹੇ ਜ਼ਿਲ੍ਹਾ ਪਟਿਆਲਾ ਦੇ ਹਲਕਾ ਸ਼ੁਤਰਾਣਾ ਦੇ ਤਿੰਨ ਹੈਲਥ ਸੈਂਟਰਾਂ ਕਾਰਨ ਸਿਹਤ ਸੁਵਿਧਾਵਾਂ ਮਿਲਣ ਤੋਂ ਤੰਗ ਲੋਕਾਂ ਦਾ ਪੰਜਾਬ ਸਰਕਾਰ ਖਿਲਾਫ ਗੁੱਸਾ ਫੁੱਟ ਪਿਆ ਹੈ।ਮੰਗਲਵਾਰ ਹਲਕਾ ਸ਼ੁਤਰਾਣਾ ਦੇ ਲੋਕ ਆਗੂ ਤੇ ਡਾ. ਅੰਬੇਡਕਰ ਕਿਰਤੀ ਮਜ਼ਦੂਰ ਸੰਘ ਪੰਜਾਬ ਦੇ ਪ੍ਰਧਾਨ ਡਾ. ਜਤਿੰਦਰ ਸਿੰਘ ਮੱਟੂ ਦੀ ਅਗਵਾਈ ਵਿੱਚ ਵੱਡੀ ਗਿਣਤੀ ਲੋਕਾਂ ਨੇ ਇਕੱਠੇ ਹੋ ਕੇ ਕਮਿਊਨਿਟੀ ਹੈਲਥ ਸੈਂਟਰ ਬਾਦਸ਼ਾਹਪੁਰ ਤੋਂ ਮਾਰਚ ਕੱਢ ਕੇ ਬੱਸ ਅੱਡੇ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਡਾ. ਜਤਿੰਦਰ ਸਿੰਘ ਮੱਟੂ ਨੇ ਕਿਹਾ ਕਿ ਲੋਕਾਂ ਨੂੰ ਚੰਗੀ ਸਿਹਤ ਤੇ ਸਿੱਖਿਆ ਦੇਣ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਪੰਜਾਬ ਸਰਕਾਰ ਆਪਣੇ ਵਾਅਦੇ ਤੋਂ ਭੱਜ ਗਈ ਹੈ।ਹਲਕਾ ਸ਼ੁਤਰਾਣਾ ਦੇ ਤਿੰਨ ਕਮਿਊਨਿਟੀ ਹੈਲਥ ਸੈਂਟਰ ਬੁਰੀ ਤਰ੍ਹਾਂ ਬਿਮਾਰ ਹਨ।ਸ਼ੁਤਰਾਣਾ, ਪਾਤੜਾਂ ਤੇ ਬਾਦਸ਼ਾਹਪੁਰ ਵਿਖੇ ਮੈਡੀਕਲ ਅਫਸਰਾਂ ਦੀਆਂ 24 ਪੋਸਟਾਂ ਵਿੱਚੋਂ ਸਿਰਫ 3 ਪੋਸਟਾਂ ਹੀ ਭਰੀਆਂ ਹਨ।ਇਨ੍ਹਾਂ ਤਿੰਨਾਂ ਹੈਲਥ ਸੈਂਟਰਾਂ ਵਿੱਚ ਨਾ ਕੋਈ ਬੱਚਿਆਂ ਦਾ ਮਾਹਰ, ਨਾ ਕੋਈ ਔਰਤ ਦੇ ਰੋਗਾਂ ਦਾ ਮਾਹਰ, ਨਾ ਕੋਈ ਹੱਡੀਆਂ ਦਾ, ਨਾ ਕੋਈ ਸਰਜਨ ਤੇ ਨਾ ਹੀ ਕੋਈ ਮੈਡੀਸਨ ਦਾ ਡਾਕਟਰ ਹੈ, ਜਿਸ ਕਾਰਨ ਲੱਖਾਂ ਲੋਕ ਇਲਾਜ ਪੱਖੋਂ ਜਾਂ ਤਾਂ ਮਹਿੰਗੇ ਪ੍ਰਾਈਵੇਟ ਹਸਪਤਾਲਾਂ ਦੀ ਲੁੱਟ ਦਾ ਸ਼ਿਕਾਰ ਹੋ ਰਹੇ ਹਨ ਜਾਂ ਇਲਾਜ ਵਿੱਚ ਦੇਰੀ ਕਾਰਨ ਮੌਤ ਦੇ ਮੂੰਹ ਵਿੱਚ ਜਾ ਰਹੇ ਹਨ।ਡਾ. ਜਤਿੰਦਰ ਸਿੰਘ ਮੱਟੂ ਨੇ ਕਿਹਾ ਕਿ ਗਰੀਬ ਲੋਕਾਂ ਨੂੰ ਸਹੂਲਤਾਂ ਦੇਣ ਦੀ ਬਜਾਏ ਉਨ੍ਹਾਂ ਦੀ ਲੁੱਟ ਕੀਤੀ ਜਾ ਰਹੀ ਹੈ।ਸਰਕਾਰ ਵੱਲੋਂ ਬੱਸਾਂ ਦੇ ਕਿਰਾਏ ਵਿੱਚ ਵਾਧਾ ਕਰਕੇ, ਡੀਜ਼ਲ, ਪੈਟਰੋਲ ਮਹਿੰਗਾ ਕਰਕੇ ਆਮ ਲੋਕਾਂ ਦਾ ਲੱਕ ਤੋੜਿਆ ਜਾ ਰਿਹਾ ਹੈ।ਉਨ੍ਹਾ ਸਰਕਾਰ ਨੂੰ ਚਿਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ ਸਰਕਾਰ ਨੇ ਹਲਕਾ ਸ਼ੁਤਰਾਣਾ ਦੇ ਲੋਕਾਂ ਦੀ ਸਿਹਤ ਦਰੁਸਤ ਕਰਨ ਲਈ ਜਲਦ ਡਾਕਟਰਾਂ ਦਾ ਪ੍ਰਬੰਧ ਨਿਰਦੇਸ਼ਕ ਕੀਤਾ ਤਾਂ ਸਰਕਾਰ ਖਿਲਾਫ ਹਲਕੇ ਦੇ ਲੋਕਾਂ ਨੂੰ ਨਾਲ ਲੈ ਕੇ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਜ਼ਿੰਮੇਵਾਰ ਸਰਕਾਰ ਹੋਵੇਗੀ।ਇਸ ਮੌਕੇ ਬਾਦਸ਼ਾਹਪੁਰ ਤੋਂ ਸੁਖਵਿੰਦਰ ਸੁੱਖੀ, ਲਖਵੀਰ ਸਿੰਘ, ਜਸਬੀਰ ਸਿੰਘ ਜੋਗੇਵਾਲ, ਜਿੰਦੂ ਸਧਾਰਨਪੁਰ, ਦਲਵੀਰ ਸਿੰਘ, ਕੇਵਲ ਸਿੰਘ, ਰਿੰਕੂ ਬਾਬਾ ਆਦਿ ਹਾਜ਼ਰ ਸਨ।



11-SEP-PAGE-7.qxd 9/10/2024 10:41 PM Page 1



## ਮਾਨ ਸਰਕਾਰ ਮਾਫੀਆ ਦੀ ਰਖਵਾਲੀ ਬਣੀ : ਸਿਮਰਪ੍ਰੀਤ ਸਿੱਧੂ



**ਭਗਤਾ ਭਾਈ ਕਾ (ਰਾਜੀਵ ਗੋਇਲ)**-ਯੂਥ ਕਾਂਗਰਸ ਦੇ ਪ੍ਰਧਾਨ ਐਡਵੋਕੇਟ ਸਿਮਰਪ੍ਰੀਤ ਸਿੰਘ ਸਿੱਧੂ ਨੇ ਬੱਸ ਕਿਰਾਏ ਦੇ ਵਾਧੇ ਸੰਬੰਧੀ ਮਾਨ ਸਰਕਾਰ 'ਤੇ ਦੋਸ਼ ਲਾਇਆ ਕਿ ਸਰਕਾਰ ਮਾਫੀਆ ਨੂੰ ਫ਼ਾਇਦਾ ਪੁਚਾਉਣ ਲਈ ਆਮ ਲੋਕਾਂ 'ਤੇ ਬੋਝ ਪਾ ਰਹੀ ਹੈ। ਜਦੋਂ ਪ੍ਰਤੀ ਕਿਲੋਮੀਟਰ ਕਿਰਾਇਆ ਤੈਅ ਕੀਤਾ ਹੈ ਤਾਂ ਘੱਟੋ ਘੱਟ ਪੰਦਰਾਂ ਰੁਪਏ ਕਰਨ ਦੀ ਕੀ ਲੋੜ ਹੈ। ਇਸ ਨਾਲ ਵਿਦਿਆਰਥੀਆਂ ਤੇ ਆਮ ਲੋਕਾਂ 'ਤੇ ਵਿੱਤੀ ਬੋਝ ਬਨਣਾ ਹੈ। ਕਾਂਗਰਸ ਸਰਕਾਰ ਨੇ ਭਾਨ ਕਰਕੇ ਪੈਂਦੇ ਕਲੇਸ਼ ਨੂੰ ਖਤਮ ਕਰਨ ਲਈ ਪੰਜ ਰੁਪਏ ਕਿਰਾਇਆ ਤਹਿ ਕੀਤਾ ਸੀ। ਉਸ ਨੇ ਇਹ ਵੀ ਕਿਹਾ ਸੀ ਕਿ ਜਿਥੇ ਸਾਢੇ ਸੱਤ ਰੁਪਏ ਤੋਂ ਵੱਧ ਹੈ, ਉਥੇ ਦਸ ਅਤੇ ਜਿਥੇ ਸਾਢੇ ਸੱਤ ਤੋਂ ਘੱਟ ਹੈ, ਉਥੇ ਪੰਜ ਰੁਪਏ ਕਿਰਾਇਆ ਹੋਵੇਗਾ। ਬਾਦਲ ਸਰਕਾਰ ਨੇ ਮਾਫੀਆ ਦੀ ਮੰਗ ਪੂਰੀ ਕਰਨ ਲਈ ਦਸ ਰੁਪਏ ਕਿਰਾਇਆ ਕਰ ਦਿੱਤਾ। ਹੁਣ ਮਾਨ ਸਰਕਾਰ ਨੇ ਪੰਦਰਾਂ ਰੁਪਏ ਕਰ ਦਿੱਤਾ। ਦੋ ਤੋ ਪੰਜ ਕਿਲੋਮੀਟਰ ਤੱਕ ਜਾਣ ਵਾਲੇ ਵਿਦਿਆਰਥੀਆਂ ਅਤੇ ਮਜ਼ਦੂਰਾਂ ਲਈ ਆਉਣ ਜਾਣ ਲਈ ਤੀਹ ਰੁਪਏ ਕਿਰਾਇਆ ਦੇਣਾ ਮੁਸ਼ਕਲ ਹੈ। ਦੂਜਾ ਸਾਡੇ ਨਾਲ ਲੱਗਦੇ ਹਰਿਆਣਾ ਅਤੇ ਰਾਜਸਥਾਨ ਵਿਚ ਘੱਟੋ-ਘੱਟ ਕਿਰਾਏ ਦੀ ਕੋਈ ਹੱਦ ਨਹੀਂ, ਕਿਲੋਮੀਟਰ ਦਾ ਤਹਿ ਕੀਤਾ ਕਿਰਾਇਆ ਦੇਣਾ ਪੈਂਦਾ ਹੈ।

## ਸੇਵਾ-ਮੁਕਤ ਅਧਿਆਪਕ ਐਸੋਸੀਏਸ਼ਨ ਵੱਲੋਂ ਟੀਚਰਾਂ ਦਾ ਸਨਮਾਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਰਾਮਪੁਰਾ ਫੂਲ ਦੀ ਸੇਵਾ ਮੁਕਤ ਅਧਿਆਪਕ ਅਸੋਸੀਏਸ਼ਨ ਨੇ ਅਧਿਆਪਕ ਦਿਵਸ ਮੌਕੇ ਅਧਿਆਪਕਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਵਾਰ ਰਿਟਾਇਰਡ ਮੁੱਖ ਅਧਿਆਪਕ ਰਾਜ ਕੁਮਾਰ ਤੇ ਹਿੰਦੀ ਅਧਿਆਪਕ ਸੁਰਿੰਦਰ ਗਾਰਗੀ ਨੂੰ ਇਹ ਸਨਮਾਨ ਹਾਸਲ ਹੋਇਆ।ਰਿਟਾਇਰਡ ਅਧਿਆਪਕਾਂ ਨੂੰ ਇੱਕ-ਇੱਕ ਕੰਬਲ ਤੇ ਯਾਦਗਾਰੀ ਮੋਮੈਂਟੋ ਭੇਟ ਕੀਤੇ ਗਏ।ਦੋਵਾਂ ਅਧਿਆਪਕਾਂ ਦੇ ਸਮਾਜ ਵਿੱਚ ਪਾਏ ਯੋਗਦਾਨ ਨੂੰ ਯਾਦ ਕੀਤਾ ਗਿਆ।ਸਮਾਗਮ ਵਿੱਚ ਸਰਪ੍ਰਸਤ ਬੀਰ ਬਹਾਦਰ ਗੁਪਤਾ, ਚੇਅਰਮੈਨ ਚਮਨ ਲਾਲ, ਪ੍ਰਧਾਨ ਸਤਪਾਲ ਗੋਇਲ ਤੋਂ ਬਿਨਾਂ ਗੁਰਚਰਨ ਸਿੰਘ ਗਿੱਲ, ਜਨਕ ਰਾਜ, ਜਵਾਹਰ ਲਾਲ, ਹਰਿੰਦਰ ਭੁੱਲਰ, ਹੈੱਡਮਾਸਟਰ ਸੁਖਮੰਦਰ ਸਿੰਘ, ਸੁਖਵਿੰਦਰ ਸਿੰਘ ਰਾਮਪੁਰਾ, ਕੌਰ ਸਿੰਘ, ਪਵਨ ਬਾਂਸਲ, ਅੰਗਰੇਜ ਸਿੰਘ, ਲਾਭ ਸਿੰਘ, ਰਾਮ ਸਿੰਘ ਤੇ ਰਜਿੰਦਰ ਸਿੰਘ ਲਹਿਰਾ ਧੂਰਕੋਟ, ਗੁਲਾਬ ਸਿੰਘ, ਭੀਮ ਰਾਜ, ਰਾਮ ਕੁਮਾਰ ਆਰਟਿਸਟ ਹਾਜ਼ਰ ਸਨ।ਸਮਾਗਮ ਦੀ ਪ੍ਰਧਾਨਗੀ ਸੇਵਾ ਮੁਕਤ ਮੁੱਖ ਅਧਿਆਪਕ ਰਾਜ ਕੁਮਾਰ ਨੇ ਕੀਤੀ।ਸਟੇਜ ਦੀ ਜ਼ੁੰਮੇਵਾਰੀ ਸਕੱਤਰ ਗੁਰਚਰਨ ਸਿੰਘ ਗਿੱਲ ਨੇ ਬਾਖੂਬੀ ਨਿਭਾਈ।ਇਸ ਮੌਕੇ ਅੰਗਰੇਜ ਸਿੰਘ, ਸੁਰਿੰਦਰ ਹਿੰਦੀ ਮਾਸਟਰ, ਹੈੱਡਮਾਸਟਰ ਸੁਖਮੰਦਰ ਸਿੰਘ, ਹਰਿੰਦਰ ਭੁੱਲਰ ਤੇ ਲਾਭ ਸਿੰਘ ਭੁੱਲਰ ਮੰਡੀ ਕਲਾਂ ਨੇ ਵੀ ਆਪਣੇ ਵਿਚਾਰ ਪ੍ਰਗਟਾਏ।ਸਨਮਾਨ ਸਮਾਰੋਹ ਤੋਂ ਬਾਅਦ ਸੰਸਥਾ ਦੇ ਪ੍ਰਧਾਨ ਮਾਸਟਰ ਸਤਪਾਲ ਗੋਇਲ ਨੇ ਹਾਜ਼ਰੀਨ ਦਾ ਧੰਨਵਾਦ ਕੀਤਾ।ਇਹ ਜਾਣਕਾਰੀ ਮਾਸਟਰ ਸੁਰਿੰਦਰ ਗੁਪਤਾ ਨੇ ਪ੍ਰੈੱਸ ਨਾਲ ਸਾਂਝੀ ਕੀਤੀ।

## ਸਿਹਤ ਮੰਤਰੀ ਵੱਲੋਂ ਆਮ ਆਦਮੀ ਕਲੀਨਿਕ ਦਾ ਨਿਰੀਖਣ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਨਾਗਰਿਕਾਂ ਲਈ ਉੱਚ ਪੱਧਰੀ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅਰਬਨ ਅਸਟੇਟ ਪਟਿਆਲਾ ਵਿਖੇ ਆਮ ਆਦਮੀ ਕਲੀਨਿਕ ਦਾ ਅਚਨਚੇਤ ਨਿਰੀਖਣ ਕੀਤਾ। ਉਨ੍ਹਾ ਦੱਸਿਆ ਕਿ ਇਸ ਨਿਰੀਖਣ ਦਾ ਉਦੇਸ਼ ਇੱਥੇ ਪ੍ਰਦਾਨ ਕੀਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦੀ ਗੁਣਵੱਤਾ ਦਾ ਮੁਲਾਂਕਣ ਕਰਨਾ ਤੇ ਇਹ ਯਕੀਨੀ ਬਣਾਉਣਾ ਸੀ ਕਿ ਨੇੜਲੇ ਵਸਨੀਕਾਂ ਨੂੰ ਸਿਹਤ ਸੰਭਾਲ ਸੇਵਾਵਾਂ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਆਪਣੇ ਦੌਰੇ ਦੌਰਾਨ ਡਾ. ਬਲਬੀਰ ਸਿੰਘ ਨੇ ਕਲੀਨਿਕ ਵਿੱਚ ਦਵਾਈਆਂ ਦੀ ਉਪਲਬਧਤਾ ਤੇ ਟੈਸਟਿੰਗ ਸਹੂਲਤਾਂ ਦੀ ਗੁਣਵੱਤਾ ਤੋਂ ਸੰਤੁਸ਼ਟੀ ਦਾ ਪਤਾ ਲਗਾਉਣ ਲਈ ਕਈ ਮਰੀਜ਼ਾਂ ਨਾਲ ਗੱਲਬਾਤ ਕੀਤੀ।ਇਸ ਸਮੇਂ ਮਰੀਜ਼ਾਂ ਨੇ ਕਲੀਨਿਕ ਸਟਾਫ਼ ਦੇ ਯਤਨਾਂ 'ਤੇ ਜ਼ਰੂਰੀ ਦਵਾਈਆਂ ਦੀ ਉਪਲਬਧਤਾ ਦੀ ਸ਼ਲਾਘਾ ਕਰਦੇ ਹੋਏ ਪ੍ਰਦਾਨ ਕੀਤੀਆਂ ਸੇਵਾਵਾਂ ਤੋਂ ਆਪਣੀ ਸੰਤੁਸ਼ਟੀ ਦਾ ਪ੍ਰਗਟਾਵਾ ਕੀਤਾ।ਸਿਹਤ ਮੰਤਰੀ ਨੇ ਡਾਕਟਰਾਂ ਤੇ ਪੈਰਾ-ਮੈਡੀਕਲ ਸਟਾਫ ਦੀ ਮੌਜੂਦਗੀ ਤੇ ਕਾਰਗੁਜ਼ਾਰੀ ਦਾ ਮੌਕੇ 'ਤੇ ਜਾਇਜ਼ਾ ਵੀ ਲਿਆ ਅਤੇ ਉਨ੍ਹਾਂ ਨੇ ਕੁਸ਼ਲ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਸਮੇਂ ਦੀ ਪਾਬੰਦਤਾ ਤੇ ਸਮਰਪਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਇਸ ਮੌਕੇ ਉਨ੍ਹਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਸਿਹਤ ਸੇਵਾਵਾਂ ਨੂੰ ਲੋਕਾਂ ਦੇ ਘਰਾਂ ਨੇੜੇ ਹੀ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ।

## ਪੰਜਾਬੀ ਲਿਖਾਰੀ ਸਭਾ ਦੀ ਮੀਟਿੰਗ 'ਚ ਪ੍ਰੀਤ ਜੱਗੀ ਨਾਲ ਰੂਬਰੂ



**ਮੱਖੂ (ਰਛਪਾਲ ਸਿੰਘ ਸੰਧੂ)**-ਪੰਜਾਬੀ ਲਿਖਾਰੀ ਸਭਾ ਪੀਰ ਮੁਹੰਮਦ ਦੀ ਹੋਈ ਮਹੀਨਾਵਾਰ ਮੀਟਿੰਗ ਵਿੱਚ ਮਸ਼ਹੂਰ ਸ਼ਾਇਰ ਪ੍ਰੀਤ ਜੱਗੀ ਵੱਲੋਂ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸਰੋਤਿਆਂ ਦੇ ਰੂਬਰੂ ਹੋਏ।ਇਸ ਮੀਟਿੰਗ ਦੌਰਾਨ ਨਾਮਵਾਰ ਸਾਹਿਤਕਾਰ ਡਾ. ਗੁਰਚਰਨ ਸਿੰਘ ਨੂਰਪੁਰ, ਗੁਰਮੀਤ ਕੜਿਆਲਵੀ, ਗੁਰਦੀਪ ਸਿੰਘ ਖਿੰਡਾ, ਜੀਵਨ ਸਿੰਘ ਹਾਣੀ, ਅਸ਼ੋਕ ਆਰਜ਼ੂ, ਵੈਦ ਹਰਭਜਨ ਸਿੰਘ ਸੂਗਾ ਫਤਿਹਗੜ੍ਹ ਸਭਰਾ, ਪੱਤਰਕਾਰ ਪ੍ਰਤਾਪ ਸਿੰਘ ਹੀਰਾ, ਪੱਤਰਕਾਰ ਕੁਲਵਿੰਦਰ ਸਿੰਘ ਸੰਧੂ, ਡਾ. ਬੂਟਾ ਸਿੰਘ, ਹਰਦੇਵ ਭੁੱਲਰ, ਗੁਰਮੀਤ ਸਿੰਘ ਭੁੱਲਰ, ਸਰਪੰਚ ਜੋਗਿੰਦਰ ਸਿੰਘ ਮੱਲੋਵਾਲਾ, ਪ੍ਰਧਾਨ ਲਖਵਿੰਦਰ ਸਿੰਘ ਪੀਰ ਮੁਹੰਮਦ, ਸੁਖਬੀਰ ਮੁਹੱਬਤ, ਦਲਜੀਤ ਸਿੰਘ, ਭੁਪਿੰਦਰ ਸਿੰਘ, ਹਰਜਿੰਦਰ ਸਿੰਘ, ਹਰਪਾਲ ਸਿੰਘ ਮਨੇਸ਼, ਮਾਨਕ ਸੰਧੂ, ਲਖਬੀਰ ਸਿੰਘ ਰਸੂਲਪੁਰੀ, ਬਾਜ਼ ਭੁੱਲਰ, ਸੁਖਰਾਜ ਜ਼ੀਰਾ, ਹਰੀਦਾਸ ਚੌਹਾਨ ਜ਼ੀਰਾ, ਸ਼ੁਭਮ ਚੌਹਾਨ ਜ਼ੀਰਾ, ਸਰਬਜੀਤ ਸਿੰਘ ਪਧਰੀ, ਸਰਬਜੀਤ ਕਿੱਲੀ, ਜਗਜੀਤ ਚਤਰਾ, ਕਰਨਵੀਰ ਸਿੰਘ, ਸੰਤੋਖ ਸਿੰਘ ਰਾਜਾ ਮਨੇਸ਼, ਗੁਰਕਮਲ ਸਿੰਘ ਸੰਧੂ, ਯੁਵਰਾਜ ਸਿੰਘ ਸੂਦਾਂ, ਪਿਆਰਾ ਸਿੰਘ ਘਾਰੂ ਆਦਿ ਨੇ ਰਚਨਾਵਾਂ ਨਾਲ ਸਾਂਝ ਪਾਈ ਅਤੇ ਸਰੋਤਿਆਂ ਵੱਲੋਂ ਰਚਨਾਵਾਂ ਦੀ ਬਹੁਤ ਸਰਾਹਣਾ ਕੀਤੀ ਗਈ।ਇਸ ਮੌਕੇ ਪੰਜਾਬੀ ਲਿਖਾਰੀ ਸਭਾ ਪੀਰ ਮੁਹੰਮਦ ਵੱਲੋਂ ਸ਼ਾਇਰ ਪ੍ਰੀਤ ਜੱਗੀ ਨੂੰ ਸਨਮਾਨਤ ਕੀਤਾ ਗਿਆ।ਸ਼ਾਇਰ ਪ੍ਰੀਤ ਜੱਗੀ ਨੇ ਸਰੋਤਿਆਂ ਤੇ ਪੰਜਾਬੀ ਲਿਖਾਰੀ ਸਭਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਮਾਣ ਬਖਸ਼ਿਆ ਹੈ, ਉਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਤੇ ਆਉਣ ਵਾਲੇ ਸਮੇਂ ਵਿੱਚ ਉਹ ਇਸੇ ਤਰ੍ਹਾਂ ਹੀ ਸਰੋਤਿਆਂ ਦੀ ਕਚਹਿਰੀ ਵਿੱਚ ਪੇਸ਼ ਹੁੰਦੇ ਰਹਿਣਗੇ।ਅੰਤ ਵਿੱਚ ਪੰਜਾਬੀ ਲਿਖਾਰੀ ਸਭਾ ਪੀਰ ਮੁਹੰਮਦ ਦੇ ਪ੍ਰਧਾਨ ਹਰਭਿੰਦਰ ਸਿੰਘ ਸੰਧੂ ਵੱਲੋਂ ਆਏ ਸੱਜਣਾਂ ਦਾ ਧੰਨਵਾਦ ਕੀਤਾ ਗਿਆ।ਸਟੇਜ ਸਕੱਤਰ ਦੀ ਭੂਮਿਕਾ ਜਰਨੈਲ ਸਿੰਘ ਭੁੱਲਰ ਤੇ ਜੱਸ ਸੰਧੂ ਵੱਲੋਂ ਬਖੂਬੀ ਨਾਲ ਨਿਭਾਈ ਗਈ।

## ਰਾਕੇਸ਼ ਗਰਗ ਬਣੇ ਪ੍ਰਾਚੀਨ ਸ਼ਿਵ ਹਨੂੰਮਾਨ ਮੰਦਰ ਦੇ ਪ੍ਰਧਾਨ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪ੍ਰਾਚੀਨ ਸ਼ਿਵ ਹਨੂੰਮਾਨ ਮੰਦਰ ਅਨੰਦਿਆਣਾ ਗੇਟ ਦੀ ਮੀਟਿੰਗ ਫਰੀਦਕੋਟ ਵਿਖੇ ਹੋਈ, ਜਿਸ ਵਿੱਚ ਨਵੇਂ ਪ੍ਰਧਾਨ ਦੀ ਚੋਣ ਕੀਤੀ ਗਈ।ਇਸ ਮੌਕੇ ਸਰਬਸੰਮਤੀ ਦੇ ਨਾਲ ਰਕੇਸ਼ ਗਰਗ ਨੂੰ ਫਿਰ ਤੋਂ ਪ੍ਰਾਚੀਨ ਸ਼ਿਵ ਹਨੂੰਮਾਨ ਮੰਦਰ ਅਨੰਦਿਆਣਾ ਗੇਟ ਦਾ ਪ੍ਰਧਾਨ ਚੁਣਿਆ ਗਿਆ।ਜ਼ਿਕਰਯੋਗ ਹੈ ਕਿ ਰਕੇਸ਼ ਗਰਗ ਦੀਆਂ ਪਿਛਲੇ ਸਾਲ ਤੋਂ ਦਿੱਤੀਆਂ ਜਾ ਰਹੀਆਂ ਵਧੀਆ ਸੇਵਾਵਾਂ ਦੇ ਬਦਲੇ ਉਨ੍ਹਾਂ ਨੂੰ ਇੱਕ ਵਾਰ ਫਿਰ ਤੋਂ ਮੰਦਰ ਦਾ ਪ੍ਰਧਾਨ ਸਰਬਸੰਮਤੀ ਨਾਲ ਚੁਣਿਆ ਗਿਆ ਹੈ।ਪ੍ਰਧਾਨ ਚੁਣੇ ਜਾਣ 'ਤੇ ਰਕੇਸ਼ ਗਰਗ ਨੇ ਸਾਰਿਆਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਸ ਨੂੰ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।

## ਮਾਤਾ ਗੁਜਰੀ ਸਕੂਲ ਦੇ ਖਿਡਾਰੀਆਂ ਦਾ ਮੈਡਲਾਂ 'ਤੇ ਕਬਜ਼ਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੜਾ (ਦੇਵੀਗੜ੍ਹ) ਦੇ ਖਿਡਾਰੀਆਂ ਨੇ ਸਕੂਲ ਗੇਮ ਤਾਈਕਵਾਂਡੋ ਜ਼ਿਲ੍ਹਾ ਪੱਧਰੀ, ਜੋ ਕਿ ਮਲਟੀਪਰਪਜ਼ ਸਕੂਲ ਪਟਿਆਲਾ ਵਿਖੇ ਹੋਈ, ਜਿਸ ਵਿੱਚ ਪਟਿਆਲਾ ਦੇ ਵੱਖ ਵੱਖ ਜ਼ੋਨ ਦੇ ਸਕੂਲਾਂ ਨੇ ਭਾਗ ਲਿਆ। ਮਾਤਾ ਗੁਜਰੀ ਸਕੂਲ ਦੇ ਤਿੰਨ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਿਸ ਵਿੱਚੋਂ 17 ਵਰਗ 'ਚ ਕਰਨ ਗਿਰ ਨੇ ਸਿਲਵਰ ਮੈਡਲ, 19 ਵਰਗ 'ਚ ਸ਼ਿਵਪ੍ਰੀਤ ਤੇ ਸ਼ਾਨਵੀਰ ਨੇ ਬਰੌਂਜ ਮੈਡਲ ਹਾਸਲ ਕੀਤਾ ਅਤੇ ਆਪਣੇ ਸਕੂਲ ਦਾ ਨਾਂਅ ਰੋਸ਼ਨ ਕੀਤਾ। ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਰਵਿੰਦਰ ਕੌਰ, ਡਾਇਰੈਕਟਰ ਭੁਪਿੰਦਰ ਸਿੰਘ, ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ, ਅਕਾਦਮਿਕ ਡਾਇਰੈਕਟਰ ਤਜਿੰਦਰ ਕੌਰ ਤੇ ਕੋਚ ਹਰਦੀਪ ਕੁਮਾਰ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਉਪਲਬਧੀ ਲਈ ਵਧਾਈ ਦਿੱਤੀ। ਸਕੂਲ ਦੇ ਡਾਇਰੈਕਟਰ ਭੁਪਿੰਦਰ ਸਿੰਘ ਨੇ ਇਸ ਉਪਲਬਧੀ ਦਾ ਸਿਹਰਾ ਕੋਚ ਹਰਦੀਪ ਕੁਮਾਰ ਦੇ ਸਿਰ ਬੰਨ੍ਹਿਆ।

## ਕਾਕਾ ਬਰਾੜ ਨੇ ਕੀਤਾ ਟਕਸਾਲੀ ਕਾਂਗਰਸੀ ਪਰਵਾਰ ਨੂੰ 'ਆਪ' 'ਚ ਸ਼ਾਮਲ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰ ਪਾਲ/ਪੂਜਾ)**-ਪਿੰਡ ਮੁਕੰਦ ਸਿੰਘ ਵਾਲਾ ਵਿਖੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਟਕਸਾਲੀ ਕਾਂਗਰਸੀ ਮਾਸਟਰ ਸੁਖਦੇਵ ਸਿੰਘ ਨੂੰ ਪਰਿਵਾਰ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕੀਤਾ ਗਿਆ।ਇਸ ਦੌਰਾਨ ਬਲਾਕ ਪ੍ਰਧਾਨ ਰਜਿੰਦਰ ਸਿੰਘ ਬਰਾੜ, ਗੁਰਭੇਜ ਸਿੰਘ ਆਦਿ ਵਰਕਰ ਹਾਜ਼ਰ ਸਨ। ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਪਾਰਟੀ ਵਿੱਚ ਉਨ੍ਹਾਂ ਨੂੰ ਬਣਦਾ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਤੇ ਉਨ੍ਹਾਂ ਦੇ ਕੰਮ ਪਹਿਲ ਦੇ ਅਧਾਰ 'ਤੇ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਹਿੱਤ ਕੰਮ ਕੀਤੇ ਜਾ ਰਹੇ ਹਨ, ਜਿਸ ਤੋਂ ਪ੍ਰਭਾਵਤ ਹੋ ਕੇ ਦੂਜੀਆਂ ਪਾਰਟੀਆਂ ਦੇ ਚੰਗੀ ਪਰਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ।ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਮਾਸਟਰ ਸੁਖਦੇਵ ਸਿੰਘ ਦੇ ਪਰਿਵਾਰ ਨੇ ਆਖਿਆ ਕਿ ਉਹ ਪੱਕੇ ਕਾਂਗਰਸੀ ਪਰਵਾਰ ਸਨ, ਉਨ੍ਹਾਂ ਨੇ ਲੰਮਾ ਸਮਾਂ ਕਾਂਗਰਸੀ ਪਾਰਟੀ ਨਾਲ ਬਿਤਾਇਆ, ਪ੍ਰੰਤੂ ਉਨ੍ਹਾਂ ਨੂੰ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮ ਚੰਗੇ ਲੱਗੇ, ਜਿਸ ਤੋਂ ਇਹ ਫੈਸਲਾ ਲਿਆ ਗਿਆ। ਉਨ੍ਹਾਂ ਵਿਸ਼ਵਾਸ ਦੁਆਇਆ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪੁਚਾਉਣ ਲਈ ਦਿਨ-ਰਾਤ ਮਿਹਨਤ ਕਰਨਗੇ।

# ਕੁਲਾਣਾ ਫਾਇਰਿੰਗ ਮਾਮਲੇ 'ਚ ਤਿੰਨ ਗ੍ਰਿਫਤਾਰ



ਜਾਣਕਾਰੀ ਦਿੰਦੇ ਹੋਏ ਡੀ.ਐਸ.ਪੀ. ਬੁਢਲਾਡਾ ਰਮਨਪ੍ਰੀਤ ਸਿੰਘ

**ਬੁਢਲਾਡਾ (ਅਸ਼ੋਕ ਲਾਕੜਾ)**

ਡੀ.ਐੱਸ.ਪੀ. ਬੁਢਲਾਡਾ ਰਮਨਪ੍ਰੀਤ ਸਿੰਘ ਵੱਲੋਂ ਥਾਣਾ ਸਿਟੀ ਵਿਖੇ ਸੱਦੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪਿਛਲੇ ਦਿਨੀਂ ਪਿੰਡ ਕੁਲਾਣਾ ਵਿਖੇ ਇੱਕ ਪਲਾਟ ਦੇ ਝਗੜੇ ਨੂੰ ਲੈ ਕੇ ਹੋਈ ਫਾਇਰਿੰਗ ਦੌਰਾਨ ਜ਼ਖਮੀ ਵਿਅਕਤੀ ਦੇ ਮਾਮਲੇ ਸਬੰਧੀ 6 ਵਿਅਕਤੀਆਂ 'ਤੇ ਦਰਜ ਮਾਮਲੇ 'ਚ ਥਾਣਾ ਸਿਟੀ ਪੁਲਸ ਨੇ ਤਿੰਨ ਵਿਅਕਤੀਆਂ ਨੂੰ ਕਾਬੂ ਕਰਨ 'ਚ ਸਫਲਤਾ ਹਾਸਲ ਕੀਤੀ ਹੈ।ਉਨ੍ਹਾਂ ਦੱਸਿਆ ਕਿ ਚਮਕੌਰ ਸਿੰਘ ਪੁੱਤਰ ਮਹਿਮਾ ਸਿੰਘ ਵਾਸੀ ਕੁਲਾਣਾ ਨੇ ਦਰਜ ਕਰਵਾਏ ਬਿਆਨ 'ਚ ਦੱਸਿਆ ਸੀ ਕਿ ਉਸ ਵੱਲੋਂ ਆਪਣੇ ਗੁਆਂਢੀ ਬਹਾਦਰ ਸਿੰਘ ਦੇ ਭਰਾ ਜਸਵੀਰ ਸਿੰਘ ਪਾਸੋਂ ਇੱਕ ਆਪਣੇ ਮਕਾਨ ਨਾਲ ਲਗਦਾ ਪਲਾਟ ਖ੍ਰੀਦਿਆ ਸੀ, ਬਹਾਦਰ ਸਿੰਘ ਮੈਨੂੰ ਪਲਾਟ ਦੇਣ ਦੇ ਹੱਕ ਵਿੱਚ ਨਹੀਂ ਸੀ, ਜੋ ਕਈ ਦਿਨ ਤੋਂ ਇਸ ਬਾਰੇ ਤਕਰਾਰਬਾਜ਼ੀ ਕਰ ਰਿਹਾ ਸੀ ਕਿ ਇਹ ਪਲਾਟ ਮੈਂ ਖ੍ਰੀਦਣਾ ਸੀ, ਜਿਸ ਦੇ ਚਲਦਿਆਂ ਨਵਦੀਪ ਕੌਰ ਪਤਨੀ ਬਹਾਦਰ ਸਿੰਘ ਨੇ ਮੇਰੇ ਖਿਲਾਫ ਦਰਖਾਸਤ ਥਾਣਾ ਸਿਟੀ ਬੁਢਲਾਡਾ ਵਿਖੇ ਦੇ ਦਿੱਤੀ, ਜਿਸ ਸਬੰਧੀ ਪੰਚਾਇਤੀ ਤੌਰ 'ਤੇ ਦੋਵਾਂ ਧਿਰਾਂ ਦੇ ਇਕੱਠ ਵਿੱਚ ਰਾਜ਼ੀਨਾਮੇ ਦੀ ਗੱਲ ਚੱਲ ਰਹੀ ਸੀ, ਪਰ ਗੱਲ ਕੋਈ ਸਿਰੇ ਨਾ ਲੱਗ ਸਕੀ।ਬੀਤੀ 7 ਸਤੰਬਰ ਸ਼ਾਮ 05 ਕੁ ਵਜੇ ਉਹ ਜਦ ਆਪਣੇ ਘਰ ਦੇ ਵਿਹੜੇ 'ਚ ਸਮੇਤ ਗੁਰਜਿੰਦਰਪਾਲ ਸਿੰਘ, ਸੰਭਲਜੀਤ ਸਿੰਘ, ਗੋਬਿੰਦ ਸਿੰਘ, ਨਾਥਾ ਸਿੰਘ, ਵਾਸੀ ਘੁਰਕਣੀ, ਭੁਪਿੰਦਰ ਸ਼ਰਮਾ ਲਾਡੀ, ਸੰਜੀਵ ਸ਼ਰਮਾ ਝੁਨੀਰ (ਗੋਬਿੰਦ ਸਿੰਘ ਦਾ ਦੋਸਤ) ਤੇ ਮੇਰੇ ਪਰਿਵਾਰਕ ਮੈਂਬਰ ਖੜੇ ਸੀ, ਤਾਂ ਬਹਾਦਰ ਸਿੰਘ ਤੇ ਬੋਹੜ ਸਿੰਘ ਹੋਰ ਕਈਆਂ ਨਾਲ ਰਾਈਫਲ 12 ਬੋਰ ਸਮੇਤ ਬਹਾਦਰ ਸਿੰਘ ਦੇ ਮਕਾਨ ਦੀ ਛੱਤ 'ਤੇ ਆ ਗਏ ਅਤੇ ਸਾਨੂੰ ਉੱਚੀ ਉੱਚੀ ਗਾਲੀ ਗਲੋਚ ਕਰਨ ਲੱਗੇ, ਇੰਨੇ ਚਿਰ ਨੂੰ ਆਪਣੇ ਹੱਥ 'ਚ ਫੜੀ 12 ਬੋਰ ਦੀ ਰਾਇਫਲ ਨਾਲ ਫਾਇਰ ਚਲਾ ਦਿੱਤਾ, ਜੋ ਗੁਰਜਿੰਦਰਪਾਲ ਸਿੰਘ ਦੇ ਪੱਟਾ ਤੇ ਹੋਰ ਸਰੀਰਕ ਅੰਗਾਂ 'ਤੇ ਲੱਗਾ, ਜਿਸ ਨੂੰ ਸਿਵਲ ਹਸਪਤਾਲ ਬੁਢਲਾਡਾ ਵਿਖੇ ਦਾਖਲ ਕਰਵਾਇਆ, ਜਿੱਥੋਂ ਡਾਕਟਰਾਂ ਨੇ ਅੱਗੇ ਵੱਡੇ ਹਸਪਤਾਲ ਰੈਫਰ ਕਰ ਦਿੱਤਾ।

ਪੁਲਸ ਵੱਲੋਂ ਉਕਤ ਬਿਆਨਾਂ ਆਧਾਰਤ ਬਹਾਦਰ ਸਿੰਘ, ਬੋਹੜ ਸਿੰਘ, ਮੰਗਾ ਸਿੰਘ, ਸ਼ੇਰਜੀਤ ਸਿੰਘ ਤੇ ਦੋ ਔਰਤਾਂ ਸਮੇਤ ਹੋਰ ਨਾਮਲੂਮ ਵਿਅਕਤੀਆਂ ਖਿਲਾਫ ਦਰਜ ਮਾਮਲੇ 'ਚ ਬਹਾਦਰ ਸਿੰਘ, ਬੋਹੜ ਸਿੰਘ ਤੇ ਨਵਦੀਪ ਕੌਰ ਨੂੰ ਵਾਰਦਾਤ 'ਚ ਵਰਤੇ ਅਸਲੇ ਸਮੇਤ ਗ੍ਰਿਫਤਾਰ ਕਰ ਲਿਆ ਹੈ, ਜਦਕਿ ਦੂਜੇ ਦੋਸ਼ੀਆਂ ਨੂੰ ਵੀ ਜਲਦ ਗ੍ਰਿਫਤਾਰ ਕਰ ਲਿਆ ਜਾਵੇਗਾ।

# ਜਮਹੂਰੀ ਜਨਤਕ ਜਥੇਬੰਦੀਆਂ ਵੱਲੋਂ ਕਾਲੇ ਕਾਨੂੰਨਾਂ ਖਿਲਾਫ ਸਾਂਝੀ ਕਨਵੈਨਸ਼ਨ ਤੇ ਮਾਰਚ 14 ਨੂੰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜਮਹੂਰੀ ਅਧਿਕਾਰ ਸਭਾ ਪਟਿਆਲਾ ਤੇ ਤਰਕਸ਼ੀਲ ਸੁਸਾਇਟੀ ਪਟਿਆਲਾ ਜ਼ੋਨ ਵੱਲੋਂ ਜਨਤਕ ਜਥੇਬੰਦੀਆਂ ਦੀ ਬੁਲਾਈ ਗਈ ਸਾਂਝੀ ਮੀਟਿੰਗ ਦੀ ਪ੍ਰਧਾਨਗੀ ਗੁਰਮੀਤ ਸਿੰਘ ਦਿੱਤੂਪੁਰ ਵੱਲੋਂ ਕੀਤੀ ਗਈ।ਮੀਟਿੰਗ ਵਿੱਚ ਜਮਹੂਰੀ ਅਧਿਕਾਰ ਸਭਾ ਤੇ ਤਰਕਸ਼ੀਲ ਸੁਸਾਇਟੀ ਪਟਿਆਲਾ ਜ਼ੋਨ ਤੋਂ ਇਲਾਵਾ ਬੀ ਕੇ ਯੂ ਡਕੌਂਦਾ, ਕਿਰਤੀ ਕਿਸਾਨ ਯੂਨੀਅਨ, ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਬੀ ਕੇ ਯੂ ਕ੍ਰਾਂਤੀਕਾਰੀ, ਟੀ ਐੱਸ ਯੂ ਭੰਗਲ, ਸਾਹਿਤ ਅਕਾਦਮੀ, ਪ੍ਰਗਤੀਸ਼ੀਲ ਲੇਖਕ ਸੰਘ, ਪੀ ਐੱਸ ਯੂ , ਡੈਮੋਕ੍ਰੇਟਿਕ ਲਾਇਰਜ਼ ਐਸੋਸੀਏਸ਼ਨ, ਪੀ ਐੱਸ ਯੂ ਲਲਕਾਰ, ਕ੍ਰਾਂਤੀਕਾਰੀ ਮਜ਼ਦੂਰ ਯੂਨੀਅਨ ਦੇ ਆਗੂ ਸ਼ਾਮਲ ਹੋਏ।ਇਸ ਤੋਂ ਇਲਾਵਾ ਮੀਟਿੰਗ 'ਚ ਸ਼ਾਮਲ ਨਾ ਹੋ ਸਕਣ ਵਾਲੀਆਂ ਜਥੇਬੰਦੀਆਂ ਨੇ ਸਮਰਥਨ ਦੇਣ ਦਾ ਸੰਦੇਸ਼ ਭੇਜਿਆ । ਕਨਵੈਨਸ਼ਨ ਵਿੱਚ ਮੁੱਖ ਤੌਰ 'ਤੇ ਜੁਰਮਾਂ ਦੀ ਆੜ ਹੇਠ ਲਾਗੂ ਕੀਤੇ ਤਿੰਨ ਕਾਨੂੰਨਾਂ ਦੀ ਵਿਆਖਿਆ ਤੇ ਕਰੜੇ ਵਿਰੋਧ ਲਈ ਹਾਈ ਕੋਰਟ ਦੇ ਪ੍ਰਮੁੱਖ ਐਡਵੋਕੇਟ ਸ੍ਰ. ਰਾਜਵਿੰਦਰ ਸਿੰਘ ਬੈਂਸ ਤੇ ਜਮਹੂਰੀ ਅਧਿਕਾਰ ਸਭਾ ਦੇ ਮੈਂਬਰ ਸ੍ਰੀ ਰਾਜੀਵ ਲੋਹਟਬੱਦੀ ਮੁੱਖ ਬੁਲਾਰੇ ਹੋਣਗੇ।ਇਸ ਦੇ ਨਾਲ ਹੀ ਅਰੁੰਧਤੀ ਰਾਏ, ਪ੍ਰੋ. ਸੇਖ ਸ਼ੌਕਤ ਹੁਸੈਨ ਦੇ ਚੌਦਾਂ ਸਾਲ ਪੁਰਾਣੇ ਕੇਸਾਂ 'ਤੇ ਯੂ ਏ ਪੀ ਏ ਲਾਉਣ ਦਾ ਵਿਰੋਧ ਤੇ ਏ ਐੱਨ ਆਈ ਵੱਲੋਂ ਕਿਸਾਨਾਂ ਤੇ ਹੋਰ ਜਮਹੂਰੀ ਲਹਿਰ ਦੇ ਆਗੂਆਂ ਤੇ ਪਿਛਲੇ ਦਿਨੀਂ ਮਾਰੇ ਗਏ ਛਾਪਿਆਂ ਦਾ ਸਖਤ ਵਿਰੋਧ ਜਤਾਇਆ ਜਾਵੇਗਾ।ਉਪਰੋਕਤ ਕਨਵੈਨਸ਼ਨ ਪਟਿਆਲਾ ਦੇ ਬਾਰਾਂਦਰੀ ਵਿੱਚ ਪ੍ਰਭਾਤ ਪਰਵਾਨਾ ਹਾਲ ਵਿਖੇ 14 ਸਤੰਬਰ ਨੂੰ ਸਵੇਰੇ 11 ਵਜੇ ਕੀਤੀ ਜਾਵੇਗੀ।ਉਪਰੰਤ ਖੰਡਾ ਚੌਕ ਤੱਕ ਰੋਹ ਭਰਪੂਰ ਮਾਰਚ ਕੀਤਾ ਜਾਵੇਗਾ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਵਿਧੂ ਸ਼ੇਖਰ, ਸੁਰਿੰਦਰਪਾਲ, ਤਰਸੇਮ ਲਾਲ, ਜਰਨੈਲ ਸਿੰਘ ਕਾਲੇਕਾ, ਦਵਿੰਦਰ ਸਿੰਘ ਪੂਨੀਆ, ਹਰਭਗਵਾਨ ਸਿੰਘ, ਵਿਜੈਦੇਵ, ਹਰਜੀਤ ਸਿੰਘ, ਗੁਰਦੀਪ ਸਿੰਘ, ਸੁੱਚਾ ਸਿੰਘ ਚੀਮਾ, ਅਮਨਦੀਪ ਖਿਓਵਾਲੀ, ਇੰਦਰਜੀਤ ਸਿੰਘ, ਟਹਿਲ ਸਿੰਘ ਕੱਕੇਪੁਰ, ਹਰਪਰੀਤ ਸਿੰਘ, ਰਾਜੀਵ ਲੋਹਟਬੱਦੀ, ਨਰਿੰਦਰਪਾਲ ਸਿੰਘ, ਅਰਵਿੰਦਰ ਕਾਕੜਾ, ਪਿਆਰਾਦੀਨ, ਅਕਸ਼ੈ ਕੁਮਾਰ, ਪਰਗਟ ਸਿੰਘ, ਰਣਜੀਤ ਸਿੰਘ ਸਵਾਜਪੁਰ ਸ਼ਾਮਲ ਹੋਏ।

# ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਡੀ ਸੀ ਨੂੰ ਮਿਲੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਖੇਤ ਮਜ਼ਦੂਰ ਨੂੰ ਦੇ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਗੁਰਜੰਟ ਸਿੰਘ ਸਾਉਂਕੇ, ਬਾਜ ਸਿੰਘ ਭੱਟੀ ਵਾਲਾ, ਰਾਜਾ ਸਿੰਘ ਖੂਨਣ ਖੁਰਦ, ਕਾਕਾ ਸਿੰਘ ਖੁੰਡੇ ਹਲਾਲ ਨੇ ਡਿਪਟੀ ਕਮਿਸ਼ਨਰ ਨੂੰ ਮਿਲ ਕੇ ਮਜ਼ਦੂਰ ਮੰਗਾਂ ਬਾਰੇ ਗੱਲਬਾਤ ਦੌਰਾਨ ਦੱਸਿਆ ਕਿ 1 ਸਤੰਬਰ ਤੋਂ 6 ਸਤੰਬਰ ਤੱਕ ਭਾਰਤੀ ਕਿਸਾਨ ਯੂਨੀਅਨ ਏਕਤਾ ਓਗਰਾਹਾਂ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਮਜ਼ਦੂਰ, ਕਿਸਾਨ ਤੇ ਵਾਤਾਵਰਨ ਪੱਖੀ ਖੇਤੀ ਨੀਤੀ ਬਣਾਉਣ ਸਮੇਤ ਮਜ਼ਦੂਰਾਂ ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਵਿਖੇ ਲਗਾਤਾਰ ਦਿਨ-ਰਾਤ ਦਾ ਮੋਰਚਾ ਲਾਇਆ ਗਿਆ ਸੀ, ਜਿਸ ਦੌਰਾਨ 5 ਸਤੰਬਰ ਨੂੰ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੀਟਿੰਗ ਦੌਰਾਨ ਮਜ਼ਦੂਰਾਂ ਕਿਸਾਨਾਂ ਦੀਆਂ ਮੰਗਾਂ ਮੰਨੀਆਂ ਗਈਆਂ ਸਨ, ਜਿਨ੍ਹਾਂ ਵਿੱਚ ਮਨਰੇਗਾ ਦੇ ਤਹਿਤ ਕੰਮ ਸਮੇਂ ਫਸਟ ਲੋਕੇਸ਼ਨ ਵਾਲੀ ਜਗ੍ਹਾ ਤੋਂ ਦਿਨ ਵਿੱਚ ਦੋ ਵਾਰੀ ਫੋਟੋ ਦੀ ਥਾਂ ਹੁਣ ਚਲਦੇ ਕੰਮ ਵਾਲੀ ਥਾਂ 'ਤੇ ਹੀ ਫੋਟੋ ਕੀਤੀ ਜਾਇਆ ਕਰੇਗੀ, ਜਿਨ੍ਹਾਂ ਮਜ਼ਦੂਰਾਂ ਨੂੰ ਲੰਮੇ ਸਮੇਂ ਬਾਅਦ ਅਜੇ ਤੱਕ ਪਲਾਟਾਂ ਦਾ ਕਬਜ਼ਾ ਨਹੀਂ ਦਿੱਤਾ ਗਿਆ, ਉਨ੍ਹਾਂ ਸਾਰੇ ਮਜ਼ਦੂਰ ਪਰਵਾਰਾਂ ਨੂੰ ਛੇ ਮਹੀਨੇ ਵਿੱਚ ਪਲਾਟਾਂ ਦਾ ਕਬਜ਼ਾ ਦੇ ਦਿੱਤਾ ਜਾਵੇਗਾ, ਸਹਿਕਾਰੀ ਸੁਸਾਇਟੀਆਂ ਦੇ ਖੇਤ ਮਜ਼ਦੂਰਾਂ ਨੂੰ ਮੈਂਬਰ ਬਣਾ ਕੇ ਸਸਤੇ ਕਰਜ਼ੇ ਦੇਣ ਦੀ ਮੰਗ ਮੰਨੀ ਗਈ ਸੀ।ਇਨ੍ਹਾਂ ਮੰਗਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਾਗੂ ਕਰਾਉਣ ਲਈ ਯੂਨੀਅਨ ਵੱਲੋਂ ਮੁੱਖ ਮੰਤਰੀ ਨਾਲ ਮੀਟਿੰਗ ਵਿੱਚ ਮੰਨੀਆਂ ਮੰਗਾਂ ਦਾ ਉਹ ਪੱਤਰ ਵੀ ਡਿਪਟੀ ਕਮਿਸ਼ਨਰ ਨੂੰ ਦਿੱਤਾ ਗਿਆ, ਪਰ ਡਿਪਟੀ ਕਮਿਸ਼ਨਰ ਵੱਲੋਂ ਮਜ਼ਦੂਰਾਂ ਦੀਆਂ ਮੰਗਾਂ ਨੂੰ ਲਾਗੂ ਕਰਨ ਤੋਂ ਮੁਨਕਰ ਹੁੰਦਿਆਂ ਇਹ ਕਹਿ ਦਿੱਤਾ ਗਿਆ ਕਿ ਅਜੇ ਤੱਕ ਸਰਕਾਰ ਵੱਲੋਂ ਸਾਡੇ ਕੋਲ ਕੋਈ ਹਦਾਇਤਾਂ ਨਹੀਂ ਆਈਆਂ।ਜਦੋਂ ਸਰਕਾਰ ਵੱਲੋਂ ਕੋਈ ਹਦਾਇਤਾਂ ਆਈਆਂ ਤਾਂ ਤੁਹਾਡੀਆਂ ਇਹ ਮੰਗਾਂ ਲਾਗੂ ਕਰ ਦਿੱਤੀਆਂ ਜਾਣਗੀਆਂ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਜਨਰਲ ਸਕੱਤਰ ਤਰਸੇਮ ਸਿੰਘ ਖੁੰਡੇ ਹਲਾਲ ਨੇ ਦੱਸਿਆ ਕਿ ਚੰਡੀਗੜ੍ਹ ਮੋਰਚੇ ਮੌਕੇ ਮੁੱਖ ਮੰਤਰੀ ਵੱਲੋਂ ਮਜ਼ਦੂਰ ਕਿਸਾਨ ਪੱਖੀ ਖੇਤੀ ਨੀਤੀ ਦਾ ਖਰੜਾ 30 ਸਤੰਬਰ ਤੱਕ ਯੂਨੀਅਨ ਨੂੰ ਦੇਣ ਦੇ ਨਾਲ ਮਜ਼ਦੂਰਾਂ ਕਿਸਾਨਾਂ ਦੀਆਂ ਕੁਝ ਹੋਰ ਮੰਗਾਂ ਵੀ ਮੰਨੀਆਂ ਗਈਆਂ ਹਨ, ਜਿਹੜੀਆਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਲਾਗੂ ਕਰਨ ਤੋਂ ਮੁਨਕਰ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਮੀਟਿੰਗ ਵਿੱਚ ਮੰਨੀਆਂ ਮੰਗਾਂ ਮੰਨਣ ਦਾ ਪੱਤਰ ਯੂਨੀਅਨਾਂ ਨੂੰ ਜਾਰੀ ਕਰ ਦਿੱਤਾ ਹੈ, ਪਰ ਥੱਲੇ ਪ੍ਰਸ਼ਾਸਨ ਨੂੰ ਉਨ੍ਹਾਂ ਮੰਗਾਂ ਨੂੰ ਲਾਗੂ ਕਰਨ ਲਈ ਹਦਾਇਤਾਂ ਜਾਰੀ ਨਹੀਂ ਕਰ ਰਹੀ, ਜਿਸ ਕਰਕੇ ਮਜ਼ਦੂਰਾਂ ਦੀਆਂ ਮੰਗਾਂ ਉਸੇ ਤਰ੍ਹਾਂ ਹੀ ਲਟਕਦੀਆਂ ਹਨ।ਉਨ੍ਹਾਂ ਕਿਹਾ ਕਿ ਜੇਕਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉੱਪਰ ਸਰਕਾਰ ਦੇ ਵੱਡੇ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਮਜ਼ਦੂਰਾਂ ਦੀਆਂ ਇਹ ਮੰਗਾਂ ਨੂੰ ਲਾਗੂ ਨਾ ਕੀਤਾ ਤਾਂ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਇਨ੍ਹਾਂ ਮੰਗਾਂ ਨੂੰ ਲਾਗੂ ਕਰਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਖਿਲਾਫ ਸੰਘਰਸ਼ ਵਿੱਢਿਆ ਜਾਵੇਗਾ।ਇਸ ਸਮੇਂ ਜੀਤਾ ਸਿੰਘ ਖੁੰਡੇ ਹਲਾਲ, ਅਮਰੀਕ ਸਿੰਘ ਭਾਗਸਰ, ਜਗਸੀਰ ਸਿੰਘ ਬੂੜਾ, ਗੁੱਜਰ ਲਖਵਿੰਦਰ ਸਿੰਘ ਲੱਖੀ ਭੁੱਟੀ ਵਾਲਾ, ਸਿਮਰਜੀਤ ਕੌਰ ਖੁੰਡੇ ਹਲਾਲ, ਪਰਮਜੀਤ ਕੌਰ ਖੁੰਡੇ ਹਲਾਲ ਆਦਿ ਆਗੂ ਹਾਜ਼ਰ ਸਨ।

## ਅਕੇਡੀਆ ਵਰਲਡ ਸਕੂਲ 'ਚ ਮਨਾਇਆ ਗਰੈਂਡ ਪੇਰੈਂਟਸ ਡੇ




**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਇਲਾਕੇ ਦੀ ਮਾਣ ਮੱਤੀ ਵਿੱਦਿਅਕ ਸੰਸਥਾ ਅਕੇਡੀਆ ਵਰਲਡ ਸਕੂਲ ਵਿਖੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਤੇ ਪ੍ਰਿੰ. ਰਣਜੀਤ ਕੌਰ ਦੀ ਅਗਵਾਈ ਹੇਠ ਯੂ.ਕੇ.ਜੀ. ਦਾ ਗਰੈਂਡ ਪੇਰੈਂਟਸ ਡੇ ਦਾ ਆਯੋਜਨ ਕੀਤਾ ਗਿਆ। ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਨੇ ਦਾਦਾ-ਦਾਦੀ ਤੇ ਨਾਨਾ-ਨਾਨੀ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਬੱਚਿਆਂ ਦਾ ਪਹਿਲਾ ਸਕੂਲ ਘਰ ਹੁੰਦਾ ਹੈ, ਉੱਥੇ ਹੀ ਬੱਚਿਆਂ ਦੇ ਪਾਲਣ-ਪੋਸ਼ਣ ਦੀ ਸ਼ੁਰੂਆਤ ਘਰ ਦੇ ਬਜ਼ੁਰਗਾਂ ਤੋਂ ਹੁੰਦੀ ਹੈ। ਦਾਦਾ-ਦਾਦੀ ਤੇ ਨਾਨਾ-ਨਾਨੀ ਤੋਂ ਬਿਨਾਂ ਬਚਪਨ ਅਧੂਰਾ ਲੱਗਦਾ ਹੈ, ਕਿਉਂਕਿ ਉਹੀ ਤਾਂ ਹਨ ਜੋ ਪਰਿਵਾਰ ਤੇ ਸੰਸਕਾਰਾਂ ਦੀ ਨੀਂਹ ਰੱਖਦੇ ਹਨ। ਇਸ ਮੌਕੇ ਯੂ. ਕੇ. ਜੀ. ਦੇ ਵਿਦਿਆਰਥੀਆਂ ਵੱਲੋਂ ਆਪਣੇ ਦਾਦਾ-ਦਾਦੀ ਤੇ ਨਾਨਾ-ਨਾਨੀ ਪ੍ਰਤੀ ਪਿਆਰ ਨੂੰ ਉਜਾਗਰ ਕਰਦਿਆਂ ਸਵਾਗਤ ਗੀਤ, ਰੋਲ ਪਲੇਅ, ਪੰਜਾਬੀ ਗੀਤ ਤੇ ਡਾਂਸ ਆਦਿ ਪੇਸ਼ਕਾਰੀਆਂ ਕੀਤੀਆਂ ਗਈਆਂ। ਇਸ ਮੌਕੇ ਪ੍ਰਿੰਸੀਪਲ ਮੈਡਮ ਰਣਜੀਤ ਕੌਰ ਨੇ ਵਿਦਿਆਰਥੀਆਂ ਨੂੰ ਵੱਡਿਆਂ ਦਾ ਆਦਰ ਕਰਨ ਤੇ ਨੀਵੇਂ ਹੋ ਕੇ ਜ਼ਿੰਦਗੀ ਬਤੀਤ ਕਰਨ ਦੀ ਪ੍ਰੇਰਣਾ ਦਿੱਤੀ ਅਤੇ ਬੱਚਿਆਂ ਨੂੰ ਉਨ੍ਹਾਂ ਦੀ ਦੇਖਭਾਲ ਕਰਨ ਬਾਰੇ ਪ੍ਰੇਰਿਤ ਕੀਤਾ। ਇਸ ਸਮਾਗਮ 'ਚ ਸਮੂਹ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਹਿੱਸਾ ਲਿਆ। ਅਖੀਰ ਵਿੱਚ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਨੇ ਵਿਦਿਆਰਥੀਆਂ ਵੱਲੋਂ ਦਿਖਾਈ ਪ੍ਰਤਿਭਾ ਦੀ ਭਰਪੂਰ ਪ੍ਰਸ਼ੰਸਾ ਕੀਤੀ ਅਤੇ ਬੱਚਿਆਂ ਦੇ ਗ੍ਰੈਂਡ ਪੇਰੈਂਟਸ ਦਾ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਧੰਨਵਾਦ ਕੀਤਾ।

# ਰੋਟਰੀ ਕਲੱਬ ਵੱਲੋਂ 30 ਅਧਿਆਪਕਾਂ ਨੂੰ ਨੇਸ਼ਨ ਬਿਲਡਰ ਐਵਾਰਡ

**ਹਰ ਵਿਦਿਆਰਥੀ ਦੀ ਜ਼ਿੰਦਗੀ 'ਚ ਗੁਰੂ ਦਾ ਇੱਕ ਅਹਿਮ ਰੋਲ : ਅਮਜ਼ਦ ਅਲੀ**



**ਨਾਭਾ (ਵਰਿੰਦਰ ਵਰਮਾ)**-ਰੋਟਰੀ ਕਲੱਬ ਨਾਭਾ ਵੱਲੋਂ ਬੀਤੀ ਦਿਨੀਂ ਅਧਿਆਪਕਾਂ ਦਾ ਸਨਮਾਨ ਕਰਨ ਲਈ ਪ੍ਰਭਾਵਸ਼ਾਲੀ ਸਮਾਰੋਹ ਕਲੱਬ ਦੇ ਪ੍ਰਧਾਨ ਚਰਨ ਸਿੰਘ ਐੱਮ ਡੀ ਮਲਕੀਤ ਗਰੁੱਪ ਦੀ ਅਗਵਾਈ ਹੇਠ ਰੋਟਰੀ ਭਵਨ ਪਟਿਆਲਾ ਗੇਟ ਵਿਖੇ ਕੀਤਾ ਗਿਆ। ਇਸ ਸਮਾਰੋਹ ਵਿੱਚ ਵੱਖ-ਵੱਖ ਸਕੂਲਾਂ-ਕਾਲਜਾਂ ਦੇ 30 ਦੇ ਕਰੀਬ ਅਧਿਆਪਕਾਂ ਦਾ ਨੇਸ਼ਨ ਬਿਲਡਰ ਐਵਾਰਡ ਨਾਲ ਸਨਮਾਨ ਕੀਤਾ ਗਿਆ। ਇਸ ਮੌਕੇ ਆਰ.ਟੀ.ਐੱਨ. ਅਮਜੇਦ ਅਲੀ ਪੀ.ਡੀ.ਜੀ. ਮੁੱਖ ਮਹਿਮਾਨ ਤੇ ਆਰ.ਟੀ.ਐੱਨ. ਭੂਪੇਸ਼ ਮਹਿਤਾ ਡੀ.ਜੀ.ਈ. ਅਤੇ ਆਰ.ਟੀ.ਐੱਨ. 3090 ਪ੍ਰੋਗਰਾਮ ਦੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਕਿ ਅਧਿਆਪਕ ਵਿਦਿਆਰਥੀ ਦਾ ਇੱਕ ਅਜਿਹਾ ਸਾਥੀ ਹੈ, ਜੋ ਉਸ ਨੂੰ ਸੁਪਨੇ ਲੈਣ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਰੋਟਰੀ ਕਲੱਬ ਨਾਭਾ ਇਸ ਉੱਦਮ ਵਿੱਚ ਹਿੱਸਾ ਪਾ ਰਹੇ ਹਨ, ਸਾਡੇ ਲਈ ਸਾਰੇ ਹੀ ਅਧਿਆਪਕ ਸਨਮਾਨ ਯੋਗ ਹਨ, ਪਰ ਅੱਜ ਆਪਣੇ ਕੰਮਾਂ ਲਈ ਵਿਸ਼ੇਸ਼ ਤੌਰ 'ਤੇ ਹਿੱਸਾ ਪਾਉਣ ਵਾਲੇ ਅਧਿਆਪਕਾਂ ਦਾ ਕਲੱਬ ਵੱਲੋਂ ਸਨਮਾਨ ਕੀਤਾ ਜਾਣਾ ਸ਼ਲਾਘਾਯੋਗ ਕਦਮ ਹੈ। ਉਨ੍ਹਾ ਕਿਹਾ ਕਿ ਹਰ ਇੱਕ ਵਿਦਿਆਰਥੀ ਦੀ ਜ਼ਿੰਦਗੀ ਵਿੱਚ ਇੱਕ ਗੁਰੂ ਦਾ ਅਹਿਮ ਰੋਲ ਜ਼ਰੂਰ ਹੁੰਦਾ ਹੈ, ਜਿਸ ਦੇ ਸਦਕਾ ਉਹ ਆਪਣਾ ਮੁਕਾਮ ਹਾਸਲ ਕਰਕੇ ਦੇਸ਼ ਤੇ ਆਪਣੇ ਮਾਤਾ-ਪਿਤਾ ਦਾ ਨਾਮ ਰੋਸ਼ਨ ਕਰਦਾ ਹੈ। ਇਸ ਮੌਕੇ ਕਲੱਬ ਪ੍ਰਧਾਨ ਚਰਨ ਸਿੰਘ ਤੇ ਸਮੂਹ ਮੈਂਬਰਾਂ ਵੱਲੋਂ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਤੇ ਆਈਆਂ ਹੋਈਆਂ ਸ਼ਖਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

## ਦਸਮੇਸ਼ ਮਿਸ਼ਨ ਸਕੂਲ ਹਰੀ ਨੌਂ ਨੇ ਜ਼ਿਲ੍ਹਾ ਪੱਧਰੀ ਖੇਡਾਂ 'ਚ ਮਾਰੀਆਂ ਮੱਲਾਂ



**ਕੋਟਕਪੂਰਾ (ਰਛਪਾਲ ਭੁੱਲਰ)**

68ਵੀਆਂ ਸਕੂਲੀ ਜ਼ਿਲ੍ਹਾ ਪੱਧਰ ਦੀਆਂ ਖੇਡਾਂ ਜੋ 03 ਸਤੰਬਰ ਤੋਂ 7 ਸਤੰਬਰ ਤੋਂ ਫ਼ਰੀਦਕੋਟ ਵਿਖੇ ਹੋਈਆਂ ਸਨ, ਵਿੱਚ ਹਰੀ ਨੌਂ ਜ਼ੋਨ ਦਾ ਬਹੁਤ ਵਧੀਆ ਪ੍ਰਦਰਸ਼ਨ ਰਿਹਾ, ਜਿਸ ਵਿੱਚ ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਦਾ ਬਹੁਤ ਵੱਡਾ ਯੋਗਦਾਨ ਰਿਹਾ ਤੇ ਵੱਖ-ਵੱਖ ਖੇਡਾਂ ਵਿੱਚ ਵੱਖ-ਵੱਖ ਸਥਾਨ ਹਾਸਲ ਕੀਤੇ, ਜਿਵੇਂ ਰਾਈਫਲ ਸ਼ੂਟਿੰਗ "-17, "-19 ਵਿੱਚ ਲੜਕਿਆਂ ਨੇ ਪਹਿਲਾ ਅਤੇ ਦੂਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ "-19 ਕਬੱਡੀ ਨੈਸ਼ਨਲ ਸਟਾਇਲ ਵਿੱਚ ਪਹਿਲਾ ਸਥਾਨ, "-14 ਤੇ "-19 ਰੱਸਾਕਸ਼ੀ ਵਿੱਚ ਪਹਿਲਾ ਸਥਾਨ ਤੇ "-17 ਵਿੱਚ ਦੂਜਾ ਸਥਾਨ ਅਤੇ ਵਾਲੀਬਾਲ ਵਿੱਚ "-14 ਤੇ "-19 ਨੇ ਤੀਜਾ ਸਥਾਨ ਹਾਸਲ ਕੀਤਾ।ਜਿੱਥੇ ਲੜਕਿਆਂ ਨੇ ਆਪਣੇ ਪ੍ਰਦਰਸ਼ਨ ਨਾਲ ਸਕੂਲ ਦਾ ਨਾਂਅ ਰੌਸ਼ਨ ਕੀਤਾ, ਉਸੇ ਤਰ੍ਹਾਂ ਲੜਕੀਆਂ ਨੇ ਵੀ ਖੇਡਾਂ ਵਿੱਚ ਭਾਗ ਲੈ ਕੇ ਵੱਖ-ਵੱਖ ਸਥਾਨ ਹਾਸਲ ਕੀਤੇ, ਜਿਵੇਂ ਰੱਸਾਕਸ਼ੀ ਵਿੱਚ "-14 ਤੇ "-17 ਨੇ ਪਹਿਲਾ ਸਥਾਨ ਹਾਸਲ ਕੀਤਾ। ਵਿਦਿਆਰਥੀਆਂ ਦੇ ਪ੍ਰਦਰਸ਼ਨ ਨੂੰ ਦੇਖਦਿਆਂ ਕਈ ਬੱਚਿਆਂ ਦੀ ਸਟੇਟ ਪੱਧਰ ਦੀਆਂ ਖੇਡਾਂ ਵਿੱਚ ਚੋਣ ਕੀਤੀ ਗਈ, ਜਿਨ੍ਹਾਂ ਵਿੱਚ ਦਵਿੰਦਰ ਸਿੰਘ ਤੇ ਜੀਵਨ ਸਿੰਘ ਦੀ ਕਬੱਡੀ ਨੈਸ਼ਨਲ ਸਟਾਇਲ, ਚੰਦਨ ਕਟਾਰੀਆ ਤੇ ਏਕਨੂਰ ਸਿੰਘ ਦੀ ਵਾਲੀਬਾਲ ਵਿੱਚ, ਕੁਸ਼ਲਦੀਪ ਸਿੰਘ ਦੀ ਰੱਸਾਕਸ਼ੀ ਵਿੱਚ ਅਤੇ ਮਨਜਿੰਦਰ ਸਿੰਘ, ਗੁਰਕੀਰਤ ਸਿੰਘ, ਜਗਵੀਰ ਸਿੰਘ, ਗੁਰਕੀਰਤ ਸਿੰਘ ਸਿੱਧੂ ਦੀ ਰਾਈਫਲ ਸ਼ੂਟਿੰਗ ਵਿੱਚ ਚੋਣ ਹੋਈ।ਇਹ ਪ੍ਰਾਪਤੀਆਂ ਗੁਰਮਿੱਤਰ ਸਿੰਘ ਅਤੇ ਹਰਪ੍ਰੀਤ ਕੌਰ ਖੇਡ ਇੰਚਾਰਜ ਦੀ ਸਖਤ ਮਿਹਨਤ ਦਾ ਨਤੀਜਾ ਹੈ।ਸਕੂਲ ਵਿੱਚ ਸ੍ਰੀਮਤੀ ਸੁਰਿੰਦਰ ਕੌਰ ਡਾਇਰੈਕਟਰ ਪ੍ਰਿੰਸੀਪਲ ਤੇ ਬਲਜੀਤ ਸਿੰਘ ਐਮ.ਡੀ. ਨੇ ਵਿਦਿਆਰਥੀਆਂ ਨੂੰ ਮੈਡਲ ਪਾ ਕੇ ਸਨਮਾਨਤ ਕੀਤਾ ਅਤੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈਆਂ ਦਿੱਤੀਆਂ।

# ਫ਼ਤਹਿ ਗਰੁੱਪ ਆਫ਼ ਇੰਸਟੀਚਿਊਸ਼ਨਜ਼ 'ਚ ਅਧਿਆਪਕ ਦਿਵਸ ਆਯੋਜਿਤ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਖੇ ਅਧਿਆਪਕ ਦਿਵਸ ਮੌਕੇ ਸਨਮਾਨ ਸਮਾਰੋਹ ਆਯੋਜਤ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਸੰਸਥਾ ਦੇ ਚੇਅਰਮੈਨ ਐਸ ਐਸ ਚੱਠਾ ਨੇ ਕਰਦਿਆਂ ਅਧਿਆਪਨ ਨੂੰ ਸਮਾਜ ਸੇਵਾ ਕਿਹਾ। ਉਨ੍ਹਾਂ ਦੱਸਿਆ ਕਿ ਅਧਿਆਪਨ ਦਾ ਕਿੱਤਾ ਸਭ ਤੋਂ ਉੱਤਮ ਤੇ ਪਵਿੱਤਰ ਹੁੰਦਾ ਹੈ।ਦੇਸ਼ ਦੇ ਵਿਕਾਸ ਵਿੱਚ ਅਧਿਆਪਕ ਦੇ ਰੋਲ ਨੂੰ ਉਨ੍ਹਾਂ ਸਭ ਤੋਂ ਮਹੱਤਵਪੂਰਨ ਦੱਸਿਆ।ਉਨ੍ਹਾਂ ਕਿਹਾ ਕਿ ਅਧਿਆਪਕ ਦੀ ਇੱਜ਼ਤ, ਸਤਿਕਾਰ ਹਮੇਸ਼ਾ ਬਰਕਰਾਰ ਰੱਖਣਾ ਹੀ ਅਸਲ ਮਕਸਦ ਹੋਣਾ ਚਾਹੀਦਾ ਹੈ।ਸਮਾਰੋਹ ਦੌਰਾਨ ਉਨ੍ਹਾਂ ਸੰਸਥਾ ਵੱਲੋਂ ਅਕਾਦਮਿਕ ਖੇਤਰ ਅੰਦਰ ਚੰਗੀਆਂ ਸੇਵਾਵਾਂ ਦੇਣ ਵਾਲੇ ਲਗਭਗ 44 ਅਧਿਆਪਕਾ ਨੂੰ ਸਨਮਾਨ ਪੱਤਰ ਭੇਟ ਕਰਕੇ ਸਨਮਾਨਤ ਵੀ ਕੀਤਾ ਅਤੇ ਉਨ੍ਹਾਂ ਦੇ ਜੀਵਨ ਵਿੱਚ ਖੁਸ਼ੀਆਂ ਤਰੱਕੀਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।ਦੇਸ਼ ਦੇ ਪਹਿਲੇ ਅਧਿਆਪਕ ਰਾਸਟਰਪਤੀ ਬਣਨ ਵਾਲੇ ਸਰਵਪੱਲੀ ਡਾ. ਰਾਧਾਕ੍ਰਿਸ਼ਨਨ ਦੇ ਜਨਮ ਦਿਵਸ ਮੌਕੇ ਕੇਕ ਕੱਟਿਆ ਗਿਆ।ਪ੍ਰਿੰਸੀਪਲ ਡਾ. ਜਗਵਿੰਦਰ ਸਿੰਘ ਸਿੱਧੂ ਨੇ ਅਧਿਆਪਕ ਦਿਵਸ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਦੱਸਦਿਆਂ ਕਿਹਾ ਕਿ ਅਧਿਆਪਕ ਦੀ ਸਮਾਜ ਨੂੰ ਸਭ ਤੋਂ ਵੱਡੀ ਦੇਣ ਹੁੰਦੀ ਹੈ। ਉਨ੍ਹਾਂ ਅਧਿਆਪਕ ਦਿਵਸ ਦੇ ਇਤਿਹਾਸ ਵਿਕਾਸ ਤੇ ਮੌਜੂਦਾ ਸਥਿਤੀਆਂ ਬਾਰੇ ਖੁੱਲ੍ਹ ਕੇ ਚਰਚਾ ਕੀਤੀ।ਸਹਾਇਕ ਡਾਇਰੈਕਟਰ ਜਸਵਿੰਦਰ ਸਿੰਘ ਬਰਾੜ ਨੇ ਅਧਿਆਪਨ ਕਿੱਤੇ ਦੀ ਮਹੱਤਤਾ ਅਤੇ ਮੌਜੂਦਾ ਸਮਿਆਂ ਅੰਦਰ ਅਧਿਆਪਕ ਦੀ ਸਥਿਤੀ ਬਾਰੇ ਚਾਨਣਾ ਪਾਇਆ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਸਰਵਣ ਸਿੰਘ ਚੱਠਾ, ਪ੍ਰੋ. ਜਗਜੀਤ ਸਿੰਘ ਚੱਠਾ, ਰਵਨੀਤ ਕੌਰ ਐਸਐਮਓ ਸਮੇਤ ਪਹੁੰਚੀਆਂ ਵਿਸ਼ੇਸ਼ ਸ਼ਖ਼ਸੀਅਤਾਂ ਨੇ ਵੀ ਅਧਿਆਪਕਾਂ ਦੀ ਦੇਣ ਤੇ ਹੱਡਬੀਤੀਆਂ ਸਾਂਝੀਆਂ ਕੀਤੀਆਂ।ਵਾਈਸ ਪ੍ਰਿੰਸੀਪਲ ਡਾ ਰਜਿੰਦਰ ਕੁਮਾਰ ਤ੍ਰਿਪਾਠੀ, ਐਮ ਡੀ ਮਨਜੀਤ ਕੌਰ ਚੱਠਾ, ਸਹਾਇਕ ਡਾਇਰੈਕਟਰ ਜਸਵਿੰਦਰ ਸਿੰਘ ਤੇ ਹਰਪ੍ਰੀਤ ਸ਼ਰਮਾ, ਸੰਦੀਪ ਕੌਰ, ਕੰਪਿਊਟਰ ਵਿਭਾਗ ਮੁਖੀ ਚਰਨਜੀਤ ਕੌਰ, ਸਾਇੰਸ ਵਿਭਾਗ ਮੁਖੀ ਚਰਨਜੀਤ ਕੌਰ, ਕਾਮਰਸ ਵਿਭਾਗ ਮੁਖੀ ਅਨੀਤਾ ਗਰਗ, ਪ੍ਰੋ ਅਨੀਕਾ, ਆਰਟਸ ਸਕੂਲ ਵਿੰਗ ਮੁਖੀ ਰੋਬਿਨ ਮੰਗਲਾ, ਫੈਸ਼ਨ ਟੈਕਨਾਲੌਜੀ ਵਿਭਾਗ ਦੇ ਰਮਨਪ੍ਰੀਤ ਕੌਰ, ਪੰਜਾਬੀ ਵਿਭਾਗ ਦੇ ਪ੍ਰੋ ਸੁਖਵੀਰ ਸਿੰਘ, ਰਣਜੀਤ ਸਿੰਘ, ਹਰਜੀਤ ਕੌਰ, ਅੰਗਰੇਜ਼ੀ ਵਿਭਾਗ ਦੇ ਖੁਸ਼ਦੀਪ ਸੰਧੂ, ਸਾਇਕਾਲੌਜੀ ਵਿਭਾਗ ਮੁਖੀ ਮਨਦੀਪ ਕੌਰ, ਰਾਜਨੀਤੀ ਵਿਭਾਗ ਮੁਖੀ ਜਸਪ੍ਰੀਤ ਕੌਰ, ਡਾ ਗੁਰਵਿੰਦਰ ਸਿੰਘ, ਪੂਜਾ ਰਾਣੀ, ਜੋਨੀ ਰਾਣੀ, ਸੁਖਜੀਤ ਕੌਰ, ਸੁਨੀਤਾ ਰਾਣੀ, ਕੰਪਿਊਟਰ ਵਿਭਾਗ ਦੇ ਪ੍ਰੋ ਸੋਨੀਆ, ਸੁਖਪ੍ਰੀਤ ਕੌਰ, ਖੇਡ ਵਿਭਾਗ ਮੁਖੀ ਕੁਲਦੀਪ ਸਿੰਘ, ਵਰਿੰਦਰ ਕੌਰ , ਪ੍ਰੋ ਕ੍ਰਿਸ਼ਨ ਸਿੰਘ ਧੌਲਾ ਨੇ ਵੀ ਅਧਿਆਪਕ ਦਿਵਸ ਦੀਆਂ ਸ਼ੁਭਕਾਮਨਾਵਾ ਦਿੰਦਿਆਂ ਸਮੂਹ ਮੈਨੇਜਮੈਂਟ ਦਾ ਸ਼ਾਨਦਾਰ ਸਨਮਾਨ ਸਮਾਰੋਹ ਆਯੋਜਤ ਕਰਕੇ ਸਨਮਾਨਤ ਕਰਨ ਲਈ ਤਹਿ ਦਿਲੋਂ ਧੰਨਵਾਦ ਕੀਤਾ।

## ਕੌਮੀ ਪੁਸਤਕ ਸੱਭਿਆਚਾਰਕ ਸੱਥ ਵੱਲੋਂ ਨਿਰੰਜਣ ਸਿੰਘ ਪ੍ਰੇਮੀ ਕੌਮੀ ਕਨਵੀਨਰ ਨਿਯੁਕਤ



**ਸਿਰਸਾ (ਸੁਰਿੰਦਰ ਪਾਲ ਸਿੰਘ)**

ਕੌਮੀ ਪੁਸਤਕ ਸੱਭਿਆਚਾਰਕ ਸੱਥ ਦੇ ਪ੍ਰਧਾਨ ਕੁਲਦੀਪ ਸਿੰਘ ਚੱਘੜ ਨੇ ਪੁਸਤਕ ਸੱਭਿਆਚਾਰ ਦੇ ਵਿਕਾਸ ਲਈ ਨਿਭਾਈਆਂ ਅਣਥੱਕ ਤੇ ਨਿਰੰਤਰ ਸੇਵਾਵਾਂ ਨੂੰ ਮੁੱਖ ਰੱਖਦਿਆਂ ਨਿਰੰਜਣ ਸਿੰਘ ਪ੍ਰੇਮੀ (ਬਠਿੰਡਾ) ਨੂੰ ਸੰਸਥਾ ਦੇ ਕੌਮੀ ਕਨਵੀਨਰ ਨਿਯੁਕਤ ਕੀਤਾ ਹੈ। ਇਸੇ ਤਰ੍ਹਾਂ ਡਾ. ਇਕਬਾਲ ਸਿੰਘ ਗੋਦਾਰਾ (ਗੰਗਾਨਗਰ) ਸਮੇਤ ਉੱਘੀ ਸ਼ਾਇਰਾ ਗੁਰਪ੍ਰੀਤ ਕੌਰ ਸੈਣੀ ਨੂੰ ਕੌਮੀ ਸੰਯੁਕਤ ਕਨਵੀਨਰ ਦੇ ਰੁਤਬੇ ਨਾਲ ਸਨਮਾਨਿਆ ਗਿਆ ਹੈ। ਜ਼ਿਕਰਯੋਗ ਹੈ ਕਿ ਨਿਰੰਜਣ ਸਿੰਘ ਪ੍ਰੇਮੀ ਨੂੰ ਰਾਸ਼ਟਰਵਾਦੀ ਗਰੰਥਾਲਿਆ ਸਭਾ ਦੇ ਸਰਪ੍ਰਸਤ ਸ਼ਰਦ ਪਾਵਾਰ ਨੇ 2013 ਵਿੱਚ ਪੰਜਾਬ ਦੇ ਪ੍ਰਧਾਨ ਦੀ ਸੇਵਾ ਸੌਂਪਦੇ ਹੋਏ 2023 ਵਿੱਚ ਰਾਸ਼ਟਰੀ ਜਨਹਿੱਤ ਗਰੰਥਾਲਿਆ ਸਭਾ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਦੇ ਅਹੁਦੇ ਨਾਲ ਸਨਮਾਨਤ ਕੀਤਾ ਸੀ।ਕੁਲਦੀਪ ਸਿੰਘ ਚੱਘੜ ਦਾ ਕਹਿਣਾ ਹੈ ਕਿ ਹੁਣ ਅਸੀਂ ਨਿਰੰਜਣ ਸਿੰਘ ਪ੍ਰੇਮੀ ਨੂੰ ਸੰਸਥਾ ਕੌਮੀ ਕਨਵੀਨਰ ਨਿਯੁਕਤ ਕਰਨ 'ਤੇ ਮਾਣ ਮਹਿਸੂਸ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਡਾਕਟਰ ਇਕਬਾਲ ਸਿੰਘ ਗੋਦਾਰਾ ਐਸ ਜੀ ਐਨ ਖਾਲਸਾ ਪੀ ਜੀ ਕਾਲਜ ਗੰਗਾਨਗਰ ਦੇ ਪ੍ਰਿੰਸੀਪਲ ਵਜੋਂ ਸੇਵਾਵਾਂ ਦੇ ਰਹੇ ਹਨ ਤੇ ਡਾ. ਇਕਬਾਲ ਸਿੰਘ ਗੋਦਾਰਾ ਪੰਜਾਬੀ ਸੱਭਿਆਚਾਰ ਦੇ ਖੇਤਰ ਦੀ ਬਹੁਪੱਖੀ ਸ਼ਖ਼ਸੀਅਤ ਹਨ। ਉਨ੍ਹਾਂ ਕਿਹਾ ਕਿ ਬੀਬਾ ਗੁਰਪ੍ਰੀਤ ਕੌਰ ਸੈਣੀ ਪੰਜਾਬੀ ਗ਼ਜ਼ਲਾਂ ਦੀਆਂ 6 ਪੁਸਤਕਾਂ ਸਾਹਿਤ ਦੀ ਝੋਲੀ ਪਾ ਚੁੱਕੀ ਹੈ ਤੇ ਹਰਿਆਣੇ ਦੇ ਅਨੇਕਾਂ ਸਨਮਾਨਤ ਅਹੁਦਿਆਂ ਤੋਂ ਰਹਿ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸਾਡੇ ਇਹ ਕੌਮੀ ਕਨਵੀਨਰ ਦੇਸ਼ ਦੇ ਸਾਰੇ ਸੂਬਿਆਂ ਦੀਆਂ ਕਮੇਟੀਆਂ ਕਾਇਮ ਕਰਕੇ ਪੁਸਤਕ ਸੱਭਿਆਚਾਰ ਦੇ ਖੇਤਰ ਵਿੱਚ ਆਪਣਾ ਪੂਰਾ ਯੋਗਦਾਨ ਪਾਉਣਗੇ।

# ਚੋਣਾਂ 'ਚ ਨਸ਼ੇ ਵੰਡਣ ਵਾਲੇ ਉਮੀਦਵਾਰਾਂ ਦਾ ਮੁਕੰਮਲ ਬਾਈਕਾਟ ਕੀਤਾ ਜਾਵੇ : ਗਿਆਨੀ ਕੇਵਲ ਸਿੰਘ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਬਚਾਓ, ਪੰਜਾਬ ਬਚਾਓ, ਗ੍ਰਾਮ ਸਭਾ ਚੇਤਨਾ ਕਾਫਲਾ ਮਹਿਲ ਕਲਾਂ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਗਿਆਨੀ ਕੇਵਲ ਸਿੰਘ ਸਾਬਕਾ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਨੇ ਆ ਰਹੀਆਂ ਪੰਚਾਇਤੀ ਚੋਣਾਂ 'ਚ ਸਾਫ ਸੁਥਰੇ ਅਕਸ ਵਾਲੇ ਆਗੂਆਂ ਨੂੰ ਅੱਗੇ ਲਿਆਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਜੇਕਰ ਕੋਈ ਵੀ ਉਮੀਦਵਾਰ ਪੈਸੇ ਤੇ ਨਸ਼ੇ ਦੀ ਵੰਡ ਕਰਕੇ ਚੋਣ ਜਿੱਤਣਾ ਚਾਹੁੰਦਾ ਹੈ, ਤਾਂ ਪਿੰਡ ਵਾਸੀ ਉਸ ਦਾ ਡੱਟਵਾਂ ਵਿਰੋਧ ਕਰਕੇ ਮੁਕੰਮਲ ਬਾਈਕਾਟ ਕਰਨ ਲਈ ਅੱਗੇ ਆਉਣ। ਉਨ੍ਹਾਂ ਗ੍ਰਾਮ ਸਭਾ ਦੇ ਅਧਿਕਾਰਾਂ ਤੇ ਵਰਤੋਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਕਿਹਾ ਕਿ ਜਿਹੜਾ ਨੌਜਵਾਨ ਆਪਣੀ ਵੋਟ ਬਣਾ ਲੈਂਦਾ ਹੈ, ਉਹ ਗ੍ਰਾਮ ਸਭਾ ਦਾ ਮੈਂਬਰ ਬਣ ਜਾਂਦਾ ਹੈ, ਜਿਹੜੀ ਕਦੇ ਵੀ ਭੰਗ ਨਹੀਂ ਹੁੰਦੀ। ਗਰਾਮ ਸਭਾ ਦਾ ਇਜਲਾਸ ਸਾਲ 'ਚ ਦੋ ਵਾਰ ਬੁਲਾਉਣਾ ਜ਼ਰੂਰੀ ਹੈ, ਜੇਕਰ ਕੋਈ ਸਰਪੰਚ ਗ੍ਰਾਮ ਸਭਾ ਦਾ ਇਜਲਾਸ ਨਹੀਂ ਬੁਲਾਉਂਦਾ ਤਾਂ ਉਹ ਤੁਰੰਤ ਖਾਰਜ ਹੋ ਸਕਦਾ ਹੈ, ਪਰ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਜਾਂ ਅਫਸਰਸ਼ਾਹੀ ਨੇ ਇਸ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਦੀ ਲੋੜ ਨਹੀਂ ਸਮਝੀ। ਉਨ੍ਹਾਂ ਆਗੂਆਂ ਨੂੰ ਆਲੇ ਦੁਆਲੇ ਗ੍ਰਾਮ ਸਭਾ ਬਾਰੇ ਹਰ ਇੱਕ ਨੂੰ ਜਾਗਰੂਕ ਕਰਨ ਦੀ ਅਪੀਲ ਕੀਤੀ। ਆਗੂ ਕਰਨੈਲ ਸਿੰਘ ਜਖੇਪਲ, ਦਰਸ਼ਨ ਸਿੰਘ ਧਨੇਠਾ ਨੇ ਮਨਰੇਗਾ ਐਕਟ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਕਿਹਾ ਕਿ ਪਿੰਡਾਂ ਅੰਦਰ ਇਸ ਵੇਲੇ ਨਰੇਗਾ ਕਾਨੂੰਨ ਤਹਿਤ ਆਏ ਫੰਡਾਂ ਨਾਲ ਹੀ ਕੰਮ ਕਰਵਾਏ ਜਾ ਰਹੇ ਹਨ, ਪੰਜਾਬ ਸਰਕਾਰ ਨੇ ਆਪਣੇ ਵੱਲੋਂ ਇੱਕ ਧੇਲਾ ਵੀ ਪਿੰਡਾਂ ਨੂੰ ਨਹੀਂ ਦਿੱਤਾ। ਉਨ੍ਹਾਂ ਧੜੇਬੰਦੀ ਨੂੰ ਛੱਡ ਕੇ ਪੰਚਾਇਤੀ ਚੋਣਾਂ ਵੇਲੇ ਸਰਬਸੰਮਤੀ ਵੱਲ ਵਧੇਰੇ ਧਿਆਨ ਦੇਣ ਦੀ ਅਪੀਲ ਕੀਤੀ। ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖਾਲਸਾ ਨੇ ਜੀ ਆਇਆਂ ਨੂੰ ਆਖਦਿਆਂ ਸਾਰਿਆਂ ਦਾ ਧੰਨਵਾਦ ਕੀਤਾ।

ਇਸ ਮੌਕੇ ਗਿਆਨੀ ਕੇਵਲ ਸਿੰਘ ਸਮੇਤ ਵੱਖ ਵੱਖ ਆਗੂਆਂ ਨੂੰ ਸਨਮਾਨਤ ਕੀਤਾ ਗਿਆ। ਇਸ ਸਮੇਂ ਕਾਮਰੇਡ ਹਰਗੋਬਿੰਦ ਸ਼ੇਰਪੁਰ, ਜਥੇਦਾਰ ਗੁਰਮੇਲ ਸਿੰਘ ਛੀਨੀਵਾਲ, ਮੰਗਤ ਸਿੰਘ ਸਿੱਧੂ, ਹਰਜੀਤ ਸਿੰਘ ਖਿਆਲੀ, ਬਲਵਿੰਦਰ ਸਿੰਘ ਵਜੀਦਕੇ, ਸਰਾਭਾ ਕਲੱਬ ਦੇ ਆਗੂ ਜੰਗ ਸਿੰਘ ਸੋਢਾ, ਅਰਸ਼ਦੀਪ ਸਿੰਘ ਹਾਜ਼ਰ ਸਨ।

# ਡਾਕਟਰ ਸਾਹਿਲ ਫਿਜ਼ੀਓਥਰੈਪੀ ਕਲੀਨਕ ਵੱਲੋਂ ਸੈਮੀਨਾਰ



**ਜਗਰਾਉਂ (ਅਮਿਤ ਖੰਨਾ)**

ਡਾਕਟਰ ਸਾਹਿਲ ਫਿਜ਼ੀਓਥਰੈਪੀ ਕਲੀਨਕ ਵੱਲੋਂ ਲਾਇਨਜ਼ ਕਲੱਬ ਜਗਰਾਉਂ ਮਿਡ ਟਾਊਨ ਦੇ ਸਹਿਯੋਗ ਨਾਲ ਫਿਜ਼ੀਓਥਰੈਪੀ ਦਿਵਸ ਮੌਕੇ ਲਾਇਨ ਭਵਨ ਕੱਚਾ ਕਿਲ੍ਹਾ ਜਗਰਾਓਂ ਵਿਖੇ ਸੈਮੀਨਾਰ ਲਗਾਇਆ ਗਿਆ। ਇਸ ਸੈਮੀਨਾਰ ਦਾ ਉਦਘਾਟਨ ਜੈਨ ਲੈਬ ਦੇ ਮਾਲਕ ਡਾਕਟਰ ਮਨੀਸ਼ ਜੈਨ ਤੇ ਹਰਸ਼ ਜੈਨ ਨੇ ਕਰਦਿਆਂ ਕਿਹਾ ਕਿ ਅੱਜ ਦੇ ਜ਼ਮਾਨੇ ਵਿੱਚ ਫਿਜ਼ੀਓਥਰੈਪੀ ਵਿਧੀ ਬਹੁਤ ਕਾਰਗਰ ਸਾਬਿਤ ਹੋ ਰਹੀ ਹੈ। ਸੈਮੀਨਾਰ ਦੇ ਮੁੱਖ ਬੁਲਾਰੇ ਡਾਕਟਰ ਸਾਹਿਲ ਦੁਆ ਨੇ ਸੈਮੀਨਾਰ ਵਿੱਚ ਭਾਗ ਲੈਣ ਵਾਲੇ 120 ਦੇ ਕਰੀਬ ਸਰੋਤਿਆਂ ਨੂੰ ਫਿਜ਼ੀਓਥਰੈਪੀ ਵਿਧੀ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਈ ਅਜਿਹੀਆਂ ਬਿਮਾਰੀਆਂ ਹਨ, ਜਿਨ੍ਹਾਂ ਦਾ ਸਫਲ ਇਲਾਜ ਫਿਜ਼ੀਓਥਰੈਪੀ ਵਿਧੀ ਰਾਹੀਂ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਸਹੀ ਤੇ ਡਿਗਰੀ ਪ੍ਰਾਪਤ ਫਿਜ਼ੀਓਥਰੈਪੀ ਡਾਕਟਰ ਕੋਲੋਂ ਇਲਾਜ ਕਰਾਉਣ ਨਾਲ ਕਈ ਤਰ੍ਹਾਂ ਦੇ ਆਪ੍ਰੇਸ਼ਨਾਂ ਤੋਂ ਬਚਾਇਆ ਜਾ ਸਕਦਾ ਹੈ। ਇਸ ਮੌਕੇ ਲਾਇਨਜ਼ ਕਲੱਬ ਜਗਰਾਉਂ ਮਿਡ ਟਾਊਨ ਦੇ ਪ੍ਰਧਾਨ ਲਾਇਨ ਸਤੀਸ਼ ਗਰਗ, ਸੈਕਟਰੀ ਲਾਇਨ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ ਤੇ ਕੈਸ਼ੀਅਰ ਲਾਇਨ ਲਲਿਤ ਅਗਰਵਾਲ ਨੇ ਦੱਸਿਆ ਕਿ ਕਲੱਬ ਵੱਲੋਂ ਸਮੇਂ ਸਮੇਂ ਸਮਾਜ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਅਜਿਹੇ ਕੈਂਪ ਸੈਮੀਨਾਰ ਭਵਿੱਖ ਵਿੱਚ ਵੀ ਲਗਾਏ ਜਾਣਗੇ।

ਇਸ ਸੈਮੀਨਾਰ ਵਿੱਚ ਡਿਸਟਿਕ ਪੀ ਆਰ ਓ ਲਾਇਨ ਸੁਖਦੇਵ ਗਰਗ, ਸਾਬਕਾ ਪ੍ਰਧਾਨ ਲਾਇਨ ਕ੍ਰਿਸ਼ਨ ਵਰਮਾ, ਲਾਇਨ ਗਗਨਦੀਪ ਸਿੰਘ ਸਰਨਾ, ਲਾਇਨ ਲਖਮੀ ਗਰਗ, ਲਾਇਨ ਰਾਕੇਸ਼ ਜੈਨ, ਲਾਇਨ ਭੂਸ਼ਣ ਗੋਇਲ, ਲਾਇਨ ਡਾਕਟਰ ਚੰਦਨ ਮੋਹਨ ਓਹਰੀ, ਗੁਰਪ੍ਰੀਤ ਸਿੰਘ, ਇਕਬਾਲ ਸਿੰਘ ਨਾਗੀ, ਵਿਸ਼ਾਲ ਸ਼ਰਮਾ ਆਦਿ ਹਾਜ਼ਰ ਸਨ।

ਇਸ ਮੌਕੇ ਸੀਨੀਅਰ ਸਿਟੀਜ਼ਨ ਵੈੱਲਫੇਅਰ ਫੋਰਮ, ਖ਼ਾਲਸਾ ਪਰਿਵਾਰ, ਭਾਰਤ ਵਿਕਾਸ ਪ੍ਰੀਸ਼ਦ, ਕਰ ਭਲਾ ਹੋ ਭਲਾ ਸੁਸਾਇਟੀ, ਗੁਰਦੁਆਰਾ ਭਗਤ ਨਾਮਦੇਵ, ਗੁਰਦੁਆਰਾ ਭਜਨਗੜ੍ਹ ਸਾਹਿਬ, ਸਿੱਖ ਯੂਥ ਵੈੱਲਫੇਅਰ ਸੋਸਾਇਟੀ, ਲਾਇਨ ਕਲੱਬ ਮਿਡ ਟਾਊਨ ਜਗਰਾਉਂ ਵੱਲੋਂ ਡਾ: ਸਾਹਿਲ ਦੁਆ ਦਾ ਸਨਮਾਨ ਕੀਤਾ ਗਿਆ।

11-SEP-PAGE-8.qxd 9/10/2024 10:54 PM Page 1



# ਅੰਨ੍ਹੇ ਕਤਲ ਦੀ ਗੁੱਥੀ ਸੁਲਝੀ, ਤਿੰਨ ਦੋਸ਼ੀ ਗ੍ਰਿਫਤਾਰ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਪੁਲਸ ਨੇ ਪਿੰਡ ਲਧਾਣਾ ਝਿੱਕਾ, ਥਾਣਾ ਸਦਰ ਬੰਗਾ ਵਿਖੇ ਕੀਤੇ ਗਏ ਪ੍ਰਵਾਸੀ ਵਿਅਕਤੀ ਦੇ ਅੰਨ੍ਹੇ ਕਤਲ ਦੀ ਗੁੱਥੀ ਨੂੰ ਸੁਲਝਾਉਂਦੇ ਹੋਏ 3 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਵਾਰਦਾਤ ਵਿੱਚ ਵਰਤੇ ਗਏ 2 ਮੋਟਰ ਸਾਈਕਲ ਤੇ 1 ਦਾਤਰ ਅਤੇ 3 ਮੋਬਾਇਲਾਂ ਨੂੰ ਬ੍ਰਾਮਦ ਕੀਤਾ ਗਿਆ। ਡਾ. ਮਹਿਤਾਬ ਸਿੰਘ ਸੀਨੀਅਰ ਕਪਤਾਨ ਪੁਲਸ, ਸ਼ਹੀਦ ਭਗਤ ਸਿੰਘ ਨਗਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਪੁਲਸ ਵਲੋਂ ਮਿਤੀ 21-08-2024 ਨੂੰ ਪਿੰਡ ਲਧਾਣਾ ਝਿੱਕਾ ਥਾਣਾ ਸਦਰ ਬੰਗਾ ਵਿਖੇ ਨਾਮਲੂਮ ਪ੍ਰਵਾਸੀ ਵਿਅਕਤੀ ਦੇ ਕਤਲ ਨੂੰ ਸਫਲਤਾ ਪੂਰਵਕ ਟਰੇਸ ਕੀਤਾ ਅਤੇ ਕਤਲ ਕਰਨ ਵਾਲੇ ਤਿੰਨ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ। ਇਸ ਸਬੰਧੀ ਉਨ੍ਹਾ ਦੱਸਿਆ ਕਿ ਮਿਤੀ 22 ਅਗਸਤ 2024 ਨੂੰ ਹਰਦੀਪ ਸਿੰਘ ਪੁੱਤਰ ਸਰਵਣ ਸਿੰਘ ਵਾਸੀ ਲਧਾਣਾ ਝਿੱਕਾ ਥਾਣਾ ਸਦਰ ਬੰਗਾ ਨੇ ਪੁਲਸ ਨੂੰ ਇਤਲਾਹ ਦਿੱਤੀ ਕਿ ਉਸ ਦੇ ਗੰਨੇ ਵਾਲੇ ਖੇਤਾਂ ਵਿੱਚ ਕਿਸੇ ਨਾਮਲੂਮ ਵਿਅਕਤੀ ਦੀ ਲਾਸ਼ ਪਈ ਹੈ, ਜਿਸ 'ਤੇ ਕਪਤਾਨ ਪੁਲਸ (ਜਾਂਚ), ਸ਼ਹੀਦ ਭਗਤ ਸਿੰਘ ਨਗਰ, ਉਪ ਕਪਤਾਨ ਪੁਲਸ, ਸਬ ਡਵੀਜ਼ਨ ਬੰਗਾ, ਇੰਸਪੈਕਟਰ ਅਵਤਾਰ ਸਿੰਘ, ਇੰਚਾਰਜ ਸੀ.ਆਈ.ਏ ਸਟਾਫ, ਸਬ ਇੰਸਪੈਕਟਰ ਬਲਵਿੰਦਰ ਸਿੰਘ, ਮੁੱਖ ਅਫਸਰ ਥਾਣਾ ਸਦਰ ਬੰਗਾ ਸਮੇਤ ਜਿਲ੍ਹਾ ਦੇ ਹੋਰ ਪੁਲਸ ਅਧਿਕਾਰੀ ਤੁਰੰਤ ਮੌਕਾ ਤੇ ਪਹੁੰਚ ਕੇ ਲਾਸ਼ ਦਾ ਸਰਸਰੀ ਮੁਲਾਹਜ਼ਾ ਕੀਤਾ ਗਿਆ ਜੋ ਪਾਇਆ ਗਿਆ ਕਿ ਇਸ ਨਾਮਲੂਮ ਵਿਅਕਤੀ ਦਾ ਕਿਸੇ ਨਾਮਲੂਮ ਵਿਅਕਤੀ/ਵਿਅਕਤੀਆਂ ਵਲੋਂ ਕਤਲ ਕਰਕੇ ਲਾਸ਼ ਨੂੰ ਉਕਤ ਖੇਤਾਂ ਵਿੱਚ ਸੁੱਟ ਦਿੱਤਾ ਗਿਆ। ਜਿਸ 'ਤੇ ਇਸ ਸਬੰਧੀ ਹਰਦੀਪ ਸਿੰਘ ਉਕਤ ਦੇ ਬਿਆਨ ਪਰ ਨਾਮਲੂਮ ਵਿਅਕਤੀ ਦੇ ਖਿਲਾਫ ਮੁਕੱਦਮਾ ਥਾਣਾ ਸਦਰ ਬੰਗਾ ਦਰਜ ਰਜਿਸਟਰ ਕਰਕੇ ਮੁਢਲੀ ਤਫਤੀਸ਼ ਅਮਲ ਵਿੱਚ ਲਿਆਂਦੀ। ਮ੍ਰਿਤਕ ਵਿਅਕਤੀ ਦੀ ਸ਼ਨਾਖਤ ਅਤੇ ਦੋਸ਼ੀਆਂ ਨੂੰ ਟਰੇਸ ਕਰਨ ਲਈ ਕਪਤਾਨ ਪੁਲਸ (ਜਾਂਚ) ਸ਼ਹੀਦ ਭਗਤ ਸਿੰਘ ਨਗਰ, ਉਪ ਕਪਤਾਨ ਪੁਲਸ (ਡੀ) ਸ਼ਹੀਦ ਭਗਤ ਸਿੰਘ ਨਗਰ, ਉਪ ਕਪਤਾਨ ਪੁਲਸ, ਸਬ ਡਵੀਜ਼ਨ ਬੰਗਾ ਦੀ ਸੁਪਰਵੀਜ਼ਨ ਹੇਠ ਇੰਸਪੈਕਟਰ ਅਵਤਾਰ ਸਿੰਘ, ਇੰਚਾਰਜ ਸੀ.ਆਈ.ਏ, ਸ਼ਹੀਦ ਭਗਤ ਸਿੰਘ ਨਗਰ, ਮੁੱਖ ਅਫਸਰ ਥਾਣਾ ਸਦਰ ਬੰਗਾ ਦੀ ਅਗਵਾਈ ਹੇਠ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ ਅਤੇ ਮ੍ਰਿਤਕ ਦੀ ਸ਼ਨਾਖਤ ਕਰਵਾਈ ਗਈ, ਜੋ ਅਮਰ ਸਿੰਘ ਪੁੱਤਰ ਝੰਡੂ ਵਾਸੀ ਬਜਾ ਗਊ ਥਾਣਾ ਸਰੋਲੀ, ਬਰੇਲੀ ਉਤਰ ਪ੍ਰਦੇਸ਼ ਹਾਲ ਵਾਸੀ ਸ੍ਰੀ ਰਾਮ ਕਾਲਾ ਅੰਬ ਨੇੜੇ ਬੈਰੀਅਰ ਥਾਣਾ ਨਰਾਇਣਗੜ੍ਹ ਅੰਬਾਲਾ, ਹਰਿਆਣਾ ਵਜੋਂ ਹੋਈ। ਇਸ ਉਪਰੰਤ ਮ੍ਰਿਤਕ ਅਮਰ ਸਿੰਘ ਦੀ ਲੜਕੀ ਕਿਰਨ ਨੇ ਆਪਣਾ ਬਿਆਨ ਲਿਖਾਇਆ ਕਿ ਉਸ ਦੇ ਪਿਤਾ ਦਾ ਕਤਲ ਹਰੀਸ਼ ਕੁਮਾਰ ਪੁੱਤਰ ਦੁਰਗਾ ਪ੍ਰਸ਼ਾਦ ਵਾਸੀ ਪਿਪਰੀਆ ਬੀਰਪੁਰ ਥਾਣਾ ਸਿਰੋਲੀ ਜ਼ਿਲ੍ਹਾ ਬਰੇਲੀ ਉਤਰ ਪ੍ਰਦੇਸ਼, ਹਾਲ ਕਿਰਾਏਦਾਰ ਦਵਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਐਮਾ ਜੱਟਾਂ ਥਾਣਾ ਮਾਹਿਲਪੁਰ ਨੇ ਕੀਤਾ ਹੈ ਜੋ ਮ੍ਰਿਤਕ ਅਮਰ ਸਿੰਘ ਦਾ ਭਾਣਜਾ ਲੱਗਦਾ ਹੈ। ਜਿਸ 'ਤੇ ਹਰੀਸ਼ ਕੁਮਾਰ ਨੂੰ ਤੁਰੰਤ ਕਾਬੂ ਕੀਤਾ ਗਿਆ ਜਿਸ ਨੇ ਮੁਢਲੀ ਪੁੱਛ-ਗਿੱਛ ਵਿੱਚ ਮੰਨਿਆ ਕਿ ਉਸ ਦਾ ਮਾਮਾ ਮ੍ਰਿਤਕ ਅਮਰ ਸਿੰਘ ਨਾਲ ਪੈਸਿਆਂ ਦਾ ਰੌਲਾ ਸੀ, ਇਸ ਲਈ ਉਸ ਨੇ ਗੁਰਦੀਪ ਸਿੰਘ ਉਰਫ ਦੀਪਾ ਪੁੱਤਰ ਅਮਰੀਕ ਸਿੰਘ ਵਾਸੀ ਐਮਾ ਜੱਟਾਂ ਅਤੇ ਗਗਨਦੀਪ ਉਰਫ ਗੱਗੀ ਪੁੱਤਰ ਮੱਖਣ ਸਿੰਘ ਵਾਸੀ ਐਮਾ ਜੱਟਾਂ ਜ਼ਿਲ੍ਹਾ ਹੁਸ਼ਿਆਰਪੁਰ ਨਾਲ ਮਿਲ ਕੇ 21 ਅਗਸਤ 2024 ਨੂੰ ਅਮਰ ਸਿੰਘ ਦਾ ਪਿੰਡ ਲਧਾਣਾ ਝਿੱਕਾ ਵਿਖੇ ਹਰਦੀਪ ਸਿੰਘ ਦੇ ਗੰਨੇ ਦੇ ਖੇਤਾਂ ਪਾਸ ਕਤਲ ਕਰ ਦਿੱਤਾ ਅਤੇ ਉਸ ਦੀ ਲਾਸ਼ ਨੂੰ ਉਕਤ ਗੰਨੇ ਦੇ ਖੇਤਾਂ ਵਿੱਚ ਸੁੱਟ ਦਿੱਤਾ। ਜਿਸ 'ਤੇ ਹਰੀਸ਼ ਕੁਮਾਰ, ਗੁਰਦੀਪ ਸਿੰਘ ਉਰਫ ਦੀਪਾ ਅਤੇ ਗਗਨਦੀਪ ਉਰਫ ਗੱਗੀ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਉਹਨਾਂ ਪਾਸੋਂ ਵਾਰਦਾਤ ਵਿੱਚ ਵਰਤਿਆ 1 ਦਾਤਰ ਅਤੇ 2 ਮੋਟਰਸਾਈਕਲ ਅਤੇ 3 ਮੋਬਾਇਲ ਬ੍ਰਾਮਦ ਕੀਤੇ ਗਏ ਹਨ। ਜੋ ਇਹਨਾਂ ਦੋਸ਼ੀਆਂ ਵਲੋਂ ਮ੍ਰਿਤਕ ਅਮਰ ਸਿੰਘ ਦੇ ਮੋਬਾਇਲ ਫੋਨ ਨੂੰ ਤੋੜ ਕੇ ਉਸ ਦੇ ਕਿੱਟ ਬੈਗ ਦੇ ਸਮੇਤ ਕਤਲ ਕਰਨ ਤੋਂ ਬਾਅਦ ਪਿੰਡ ਬਿੰਜੋਂ ਦੀ ਨਹਿਰ ਵਿੱਚ ਸੁੱਟ ਦਿੱਤਾ ਸੀ ਜਿਸ 'ਤੇ ਸਬੂਤਾਂ ਨੂੰ ਨਸ਼ਟ ਕਰਨ ਤੇ ਦੌਰਾਨੇ ਤਫਤੀਸ਼ ਉਕਤ ਮੁਕੱਦਮਾ ਵਿੱਚ ਵਾਧਾ ਜੁਰਮ 238 ਬੀ.ਐਨ.ਐਸ ਦਾ ਕੀਤਾ ਗਿਆ ਹੈ।

## ਡੇਂਗੂ ਨੂੰ ਰੋਕਣ ਲਈ ਸਿਹਤ ਵਿਭਾਗ ਮੁਸਤੈਦ : ਡਾ. ਬਲਦੇਵ ਸਿੰਘ



**ਬੁੱਲ੍ਹੋਵਾਲ, (ਵਿਰਦੀ)**-ਸਿਵਲ ਸਰਜਨ ਹੁਸ਼ਿਆਰਪੁਰ ਅਤੇ ਸੀਨੀਅਰ ਮੈਡੀਕਲ ਅਫਸਰ ਪੀ.ਐੱਚ.ਸੀ. ਚੱਕੋਵਾਲ ਡਾ. ਬਲਦੇਵ ਸਿੰਘ ਦੀ ਅਗਵਾਈ ਵਿੱਚ ਪਿੰਡ ਸਤੌਰ ਵਿਖੇ ਡੇਂਗੂ ਦਾ ਸਰਵੇਖਣ ਕੀਤਾ ਗਿਆ। ਇਸ ਸਬੰਧੀ ਐੱਸ.ਐਮ.ਓ. ਡਾ. ਬਲਦੇਵ ਸਿੰਘ ਨੇ ਦੱਸਿਆ ਕਿ ਇਸ ਬਰਸਾਤਾਂ ਦੇ ਮੌਸਮ ਦੌਰਾਨ ਮੱਛਰ ਵੱਡੀ ਗਿਣਤੀ ਵਿਚ ਪੈਦਾ ਹੁੰਦੇ ਹਨ। ਇਹਨਾਂ ਨੂੰ ਰੋਕਣ ਲਈ ਸਿਹਤ ਵਿਭਾਗ ਪੂਰੀ ਤਰ੍ਹਾਂ ਮੁਸਤੈਦ ਹੈ। ਇਸੇ ਤਹਿਤ ਸਿਹਤ ਕਰਮਚਾਰੀ ਘਰ ਘਰ ਜਾ ਕੇ ਮੱਛਰਾਂ ਦਾ ਲਾਰਵਾ ਚੈਕ ਕਰ ਰਹੇ ਹਨ ਅਤੇ ਲੋਕਾਂ ਨੂੰ ਜਾਗਰੂਕ ਕਰ ਰਹੇ ਹਨ। ਬਲਾਕ ਪੀ.ਐੱਚ.ਸੀ. ਚੱਕੋਵਾਲ ਵਿਚ ਪਿਛਲੇ ਸਾਲ ਦੇ ਮੁਕਾਬਲੇ ਇਸ ਵਾਰ ਡੇਂਗੂ ਦੇ ਕੇਸ ਘੱਟ ਨਿਕਲ ਰਹੇ ਹਨ ਕਿਉਂਕਿ ਸਿਹਤ ਮੁਲਾਜ਼ਮ ਮੁਸਤੈਦੀ ਨਾਲ ਡਿਊਟੀ ਨਿਭਾਅ ਰਹੇ ਹਨ। ਉਹਨਾਂ ਕਿਹਾ ਕਿ ਜੇਕਰ ਲੋਕ ਸਿਹਤ ਮੁਲਾਜ਼ਮਾਂ ਦਾ ਸਾਥ ਦੇਣ ਅਤੇ ਸਾਫ ਸਫਾਈ ਰੱਖਣ ਤਾਂ ਮੱਛਰਾਂ ਦੀ ਵਧ ਰਹੀ ਗਿਣਤੀ ਨੂੰ ਰੋਕਿਆ ਜਾ ਸਕਦਾ ਹੈ। ਇਸ ਮੌਕੇ ਮ.ਪ.ਹ.ਸੁ. ਮੇਲ ਬਲਜੀਤ ਸਿੰਘ ਨੇ ਦੱਸਿਆ ਕਿ ਉਹ ਆਪਣੀ ਟੀਮ ਨਾਲ ਪਿੰਡ ਸਤੌਰ ਵਿਖੇ ਘਰ ਘਰ ਜਾ ਰਹੇ ਹਨ ਅਤੇ ਮੱਛਰਾਂ ਦਾ ਲਾਰਵਾ ਚੈੱਕ ਕਰ ਰਹੇ ਹਨ। ਕੁਝ ਘਰਾਂ ਵਿਚ ਲਾਰਵਾ ਅਜੇ ਵੀ ਮਿਲ ਰਿਹਾ ਹੈ ਜੋ ਕਿ ਚਿੰਤਾ ਦਾ ਵਿਸ਼ਾ ਹੈ। ਲੋਕਾਂ ਨੂੰ ਚਾਹੀਦਾ ਹੈ ਕਿ ਉਹ ਹਫਤੇ ਵਿਚ ਇੱਕ ਦਿਨ ਸਾਰੇ ਘਰ ਵਿਚ ਸਫ਼ਾਈ ਕਰਨ ਅਤੇ ਜਮ੍ਹਾ ਹੋਇਆ ਪਾਣੀ ਸਾਫ ਕਰਨ ਜਿਵੇਂ ਕਿ ਕੂਲਰ, ਫਰਿੱਜਾਂ ਦੀ ਪਿਛਲੀ ਟਰੇਅ, ਟੁੱਟੇ ਭੱਜੇ ਬਰਤਨ, ਪਸ਼ੂਆਂ ਲਈ ਪੀਣ ਲਈ ਭਰੀਆਂ ਖੁਰਲੀਆਂ ਆਦਿ। ਇਸ ਖੜ੍ਹੇ ਸਾਫ ਪਾਣੀ ਵਿਚ ਹੀ ਡੇਂਗੂ ਦਾ ਮੱਛਰ ਪੈਦਾ ਹੁੰਦਾ ਹੈ। ਇਸ ਮੌਕੇ ਉਹਨਾਂ ਨਾਲ ਜਸਪ੍ਰੀਤ ਸਿੰਘ, ਆਸ਼ਾ ਵਰਕਰ ਅਤੇ ਬਰੀਡਰ ਚੈੱਕਰ ਹਾਜ਼ਰ ਸਨ।

## ਮੋਬਾਇਲ ਖੋਹਣ ਤੇ ਕੁੜੀ ਨੂੰ ਦਰੜਨ ਵਾਲੇ ਤਿੰਨ ਗ੍ਰਿਫ਼ਤਾਰ



**ਜਲੰਧਰ( ਸ਼ੈਲੀ ਐਲਬਰਟ, ਰਜੇਸ਼ ਥਾਪਾ)**- ਪੁਲਸ ਕਮਿਸ਼ਨਰੇਟ ਸਵਪਨ ਸ਼ਰਮਾ ਦੀ ਅਗਵਾਈ ਹੇਠ ਪੁਲਸ ਕਮਿਸ਼ਨਰੇਟ ਨੇ ਤਿੰਨ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਇੱਕ ਲੜਕੀ ਨੂੰ ਖੋਹ ਤੋਂ ਬਾਅਦ ਸੜਕ 'ਤੇ ਘਸੀਟਣ ਦੀ ਘਟਨਾ ਨੂੰ ਸੁਲਝਾ ਲਿਆ ਹੈ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਲਕਸ਼ਮੀ ਵਾਸੀ ਪਰਾਗੀ ਲਾਲ ਵਾਸੀ ਨੰਬਰ 75/03 ਗਾਰਡਨ ਕਾਲੋਨੀ ਜਲੰਧਰ ਨੇ ਸ਼ਿਕਾਇਤ ਦਰਜ ਕਰਵਾਈ ਸੀ ਕਿ ਉਹ ਅਤੇ ਉਸ ਦੀ ਭੈਣ ਕੰਮ ਤੋਂ ਵਾਪਸ ਆ ਰਹੇ ਸਨ। ਸ਼ਿਕਾਇਤਕਰਤਾ ਨੇ ਦੱਸਿਆ ਕਿ ਜਦੋਂ ਉਹ ਘਰ ਦੇ ਅੰਦਰ ਜਾ ਰਹੀ ਸੀ ਤਾਂ ਤਿੰਨ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਉਸ ਦੇ ਸਾਹਮਣੇ ਮੋਟਰਸਾਈਕਲ ਰੋਕ ਲਿਆ ਅਤੇ ਮੋਬਾਈਲ ਖੋਹਣ ਦੀ ਕੋਸ਼ਿਸ਼ ਕੀਤੀ ਅਤੇ ਫਰਾਰ ਹੋਣ ਲੱਗੇ। ਸਵਪਨ ਸ਼ਰਮਾ ਨੇ ਦੱਸਿਆ ਕਿ ਲਕਸ਼ਮੀ ਨੇ ਬਾਈਕ 'ਤੇ ਪਿੱਛੇ ਬੈਠੇ ਲੜਕੇ ਨੂੰ ਫੜ ਲਿਆ ਪਰ ਮੋਟਰਸਾਈਕਲ ਸਵਾਰ ਉਸ ਨੂੰ ਕਾਫੀ ਦੂਰ ਤੱਕ ਘਸੀਟ ਕੇ ਲੈ ਗਏ, ਜਿਸ ਕਾਰਨ ਉਸ ਦੇ ਕਾਫੀ ਸੱਟਾਂ ਲੱਗੀਆਂ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਦੱਸਿਆ ਕਿ ਤਫ਼ਤੀਸ਼ ਦੌਰਾਨ ਮੁਲਜ਼ਮਾਂ ਦੀ ਪਛਾਣ ਪਵਨਪ੍ਰੀਤ ਸਿੰਘ ਉਰਫ਼ ਬੱਗਾ ਪੁੱਤਰ ਜਸਵੰਤ ਸਿੰਘ ਵਾਸੀ ਮੁਹੱਲਾ ਨੰ: 573 ਲਤੀਫਪੁਰਾ, ਜਲੰਧਰ, ਗਗਨਦੀਪ ਸਿੰਘ ਉਰਫ਼ ਗਗਨ ਪੁੱਤਰ ਸੁਖਵਿੰਦਰ ਸਿੰਘ ਵਾਸੀ ਨੰ. 6 ਏਕਤਾ ਵਿਹਾਰ ਨੇੜੇ ਕੁੱਕੀ ਢਾਬ ਵਿਖੇ ਮੌਜੂਦਾ ਐਚ. 1490 ਅਰਬਨ ਅਸਟੇਟ ਫੇਜ਼ 2, ਜਲੰਧਰ ਅਤੇ ਲਵਪ੍ਰੀਤ ਸਿੰਘ ਉਰਫ ਲਵ ਪੁੱਤਰ ਸੁਖਵਿੰਦਰ ਸਿੰਘ ਵਾਸੀ ਨੰਬਰ. 1490 ਅਰਬਨ ਅਸਟੇਟ ਫੇਜ਼ 99। ਇਸ ਉਪਰੰਤ ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਸ ਨੇ ਤਿੰਨਾਂ ਨੂੰ ਗ੍ਰਿਫ਼ਤਾਰ ਕਰਕੇ ਵਾਰਦਾਤ ਦੌਰਾਨ ਵਰਤਿਆ ਮੋਟਰਸਾਈਕਲ ਨੰ: ਪੀ.ਬੀ.08-ਬੀ.ਈ.-1179 ਬਰਾਮਦ ਕਰ ਲਿਆ ਹੈ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਗਗਨਦੀਪ ਸਿੰਘ ਖਿਲਾਫ ਪਹਿਲਾਂ ਹੀ ਤਿੰਨ ਕੇਸ ਪੈਂਡਿੰਗ ਹਨ ਜਦਕਿ ਪਵਨਪ੍ਰੀਤ ਸਿੰਘ ਅਤੇ ਲਵਪ੍ਰੀਤ ਸਿੰਘ ਦਾ ਅਜੇ ਤੱਕ ਕੋਈ ਅਪਰਾਧਿਕ ਇਤਿਹਾਸ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।

## ਬਿਲਗਾ ਪੁਲਸ ਨੇ ਮਨਪ੍ਰੀਤ ਕੁਮਾਰ ਉਰਫ ਮਨੀ ਨੂੰ ਕੀਤਾ ਗ੍ਰਿਫ਼ਤਾਰ



**ਬਿਲਗਾ (ਵਿਜੇ ਕੁਮਾਰ)**-ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਡੀ.ਐਸ.ਪੀ ਸਰਵਣ ਸਿੰਘ ਬੱਲ ਫਿਲੌਰ ਜਲੰਧਰ ਦਿਹਾਤੀ ਨੇ ਦੱਸਿਆ ਕਿ ਇੰਸ: ਹਰਦੇਵਪ੍ਰੀਤ ਸਿੰਘ ਮੁੱਖ ਅਫਸਰ ਥਾਣਾ ਬਿਲਗਾ ਨੇ ਆਪਣੀ ਟੀਮ ਦੇ ਸਹਿਯੋਗ ਨਾਲ ਦੋਸ਼ੀ ਮਨਪ੍ਰੀਤ ਕੁਮਾਰ ਪੁੱਤਰ ਸਤਨਾਮ ਸਿੰਘ ਵਾਸੀ ਪਿੰਡ ਖੋਖੇਵਾਲ ਥਾਣਾ ਬਿਲਗਾ ਨੂੰ ਗ੍ਰਿਫਤਾਰ ਕੀਤਾ ਹੈ।ਇਸ ਮੌਕੇ ਮੌਜੂਦ ਐਸ. ਐਚ.ਓ. ਸਬ ਇੰਸਪੈਕਟਰ ਰਾਕੇਸ਼ ਕੁਮਾਰ ਨੇ ਦੱਸਿਆ ਕਿ ਮਨਪ੍ਰੀਤ ਕੁਮਾਰ ਨੇ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਖੋਖੇਵਾਲ ਵਿਖੇ ਬਤੌਰ ਸੈਕਟਰੀ ਆਪਣੀ ਡਿਊਟੀ ਦੌਰਾਨ 01,22,99,323 ਰੁਪਏ ਦਾ ਗਬਨ ਕੀਤਾ ਸੀ ਜਿਸ ਖਿਲਾਫ ਥਾਣਾ ਬਿਲਗਾ ਵਿਖੇ 23 ਮਈ 2024 ਨੂੰ ਮਾਮਲਾ ਦਰਜ ਕੀਤਾ ਗਿਆ ਸੀ। ਮਨਪ੍ਰੀਤ ਕੁਮਾਰ ਕਾਫੀ ਸਮੇਂ ਤੋਂ ਪੁਲਸ ਨੂੰ ਲੋੜੀਂਦਾ ਸੀ। ਉਸ ਨੂੰ ਗ੍ਰਿਫਤਾਰ ਕਰਨ ਲਈ ਉਸ ਦੇ ਘਰ ਕਈ ਵਾਰ ਛਾਪੇਮਾਰੀ ਕੀਤੀ ਗਈ ਪਰ ਉਹ ਪੁਲਸ ਦੇ ਹੱਥ ਨਹੀਂ ਲੱਗ ਰਿਹਾ ਸੀ। ਹੁਣ ਪੁਲਸ ਨੇ ਉਸ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਉਸ ਤੋਂ ਬਾਰੀਕੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

## ਕੋਟ ਫਤੂਹੀ 'ਚ ਸਲਾਨਾ ਸੰਤ ਸਮਾਗਮ ਅੱਜ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਕੋਟ ਫਤੂਹੀ ਡੇਰਾ ਸ਼ਿਵ ਜੀ ਮਹਾਰਾਜ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਡੇਰੇ ਵੱਲੋਂ ਸੰਤ ਸ਼ਿਵ ਜੀ ਮਹਾਰਾਜ ਦੀ ਸਲਾਨਾ ਬਰਸੀ ਮੌਕੇ ਸੰਤ ਸਮਾਗਮ ਅਤੇ ਗੁਰੂ ਸਮਾਗਮ 11 ਸਤੰਬਰ ਨੂੰ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਕਸ਼ਮੀਰ ਸਿੰਘ ਕੋਟ ਫਤੂਹੀ, ਸੰਤ ਬਾਬਾ ਜਗਤਾਰ ਸਿੰਘ ਕੋਟ ਫਤੂਹੀ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਸੰਤ ਬਾਬਾ ਕਸ਼ਮੀਰ ਸਿੰਘ ਕੋਟ ਫਤੂਹੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਲਾਨਾ ਬਰਸੀ ਸਬੰਧੀ 1 ਸਤੰਬਰ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਆਰੰਭ ਹੈ। ਉਨ੍ਹਾਂ ਦੱਸਿਆ ਕਿ 11 ਸਤੰਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਲੜੀ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਸੰਤ ਸਮਾਗਮ ਅਤੇ ਗੁਰਮਤਿ ਸਮਾਗਮ ਕਰਵਾਏ ਜਾਣਗੇ। ਜਿਸ ਵਿੱਚ ਇਲਾਕੇ ਭਰ ਤੋਂ ਸਾਧੂ, ਸੰਤ, ਮਹਾਂਪੁਰਸ਼, ਰਾਗੀ, ਢਾਡੀ, ਕਵੀਸ਼ਰ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਸਲਾਨਾ ਬਰਸੀ ਸਮਾਗਮ ਮੌਕੇ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

## ਫਗਵਾੜਾ ਦੇ ਡਾਕਟਰਾਂ ਤਿੰਨ ਘੰਟੇ ਮੈਡੀਕਲ ਸੇਵਾਵਾਂ ਰੱਖੀਆਂ ਠੱਪ



**ਫਗਵਾੜਾ (ਡਾ ਰਮਨ )**- ਸਿਵਲ ਹਸਪਤਾਲ ਫਗਵਾੜਾ ਵਿਖੇ ਸਰਕਾਰੀ ਡਾਕਟਰਾਂ ਦੀ ਪ੍ਰਮੁੱਖ ਜਥੇਬੰਦੀ ਪੰਜਾਬ ਸਿਵਲ ਸਰਵਿਸਿਜ ਐਸੋਸੀਏਸ਼ਨ ( ਪੀ ਸੀ ਐਮ ਐਸ ਏ ) ਪੰਜਾਬ ਦੇ ਸੱਦੇ ਤੇ ਸਿਵਲ ਹਸਪਤਾਲ ਫਗਵਾੜਾ ਦੇ ਡਾਕਟਰਾਂ ਵਲੋਂ ਸਵੇਰੇ 8.00 ਵਜੇ ਤੋਂ 11.00 ਵਜੇ ਤੱਕ ਤਿੰਨ ਘੰਟੇ ਐਮਰਜੈਂਸੀ ਸੇਵਾਵਾਂ ਨੂੰ ਛੱਡ ਕੰਮਕਾਜ ਠੱਪ ਰੱਖਿਆ ਗਿਆ ਜਿਸ ਕਾਰਨ ਰੋਜ਼ਾਨਾ ਆਉਣ ਵਾਲੇ ਮਰੀਜ਼ਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ। ਇਸ ਹੜਤਾਲ ਵਿੱਚ ਡਾ. ਰਵੀ ਕੁਮਾਰ , ਡਾ. ਦਰਸ਼ਨ ਬੱਧਨ , ਡਾ. ਗੁਰਿੰਦਰ ਦੀਪ ਸਿੰਘ ਗਰੇਵਾਲ, ਡਾ ਮਨਜੀਤ ਨਾਂਗਰਾ , ਡਾ ਬਲਜਿੰਦਰ ਸਿੰਘ , ਡਾ ਬਲਰਾਜ ਕੌਰ , ਡਾ ਆਸੂ , ਡਾ ਅਨੂੰ ਪ੍ਰਿਆ ਆਦਿ ਸ਼ਾਮਿਲ ਹੋਏ। ਇਸ ਮੌਕੇ ਡਾ. ਬਲਜਿੰਦਰ ਸਿੰਘ ਐਮ ਓ ਪਾਂਛਟ ਨੇ ਦੱਸਿਆ ਕਿ ਸਟੇਟ ਬਾਡੀ ਵਲੋਂ ਲਏ ਗਏ ਫੈਸਲੇ ਅਨੁਸਾਰ ਐਲਾਨੀ ਹੋਈ ਹੜਤਾਲ ਵਿੱਚ ਕੁਝ ਤਬਦੀਲੀ ਕਰਦੇ ਹੋਏ ਸੋਮਵਾਰ ਤੋਂ ਅਗਲੇ ਤਿੰਨ ਦਿਨਾਂ ਤੱਕ ਸਵੇਰੇ 8 ਤੋਂ 11 ਵਜੇ ਤੱਕ ਓ.ਪੀ.ਡੀ ਸੇਵਾਵਾਂ ਬੰਦ ਰੱਖਣ ਦਾ ਫੈਸਲਾ ਕੀਤਾ ਗਿਆ ਹੈ। ਪਹਿਲਾਂ ਉਹਨਾਂ ਵੱਲੋਂ ਅਨਿਸਚਿਤ ਕਾਲ ਤੱਕ ਪੂਰਨ ਤੌਰ 'ਤੇ ਬੰਦ ਦਾ ਐਲਾਨ ਕੀਤਾ ਗਿਆ ਸੀ ਪਰ ਸਿਹਤ ਮੰਤਰੀ ਵੱਲੋਂ ਕੀਤੀ ਗਈ ਅਪੀਲ ਅਤੇ ਕੈਬਨਿਟ ਦੀ ਸਬ ਕਮੇਟੀ ਦੇ ਤੌਰ 'ਤੇ ਵਿੱਤ ਮੰਤਰੀ ਨਾਲ ਐਸੋਸੀਏਸ਼ਨ ਨੂੰ ਮੀਟਿੰਗ ਕਰਵਾਏ ਜਾਣ ਦਾ ਸੱਦਾ ਦੇਣ ਤੋਂ ਬਾਅਦ ਡਾਕਟਰਾਂ ਨੇ ਮਰੀਜ਼ਾਂ ਤੇ ਲੋਕ ਹਿੱਤ ਨੂੰ ਮੁੱਖ ਰੱਖਦੇ ਹੋਏ ਆਪਣਾ ਵਿਰੋਧ ਥੋੜ੍ਹਾ ਘਟਾਇਆ ਹੈ। ਉਨ੍ਹਾਂ ਦੱਸਿਆ ਕਿ ਕੋਈ ਚੋਣਵੇਂ ਆਪਰੇਸ਼ਨ ਨਹੀਂ ਹੋਣਗੇ। ਜਥੇਬੰਦੀ ਮੁਤਾਬਕ ਕੋਈ ਵੀ ਆਮ ਮੈਡੀਕਲ ਮੁਆਇਨੇ ਨਹੀਂ ਹੋਣਗੇ ਜਿਵੇਂ ਭਰਤੀ ਨਾਲ ਸੰਬੰਧਤ ਮੁਆਇਨੇ, ਡਰਾਈਵਿੰਗ ਲਾਇਸੰਸ ਵਾਸਤੇ ਤੇ ਹਥਿਆਰਾਂ ਦੇ ਲਾਇਸੰਸ ਲਈ ਮੈਡੀਕਲ ਮੁਆਇਨੇ, ਕੋਈ ਵੀ ਡੋਪ ਟੈਸਟ ਨਹੀਂ ਹੋਵੇਗਾ ਤੇ ਨਾ ਹੀ ਵੀ ਆਈ ਪੀ ਡਿਊਟੀ ਕੀਤੀ ਜਾਵੇਗੀ। ਇਸ ਤੋਂ ਇਲਾਵਾ ਡੇਂਗੂ ਨੂੰ ਛੱਡ ਕੇ ਕੋਈ ਰਿਪੋਰਟਾਂ ਨਹੀਂ ਭੇਜੀਆਂ ਜਾਣਗੀਆਂ। ਡਾਕਟਰਾਂ ਮੁਤਾਬਕ ਐਮਰਜੈਂਸੀ ਸੇਵਾਵਾਂ ਪਹਿਲਾਂ ਵਾਂਗ ਜਾਰੀ ਰਹਿਣਗੀਆਂ। ਇਸ ਮੌਕੇ ਡਾ. ਰਵੀ ਕੁਮਾਰ ਨੇ ਕਿਹਾ ਕਿ ਡਾਕਟਰਾਂ ਦੀਆਂ ਪ੍ਰਮੁੱਖ ਮੰਗਾਂ ਵਿੱਚ ਤਰੱਕੀ ਤੇ ਛੇਵੇਂ ਪੇ ਕਮਿਸ਼ਨ ਦੇ ਬਕਾਏ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਸੂਬੇ 'ਚ ਸਰਕਾਰੀ ਸਿਹਤ ਸੰਸਥਾਵਾਂ ਲੋੜ ਤੋਂ ਅੱਧੀ ਸਮਰੱਥਾ ਨਾਲ ਕੰਮ ਕਰ ਰਹੀਆਂ ਹਨ। ਪੰਜਾਬ 'ਚ ਡਾਕਟਰਾਂ ਦੀਆਂ 4600 ਮਨਜ਼ੂਰ ਅਸਾਮੀਆਂ ਹਨ, ਜਿਨ੍ਹਾਂ ਵਿੱਚੋਂ 2800 ਖਾਲੀ ਪਈਆਂ ਹਨ। ਉਨ੍ਹਾਂ ਕਿਹਾ ਕਿ ਜਥੇਬੰਦੀ ਦੀ ਸਰਕਾਰ ਨਾਲ ਗੱਲਬਾਤ ਜਾਰੀ ਹੈ। ਜੇਕਰ 11 ਸਤੰਬਰ ਦੀ ਮੀਟਿੰਗ ਬੇਸਿੱਟਾ ਰਹਿੰਦੀ ਹੈ, ਤੇ ਤਰੱਕੀਆਂ ਸੰਬੰਧੀ ਕਿਸੇ ਵੀ ਤਰ੍ਹਾਂ ਦਾ ਨੋਟੀਫਿਕੇਸ਼ਨ ਨਹੀਂ ਆਉਂਦਾ ਤਾਂ 12 ਤਰੀਕ ਤੋਂ ਮੁਕੰਮਲ ਹੜਤਾਲ ਕੀਤੀ ਜਾਏਗੀ।

## ਮੇਹਰਚੰਦ ਪੋਲੀਟੈਕਨਿਕ ਕਾਲਜ ਵੱਲੋਂ ਖ਼ੂਨਦਾਨ ਕੈਂਪ



**ਜਲੰਧਰ (ਸ਼ੈਲੀ ਐਲਬਰਟ)**- ਮੇਹਰਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੇ ਐਨ.ਐਸ.ਐਸ. ਵਿੰਗ ਵਲੋਂ ਪਲੈਟੀਨਮ ਜੁਬਲੀ ਨੂੰ ਸਮਰਪਿਤ ਖੂਨਦਾਨ ਕੈਂਪ ਬਾਬਾ ਕਸ਼ਮੀਰਾ ਸਿੰਘ ਚੈਰੀਟੇਬਲ ਹਸਪਤਾਲ ਦੇ ਬਲੱਡ ਬੈਂਕ ਦੇ ਸਹਿਯੋਗ ਨਾਲ ਲਗਾਇਆ ਗਿਆ। ਜਿਸ ਵਿੱਚ 50 ਵਿਦਿਆਰਥੀਆਂ ਵਲੋਂ ਖ਼ੂਨ ਦਾਨ ਕੀਤਾ ਗਿਆ। ਇਸ ਕੈਂਪ ਦਾ ਉਦਘਾਟਨ ਪਰਨੀਤ ਸਿੰਘ ਮਿਨਹਾਸ ਡਿਪਟੀ ਡਾਇਰੈਕਟਰ ਪੰਜਾਬ ਸਟੇਟ ਟਰਾਂਸਪੋਰਟ ਵਿਭਾਗ ਅਤੇ ਮਨਿੰਦਰਪਾਲ ਸਿੰਘ ਗਿੱਲ ਜੀ.ਐਮ ਰੋਡਵੇਜ਼ ਜਲੰਧਰ ਨੇ ਕੀਤਾ। ਮੁੱਖ ਮਹਿਮਾਨਾਂ ਦਾ ਸਵਾਗਤ ਪ੍ਰਿੰਸੀਪਲ ਡਾ.ਜਗਰੂਪ ਸਿੰਘ ਨੇ ਫੁੱਲਾਂ ਦੇ ਗੁਲਦਸਤੇ ਨਾਲ ਕੀਤਾ। ਪਰਨੀਤ ਸਿੰਘ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਤੇ ਸਰਟੀਫਿਕੇਟ ਵੀ ਵੰਡੇ। ਪਰਨੀਤ ਸਿੰਘ ਮਿਨਹਾਸ ਅਤੇ ਮਨਿੰਦਰਪਾਲ ਸਿੰਘ ਗਿੱਲ ਨੇ ਕਾਲਜ ਦੀ ਆਟੋਮੋਬਾਇਲ ਲੈਬ ਦਾ ਦੌਰਾ ਵੀ ਕੀਤਾ ਅਤੇ ਵਿਦਿਆਰਥੀਆਂ ਨੂੰ ਨਵੇਂ ਪ੍ਰੋਜੈਕਟਾਂ ਲਈ ਟਿਪਸ ਦਿੱਤੇ । ਇਸ ਖ਼ੂਨਦਾਨ ਕੈਂਪ ਦਾ ਆਯੋਜਨ ਕਰਨ ਲਈ ਦਰਗੇਸ਼ ਕੁਮਾਰ ਚੇਚੀ ਨੇ ਵਿਸ਼ੇਸ਼ ਯੋਗਦਾਨ ਪਾਇਆ। ਇਸ ਮੌਕੇ ਐਡਵੋਕੇਟ ਕਮਲਜੀਤ ਸਿੰਘ ਹੁੰਦਲ, ਵਰਿੰਦਰ ਸ਼ਰਮਾ, ਗਗਨਦੀਪ ਸਿੰਘ ਅਤੇ ਰਾਜੀਵ ਸ਼ਰਮਾ ਸ਼ਾਮਲ ਹੋਏ।

## ਆਮ ਲੋਕਾਂ ਦੀਆਂ ਜੇਬਾਂ 'ਤੇ ਡਾਕਾ ਮਾਰਨ ਲੱਗੀ ਪੰਜਾਬ ਸਰਕਾਰ : ਗੁਰਮੀਤ ਸਿੰਘ ਰੈਤ



**ਫਿਲੌਰ (ਬੀ ਐਸ ਕੈਨੇਡੀ)**- ਉਘੇ ਅਕਾਲੀ ਆਗੂ ਫਿਲੌਰ ਸ਼ਹਿਰੀ ਬੀ ਸੀ ਦੇ ਪ੍ਰਧਾਨ ਗੁਰਮੀਤ ਸਿੰਘ ਰੈਤ ਨੇ ਪੰਜਾਬ ਸਰਕਾਰ ਵੱਲੋਂ ਬਿਜਲੀ ਦੀਆਂ ਦਰਾਂ, ਪੈਟਰੋਲ ਅਤੇ ਡੀਜ਼ਲ ਬੱਸਾਂ ਦੇ ਕਿਰਾਏ ਵਧਾ ਕੇ ਆਮ ਲੋਕਾਂ ਨਾਲ ਧੋਖਾ ਕਰਾਰ ਦਿੰਦਿਆਂ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਦੇ ਸਮੇਂ ਸੂਬੇ ਦੀ ਆਰਥਿਕ ਤੇ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਡਗਮਗਾ ਗਈ ਹੈ। ਉਨ੍ਹਾਂ ਕਿਹਾ ਕਿ ਆਏ ਦਿਨ ਜਿਥੇ ਪੰਜਾਬ 'ਚ ਹਰ ਪਾਸੇ ਅਪਰਾਧਿਕ ਘਟਨਾਵਾਂ 'ਚ ਭਾਰੀ ਵਾਧਾ ਹੋ ਰਿਹਾ ਹੈ ਤੇ ਲੋਕ ਸਹਿਮ ਦੇ ਮਾਹੌਲ ਵਿਚ ਜਿਉਂ ਰਹੇ ਹਨ।

## ਆਮ ਆਦਮੀ ਪਾਰਟੀ ਮੂਲ ਸਿਧਾਂਤਾਂ ਤੋਂ ਬੁਰੀ ਤਰ੍ਹਾਂ ਭਟਕ ਚੁੱਕੀ : ਸ਼ਵਿੰਦਰ ਨਿਸ਼ਚਲ ਸੰਮੀ

**ਫਗਵਾੜਾ (ਡਾ ਰਮਨ)**- ਸੂਬਾ ਜਰਨਲ ਸਕੱਤਰ ਮਹਿਲਾ ਕਾਂਗਰਸ ਸ਼ਵਿੰਦਰ ਨਿਸ਼ਚਲ ਸੰਮੀ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਵੱਲੋਂ ਪੈਟਰੋਲ ਪਦਾਰਥਾਂ ਦੀਆਂ ਕੀਮਤਾਂ 'ਚ ਬੇਲੋੜੇ ਵਾਧੇ ਤੇ ਬਿਜਲੀ ਫੀਸਾਂ ਵਿੱਚ 7 ਕਿੱਲੋਵਾਟ ਤੱਕ ਬਿਜਲੀ ਦੇ ਬਿੱਲਾਂ ਵਿੱਚ ਪ੍ਰਤੀ ਯੂਨਿਟ ਤਿੰਨ ਰੁਪਏ ਵਾਧਾ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨ੍ਹਾ ਕਿਹਾ ਕਿ ਆਮ ਲੋਕਾਂ ਨੂੰ ਰਾਹਤ ਦੇਣ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦਾ ਖੂਨ ਚੂਸਣ 'ਤੇ ਉਤਾਰੂ ਹੋ ਗਈ ਹੈ। ਉਨ੍ਹਾਂ ਕਿਹਾ ਕਿ ਆਪਣੇ ਚਹੇਤਿਆਂ ਨੂੰ ਖੁਸ਼ ਕਰਨ ਦੀਆਂ ਕੋਸ਼ਿਸ਼ਾਂ ਤੇ ਇਸ਼ਤਿਹਾਰਬਾਜ਼ੀ ਵਿੱਚ ਅਰਬਾਂ ਰੁਪਏ ਖਰਚ ਕਰਨ ਵਾਲੀ ਇਹ ਪਾਰਟੀ ਆਪਣੇ ਕਥਿਤ ਮੂਲ ਸਿਧਾਂਤਾਂ ਤੋਂ ਬੁਰੀ ਤਰ੍ਹਾਂ ਭਟਕ ਚੁੱਕੀ ਹੈ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਨੂੰ ਪੂਰਾ ਕਰਨ 'ਚ ਨਾਕਾਮ ਹੋ ਕੇ ਲੋਕਾਂ ਦੇ ਭਰੋਸੇ ਨਾਲ ਧੋਖਾ ਕੀਤਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਵਾਂਗ ਰਹਿਣ ਦੇ ਸੁਪਨੇ ਦਿਖਾ ਕੇ ਵੋਟਾਂ ਲੈਣ ਵਾਲੀ ਭਗਵੰਤ ਮਾਨ ਸਰਕਾਰ ਦੇ ਲੀਡਰ ਖੁਦ ਵੀ.ਆਈ.ਪੀ. ਕਲਚਰ ਵਿੱਚ ਰਾਜਿਆਂ ਵਾਂਗ ਰਹਿ ਰਹੇ ਹਨ ਤੇ ਪੰਜਾਬ 'ਚ ਮਹਿੰਗਾ ਪੈਟਰੋਲ, ਮਹਿੰਗੀ ਬਿਜਲੀ, ਮਹਿੰਗੀਆਂ ਰਜਿਸਟਰੀਆਂ, ਬੱਸਾਂ ਦਾ ਵੱਧ ਕਿਰਾਇਆ, ਧਰਨਿਆਂ 'ਤੇ ਕਿਸਾਨ, ਵਧਦਾ ਚਿੱਟੇ ਅਤੇ ਕੈਪਸੂਲ ਦਾ ਪਸਾਰ, ਟੈਂਕੀਆਂ 'ਤੇ ਅਧਿਆਪਕ, ਦਿਨ ਦਿਹਾੜੇ ਕਤਲ, ਗੈਂਗਸਟਰ ਰਾਜ, ਨੌਜਵਾਨ ਪੀੜੀ ਦਾ ਵਿਦੇਸ਼ਾਂ ਵੱਲ ਨੂੰ ਰੁਖ, ਕਰਜ਼ਾਈ ਪੰਜਾਬ, ਕਾਨੂੰਨ ਵਿਵਸਥਾ ਦਾ ਬੁਰਾ ਹਾਲ ਦੇ ਬੋਝ ਹੇਠ ਪੰਜਾਬੀ ਦੱਬ ਰਹੇ ਹਨ।

## ਸਿੱਖਿਆ ਵਿਭਾਗ ਦੇ ਮੁਲਾਜ਼ਮਾਂ ਵੱਲੋਂ ਭਲਕੇ ਡੀ ਜੀ ਐਸ ਈ ਦਫਤਰ ਦਾ ਘਿਰਾਉ



**ਜਲੰਧਰ ( ਰਾਜੇਸ਼ ਥਾਪਾ, ਸ਼ੈਲੀ ਐਲਬਰਟ )**- ਭਗਵੰਤ ਮਾਨ ਸਰਕਾਰ ਵੱਲੋਂ ਕੱਚੇ ਮੁਲਾਜ਼ਮਾਂ ਦੀਆ ਮੰਗਾਂ ਮੰਨਣ ਦੇ ਬਾਵਜੂਦ ਲਾਗੂ ਨਾ ਹੋਣ 'ਤੇ ਮੁਲਾਜ਼ਮਾਂ ਦਾ ਸਰਕਾਰ ਖਿਲਾਫ ਰੋਸ ਵਧਦਾ ਜਾ ਰਿਹਾ ਹੈ। ਮੁੱਖ ਮੰਤਰੀ ਵੱਲੋਂ 21 ਅਪ੍ਰੈਲ 2022 ਅਤੇ ਕੈਬਨਿਟ ਸਬ ਕਮੇਟੀ ਵੱਲੋਂ 14 ਮਾਰਚ 2024 ਨੂੰ ਮੰਗਾਂ ਮੰਨਣ ਦੇ ਬਾਵਜੂਦ ਵਿਭਾਗ ਵੱਲੋਂ ਮੰਗਾਂ ਨੂੰ ਅਮਲੀ ਜਾਮਾ ਨਹੀਂ ਪਹਿਨਾਇਆ ਗਿਆ। 14 ਮਾਰਚ ਦੀ ਮੀਟਿੰਗ ਵਿਚ ਵਿੱਤ ਮੰਤਰੀ ਦੇ ਆਦੇਸ਼ਾਂ ਅਨੁਸਾਰ ਜਥੇਬੰਦੀ ਵੱਲੋਂ ਡੀ.ਜੀ.ਐਸ.ਈ ਨੂੰ ਐਫੀਡੇਵਿਟ ਵੀ ਦਿੱਤਾ ਸੀ। ਪ੍ਰੈਸ ਬਿਆਨ ਜਾਰੀ ਕਰਦੇ ਹੋਏ ਸਰਵ ਸਿੱਖਿਆ ਅਭਿਆਨ ਮਿਡ ਡੇ ਮੀਲ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਸ਼ੋਭਿਤ ਭਗਤ, ਗਗਨਦੀਪ ਸ਼ਰਮਾ, ਕੁਲਦੀਪ ਸਿੰਘ, ਰਜਿੰਦਰ ਸੰਧਾ ਨੇ ਕਿਹਾ ਕਿ ਮੁੱਖ ਮੰਤਰੀ ਦੇ ਫੈਸਲੇ ਤੋਂ ਬਾਅਦ ਕੈਬਨਿਟ ਸਬ ਕਮੇਟੀ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਤਨਖਾਹ ਕਟੌਤੀ ਦੂਰ ਕਰਨ ਦੇ ਫੈਸਲੇ ਲੈ ਕੇ 3 ਵਾਰ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਪਰ ਸੂਬੇ ਦੀ ਅਫਸਰਸ਼ਾਹੀ ਨੇ ਮੁਲਾਜ਼ਮਾਂ ਦੇ ਮਸਲਿਆਂ ਤੇ ਕੋਈ ਕਾਰਵਾਈ ਨਹੀ ਕੀਤੀ। ਆਗੂਆਂ ਕਿਹਾ ਕਿ ਮੁਲਾਜ਼ਮਾਂ ਨੂੰ ਰੈਗੂਲਰ ਤਾਂ ਕੀ ਕਰਨਾ ਸੀ ਉਲਟਾ ਬਿਨਾਂ ਕਿਸੇ ਪੱਤਰ ਦੇ ਮੁਲਾਜ਼ਮਾਂ ਦੀ 5000 ਰੁਪਏ ਪ੍ਰਤੀ ਮਹੀਨਾ ਤਨਖਾਹ 'ਤੇ ਕੁਹਾੜਾ ਚਲਾ ਦਿੱਤਾ ਗਿਆ ਹੈ ਅਤੇ ਅੱਜ ਤੱਕ ਤਨਖਾਹ ਕਟੌਤੀ ਨੂੰ ਪੂਰਾ ਨਹੀ ਕੀਤਾ ਜਾ ਰਿਹਾ। ਆਗੂਆਂ ਕਿਹਾ ਕਿ ਵਿੱਤ ਮੰਤਰੀ ਹਰ ਵਾਰ ਮੀਟਿੰਗਾਂ ਵਿਚ ਮੰਗਾਂ ਨੂੰ ਜਾਇਜ਼ ਮੰਨਦੇ ਹਨ ਪ੍ਰੰਤੂ ਸਹਿਮਤੀ ਦੇਣ ਦੇ ਬਾਵਜੂਦ ਕਾਰਵਾਈ ਨਹੀਂ ਹੁੰਦੀ। ਸਰਕਾਰ ਅਤੇ ਅਫਸਰਸ਼ਾਹੀ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ 'ਤੇ ਕੋਈ ਕਾਰਵਾਈ ਨਾ ਹੋਣ ਕਰਕੇ ਮੁਲਾਜ਼ਮਾਂ ਵਿਚ ਰੋਸ ਹੈ। ਆਗੂਆ ਨੇ ਕਿਹਾ ਕਿ ਦਫਤਰੀ ਮੁਲਾਜ਼ਮ ਮੰਗਾਂ ਤੇ ਕਾਰਵਾਈ ਨਾ ਹੋਣ ਦੇ ਰੋਸ ਵਜੋਂ 12 ਸਤੰਬਰ ਨੂੰ ਸਿੱਖਿਆ ਵਿਭਾਗ ਦੇ ਮੁੱਖ ਦਫਤਰ ਮੁਹਾਲੀ ਦਾ ਘਿਰਾਉ ਕਰਨਗੇ ਅਤੇ ਜੇਕਰ ਸਰਕਾਰ ਅਤੇ ਵਿਭਾਗ ਨੇ ਮੰਗਾਂ ਪ੍ਰਤੀ ਕੋਈ ਸੰਜੀਦਾ ਹੱਲ ਨਾ ਕੀਤਾ ਤਾਂ ਕੰਮਾਂ ਦਾ ਮੁਕੰਮਲ ਬਾਈਕਾਟ ਕੀਤਾ ਜਾਵੇਗਾ।

## ਲੁੱਟਾਂ-ਖੋਹਾਂ ਤੇ ਚੋਰੀ ਦੀਆਂ ਘਟਨਾਵਾਂ ਨਾ ਰੁਕੀਆਂ ਤਾਂ ਕਰਾਂਗੇ ਸੰਘਰਸ਼ : ਜਰਨੈਲ ਫਿਲੌਰ

**ਫਿਲੌਰ ( ਨਿਰਮਲ )**- ਫਿਲੌਰ 'ਚ ਨਵੇਂ ਡੀ ਐਸ ਪੀ ਸਰਵਣ ਸਿੰਘ ਬੱਲ ਦੇ ਦਿਸ਼ਾ ਨਿਰਦੇਸ਼ਾਂ 'ਤੇ ਫਿਲੌਰ ਦੇ ਵੱਖ-ਵੱਖ ਹਿੱਸਿਆਂ ਵਿੱਚ ਨਾਕਾਬੰਦੀ ਕਰ ਵੱਡੀ ਗਿਣਤੀ 'ਚ ਚੋਰੀ ਅਤੇ ਲੁੱਟਾਂ ਖੋਹਾਂ ਕਰਨ ਵਾਲਿਆਂ ਨੂੰ ਕਾਬੂ ਕਰ ਸਫਲਤਾ ਹਾਸਲ ਕੀਤੀ ਹੈ। ਪਰ ਸਖ਼ਤ ਨਾਕਾਬੰਦੀ ਹੋਣ ਦੇ ਬਾਵਜੂਦ ਇਲਾਕੇ ਵਿੱਚ ਲੁੱਟਾਂ ਖੋਹਾਂ ਅਤੇ ਚੋਰੀ ਦੀਆਂ ਵਾਰਦਾਤਾਂ ਰੁਕ ਨਹੀਂ ਰਹੀਆਂ। ਇਹੋ ਜਿਹਾ ਮਾਮਲਾ ਅੱਜ ਫਿਲੌਰ ਦੇ ਨੂਰ ਮਹਿਲ ਰੋਡ 'ਤੇ ਦੇਖਣ ਨੂੰ ਮਿਲਿਆ ਜਿੱਥੇ ਬੀਤੇ ਦਿਨੀ ਦੋ ਅਣਪਛਾਤੇ ਨੌਜਵਾਨਾਂ ਵੱਲੋਂ ਪਿਸਤੌਲ ਦੀ ਨੋਕ 'ਤੇ ਮੋਟਰਸਾਈਕਲ ਖੋਹਣ ਅਤੇ ਬੀਤੀ ਰਾਤ ਦੋ ਅਣਪਛਾਤੇ ਨੌਜਵਾਨਾਂ ਵੱਲੋਂ ਨੂਰਮਹਿਲ ਰੋਡ 'ਤੇ ਸਥਿਤ ਦੋ ਦੁਕਾਨਾਂ ਦੇ ਸ਼ਟਰ ਤੋੜ ਕੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ। ਇਸ ਮੌਕੇ ਦੁਕਾਨ ਮਾਲਕ ਗੁਰਨਾਮ ਦਾਸ ਨੇ ਦੱਸਿਆ ਕਿ ਉਸ ਦੀ ਦੁਕਾਨ ਦਾ ਸ਼ਟਰ ਤੋੜ ਕੇ ਉਸ ਵਿੱਚੋਂ 10-12 ਦੇ ਕਰੀਬ ਭੱਠੀਆਂ ਤੇ 3500 ਰੁਪਏ ਨਗਦੀ ਚੋਰ ਲੈ ਕੇ ਫਰਾਰ ਹੋ ਗਏ। ਸਾਰੀ ਘਟਨਾ ਉੱਥੇ ਲੱਗੇ ਸੀ ਸੀ ਟੀ ਵੀ ਕੈਮਰਿਆਂ 'ਚ ਕੈਦ ਹੋਈ ਹੈ। ਉੱਥੇ ਦੂਜੀ ਦੁਕਾਨ ਦੇ ਮਾਲਕ ਨੇ ਦੱਸਿਆ ਕਿ ਉਹ ਇਲੈਕਟਰੀਸ਼ਨ ਦਾ ਕੰਮ ਕਰਦੇ ਹਨ। ਚੋਰਾਂ ਵੱਲੋਂ ਉਹਨਾਂ ਦੀ ਦੁਕਾਨ ਦਾ ਸ਼ਟਰ ਤੋੜਨ ਦੀ ਕੋਸ਼ਿਸ਼ ਕੀਤੀ ਗਈ ਪਰ ਸ਼ਟਰ ਮਜ਼ਬੂਤ ਹੋਣ ਕਾਰਨ ਸ਼ਟਰ ਟੁੱਟ ਨਹੀਂ ਸਕਿਆ। ਜਿਸ ਕਾਰਨ ਉਹਨਾਂ ਦੀ ਦੁਕਾਨ ਦਾ ਬਚਾਅ ਹੋ ਗਿਆ। ਇਸ ਮੌਕੇ ਕਾਮਰੇਡ ਜਰਨੈਲ ਨੇ ਦੱਸਿਆ ਕਿ ਫਿਲੌਰ ਵਿੱਚ ਆਏ ਦਿਨ ਚੋਰੀ ਅਤੇ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਸ਼ਰੇਆਮ ਹੋ ਰਹੀਆਂ ਹਨ ਜੋ ਰੁਕਣ ਦਾ ਨਾਂ ਨਹੀਂ ਲੈ ਰਹੀਆਂ। ਉਹਨਾਂ ਨੇ ਦੱਸਿਆ ਹੈ ਕਿ ਇਲਾਕੇ ਦੇ ਲੋਕਾਂ 'ਚ ਦਹਿਸ਼ਤ ਦਾ ਮਾਹੌਲ ਹੈ। ਉਹਨਾਂ ਦੱਸਿਆ ਕਿ ਅਗਰ ਫਿਲੌਰ ਪੁਲਿਸ ਵੱਲੋਂ ਇਹੋ ਜਿਹੀਆਂ ਵਾਰਦਾਤਾਂ ਨੂੰ ਨੱਥ ਨਾ ਪਾਈ ਗਈ ਤਾਂ ਆਉਣ ਵਾਲੇ ਸਮੇਂ ਵਿੱਚ ਸਾਨੂੰ ਇਲਾਕੇ ਦੇ ਲੋਕਾਂ ਨੂੰ ਨਾਲ ਲੈ ਕੇ ਧਰਨਾ ਪ੍ਰਦਰਸ਼ਨ ਕਰਨਾ ਪਵੇਗਾ। ਇਸ ਮਾਮਲੇ ਵਿੱਚ ਐਸ ਐਚ ਓ ਸੁਖਦੇਵ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਮਾਮਲਾ ਉਹਨਾਂ ਦੇ ਧਿਆਨ 'ਚ ਹ, ਜਲਦ ਹੀ ਦੋਸ਼ੀਆਂ ਨੂੰ ਕਾਬੂ ਕੇ ਸਲਾਖਾਂ ਪਿੱਛੇ ਦਿੱਤਾ ਜਾਵੇਗਾ।

## ਨਸ਼ਿਆਂ ਨੂੰ ਰੋਕਣ ਲਈ ਲੋਕਾਂ ਦਾ ਸਾਥ ਜ਼ਰੂਰੀ : ਡੀ ਐਸ ਪੀ



**ਅੱਡਾ ਸਰਾਂ/ ਟਾਂਡਾ (ਜਸਵੀਰ ਕਾਜਲ)**- ਸਬ ਡਵੀਜ਼ਨ ਟਾਂਡਾ ਵਿਖੇ ਪਿਛਲੇ ਦਿਨੀਂ ਚਾਰਜ ਸੰਭਾਲਣ ਵਾਲੇ ਡੀ ਐਸ ਪੀ ਦਵਿੰਦਰ ਸਿੰਘ ਬਾਜਵਾ ਨੇ ਪ੍ਰੈਸ ਮਿਲਣੀ ਦੌਰਾਨ ਕਿਹਾ ਕਿ ਨਸ਼ਿਆਂ ਅਤੇ ਮਾੜੇ ਅਨਸਰਾਂ ਨਾਲ ਨਜਿੱਠਣ ਲਈ ਲੋਕਾਂ ਦਾ ਸਾਥ ਬੇਹੱਦ ਜ਼ਰੂਰੀ ਹੈ। ਇਸ ਮੌਕੇ ਉਨ੍ਹਾਂ ਸਥਾਨਕ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਐਸ ਐਸ ਪੀ ਸੁਰਿੰਦਰ ਲਾਂਬਾ ਹੁਸ਼ਿਆਰਪੁਰ ਦੇ ਹੁਕਮਾਂ ਅਨੁਸਾਰ ਇਲਾਕੇ ਵਿੱਚ ਨਸ਼ੇ ਦੇ ਖਿਲਾਫ ਮੁਹਿੰਮ ਉਨ੍ਹਾਂ ਦੀ ਪਹਿਲ ਕਦਮੀ ਹੋਵੇਗੀ। ਇਸ ਦੇ ਨਾਲ ਹੀ ਮਾੜੇ ਅਨਸਰਾਂ ਨਾਲ ਨਿਪਟਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਅਤੇ ਸ਼ਹਿਰ ਵਿਚ ਸੁਚਾਰੂ ਟ੍ਰੈਫਿਕ ਵਿਵਸਥਾ ਦੇ ਨਾਲ ਇਲਾਕੇ ਵਿੱਚ ਗਸ਼ਤ ਵਧਾਈ ਜਾਵੇਗੀ।ਇਸ ਮੌਕੇ ਟਾਂਡਾ ਥਾਣਾ ਮੁਖੀ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਵੀ ਉਨ੍ਹਾਂ ਨਾਲ ਮੌਜੂਦ ਸਨ।

## ਹਰਿਆਣਾ ਵਿਧਾਨ ਸਭਾ ਚੋਣਾਂ 'ਚ ਆਪ ਵੱਡਾ ਮੁਕਾਮ ਹਾਸਲ ਕਰੇਗੀ : ਜਥੇਦਾਰ ਜੁਗਨੂੰ



**ਕਾਲਾ ਸੰਘਿਆਂ (ਮਨਜੀਤ ਮਾਨ)**- ਹਰਿਆਣਾ ਚੋਣਾਂ ਦੌਰਾਨ ਹਲਕਾ ਪਾਣੀਪਤ ਸ਼ਹਿਰੀ ਵਿਖੇ ਪਾਰਟੀ ਦੀ ਮਜ਼ਬੂਤੀ ਤੇ ਪਾਰਟੀ ਉਮੀਦਵਾਰ ਨੂੰ ਕਾਮਯਾਬ ਕਰਨ ਲਈ ਪਾਰਟੀ ਦਫ਼ਤਰ ਵਿਖੇ ਇੱਕ ਪ੍ਰਭਾਵਸ਼ਾਲੀ ਮੀਟਿੰਗ ਹੋਈ ਜਿਸ ਦੌਰਾਨ ਆਮ ਆਦਮੀ ਪਾਰਟੀ ਹਲਕਾ ਕਪੂਰਥਲਾ ਤੋਂ ਪੰਜਾਬ ਦੇ ਸੀਨੀਅਰ ਆਗੂ ਜਥੇਦਾਰ ਇੰਦਰਜੀਤ ਸਿੰਘ ਜੁਗਨੂੰ ਆਪਣੀ ਟੀਮ ਸਮੇਤ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਮੌਕੇ ਉਨ੍ਹਾਂ ਕਿਹਾ ਕਿ ਹਰਿਆਣਾ ਦੇ ਲੋਕ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਦੀਆਂ ਘਟੀਆ ਨੀਤੀਆਂ ਤੋਂ ਅੱਕ ਚੁੱਕੇ ਹਨ ਤੇ ਇਸ ਵਾਰ ਵੱਡੇ ਬਦਲਾਅ ਦਾ ਮਨ ਬਣਾ ਚੁੱਕੇ ਹਨ। ਇੰਦਰਜੀਤ ਸਿੰਘ ਜੁਗਨੂੰ ਨੇ ਕਿਹਾ ਕਿ ਮੋਦੀ ਸਰਕਾਰ ਬਦਲਾਖ਼ੋਰੀ ਦੀ ਗੰਦੀ ਖੇਡ ਖੇਡ ਰਹੀ ਹੈ ਤੇ ਆਪਣੀਆਂ ਨਾਕਾਮੀਆਂ 'ਤੇ ਪਰਦਾ ਪਾਉਣ ਲਈ ਤੇ ਸੱਚ ਦੀਂ ਆਵਾਜ਼ ਦਬਾਉਣ ਲਈ ਈ ਡੀ ਤੇ ਸੀ ਬੀ ਆਈ ਦੀ ਦੁਰਵਰਤੋਂ ਕਰਕੇ ਹੋਰ ਪਾਰਟੀ ਦੇ ਆਗੂਆਂ ਨੂੰ ਫਰਜ਼ੀ ਕੇਸਾਂ ਵਿਚ ਫਸਾ ਕੇ ਡਰਾ ਧਮਕਾ ਰਹੀ ਹੈ। ਜਨਤਾ ਸਭ ਜਾਣ ਚੁੱਕੀ ਹੈ। ਉਨ੍ਹਾਂ ਕਿਹਾ ਇਸ ਵਾਰ ਹਰਿਆਣਾ ਵਿਚ ਆਮ ਪਾਰਟੀ ਵਿਧਾਨ ਸਭਾ ਚੋਣਾਂ ਵਿਚ ਵੱਡਾ ਮੁਕਾਮ ਹਾਸਲ ਕਰੇਗੀ।

## ਪੰਜਾਬ-ਯੂਟੀ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਆਗੂਆਂ 'ਤੇ ਦਰਜ ਮਾਮਲੇ ਦੀ ਚੁਫੇਰਿਓਂ ਨਿਖੇਧੀ

**ਤਲਵਾੜਾ, ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**-ਪੰਜਾਬ-ਯੂਟੀ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਆਗੂਆਂ 'ਤੇ ਚੰਡੀਗੜ੍ਹ ਪੁਲਸ ਵੱਲੋਂ ਮਾਮਲਾ ਦਰਜ ਕਰਨ ਦੀ ਵੱਖ ਵੱਖ ਟ੍ਰੇਡ ਯੂਨੀਅਨਾਂ, ਸਮਾਜਿਕ ਸੰਗਠਨਾਂ ਅਤੇ ਸਿਆਸੀ ਧਿਰਾਂ ਨੇ ਨਿਖੇਧੀ ਕੀਤੀ ਹੈ। ਕਾਂਗਰਸ ਪਾਰਟੀ ਦੇ ਸ਼ਹਿਰੀ ਪ੍ਰਧਾਨ ਬੋਧਰਾਜ, ਬਲਾਕ ਕਾਂਗਰਸ ਪਾਰਟੀ ਪ੍ਰਧਾਨ ਪ੍ਰੀਤਮ ਸਿੰਘ 'ਪ੍ਰੀਤ', ਬਸਪਾ ਤੋਂ ਅਮਨਦੀਪ ਹੈਪੀ, ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਤੋਂ ਸ਼ਿਵ ਕੁਮਾਰ ਅਤੇ ਪਵਨ ਕੁਮਾਰ ਲਾਖਡ ਪੱਲੀ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ, ਪੰਜਾਬ ਤੋਂ ਧਰਮਿੰਦਰ ਸਿੰਘ, ਦੇਸ਼ ਭਗਤ ਪੰਡਿਤ ਕਿਸ਼ੋਰੀ ਲਾਲ ਯਾਦਗਾਰ ਕਮੇਟੀ ਤੋਂ ਕੁੰਦਨ ਲਾਲ ਅਤੇ ਯੁਗਰਾਜ ਸਿੰਘ, ਜੀ ਟੀ ਯੂ ਤੋਂ ਨਰੇਸ਼ ਮਿੱਡਾ, ਪ ਸ ਸ ਫ਼ ਤੋਂ ਰਾਜੀਵ ਸ਼ਰਮਾ, ਆਸ਼ਾ ਵਰਕਰਜ਼ ਯੂਨੀਅਨ ਤੋਂ ਸੁਸ਼ਮਾ ਦੇਵੀ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੋਂ ਨਿਰਮਲ ਬੱਧਣ ਤੇ ਵਰਿੰਦਰ ਵਿੱਕੀ, ਪੰਜਾਬ ਪੈਨਸ਼ਨਰਜ਼ ਐਸੋਸਿਏਸ਼ਨ ਤੋਂ ਗਿਆਨ ਸਿੰਘ ਗੁਪਤਾ ਤੇ ਉਤਮ ਸਿੰਘ ਬਹਿਮਾਵਾ ਆਦਿ ਨੇ ਦੱਸਿਆ ਕਿ ਬੀਤੀ ਤਿੰਨ ਤਰੀਕ ਨੂੰ ਸਾਂਝੇ ਮੋਰਚੇ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਚਿਰੋਕਣੀਆਂ ਲਟਕਦੀਆਂ ਮੰਗਾਂ ਦੇ ਸਬੰਧ 'ਚ ਵਿਧਾਨ ਸਭਾ ਵੱਲ ਮਾਰਚ ਦਾ ਸੱਦਾ ਦਿੱਤਾ ਸੀ। ਪਰ ਮੁਜ਼ਾਹਰਕਾਰੀਆਂ ਨੂੰ ਪੁਲਸ ਨੇ ਮਟਕਾ ਚੌਕ ਚੰਡੀਗੜ੍ਹ ਵਿਖੇ ਰੋਕ ਲਿਆ। ਇਸ ਤੋਂ ਪਹਿਲਾਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਸਾਂਝੇ ਮੋਰਚੇ ਦੇ ਆਗੂਆਂ ਨੂੰ ਸੱਤ ਵਾਰ ਮੀਟਿੰਗ ਦਾ ਸਮਾਂ ਦੇ ਕੇ ਮੁੱਕਰ ਗਏ ਹਨ, ਜਿਸ ਦੇ ਵਿਰੋਧ 'ਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿਚ ਰੋਸ ਹੈ। ਪਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ 'ਤੇ ਵਿਚਾਰ ਕਰਨ ਦੀ ਬਜਾਇ ਸਰਕਾਰ ਸੰਘਰਸ਼ਸ਼ੀਲ ਆਗੂਆਂ 'ਤੇ ਮਾਮਲੇ ਦਰਜ ਕਰਵਾ ਕੇ ਲੋਕ ਏਕਤਾ ਨੂੰ ਦਬਾਉਣ ਦੀ ਅਸਫ਼ਲ ਕੋਸ਼ਿਸ਼ ਕਰ ਰਹੀ ਹੈ। ਆਗੂਆਂ ਨੇ ਸਰਕਾਰ ਨੂੰ ਗੱਲਬਾਤ ਦਾ ਰਸਤਾ ਖੋਲ੍ਹਣ ਦੀ ਨਸੀਹਤ ਦਿੰਦਿਆਂ ਮੋਰਚੇ ਦੇ ਆਗੂਆਂ 'ਤੇ ਦਰਜ ਪਰਚੇ ਰੱਦ ਕਰਨ ਦੀ ਮੰਗ ਕੀਤੀ ਹੈ।

## ਉੱਘੇ ਸਮਾਜ ਸੇਵਕ ਬਲਵੀਰ ਸਿੰਘ ਉਸਮਾਨਪੁਰੀ ਦਾ ਸਨਮਾਨ



**ਰਾਹੋਂ-ਵਾਤਾਵਰਣ ਸੇਵਾ ਸੁਸਾਇਟੀ ਰਾਹੋਂ ਦੀ ਟੀਮ** ਜੋ ਸੱਤ ਅੱਠ ਸਾਲਾਂ ਤੋਂ ਰਾਹੋਂ ਸ਼ਹਿਰ ਵਿਚ ਤੇ ਸ਼ਹਿਰ ਦੇ ਇਰਦ-ਗਿਰਦ ਬੂਟੇ ਲਗਾ ਰਹੀ ਹੈ ਤੇ ਬੂਟਿਆਂ ਦੀ ਸਾਂਭ ਸੰਭਾਲ ਕਰਦੀ ਹੈ, ਇਸੇ ਗੱਲ ਤੋਂ ਪ੍ਰਭਾਵਤ ਹੋ ਕੇ ਜੀਤ ਰਾਮ ਹਿਆਲਾ ਦੇ ਪਰਮ ਮਿੱਤਰ ਬਲਵੀਰ ਸਿੰਘ ਯੂ.ਐਸ.ਏ ਤੋਂ ਜੋ ਅੱਜ ਕੱਲ੍ਹ ਆਪਣੇ ਵਤਨ ਪੰਜਾਬ ਆਪਣੇ ਪਿੰਡ ਉਸਮਾਮਪੁਰ ਵਿਚ ਆਏ ਹੋਏ ਹਨ, ਅੱਜ ਸਵੇਰੇ ਵਾਤਾਵਰਣ ਸੇਵਾ ਸੁਸਾਇਟੀ ਰਾਹੋਂ ਦੇ ਮੈਂਬਰਾਂ ਨਾਲ ਮੁਲਾਕਾਤ ਕਰਨ ਲਈ ਡਾਕਟਰ ਅੰਬੇਡਕਰ ਪਾਰਕ ਰਾਹੋਂ ਵਿਚ ਪਹੁੰਚੇ ਜਿੱਥੇ ਵਾਤਾਵਰਣ ਸੇਵਾ ਸੁਸਾਇਟੀ ਹਰ ਰੋਜ਼ ਦੀ ਤਰ੍ਹਾਂ ਅੱਜ ਦੀ ਸੇਵਾ ਅੰਬੇਡਕਰ ਪਾਰਕ ਵਿਖੇ ਬੂਟਿਆਂ ਦੀ ਕਾਂਟ ਛਾਂਟ ਕਰ ਰਹੀ ਸੀ। ਬਲਵੀਰ ਸਿੰਘ ਨੇ ਵਾਤਾਵਰਣ ਸੇਵਾ ਸੁਸਾਇਟੀ ਦੇ ਮੈਂਬਰਾਂ ਨਾਲ ਗੰਧਲੇ ਹੋ ਚੁੱਕੇ ਵਾਤਾਵਰ ਨੂੰ ਸ਼ੁੱਧ ਕਿਵੇਂ ਬਣਾਇਆ ਜਾ ਸਕਦਾ ਹੈ, ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਉਹਨਾਂ ਦੇ ਨਾਲ਼ ਆਏ ਹੋਏ ਜੋਗਿੰਦਰ ਸਿੰਘ ਨੇ ਵੀ ਆਪਣੇ ਵਿਚਾਰ ਰੱਖੇ । ਰਾਹੋਂ ਸ਼ਹਿਰ ਨੂੰ ਹੋਰ ਵੀ ਹਰਿਆ ਭਰਿਆ ਬਣਾਉਣ ਲਈ ਬਲਵੀਰ ਸਿੰਘ ਸੈਣੀ ਨੇ ਸੁਸਾਇਟੀ ਨੂੰ 5100 ਰੁਪਏ ਦੀ ਰਾਸ਼ੀ ਵੀ ਭੇਟ ਕੀਤੀ ਜਿਸ ਦੇ ਹੋਰ ਬੂਟੇ ਲਿਆਂਦੇ ਜਾਣ। ਵਾਤਾਵਰਣ ਸੇਵਾ ਸੁਸਾਇਟੀ ਰਾਹੋਂ ਵੱਲੋਂ ਇਸ ਉਪਰਾਲੇ ਲਈ ਬਲਵੀਰ ਸਿੰਘ ਦਾ ਧੰਨਵਾਦ ਕੀਤਾ ਗਿਆ।

ਵਾਤਾਵਰਣ ਸੇਵਾ ਸੁਸਾਇਟੀ ਵਲੋਂ ਬਲਵੀਰ ਸਿੰਘ ਦਾ ਇੱਕ ਸਿਰੋਪਾ ਤੇ ਇੱਕ ਗਮਲੇ ਸਮੇਤ ਬੂਟਾ ਦੇ ਕੇ ਸਨਮਾਨ ਕੀਤਾ ਗਿਆ।

ਇਸ ਮੌਕੇ ਡਾਕਟਰ ਸੁਨੀਲ ਸੱਭਰਵਾਲ, ਪਵਨ ਕਸ਼ਿਅਪ, ਰਾਮ ਸਾਹਿਲ ਰਾਹੋਂ, ਅਨਿਲ ਕੁਮਾਰ ਚੁੱਘ, ਪ੍ਰਦੀਪ ਕੁਮਾਰ ਗੁੰਬਰ, ਸ਼ੀਤਲ ਸਹੋਤਾ, ਮੰਗਤ ਰਾਏ ਚੋਪੜਾ, ਜੀਤ ਰਾਮ ਹਿਆਲਾ ਤੇ ਐਡਵੋਕੇਟ ਜਤਿੰਦਰ ਮੱਲ ਹਾਜ਼ਰ ਸਨ।

## 43ਵੇਂ ਭਗਵਤੀ ਜਾਗਰਣ ਸੰਬੰਧੀ ਹੋਈ ਮੀਟਿੰਗ



**ਕਪੂਰਥਲਾ ( ਪ੍ਰੀਤ ਸੰਗੋਜਲਾ )**-ਸ੍ਰੀ ਵੈਸ਼ਨੋ ਭਜਨ ਮੰਡਲੀ ਲਾਹੌਰੀ ਗੇਟ ਰਜਿ ਵਲੋਂ 43 ਵੇਂ ਜਾਗਰਣ ਦੇ ਸੰਬੰਧ ਵਿੱਚ ਝੰਡੇ ਦੀ ਰਸਮ ਅਦਾ ਕੀਤੀ ਗਈ।ਇਸ ਉਪਰੰਤ ਸ੍ਰੀ ਵੈਸ਼ਨੋ ਭਜਨ ਲਾਹੌਰੀ ਗੇਟ ਵਲੋਂ 21 ਸਤੰਬਰ ਨੂੰ ਕਰਵਾਏ ਜਾ ਰਹੇ 43 ਵੇਂ ਜਾਗਰਣ ਲਈ ਇੱਕ ਮੀਟਿੰਗ ਆਯੋਜਿਤ ਕੀਤੀ ਗਈ। ਜਿਸ ਵਿੱਚ ਜਾਗਰਣ ਦੀਆਂ ਤਿਆਰੀਆਂ ਸੰਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਜਾਗਰਣ ਕਮੇਟੀ ਦੇ ਪ੍ਰਧਾਨ ਅਜੈ ਕਨੌਜੀਆ ਨੇ ਦੱਸਿਆ ਕਿ 21 ਸਤੰਬਰ ਨੂੰ ਵਿਸ਼ਾਲ ਭਗਵਤੀ ਜਾਗਰਣ ਕਰਵਾਇਆ ਜਾ ਰਿਹਾ ਹੈ ਜਿਸ ਵਿਚ ਮਹਾਂਮਾਈ ਦਾ ਗੁਣਗਾਨ ਕਰਨ ਲਈ ਮਸ਼ਹੂਰ ਗਾਇਕ ਪਹੁੰਚ ਰਹੇ ਹਨ। ਉਨ੍ਹਾਂ ਦੱਸਿਆ ਕਿ ਮਹਾਂਮਾਈ ਦੇ ਦਰਬਾਰ 'ਚ ਆਉਣ ਵਾਲੀ ਸੰਗਤ ਲਈ ਸਾਰੀ ਰਾਤ ਭੰਡਾਰਾ ਚੱਲਦਾ ਰਹੇਗਾ।ਇਸ ਮੌਕੇ ਗਗਨਦੀਪ ਸਿੰਘ, ਗੁਰਦੀਪ ਮਹਿਰਾ, ਰਾਜੀਵ ਮਹਿਰਾ, ਲਵਿਸ ਬਜਾਜ, ਪੰਕਜ ਬਜਾਜ, ਰਾਹੁਲ ਕਪੂਰ, ਵਿੱਕੀ ਕਪੂਰ, ਅਜੈ ਕਪੂਰ, ਦੀਪਕ ਮਹਿਤਾ, ਸ਼ੁਭਮ ਨਾਰੰਗ, ਸਤਬੀਰ ਸਿੰਘ, ਰਹਿਤ ਸੌਖਲ, ਵਿੱਕੀ ਸੌਖਲ, ਅਭੀ ਮਹਾਜਨ, ਦਿਸ਼ੰਤ ਮਹਾਜਨ, ਅੰਕੁਸ਼ ਮਹਾਜਨ, ਸੁਰਜੀਤ ਸਿੰਘ,ਰਾਜੇਸ਼ ਮਦਾਨ, ਦੀਪਕ ਸਹਿਗਲ, ਬੱਗਾ ਸਾਬ, ਧੀਰਜ ਪਾਣੀਪਤ, ਰਾਹੁਲ ਰਾਜਪੂਤ, ਰੂਪ ਲਾਲ, ਅਜੈ ਮਹਿਰਾ ਪੁਰਤਗਾਲ, ਪੱਪੂ, ਅਸ਼ੋਕ ਕੁਮਾਰ ਬਿੱਟੂ ,ਤਰਕ ਬਜਾਜ, ਸਤਨਾਮ ਸਿੰਘ ਇਟਲੀ, ਵਿਜੈ ਗੁਪਤਾ, ਬਲਦੇਵ ਕਪੂਰ,ਬੂਟਾ ਰਾਮ, ਡਾ ਰਾਜਿੰਦਰ ਪਾਲ, ਮਦਨ ਲਾਲ ਮੱਦੀ, ਮੋਹਿੰਦਰਪਾਲ ਬੱਗਾ, ਦੀਪੂ ਢੋਲ ਮਾਸਟਰ ਆਦਿ ਹਾਜ਼ਰ ਸਨ।

## ਪੇਂਡੂ ਚੌਕੀਦਾਰਾਂ ਨੇ ਮੰਗਾਂ ਪ੍ਰਤੀ ਆਵਾਜ਼ ਬੁਲੰਦ ਕੀਤੀ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)**- ਲਾਲ ਝੰਡਾ ਪੇਂਡੂ ਚੌਕੀਦਾਰ ਯੂਨੀਅਨ (ਸੀਟੂ) ਪੰਜਾਬ ਇਕਾਈ ਟਾਂਡਾ ਦੀ ਤਹਿਸੀਲ ਪੱਧਰੀ ਮੀਟਿੰਗ ਹੋਈ।ਤਹਿਸੀਲ ਕੰਪਲੈਕਸ ਟਾਂਡਾ ਵਿਖੇ ਪ੍ਰਧਾਨ ਜੋਗਿੰਦਰ ਸਿੰਘ ਗਿੱਲ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਦੌਰਾਨ ਹਲਕਾ ਟਾਂਡਾ ਦੇ ਵੱਖ-ਵੱਖ ਪਿੰਡਾਂ ਤੋਂ ਪੇਂਡੂ ਚੌਕੀਦਾਰਾਂ ਨੇ ਭਾਗ ਲਿਆ। ਮੀਟਿੰਗ ਦੌਰਾਨ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਦੇਵੀ ਦਾਸ ਮਿਆਨੀ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋ ਕੇ ਪੇਂਡੂ ਚੌਕੀਦਾਰਾਂ ਨੂੰ ਉਹਨਾਂ ਦੀਆਂ ਮੰਗਾਂ ਪ੍ਰਤੀ ਲਾਮਬੰਦ ਕੀਤਾ। ਮੀਟਿੰਗ ਦੌਰਾਨ ਸੰਬੋਧਨ ਕਰਦੇ ਹੋਏ ਜਨਰਲ ਸਕੱਤਰ ਦੇਵੀ ਦਾਸ ਮਿਆਨੀ ਨੇ ਦੱਸਿਆ ਕਿ ਆਪਣੀਆਂ ਵੱਖ-ਵੱਖ ਮੰਗਾਂ ਨੂੰ ਲੈ ਕੇ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ ਪ੍ਰੰਤੂ ਵੱਖ-ਵੱਖ ਸਰਕਾਰਾਂ ਨੇ ਉਹਨਾਂ ਦੀਆਂ ਪ੍ਰਮੁੱਖ ਮੰਗਾਂ ਜਿਵੇਂ ਚੌਕੀਦਾਰਾਂ ਦੀਆਂ ਤਨਖਾਹਾਂ ਵਿੱਚ ਵਾਧਾ ਕਰਨਾ, ਚੌਕੀਦਾਰਾਂ ਨੂੰ ਮੌਸਮ ਅਨੁਸਾਰ ਡਿਊਟੀ ਕਰਨ ਵਾਸਤੇ ਦੋ ਵਰਦੀਆਂ ਤੇ ਹੋਰ ਲੋੜੀਂਦਾ ਸਮਾਨ ਦੇਣਾ, ਪਿੰਡਾਂ ਵਿੱਚ 5-5 ਮਰਲੇ ਦੇ ਪਲਾਟ ਅਲਾਟ ਕਰਨਾ, ਜਨਮ ਤੇ ਮੌਤ ਸਬੰਧੀ ਰਜਿਸਟਰੇਸ਼ਨ ਦਾ ਅਧਿਕਾਰ ਦੇਣਾ ਆਦਿ ਸ਼ਾਮਿਲ ਹਨ। ਉਹਨਾਂ ਦੱਸਿਆ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਸੱਤਾ ਸੰਭਾਲਣ ਤੋਂ ਪਹਿਲਾਂ ਉਹਨਾਂ ਨਾਲ ਸਾਰੀਆਂ ਮੰਗਾਂ ਪੂਰਾ ਕਰਨ ਦਾ ਵਾਅਦਾ ਕੀਤਾ ਸੀ ਪਰੰਤ ਉਹਨਾਂ ਦੀਆਂ ਮੰਗਾਂ ਜਿਉਂ ਦੀਆਂ ਤਿਉਂ ਲਟਕ ਰਹੀਆਂ ਹਨ ਜਿਸ ਕਾਰਨ ਉਹਨਾਂ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ ਯੂਨੀਅਨ ਦੇ ਤਹਿਸੀਲ ਸੀਨੀਅਰ ਮੀਤ ਪ੍ਰਧਾਨ ਜਗਜੀਤ ਸਿੰਘ ਮੂਨਕਾਂ ਨੇ ਦੱਸਿਆ ਕਿ ਆਪਣੀਆਂ ਮੰਗਾਂ ਦੀ ਪੂਰਤੀ ਅਤੇ ਆਵਾਜ਼ ਬੁਲੰਦ ਕਰਨ ਵਾਸਤੇ ਲਾਲ ਝੰਡਾ ਪੇਂਡੂ ਚੌਕੀਦਾਰ ਯੂਨੀਅਨ ਪੰਜਾਬ ਵੱਲੋਂ ਪਹਿਲਾਂ 17 ਸਤੰਬਰ ਨੂੰ ਹੁਸ਼ਿਆਰਪੁਰ ਵਿਖੇ ਜ਼ਿਲਾ ਪੱਧਰੀ ਤੇ 20 ਸਤੰਬਰ ਨੂੰ ਲੁਧਿਆਣਾ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ ਤੇ ਇਹਨਾਂ ਰੈਲੀਆਂ ਵਿੱਚ ਵੱਡੀ ਗਿਣਤੀ ਦੌਰਾਨ ਭਾਗ ਲੈ ਕੇ ਆਪਣੀਆਂ ਮੰਗਾਂ ਲਈ ਸੰਘਰਸ਼ ਕਰਨਗੇ । ਇਸ ਮੌਕੇ ਲਾਲ ਝੰਡਾ ਪੇਂਡੂ ਚੌਕੀਦਾਰ ਯੂਨੀਅਨ ਦੇ ਵਫਦ ਨੇ ਟਾਂਡਾ ਵਿੱਚ ਆਏ ਨਵੇਂ ਤਹਿਸੀਲਦਾਰ ਹਰਮਿੰਦਰ ਸਿੰਘ ਨਾਲ ਵੀ ਮੁਲਾਕਾਤ ਕੀਤੀ ਤੇ ਆਪਣੀਆਂ ਮੁਸ਼ਕਿਲਾਂ ਤੋਂ ਜਾਣੂ ਕਰਵਾਇਆ। ਇਸ ਮੌਕੇ ਕ੍ਰਿਸ਼ਨ ਕੁਮਾਰ ਜਾਜਾ, ਦਿਲਬਾਗ ਸਿੰਘ ਸਲਾ ਸਤਪਾਲ ਸਿੰਘ ਯਹੂਰਾ, ਮੰਗਤ ਰਾਮ ਜਲਾਲਪੁਰ, ਜਤਿੰਦਰ ਕੁਮਾਰ ਪੁਲ ਪੁਖਤਾ, ਮੋਹਿੰਦਰ ਸਿੰਘ ਦੇਹਰੀਵਾਲ, ਮਨਵਿੰਦਰ ਸਿੰਘ ਧਾਮੀਆ, ਸਤਪਾਲ ਸਿੰਘ ਖੋਖਰ, ਜਸਵਿੰਦਰ ਸਿੰਘ, ਕਮਲਜੀਤ ਸਿੰਘ, ਮਹਿੰਦਰ ਸਿੰਘ ਕੋਟਲੀ, ਚਮਨ ਲਾਲ, ਧਰਮਿੰਦਰ ਸਿੰਘ ਟਾਹਲੀ, ਪਰਮਜੀਤ ਸਿੰਘ ਹਰਸੀ ਪਿੰਡ, ਅਮਰੀਕ ਸਿੰਘ, ਪਿਆਰੇ ਲਾਲ, ਰੂਪ ਲਾਲ, ਤਰਸੇਮ ਸਿੰਘ ਵੀ ਚੋਰ ਪੇਂਡੂ ਚੌਕੀਦਾਰ ਵੀ ਹਾਜ਼ਰ ਸਨ।

## ਥੇਹ ਕਾਂਜਲਾ ਵਿਖੇ ਮੁਫ਼ਤ ਕਰਵਾਇਆ ਜਾਵੇਗਾ ਡਰੋਨ ਓਪਰੇਟਿੰਗ ਕੋਰਸ

**ਜਲੰਧਰ, ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਸੀ-ਪਾਈਟ ਕੈਂਪ ਥੇਹ ਕਾਂਜਲਾ, ਕਪੂਰਥਲਾ ਵਿਖੇ ਡਰੋਨ ਓਪਰੇਟਿੰਗ ਕੋਰਸ ਕਰਵਾਇਆ ਜਾਵੇਗਾ, ਜਿਸ ਵਿੱਚ ਛੇ ਜ਼ਿਲ੍ਹਿਆਂ ਦੇ ਨੌਜਵਾਨਾਂ ਨੂੰ ਮੁਫ਼ਤ ਸਿਖ਼ਲਾਈ ਪ੍ਰਦਾਨ ਕੀਤੀ ਜਾਵੇਗੀ।ਇਸ ਸਬੰਧੀ ਸੀ-ਪਾਈਟ ਕੈਂਪ ਕਪੂਰਥਲਾ ਦੇ ਅਧਿਕਾਰੀ ਕੈਪਟਨ ਅਜੀਤ ਸਿੰਘ ਨੇ ਦੱਸਿਆ ਕਿ ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਅੰਮ੍ਰਿਤਸਰ, ਤਰਨ ਤਾਰਨ ਅਤੇ ਗੁਰਦਾਸਪੁਰ ਜ਼ਿਲ੍ਹਿਆਂ ਦੇ 150 ਨੌਜਵਾਨਾਂ ਨੂੰ ਡਰੋਨ ਓਪਰੇਟਿੰਗ ਕੋਰਸ ਕਰਵਾਇਆ ਜਾਣਾ ਹੈ, ਜਿਸ ਉਪਰੰਤ ਪੰਜਾਬ ਸਰਕਾਰ ਦਾ ਸਰਟੀਫਿਕੇਟ ਵੀ ਦਿੱਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਚਾਹਵਾਨ ਨੌਜਵਾਨ ਆਪਣੇ ਦਸਤਾਵੇਜ਼ ਜਿਵੇਂ 10ਵੀਂ ਅਤੇ 12ਵੀਂ ਕਲਾਸ ਦੇ ਸਰਟੀਫਿਕੇਟ (ਘੱਟੋ-ਘੱਟ 50 ਫੀਸਦੀ ਅੰਕਾਂ ਨਾਲ ਪਾਸ), ਉਮਰ 18-25 ਸਾਲ, ਜਾਤੀ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਆਧਾਰ ਕਾਰਡ ਦੀਆਂ ਦੋ-ਦੋ ਫੋਟੋ ਕਾਪੀਆਂ ਅਤੇ 4 ਪਾਸਪੋਰਟ ਸਾਈਜ਼ ਫੋਟੋਆਂ ਨਾਲ ਲੈ ਕੇ ਆਉਣ। ਉਨ੍ਹਾਂ ਦੱਸਿਆ ਕਿ ਕੋਰਸ ਦੌਰਾਨ ਨੌਜਵਾਨਾਂ ਨੂੰ ਖਾਣਾ ਅਤੇ ਰਿਹਾਇਸ਼ ਦੀ ਸਹੂਲਤ ਮੁਫ਼ਤ ਹੋਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਜਿਹੜੇ ਨੌਜਵਾਨ ਫ਼ੌਜ ਵਿੱਚ ਅਗਨੀਵੀਰ, ਸੀ.ਆਰ.ਪੀ.ਐਫ./ਬੀ.ਐਸ.ਐਫ. ਅਤੇ ਪੰਜਾਬ ਪੁਲਸ ਦੀ ਭਰਤੀ ਲਈ ਫ਼ਿਜ਼ੀਕਲ ਟੈਸਟ ਦੀ ਤਿਆਰੀ ਕਰਨਾ ਚਾਹੁੰਦੇ ਹਨ, ਉਹ ਵੀ ਸੀ-ਪਾਈਟ ਕੈਂਪ ਵਿਖੇ ਤਿਆਰੀ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖਾਣਾ, ਰਿਹਾਇਸ਼ ਦੇ ਨਾਲ-ਨਾਲ ਲਿਖਤੀ ਪੇਪਰ ਅਤੇ ਫ਼ਿਜ਼ੀਕਲ ਟੈਸਟ ਦੀ ਤਿਆਰੀ ਬਿਲਕੁਲ ਮੁਫ਼ਤ ਕਰਵਾਈ ਜਾਵੇਗੀ। ਚਾਹਵਾਨ ਨੌਜਵਾਨ ਆਧਾਰ ਕਾਰਡ, ਦਸਵੀਂ ਜਾਂ ਬਾਰ੍ਹਵੀਂ ਕਲਾਸ ਦਾ ਸਰਟੀਫਿਕੇਟ, ਜਾਤੀ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ, ਦੋ ਪਾਸਪੋਰਟ ਸਾਈਜ਼ ਫੋਟੋਆਂ ਅਤੇ ਆਨਲਾਈਨ ਰਜਿਸਟ੍ਰੇਸ਼ਨ ਦੀ ਫੋਟੋ ਕਾਪੀ ਕੈਂਪ ਵਿੱਚ ਨਾਲ ਲੈ ਕੇ ਆਉਣ।ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 83601-63527, 69002-00733 ਅਤੇ 99143-69376 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਨਿਊ ਆਦਰਸ਼ ਸਕੂਲ ਦੇ ਪੰਕਜ ਮਾਨ ਨੇ ਨੀਟ ਪ੍ਰੀਖਿਆ ਪਾਸ ਕੀਤੀ



**ਬਲਾਚੌਰ, (ਜਸਵਿੰਦਰ ਬੈਂਸ)**- ਬਲਾਚੌਰ ਦੇ ਸੜੋਆ ਬਲਾਕ ਵਿੱਚ ਸਥਿਤ ਨਿਊ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀ ਪੰਕਜ ਮਾਨ ਨੇ ਹਾਲ ਹੀ ਵਿੱਚ 2024 ਵਿੱਚ ਨੀਟ ਦੀ ਪ੍ਰੀਖਿਆ ਪਾਸ ਕੀਤੀ ਅਤੇ ਅੰਮ੍ਰਿਤਸਰ ਦੇ ਸਰਕਾਰੀ ਕਾਲਜ ਵਿਖੇ ਐਮ ਬੀ ਬੀ ਐਸ ਵਿੱਚ ਸੀਟ ਹਾਸਲ ਕੀਤੀ। ਇਸ ਮੌਕੇ ਪੰਕਜ ਮਾਨ ਨੂੰ ਸਕੂਲ ਦੇ ਐਮ.ਡੀ ਸੰਜੇ ਮਲਹੋਤਰਾ ਅਤੇ ਸਕੂਲ ਦੀ ਪ੍ਰਿੰਸੀਪਲ ਗੀਤਿਕਾ ਚੰਦੇਲ ਵਲੋਂ ਨੀਟ ਪ੍ਰੀਖਿਆ ਪਾਸ ਕਰਨ 'ਤੇ ਮੂੰਹ ਮਿਠਾ ਕਰਵਾਇਆ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਕੂਲ ਦੇ ਐਮ ਡੀ ਸੰਜੇ ਮਲਹੋਤਰਾ ਨੇ ਕਿਹਾ ਕਿ ਨੀਟ ਦੀ ਪ੍ਰੀਖਿਆ ਪਾਸ ਕਰਨ 'ਤੇ ਪੰਕਜ ਮਾਨ ਨੇ ਅੰਮ੍ਰਿਤਸਰ ਦੇ ਸਰਕਾਰੀ ਕਾਲਜ ਵਿਖੇ ਸੀਟ ਹਾਸਲ ਕਰਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।

ਇਸ ਮੌਕੇ ਉਨ੍ਹਾਂ ਸਕੂਲ ਦੇ ਸਮੂਹ ਸਟਾਫ਼ ਨੂੰ ਵੀ ਵਧਾਈ ਦਿੱਤ

## ਟਰੈਫਿਕ ਪੁਲਸ ਨੇ ਮਨਚਲਿਆਂ ਨੂੰ ਦਿੱਤੀ ਚੇਤਾਵਨੀ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਪਿਛਲੇ ਕਈ ਦਿਨਾਂ ਤੋਂ ਕਚਹਿਰੀ ਰੋਡ ਵਿਖੇ ਸਕੂਲ ਅੱਗੇ ਗੇੜੀਆਂ ਮਾਰਨ ਵਾਲਿਆਂ ਦੀਆਂ ਆ ਰਹੀਆਂ ਸ਼ਿਕਾਇਤਾਂ ਦੇ ਮੱਦੇ ਨਜ਼ਰ ਟਰੈਫਿਕ ਪੁਲਿਸ ਵੱਲੋਂ ਵਿਸ਼ੇਸ਼ ਨਾਕਾਬੰਦੀ ਕਰਕੇ ਮਨਚਲਿਆਂ ਨੂੰ ਚਿਤਾਵਨੀ ਦਿੱਤੀ ਗਈ ਅਤੇ ਸਕੂਲ ਅੱਗੇ ਗੇੜੀਆਂ ਮਾਰਨ ਵਾਲਿਆਂ ਦੇ ਚਲਾਨ ਕੱਟੇ ਗਏ ।ਇਸ ਸਬੰਧੀ ਜਾਣਕਾਰੀ ਦਿੰਦੀਆਂ ਟਰੈਫਿਕ ਇੰਚਾਰਜ ਜਸਪਾਲ ਸਿੰਘ ਨੇ ਦੱਸਿਆ ਕਿ ਸਾਨੂੰ ਪਿਛਲੇ ਕਈ ਦਿਨਾਂ ਤੋਂ ਇਹ ਸ਼ਿਕਾਇਤ ਆ ਰਹੀ ਸੀ ਕਿ ਕਚਹਿਰੀ ਰੋਡ ਤੇ ਸਕੂਲ ਲੱਗਣ ਅਤੇ ਛੁੱਟੀ ਸਮੇਂ ਬਹੁਤ ਸਾਰੇ ਮਨਚਲੇ ਨੌਜਵਾਨ ਗੇੜੀਆਂ ਮਾਰਦੇ ਹਨ ਜਿਸ ਕਾਰਨ ਵਿਦਿਆਰਥਣਾਂ ਤੰਗ ਪਰੇਸ਼ਾਨ ਹੁੰਦੀਆਂ ਹਨ। ਇਹਨਾਂ ਸ਼ਿਕਾਇਤਾਂ ਦੇ ਮੱਦੇਨਜ਼ਰ ਵਿਸ਼ੇਸ਼ ਨਾਕਾਬੰਦੀ ਕੀਤੀ ਗਈ ਜਿਸ ਵਿੱਚ ਕਈ ਮਨਚਲਿਆਂ ਦੇ ਚਲਾਨ ਕੱਟੇ ਗਏ ।ਉਹਨਾਂ ਦੱਸਿਆ ਕਿ ਦੋ ਤੋਂ ਵੱਧ ਸਵਾਰੀ ਅਤੇ ਬਗੈਰ ਕਾਗਜ਼ਾਤ, ਬਗੈਰ ਲਾਈਸੰਸ, ਨੰਬਰ ਪਲੇਟਾਂ ਤੇ ਗਲਤ ਲਿਖਾਈ ਆਦਿ ਕਰਨ ਵਾਲਿਆਂ ਦੇ ਚਲਾਨ ਕੱਟ ਕੇ ਉਹਨਾਂ ਨੂੰ ਸਖਤ ਚੇਤਾਵਨੀ ਦਿੱਤੀ ਗਈ । ਇਸ ਮੌਕੇ ਉਨਾਂ ਦੇ ਨਾਲ ਹੌਲਦਾਰ ਹਰਜਾਪ ਸਿੰਘ ਅਤੇ ਉਮੇਸ਼ ਕੁਮਾਰ ਵੀ ਹਾਜ਼ਰ ਸਨ।

# ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਕੈਬਨਿਟ ਮੰਤਰੀ ਬਲਕਾਰ ਸਿੰਘ ਦੇ ਘਰ ਸਾਹਮਣੇ ਪ੍ਰਦਰਸ਼ਨ, ਦਿੱਤਾ ਮੰਗ ਪੱਤਰ





**ਜਲੰਧਰ (ਥਾਪਾ)**- ਅੱਜ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੀ ਜਲੰਧਰ-ਕਪੂਰਥਲਾ ਇਕਾਈ ਵਲੋਂ ਪੰਜਾਬ ਦੇ ਮੁੱਖ ਮੰਤਰੀ ਦੇ ਨਾਂ ਇੱਕ ਮੰਗ ਪੱਤਰ ਦਿੱਤਾ ਗਿਆ, ਜਿਸ 'ਚ ਪੰਜਾਬ ਨਾਲ ਸਬੰਧਤ ਮਸਲੇ ਤੁਰੰਤ ਹੱਲ ਕਰਨ ਦੀ ਮੰਗ ਕੀਤੀ ਗਈ। ਮੰਗ ਪੱਤਰ ਦੇਣ ਤੋਂ ਪਹਿਲਾਂ ਬੁਲਾਰਿਆਂ ਨੇ ਪੰਜਾਬ ਨਾਲ ਨਿਰੰਤਰ ਕੀਤੇ ਜਾ ਰਹੇ ਧੱਕੇ-ਵਿਤਕਰੇ ਅਤੇ ਸੂਬੇ ਦਾ ਅਮਨ ਭੰਗ ਕਰਨ ਦੀਆਂ ਸਾਜ਼ਿਸ਼ਾਂ ਬੰਦ ਕਰਵਾਉਣ ਦੀ ਮੰਗ ਕੀਤੀ ਗਈ। ਪੰਜਾਬ ਦੇ ਕੈਬਨਿਟ ਮੰਤਰੀ ਬਲਕਾਰ ਸਿੰਘ ਦੀ ਰਿਹਾਇਸ਼ ਅੱਗੇ ਕੀਤੇ ਪ੍ਰਦਰਸ਼ਨ ਉਪਰੰਤ ਉਨ੍ਹਾ ਦੇ ਪੀ ਏ ਨੂੰ ਇਹ ਮੰਗ ਪੱਤਰ ਦਿੱਤਾ ਗਿਆ। ਪੰਜਾਬ ਸਰਕਾਰ ਖ਼ਿਲਾਫ਼ ਕੀਤੇ ਇਸ ਪ੍ਰਦਰਸ਼ਨ ਦੌਰਾਨ ਪੰਜਾਬ ਤੇ ਕੇਂਦਰ ਸਰਕਾਰ ਨਾਲ ਸਬੰਧਤ ਮੰਗਾਂ ਨੂੰ ਤੁਰੰਤ ਹੱਲ ਕਰਨ ਦੀ ਮੰਗ ਕੀਤੀ ਗਈ।ਇਕੱਠ ਨੂੰ ਸੰਬੋਧਨ ਕਰਦੇ ਹੋਏ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਦਰਸ਼ਨ ਨਾਹਰ ਅਤੇ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਢੇਸੀ ਨੇ ਕਿਹਾ ਕਿ ਫੌਰੀ ਸਰਬ ਪਾਰਟੀ ਮੀਟਿੰਗ ਸੱਦੀ ਜਾਵੇ, ਜਿਸ 'ਚ ਚੰਡੀਗੜ੍ਹ ਪੰਜਾਬ ਦੇ ਹਵਾਲੇ ਕਰਨ, ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿਚ ਸ਼ਾਮਲ ਕੀਤੇ ਜਾਣ, ਪੰਜਾਬੀ ਮਾਂ ਬੋਲੀ ਨੂੰ ਗੁਆਂਢੀ ਸੂਬਿਆਂ ਵਿਚ ਦੂਜਾ ਸਥਾਨ, ਦਰਿਆਈ ਪਾਣੀਆਂ ਦੀ ਰੀਪੇਰੀਅਨ ਅਸੂਲ ਮੁਤਾਬਕ ਵੰਡ, ਡੈਮਾਂ ਦਾ ਪ੍ਰਬੰਧ ਪੰਜਾਬ ਦੇ ਹਵਾਲੇ ਕਰਨ, ਕਾਲੇ ਦੌਰ 'ਚ ਪੰਜਾਬ ਸਿਰ ਚੜ੍ਹਿਆ ਕਰਜ਼ਾ ਮੁਆਫ਼ ਕਰਨ, ਯੂ.ਏ.ਪੀ.ਏ. ਤਹਿਤ ਜੇਲ੍ਹਾਂ 'ਚ ਬੰਦ ਬੁੱਧੀਜੀਵੀਆਂ, ਸਿਆਸੀ ਕਾਰਕੁੰਨਾਂ ਅਤੇ ਸਜ਼ਾਵਾਂ ਭੁਗਤ ਚੁੱਕੇ ਸਾਰੇ ਕੈਦੀਆਂ ਨੂੰ ਤੁਰੰਤ ਰਿਹਾਅ ਕਰਨ ਦੇ ਮੁਦੇ ਹੱਲ ਕਰਵਾਉਣ ਲਈ ਕੇਂਦਰ 'ਤੇ ਦਬਾਅ ਪਾਇਆ ਜਾਵੇ। ਉਕਤ ਆਗੂਆਂ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਵਲੋਂ ਪਾਰਟੀ ਵਲੋਂ ਚਲਾਈ ਇਸ ਮੁਹਿੰਮ ਨੂੰ ਆਉਣ ਵਾਲੇ ਸਮੇਂ 'ਚ ਹੋਰ ਤੇਜ਼ ਕੀਤਾ ਜਾਵੇਗਾ।ਬੇਰੁਜ਼ਗਾਰਾਂ ਨੂੰ ਯੋਗਤਾ ਅਨੁਸਾਰ ਪੱਕਾ ਕੰਮ ਜਾਂ ਢੁਕਵਾਂ ਬੇਰੁਜ਼ਗਾਰੀ ਭੱਤਾ ਦੇਣ, ਨਿੱਜੀਕਰਨ ਦੀ ਨੀਤੀ ਤਿਆਗ ਕੇ ਖਾਲੀ ਪਈਆਂ ਸਾਰੀਆਂ ਅਸਾਮੀਆਂ ਪੱਕੇ ਤੌਰ 'ਤੇ ਪੁਰ ਕਰਨ, ਵੇਰਕਾ ਵਰਗੇ ਜਨਤਕ ਖੇਤਰ ਦੇ ਅਦਾਰਿਆਂ ਨੂੰ ਮੁੜ ਪੈਰਾਂ ਸਿਰ ਖੜ੍ਹਾ ਕਰਨ ਲਈ ਵਸੀਲੇ ਜੁਟਾਉਣ, ਖੇਤੀ ਸਮੇਤ ਛੋਟੇ ਤੇ ਦਰਮਿਆਨੇ ਉਦਯੋਗ, ਕਾਰੋਬਾਰ ਅਤੇ ਪ੍ਰਚੂਨ ਵਪਾਰ ਨੂੰ ਪ੍ਰਫੁਲਿਤ ਕਰਨ ਦੀ ਨੀਤੀ ਬਣਾਉਣ ਦੀ ਮੰਗ ਕੀਤੀ ਗਈ। ਨਸ਼ਾ ਕਾਰੋਬਾਰ ਨੂੰ ਠਲ੍ਹ ਪਾਉਣ ਲਈ ਨਸ਼ਾ ਤਸਕਰਾਂ, ਭ੍ਰਿਸ਼ਟ ਸਿਆਸਤਦਾਨਾਂ ਅਤੇ ਪੁਲਸ-ਪ੍ਰਸ਼ਾਸਨ ਵਿਚਲੀਆਂ ਕਾਲੀਆਂ ਭੇਡਾਂ ਦੀ ਨਾਪਾਕ ਤਿਕੜੀ ਭੰਨਣ ਦੀ ਮੰਗ ਕੀਤੀ ਗਈ। ਰੇਤ-ਬਜਰੀ, ਖਣਨ ਮਾਫੀਆ ਦੀ ਲੁੱਟ ਬੰਦ ਕਰਨ, ਮਾਈਕਰੋ ਫਾਈਨਾਂਸ ਕੰਪਨੀਆਂ ਦੀ ਲੁੱਟ ਬੰਦ ਕਰਵਾਉਣ ਅਤੇ ਬੇਜ਼ਮੀਨੇ ਪੇਂਡੂ ਮਜ਼ਦੂਰਾਂ ਨੂੰ ਸਹਿਕਾਰੀ ਸਭਾਵਾਂ ਦੇ ਮੈਂਬਰ ਬਣਾਉਣ ਦੀ ਮੰਗ ਕੀਤੀ ਗਈ। ਅਬਾਦਕਾਰਾਂ ਨੂੰ ਮਾਲਕੀ ਹੱਕ ਦੇਣ ਦੀ ਮੰਗ ਵੀ ਕੀਤੀ ਗਈ।ਆਗੂਆਂ ਨੇ ਕਿਹਾ ਕਿ ਮਹਿੰਗਾਈ ਦੇ ਲਿਹਾਜ਼ ਨਾਲ ਤਨਖ਼ਾਹਾਂ ਵਧਾਈਆਂ ਜਾਣ ਅਤੇ ਕੰਮ ਦਿਹਾੜੀ 8 ਘੰਟੇ ਤੋਂ 12 ਘੰਟੇ ਕਰਨ ਵਾਲੀ ਚਿੱਠੀ ਰੱਦ ਕੀਤੀ ਜਾਵੇ, 4 ਕਿਰਤ ਕੋਡ ਰੱਦ ਕਰਕੇ ਕਿਰਤੀਆਂ ਦੇ ਹੱਕਾਂ ਦੀ ਰਾਖੀ ਕਰਦੇ 44 ਕਨੂੰਨ ਬਹਾਲ ਕੀਤੇ ਜਾਣ। ਮਹਿੰਗਾਈ ਦਾ ਟਾਕਰਾ ਕਰਨ ਲਈ ਸਰਵ ਜਨਕ ਜਨਤਕ ਵੰਡ ਪ੍ਰਣਾਲੀ ਲਾਗੂ ਕੀਤੀ ਜਾਵੇ, ਜਿਸ ਤਹਿਤ ਸਾਰੇ ਲੋੜਵੰਦਾਂ ਨੂੰ ਆਟਾ-ਦਾਲ, ਬਾਲਣ ਸਮੇਤ ਰੋਜ਼ਾਨਾ ਖਪਤ ਦੀਆਂ ਸੱਭੇ ਵਸਤਾਂ ਨਿਗੂਣੇ ਰੇਟਾਂ 'ਤੇ ਦਿੱਤੀਆਂ ਜਾਣ।ਆਗੂਆਂ ਨੇ ਪੁਰਜ਼ੋਰ ਸ਼ਬਦਾਂ 'ਚ ਮੰਗ ਕੀਤੀ ਕਿ ਡੀਜ਼ਲ-ਪੈਟਰੋਲ, ਬਿਜਲੀ ਅਤੇ ਬਸ ਕਿਰਾਏ 'ਚ ਕੀਤਾ ਵਾਧਾ ਤੁਰੰਤ ਵਾਪਸ ਲਿਆ ਜਾਵੇ। ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਪਣੀਆਂ ਗਾਰੰਟੀਆਂ ਮੁਤਾਬਕ ਔਰਤਾਂ ਨੂੰ ਪਿਛਲੇ ਬਕਾਏ ਸਮੇਤ 1100 ਰੁਪਏ ਪ੍ਰਤੀ ਮਹੀਨਾ ਨਗਦ ਸਹਾਇਤਾ, 2500 ਰੁਪਏ ਪ੍ਰਤੀ ਮਹੀਨਾ ਵਿਧਵਾ-ਬੁਢਾਪਾ ਪੈਨਸ਼ਨ ਦੇਣ ਦੀ ਮੰਗ ਕੀਤੀ ਗਈ।ਇਕੱਠ ਨੂੰ ਹੋਰਨਾਂ ਤੋਂ ਇਲਾਵਾ ਮਨੋਹਰ ਗਿੱਲ, ਪਰਮਜੀਤ ਰੰਧਾਵਾ, ਸੰਤੋਖ ਸਿੰਘ ਬਿਲਗਾ, ਡਾ. ਸਰਬਜੀਤ ਮੁਠੱਡਾ ਤੋਂ ਬਿਨ੍ਹਾਂ ਬਲਦੇਵ ਸਿੰਘ ਨੂਰਪੁਰੀ, ਨਿਰਮਲ ਮਲਸੀਆ, ਮੱਖਣ ਪੱਲਨ, ਜਰਨੈਲ ਫਿਲੌਰ ਤੇ ਮੇਜਰ ਖੁਰਲਾਪੁਰ ਆਦਿ ਨੇ ਸੰਬੋਧਨ ਕੀਤਾ। ਅੱਜ ਦੇ ਧਰਨੇ ਦੀ ਪ੍ਰਧਾਨਗੀ ਸਰਬਜੀਤ ਸੰਗੋਵਾਲ, ਸੁਖਦੇਵ ਬਾਂਕਾ ਤੇ ਹਰਮੁਨੀ ਸਿੰਘ ਨੇ ਕੀਤੀ। ਇਸ ਮੌਕੇ ਵੱਖ-ਵੱਖ ਇਲਾਕਿਆਂ 'ਚੋਂ ਵੱਡੇ ਜਥੇ ਲੈ ਕੇ ਆਉਣ ਵਾਲਿਆਂ 'ਚ ਦਲਵਿੰਦਰ ਕੁਲਾਰ, ਕੁਲਦੀਪ ਫਿਲੌਰ, ਰਾਮ ਕਿਸ਼ਨ ਸਿੰਘ, ਕੁਲਜੀਤ ਫਿਲੌਰ, ਮਨਜਿੰਦਰ ਢੇਸੀ, ਸਤਪਾਲ ਸਹੋਤਾ, ਹਰਬੰਸ ਮੱਟੂ ਆਦਿ ਹਾਜ਼ਰ ਸਨ।9 ਤੋਂ 15 ਸਤੰਬਰ ਤੱਕ ਆਰਐੱਮਪੀਆਈ, ਸੀਪੀਆਈਐੱਮਐੱਲ ਲਿਬਰੇਸ਼ਨ ਅਤੇ ਐੱਮਸੀਪੀਆਈ ਯੂ ਵਲੋਂ ਕੇਂਦਰ ਅਤੇ ਪੰਜਾਬ ਸਰਕਾਰ ਪਾਸੋਂ ਮੰਗਾਂ ਮਨਵਾਉਣ ਲਈ ਮੰਤਰੀਆਂ ਦੇ ਘਰਾਂ ਅੱਗੇ ਧਰਨੇ ਲਗਾ ਕੇ ਮੰਗ ਪੱਤਰ ਦਿੱਤੇ ਜਾ ਰਹੇ ਹਨ। ਜਿਸ ਤਹਿਤ ਇਹ ਮੰਗ ਪੱਤਰ ਦਿੱਤਾ ਗਿਆ।

# ਕੈਬਨਿਟ ਮੰਤਰੀ ਤੇ ਚੇਅਰਮੈਨ ਵੱਲੋਂ 16 ਅਕਤੂਬਰ ਨੂੰ ਭਗਵਾਨ ਵਾਲਮੀਕਿ ਦੇ ਪ੍ਰਗਟ ਉਤਸਵ ਨੂੰ ਸਮਰਪਿਤ ਸ਼ੋਭਾ ਯਾਤਰਾ ਲਈ ਪੁਖ਼ਤਾ ਪ੍ਰਬੰਧ




**ਜਲੰਧਰ (ਸੁਰਿੰਦਰ ਕੁਮਾਰ)**-ਕੈਬਨਿਟ ਮੰਤਰੀ ਬਲਕਾਰ ਸਿੰਘ ਅਤੇ ਚੇਅਰਮੈਨ ਪੰਜਾਬ ਸਫ਼ਾਈ ਕਰਮਚਾਰੀ ਕਮਿਸ਼ਨ ਚੰਦਨ ਗਰੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 16 ਅਕਤੂਬਰ ਨੂੰ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਉਤਸਵ ਸਬੰਧੀ ਸਜਾਈ ਜਾਣ ਵਾਲੀ ਸ਼ੋਭਾ ਯਾਤਰਾ ਲਈ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ। ਸ਼ੋਭਾ ਯਾਤਰਾ ਸਬੰਧੀ ਇਥੇ ਵੱਖ-ਵੱਖ ਧਾਰਮਿਕ ਸੰਸਥਾਵਾਂ ਨਾਲ ਮੀਟਿੰਗ ਦੌਰਾਨ ਕੀਤੇ ਜਾਣ ਵਾਲੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਕਿਹਾ ਕਿ ਸ਼ੋਭਾ ਯਾਤਰਾ ਵਿੱਚ ਲੋਕ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਸ਼ਾਮਲ ਹੋਣ ਸਕਣ, ਇਸ ਨੂੰ ਯਕੀਨੀ ਬਣਾਉਣ ਲਈ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਲੋਕਾਂ ਨੂੰ ਪੂਰੀ ਧਾਰਮਿਕ ਭਾਵਨਾ ਤੇ ਉਤਸ਼ਾਹ ਨਾਲ ਸ਼ੋਭਾ ਯਾਤਰਾ ਵਿੱਚ ਸ਼ਿਰਕਤ ਕਰਨ ਦੀ ਅਪੀਲ ਕੀਤੀ।ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਨੇ ਕਿਹਾ ਕਿ ਸ਼ੋਭਾ ਯਾਤਰਾ ਦੌਰਾਨ ਆਵਾਜਾਈ ਦੇ ਬਦਲਵੇਂ ਰੂਟਾਂ, ਢੁਕਵੀਂ ਪਾਰਕਿੰਗ, ਸੁਰੱਖਿਆ ਅਤੇ ਹੋਰ ਸਹੂਲਤਾਂ ਲਈ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਸਿਵਲ ਅਤੇ ਪੁਲਸ ਪ੍ਰਸ਼ਾਸਨ ਨਾਲ ਇਕ ਵੱਖਰੀ ਮੀਟਿੰਗ ਵੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਉਤਸਵ ਪੂਰੀਆਂ ਧਾਰਮਿਕ ਰੀਤਾਂ ਅਤੇ ਪੂਰੇ ਉਤਸ਼ਾਹ ਨਾਲ ਮਨਾਇਆ ਜਾਵੇਗਾ ਅਤੇ ਪੰਜਾਬ ਸਰਕਾਰ ਵੱਲੋਂ ਇਸ ਦੇ ਲਈ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਸਮਾਗਮ ਨੂੰ ਸੁਚੱਜੇ ਢੰਗ ਨਾਲ ਮਨਾਉਣ ਲਈ ਅਪਣੇ ਅਖ਼ਤਿਆਰੀ ਫੰਡ ਵਿਚੋਂ 2 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ । ਉਨ੍ਹਾਂ ਕਿਹਾ ਕਿ ਧਾਰਮਿਕ ਸੰਸਥਾਵਾਂ ਦੇ ਸੁਝਾਵਾਂ ਨੂੰ ਪੂਰੀ ਤਰ੍ਹਾਂ ਲਾਗੂ ਕੀਤਾ ਜਾਵੇਗਾ।ਇਸ ਤੋਂ ਪਹਿਲਾਂ ਚੇਅਰਮੈਨ ਸਿਟੀ ਵਾਲਮੀਕਿ ਸਭਾ ਰਾਜ ਕੁਮਾਰ ਰਾਜੂ, ਪ੍ਰਧਾਨ ਰਾਜੇਸ਼ ਭੱਟੀ, ਸੁਭਾਸ਼ ਸੌਂਧੀ, ਬਿਸ਼ਨ ਦਾਸ ਸਹੋਤਾ ਅਤੇ ਐਸ.ਕੇ.ਹੰਸ ਵੱਲੋਂ ਮੀਟਿੰਗ ਵਿੱਚ ਪਹੁੰਚਣ 'ਤੇ ਕੈਬਨਿਟ ਮੰਤਰੀ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਸਿਟੀ ਵਾਲਮੀਕਿ ਸਭਾ, ਭਾਰਤੀ ਵਾਲਮੀਕਿ ਧਰਮ ਸਮਾਜ ਅਤੇ ਹੋਰ ਸੰਸਥਾਵਾਂ ਦੇ ਪ੍ਰਤੀਨਿਧ ਵੀ ਮੀਟਿੰਗ ਵਿੱਚ ਮੌਜੂਦ ਸਨ।

# ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਇੰਡੀਆ ਦੀ ਮੀਟਿੰਗ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਰਾਮਗੜ੍ਹੀਆ ਸਿੱਖ ਆਰਗੇਨਾਈਜੇਸ਼ਨ ਇੰਡੀਆ ਦੀ ਇੱਕ ਅਹਿਮ ਮੀਟਿੰਗ ਮੋਤੀ ਮਹਿਲ ਹੁਸ਼ਿਆਰਪੁਰ ਵਿਖੇ ਚੇਅਰਮੈਨ ਇੰਡੀਆ ਕੁਲਦੀਪ ਸਿੰਘ ਖਾਂਬਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਉਚੇਚੇ ਤੌਰ 'ਤੇ ਸਰਪ੍ਰਸਤ ਇੰਡੀਆ ਸੰਤ ਬਾਬਾ ਰਣਜੀਤ ਸਿੰਘ ਮੁਖੀ ਗੁਰਦੁਆਰਾ ਸ਼ਹੀਦਾਂ ਸਿੰਘਾਂ, ਪ੍ਰਧਾਨ ਇੰਡੀਆ ਹਰਦੇਵ ਸਿੰਘ ਕੌਂਸਲ, ਕਸ਼ਮੀਰ ਸਿੰਘ ਗੀਗਨਵਾਲ, ਪਰਮਜੀਤ ਸਿੰਘ ਕਲਿਆਣ, ਸਤਵੰਤ ਸਿੰਘ ਸਿਆਣ, ਰਵਿੰਦਰ ਸਿੰਘ ਚੱਢਾ, ਮਲਕੀਤ ਸਿੰਘ ਮਰਵਾਹਾ, ਅਮਰਜੀਤ ਸਿੰਘ ਆਸੀ ਨੇ ਵੀ ਸ਼ਿਰਕਤ ਕੀਤੀ। ਮੀਟਿੰਗ ਵਿੱਚ ਰਾਮਗੜ੍ਹੀਆ ਸਿੱਖ ਆਰਗੇਨਾਈਜੇਸ਼ਨ ਇੰਡੀਆ ਵੱਲੋਂ ਪ੍ਰਧਾਨ ਹਰਦੇਵ ਸਿੰਘ ਕੌਂਸਲ ਨੂੰ ਕਿਲ੍ਹਾ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਸਿੰਘਪੁਰ ਬਰਨਾਲਾ ਦੇ ਚੇਅਰਮੈਨ ਚੁਣੇ ਜਾਣ ਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਨਿੰਨ ਸੇਵਕ ਬ੍ਰਹਮ ਗਿਆਨੀ ਭਾਈ ਲਾਲੋ ਜੀ ਦਾ 672 ਵਾਂ ਜਨਮ ਦਿਹਾੜਾ 22 ਸਤੰਬਰ ਦਿਨ ਨੂੰ ਗੁਰਦੁਆਰਾ ਰਾਮਗੜ੍ਹੀਆ ਵਿਸ਼ਵਕਰਮਾ ਸਭਾ ਵਿਖੇ ਮਨਾਇਆ ਜਾਵੇਗਾ ਅਤੇ ਇਸ ਮੌਕੇ ਸੂਬਾ ਪੱਧਰ 'ਤੇ ਸਮਾਗਮ ਕੀਤੇ ਜਾਣਗੇ। ਕੌਮੀ ਪ੍ਰਧਾਨ ਹਰਦੇਵ ਸਿੰਘ ਕੌਂਸਲ ਨੇ ਐਲਾਨ ਕੀਤਾ ਕਿ ਇਸ ਵਾਰ ਰਾਮਗੜ੍ਹੀਆ ਸਿੱਖ ਆਰਗਨਾਈਜੇਸ਼ਨ ਇੰਡੀਆ ਵੱਲੋਂ ਬ੍ਰਹਮ ਗਿਆਨੀ ਭਾਈ ਲਾਲੋ ਜੀ ਐਵਾਰਡ ਨਛੱਤਰ ਸਿੰਘ ਹੰਡਿਆਇਆ ਮਾਲਕ ਸਟੈਂਡਰਡ ਕੰਬਾਈਨ ਹੰਡਿਆਇਆ ਨੂੰ ਦਿੱਤਾ ਜਾਵੇਗਾ । ਇਸ ਤੋਂ ਇਲਾਵਾ ਭਾਈ ਲਾਲੋ ਜੀ ਐਪਰੀਸੀਏਸ਼ਨ ਐਵਾਰਡ ਬਾਬਾ ਹਰਜੀਤ ਸਿੰਘ ਭੰਬਰਾ, ਜਤਿੰਦਰ ਸਿੰਘ ਗਾਗੀ ਪ੍ਰਧਾਨ ਰਾਮਗੜ੍ਹੀਆ ਬੋਰਡ ਦਿੱਲੀ, ਭਾਈ ਦਰਸ਼ਨ ਸਿੰਘ ਲੁਧਿਆਣਾ, ਭਾਈ ਮਨਜੀਤ ਸਿੰਘ ਖਾਲਸਾ ਪ੍ਰਧਾਨ ਰਾਜ ਕਰੇਗਾ ਗੱਤਕਾ ਅਖਾੜਾ ਟਾਂਡਾ ਅਤੇ ਭਾਈ ਸੁਰਜੀਤ ਸਿੰਘ ਸੇਵਕ ਜਲੰਧਰ ਨੂੰ ਦਿੱਤਾ ਜਾਵੇਗਾ। ਇਸ ਮੀਟਿੰਗ ਵਿੱਚ ਸੂਬਾ ਅਤੇ ਜ਼ਿਲਾ ਪੱਧਰ 'ਤੇ ਕੀਤੀਆਂ ਨਵੀਂਆਂ ਨਿਯੁਕਤੀਆਂ ਵਿੱਚ ਅਵਤਾਰ ਸਿੰਘ ਲਾਇਲ ਸੀਨੀਅਰ ਵਾਈਸ ਚੇਅਰਮੈਨ ਇੰਡੀਆ, ਗੁਰਬਖਸ਼ ਸਿੰਘ ਧੀਰ ਫ਼ੀਲਡ ਟਾਂਡਾ ਸੀਨੀਅਰ ਵਾਈਸ ਚੇਅਰਮੈਨ ਪੰਜਾਬ, ਉਂਕਾਰ ਸਿੰਘ ਭੋਗਲ ਮੀਤ ਪ੍ਰਧਾਨ ਪੰਜਾਬ, ਇੰਜ.ਬਲਜੀਤ ਸਿੰਘ ਪਨੇਸਰ ਜ਼ਿਲਾ ਚੇਅਰਮੈਨ, ਜਸਵਿੰਦਰ ਸਿੰਘ ਕਲਸੀ ਜੇ ਕੇ ਆਟੋ ਅਤੇ ਕੁਲਵਿੰਦਰ ਸਿੰਘ ਨੀਟਾ ਕੌਂਸਲਰ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ, ਅਜੀਤ ਸਿੰਘ ਮਠਾਰੂ ਜ਼ਿਲ੍ਹਾ ਜਨਰਲ ਸਕੱਤਰ, ਧਰਮਪਾਲ ਸਲਗੌਤਰਾ, ਦਵਿੰਦਰ ਸਿੰਘ ਘੋਗਰਾ, ਕਾਬਲ ਸਿੰਘ ਤੇ ਭਾਗ ਸਿੰਘ ਸਲਾਰੀਆ, ਦਲਜੀਤ ਸਿੰਘ ਮੀਤ ਪ੍ਰਧਾਨ, ਰਵਿੰਦਰ ਸਿੰਘ ਸਲਾਰੀਆ ਅਤੇ ਹਰਦੀਪ ਸਿੰਘ ਭੰਬਰਾ ਜ਼ਿਲ੍ਹਾ ਪ੍ਰੈੱਸ ਸਕੱਤਰ, ਬਖ਼ਤਾਵਰ ਸਿੰਘ ਚੋਹਾਲ, ਰਜਿੰਦਰ ਸਿੰਘ ਸੀਹਰਾ ਜ਼ਿਲਾ ਸਕੱਤਰ ਨਿਯੁਕਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਤੋਂ ਇਲਾਵਾ ਇੰਜ. ਗੁਰਦੇਵ ਸਿੰਘ ਪਵਾਰ ਜਨਰਲ ਸਕੱਤਰ ਇੰਡੀਆ, ਗੁਰਬਿੰਦਰ ਸਿੰਘ ਪਲਾਹਾ ਪ੍ਰੈਸ ਸਕੱਤਰ ਇੰਡੀਆ, ਜਸਵੰਤ ਸਿੰਘ ਭੋਗਲ, ਜਗਦੀਪ ਸਿੰਘ ਸੀਹਰਾ, ਗੁਰਮਿੰਦਰ ਕੌਰ, ਅਮਨਦੀਪ ਸਿੰਘ ਵਿਰਦੀ, ਜੋਧ ਸਿੰਘ ਭੰਬਰਾ, ਬਾਬਾ ਪਰਮਿੰਦਰ ਸਿੰਘ ਪਨੇਸਰ, ਹਰਮਿੰਦਰ ਸਿੰਘ ਭੱਚੂ ਸਮੇਤ ਵੱਡੀ ਗਿਣਤੀ ਵਿੱਚ ਅਹੁਦੇਦਾਰ ਮੈਂਬਰ ਸ਼ਾਮਲ ਹੋਏ ।

# ਮਿੱਲ ਚਲਾਉਣ ਸੰਬੰਧੀ ਵਿਚਾਰ-ਵਟਾਂਦਰਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਅੱਜ ਇਥੇ ਗੰਨਾ ਮਿੱਲ ਵਿੱਚ ਕਿਰਤੀ ਕਿਸਾਨ ਯੂਨੀਅਨ ਵੱਲੋਂ ਸੂਬਾ ਮੀਤ ਪ੍ਰਧਾਨ ਹਰਮੇਸ਼ ਸਿੰਘ ਢੇਸੀ ਤੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਸੁਰਿੰਦਰ ਸਿੰਘ ਬੈਂਸ ਦੀ ਅਗਵਾਈ ਹੇਠ ਕਿਸਾਨਾਂ ਦਾ ਇਕੱਠ ਹੋਇਆ ਤੇ ਮਿੱਲ ਵੱਲੋਂ ਅਰਵਿੰਦਰ ਸਿੰਘ ਕੈਰੋਂ ਜੀ ਐਮ ਤੇ ਮਨਦੀਪ ਸਿੰਘ ਬਰਾੜ ਸੀ ਸੀ ਡੀ ਓ ਵਿਚਕਾਰ ਇਕੱਠ ਦੀ ਹਾਜ਼ਰੀ ਵਿੱਚ ਮਿੱਲ ਚਲਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਕੱਠ ਨੇ ਮੰਗ ਕੀਤੀ ਕਿ ਮਿੱਲ ਇੱਕ ਨਵੰਬਰ ਨੂੰ ਚਾਲੂ ਕੀਤੀ ਜਾਵੇ, ਰਿਪੇਅਰ ਦਾ ਕੰਮ ਇਸ ਤੋਂ ਪਹਿਲਾਂ ਨਿਪਟਾਇਆ ਜਾਵੇ, ਪੈਨਲਟੀਆਂ ਦੇ ਨਾਂ ਨਾਲ ਕੱਟੇ ਬਕਾਏ ਵਾਪਸ ਕੀਤੇ ਜਾਣ, ਕਿਸਾਨਾਂ ਦੇ ਵਾਧੂ ਗੰਨੇ ਦੇ ਪੀੜਨ ਦਾ ਇੰਤਜ਼ਾਮ ਕੀਤਾ ਜਾਵੇ। ਅਧਿਕਾਰੀਆਂ ਨੇ ਸਾਰੀਆਂ ਮੰਗਾਂ ਧਿਆਨ ਨਾਲ ਸੁਣੀਆਂ ਤੇ ਜਲਦੀ ਤੇ ਸਮੇਂ ਸਿਰ ਹੱਲ ਕਰਾਉਣ ਦਾ ਭਰੋਸਾ ਦਿਵਾਇਆ। ਇਸ ਇਕੱਠ ਵਿੱਚ ਔੜ ਬਲਾਕ ਦੇ ਪ੍ਰਧਾਨ ਸੁਰਿੰਦਰ ਸਿੰਘ ਮਹਿਰਮਪੁਰ, ਨਵਾਂਸ਼ਹਿਰ ਬਲਾਕ ਦੇ ਪ੍ਰਧਾਨ ਪਰਮਜੀਤ ਸਿੰਘ ਸ਼ਹਾਬਪੁਰ, ਜ਼ਿਲ੍ਹਾ ਮੀਤ ਪ੍ਰਧਾਨ ਬਾਵਾ ਸਿੰਘ ਰਸੂਲਪੁਰ, ਬਲਵੀਰ ਸਿੰਘ ਸਕੋਹ ਪੁਰ, ਜੀਵਨ ਰਾਮ, ਕਸ਼ਮੀਰਾ ਸਿੰਘ ਫਾਬੜਾ, ਮੇਜਰ ਸਿੰਘ ਉਸਮਾਨਪੁਰ, ਕੁਲਵਿੰਦਰ ਸਿੰਘ ਚਾਹਲ, ਕੁਲਵੰਤ ਸਿੰਘ ਗੋਲੇਵਾਲ, ਸ਼ਮਸ਼ੇਰ ਸਿੰਘ ਚੱਕ ਸਿੰਘਾ, ਸੰਦੀਪ ਸਿੰਘ ਮਿੱਠੂ ਸਕੰਦਰਪੁਰ, ਪਰਮਜੀਤ ਸਿੰਘ, ਕੁਲਵੰਤ ਸਿੰਘ ਪੱਦੀ ਰਾਣਾ, ਰਾਮ ਜੀ ਦਾਸ ਸਨਾਵਾ, ਬਿੱਕਰ ਸਿੰਘ ਸੈਖੂਪੁਰ, ਹਰਪਾਲ ਸਿੰਘ ਮਜਾਰਾ ਬੱਬਰਾਂ ਤੇ ਹੋਰ ਬਹੁਤ ਸਾਰੇ ਲੋਕਾਂ ਨੇ ਭਾਗ ਲਿਆ।

# ਪੁਲਸ ਨੇ ਰੁਪਿੰਦਰ ਸਿੰਘ ਉਰਫ ਲਾਡੀ ਨੂੰ ਕੀਤਾ ਗ੍ਰਿਫ਼ਤਾਰ



**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਵਿਸ਼ੇਸ਼ ਮੁਹਿੰਮ ਚਾਲੂ ਕੀਤੀ ਗਈ ਹੈ। ਜਿਸ ਅਧੀਨ ਸੁਰੇਂਦਰ ਲਾਂਬਾ ਸੀਨੀਅਰ ਪੁਲਸ ਕਪਤਾਨ ਹੁਸ਼ਿਆਰਪੁਰ ਵੱਲੋਂ ਦਿੱਤੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਰਮਿੰਦਰ ਸਿੰਘ ਮੰਡ ਡੀ ਐਸ ਪੀ ਗੜ੍ਹਸ਼ੰਕਰ ਦੀਆਂ ਹਦਾਇਤਾਂ ਅਨੁਸਾਰ ਐਸ ਆਈ ਰਮਨ ਕੁਮਾਰ ਮੁੱਖ ਅਫਸਰ ਥਾਣਾ ਮਾਹਿਲਪੁਰ ਦੀ ਦੇਖ ਰੇਖ ਹੇਠ ਏ ਐਸ ਆਈ ਦਿਲਬਾਗ ਸਿੰਘ ਵਲੋਂ ਸਨਮਦੀਪ ਸਿੰਘ ਪੁੱਤਰ ਪਰਮਜੀਤ ਸਿੰਘ ਵਾਸੀ ਮੁੱਗੋਵਾਲ ਥਾਣਾ ਨੂੰ ਜਾਨੋਂ ਮਾਰਨ ਦੀ ਨੀਅਤ ਨਾਲ ਸੱਟਾਂ ਮਾਰ ਕੇ ਫੱਟੜ ਕੀਤਾ ਗਿਆ ਸੀ ਜਿਸ 'ਤੇ ਅਸੀਸ ਕੁਮਾਰ ਉਰਫ ਸ਼ੀਲਾ ਪੁੱਤਰ ਵਿਜੈ ਕੁਮਾਰ ਵਾਸੀ ਵਾਰਡ ਨੰਬਰ 5 ਅਤੇ ਰੁਪਿੰਦਰ ਸਿੰਘ ਉਰਫ ਲਾਡੀ ਪੁੱਤਰ ਅਮਰਿੰਦਰ ਸਿੰਘ ਵਾਸੀ ਵਾਰਡ ਨੰਬਰ 7 ਮਾਹਿਲਪੁਰ ਥਾਣਾ ਮਾਹਿਲਪੁਰ ਵਿਖੇ ਦਰਜ ਰਜਿਸਟਰ ਕੀਤਾ ਗਿਆ ਸੀ, ਜਿਸ ਵਿੱਚ ਕਥਿਤ ਦੋਸ਼ੀ ਅਸ਼ੀਸ਼ ਕੁਮਾਰ ਉਕਤ ਪਹਿਲਾਂ ਹੀ ਗ੍ਰਿਫਤਾਰ ਕੀਤਾ ਚੁੱਕਾ ਸੀ ਲੇਕਿਨ ਦੂਜਾ ਕਥਿਤ ਦੋਸ਼ੀ ਰੁਪਿੰਦਰ ਸਿੰਘ ਉਰਫ ਲਾਡੀ ਜੋ ਕਿ ਆਪਣੀ ਗ੍ਰਿਫਤਾਰੀ ਦੇ ਡਰ ਤੋਂ ਕਾਫੀ ਸਮੇਂ ਤੋਂ ਲੁਕ ਛਿਪ ਕੇ ਰਹਿ ਰਿਹਾ ਸੀ, ਨੂੰ ਏ ਐਸ ਆਈ ਦਿਲਬਾਗ ਸਿੰਘ ਵਲੋਂ ਗਸ਼ਤ ਦੌਰਾਨ ਗ੍ਰਿਫਤਾਰ ਕੀਤਾ ਗਿਆ ਹੈ।

# ਪੀ ਟੀ ਐੱਮ ਆਰੀਆ ਕਾਲਜ ਦੇ ਨਤੀਜੇ ਰਹੇ ਸ਼ਾਨਦਾਰ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਸਥਾਨਕ ਪੀ ਟੀ ਐਮ ਆਰੀਆ ਕਾਲਜ ਦੇ ਡੀ ਸੀ ਏ. ਅਤੇ ਪੀ ਜੀ ਡੀ ਸੀ ਏ ਦੇ ਨਤੀਜੇ ਯੂਨੀਵਰਸਿਟੀ ਵੱਲੋਂ ਐਲਾਨੇ ਗਏ, ਜਿਸ ਅਨੁਸਾਰ ਜਸਪ੍ਰੀਤ ਸਿੰਘ 76%, ਬਿਮਲ ਕੁਮਾਰ 73%, ਗੁਰਿੰਦਰ ਜੀਤ 73%, ਜਗਜੀਤ 66%, ਰਮਨੀ 68% ਅਤੇ ਸੰਦੀਪ 67% ਅੰਕ ਲੈ ਕੇ ਕਾਲਜ ਵਿੱਚ ਉੱਚ ਸਥਾਨ ਹਾਸਲ ਕੀਤੇ। ਕਾਲਜ ਦੇ ਡਾਇਰੈਕਟਰ ਪ੍ਰੋ. ਆਰ ਕੇ ਜੈਨ ਨੇ ਕਿਹਾ ਕਿ ਕਾਲਜ ਦੇ ਕੰਪਿਊਟਰ ਵਿਭਾਗ ਦੇ ਅਧਿਆਪਕਾਂ ਦੀ ਮੇਹਨਤ ਸਦਕਾ ਵਿਦਿਆਰਥੀ ਇਨ੍ਹਾਂ ਕਿੱਤਾਮੁਖੀ ਵਿਸ਼ਿਆਂ ਵਿੱਚ ਚੰਗੇ ਅੰਕ ਹਾਸਲ ਕਰਕੇ ਆਪਣਾ ਭਵਿੱਖ ਬਣਾ ਲੈਂਦੇ ਹਨ। ਕੰਪਿਊਟਰ ਵਿਭਾਗ ਦੇ ਪ੍ਰੋਫ਼ ਰਜਨੀ ਪ੍ਰੋ. ਬਲਜੀਤ ਅਤੇ ਪ੍ਰੋ. ਦੀਕਸ਼ਾ ਦਾ ਵਿਦਿਆਰਥੀਆਂ ਨੇ ਤਹਿ ਦਿਲੋਂ ਧੰਨਵਾਦ ਕੀਤਾ।

# ਪੰਜਾਬ ਦੇ ਲੋਕਾਂ ਨੇ ਸੂਬਾ ਸਰਕਾਰ ਦੀਆਂ ਲੋਕ ਉਸਾਰੂ ਨੀਤੀਆਂ ਨੂੰ ਹਾਂ-ਪੱਖੀ ਹੁੰਗਾਰਾ ਦਿੱਤਾ : ਜਸਵੀਰ ਰਾਜਾ



**ਟਾਂਡਾ ਉੜਮੁੜ, ( ਜਸਵਿੰਦਰ ਸੰਧੂ, ਉਂਕਾਰ ਸਿੰਘ )**- ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਵੱਲੋਂ ਪ੍ਰਭਾਵਿਤ ਹੋ ਕੇ ਅੱਜ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਦਾ ਸਾਥ ਦੇ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਪਿੰਡ ਕੰਧਾਲੀ ਨੌਰੰਗਪੁਰ ਵਿਖੇ ਹੋਏ ਇਕ ਸਮਾਗਮ ਦੌਰਾਨ ਕੀਤਾ।ਇਸ ਮੌਕੇ ਵਿਧਾਇਕ ਰਾਜਾ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਤੇ ਸਰਪੰਚ ਸੁਖਵਿੰਦਰ ਸਿੰਘ, ਤੀਰਥ ਸਿੰਘ, ਕੁਲਵਿੰਦਰ ਸਿੰਘ, ਪਰਮਿੰਦਰ ਸਿੰਘ, ਵਰਿੰਦਰ ਸਿੰਘ, ਕਸ਼ਮੀਰ ਸਿੰਘ, ਬਿੰਦਰ ਸਿੰਘ, ਸੁਖਦੀਪ ਸਿੰਘ, ਹਰਬੰਸ ਸਿੰਘ, ਸਤਨਾਮ ਸਿੰਘ, ਬਲਦੇਵ ਸਿੰਘ, ਅਜੀਤ ਸਿੰਘ ਦਲਵੀਰ ਸਿੰਘ, ਬਲਵੀਰ ਸਿੰਘ, ਦੀਪਾ ਸਿੰਘ ,ਪਲਬੀਰ ਸਿੰਘ, ਮਹਿੰਗਾ ਸਿੰਘ, ਕਮਲਜੀਤ ਸਿੰਘ, ਦਲਵੀਰ ਸਿੰਘ, ਕਰਮਜੀਤ ਸਿੰਘ, ਨਨੂ ਸਿੰਘ, ਰਮਨਦੀਪ ਸਿੰਘ ਨੂੰ ਸਨਮਾਨਿਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਵਿੱਚ ਸੂਬੇ ਅੰਦਰ ਹੋ ਰਹੇ ਇਤਿਹਾਸਕ ਵਿਕਾਸ ਕਾਰਜਾਂ ਦੀ ਬਦੌਲਤ ਅੱਜ ਵੱਖੋ ਵੱਖ ਪਾਰਟੀਆਂ ਅਤੇ ਵਰਗਾਂ ਦੇ ਲੋਕ ਪਾਰਟੀ ਦੇ ਨਾਲ ਸਾਥ ਦੇ ਕੇ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਨੂੰ ਆਪਣਾ ਹਾਂ ਪੱਖੀ ਹੁੰਗਾਰਾ ਦੇ ਕੇ ਪਾਰਟੀ ਦਾ ਸਾਥ ਦੇ ਰਹੇ ਹਨ।

ਇਸ ਮੌਕੇ ਰਾਜਾ ਨੇ ਹੋਰ ਕਿਹਾ ਕਿ ਸੂਬਾ ਸਰਕਾਰ ਵੱਲੋਂ ਹਲਕਾ ਟਾਂਡਾ ਦੇ ਵਿਕਾਸ ਕਾਰਜਾਂ ਲਈ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਉਹਨਾਂ ਪਾਰਟੀ ਵਿੱਚ ਸ਼ਾਮਿਲ ਹੋਏ ਲੋਕਾਂ ਨੂੰ ਵਿਸ਼ਵਾਸ ਦਵਾਇਆ ਕਿ ਪਾਰਟੀ ਵਿੱਚ ਜਿੱਥੇ ਉਹਨਾਂ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ, ਉੱਥੇ ਹੀ ਪਿੰਡਾਂ ਦੀ ਕਾਇਆ ਕਲਪ ਕਰਨ ਵਾਸਤੇ ਵੀ ਸਰਕਾਰ ਹਰ ਸੰਭਵ ਉਪਰਾਲਾ ਕਰੇਗੀ। ਇਸ ਮੌਕੇ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਕੇਸਵ ਸਿੰਘ ਸੈਣੀ, ਸਰਪੰਚ ਸੁਖਵਿੰਦਰਜੀਤ ਸਿੰਘ ਝਾਵਰ, ਕੌਂਸਲਰ ਸੁਰਿੰਦਰਜੀਤ ਸਿੰਘ ਬਿੱਲੂ ਤੇ ਪਾਰਟੀ ਦੇ ਹੋਰ ਵਲੰਟੀਅਰ ਵੀ ਹਾਜ਼ਰ ਸਨ।

# ਸਿਵਲ ਹਸਪਤਾਲ ਭੁਲੱਥ 'ਚ ਡਾਕਟਰਾਂ ਨੇ 11 ਵਜੇ ਤੱਕ ਸਿਹਤ ਸੇਵਾਵਾਂ ਬੰਦ ਰੱਖੀਆਂ



**ਭੁਲੱਥ, (ਮਨਪ੍ਰੀਤ ਸਿੰਘ)**-ਸਰਕਾਰੀ ਡਾਕਟਰਾਂ ਦੀ ਪ੍ਰਮੁੱਖ ਜਥੇਬੰਦੀ ਪੰਜਾਬ ਸਿਵਲ ਮੈਡੀਕਲ ਸਰਵਿਸਿਸ ਐਸੋਸੀਏਸ਼ਨ ਵਲੋਂ ਪੰਜਾਬ ਭਰ ਦੇ ਸਾਰੇ ਸਰਕਾਰੀ ਹਸਪਤਾਲਾਂ ਤੇ ਸਿਹਤ ਕੇਂਦਰਾਂ ਵਿੱਚ 9 ਸਤੰਬਰ ਤੋਂ ਐਲਾਨੀ ਹੋਈ ਹੜਤਾਲ ਦੌਰਾਨ 8 ਤੋਂ 11 ਵਜੇ ਤੱਕ ਓ.ਪੀ.ਡੀ ਸੇਵਾਵਾਂ ਬੰਦ ਰੱਖੀਆਂ ਗਈਆਂ, ਇਸੇ ਤਰ੍ਹਾਂ ਹੀ ਸਿਵਲ ਹਸਪਤਾਲ ਭੁਲੱਥ 'ਚ ਡਾਕਟਰਾਂ ਵੱਲੋ ਹੜਤਾਲ ਕੀਤੀ ਗਈ । ਇਸ ਦੌਰਾਨ ਜਿਨ੍ਹਾਂ ਮਰੀਜ਼ਾਂ ਨੂੰ ਹੜਤਾਲ ਬਾਰੇ ਜਾਣਕਾਰੀ ਨਹੀਂ ਸੀ, ਉਹ ਸਮੇਂ 'ਤੇ ਆ ਕੇ ਖੜ੍ਹੇ ਰਹੇ ਅਤੇ ਸਾਰੇ ਹਸਪਤਾਲਾਂ ਵਿੱਚ ਕਾਫੀ ਭੀੜ ਦੇਖੀ ਗਈ। ਮੈਡੀਕਲ ਅਫਸਰਾਂ ਨੇ ਸਰਕਾਰ ਪ੍ਰਤੀ ਆਪਣੀਆਂ ਮੰਗਾਂ ਦੇ ਪੈਂਫਲਟ ਵੰਡ, ਫਲੈਕਸ ਬੈਨਰ ਅਤੇ ਭਾਸ਼ਣਾਂ ਰਾਹੀਂ ਮਰੀਜ਼ਾਂ ਨੂੰ ਆਪਣੀਆਂ ਮੰਗਾਂ ਤੋਂ ਜਾਣੂ ਕਰਵਾਇਆ। ਸੁਰੱਖਿਆ ਦੇ ਮੁੱਦੇ 'ਤੇ ਲੇਡੀ ਡਾਕਟਰਾਂ ਵਿੱਚ ਕਾਫੀ ਰੋਸ ਵੇਖਣ ਨੂੰ ਮਿਲਿਆ, ਕਿਉਂਕਿ ਕੱਲ੍ਹ ਵੀ ਮੋਹਾਲੀ ਜ਼ਿਲ੍ਹੇ ਵਿੱਚ ਇੱਕ ਗਰਭਵਤੀ ਡਾਕਟਰ 'ਤੇ ਡਿਊਟੀ ਦੌਰਾਨ ਹਮਲਾ ਕੀਤਾ ਗਿਆ। ਜ਼ਿਆਦਾਤਰ ਮਰੀਜ਼ ਵੀ ਡਾਕਟਰਾਂ ਦੀ ਜਾਇਜ਼ ਮੰਗਾਂ 'ਤੇ ਸਮਰਥਨ ਕਰਦੇ ਹੋਏ ਉਹਨਾਂ ਦੇ ਨਾਲ ਖੜ੍ਹੇ ਦਿਖੇ। ਪਹਿਲਾਂ ਐਸੋਸੀਏਸ਼ਨ ਵੱਲੋਂ ਅਨਿਸਚਿਤ ਕਾਲ ਤੱਕ ਪੂਰਨ ਤੌਰ 'ਤੇ ਬੰਦ ਦਾ ਐਲਾਨ ਕੀਤਾ ਗਿਆ ਸੀ, ਪਰ ਸਿਹਤ ਮੰਤਰੀ ਵੱਲੋਂ ਕੀਤੀ ਗਈ ਅਪੀਲ ਅਤੇ ਕੈਬਨਿਟ ਦੀ ਸਬ ਕਮੇਟੀ ਦੇ ਤੌਰ 'ਤੇ ਵਿੱਤ ਮੰਤਰੀ ਨਾਲ ਐਸੋਸੀਏਸ਼ਨ ਨੂੰ ਮੀਟਿੰਗ ਕਰਵਾਏ ਜਾਣ ਦਾ ਸੱਦਾ ਦੇਣ ਤੋਂ ਬਾਅਦ ਡਾਕਟਰਾਂ ਨੇ ਮਰੀਜ਼ਾਂ ਤੇ ਲੋਕ ਹਿੱਤ ਨੂੰ ਮੁੱਖ ਰੱਖਦੇ ਹੋਏ ਆਪਣਾ ਵਿਦਰੋਹ ਥੋੜ੍ਹਾ ਘਟਾਇਆ ਹੈ। ਉਹਨਾਂ ਕਿਹਾ ਕਿ ਅਸੀਂ ਗੱਲਬਾਤ ਲਈ ਸੁਖਾਵਾਂ ਮਾਹੌਲ ਬਣਾਏ ਰੱਖਣਾ ਚਾਹੁੰਦੇ ਹਾਂ, ਪਰ ਹਾਲੇ ਵੀ ਕਿਉਂਕਿ ਸਰਕਾਰ ਦੀ ਤਰਫ ਤੋਂ ਸਿਹਤ ਮੰਤਰੀ ਦੁਆਰਾ ਦਿੱਤੇ ਗਏ ਸੁਰੱਖਿਆ ਪ੍ਰਬੰਧਾਂ ਦੇ ਭਰੋਸੇ ਜ਼ਮੀਨੀ ਪੱਧਰ 'ਤੇ ਨਹੀਂ ਪਹੁੰਚੇ, ਨਾ ਹੀ ਸਰਕਾਰ ਵਾਰ-ਵਾਰ ਮੀਟਿੰਗਾਂ ਵਿੱਚ ਸਮਾਂਬੱਧ ਤਰੱਕੀਆਂ ਸਬੰਧੀ ਕੋਈ ਨੋਟੀਫਿਕੇਸ਼ਨ ਲੈ ਕੇ ਆਈ ਹੈ। ਜੇ ਇਸ ਤੋਂ ਬਾਅਦ ਵੀ ਸਰਕਾਰ ਨੇ ਆਪਣਾ ਢਿੱਲਾ ਰਵੱਈਆ ਬਣਾਈ ਰੱਖਿਆ ਤਾਂ ਉਹਨਾਂ ਦੀ ਕਿਸੇ ਵੀ ਗੱਲ 'ਤੇ ਭਰੋਸਾ ਕਰਨਾ ਮੁਸ਼ਕਿਲ ਹੋ ਜਾਵੇਗਾ। ਇਹ ਅੰਦੋਲਨ ਆਪਣੀ ਜਾਇਜ ਪ੍ਰਮੁੱਖ ਮੰਗਾਂ ਮਨਾਉਣ ਤੋਂ ਬਿਨਾਂ ਨਹੀਂ ਰੁਕੇਗਾ। ਐਸੋਸੀਏਸ਼ਨ ਨੇ ਆਪਣੀ ਅਗਲੀ ਨੀਤੀ ਬਾਰੇ ਦੱਸਦਿਆਂ ਕਿਹਾ ਕਿ ਇਹ ਹੜਤਾਲ ਦੀ ਰੂਪ ਰੇਖਾ ਨੂੰ ਤਿੰਨ ਭਾਗਾਂ ਵਿੱਚ ਵੰਡਿਆ ਜਾ ਰਿਹਾ ਹੈ। ਪਹਿਲੇ ਤਿੰਨ ਦਿਨ ਲਈ ਸਿਰਫ ਅੱਧੇ ਦਿਨ ਦੇ ਲਈ ਓ ਪੀ ਡੀ ਬੰਦ ਰੱਖੀ ਜਾਵੇਗੀ। ਜੇ ਸਰਕਾਰ ਫਿਰ ਵੀ ਕੋਈ ਹੱਲ ਨਹੀਂ ਲੈ ਕੇ ਆਉਂਦੀ ਤਾਂ ਫੇਸ ਦੋ ਵਿੱਚ 12 ਸਤੰਬਰ ਤੋਂ ਪੂਰੇ ਸਮੇਂ ਲਈ ਸਾਰੀਆਂ ਸੇਵਾਵਾਂ ਬੰਦ ਕੀਤੀਆਂ ਜਾਣਗੀਆਂ। ਸਿਰਫ ਐਮਰਜੰਸੀ ਮਰੀਜ਼ਾਂ ਦੀ ਲੋੜ ਨੂੰ ਦੇਖਦੇ ਹੋਏ ਬਹਾਲ ਰੱਖੀ ਜਾਵੇਗੀ। ਇਸ ਤੋਂ ਬਾਅਦ ਵੀ 16 ਸਤੰਬਰ ਜੇਕਰ ਨੌਬਤ ਆਈ ਤਾਂ ਹਰ ਤਰ੍ਹਾਂ ਦੇ ਮੈਡੀਕੋ ਲੀਗਲ ਸੇਵਾਵਾਂ ਵੀ ਡਾਕਟਰ ਮਜਬੂਰ ਹੋ ਕੇ ਛੱਡ ਜਾਣਗੇ।ਇਸ ਮੌਕੇ ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਹਰਜਿੰਦਰ ਸਿੰਘ, ਡਾਕਟਰ ਅਮ੍ਰਿਤਪਾਲ ਸਿੰਘ, ਡਾਕਟਰ ਮੋਹਿਤ ਪਾਲ, ਡਾਕਟਰ ਨੇਹਾ, ਡਾਕਟਰ ਨਰਿੰਦਰ ਪਾਲ, ਡਾਕਟਰ ਅਨੂਪ, ਤੇ ਸਮੂਹ ਸਟਾਫ਼ ਹਾਜ਼ਰ ਸਨ।

# ਵਧੀਆ ਸੇਵਾਵਾਂ ਬਦਲੇ ਐੱਸ ਐੱਸ ਪੀ ਰੂਪਨਗਰ ਦਾ ਸਨਮਾਨ



**ਮੋਰਿੰਡਾ( ਜੈਜ਼ੀ ਸਰਦਾਰ )**- ਸ਼ਹੀਦ ਬਾਬਾ ਦੀਪ ਸਿੰਘ ਕਲੱਬ ਦੇ ਪ੍ਰਧਾਨ ਜਸਵਿੰਦਰ ਸਿੰਘ ਕੋਹਲੀ ਤੇ ਉਨ੍ਹਾਂ ਦੀ ਟੀਮ ਵੱਲੋਂ ਗੁਲਨੀਤ ਸਿੰਘ ਖੁਰਾਣਾ ਐਸ ਐਸ ਪੀ ਰੂਪਨਗਰ ਦਾ ਵਧੀਆ ਸੇਵਾਵਾਂ ਬਦਲੇ ਸਨਮਾਨਤ ਕੀਤਾ ਗਿਆ। ਜ਼ਿਲ੍ਹੇ ਵਿੱਚ ਕਾਨੂੰਨ ਵਿਵਸਥਾ ਨੂੰ ਵਧੀਆ ਢੰਗ ਨਾਲ ਚਲਾਉਣ ਅਤੇ ਨਸ਼ਿਆਂ ਵਿਰੁੱਧ ਸਖ਼ਤੀ ਕਰਨ ਤੇ ਸਮਾਜ ਵਿਰੋਧੀ ਅਨਸਰਾਂ ਨੂੰ ਨਕੇਲ ਪਾਉਣ 'ਤੇ ਗੁਲਨੀਤ ਸਿੰਘ ਖੁਰਾਣਾ ਐਸ ਐਸ ਪੀ ਰੂਪਨਗਰ ਦਾ ਸਨਮਾਨ ਕੀਤਾ ਗਿਆ। ਜਸਵਿੰਦਰ ਸਿੰਘ ਕੋਹਲੀ ਨੇ ਕਿਹਾ ਕਿ ਸਾਨੂੰ ਇਹੋ ਜਿਹੇ ਅਫਸਰਾਂ ਦੀ ਬਹੁਤ ਲੋੜ ਹੈ। ਇਸ ਮੌਕੇ ਮਨਿੰਦਰ ਸਿੰਘ ਮਾਨਖੇੜੀ ਪ੍ਰਧਾਨ ਗੋਲਡਨ ਸਟਾਰ ਕਲੱਬ ਮੋਰਿੰਡਾ, ਗੁਰਦਾਸ ਸਿੰਘ ਦੁੱਮਣਾ ਆਦਿ ਹਾਜ਼ਰ ਸਨ।

# ਡਾ. ਅੰਬੇਡਕਰ ਬੈਸਟ ਟੀਚਰ ਐਵਾਰਡ ਸਮਾਰੋਹ ਫਗਵਾੜਾ 'ਚ ਭਲਕੇ





**ਫਗਵਾੜਾ (ਜਸਵਿੰਦਰ ਢੱਡਾ)**- ਗਜ਼ਟਿਡ ਅਤੇ ਨਾਨ ਗਜ਼ਟਿਡ ਐਸ ਸੀ ਬੀ ਸੀ ਇੰਪਲਾਈਜ਼ ਵੈਲਫੇਅਰ ਫੈਡਰੇਸ਼ਨ ਇਕਾਈ ਕਪੂਰਥਲਾ ਦੇ ਜ਼ਿਲ੍ਹਾ ਪ੍ਰਧਾਨ ਅਤੇ ਅਡੀਸ਼ਨਲ ਸਟੇਟ ਪ੍ਰਧਾਨ ਸਤਵੰਤ ਸਿੰਘ ਟੂਰਾ, ਮਨਜੀਤ ਗਾਟ, ਲਖਵੀਰ ਚੰਦ, ਗਿਆਨ ਚੰਦ ਵਾਹਦ, ਵਿਨੋਦ ਕੁਮਾਰ, ਬਲਵਿੰਦਰ ਨਿਧੜਕ ਨੇ ਪ੍ਰੈਸ ਨੂੰ ਦੱਸਿਆ ਕਿ ਫੈਡਰੇਸ਼ਨ ਵੱਲੋਂ ਦੇਸ਼ ਅਤੇ ਸਮਾਜ ਦੇ ਮਹਾਨ ਰਹਿਬਰ ਬਾਬਾ ਸਾਹਿਬ ਡਾਕਟਰ ਬੀ ਆਰ ਅੰਬੇਦਕਰ ਦੇ ਨਾਂ ਉੱਪਰ ਬੈਸਟ ਟੀਚਰਜ਼ ਐਵਾਰਡ ਸ਼ੁਰੂ ਕੀਤਾ ਗਿਆ ਹੈ।ਇਹ ਐਵਾਰਡ ਸਿੱਖਿਆ ਦੇ ਖੇਤਰ ਵਿੱਚ ਸ਼ਲਾਘਾਯੋਗ ਕੰਮ ਕਰਨ ਵਾਲੇ ਮਿਹਨਤੀ, ਕਰਮਸ਼ੀਲ ਸਮਾਜ ਅਤੇ ਬੱਚਿਆਂ ਲਈ ਦਿਨ ਰਾਤ ਇੱਕ ਕਰਨ ਵਾਲੇ ਅਧਿਆਪਕਾਂ ਨੂੰ ਦਿੱਤਾ ਜਾਂਦਾ ਹੈ। ਇਸ ਸਾਲ ਵੀ ਇਹ ਐਵਾਰਡ ਕਪੂਰਥਲਾ ਜ਼ਿਲੇ ਦੇ ਵੱਖ-ਵੱਖ ਅਧਿਆਪਕਾਂ ਜਿਨ੍ਹਾਂ ਨੇ ਸਿੱਖਿਆ ਦੇ ਖੇਤਰ ਵਿੱਚ ਮੱਲਾਂ ਮਾਰੀਆਂ ਹਨ ਅਤੇ ਆਪਣੀ ਮਿਹਨਤ ਨਾਲ ਸਮਾਜ ਅਤੇ ਬੱਚਿਆਂ ਲਈ ਚਾਨਣ ਮੁਨਾਰਾ ਬਣੇ ਹਨ, ਨੂੰ ਦਿੱਤਾ ਜਾਵੇਗਾ। ਟੂਰਾ ਨੇ ਦੱਸਿਆ ਕਿ ਇਸ ਸਾਲ ਇਹ ਐਵਾਰਡ 11 ਅਧਿਆਪਕਾਂ ਨੂੰ, ਜਿਨ੍ਹਾਂ ਦੀ ਚੋਣ ਫੈਡਰੇਸ਼ਨ ਵੱਲੋਂ ਬਣਾਈ ਗਈ ਕਮੇਟੀ ਅਤੇ ਪੂਰੇ ਜ਼ਿਲ੍ਹੇ ਦੇ ਵੱਖ-ਵੱਖ ਅਧਿਆਪਕ ਸਾਥੀਆਂ ਵੱਲੋਂ ਦਿੱਤੇ ਗਏ ਸੁਝਾਵਾਂ ਦੇ ਆਧਾਰ 'ਤੇ ਚੁਣੇ ਗਏ ਨਾਵਾਂ ਵਿੱਚੋਂ ਚੁਣੇ ਗਏ ਅਧਿਆਪਕਾਂ ਨੂੰ ਦਿੱਤਾ ਜਾਵੇਗਾ।ਮਨਜੀਤ ਗਾਟ ਅਤੇ ਲਖਵੀਰ ਚੰਦ ਨੇ ਦੱਸਿਆ ਕਿ ਵੱਖ-ਵੱਖ ਖੇਤਰਾਂ ਵਿੱਚ ਅਹਿਮ ਯੋਗਦਾਨ ਪਾਉਣ ਵਾਲੀਆਂ ਚਾਰ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਵੀ ਇਸ ਸਮਾਗਮ ਵਿੱਚ ਕੀਤਾ ਜਾਵੇਗਾ।ਇਹ ਸਨਮਾਨ ਸਮਾਰੋਹ ਫਗਵਾੜਾ ਵਿਖੇ ਸਿਟੀ ਕਲੱਬ, ਰੈਸਟ ਹਾਊਸ ਫਗਵਾੜਾ ਵਿੱਚ 12 ਸਤੰਬਰ ਨੂੰ 2.30 ਵਜੇ ਕੀਤਾ ਜਾਵੇਗਾ। ਜਾਣਕਾਰੀ ਦੇਣ ਸਮੇਂ ਕਮਲੇਸ਼ ਸੰਧੂ, ਜੋਤੀ, ਮਨਿੰਦਰ, ਸੁਖਦੇਵ ਸਿੰਘ, ਸਤਨਾਮ ਗਿੱਲ, ਗੁਰਸੇਵਕ ਸਿੰਘ, ਅਸ਼ੋਕ ਕੁਮਾਰ, ਪਵਨ ਕੁਮਾਰ, ਕੁਲਦੀਪ ਰਾਮ, ਰਾਮਪਾਲ, ਜਸਵੀਰ ਕੁਮਾਰ ਅਤੇ ਹੋਰ ਸਾਥੀ ਸ਼ਾਮਲ ਸਨ।

# ਸ਼ਹੀਦ ਸਿੰਘਾਂ ਦੀ ਯਾਦ 'ਚ ਸਲਾਨਾ ਸਮਾਗਮ ਕਰਵਾਇਆ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)**- ਸ਼ਹੀਦ ਸਿੰਘਾਂ ਦੀ ਯਾਦ 'ਚ ਚਾਨਾ ਪਰਵਾਰ ਵਲੋਂ ਸਲਾਨਾ ਧਾਰਮਿਕ ਸਮਾਗਮ ਬੰਗਾ ਚੌਂਕ ਵਿਖੇ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਭਾਈ ਸ਼ਮਸ਼ੇਰ ਸਿੰਘ ਹਜ਼ੂਰੀ ਰਾਗੀ ਦੇ ਜਥੇ ਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਤੇ ਭਾਈ ਕੁਲਵਿੰਦਰ ਸਿੰਘ ਨੇ ਸੰਗਤਾਂ ਨੂੰ ਧਾਰਮਿਕ ਪ੍ਰਵਚਨਾ ਰਾਹੀਂ ਨਿਹਾਲ ਕੀਤਾ।ਇਸ ਮੌਕੇ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼, ਆਪ ਪੰਜਾਬ ਦੇ ਬੁਲਾਰਾ ਹਰਜੀ ਮਾਨ, ਹਨੀ ਧਾਲੀਵਾਲ, ਸੀਨੀਅਰ ਨਿਊਜ਼ ਐਡੀਟਰ ਅਵਤਾਰ ਸਿੰਘ ਸ਼ੇਰਗਿੱਲ, ਸਾਬਕਾ ਕੌਂਸਲਰ ਮੁਨੀਸ਼ ਪ੍ਰਭਾਕਰ, ਸਰਬਜੀਤ ਕੌਰ, ਪਰਮਜੀਤ ਕੌਰ ਕੰਬੋਜ, ਵਰਿੰਦਰ ਸਿੰਘ ਕੰਬੋਜ, ਪ੍ਰੋ. ਜਸਵੰਤ ਸਿੰਘ ਗੰਡਮ, ਬਹਾਦਰ ਸਿੰਘ ਸੰਗਤਪੁਰ, ਸ਼ੂਗਰ ਮਿੱਲ ਦੇ ਜੀ.ਐਮ ਬੀ.ਪੀ. ਵਰਮਾ, ਸਾਬਕਾ ਐਸ.ਐਮ.ਓ ਡਾ. ਰਾਜੀਵ ਗੁਪਤਾ, ਡਾ. ਰਾਜੇਸ਼ ਚੰਦਰ, ਡਾ. ਰਜਿੰਦਰ ਕੁਮਾਰ, ਡਾ. ਆਰ.ਐਸ.ਨਾਗਪਾਲ, ਡਾ. ਨਰਿੰਦਰ ਸਿੰਘ, ਇੰਦਰਜੀਤ ਸਿੰਘ ਮਠਾੜੂ, ਸੀ.ਟੀ.ਪੀ ਤੇਜਬੀਰ ਸਿੰਘ, ਕਵਿਸ਼ਰੀ ਅਮਨਿੰਦਰ ਕੌਰ ਰੂਬੀ, ਸਾਬਕਾ ਡੀ.ਆਰ.ਓ ਸੁਰਿੰਦਰ ਸਿੰਘ ਚਾਨਾ, ਨਰਿੰਦਰ ਸਿੰਘ, ਹਰਮਿੰਦਰ ਸਿੰਘ ਬਸਰਾ, ਬਲਬੀਰ ਸਿੰਘ ਗੰਡਵਾਂ, ਗੁਰਬਖਸ਼ ਸਿੰਘ ਅਠੋਲੀ ਆਦਿ ਸ਼ਾਮਿਲ ਸਨ।

# 48 ਕਿਲੋ ਪਾਬੰਦੀਸ਼ੁਦਾ ਥਾਈ ਮੰਗੂਰ ਮੱਛੀ ਜ਼ਬਤ ਕਰਕੇ ਨਸ਼ਟ ਕਰਵਾਈ

**ਜਲੰਧਰ, (ਸੁਰਿੰਦਰ ਕੁਮਾਰ)**-ਸਥਾਨਕ ਜਲੰਧਰ 'ਚ ਵੱਡੇ ਪੱਧਰ 'ਤੇ ਪਾਬੰਦੀਸ਼ੁਦਾ ਮੱਛੀ ਵੇਚਣ ਦੀਆਂ ਮਿਲੀਆ ਸ਼ਿਕਾਇਤਾਂ ਤੋਂ ਬਾਅਦ ਜਲੰਧਰ 'ਚ ਬੈਠੇ ਮੱਛੀ ਪਾਲਣ ਵਿਭਾਗ ਦੇ ਅਧਿਕਾਰੀਆਂ ਵੱਲੋਂ ਜ਼ਿਲ੍ਹਾ ਜਲੰਧਰ ਦੀਆਂ ਵੱਖ-ਵੱਖ ਮੱਛੀ ਮੰਡੀਆਂ ਦੀ ਚੈਕਿੰਗ ਕੀਤੀ ਗਈ, ਜਿਸ ਦੌਰਾਨ ਦੋ ਮੱਛੀ ਵਿਕਰੇਤਾਵਾਂ ਕੋਲੋਂ 48 ਕਿਲੋ ਪਾਬੰਦੀਸ਼ੁਦਾ ਮੰਗੂਰ ਮੱਛੀ ਜ਼ਬਤ ਕਰਕੇ ਉਨ੍ਹਾਂ ਨੂੰ ਪੰਜ ਹਜ਼ਾਰ ਰੁਪਏ ਜੁਰਮਾਨਾ ਕੀਤਾ ਗਿਆ।ਸੀਨੀਅਰ ਮੱਛੀ ਪਾਲਣ ਅਫ਼ਸਰ ਸ਼ੁਭਵੰਤ ਕੌਰ ਨੇ ਦੱਸਿਆ ਕਿ ਪਾਬੰਦੀਸ਼ੁਦਾ ਥਾਈ ਮੰਗੂਰ ਮੱਛੀ ਦੀ ਰੋਕਥਾਮ ਲਈ ਵਿਭਾਗ ਦੇ ਅਧਿਕਾਰੀਆਂ ਵੱਲੋਂ ਜ਼ਿਲ੍ਹੇ ਦੀਆਂ ਵੱਖ-ਵੱਖ ਮੱਛੀ ਮੰਡੀਆਂ ਦੀ ਸਮੇਂ-ਸਮੇਂ 'ਤੇ ਚੈਕਿੰਗ ਕੀਤੀ ਜਾਂਦੀ ਹੈ। ਵਿਭਾਗੀ ਟੀਮ ਵੱਲੋਂ ਚੈਕਿੰਗ ਦੌਰਾਨ ਸਥਾਨਕ ਮੱਛੀ ਮੰਡੀ ਬਸਤੀ ਬਾਵਾ ਖੇਲ ਵਿਖੇ ਦੋ ਮੱਛੀ ਵਿਕੇਰਤਾਵਾਂ ਕੋਲੋਂ 48 ਕਿਲੋ ਪਾਬੰਦੀਸ਼ੁਦਾ ਮੰਗੂਰ ਮੱਛੀ ਵਿਭਾਗੀ ਨਿਯਮਾਂ ਅਨੁਸਾਰ ਜ਼ਬਤ ਕਰਕੇ ਨਸ਼ਟ ਕੀਤੀ ਗਈ ਅਤੇ ਵਿਕਰੇਤਾਵਾਂ ਪਾਸੋਂ ਪੰਜ ਹਜ਼ਾਰ ਰੁਪਏ ਹਰਜਾਨਾ ਵਸੂਲ ਕਰਕੇ ਸਰਕਾਰੀ ਖਜ਼ਾਨੇ ਵਿਚ ਜਮ੍ਹਾ ਕਰਵਾਇਆ ਗਿਆ। ਸੀਨੀਅਰ ਮੱਛੀ ਪਾਲਣ ਅਫ਼ਸਰ ਨੇ ਦੱਸਿਆ ਕਿ ਭਾਰਤ ਅਤੇ ਪੰਜਾਬ ਸਰਕਾਰ ਵੱਲੋਂ ਥਾਈ ਮੰਗੂਰ ਮੱਛੀ 'ਤੇ ਪਾਬੰਦੀ ਲਗਾਈ ਹੋਈ ਹੈ। ਪੰਜਾਬ ਰਾਜ ਵਿੱਚ ਇਹ ਮੱਛੀ ਪਾਏ ਜਾਣ 'ਤੇ ਪੰਜਾਬ ਫਿਸ਼ਰੀਜ਼ ਐਕਟ ਅਨੁਸਾਰ ਕਾਰਵਾਈ ਕੀਤੀ ਜਾਂਦੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸਹਾਇਕ ਡਾਇਰੈਕਟਰ ਮੱਛੀ ਪਾਲਣ ਗੁਰਪ੍ਰੀਤ ਸਿੰਘ ਵੱਲੋਂ ਜ਼ਿਲ੍ਹਾ ਜਲੰਧਰ ਵਿੱਚ ਇਸ ਮੱਛੀ ਦੀ ਰੋਕਥਾਮ ਲਈ ਟੀਮ ਗਠਿਤ ਕੀਤੀ ਗਈ ਹੈ, ਜਿਸ ਵੱਲੋਂ ਸਮੇਂ-ਸਮੇਂ 'ਤੇ ਮੱਛੀ ਮੰਡੀਆਂ ਚੈੱਕ ਕਰਕੇ ਪੰਜਾਬ ਫਿਸ਼ਰੀਜ਼ ਐਕਟ ਅਨੁਸਾਰ ਕਾਰਵਾਈ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਮੱਛੀ ਦੀ ਰੋਕਥਾਮ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਵੀ ਪਾਬੰਦੀ ਲਗਾਈ ਗਈ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਇਸ ਪਾਬੰਦੀ ਸਬੰਧੀ ਸਮੇਂ-ਸਮੇਂ 'ਤੇ ਮੱਛੀ ਵਿਕਰੇਤਾਵਾਂ ਨੂੰ ਜਾਗਰੂਕ ਕੀਤਾ ਜਾਂਦਾ ਹੈ। ਉਨ੍ਹਾਂ ਮੱਛੀ ਵਿਕਰੇਤਾਵਾਂ ਨੂੰ ਅਪੀਲ ਕੀਤੀ ਕਿ ਇਸ ਪਾਬੰਦੀਸ਼ੁਦਾ ਮੱਛੀ ਨੂੰ ਨਾ ਵੇਚਿਆ ਜਾਵੇ।

ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਕਰੇਤਾ ਇਹ ਪਾਬੰਦੀਸ਼ੁਦਾ ਮੱਛੀ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

# 'ਸਹੀ ਪੋਸ਼ਣ ਦੇਸ਼ ਰੋਸ਼ਨ' ਨਾਹਰੇ ਹੇਠ ਜਾਗਰੂਕਤਾ ਰੈਲੀ ਕੱਢੀ



**ਅੱਪਰਾ (ਨਿਰਮਲ ਗੁੜਾ)**- ਹਲਕਾ ਫਿਲੌਰ ਦੇ ਆਂਗਣਵਾੜੀ ਸੈਂਟਰ ਛੋਕਰਾਂ ਵਿਖੇ ਪੋਸ਼ਣ ਮਾਂਹ ਮਨਾਇਆ ਗਿਆ, ਜਿਸ ਵਿੱਚ ਛੋਟੇ ਬੱਚੇ ਅਤੇ ਬੱਚਿਆਂ ਦੇ ਮਾਪਿਆਂ ਨੇ ਹਿੱਸਾ ਲਿਆ। ਇਸ ਮੌਕੇ ਰਾਸ਼ਟਰੀ ਝੰਡਾ ਲਹਿਰਾਉਣ ਉਪਰੰਤ ਸਮਾਜ ਨੂੰ ਨਿਰੋਗ ਅਤੇ ਨਰੋਆ ਬਣਾਉਣ ਦੀ ਸੌਂਹ ਚੁੱਕੀ ਗਈ। ਸਮਾਜ ਵਿੱਚ ਜਾਗਰੂਕਤਾ ਪੈਦਾ ਕਰਨ ਵਾਸਤੇ 'ਸਹੀ ਪੋਸ਼ਣ ਦੇਸ਼ ਰੋਸ਼ਨ' ਦੇ ਨਾਹਰੇ ਹੇਠ ਰੈਲੀ ਕੱਢੀ ਗਈ। ਇਸ ਮੌਕੇ ਲਾਭਪਾਤਰੀਆਂ ਨੂੰ ਰਾਸ਼ਨ ਵੀ ਵੰਡਿਆ ਗਿਆ। ਇਸ ਮੌਕੇ ਆਂਗਣਵਾੜੀ ਵਰਕਰ ਪਰਮਜੀਤ ਕੌਰ ਤੇ ਜਗਦੀਸ਼ ਕੌਰ, ਹੈਲਪਰ ਅੰਜੂ ਬਾਲਾ ਤੇ ਮਮਤਾ ਸੇਠੀ, ਸਕੂਲ ਅਧਿਆਪਕ ਕੁਲਵੀਰ ਸਿੰਘ, ਗੀਨਾ ਰਾਣੀ ਅਤੇ ਨਿਰਮਲ ਕੌਰ ਹਾਜ਼ਰ ਸਨ।

# ਸੜਕ ਦੀ ਹਾਲਤ ਤਰਸਯੋਗ ਬਣੀ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਚੰਡੀਗੜ੍ਹ ਰੋਡ ਤੇ ਨਵੀਂ ਬਣੀ ਕੋਰਟ ਕੰਪਲੈਕਸ ਤੇ ਸਿਵਲ ਹਸਪਤਾਲ ਨੂੰ ਜਾਂਦੀ ਸੜਕ ਦੀ ਹਾਲਤ ਤਰਸਯੋਗ ਬਣੀ ਹੋਈ ਹੈ।ਜਾਣਕਾਰੀ ਦਿੰਦੇ ਹੋਏ ਬਹੁਜਨ ਸਮਾਜ ਪਾਰਟੀ ਦੇ ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ, ਸੁਰਜੀਤ ਕਰੀਮਪੁਰੀ ਨੇ ਕਿਹਾ ਕਿ ਇਹ ਸੜਕ ਕਈ ਥਾ ਤੋਂ ਟੁੱਟੀ ਹੋਈ ਹੈ। ਕਈ ਥਾਵਾਂ ਖੱਡੇ ਦਾ ਰੂਪ ਧਾਰਨ ਕਰ ਗਈਆਂ ਹਨ। ਪਰ ਪ੍ਰਸ਼ਾਸਨ ਅਤੇ ਲੋਕ ਨਿਰਮਾਣ ਵਿਭਾਗ ਅਣਜਾਣ ਬਣਿਆ ਹੋਇਆ ਹੈ। ਸਿਵਲ ਹਸਪਤਾਲ ਨੂੰ ਜਾਣ ਵਾਲੀ ਇਹ ਸੜਕ ਹੈ ਜਿੱਥੋਂ ਰੋਜ਼ਾਨਾ ਮਰੀਜ਼ਾਂ ਨੂੰ ਆਟੋ, ਗੱਡੀਆਂ, ਐਂਬੂਲੈਂਸ ਪਿੰਡਾਂ ਸ਼ਹਿਰਾਂ ਦੇ ਲੋਕ ਲੰਘਦੇ ਹਨ। ਜਿਸ ਦਾ 1 ਕਿਲੋਮੀਟਰ ਸੜਕ ਦਾ ਬੁਰਾ ਹਾਲ ਹੈ। ਕੋਈ ਸੜਕ ਦੀ ਸਾਰ ਨਹੀਂ ਲੈ ਰਿਹਾ। ਇੱਥੋਂ ਤੱਕ ਕਿ ਤੁਰਨਾ ਵੀ ਮੁਸ਼ਕਲ ਹੋ ਗਿਆ ਹੈ। ਇਸ ਸੜਕ ਦੀ ਖਸਤਾ ਹਾਲਤ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜਸਵਿੰਦਰ ਮਹਿਮੀ, ਹਰਮੇਸ਼ ਕਸ਼ਯਪ, ਸੁਰਜੀਤ ਸਿੰਘ ਉੜਾਪੜ, ਸੰਦੀਪ ਕੁਮਾਰ ਗੜ੍ਹੀ, ਜਤਿੰਦਰ ਜੇਠੂ ਮਜਾਰਾ, ਸੁਖਵਿੰਦਰ ਚੂਬਰ, ਮੱਖਣ ਲਾਲ ਚੌਹਾਨ, ਸੁਰਜੀਤ ਕਰੀਮਪੁਰੀ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਸੜਕ ਨੂੰ ਜਲਦੀ ਤੋਂ ਜਲਦੀ ਬਣਾਇਆ ਜਾਵੇ ਤਾਂ ਕਿ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ।

# ਵੇਦ ਪ੍ਰਕਾਸ਼ ਸ਼ਰਮਾ ਨਮਿਤ ਸਸਕੌਰ ਦੇ ਕਮਿਊਨਿਟੀ ਹਾਲ 'ਚ ਸ਼ਰਧਾਂਜਲੀ ਸਮਾਗਮ



**ਨੂਰਪੁਰ ਬੇਦੀ**-ਬੀਤੇ ਦਿਨੀਂ ਵਿਛੋੜਾ ਦੇ ਗਏ ਮਿਸਾਲੀ ਕਮਿਊਨਿਸਟ, ਭਾਰਤੀ ਇਨਕਲਾਬੀ ਮਾਰਕਸਵਾਦੀ ਕਮਿਊਨਿਸਟ ਪਾਰਟੀ (ਆਰ.ਐਮ.ਪੀ.ਆਈ.) ਦੇ ਸੂਬਾ ਸਕੱਤਰੇਤ ਦੇ ਮੈਂਬਰ ਸਾਥੀ ਵੇਦ ਪ੍ਰਕਾਸ਼ ਸ਼ਰਮਾ ਨਮਿੱਤ ਉਨ੍ਹਾਂ ਦੇ ਪਿੰਡ ਸਸਕੌਰ ਦੇ ਕਮਿਊਨਿਟੀ ਹਾਲ ਵਿਚ ਹੋਏ ਸ਼ਰਧਾਂਜਲੀ ਸਮਾਗਮ ਵਿਚ ਪੰਜਾਬ ਭਰ ਤੋਂ ਪੁੱਜੇ ਕਮਿਊਨਿਸਟ ਰਹਿਬਰਾਂ, ਵੱਖੋ-ਵੱਖ ਸਿਆਸੀ ਨੇਤਾਵਾਂ, ਜਮਹੂਰੀ ਲਹਿਰ ਦੇ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੇ ਉਨ੍ਹਾਂ ਦੇ ਮਹਾਨ ਕਾਰਜਾਂ ਨੂੰ ਮਾਣ ਨਾਲ ਸਿਜਦਾ ਕਰਦਿਆਂ ਉਨ੍ਹਾਂ ਦੇ ਪਦਚਿੰਨ੍ਹਾਂ 'ਤੇ ਤੁਰਨ ਦਾ ਸੰਕਲਪ ਲਿਆ। ਸਾਥੀ ਵੇਦ ਪ੍ਰਕਾਸ਼ ਨੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1406 - 22 ਬੀ ਚੰਡੀਗੜ੍ਹ) ਦੇ ਜਨਰਲ ਸਕੱਤਰ ਅਤੇ ਕੁਲ ਹਿੰਦ ਰਾਜ ਸਰਕਾਰ ਕਰਮਚਾਰੀ ਫੈਡਰੇਸ਼ਨ ਦੇ ਵਾਈਸ ਚੇਅਰਮੈਨ ਵਜੋਂ ਅਨੇਕਾਂ ਸ਼ਾਨਦਾਰ ਘੋਲਾਂ ਨੂੰ ਮਿਸਾਲੀ ਅਗਵਾਈ ਦਿੱਤੀ ਸੀ। ਸੇਵਾ ਮੁਕਤੀ ਤੋਂ ਪਿੱਛੋਂ ਆਪ ਨੇ ਸਮੁੱਚੇ ਪੰਜਾਬ ਅੰਦਰ ਇਕ ਸਮਰੱਥ ਕਮਿਊਨਿਸਟ ਆਗੂ ਵਜੋਂ ਆਪਣੀ ਪਛਾਣ ਬਣਾਈ ।ਸ਼ਰਧਾਂਜਲੀ ਦੇਣ ਵਾਲਿਆਂ ਵਿਚ ਆਰ.ਐਮ.ਪੀ.ਆਈ. ਦੇ ਕੌਮੀ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ, ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ, ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਸੱਜਣ ਸਿੰਘ, ਸੂਬਾ ਸਕੱਤਰੇਤ ਦੇ ਮੈਂਬਰ ਡਾਕਟਰ ਸਤਨਾਮ ਸਿੰਘ ਅਜਨਾਲਾ, ਵਿਧਾਇਕ ਦਿਨੇਸ਼ ਚੱਢਾ, ਸੀ ਪੀ ਆਈ (ਐਮ) ਦੇ ਆਗੂ ਸਾਥੀ ਸੁਰਜੀਤ ਸਿੰਘ ਢੇਰ, ਸੀ ਪੀ ਆਈ ਦੇ ਆਗੂ ਸਾਥੀ ਗੁਰਨਾਮ ਸਿੰਘ ਔਲਖ, ਸਾਬਕਾ ਵਿਧਾਇਕ ਅਮਰਜੀਤ ਸਿੰਘ ਸੰਦੋਆ, ਕਾਂਗਰਸ ਦੇ ਸੀਨੀਅਰ ਆਗੂ ਅਸ਼ਵਨੀ ਕੁਮਾਰ, ਰਾਮ ਕੁਮਾਰ ਮੁਕਾਰੀ, ਪੈਨਸ਼ਨਰ ਕਨਫੈਡਰੇਸ਼ਨ ਵਲੋਂ ਕਰਮ ਸਿੰਘ ਧਨੋਆ, ਬੋਧ ਸਿੰਘ ਘੁੰਮਣ, ਸੁੱਚਾ ਸਿੰਘ ਖਟੜਾ ਪ੍ਰਮੁੱਖ ਸਨ। ਮੰਚ ਸੰਚਾਲਨ ਦੇ ਫਰਜ਼ ਸਾਥੀ ਸਤੀਸ਼ ਰਾਣਾ ਨੇ ਨਿਭਾਏ। ਸਾਥੀ ਮੋਹਨ ਸਿੰਘ ਧਮਾਣਾ ਨੇ ਸਭਨਾਂ ਦਾ ਧੰਨਵਾਦ ਕੀਤਾ। ਬੁਲਾਰਿਆਂ ਨੇ ਖਣਨ ਮਾਫੀਆ ਦੀ ਲੁੱਟ, ਨਸ਼ਾ ਤਸਕਰੀ ਅਤੇ ਬੇਰੁਜ਼ਗਾਰੀ-ਮਹਿੰਗਾਈ ਦੇ ਖਾਤਮੇ ਲਈ ਵਿਸ਼ਾਲ ਲੋਕ ਲਾਮਬੰਦੀ 'ਤੇ ਆਧਾਰਤ ਤਿੱਖੇ ਜਨ ਸੰਗਰਾਮ ਵਿੱਢਣ ਦਾ ਸੱਦਾ ਦਿੱਤਾ। ਸਾਥੀ ਪਾਸਲਾ ਦੀ ਅਪੀਲ 'ਤੇ ਹਾਜ਼ਰ ਲੋਕਾਂ ਨੇ ਜਲੰਧਰ ਵਿਖੇ ਲੱਗਣ ਵਾਲੇ ਗਦਰੀ ਬਾਬਿਆਂ ਦੇ ਮੇਲੇ ਲਈ ਮੌਕੇ 'ਤੇ 26 ਹਜ਼ਾਰ ਤੋਂ ਵੱਧ ਰੁਪਈਆਂ ਦਾ ਯੋਗਦਾਨ ਦਿੱਤਾ।ਮਰਹੂਮ ਸਾਥੀ ਵੇਦ ਪ੍ਰਕਾਸ਼ ਦੀ ਸੁਪਤਨੀ ਸੁਨੀਤਾ ਦੇਵੀ, ਸਪੁੱਤਰਾਂ ਵਰੁਣ ਕੁਮਾਰ ਤੇ ਅਰੁਣ ਕੁਮਾਰ ਅਤੇ ਬੇਟੀ ਗੀਨਾ ਸ਼ਰਮਾ ਨੇ ਇਸ ਮੌਕੇ ਆਰ.ਐਮ.ਪੀ.ਆਈ., 'ਸੰਗਰਾਮੀ ਲਹਿਰ, ਮੁਲਾਜ਼ਮ ਲਹਿਰ, ਪ ਸ ਸ ਫ ਅਤੇ ਹੋਰ ਧਾਰਮਿਕ-ਸਮਾਜਿਕ ਸੰਸਥਾਵਾਂ ਨੂੰ ਮਾਇਕ ਇਮਦਾਦ ਦਿੱਤੀ।ਪਰਵਾਰ ਵਲੋਂ ਸਾਥੀ ਵੇਦ ਪ੍ਰਕਾਸ਼ ਦੀ ਸ਼ਰਧਾਂਜਲੀ ਸਮਾਗਮ ਵਿਚ ਪੁੱਜੇ ਸਭਨਾਂ ਨੂੰ ਬੂਟੇ ਭੇਟ ਕੀਤੇ ਗਏ। ਸਾਥੀ ਪਾਸਲਾ ਨੇ ਵੀ ਪਰਵਾਰ ਨਾਲ ਮਿਲ ਕੇ ਆਪਣੇ ਵਿਛੜੇ ਯੁੱਧ ਸਾਥੀ ਦੀ ਯਾਦ ਵਿਚ ਪੌਦਾ ਲਾਇਆ।

# ਸੰਗੀਤ ਭਗਵਾਨ ਵੱਲੋਂ ਦਿੱਤਾ ਗਿਆ ਕੀਮਤੀ ਉਪਹਾਰ : ਸੰਜੀਵ ਅਰੋੜਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸ੍ਰੀ ਗੋਪਾਲ ਮੰਦਰ ਜਲੰਧਰ ਰੋਡ ਤੇ ਸੰਖੇਪ ਸਮਾਰੋਹ ਦਾ ਆਯੋਜਨ ਚੇਅਰਮੈਨ ਸੋਮਨਾਥ ਅਗਰਵਾਲ ਅਤੇ ਵਿਕਾਸ ਕੁਮਾਰ ਦੀ ਅਗਵਾਈ ਵਿੱਚ ਕੀਤਾ ਗਿਆ। ਜਿਸ ਵਿੱਚ ਭਾਰਤ ਵਿਕਾਸ ਪਰਿਸ਼ਦ ਦੇ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਵਿਸ਼ੇਸ਼ ਤੌਰ 'ਤੇ ਮੌਜੂਦ ਹੋਏ। ਇਸ ਮੌਕੇ ਚੰਦਨ ਕੁਮਾਰ ਭਜਨ ਗਾਇਕ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਤੋਂ ਪਹਿਲਾਂ ਵੀ ਚੰਦਨ ਕੁਮਾਰਾ ਦੁਆਰਾ ਗਾਏ ਗਏ ਭਜਨ ਅਤੇ ਮਾਤਾ ਦੀਆਂ ਭੇਟਾਂ ਯੂ ਟਿਊਬ ਦੇ ਅਲੱਗ ਅਲੱਗ ਚੈਨਲਾਂ 'ਤੇ ਸੁਣੀਆਂ ਜਾ ਸਕਦੀਆਂ ਹਨ।ਇਸ ਮੌਕੇ ਸੰਜੀਵ ਅਰੋੜਾ ਨੇ ਕਿਹਾ ਕਿ ਚੰਦਨ ਕੁਮਾਰ ਪਿਛਲੇ 25 ਸਾਲਾਂ ਤੋਂ ਮਾਤਾ ਰਾਣੀ ਦੀਆਂ ਭੇਟਾਂ ਅਤੇ ਭਜਨਾਂ ਦਾ ਗੁਣਗਾਨ ਕਰਦੇ ਆ ਰਹੇ ਹਨ ਜੋ ਕਿ ਬਹੁਤ ਹੀ ਸ਼ਲਾਘਾਯੋਗ ਹੈ। ਅਰੋੜਾ ਨੇ ਕਿਹਾ ਕਿ ਸੰਗੀਤ ਦੀ ਦੇਵੀ ਮਾਂ ਸਰਸਵਤੀ ਦੀ ਜਿਸ 'ਤੇ ਕ੍ਰਿਪਾ ਹੁੰਦੀ ਹੈ ਉਹ ਹੀ ਮਾਂ ਦਾ ਗੁਣਗਾਨ ਕਰ ਸਕਦਾ ਹੈ ਅਤੇ ਹਿੰਦੂ ਪਰੰਪਰਾ ਵਿੱਚ ਇਸ ਤਰ੍ਹਾਂ ਦੀ ਮਾਨਤਾ ਹੈ ਕਿ ਬ੍ਰਹਮਾ ਜੀ ਨੇ ਨਾਰਦ ਮੁਨੀ ਨੂੰ ਸੰਗੀਤ ਵਰਦਾਨ ਵਿੱਚ ਦਿੱਤਾ ਸੀ। ਇਸ ਲਈ ਬਿਨਾਂ ਸੰਗੀਤ ਤੋਂ ਜੀਵਨ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਪੂਰੀ ਮਾਨਵ ਜਾਤੀ ਦੇ ਲਈ ਸੰਗੀਤ ਭਗਵਾਨ ਦੁਆਰਾ ਦਿੱਤਾ ਗਿਆ ਉਪਹਾਰ ਹੈ।ਚੇਅਰਮੈਨ ਸੋਮਨਾਥ ਅਗਰਵਾਲ ਅਤੇ ਵਿਕਾਸ ਕੁਮਾਰ ਨੇ ਕਿਹਾ ਕਿ ਹੁਸ਼ਿਆਰਪੁਰ ਵਿੱਚ ਜਦੋਂ ਪਹਿਲੀ ਵਾਰੀ ਟ੍ਰੇਨ ਵਰਿੰਦਾਵਨ ਦੇ ਲਈ ਚੱਲੀ ਸੀ ਤਾਂ ਇਸ ਮੌਕੇ ਚੰਦਨ ਕੁਮਾਰ ਨੇ 'ਚਲੀ ਚਲੀ ਰੇ ਟ੍ਰੇਨ ਵਰਿੰਦਾਵਨ ਚਲੀ ਰੇ' ਗਾ ਕੇ ਸਾਰਿਆ ਨੂੰ ਨਿਹਾਲ ਕਰ ਦਿੱਤਾ ਸੀ। ਸਨਮਾਨਤ ਹੋਣ ਤੋਂ ਬਾਅਦ ਚੰਦਨ ਕੁਮਾਰ ਨੇ ਮੰਦਰ ਕਮੇਟੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਅੱਜ ਉਸ ਨੂੰ ਜੋ ਸਨਮਾਨ ਦਿੱਤਾ ਗਿਆ ਹੈ ਇਸ ਦੇ ਲਈ ਉਹ ਮੰਦਰ ਕਮੇਟੀ ਦੇ ਧੰਨਵਾਦੀ ਰਹਿਣਗੇ। ਇਸ ਮੌਕੇ ਅਰਜੁਨ ਲਲਿਤ, ਪੰਡਿਤ ਅਮਿਤ ਸ਼ਰਮਾ, ਨੀਰਜ ਸ਼ਰਮਾ, ਸਤੀਸ਼ ਬਾਂਸਲ, ਅਮਰਜੀਤ ਸ਼ਰਮਾ, ਪੰਡਿਤ ਸਤੀਸ਼ ਮਿਸ਼ਰਾ, ਨੀਲਮ ਖੰਨਾ, ਨੇਹਾ ਲਲਿਤ, ਕਮਲੇਸ਼ ਨੇਈਅਰ, ਨੀਲਮ ਲਲਿਤ, ਸੀਮਾ ਸ਼ੁਕਲਾ ਅਤੇ ਹੋਰ ਵੀ ਮੌਜੂਦ ਸਨ।

# ਸ੍ਰੀ ਰਾਮ ਕਥਾ ਅੱਜ ਤੋਂ



**ਸ਼ਾਹਕੋਟ (ਗਿਆਨ ਸੈਦਪੁਰੀ)**- ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਸ਼ਾਹਕੋਟ ਦੀ ਦਾਣਾ ਮੰਡੀ ਵਿਖੇ ਪੰਜ ਰੋਜ਼ਾ ਸ੍ਰੀ ਰਾਮ ਕਥਾ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਕਥਾ 11 ਤੋਂ 15 ਸਤੰਬਰ ਤੱਕ ਸ਼ਾਮ 7 ਵਜੇ ਤੋਂ ਰਾਤ 10 ਵਜੇ ਤੱਕ ਹੋਵੇਗੀ।ਕਥਾ ਸੁਣਾਉਣ ਲਈ ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਦੇ ਸੰਸਥਾਪਕ ਅਤੇ ਸੰਚਾਲਕ ਗੁਰੂਦੇਵ ਸ੍ਰੀ ਆਸ਼ੂਤੋਸ਼ ਮਹਾਰਾਜ ਦੀ ਸ਼ਿਸ਼ ਵਿਸ਼ਵ ਪ੍ਰਸਿੱਧ ਕਥਾ ਵਿਆਸ ਸਾਧਵੀ ਗਰਿਮਾ ਭਾਰਤੀ ਸ੍ਰੀ ਰਾਮ ਕਥਾ ਨੂੰ ਸਰਲ ਅਤੇ ਦਿਲਚਸਪ ਢੰਗ ਨਾਲ, ਸੰਗਤ ਨੂੰ ਚੌਪਾਈਆਂ, ਭਜਨਾਂ, ਸੰਕੀਰਤਨਾਂ ਅਤੇ ਪ੍ਰਵਚਨਾਂ ਰਾਹੀਂ ਭਗਵਾਨ ਸ੍ਰੀ ਰਾਮ ਦੀਆਂ ਲੀਲਾਵਾਂ ਦੇ ਪਿੱਛੇ ਲੁਕੇ ਅਧਿਆਤਮਿਕ ਰਹੱਸ ਦਾ ਵਿਆਖਿਆਨ ਕਰਨਗੇ।

11-SEP-PAGE-10.qxd 9/10/2024 10:44 PM Page 1



# 50 ਲੱਖ ਦੀ ਫਿਰੌਤੀ ਮੰਗਣ ਵਾਲੇ ਗੈਂਗਸਟਰ ਦੇ 4 ਮੈਂਬਰ ਗ੍ਰਿਫ਼ਤਾਰ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਠਿੰਡਾ ਦੇ ਇੱਕ ਵਪਾਰੀ ਨੂੰ ਉਸ ਦੇ ਮੋਬਾਇਲ ਨੰਬਰ ’ਤੇ ਆਪਣੇ ਆਪ ਨੂੰ ਗੋਪੀ ਲਹੌਰੀਆ ਦੱਸ ਕੇ ਮੁੱਦਈ ਉਕਤ ਨੂੰ ਜਾਨੋਂ ਮਾਰਨ ਦੀ ਧਮਕੀ ਦਿੰਦੇ ਹੋਏ ਇਸ ਪਾਸੋਂ 50 ਲੱਖ ਰੁਪਏ ਦੀ ਫਿਰੌਤੀ ਮੰਗੀ ਸੀ।ਮੁੱਦਈ ਦੇ ਬਿਆਨ ’ਤੇ ਮੁਕੱਦਮਾ ਨੰਬਰ 133 ਥਾਣਾ ਤਲਵੰਡੀ ਸਾਬੋ ਦਰਜ ਕੀਤਾ ਗਿਆ ਸੀ।ਅਮਨੀਤ ਕੌਂਡਲ ਆਈ.ਪੀ.ਐੱਸ., ਸੀਨੀਅਰ ਪੁਲਸ ਕਪਤਾਨ, ਬਠਿੰਡਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ੍ਰੀ ਅਜੈ ਗਾਂਧੀ ਬਠਿੰਡਾ ਦੀ ਰਹਿਨੁਮਾਈ ਹੇਠ ਡੀ.ਐੱਸ.ਪੀ. ਸੀ ਆਈ ਏ ਸਟਾਫ-2 ਬਠਿੰਡਾ ਦੀ ਟੀਮ ਵੱਲੋਂ ਇਸ ਮਾਮਲੇ ’ਤੇ ਕਾਰਵਾਈ ਏਰੀਆ ਪਾਸੋਂ ਸਾਹਿਲ ਸ਼ਰਮਾ ਉਰਫ ਸ਼ਾਲੂ ਪੁੱਤਰ ਸੁਰਿੰਦਰ ਸ਼ਰਮਾ ਵਾਸੀ ਗਲੀ ਨੰਬਰ 07 ਨਿਊ ਪਰਵਾਨਾ ਨਗਰ ਮੋਗਾ ਤੇ ਅਸ਼ੋਕ ਕੁਮਾਰ ਉਰਫ ਕਾਟੇ ਪੁੱਤਰ ਮੱਖਣ ਸਿੰਘ ਵਾਸੀ ਗਲੀ ਨੰਬਰ 04 ਬਾਜ਼ੀਗਰ ਕਬੀਰ ਨਗਰ ਮੋਗਾ ਨੂੰ ਸਮੇਤ ਇੱਕ ਮੋਟਰਸਾਈਕਲ ਸਪਲੈਂਡਰ ਰੰਗ ਕਾਲਾ ਤੇ ਇੱਕ ਪਿਸਤੌਲ ਦੇਸੀ 32 ਬੋਰ ਸਮੇਤ 2 ਰੌਂਦ ਜ਼ਿੰਦਾ, ਇੱਕ ਮੋਬਾਇਲ ਫੋਨ ਕਾਬੂ ਕਰਕੇ ਬਾਹੱਦ ਜੱਸੀ ਪੌਂ ਵਾਲੀ ਚੌਕ ਬਠਿੰਡਾ ਤੋਂ ਮਨੀਸ਼ ਕੁਮਾਰ ਉਰਫ ਮੋਹਿਤ ਪੁੱਤਰ ਪਵਨ ਕੁਮਾਰ ਵਾਸੀ ਮੁਹੱਲਾ ਸੋਢੀਆਂ ਵਾਲਾ ਟੈਂਕੀ ਵਾਲੀ ਗਲੀ ਮੋਗਾ ਅਤੇ ਕੁਲਦੀਪ ਸਿੰਘ ਉਰਵ ਖੰਡਾ ਪੁੱਤਰ ਚਰਨਜੀਤ ਸਿੰਘ ਵਾਸੀ ਸੇਖਾਂਵਾਲਾ ਚੱਕ ਮੁਹੱਲਾ ਸੋਢੀਆਂ ਵਾਲਾ ਮੋਗਾ ਨੂੰ ਸਮੇਤ ਇੱਕ ਮੋਟਰਸਾਈਕਲ ਬਜਾਜ ਬਾਕਸਰ ਰੰਗ ਲਾਲ ਬਿਨਾਂ ਨੰਬਰੀ ਅਤੇ ਦੋ ਮੋਬਾਇਲ ਫੋਨ ਦੇ ਕਾਬੂ ਕਰਕੇ ਮੁਕੱਦਮਾ ਉਕਤ ਵਿੱਚ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਤਫਤੀਸ਼ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਮੁਕੱਦਮਾ ਉਕਤ ਵਿੱਚ ਗ੍ਰਿਫਤਾਰ ਕੀਤੇ ਗਏ ਮੁਲਜ਼ਮ ਦਵਿੰਦਰਪਾਲ ਸਿੰਘ ਉਰਫ ਗੋਪੀ ਲਹੌਰੀਆ ਪੁੱਤਰ ਲੇਟ ਸੁਖਮੰਦਰ ਸਿੰਘ ਵਾਸੀ ਵਾਰਡ ਨੰਬਰ 32 ਲਹੌਰੀਆਂ ਵਾਲਾ ਮੁਹੱਲਾ, ਬੁੱਕਨ ਵਾਲਾ ਰੋਡ ਮੋਗਾ ਲਈ ਕੰਮ ਕਰਦੇ ਹਨ।ਸ਼ਹਿਰ ਬਠਿੰਡਾ ਵਿਖੇ ਗੋਪੀ ਲਹੌਰੀਆ ਉਕਤ ਦੇ ਦੱਸੇ ਅਨੁਸਾਰ ਮੁਦੱਈ ਉਕਤ ਪਾਸੋਂ ਫਿਰੌਤੀ ਦੇ ਪੈਸੇ ਹਾਸਲ ਕਰਨ ਲਈ ਆਏ ਸਨ।ਮੁਕੱਦਮੇ ਦਾ ਮੁੱਖ ਦੋਸ਼ੀ ਦਵਿੰਦਰਪਾਲ ਸਿੰਘ ਉਰਫ ਗੋਪੀ ਲਹੌਰੀਆ ਉਕਤ ਪਿਛਲੇ ਕਰੀਬ ਦੋ ਸਾਲਾਂ ਤੋਂ ਕੈਨੇਡਾ ਵਿਖੇ ਰਹਿ ਰਿਹਾ ਹੈ।ਜਿੱਥੋਂ ਇਹ ਵਿਦੇਸ਼ੀ ਨੰਬਰਾਂ ਰਾਹੀਂ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਦੇ ਨਾਮਵਾਰ ਵਿਅਕਤੀਆਂ ਨੂੰ ਫਿਰੌਤੀ ਹਾਸਲ ਕਰਨ ਸਬੰਧੀ ਕਾਲਾਂ ਕਰਦਾ ਆ ਰਿਹਾ ਹੈ।ਤਫਤੀਸ਼ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਇਸ ਤੋਂ ਪਹਿਲਾਂ ਮੁਲਜ਼ਮ ਸਾਹਿਲ ਸ਼ਰਮਾ ਉਰਫ ਸ਼ਾਲੂ ਉਕਤ ਵੱਲੋਂ ਅਪ੍ਰੈਲ/ਮਈ 2023 ਨੂੰ ਦੋਸ਼ੀ ਗੋਪੀ ਲਟੋਰੀਆ ਉਕਤ ਦੇ ਕਹਿਣ ’ਤੇ ਆਪਣੇ ਦੋਸਤ ਲਵਪ੍ਰੀਤ ਸਿੰਘ ਉਰਫ ਲੱਕੀ ਪੁੱਤਰ ਅਵਤਾਰ ਸਿੰਘ ਵਾਸੀ ਲਹੌਰੀਆ ਵਾਲਾ ਮੁਹੱਲਾ ਮੋਗਾ ਨਾਲ ਰਲ ਕੇ ਪਿੰਡ ਫਿਰਮੀ ਜ਼ਿਲ੍ਹਾ ਲੁਧਿਆਣਾ ਵਿਖੇ ਇੱਕ ਘਰ ਵਿੱਚ ਫਿਰੌਤੀ ਸਬੰਧੀ ਧਮਕੀ ਭਰੀ ਚਿੱਠੀ ਸੁੱਟ ਕੇ ਆਇਆ ਸੀ।ਇਨ੍ਹਾਂ ਦੋਸ਼ੀਆਨ ਕੋਲ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ, ਜਿਨ੍ਹਾਂ ਤੋਂ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

## ਹੋਲੀ ਹਾਰਟ ਪਬਲਿਕ ਸਕੂਲ ਛਾਜਲੀ ਵਿਖੇ ਸਪੋਰਟਸ ਤੇ ਐਥਲੈਟਿਕ ਮੀਟ ਕਰਵਾਈ



**ਦਿੜ੍ਹਬਾ (ਜਸਵੀਰ ਲਾਡੀ)**-ਹੋਲੀ ਹਾਰਟ ਪਬਲਿਕ ਸਕੂਲ ਛਾਜਲੀ ਵਿਖੇ ਪਲੇਅ ਵੇਅ ਜਮਾਤ ਤੋਂ ਦੂਸਰੀ ਜਮਾਤ ਤੱਕ ਜੂਨੀਅਰ ਵਿੰਗ ਦੀ ਸਪੋਰਟਸ ਤੇ ਐਥਲੈਟਿਕ ਮੀਟ ਕਰਵਾਈ ਗਈ, ਜਿਸ ਵਿੱਚ ਵੱਖ ਵੱਖ ਪ੍ਰਕਾਰ ਦੀਆਂ ਦੌੜਾਂ ਤੇ ਖੇਡਾਂ ਕਰਵਾਈਆਂ ਗਈਆਂ।ਖੇਡਾਂ ਵਿੱਚ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ।ਇਸ ਖੇਡ ਪ੍ਰੋਗਰਾਮ ਵਿੱਚ ਬੱਚਿਆਂ ਦੇ ਮਾਪਿਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਇਨ੍ਹਾਂ ਖੇਡਾਂ ਵਿੱਚ ਦੌੜ, ਜਿਗ ਜੈਗ ਦੌੜ, ਹਰਡਲ ਦੌੜ, ਬੈਲੂਨ ਦੌੜ, ਕੋਨ ਕੁਲੈਕਟ ਦੌੜ, ਹੁਲ ਹੁਲ ਦੌੜ ਆਦਿ ਸ਼ਾਮਲ ਸਨ।ਬੱਚਿਆਂ ਨੇ ਬਹੁਤ ਵਧੀਆ ਪ੍ਰਦਰਸ਼ਨ ਕੀਤਾ ਤੇ ਮੈਡਲ ਜਿੱਤੇ। ਇਨ੍ਹਾਂ ਖੇਡਾਂ ਵਿੱਚ ਮਨਦੀਪ ਸਿੰਘ ਸੁਨਾਮ ਖੇਡ ਲੇਖਕ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਸਕੂਲ ਦੇ ਚੇਅਰਮੈਨ ਮਨਦੀਪ ਸਿੰਘ ਚੱਠਾ ਨੇ ਮੁੱਖ ਮਹਿਮਾਨ ਮਨਦੀਪ ਸਿੰਘ ਸੁਨਾਮ ਖੇਡ ਲੇਖਕ ਤੇ ਬੱਚਿਆਂ ਦੇ ਮਾਪਿਆਂ ਦਾ ਸਕੂਲ ਵਿੱਚ ਪਹੁੰਚਣ ’ਤੇ ਨਿੱਘਾ ਸਵਾਗਤ ਕੀਤਾ।ਖੇਡਾਂ ਸਮਾਪਤ ਹੋਣ ’ਤੇ ਜੇਤੂ ਖਿਡਾਰੀਆਂ ਨੂੰ ਮਨਦੀਪ ਸਿੰਘ ਸੁਨਾਮ, ਮਨਦੀਪ ਸਿੰਘ ਚੱਠਾ, ਅੰਮ੍ਰਿਤਪਾਲ ਸਿੰਘ ਚੱਠਾ, ਪ੍ਰਿੰਸੀਪਲ ਮਮਤਾ ਆਨੰਦ ਨੇ ਮੈਡਲਾਂ ਨਾਲ ਨਿਵਾਜਿਆ ਅਤੇ ਬੱਚਿਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ।ਇਸ ਮੌਕੇ ਖੇਡ ਇੰਚਾਰਜ ਰਵਿੰਦਰ ਵਾਸੂ, ਵਾਇਸ ਪ੍ਰਿੰਸੀਪਲ ਲਖਵਿੰਦਰ ਸਿੰਘ, ਕੋਆਰਡੀਨੇਟਰ ਸੁਰਿੰਦਰ ਕੌਰ, ਅਮਨਦੀਪ ਸਿੰਘ ਡੀ ਪੀ ਈ, ਲਖਵਿੰਦਰ ਸਿੰਘ ਡੀ ਪੀ ਈ ਤੇ ਬਾਕੀ ਸਟਾਫ ਮੌਜੂਦ ਸੀ।

## ਕਾਂਗਰਸ ਵੱਲੋਂ ਤੇਲ ਕੀਮਤਾਂ ’ਚ ਵਾਧੇ ਵਿਰੁੱਧ ਰੋਸ ਪ੍ਰਦਰਸ਼ਨ ਅੱਜ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਪ੍ਰਦੇਸ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਸਰਕਾਰ ਵੱਲੋਂ ਬਿਜਲੀ ਦੇ ਰੇਟਾਂ ਵਿੱਚ ਵਾਧੇ ਕਰਨ ਤੇ ਬੱਸ ਕਰਾਇਆ, ਪੈਟਰੋਲ, ਡੀਜ਼ਲ ਦੇ ਰੇਟਾਂ ਵਿੱਚ ਭਾਰੀ ਵਾਧਾ ਕਰਨ ਦੇ ਵਿਰੋਧ ਵਿੱਚ 11 ਸਤੰਬਰ ਨੂੰ ਸਵੇਰੇ 11 ਵਜੇ ਪੀ ਐੱਸ ਪੀ ਸੀ ਐੱਲ ਦੇ ਦਫਤਰ ਮਾਲ ਰੋਡ ’ਤੇ ਧਰਨਾ ਤੇ ਰੋਸ ਪ੍ਰਦਰਸ਼ਨ ਸ੍ਰ. ਅਮਰਿੰਦਰ ਸਿੰਘ ਰਾਜਾ ਵੜਿੰਗ ਪ੍ਰਧਾਨ (ਪੀ ਪੀ ਸੀ ਸੀ) ਦੀ ਅਗਵਾਈ ਵਿੱਚ ਕੀਤਾ ਜਾ ਰਿਹਾ ਹੈ।ਇਨ੍ਹਾਂ ਤੋਂ ਇਲਾਵਾ ਲੀਡਰ ਆਪੋਜ਼ੀਸ਼ਨ ਸ੍ਰ. ਪ੍ਰਤਾਪ ਸਿੰਘ ਬਾਜਵਾ ਐੱਮ ਪੀ ਸਾਹਿਬਾਨ, ਐੱਮ ਐੱਲ ਏ, ਸਾਬਕਾ ਮੰਤਰੀ, ਹਲਕਾ ਇੰਚਾਰਜ ਪੰਜਾਬ, ਜ਼ਿਲ੍ਹਾ ਕਾਂਗਰਸ ਕਮੇਟੀ, ਬਲਾਕ ਕਾਂਗਰਸ ਕਮੇਟੀਆ, ਮਹਿਲਾ ਕਾਂਗਰਸ, ਯੂਥ ਕਾਂਗਰਸ ਦੇ ਅਹੁਦੇਦਾਰ ਸਾਹਿਬਾਨ ਕੌਂਸਲਰ ਸਾਹਿਬਾਨ, ਸਾਰੇ ਹੀ ਸੈੱਲਾਂ ਦੇ ਆਗੂ ਤੇ ਅਹੁਦੇਦਾਰ ਵਰਕਰ ਸਾਹਿਬਾਨ ਸ਼ਮੂਲੀਅਤ ਕਰਨਗੇ। ਇਸ ਸਬੰਧੀ ਜ਼ਿਲ੍ਹਾ ਕਾਂਗਰਸ ਪਟਿਆਲਾ ਸ਼ਹਿਰੀ ਵੱਲੋਂ ਨਰੇਸ਼ ਕੁਮਾਰ ਦੁੱਗਲ ਪ੍ਰਧਾਨ ਦੀ ਅਗਵਾਈ ਵਿੱਚ ਇੱਕ ਐਮਰਜੈਂਸੀ ਮੀਟਿੰਗ ਕਰਕੇ ਰੋਸ ਪ੍ਰਦਰਸ਼ਨ ਤੇ ਧਰਨੇ ਨੂੰ ਕਾਮਯਾਬ ਕਰਨ ਲਈ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਅਹੁਦੇਦਾਰਾਂ ਦੀਆਂ ਡਿਊਟੀਆਂ ਲਾਈਆਂ ਗਈਆਂ।

## ਬਾਬਾ ਬਚਿੱਤਰ ਸਿੰਘ ਦੀ ਜੀਵਨੀ ਨਾਲ ਸੰਬੰਧਤ ਪੁਸਤਕ ਮਹਾਂਪੁਰਸ਼ਾਂ ਨੂੰ ਭੇਟ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਆਜ਼ਾਦੀ ਘੁਲਾਟੀਏ ਤੇ ਸ੍ਰੀ ਆਨੰਦਪੁਰ ਸਾਹਿਬ ਤਖ਼ਤ ਦੇ ਸਾਬਕਾ ਜਥੇਦਾਰ ਸਵ. ਜਥੇਦਾਰ ਬਾਬਾ ਬਚਿੱਤਰ ਸਿੰਘ ਦੀ ਜੀਵਨੀ ’ਤੇ ਅਧਾਰਤ ਪੁਸਤਕ ਜਥੇਦਾਰ ਮਨਮੋਹਨ ਸਿੰਘ ਖੇੜਾ ਵੱਲੋਂ ਮਹਾਂਪੁਰਸ਼ਾਂ ਨੂੰ ਭੇਟ ਕੀਤੀ ਗਈ। ਜਥੇਦਾਰ ਮਨਮੋਹਨ ਸਿੰਘ ਖੇੜਾ ਵੱਲੋਂ ਆਪਣੇ ਗ੍ਰਹਿ ਵਿਖੇ ਬਾਬਾ ਮਹਿੰਦਰ ਸਿੰਘ ਕਾਰ ਸੇਵਾ ਵਾਲੇ, ਗੁਰਦੁਆਰਾ ਕ੍ਰਿਪਾਨ ਭੇਟ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਸਰਵਣ ਸਿੰਘ, ਬਲਵੰਤ ਸਿੰਘ ਕਾਰ ਸੇਵਾ ਵਾਲੇ, ਬਾਬਾ ਬਲਵੀਰ ਸਿੰਘ ਪੁੱਜੇ, ਜਿਨ੍ਹਾਂ ਨੇ ਧਾਰਮਿਕ ਵਿਚਾਰਾਂ ਕੀਤੀਆਂ। ਜਥੇਦਾਰ ਖੇੜਾ ਨੇ ਆਪਣੇ ਗ੍ਰਹਿ ਵਿਖੇ ਮਹਾਂਪੁਰਸ਼ਾਂ ਨੂੰ ਜਥੇਦਾਰ ਬਾਬਾ ਬਚਿੱਤਰ ਸਿੰਘ ਦੀ ਪੁਸਤਕ ਭੇਟ ਕਰਦਿਆਂ ਕਿਹਾ ਕਿ ਇਹ ਸਾਡੇ ਪੁਰਖਿਆਂ ’ਚੋਂ ਹਨ, ਜਿਨ੍ਹਾਂ ਨੇ ਸਿੱਖ ਧਰਮ ਲਈ ਪ੍ਰਚਾਰ ਕੀਤਾ ਤੇ ਦੇਸ਼ ਦੀ ਆਜ਼ਾਦੀ ਵਿੱਚ ਯੋਗਦਾਨ ਪਾਇਆ। ਉਨ੍ਹਾ ਦੱਸਿਆ ਕਿ ਬਾਬਾ ਬਚਿੱਤਰ ਸਿੰਘ ਨੇ 16 ਸਾਲ ਜੇਲ੍ਹ ਕੱਟੀ ਤੇ 10 ਸਾਲ ਪਵਿੱਤਰ ਅਸਥਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ (ਸ੍ਰੀ ਆਨੰਦਪੁਰ ਸਾਹਿਬ) ਦੇ ਜਥੇਦਾਰ ਰਹੇ। ਇਸ ਮੌਕੇ ਸੰਤਾਂ, ਮਹਾਂਪੁਰਸ਼ਾਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਵੀ ਕੀਤਾ ਗਿਆ।

## ਰਾਜ ਪੱਧਰੀ ਖੇਡਾਂ ’ਚ ਬੀ ਬੀ ਐੱਸ ਬੀ ਕਾਨਵੈਂਟ ਸਕੂਲ ਦੀ ਕਬੱਡੀ ਟੀਮ ਜੇਤੂ



**ਜਗਰਾਉਂ (ਅਮਿਤ ਖੰਨਾ)**-ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਦੇ ਵਿਦਿਆਰਥੀਆਂ ਦੁਆਰਾ ਆਈ. ਸੀ. ਐੱਸ. ਈ. ਵੱਲੋਂ ਕਰਵਾਈਆਂ ਗਈਆਂ ਨੈਸ਼ਨਲ ਪੱਧਰ ਦੀਆਂ ਖੇਡਾਂ ਵਿੱਚ ਕਬੱਡੀ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਹ ਮੁਕਾਬਲੇ ਕਲਕੱਤਾ ਵਿਖੇ ਕਰਵਾਏ ਗਏ। ਇਸ ਮੁਕਾਬਲੇ ਅੰਡਰ-19 ਵਰਗ ਵਿੱਚ (ਪੰਜਾਬ, ਮਹਾਰਾਸ਼ਟਰ, ਬਿਹਾਰ, ਆਂਧਰਾ ਪ੍ਰਦੇਸ਼, ਛਤੀਸਗੜ੍ਹ ਤੇ ਤਾਮਿਲਨਾਡੂ) ਦੇ ਸਕੂਲਾਂ ਨੇ ਹਿੱਸਾ ਲਿਆ। ਇਸ ਪ੍ਰਤੀਯੋਗਤਾ ਵਿੱਚ ਕਬੱਡੀ ਦੇ ਮੁਕਾਬਲੇ ਕਰਵਾਏ ਗਏ। ਆਪਣੀ ਵਧੀਆ ਕਾਰਗੁਜ਼ਾਰੀ ਦਿਖਾਉਂਦੇ ਹੋਏ ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ ਦੇ ਅੰਡਰ-19 ਦੇ ਵਿਦਿਆਰਥੀਆਂ ਜਸ਼ਨਪ੍ਰੀਤ ਸਿੰਘ ਗਿੱਲ, ਪ੍ਰਭਜੋਤ ਸਿੰਘ, ਸ਼ੁਭਕਰਨ ਸਿੰਘ ਤੇ ਚਮਕੌਰ ਸਿੰਘ ਉਪਰੋਕਤ ਦਰਸਾਏ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਨੂੰ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ। ਇਸ ਦੇ ਦੂਸਰੇ ਪਾਸੇ ਅੰਡਰ-17 ਦੀ ਲੜਕਿਆਂ ਦੀ ਟੀਮ ਨੇ ਵੀ ਆਪਣੀ ਵਧੀਆ ਕਾਰਗੁਜ਼ਾਰੀ ਦਿਖਾਉਂਦੇ ਹੋਏ ਰਾਜ ਪੱਧਰ ਤੇ ਦੂਸਰਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ। ਸਾਰੀ ਕਬੱਡੀ ਦੀ ਟੀਮ ਨੂੰ ਸਕੂਲ ਆਉਣ ’ਤੇ ਪ੍ਰਿੰਸੀਪਲ ਸ੍ਰੀਮਤੀ ਮੋਨਾ ਠਾਕੁਰ ਤੇ ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਸਮੂਹ ਮੈਨੇਜਮੈਂਟ ਮੈਂਬਰਾਂ, ਜਿਸ ਵਿੱਚ ਚੇਅਰਮੈਨ ਸਨੀ ਅਰੋੜਾ, ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜ਼ੀਡੈਂਟ ਹਰੀਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾਇਰੈਕਟਰ ਸ਼ਾਮ ਸੁੰਦਰ ਭਾਰਦਵਾਜ, ਜਨਰਲ ਸੈਕਰੇਟਰੀ ਅੰਜੂ ਬਾਲਾ ਤੇ ਮੈਨੇਜਰ ਗਗਨਦੀਪ ਬਾਵਾ ਹਾਜ਼ਰ ਸਨ। ਉਨ੍ਹਾਂ ਇਸ ਸ਼ਾਨਦਾਰ ਪ੍ਰਾਪਤੀ ’ਤੇ ਹੌਸਲਾ ਅਫਜ਼ਾਈ ਕੀਤੀ ਤੇ ਮੁਬਾਰਕਬਾਦ ਦਿੱਤੀ।

# ਬਾਬਾ ਸ਼ਹੀਦ ਦੀ ਦਰਗਾਹ ’ਤੇ ਸਾਲਾਨਾ ਜੋੜ ਮੇਲਾ ਮਨਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਦਿੱਲੀ-ਸੰਗਰੂਰ ਕੌਮੀ ਮਾਰਗ ’ਤੇ ਸਥਿਤ ਬਾਬਾ ਸ਼ਹੀਦ ਦੀ ਦਰਗਾਹ ਪਿੰਡ ਗੋਬਿੰਦਪੁਰਾ ਪੈਂਦ ਵਿਖੇ ਸਾਲਾਨਾ ਜੋੜ ਮੇਲਾ ਆਸ-ਪਾਸ ਦੇ ਪਿੰਡਾਂ ਦੀਆਂ ਪੰਚਾਇਤਾਂ ਤੇ ਇਲਾਕਾ ਵਾਸੀਆਂ ਦੇ ਸਹਿਯੋਗ ਨਾਲ ਮਨਾਇਆ ਗਿਆ।ਮੇਲੇ ਵਿੱਚ ਵੱਡੀ ਗਿਣਤੀ ’ਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਬਾਬੇ ਸ਼ਹੀਦ ਦੀ ਦਰਗਾਹ ਨੂੰ ਸਿਜਦਾ ਕਰਦਿਆਂ ਗੁਰਦੁਆਰਾ ਸਾਹਿਬ ਵਿੱਚ ਮੱਥਾ ਟੇਕਿਆ।ਮੇਲੇ ਵਿੱਚ ਪੰਜਾਬ-ਹਰਿਆਣਾ ਦੇ ਦੂਰ-ਦੁਰਾਡੇ ਤੋਂ ਪਹੁੰਚੇ ਪਹਿਲਵਾਨਾਂ ਦੀਆਂ ਕੁਸ਼ਤੀਆਂ ਕਰਵਾਈਆਂ ਗਈਆਂ।ਅਸਥਾਨ ਦੇ ਮੁੱਖ ਸੇਵਾਦਾਰ ਬਾਬਾ ਗੁਰਮੁੱਖ ਸਿੰਘ ਦੀ ਅਗਵਾਈ ਹੇਠ ਮੇਲਾ ਪ੍ਰਬੰਧਕ ਕਮੇਟੀ ਵੱਲੋਂ ਕਰਵਾਏ ਜੋੜ ਮੇਲੇ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਰਾਗੀ ਸਿੰਘਾਂ ਨੇ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਤੇ ਢਾਡੀ ਜੱਥਿਆਂ ਨੇ ਵਾਰਾਂ ਸੁਣਾ ਕੇ ਸਿੱਖ ਇਤਿਹਾਸ ਤੋਂ ਜਾਣੂ ਕਰਵਾਇਆ।ਕੁਸ਼ਤੀ ਅਖਾੜੇ ਵਿੱਚ ਪਹਿਲਾਵਨਾਂ ਨੇ ਆਪਣੇ ਜ਼ੌਹਰ ਦਿਖਾਏ।ਝੰਡੀ ਦੀਆਂ ਕੁਸ਼ਤੀਆਂ ’ਚ ਪਹਿਲੀ ਕੁਸ਼ਤੀ ਪਹਿਲਵਾਨ ਗੁਰਪ੍ਰੀਤ ਸਿੰਘ ਬਿਲੜਵਾਲ ਅਖਾੜਾ ਨਾਭਾ ਤੇ ਪਹਿਲਵਾਨ ਪ੍ਰਗਟ ਸਿੰਘ ਪਾਤੜਾਂ ਵਿਚਕਾਰ ਹੋਈ।ਦੂਸਰੀ ਝੰਡੀ ਦੀ ਕੁਸ਼ਤੀ ਪਹਿਲਵਾਨ ਬਿਕਰਮ ਗੜ੍ਹੀ ਅਖਾੜਾ (ਹਰਿਆਣਾ) ਤੇ ਫਰੀਦ ਕਾਂਗਥਲੀ ਵਿੱਚ, ਜਦਕਿ ਝੰਡੀ ਦੀ ਤੀਸਰੀ ਕੁਸ਼ਤੀ ਵਿਜੈ ਕੁਮਾਰ ਕਾਂਗਥਲੀ ਤੇ ਸੌਰਭ ਚੀਕਾ (ਹਰਿਆਣਾ) ਵਿਚਕਾਰ ਹੋਈ।ਕੁਸ਼ਤੀਆਂ ਦੌਰਾਨ ਟੀਟਾ ਪਹਿਲਵਾਨ ਗੜ੍ਹੀ, ਗੁਰਨਾਮ ਸਿੰਘ ਪੈਂਦ, ਅਵਤਾਰ ਸਿੰਘ ਤਾਰੀ ਤੇ ਸ਼ੈਂਕੀ ਪਾਤੜਾਂ ਨੇ ਰੈਫਰੀ ਦੀ ਭੂਮਿਕਾ ਨਿਭਾਈ।ਮੇਲਾ ਪ੍ਰਬੰਧਕਾਂ ਨੇ ਪਹਿਲਵਾਨਾਂ ਤੇ ਰੈਫਰੀਆਂ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਤ ਕੀਤਾ।ਇਸ ਮੌਕੇ ਜਗਤਾਰ ਸਿੰਘ ਖਾਲਸਾ, ਜੱਗਾ ਸਿੰਘ ਖਾਲਸਾ, ਜਥੇ. ਸੁੱਚਾ ਸਿੰਘ, ਸਾ. ਸਰਪੰਚ ਕਰਨੈਲ ਸਿੰਘ, ਜਲੰਧਰ ਸਿੰਘ ਬੁੱਟਰ, ਗੁਰਨਾਮ ਸਿੰਘ ਪੈਂਦ, ਨਿਧਾਨ ਸਿੰਘ ਮਸੀਂਗਨੀਆਂ ਆਦਿ ਨੇ ਮੇਲੇ ’ਚ ਭਰਪੂਰ ਯੋਗਦਾਨ ਦਿੱਤਾ ਹੈ।

# ਸ਼ਹੀਦ ਬਾਬਾ ਦੀਪ ਸਿੰਘ ਪਬਲਿਕ ਸਕੂਲ ’ਚ ਅਧਿਆਪਕ ਦਿਵਸ ਮਨਾਇਆ



**ਸੁਨਾਮ ਊਧਮ ਸਿੰਘ ਵਾਲਾ (ਹਾਕਮ ਸਿੰਘ ਭੱਟੀ/ਅਸ਼ੋਕ ਬਾਂਸਲ)**-ਨੇੜਲੇ ਪਿੰਡ ਜਖੇਪਲ ਦੇ ਸ਼ਹੀਦ ਬਾਬਾ ਦੀਪ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਮਮਤਾ ਗੱਖੜ ਦੀ ਅਗਵਾਈ ਹੇਠ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਦੇ ਜਨਮ ਦਿਵਸ ਨੂੰ ਸਮਰਪਤ ਹਫਤੇ ਦੌਰਾਨ ਅਧਿਆਪਕ ਦਿਵਸ ਮਨਾਇਆ ਗਿਆ, ਜਿਸ ਦੌਰਾਨ ਸਟੇਟ ਐਵਾਰਡੀ ਅਧਿਆਪਕ ਸੁਰਿੰਦਰ ਸਿੰਘ ਭਰੂਰ ਸਮੇਤ ਸਿੱਖਿਆ ਦੇ ਖੇਤਰ ਵਿੱਚ ਬਿਹਤਰ ਸੇਵਾਵਾਂ ਪ੍ਰਦਾਨ ਕਰ ਰਹੇ ਵੱਖ-ਵੱਖ ਸਕੂਲਾਂ ਤੋਂ ਅਧਿਆਪਕਾਂ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਸਕੂਲ ਪ੍ਰਿੰਸੀਪਲ ਮਮਤਾ ਗੱਖੜ, ਮੈਨੇਜਿੰਗ ਡਾਇਰੈਕਟਰ ਹਰੀਸ਼ ਗੱਖੜ ਤੇ ਸਕੂਲ ਅਧਿਆਪਕਾਂ ਨੇ ਪ੍ਰੋਗਰਾਮ ਵਿੱਚ ਪੁੱਜੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ।ਇਸ ਸਮੇਂ ਸੰਬੋਧਨ ਕਰਦਿਆਂ ਸਟੇਟ ਐਵਾਰਡੀ ਅਧਿਆਪਕ ਸੁਰਿੰਦਰ ਸਿੰਘ ਭਰੂਰ, ਲੈਕਚਰਾਰ ਗੁਰਵਿੰਦਰ ਸਿੰਘ ਧਾਲੀਵਾਲ, ਲੈਕਚਰਾਰ ਸਤਨਾਮ ਸਿੰਘ ਹੰਝਰਾ ਤੇ ਜੂਨੀਅਰ ਸਹਾਇਕ ਨਵਨੀਤ ਬਾਂਸਲ ਨੇ ਕਿਹਾ ਕਿ ਸਿੱਖਿਆ ਦਾ ਖੇਤਰ ਬਹੁਤ ਹੀ ਅਹਿਮ ਹੈ ਤੇ ਜਮਾਤ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਸਿੱਖਿਆ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਚੰਗਾ ਵਿਦਿਆਰਥੀ ਬਣਾਉਣਾ ਅਧਿਆਪਕਾਂ ਦਾ ਮੁੱਢਲਾ ਫਰਜ਼ ਹੁੰਦਾ ਹੈ ਅਤੇ ਕਿਹਾ ਕਿ ਇੱਕ ਅਧਿਆਪਕ ਆਪਣੇ ਵਿਦਿਆਰਥੀਆਂ ਦੀ ਸਫਲਤਾ ਨੂੰ ਯਕੀਨੀ ਬਣਾਉਣ ਲਈ ਸਖ਼ਤ ਮਿਹਨਤ ਕਰਦਾ ਹੈ।ਉਨ੍ਹਾਂ ਆਖਿਆ ਕਿ ਸਮਾਜ ਦੇ ਹਰ ਵਿਅਕਤੀ ਦੇ ਜੀਵਨ ਵਿੱਚ ਅਧਿਆਪਕ ਦਾ ਹੋਣਾ ਬਹੁਤ ਜ਼ਰੂਰੀ ਹੈ ਕਿਉਂਕਿ ਅਧਿਆਪਕ ਹਮੇਸ਼ਾ ਵਿਦਿਆਰਥੀ ਨੂੰ ਹਨੇਰੇ ਤੋਂ ਰੋਸ਼ਨੀ ਵੱਲ ਲਿਜਾਂਦੇ ਹਨ।ਇਸ ਮੌਕੇ ਸਕੂਲ ਪ੍ਰਬੰਧਨ ਵੱਲੋਂ ਪ੍ਰੋਗਰਾਮ ਵਿੱਚ ਵੱਖ-ਵੱਖ ਖੇਡਾਂ ਵੀ ਕਰਵਾਈਆਂ ਗਈਆਂ ਤੇ ਬਾਅਦ ਵਿੱਚ ਸਕੂਲ ਪ੍ਰਬੰਧਨ ਵੱਲੋਂ ਸਟੇਟ ਐਵਾਰਡੀ ਸੁਰਿੰਦਰ ਸਿੰਘ ਭਰੂਰ, ਲੈਕਚਰਾਰ ਅਵਿਤਾਸ਼ ਕੁਮਾਰ, ਲੈਕਚਰਾਰ ਗੁਰਵਿੰਦਰ ਸਿੰਘ ਧਾਲੀਵਾਲ, ਲੈਕਚਰਾਰ ਸਤਨਾਮ ਸਿੰਘ ਹੰਝਰਾ, ਜੂਨੀਅਰ ਸਹਾਇਕ ਨਵਨੀਤ ਬਾਂਸਲ, ਹੈੱਡ ਮਿਸਟ੍ਰੈੱਸ ਅੰਜੂ ਰਾਣੀ, ਮਿਸਟ੍ਰੈੱਸ ਹਰਪ੍ਰੀਤ ਕੌਰ, ਮਿਸਟ੍ਰੈੱਸ ਸੁਨੀਤਾ ਸ਼ਰਮਾ, ਮਿਸਟ੍ਰੈੱਸ ਗਗਨਦੀਪ ਕੌਰ, ਮਿਸਟ੍ਰੈੱਸ ਵੀਨੂੰ ਬੱਤਰਾ, ਮਿਸਟ੍ਰੈੱਸ ਬੇਬੀ ਰਾਣੀ, ਮਿਸਟ੍ਰੈੱਸ ਨਰਪਿੰਦਰ ਕੌਰ, ਮਿਸਟ੍ਰੈੱਸ ਸੰਦੀਪ ਕੌਰ, ਮਿਸਟ੍ਰੈੱਸ ਨੇਹਾ ਰਾਣੀ, ਮਿਸਟ੍ਰੈੱਸ ਕਿਰਨਜੀਤ ਕੌਰ ਤੇ ਅਧਿਆਪਕਾ ਸਰੋਜ ਰਾਣੀ ਨੂੰ ਯਾਦਗਾਰੀ ਚਿੰਨ੍ਹ ਤੇ ਤੋਹਫਿਆਂ ਨਾਲ ਸਨਮਾਨਤ ਕੀਤਾ ਗਿਆ।

## ਤਰਕਸ਼ੀਲ ਆਗੂਆਂ ਵੱਲੋਂ ਵਿਦਿਆਰਥੀਆਂ ਨੂੰ ਵਿਗਿਆਨਕ ਨਜ਼ਰੀਆ ਅਪਨਾਉਣ ਦਾ ਸੱਦਾ



**ਲਹਿਰਾਗਾਗਾ ਪਵਨ ਸ਼ਰਮਾ)**-ਹੋਲੀ ਮਿਸ਼ਨ ਇੰਟਰਨੈਸ਼ਨਲ ਸਕੂਲ ਲਹਿਰਾਗਾਗਾ ਵਿਖੇ ਤਰਕਸ਼ੀਲ ਆਗੂਆਂ ਵੱਲੋਂ ਵਿਦਿਆਰਥੀਆਂ ਨੂੰ ਵਿਗਿਆਨਕ ਨਜ਼ਰੀਆ ਅਪਨਾਉਣ ਦਾ ਸੱਦਾ ਦਿੱਤਾ ਗਿਆ।ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੰਗਰੂਰ ਜ਼ੋਨ ਦੇ ਮੁਖੀ ਮਾਸਟਰ ਪਰਮਵੇਦ, ਨੌਜਵਾਨ ਆਗੂ ਗੁਰਦੀਪ ਸਿੰਘ ਲਹਿਰਾ ਤੇ ਬਲਰਾਜ ਸੰਗਤਪੁਰਾ ਨੇ ਵਿਦਿਆਰਥੀਆਂ ਨਾਲ ਸੰਵਾਦ ਰਚਾਇਆ ਅਤੇ ਉਨ੍ਹਾਂ ਨੂੰ ਅੰਧਵਿਸ਼ਵਾਸਾਂ, ਵਹਿਮਾਂ-ਭਰਮਾਂ ਤੇ ਰੂੜੀਵਾਦੀ ਖਿਆਲਾਂ ’ਚੋਂ ਨਿੱਕਲ ਕੇ ਜ਼ਿੰਦਗੀ ਵਿੱਚ ਵਿਗਿਆਨਕ ਵਿਚਾਰਾਂ ਦੀ ਰੌਸ਼ਨੀ ’ਚ ਅੱਗੇ ਵਧਣ ਦਾ ਸੁਨੇਹਾ ਦਿੱਤਾ।ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਇਹ ਪ੍ਰੀਖਿਆ ਸਾਰੇ ਪੰਜਾਬ ਵਿੱਚ 13 ਤੇ 14 ਅਕਤੂਬਰ ਨੂੰ ਹੋਵੇਗੀ ਤੇ ਇਸ ਪ੍ਰੀਖਿਆ ਵਿੱਚ ਛੇਵੀਂ ਤੋਂ ਬਾਰਵੀਂ ਤੱਕ ਦੇ ਵਿਦਿਆਰਥੀ ਸ਼ਾਮਲ ਹੋਣਗੇ। ਸੂਬਾ, ਜ਼ੋਨ ਤੇ ਇਕਾਈ ਪੱਧਰੀ ਕਲਾਸ ਵਾਇਜ਼ ਮੈਰਿਟ ਬਣੇਗੀ।ਹਰ ਕਲਾਸ ਵਿੱਚ ਪਹਿਲੇ ਤਿੰਨ ਸਥਾਨਾਂ ’ਤੇ ਆਉਣ ਵਾਲੇ ਵਿਦਿਆਰਥੀ ਸੂਬਾ ਪੱਧਰੀ ਮੈਰਿਟ ਵਿੱਚ ਹੋਣਗੇ ਤੇ ਉਨ੍ਹਾਂ ਨੂੰ 1500/- ਰੁਪਏ ਨਕਦ ਇਨਾਮ, ਵਿਗਿਆਨਕ ਵਿਚਾਰਾਂ ਦੀ ਪੁਸਤਕਾਂ, ਪੜ੍ਹਨ ਸਮੱਗਰੀ ਤੇ ਮੈਰਿਟ ਸਰਟੀਫਿਕੇਟ ਨਾਲ ਪ੍ਰਭਾਵਸ਼ਾਲੀ ਸਨਮਾਨ ਸਮਾਰੋਹ ਕਰਕੇ ਸਨਮਾਨਤ ਕੀਤਾ ਜਾਵੇਗਾ।ਇਸੇ ਤਰ੍ਹਾਂ ਜ਼ੋਨ ਤੇ ਇਕਾਈ ਪੱਧਰੀ ਮੈਰਿਟ ਵਿੱਚ ਆਉਣ ਵਾਲੇ ਵਿਦਿਆਰਥੀਆਂ ਨੂੰ ਵਧੀਆ ਪੜ੍ਹਨ ਸਮੱਗਰੀ ਤੇ ਮੈਰਿਟ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਜਾਵੇਗਾ।ਇਸ ਮੌਕੇ ਸਕੂਲ ਪ੍ਰਿੰਸੀਪਲ ਹਰਵਿੰਦਰ ਸਿੰਘ ਹਾਂਡਾ ਤੇ ਪ੍ਰੀਖਿਆ ਇੰਚਾਰਜ ਹਰਪ੍ਰੀਤ ਸਿੰਘ ਨੇ ਬੁਲਾਰਿਆਂ ਦਾ ਧੰਨਵਾਦ ਕੀਤਾ।

## ਲਾਇਨ ਆਈ ਕੇਅਰ ਸੈਂਟਰ ਦੇ ਅਧਿਕਾਰੀ ਸਿਵਲ ਸਰਜਨ ਨੂੰ ਮਿਲੇ



**ਜੈਤੋ (ਸਤੀਸ਼ ਕੁਮਾਰ ਭੀਰੀ)**-ਲਾਇਨਜ਼ ਆਈ ਕੇਅਰ ਸੈਂਟਰ ਦੇ ਚੇਅਰਮੈਨ ਰਾਕੇਸ਼ ਰੋਮਾਣਾ, ਡਾਇਰੈਕਟਰ ਪ੍ਰਦੀਪ ਸਿੰਗਲਾ ਤੇ ਨਰੇਸ਼ ਮਿੱਤਲ ਨੇ ਜ਼ਿਲ੍ਹਾ ਫ਼ਰੀਦਕੋਟ ਦੇ ਨਵ-ਨਿਯੁਕਤ ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਨਾਲ ਉਨ੍ਹਾਂ ਦੇ ਦਫ਼ਤਰ ਮੁਲਾਕਾਤ ਕੀਤੀ ਤੇ ਉਨ੍ਹਾਂ ਨੂੰ ਗੁਲਦਸਤਾ ਭੇਟ ਕਰਕੇ ਵਧਾਈ ਦਿੱਤੀ। ਲਾਇਨਜ਼ ਆਈ ਕੇਅਰ ਸੈਂਟਰ ਦੇ ਚੇਅਰਮੈਨ ਰਾਕੇਸ਼ ਰੋਮਾਣਾ ਤੇ ਡਾਇਰੈਕਟਰ ਪ੍ਰਦੀਪ ਸਿੰਗਲਾ ਨੇ ਦੱਸਿਆ ਕਿ ਉਨ੍ਹਾਂ ਨਵ-ਨਿਯੁਕਤ ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਨੂੰ ਲਾਇਨਜ਼ ਕਲੱਬ ਜੈਤੋ ਗੰਗਸਰ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕੰਮਾਂ ਤੇ ਪੰਜਾਬ ਸਰਕਾਰ ਵੱਲੋਂ ਲਾਇਨਜ਼ ਨੂੰ ਦਿੱਤੀ ਗਈ ਪ੍ਰਵਾਨਗੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਆਈ ਕੇਅਰ ਸੈਂਟਰ ਨੇ ਮਿਲ ਰਹੇ ਸਹਿਯੋਗ ਲਈ ਧੰਨਵਾਦ ਕੀਤਾ।ਰਾਕੇਸ਼ ਰੋਮਾਣਾ ਨੇ ਸਿਵਲ ਸਰਜਨ ਨੂੰ ਦੱਸਿਆ ਕਿ ਲਾਇਨਜ਼ ਕਲੱਬ ਜੈਤੋ ਗੰਗਸਰ ਵੱਲੋਂ ਚਲਾਇਆ ਜਾ ਰਿਹਾ ਲਾਇਨ ਆਈ ਕੇਅਰ ਸੈਂਟਰ ਜੈਤੋ ਪਿਛਲੇ 25 ਸਾਲਾਂ ਤੋਂ ਵੀ ਵੱਧ ਸਮੇਂ ਤੋਂ ਗ਼ਰੀਬ ਤੇ ਲੋੜਵੰਦਾਂ ਦੀਆਂ ਅੱਖਾਂ ਦੇ ਇਲਾਜ ਲਈ ਪੂਰੀ ਤਨਦੇਹੀ, ਸੇਵਾ ਤੇ ਲਗਨ ਨਾਲ ਕੰਮ ਕਰ ਰਿਹਾ ਹੈ। ਜ਼ਿਲ੍ਹਾ ਫ਼ਰੀਦਕੋਟ ਦੇ ਨਵ-ਨਿਯੁਕਤ ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਨੇ ਕਲੱਬ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ।

# ਡੀ ਸੀ ਵੱਲੋਂ ਬਾਬਾ ਫਰੀਦ ਸਾਹਿਤ ਮੇਲੇ ਦਾ ਕੈਲੰਡਰ ਜਾਰੀ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਬਾਬਾ ਸ਼ੇਖ ਫਰੀਦ ਆਗਮਨ ਪੁਰਬ-2024 ਦੌਰਾਨ ਭਾਸ਼ਾ ਵਿਭਾਗ ਪੰਜਾਬ ਤੇ ਆਲਮੀ ਪੰਜਾਬੀ ਅਦਬ ਫਾਊਂਡੇਸ਼ਨ ਫਰੀਦਕੋਟ ਵੱਲੋਂ ਕਰਵਾਏ ਜਾਣ ਵਾਲੇ ਬਾਬਾ ਫਰੀਦ ਸਾਹਿਤ ਮੇਲੇ ਦਾ ਕੈਲੰਡਰ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ, ਐੱਸ.ਡੀ.ਐੱਮ. ਕੋਟਕਪੂਰਾ ਵੀਰਪਾਲ ਕੌਰ, ਜ਼ਿਲ੍ਹਾ ਭਾਸ਼ਾ ਅਫਸਰ ਮਨਜੀਤ ਪੁਰੀ, ਜ਼ਿਲ੍ਹਾ ਲੋਕ ਸੰਪਰਕ ਅਫਸਰ ਅਮਰੀਕ ਸਿੰਘ ਤੇ ਅਮਨਪ੍ਰੀਤ ਸਿੰਘ ਭਾਣਾ ਪ੍ਰਧਾਨ ਆਲਮੀ ਪੰਜਾਬੀ ਅਦਬ ਫਾਊਂਡੇਸ਼ਨ ਫਰੀਦਕੋਟ ਵੱਲੋਂ ਸਾਂਝੇ ਤੌਰ ’ਤੇ ਜਾਰੀ ਕੀਤਾ ਗਿਆ।ਇਹ ਮੇਲਾ ਪੰਜਾਬੀ ਸਾਹਿਤ ਜਗਤ ਦੀ ਨਾਮਵਰ ਹਸਤੀ ਸਵ. ਸੁਰਜੀਤ ਪਾਤਰ ਨੂੰ ਸਮਰਪਤ ਹੋਵੇਗਾ।19 ਤੋਂ 23 ਸਤੰਬਰ ਤੱਕ ਪੰਜ ਦਿਨ ਚੱਲਣ ਵਾਲੇ ਇਸ ਮੇਲੇ ਵਿੱਚ ਪੰਜਾਬੀ ਸਾਹਿਤ ਦੀਆਂ ਵੱਖ ਵੱਖ ਵੰਨਗੀਆਂ ਸਰੋਤਿਆਂ ਦੇ ਰੂਬਰੂ ਹੋਣਗੀਆਂ ਤੇ ਪੰਜ ਦਿਨ ਚੱਲਣ ਵਾਲੇ ਪੁਸਤਕ ਮੇਲੇ ਵਿੱਚ ਲਗਭਗ 100 ਦੇ ਕਰੀਬ ਪ੍ਰਕਾਸ਼ਕ ਹਿੱਸਾ ਲੈਣਗੇ।ਇਸ ਮੇਲੇ ਵਿੱਚ 19 ਤੋਂ 23 ਸਤੰਬਰ ਤੱਕ ਕਰਵਾਏ ਜਾ ਰਹੇ ਪੰਜ ਰੋਜ਼ਾ ਪੁਸਤਕ ਮੇਲੇ ਦਾ ਉਦਘਾਟਨ ਵਿਧਾਇਕ ਫਰੀਦਕੋਟ ਸ੍ਰ. ਗੁਰਦਿੱਤ ਸਿੰਘ ਸੇਖੋਂ ਕਰਨਗੇ ਤੇ ਜਸਵੰਤ ਸਿੰਘ ਜ਼ਫ਼ਰ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਇਸ ਪੰਜ ਰੋਜ਼ਾ ਸਾਹਿਤ ਮੇਲੇ ਵਿੱਚ ਪੰਜਾਬੀ ਸਾਹਿਤ ਦੀਆਂ ਨਾਮਵਰ ਹਸਤੀਆਂ ਸਰੋਤਿਆਂ ਦੇ ਰੂਬਰੂ ਹੋਣਗੀਆਂ। 22 ਸਤੰਬਰ ਨੂੰ ਹੋਣ ਵਾਲੇ ਕਵੀ ਦਰਬਾਰ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਦਰਜਨ ਦੇ ਕਰੀਬ ਕਵੀ ਹਿੱਸਾ ਲੈਣਗੇ ਤੇ ਇਸ ਮੌਕੇ ਸਪੀਕਰ ਪੰਜਾਬ ਵਿਧਾਨ ਸਭਾ ਸ੍ਰ. ਕੁਲਤਾਰ ਸਿੰਘ ਸੰਧਵਾਂ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ।

19 ਤੇ 20 ਸਤੰਬਰ ਨੂੰ ਕਰਵਾਏ ਜਾਣ ਵਾਲੇ ਨਾਟਕਾਂ ਵਿੱਚ ਸਿਰਜਣਾ ਆਰਟ ਗਰੁੱਪ ਰਾਏਕੋਟ ਵੱਲੋਂ ਨਾਟਕ ਭਾਸ਼ਾ ਵਹਿੰਦਾ ਦਰਿਆ, ਸਾਰਥਕ ਰੰਗਮੰਚ ਪਟਿਆਲਾ ਵੱਲੋਂ ਕਰ ਲਓ ਘਿਓ ਨੂੰ ਭਾਂਡਾ, ਨਾਦ ਰੰਗਮੰਚ ਪਟਿਆਲਾ ਵੱਲੋਂ ਮਿਰਜ਼ਾ ਅਤੇ ਗੁਰਚੇਤ ਚਿੱਤਰਕਾਰ ਵੱਲੋਂ ਨਾਟਕ ਟੈਨਸ਼ਨ ਫਰੀ ਪੇਸ਼ ਕੀਤੇ ਜਾਣਗੇ।

## ਬੱਚਿਆਂ ਦੇ ਰਾਸ਼ਟਰੀ ਬਹਾਦਰੀ ਐਵਾਰਡ ਲਈ ਅਰਜ਼ੀਆਂ ਦੀ ਮੰਗ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਬਾਲ ਭਲਾਈ ਕੌਂਸਲ ਫ਼ਰੀਦਕੋਟ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਇੰਡੀਅਨ ਕੌਂਸਲ ਆਫ ਚਾਈਲਡ ਵੈੱਲਫੇਅਰ (ਆਈ.ਸੀ.ਸੀ.ਡਬਲਿਊ.) ਨਵੀਂ ਦਿੱਲੀ ਵੱਲੋਂ 6 ਤੋਂ 18 ਸਾਲ ਦੇ ਬੱਚੇ, ਜਿਨ੍ਹਾਂ ਨੇ ਕੋਈ ਵਿਸ਼ੇਸ਼ ਬਹਾਦਰੀ ਦਾ ਕੰਮ ਕੀਤਾ ਹੋਵੇ, ਨੂੰ ਕੌਂਸਲ ਵੱਲੋਂ ਸਾਲ 2024 ਲਈ ਰਾਸ਼ਟਰੀ ਬਹਾਦਰੀ ਐਵਾਰਡ ਦੇਣ ਦੀ ਯੋਜਨਾ ਹੈ।ਇਸ ਸਕੀਮ ਅਧੀਨ ਜਿਨ੍ਹਾਂ ਬੱਚਿਆਂ ਨੇ 1 ਜੁਲਾਈ 2023 ਤੋਂ 30 ਸਤੰਬਰ 2024 ਤੱਕ ਕੋਈ ਬਹਾਦਰੀ ਦਾ ਵਿਲੱਖਣ ਕਾਰਜ ਕੀਤਾ ਹੋਵੇ, ਉਨ੍ਹਾਂ ਦੇ ਨਾਮ ਰਾਸ਼ਟਰੀ ਬਾਲ ਭਲਾਈ ਕੌਂਸਲ ਨਵੀਂ ਦਿੱਲੀ ਨੂੰ 5 ਅਕਤੂਬਰ 2024 ਤੱਕ ਭੇਜੇ ਜਾਣੇ ਹਨ।ਡਿਪਟੀ ਕਮਿਸ਼ਨਰ ਨੇ ਆਮ ਲੋਕਾਂ ਤੇ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਜੇਕਰ ਉਨ੍ਹਾਂ ਦੇ ਧਿਆਨ ਵਿੱਚ ਫ਼ਰੀਦਕੋਟ ਜ਼ਿਲ੍ਹੇ ਨਾਲ ਸਬੰਧਤ ਅਜਿਹੇ ਬੱਚੇ ਦਾ ਨਾਮ ਹੋਵੇ, ਜਿਸ ਨੇ ਕੋਈ ਵਿਲੱਖਣ ਬਹਾਦਰੀ ਦਾ ਕਾਰਜ ਕੀਤਾ ਹੋਵੇ ਤਾਂ ਉਸ ਬੱਚੇ ਦਾ ਕੇਸ ਤਿਆਰ ਕਰਕੇ ਆਨਰੇਰੀ ਸਕੱਤਰ ਜ਼ਿਲ੍ਹਾ ਬਾਲ ਭਲਾਈ ਕੌਂਸਲ ਦੇ ਦਫਤਰ ਰੈੱਡ ਕਰਾਸ ਭਵਨ ਫ਼ਰੀਦਕੋਟ ਵਿਖੇ 3 ਅਕਤੂਬਰ 2024 ਤੱਕ ਹਰ ਹਾਲਤ ਵਿੱਚ ਭੇਜੇ ਜਾਣ।

## ਵਿਧਾਇਕ ਜਗਦੀਪ ਕੰਬੋਜ ਨੇ ਮਾਰਕਿਟ ਕਮੇਟੀ ਦਫਤਰ ’ਚ ਪੌਦੇ ਲਗਾਏ



**ਜਲਾਲਾਬਾਦ (ਜੀਤ ਕੁਮਾਰ)**-ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਮੰਡਲ ਫਾਜ਼ਿਲਕਾ ਦੇ ਕਾਰਜਕਾਰੀ ਇੰਜੀਨੀਅਰ ਧਰਮਿੰਦਰ ਸਿੰਘ ਦੇ ਆਦੇਸ਼ਾਂ ਤਹਿਤ ਅਤੇ ਸਬ ਡਵੀਜ਼ਨ ਜਲਾਲਾਬਾਦ ਦੇ ਐੱਸ.ਡੀ.ਓ. ਅਰਵਿੰਦ ਬਲਾਨਾ ਦੀ ਅਗਵਾਈ ਹੇਠ ਬਲਾਕ ਜਲਾਲਾਬਾਦ ਵਿੱਚ ਹਰਿਆਲੀ ਲਿਆਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਮੁਹਿੰਮ ਇੱਕ ਰੁੱਖ ਮਾਂ ਦੇ ਨਾਮ ਤਹਿਤ ਮਾਰਕਿਟ ਕਮੇਟੀ ਦਫਤਰ ਵਿਖੇ ਹਲਕਾ ਜਲਾਲਾਬਾਦ ਦੇ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਵੱਲੋਂ ਮੁਹਿੰਮ ਦੇ ਤਹਿਤ ਪੌਦੇ ਲਗਾਏ ਗਏ। ਇਸ ਮੌਕੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਤੋਂ ਆਈ.ਈ.ਸੀ. ਮੈਡਮ ਪੂਨਮ, ਜੇ. ਈ. ਵਿਕਰਮ ਕਟਾਰੀਆ, ਬੀ.ਆਰ.ਸੀ. ਅਮਨ ਕੰਬੋਜ, ਜਲਾਲਾਬਾਦ ਮਾਰਕਿਟ ਕਮੇਟੀ ਦੇ ਚੇਅਰਮੈਨ ਦੇਵਰਾਜ ਸ਼ਰਮਾ, ਸੁਖਵਿੰਦਰ ਸਿੰਘ ਆਲਮਕੇ, ਲਾਡੀ ਪੀ ਏ, ਰਜਿੰਦਰ ਸਿੰਘ ਪੀ.ਐੱਸ.ਓ., ਰਵਿੰਦਰ ਸਿੰਘ ਸਰਪੰਚ ਢਾਣੀ ਜੱਜ ਸਿੰਘ, ਤਿਲਕ ਰਾਜ ਸਰਪੰਚ ਬੱਲੂਆਣਾ, ਸੋਨੂੰ ਲੱਖੋਕੇ, ਬੇਅੰਤ ਸਿੰਘ ਗੁੰਮਾਨੀਵਾਲਾ, ਸੋਨੂੰ ਲੱਖੋਕੇ, ਗੁਰਪ੍ਰੀਤ ਸਿੰਘ ਮਾਨ ਚੱਕ ਸੁਹੇਲੇਵਾਲਾ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ, ਵਰਕਰ ਆਦਿ ਮੌਜੂਦ ਸਨ। ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਇਥੇ ਪੌਦੇ ਲਗਾਉਣ ਦੀ ਸ਼ੁਰੂਆਤ ਕਰਨ ਮੌਕੇ ਕਿਹਾ ਕਿ ਪੰਜਾਬ ਸਰਕਾਰ ਦੇ ਆਦੇਸ਼ਾਂ ਤਹਿਤ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ ਵਾਤਾਵਰਣ ਨੂੰ ਹਰਿਆ ਭਰਿਆ ਬਣਾਉਣ ਦੇ ਉਦੇਸ਼ ਨਾਲ ਪੌਦੇ ਲਗਾਉਣ ਦੀ ਚਲਾਈ ਮੁਹਿੰਮ ਵਿੱਚ ਹਰੇਕ ਨਾਗਰਿਕ ਨੂੰ ਆਪਣਾ ਬਣਦਾ ਸਹਿਯੋਗ ਦਿੱਤਾ ਜਾਵੇ ਅਤੇ ਲਗਾਏ ਜਾ ਰਹੇ ਪੌਦਿਆਂ ਦੀ ਸਾਂਭ ਸੰਭਾਲ ਕੀਤੀ ਜਾਵੇ ਤਾਂ ਜੋ ਇਹ ਪੌਦੇ ਵੱਡੇ ਹੋ ਕੇ ਰੁੱਖ ਬਣ ਸਕਣ ਤੇ ਗੰਦਲੇ ਹੋ ਰਹੇ ਵਾਤਾਵਰਣ ਨੂੰ ਬਚਾਇਆ ਜਾ ਸਕੇ।

## ਗੁਰਤੇਜ ਸਿੰਘ ਬਰਾੜ ਨੇ ਥਾਣਾ ਵੈਰੋਕੇ ਦਾ ਚਾਰਜ ਸੰਭਾਲਿਆ



**ਜਲਾਲਾਬਾਦ (ਜੀਤ ਕੁਮਾਰ)**-ਜ਼ਿਲ੍ਹਾ ਪੁਲਸ ਮੁਖੀ ਫਾਜ਼ਿਲਕਾ ਦੇ ਆਦੇਸ਼ਾਂ ਤਹਿਤ ਕੀਤੇ ਤਬਾਦਲਿਆਂ ਅਧੀਨ ਥਾਣਾ ਵੈਰੋਕੇ ਵਿਖੇ ਨਵੇਂ ਥਾਣਾ ਮੁਖੀ ਦੀ ਤਾਇਨਾਤੀ ਗੁਰਤੇਜ ਸਿੰਘ ਬਰਾੜ ਦੀ ਕੀਤੀ ਗਈ ਹੈ। ਗੁਰਤੇਜ ਸਿੰਘ ਬਰਾੜ ਪੁਲਸ ਲਾਈਨ ਫਾਜ਼ਿਲਕਾ ਤੋਂ ਤਬਦੀਲ ਹੋ ਕੇ ਇਥੇ ਆਏ ਹਨ। ਆਪਣੀ ਨਵੀਂ ਜ਼ਿੰਮੇਵਾਰੀ ਸੰਭਾਲਣ ਉਪਰੰਤ ਉਨ੍ਹਾਂ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਆਮ ਜਨਤਾ ਤੇ ਪੁਲਸ ਵਿੱਚ ਚੰਗੇ ਤਾਲਮੇਲ ਲਈ ਹਮੇਸ਼ਾ ਯਤਨਸ਼ੀਲ ਰਹੇ ਹਨ, ਪਰ ਮਾੜੇ ਅਨਸਰਾਂ ਲਈ ਇਹ ਹਮੇਸ਼ਾ ਸਖ਼ਤ ਰਹੇ ਹਨ। ਉਨ੍ਹਾਂ ਕਿਹਾ ਮੇਰੀ ਹਰ ਸੰਭਵ ਕੋਸ਼ਿਸ਼ ਰਹੇਗੀ ਕਿ ਜ਼ਿਆਦਾ ਸਮਾਂ ਸਬੰਧਤ ਇਲਾਕੇ ਦੇ ਲੋਕਾਂ ਦੀਆਂ ਮੁਸ਼ਕਲਾਂ ਮਿਲ ਬੈਠ ਕੇ ਹੱਲ ਕਰਨ ਦੇ ਯਤਨ ਕੀਤੇ ਜਾਣ। ਨਸ਼ਿਆਂ ’ਤੇ ਮੁਕੰਮਲ ਰੋਕਥਾਮ ਲਈ ਮਾੜੇ ਅਨਸਰਾਂ ਖਿਲਾਫ ਸਖਤੀ ਨਾਲ ਨਿਪਟਿਆ ਜਾਵੇਗਾ।

# ਐਡਵੋਕੇਟ ਧਾਮੀ ਵੱਲੋਂ ਪ੍ਰੋ. ਬਡੂੰਗਰ ਦੀ ਪੁਸਤਕ ‘ਸਚਹੁ ਓਰੈ ਸਭੁ ਕੋ’ ਰਿਲੀਜ਼



**ਪਟਿਆਲਾ/ਫਤਹਿਗੜ੍ਹ ਸਾਹਿਬ (ਰਾਜਿੰਦਰ ਸਿੰਘ ਥਿੰਦ/ਪ੍ਰਮੋਦ ਭਾਰਦਵਾਜ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਵਿਖੇ ਇਕ ਸਮਾਰੋਹ ਵਿੱਚ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਪੁਸਤਕ ‘ਸਚਹੁ ਓਰੈ ਸਭੁ ਕੋ’ ਨੂੰ ਰਿਲੀਜ਼ ਕੀਤਾ ਗਿਆ।ਪੁਸਤਕ ਰਿਲੀਜ਼ ਕਰਨ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵਧਾਈ ਦਿੰਦਿਆਂ ਕਿਹਾ ਕਿ ਪੰਥਕ ਸ਼ਖ਼ਸੀਅਤ ਪ੍ਰੋ. ਕਿਰਪਾਲ ਸਿੰਘ ਬਡੂੰਗਰ ਲਗਾਤਾਰ ਆਪਣੇ ਕਾਰਜਾਂ ਵਿੱਚ ਨਿਰੰਤਰ ਕਾਰਜਸ਼ੀਲ ਹਨ ਤੇ ਉਨ੍ਹਾਂ ਵੱਲੋਂ ਹਮੇਸ਼ਾ ਧਾਰਮਕ, ਸਮਾਜਕ ਤੇ ਰਾਜਨੀਤਕ ਖੇਤਰ ਵਿੱਚ ਰੁੱਝੇ ਰਹਿਣ ਦੇ ਬਾਵਜੂਦ ਗੁਰਮਤਿ ਅਧਾਰਤ ਪੁਸਤਕਾਂ ਲਿਖ ਕੇ ਧਰਮ ਤੇ ਭਾਸ਼ਾ ਦੇ ਵਿਕਾਸ ਵਿੱਚ ਅਜਿਹਾ ਵੱਡਮੁੱਲਾ ਖ਼ਜ਼ਾਨਾ ਸਰਮਾਏ ਦੇ ਰੂਪ ਵਿੱਚ ਦੇ ਕੇ ਮਾਰਗ ਦਰਸ਼ਨ ਕੀਤਾ ਜਾ ਰਿਹਾ, ਜੋ ਹਰ ਇੱਕ ਦੇ ਹਿੱਸੇ ਨਹੀਂ ਆਉਂਦਾ।ਉਨ੍ਹਾ ਕਿਹਾ ਕਿ ਪ੍ਰੋ. ਬਡੂੰਗਰ ਵੱਲੋਂ ਧਰਮ ਦੇ ਖੇਤਰ ਵਿੱਚ ਗੁਰਮਤਿ ਫਲਸਫੇ ਨੂੰ ਅੱਗੇ ਤੋਰਨ ਦਾ ਪੂਰੀ ਦ੍ਰਿੜ੍ਹਤਾ ਨਾਲ ਕੀਤਾ ਜਾ ਰਿਹਾ ਕਾਰਜ ਇਸ ਕਰਕੇ ਵਿਲੱਖਣ ਹੈ, ਕਿਉਂਕਿ ਅਜੋਕੇ ਸਮੇਂ ਤੇ ਭਵਿੱਖ ਵਿੱਚ ਦਰਪੇਸ਼ ਚੁਣੌਤੀਆਂ ਵਿੱਚੋਂ ਨਿਕਲਣ ਦੀ ਜੀਵਨ ਜਾਚ ਗੁਰਮਤਿ ਫਲਸਫੇ ਵਿੱਚੋਂ ਹੀ ਮਿਲ ਸਕਦੀ ਹੈ।

ਪੁਸਤਕ ਰਿਲੀਜ਼ ਮੌਕੇ ਸੀਨੀਅਰ ਮੀਤ ਪ੍ਰਧਾਨ ਹਰਭਜਨ ਸਿੰਘ ਮਸਾਣਾ, ਅੰਤ੍ਰਿੰਗ ਕਮੇਟੀ ਮੈਂਬਰ ਜਸਮੇਰ ਸਿੰਘ ਲਾਛੜੂ ਤੇ ਸ਼੍ਰੋਮਣੀ ਕਮੇਟੀ ਮੈਂਬਰਾਂ ’ਚ ਜਥੇ. ਗੁਰਚਰਨ ਸਿੰਘ ਗਰੇਵਾਲ, ਅਮਰਜੀਤ ਸਿੰਘ ਚਾਵਲਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਮੰਗਵਿੰਦਰ ਸਿੰਘ ਖਾਪਰਖੇੜੀ, ਸੁਰਜੀਤ ਸਿੰਘ ਭਿੱਟੇਵਿੰਡ, ਬਾਬਾ ਬੂਟਾ ਸਿੰਘ, ਸੁਖਵਰਸ਼ ਸਿੰਘ ਪੰਨੂੰ, ਜਗਜੀਤ ਸਿੰਘ ਤਲਵੰਡੀ, ਬੀਬੀ ਗੁਰਿੰਦਰ ਕੌਰ ਭੋਲੂਵਾਲ, ਰਵਿੰਦਰ ਸਿੰਘ ਖਾਲਸਾ, ਅਵਤਾਰ ਸਿੰਘ ਰਿਆ, ਅਜਮੇਰ ਸਿੰਘ ਖੇੜਾ, ਮਿੱਠੂ ਸਿੰਘ ਕਾਹਨੇਕੇ, ਦਰਸ਼ਨ ਸਿੰਘ ਮੋਠਾਂਵਾਲੀ, ਗੁਰਮੀਤ ਸਿੰਘ ਬੂਹ ਤੇ ਸੈਕਟਰੀ ਜਗਦੀਪ ਸਿੰਘ ਚੀਮਾ, ਡਾਇਰੈਕਟੋਰੇਟ ਦੇ ਸਿੱਖਿਆ ਸਕੱਤਰ ਸੁਖਵਿੰਦਰ ਸਿੰਘ, ਸਤਵੰਤ ਕੌਰ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਸਾਬਕਾ ਸਕੱਤਰ ਸਿਮਰਜੀਤ ਸਿੰਘ, ਮੈਨੇਜਰ ਗੁਰਦੀਪ ਸਿੰਘ ਕੰਗ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸਟਾਫ ਮੈਂਬਰ ਆਦਿ ਸ਼ਾਮਲ ਸਨ।

## ਦੋ ਦਿਨ ਲਈ ਪਲੇਸਮੈਂਟ ਕੈਂਪ ਅੱਜ ਤੋਂ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਤੇ ਉਨ੍ਹਾਂ ਨੂੰ ਸਵੈ-ਰੁਜ਼ਗਾਰ ਦੇ ਕਾਬਲ ਬਣਾਉਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ 11 ਤੇ 12 ਸਤੰਬਰ ਨੂੰ ਦੋ ਦਿਨਾਂ ਲਈ ਪਲੇਸਮੈਂਟ ਕੈਂਪ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਲਾਇਆ ਜਾ ਰਿਹਾ ਹੈ। ਡਿਪਟੀ ਡਾਇਰੈਕਟਰ ਪਰਮਿੰਦਰ ਕੌਰ ਨੇ ਦੱਸਿਆ ਕਿ 11 ਸਤੰਬਰ ਨੂੰ ਇੰਡੀਆ ਜੌਬ ਕਾਰਟ ਵੱਲੋਂ ਕੰਪਿਊਟਰ ਓਪਰੇਟਰ, ਐਡਮਿਸ਼ਨ ਕਾਊਂਸਲਰ, ਜੂਨੀਅਰ ਰੇਕਰਿਓਟਰ, ਫਰੰਟ ਡੈਸਕ ਐਗਜੀਕਿਊਟਿਵ, ਟੈਲੀਕਾਲਰ, ਟੀ.ਪੀ.ਏ. ਐਗਜੀਕਿਊਟਿਵ ਦੀਆਂ ਅਸਾਮੀਆਂ ਲਈ ਲੜਕੇ ਤੇ ਲੜਕੀਆਂ ਦੀ ਚੋਣ ਕੀਤੀ ਜਾਵੇਗੀ।ਇਨ੍ਹਾਂ ਅਸਾਮੀਆਂ ਲਈ ਯੋਗਤਾ ਗ੍ਰੈਜੂਏਸ਼ਨ ਨਾਲ ਸਬੰਧਤ ਫੀਲਡ ਦਾ ਤਜਰਬਾ ਹੋਣਾ ਚਾਹੀਦਾ ਹੈ।ਇਸ ਤੋਂ ਇਲਾਵਾ ਉਮਰ ਹੱਦ 22 ਤੋਂ 35 ਸਾਲ ਹੈ।ਇਨ੍ਹਾਂ ਅਸਾਮੀਆਂ ਲਈ ਤਨਖਾਹ 12 ਤੋਂ 20 ਹਜ਼ਾਰ ਰੁਪਏ ਪ੍ਰਤੀ ਮਹੀਨਾ ਹੋਵੇਗੀ।ਰੁਜ਼ਗਾਰ ਅਫਸਰ ਅੰਕਿਤਾ ਅਗਰਵਾਲ ਨੇ ਦੱਸਿਆ ਕਿ ਇਸੇ ਲੜੀ ਤਹਿਤ 12 ਸਤੰਬਰ ਨੂੰ ਅਥਰਵਾ ਟੈੱਕ ਮਾਈਂਡਸ ਪ੍ਰਾਈਵੇਟ ਲਿਮਟਿਡ, ਬਠਿੰਡਾ ਵੱਲੋਂ ਵੀ ਕੰਪਿਊਟਰ ਓਪਰੇਟਰ, ਮਾਰਕੀਟਿੰਗ ਐਗਜੀਕਿਊਟਿਵ, ਟੀਮ ਲੀਡਰ ਦੀਆਂ ਅਸਾਮੀਆਂ ਲਈ ਚੋਣ ਕੀਤੀ ਜਾਵੇਗੀ।ਕੰਪਿਊਟਰ ਓਪਰੇਟਰ ਲਈ ਯੋਗਤਾ ਬਾਰ੍ਹਵੀਂ ਪਾਸ ਦੇ ਨਾਲ ਕੰਪਿਊਟਰ ਦੀ ਜਾਣਕਾਰੀ ਹੋਣੀ ਚਾਹੀਦੀ ਹੈ।ਮਾਰਕੀਟਿੰਗ ਐਗਜੀਕਿਊਟਿਵ ਤੇ ਟੀਮ ਲੀਡਰ ਲਈ ਯੋਗਤਾ ਗ੍ਰੈਜੂਏਸ਼ਨ ਨਾਲ ਸਬੰਧਤ ਫੀਲਡ ਵਿੱਚ ਇਕ ਸਾਲ ਦਾ ਤਜਰਬਾ ਹੋਣਾ ਚਾਹੀਦਾ ਹੈ।ਇਨ੍ਹਾਂ ਅਸਾਮੀਆਂ ਲਈ ਤਨਖਾਹ 8 ਤੋਂ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਹੋਵੇਗੀ। ਪ੍ਰਬੰਧਕੀ ਸ਼ਾਖਾ ਤੋਂ ਬਲਤੇਜ ਸਿੰਘ ਨੇ ਦੱਸਿਆ ਕਿ ਇੰਟਰਵੀਓ ਲਈ ਪ੍ਰਾਰਥੀ ਆਪਣੀ ਯੋਗਤਾ ਅਨੁਸਾਰ ਆਪਣੇ ਨਾਲ ਆਪਣਾ ਬਾਇਓਡਾਟਾ, ਵਿਦਿਅਕ ਯੋਗਤਾ ਦੇ ਸਰਟੀਫਿਕੇਟ, ਅਧਾਰ ਕਾਰਡ, ਪੈਨ ਕਾਰਡ ਆਦਿ ਲੈ ਕੇ 11 ਅਤੇ 12 ਸਤੰਬਰ ਨੂੰ ਸਵੇਰੇ 09.30 ਵਜੇ ਸਥਾਨਕ ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ, ਨੇੜੇ ਚਿਲਡਰਨ ਪਾਰਕ, ਸਿਵਲ ਲਾਈਨ ਵਿਖੇ ਪਹੁੰਚ ਸਕਦੇ ਹਨ।

## ਬੁੱਧ ਰਾਮ ਵੱਲੋਂ ਰੰਘੜਿਆਲ ਤੇ ਦਿਆਲਪੁਰਾ ’ਚ ਆਂਗਣਵਾੜੀ ਸੈਂਟਰਾਂ ਦਾ ਉਦਘਾਟਨ



**ਬਰੇਟਾ (ਰੀਤਵਾਲ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੀਆਂ ਬੁਨਿਆਦੀ ਸਹੂਲਤਾਂ ਨੂੰ ਤਰਜੀਹ ਦੇ ਆਧਾਰ ’ਤੇ ਪੂਰਾ ਕੀਤਾ ਜਾ ਰਿਹਾ ਹੈ। ਇਹ ਵਿਚਾਰ ਵਿਧਾਇਕ ਬੁਢਲਾਡਾ ਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ ਪ੍ਰਿੰਸੀਪਲ ਬੁੱਧ ਰਾਮ ਨੇ ਪਿੰਡ ਰੰਘੜਿਆਲ ਵਿਖੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਣ ਮੌਕੇ ਹਾਜ਼ਰ ਲੋਕਾਂ ਨਾਲ ਸਾਂਝੇ ਕੀਤੇ। ਇਸ ਮੌਕੇ ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਪਿੰਡ ਰੰਘੜਿਆਲ ਵਿਖੇ 5 ਲੱਖ ਰੁਪਏ ਦੀ ਲਾਗਤ ਨਾਲ ਰਵਿਦਾਸ ਧਰਮਸ਼ਾਲਾ ਤਿਆਰ ਕੀਤੀ ਗਈ ਹੈ, ਕਿਉਂਕਿ ਰਵਿਦਾਸ ਭਾਈਚਾਰੇ ਲਈ ਖੁਸ਼ੀ-ਗ਼ਮੀ ਦੇ ਸਾਂਝੇ ਪ੍ਰੋਗਰਾਮਾਂ ਲਈ ਕੋਈ ਢੁੱਕਵੀਂ ਜਗ੍ਹਾ ਨਾ ਹੋਣ ਕਾਰਨ ਉਨ੍ਹਾਂ ਨੂੰ ਵੱਡੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸੇ ਤਰ੍ਹਾਂ 10 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਆਂਗਣਵਾੜੀ ਸੈਂਟਰ ਲਈ ਹਾਲ ਕਮਰਾ, ਰਸੋਈ ਤੇ ਸਟੋਰ ਬਣਾਇਆ ਗਿਆ ਹੈ ਤਾਂ ਜੋ ਆਂਗਣਵਾੜੀ ਆਉਣ ਵਾਲੇ ਛੋਟੇ ਬੱਚਿਆਂ ਨੂੰ ਉਥੇ ਹੀ ਖਾਣਾ ਬਣਾ ਕੇ ਦਿੱਤਾ ਜਾ ਸਕੇ। ਇਸ ਉਪਰੰਤ ਵਿਧਾਇਕ ਬੁੱਧ ਰਾਮ ਨੇ ਪਿੰਡ ਦਿਆਲਪੁਰਾ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਆਂਗਣਵਾੜੀ ਸੈਂਟਰ ਤੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਬੱਚਿਆਂ ਨੂੰ ਸਾਫ ਪੀਣ ਵਾਲਾ ਪਾਣੀ ਦੇਣ ਲਈ 1 ਲੱਖ 50 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਆਰ. ਓ. ਸਿਸਟਮ ਦਾ ਉਦਘਾਟਨ ਵੀ ਕੀਤਾ ਗਿਆ। ਪ੍ਰਾਇਮਰੀ ਸਕੂਲ ਦੇ ਵਿਹੜੇ ਵਿੱਚ ਸਕੂਲ ਗੇਟ ਤੋਂ ਲੈ ਕੇ ਕਮਰਿਆਂ ਤੱਕ 3 ਲੱਖ 50 ਹਜ਼ਾਰ ਦੀ ਲਾਗਤ ਇੰਟਰਲਾਕ ਟਾਈਲਾਂ ਦਾ ਫਰਸ਼ ਲਗਵਾਇਆ ਗਿਆ ਹੈ। ਇਸ ਉਪਰੰਤ ਉਨ੍ਹਾਂ ਪਿੰਡ ਕਾਹਨਗੜ੍ਹ ਵਿਖੇ ਗਲੀਆਂ ਵਿੱਚ ਇੰਟਰਲਾਕ ਟਾਈਲਾਂ ਲਾਉਣ ਦੇ ਕੰਮ ਦੀ ਸ਼ੁਰੂਆਤ ਟੱਕ ਲਾ ਕੇ ਕਰਵਾਈ। ਇਸ ਮੌਕੇ ਪੰਚਾਇਤ ਸਕੱਤਰ ਦੀਪਕ ਬਾਂਸਲ, ਸੁਨੀਲ ਕੁਮਾਰ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਗੁਰਦਰਸ਼ਨ ਸਿੰਘ ਪਟਵਾਰੀ, ਚਮਕੌਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਬਰੇਟਾ, ਕੁਲਵਿੰਦਰ ਸਿੰਘ ਖੁਡਾਲ, ਸੰਸਾਰ ਸਿੰਘ ਸਿਰਸੀਵਾਲਾ, ਲਲਿਤ ਕੁਮਾਰ ਬਰੇਟਾ, ਕਪਿਲ ਗਰਗ, ਕਾਕੂ ਬਰੇਟਾ, ਰਾਜੇਸ਼ ਕੁਮਾਰ ਰਾਜੂ, ਕੇਵਲ ਸ਼ਰਮਾ ਤੇ ਜਗਤਾਰ ਸਿੰਘ ਕਾਹਨਗੜ੍ਹ ਆਦਿ ਹਾਜ਼ਰ ਸਨ।

## ਸਰਵਹਿੱਤਕਾਰੀ ਸਭਾ ਤੇ ਕਲਾਕਾਰਾਂ ਵਿਚਕਾਰ ਵਿਵਾਦ ਖਤਮ

# ਪ੍ਰਬੰਧਕ ਕਮੇਟੀ ਤੇ ਕਲਾਕਾਰ ਇੱਕਜੁੱਟ ਹੋ ਕੇ ਕਰਨਗੇ ਰਾਮਲੀਲ੍ਹਾ ਦਾ ਮੰਚਨ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਰਵਹਿੱਤਕਾਰੀ ਸਭਾ ਸ੍ਰੀ ਰਾਮਲੀਲ੍ਹਾ ਕਮੇਟੀ ਤੇ ਕਲਾਕਾਰਾਂ ਵਿਚਕਾਰ ਜੋ ਵਿਵਾਦ ਚੱਲਿਆ ਆ ਰਿਹਾ ਸੀ, ਉਹ ਕੱਲ੍ਹ ਖ਼ਤਮ ਹੋ ਗਿਆ ਅਤੇ ਦੋਵਾਂ ਵੱਲੋਂ ਇੱਕਜੁੱਟ ਹੋ ਕੇ ਹੁਣ ਰਾਮਲੀਲ੍ਹਾ ਦਾ ਮੰਚਨ ਕੀਤਾ ਜਾਵੇਗਾ। ਸਥਾਨਕ ਰਾਮ ਬਾਗ ਵਿਖੇ ਸਰਵਹਿੱਤਕਾਰੀ ਸਭਾ ਸ੍ਰੀ ਰਾਮਲੀਲ੍ਹਾ ਪ੍ਰਬੰਧਕ ਕਮੇਟੀ ਤੇ ਸ਼ਹਿਰ ਦੇ ਜੋ ਨੌਜਵਾਨ ਰਾਮਲੀਲ੍ਹਾ ਦਾ ਮੰਚਨ ਕਰਦੇ ਸਨ, ਉਨ੍ਹਾਂ ਦੀ ਇੱਕ ਮੀਟਿੰਗ ਹੋਈ, ਜਿਸ ਵਿੱਚ ਇਹ ਫੈਸਲਾ ਲਿਆ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਰਾਮਲੀਲ੍ਹਾ ਕਮੇਟੀ ਦੇ ਪ੍ਰਧਾਨ ਅਸ਼ੋਕ ਸੂਦ ਨੇ ਕਿਹਾ ਕਿ ਸਾਡੇ ਸ਼ਹਿਰ ਦੇ ਰਾਮਲੀਲ੍ਹਾ ਦਾ ਮੰਚਨ ਕਰਨ ਵਾਲੇ ਨੌਜਵਾਨ ਸਾਡੇ ਆਪਣੇ ਹਨ ਤੇ ਹੁਣ ਅਸੀਂ ਸਾਰੇ ਗਿਲੇ-ਸ਼ਿਕਵੇ ਭੁਲਾ ਕੇ ਭਗਵਾਨ ਰਾਮ ਜੀ ਦੀ ਲੀਲ੍ਹਾ ਦਾ ਮੰਚਨ ਕਰਾਂਗੇ ਤੇ ਦੁਸਹਿਰਾ ਧੂਮਧਾਮ ਨਾਲ ਮਨਾਵਾਂਗੇ। ਇਸ ਮੌਕੇ ਰਾਮਲੀਲ੍ਹਾ ਕਮੇਟੀ ਦੇ ਚੇਅਰਮੈਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਪ੍ਰਬੰਧਕ ਕਮੇਟੀ ਤੇ ਕਲਾਕਾਰਾਂ ਦੀ ਇੱਕਜੁਟਤਾ ਹੋਣੀ ਭਾਈਚਾਰਕ ਸਾਂਝ ਦਾ ਪ੍ਰਤੀਕ ਹੈ ਤੇ ਕਮੇਟੀ ਇਨ੍ਹਾਂ ਨੂੰ ਹਰ ਸੰਭਵ ਸਹਿਯੋਗ ਦੇਵੇਗੀ। ਉਨ੍ਹਾ ਦੱਸਿਆ ਕਿ 1 ਅਕਤੂਬਰ ਤੋਂ ਰਾਮਲੀਲ੍ਹਾ ਦਾ ਮੰਚਨ ਸ਼ੁਰੂ ਹੋ ਜਾਵੇਗਾ ਤੇ 11 ਅਕਤੂਬਰ ਤੱਕ ਜਾਰੀ ਰਹੇਗਾ ਅਤੇ 12 ਅਕਤੂਬਰ ਨੂੰ ਦੁਸਹਿਰਾ ਧੂਮਧਾਮ ਨਾਲ ਮਨਾਇਆ ਜਾਵੇਗਾ। ਇਸ ਮੌਕੇ ਭਗਵਾਨ ਸ੍ਰੀ ਰਾਮ ਜੀ ਦੀ ਆਰਤੀ ਕਰ ਮੰਚਨ ਲਈ ਕਲਾਕਾਰਾਂ ਦੀ ਰੀਹਰਸਲ ਵੀ ਸ਼ੁਰੂ ਕਰਵਾਈ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸ ਮਿੰਠੇਵਾਲ, ਸੰਜੀਵ ਲੀਹਲ, ਕ੍ਰਿਸ਼ਨ ਲਾਲ ਸਚਦੇਵਾ, ਪ੍ਰਿੰ. ਡੀ. ਡੀ. ਵਰਮਾ, ਰਘਵੀਰ ਸੂਦ, ਕ੍ਰਿਸ਼ਨ ਲਾਲ ਚੋਪੜਾ, ਜਨਕ ਰਾਜ, ਸੰਨੀ ਸੂਦ, ਦੀਪਕ ਸੂਦ, ਸੁਰਿੰਦਰ ਲੋਟੇ, ਵਿੱਕੀ ਕਪੂਰ, ਸੋਨੂੰ ਸਚਦੇਵਾ, ਚੇਤਨ ਕੁਮਾਰ, ਡੋਗਰ ਮਹਿਰਾ, ਜਿੰਮੀ ਜੈਨ, ਪਵਨ ਬੱਤਰਾ, ਰਾਜੂ ਵਰਮਾ, ਸਨੀ ਓਹਰੀ, ਉਮੇਸ਼ ਸੁਈ, ਬੱਬੂ ਜੁਨੇਜਾ, ਅਸ਼ੋਕ ਮੈਣ ਆਦਿ ਮੌਜੂਦ ਸਨ।

# ਫਸਰੇਵਾ ਵੱਲੋਂ ਸੱਭਿਆਚਾਰਕ, ਸਨਮਾਨ ਤੇ ਪੈਨਸ਼ਨਰ ਮਿਲਣੀ ਸਮਾਗਮ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਪੂਨੀਆ ਟਾਵਰ ਧੂਰੀ ਗੇਟ ਵਿਖੇ ਫੂਡ ਐਂਡ ਸਪਲਾਈ ਰਿਟਾ: ਵੈੱਲਫੇਅਰ ਐਸੋਸੀਏਸ਼ਨ (ਫਸਰੇਵਾ) ਵੱਲੋਂ ਸੱਭਿਆਚਾਰਕ, ਸਨਮਾਨ ਤੇ ਪੈਨਸ਼ਨ ਮਿਲਣੀ ਸਮਾਗਮ ਐਸੋਸੀਏਸ਼ਨ ਦੇ ਪ੍ਰਧਾਨ ਜਗਦੇਵ ਸਿੰਘ ਖੰਡੇਬਾਦ, ਜਨਰਲ ਸਕੱਤਰ ਰਾਜ ਅਰੋੜਾ, ਵਿੱਤ ਸਕੱਤਰ ਪ੍ਰੇਮ ਚੰਦ ਖੁਰਾਣਾ, ਸੀਨੀਅਰ ਮੀਤ ਪ੍ਰਧਾਨ ਕੌਂਸਲ ਰਾਓ ਸਿੰਗਲਾ, ਓਮ ਪ੍ਰਕਾਸ਼ ਖਿੱਪਲ, ਸਤਪਾਲ ਧੀਰ, ਰਣਜੀਤ ਸਿੰਘ ਕੱਟੂ, ਸਤੀਸ਼ ਵਰਮਾ ਤੇ ਸੀਤਾ ਦੇਵੀ ਦੀ ਅਗਵਾਈ ’ਚ ਮਨਾਇਆ ਗਿਆ।ਮੰਚ ਸੰਚਾਲਨ ਕਰਦਿਆਂ ਜਨਰਲ ਸਕੱਤਰ ਰਾਜ ਕੁਮਾਰ ਅਰੋੜਾ ਵੱਲੋਂ ਸਭ ਤੋਂ ਪਹਿਲਾਂ ਜਗਦੇਵ ਸਿੰਘ ਖੰਡੇਵਾਦ ਦੇ ਪਿਤਾ ਸੁਰਜੀਤ ਸਿੰਘ, ਜਗਦੇਵ ਸਿੰਘ ਢੀਂਡਸਾ ਦੇ ਮਾਤਾ ਮੁਖਤਿਆਰ ਕੌਰ ਦੇ ਸਵਰਗਵਾਸ ਹੋ ਜਾਣ ’ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ 2 ਮਿੰਟ ਦਾ ਮੌਨ ਰੱਖਿਆ ਗਿਆ।ਇਸ ਉਪਰੰਤ ਬਲਵੀਰ ਸਿੰਘ ਲੱਡੀ ਕੰਡਾ ਨੂੰ 75 ਸਾਲ ਦਾ ਹੋਣ ’ਤੇ ਉਨ੍ਹਾਂ ਦੇ ਜਨਮ ਦਿਨ ’ਤੇ ਸਨਮਾਨਤ ਕੀਤਾ ਗਿਆ।ਇਸ ਉਪਰੰਤ ਸੋਹਣ ਸਿੰਘ ਧੂਰੀ, ਜਗਦੇਵ ਸਿੰਘ ਖੰਡੇਬਾਦ, ਰਮੇਸ਼ ਸਿੰਗਲਾ, ਸੱਤਪਾਲ ਸਹਿਗਲ ਨੂੰ ਵੀ ਉਨ੍ਹਾਂ ਦੇ ਜਨਮ ਦਿਨ ’ਤੇ ਸਨਮਾਨਤ ਕੀਤਾ ਗਿਆ। ਸੱਭਿਆਚਾਰਕ ਸਮਾਗਮ ਦੌਰਾਨ ਸ੍ਰੀ ਵਾਸਦੇਵ ਸ਼ਰਮਾ, ਓ. ਪੀ. ਖੀਪਲ, ਰਮੇਸ਼ ਕੁਮਾਰ ਸਿੰਗਲਾ, ਬਲਦੇਵ ਸਿੰਘ ਰਤਨ, ਚਰਨਜੀਤ ਸਿੰਘ ਕੈਂਥ, ਤਜਿੰਦਰ ਸਿੰਘ ਲਾਲੀ, ਸ੍ਰੀਮਤੀ ਸੀਤਾ ਦੇਵੀ, ਕਮਲੇਸ਼ ਰਾਣੀ, ਹਰਨੇਕ ਸਿੰਘ ਭੱਟੀ ਵੱਲੋਂ ਸੱਭਿਆਚਾਰਕ ਗੀਤ ਤੇ ਵਿਚਾਰਾਂ ਪੇਸ਼ ਕੀਤੀਆਂ ਗਈਆਂ।ਜਨਰਲ ਸਕੱਤਰ ਰਾਜ ਅਰੋੜਾ ਨੇ ਵੀ ਪੈਨਸ਼ਨਰਾਂ ਦੀਆਂ ਮੰਗਾਂ ਮੰਨਵਾਉਣ ਲਈ ਕੀਤੇ ਜਾ ਰਹੇ ਸੰਘਰਸ਼ ਬਾਰੇ ਜਾਣੂ ਕਰਵਾਇਆ।

ਪ੍ਰਧਾਨ ਜਗਦੇਵ ਸਿੰਘ ਖੰਡੇਬਾਦ ਨੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਐਸੋਸੀਏਸ਼ਨ ਸਮਾਜ ਸੇਵਾ ਤੇ ਲੋਕ ਭਲਾਈ ਦੇ ਕੰਮ ਕਰ ਰਹੀ ਹੈ ਅਤੇ ਕੀਤੇ ਜਾ ਰਹੇ ਅਜਿਹੇ ਸਮਾਗਮਾਂ ਨਾਲ ਭਾਈਚਾਰਕ ਸਾਂਝ ਮਜ਼ਬੂਤ ਹੁੰਦੀ ਹੈ। ਇਸ ਮੌਕੇ ਸੱਤਪਾਲ ਧੀਰ, ਗੁਰਜੰਟ ਸਿੰਘ ਸਿੱਧੂ, ਸੁਰਿੰਦਰਪਾਲ ਸਿੰਗਲਾ, ਸਤੀਸ਼ ਵਰਮਾ, ਆਰ ਕੇ ਸਿੰਗਲਾ, ਐੱਸ. ਪੀ. ਸਿੰਘ ਪਟਿਆਲਾ, ਰਜਿੰਦਰ ਸਿੰਘ ਪਟਿਆਲ, ਅੰਜਨਾ ਕੁਮਾਰੀ, ਪ੍ਰੀਤਮ ਸਿੰਘ ਧੂਰੀ, ਚਰਨਜੀਤ ਕੈਂਥ ਧੂਰੀ, ਕੌਸ਼ਲ ਰਾਓ ਸਿੰਗਲਾ ਪਟਿਆਲਾ, ਰਣਜੀਤ ਸਿੰਘ ਕੱਟੂ ਬਰਨਾਲਾ, ਹਰਨੇਕ ਸਿੰਘ ਭੱਟੀ ਬਰਨਾਲਾ ਆਦਿ ਹਾਜ਼ਰ ਸਨ।

11-Set-PAGE-11-Majha-24.qxd 9/10/2024 10:51 PM Page 1



# ਬਿਜਲੀ ਕਾਮਿਆਂ ਵੱਲੋਂ ਵਾਜਿਬ ਮੰਗਾਂ ਲਈ ਸੂਬਾ ਪੱਧਰ 'ਤੇ ਰੋਸ ਪ੍ਰਦਰਸ਼ਨ

## * ਖਾਲੀ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰਨ ਦੀ ਮੰਗ ਉਠਾਈ



ਤਰਨ ਤਾਰਨ 10 ਸਤੰਬਰ (ਨਜ਼ਸ)—ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਵੱਲੋਂ ਬਿਜਲੀ ਕਾਮਿਆਂ ਦੀਆਂ ਵਾਜਿਬ ਮੰਗਾਂ ਵੱਟੇ ਖਾਤੇ ਪਾ ਕੇ ਲਗਾਤਾਰ ਕੀਤੇ ਜਾ ਰਹੇ ਟਾਲ ਮਟੋਲ ਵਾਲੇ ਵਤੀਰੇ ਖਿਲਾਫ਼ ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਅਤੇ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼ ਦੇ ਸੂਬਾ ਪੱਧਰੀ ਸੱਦੇ ਤੇ ਸੂਬੇ ਭਰ ਵਿੱਚ ਬਿਜਲੀ ਕਾਮਿਆਂ ਵੱਲੋਂ 10 ਤੋਂ 12 ਸਤੰਬਰ ਤੱਕ ਸਮੂਹਕ ਛੁੱਟੀ ਲੈ ਕੇ ਡਵੀਜ਼ਨ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ ਕੀਤੇ।

ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦੇਂਦਿਆਂ ਸਾਂਝਾ ਫੋਰਮ, ਏਕਤਾ ਮੰਚ ਅਤੇ ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰ ਦੇ ਸੂਬਾਈ ਆਗੂਆਂ ਰਤਨ ਸਿੰਘ ਮਜਾਰੀ,ਗੁਰਪ੍ਰੀਤ ਸਿੰਘ ਗੰਡੀਵਿੰਡ, ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਰਣਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ 6 ਸਤੰਬਰ 2024 ਨੂੰ ਮਾਣਯੋਗ ਬਿਜਲੀ ਮੰਤਰੀ ਦੀ ਪ੍ਰਧਾਨਗੀ ਹੇਠ ਪਾਵਰ ਸਕੱਤਰ ਦੀ ਮੌਜੂਦਗੀ ਵਿੱਚ ਬਿਜਲੀ ਨਿਗਮ ਦੀ ਮੈਨੇਜਮੈਂਟ ਨਾਲ ਚੰਡੀਗੜ੍ਹ ਵਿਖੇ 31 ਜੁਲਾਈ ਨੂੰ ਹੋਈ ਮੀਟਿੰਗ ਦੀ ਲਗਾਤਾਰਤਾ ਵਿੱਚ ਬਿਜਲੀ ਮੁਲਾਜ਼ਮਾਂ ਦੇ ਮਸਲਿਆਂ ਤੇ ਮੁੜ ਮੀਟਿੰਗ ਹੋਈ ਹੈ ਜੋ ਬੇਸਿੱਟਾ ਰਹੀ ਕਿਉਂਕਿ 31 ਜੁਲਾਈ ਦੀ ਮੀਟਿੰਗ ਵਿੱਚ ਮੁਲਾਜ਼ਮ ਮੰਗਾਂ ਤੇ ਹੋਈਆਂ ਸਹਿਮਤੀਆਂ ਅਨੁਸਾਰ ਡਿਊਟੀ ਦੌਰਾਨ ਘਾਤਕ ਹਾਦਸੇ ਦਾ ਸ਼ਿਕਾਰ ਹੋਏ ਬਿਜਲੀ ਕਾਮਿਆਂ ਦੇ ਪੀੜਤ ਪਰਿਵਾਰਾਂ ਨੂੰ ਇਕ ਕਰੋੜ ਦੀ ਮੁਆਵਜ਼ਾ ਰਾਸ਼ੀ ਦੇਣ ਸਮੇਤ ਕਾਮੇ ਨੂੰ ਸ਼ਹੀਦ ਦਾ ਦਰਜਾ ਦੇਣ, ਹਾਦਸੇ ਦਾ ਸ਼ਿਕਾਰ ਹੋਏ ਕਾਮੇ ਨੂੰ ਕੈਸ਼ ਲੈਸ ਇਲਾਜ ਦੀ ਸੁਵਿਧਾ ਲਾਗੂ ਕਰਨ, ਹਾਦਸੇ ਦੌਰਾਨ ਕਰਮਚਾਰੀ ਦੀ ਮੌਤ ਹੋ ਜਾਣ ਦੀ ਸੂਰਤ ਵਿੱਚ ਸਬੰਧਤ ਕਰਮਚਾਰੀ (ਜੇਈ, ਲ. ਮ, ਸ. ਲ. ਮ ਆਦਿ) ਦੇ ਨਾਂ ਉਪਰ ਬਿਨਾਂ ਪੜਤਾਲ ਕੀਤੇ ਐੱਫਆਈਆਰ ਦਰਜ ਕਰਨ ਦੀ ਪਿਰਤ ਬੰਦ ਕਰਨ , ਹਜ਼ਾਰਾਂ ਦੀ ਗਿਣਤੀ ਵਿੱਚ ਖਾਲੀ ਪਈਆਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰਨ, ਆਰਟੀਐੱਮ ਦੀ ਤਰੱਕੀ ਤੁਰੰਤ ਕਰਨ, ਓਸੀ ਕੈਟਾਗਰੀ ਨੂੰ ਪੇ ਬੈਂਡ ਦੇਣ, ਸ ਲ ਮ ਤੋਂ ਲ ਮ ਦੀ ਤਰੱਕੀ ਕਰਨ, ਬਾਕੀ ਸਾਰੀਆਂ ਕੈਟੇਗਰੀਆਂ ਦੀਆਂ ਤਰੱਕੀਆਂ ਵਿੱਚ ਆਈ ਖੜੋਤ ਦੂਰ ਕਰਨ, ਇਨ ਹਾਊਸ ਕਾਂਟ੍ਰੈਕਟ ਕਾਮਿਆਂ ਨੂੰ ਰੈਗੂਲਰ ਕਰਨ, ਸੋਧੇ ਭੱਤਿਆਂ ਦਾ 32 ਮਹੀਨੇ ਦਾ ਬਕਾਇਆ ਜਾਰੀ ਕਰਨ, ਰਹਿੰਦੇ ਭੱਤੇ ਜਿਵੇਂ ਹਾਰਡਸ਼ਿਪ ਭੱਤਾ ਆਦਿ ਨੂੰ ਸੋਧ ਕੇ ਲਾਗੂ ਕਰਨ, ਪੁਨਰ ਗਠਨ ਦੇ ਨਾਮ ਤੇ ਖਤਮ ਕੀਤੀਆਂ ਅਸਾਮੀਆਂ ਨੂੰ ਮੁੜ ਤੋਂ ਬਹਾਲ ਕਰਨ, 295/19 ਵਾਲੇ ਕਾਮਿਆਂ ਨੂੰ ਪੂਰੀ ਤਨਖਾਹ ਜਾਰੀ ਕਰਨ, 17 ਜੁਲਾਈ 2020 ਤੋਂ ਪਹਿਲਾਂ ਤਰਸ ਦੇ ਆਧਾਰ ਤੇ ਪ੍ਰਤੀ ਬੇਨਤੀ ਦੇਣ ਵਾਲੇ ਕਰਮਚਾਰੀਆਂ ਉੱਪਰ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ ਅਤੇ ਵਿੱਤ ਵਿਭਾਗ ਪੰਜਾਬ ਸਰਕਾਰ ਨਾਲ ਸਬੰਧਤ ਮਸਲੇ ਜਿਵੇਂ 23 ਸਾਲਾ ਅਡਵਾਂਸ ਤਰੱਕੀ ਦਾ ਮਿਲਾਨ ਤੀਸਰੀ ਤਰੱਕੀ ਸਮੇਂ ਕਰਨ, 01 ਨਵੰਬਰ 2021 ਤੋਂ ਬਾਅਦ ਸਮਾਂਬੱਧ ਸਕੇਲ ਲਾਗੂ ਕਰਨ, 17 ਜੁਲਾਈ 2020 ਤੋਂ ਬਾਅਦ ਭਰਤੀ ਕੀਤੇ ਕਰਮਚਾਰੀਆਂ ਉੱਪਰ ਕੇਂਦਰੀ ਤਨਖਾਹ ਸਕੇਲਾਂ ਦੀ ਥਾਂ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ, ਸੋਧੇ ਸਕੇਲਾਂ ਦੀ ਨੋਟੀਫਿਕੇਸ਼ਨ ਜਾਰੀ ਹੋਣ ਤੋਂ ਬਾਅਦ ਤਰੱਕੀ ਵਾਲੇ ਕਰਮਚਾਰੀਆਂ ਦੀ ਤਨਖਾਹ ਵਿੱਚ ਆਈਆਂ ਤਰੁੱਟੀਆਂ ਦੂਰ ਕਰਨ ਆਦਿ ਮੰਗਾਂ ਲਾਗੂ ਕਰਨ ਦਾ ਵਾਅਦਾ ਕੀਤਾ ਸੀ ਪਰ ਹੁਣ ਪਾਵਰ ਮੈਨੇਜਮੈਂਟ ਅਤੇ ਬਿਜਲੀ ਮੰਤਰੀ ਮੰਗਾਂ ਮੰਨਣ ਤੋਂ ਮੁਨਕਰ ਹੋ ਗਏ ਹਨ,ਜਿਸ ਕਰਕੇ ਬਿਜਲੀ ਮੁਲਾਜ਼ਮਾਂ ਵਿਚ ਭਾਰੀ ਰੋਸ ਹੈ।

ਮੁਲਾਜ਼ਮ ਵਿਰੋਧੀ ਵਤੀਰੇ ਖਿਲਾਫ਼ ਬਿਜਲੀ ਕਾਮੇ 21 ਅਗਸਤ ਤੋਂ 30 ਸਤੰਬਰ ਤੱਕ ਵਰਕ ਟੂ ਰੂਲ ਤਹਿਤ 8 ਘੰਟੇ ਦੀ ਡਿਊਟੀ ਕਰ ਰਹੇ ਹਨ।ਆਗੂਆਂ ਨੇ ਕਿਹਾ ਕਿ ਜਥੇਬੰਦੀਆਂ ਫੀਲਡ ਦੌਰਿਆਂ ਦੌਰਾਨ ਬਿਜਲੀ ਮੰਤਰੀ ਅਤੇ ਪਾਵਰਕਾਮ ਦੇ ਸੀਐੱਮਡੀ ਸਮੇਤ ਮੈਨੇਜਮੈਂਟ ਦੇ ਡਾਇਰੈਕਟਰਾਂ ਖਿਲਾਫ਼ ਕਾਲੇ ਝੰਡਿਆਂ ਨਾਲ ਰੋਸ ਵਿਖਾਵੇ ਕੀਤੇ ਜਾਣਗੇ।

ਜਥੇਬੰਦੀਆਂ ਦੇ ਸੂਬਾਈ ਆਗੂਆਂ ਬਲਦੇਵ ਸਿੰਘ ਮੰਢਾਲੀ, ਸਰਬਜੀਤ ਸਿੰਘ ਭਾਣਾ, ਕੁਲਵਿੰਦਰ ਸਿੰਘ ਢਿੱਲੋਂ, ਦਵਿੰਦਰ ਸਿੰਘ, ਸੁਰਿੰਦਰ ਪਾਲ ਲਾਹੌਰੀਆ, ਪੂਰਨ ਸਿੰਘ ਖਾਈ, ਜਗਜੀਤ ਸਿੰਘ ਕੋਟਲੀ, ਕੌਰ ਸਿੰਘ ਸੋਹੀ, ਜਗਜੀਤ ਸਿੰਘ ਕੰਡਾ, ਗੁਰਪਿਆਰ ਸਿੰਘ, ਗੁਰਤੇਜ ਸਿੰਘ ਪੱਖੋ, ਗੁਰਵਿੰਦਰ ਸਿੰਘ ਹਜਾਰਾ, ਰਘਵੀਰ ਸਿੰਘ, ਜਸਵਿੰਦਰ ਸਿੰਘ, ਜਗਤਾਰ ਸਿੰਘ, ਹਰਮਨਦੀਪ, ਸੁਖਵਿੰਦਰ ਸਿੰਘ ਦੁੱਮਣਾ, ਗਰੀਸ਼ ਮਹਾਜਨ, ਰਛਪਾਲ ਸਿੰਘ ਪਾਲੀ, ਸੁਖਵਿੰਦਰ ਸਿੰਘ ਚਾਹਲ, ਰਵੇਲ ਸਿੰਘ ਸਹਾਏਪੁਰ, ਬਲਜੀਤ ਸਿੰਘ ਮੋਦਲਾ, ਅਵਤਾਰ ਸਿੰਘ ਸ਼ੇਰਗਿੱਲ, ਮਹਿੰਦਰ ਸਿੰਘ ਰੁੜਕੇ ਆਦਿ ਨੇ ਬਿਜਲੀ ਨਿਗਮ ਦੀ ਮੈਨੇਜਮੈਂਟ/ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਟਕਰਾਅ ਦੀ ਨੀਤੀ ਛੱਡ ਕੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਜਲਦੀ ਲਾਗੂ ਨਾ ਕੀਤੀਆਂ ਗਈਆਂ ਤਾਂ ਇਸ ਸੰਘਰਸ਼ ਵਿੱਚ ਹੋਰ ਵਾਧਾ ਕੀਤਾ ਜਾਵੇਗਾ।

# ਬਾਬਾ ਸ਼੍ਰੀ ਚੰਦ ਜੀ ਦੇ ਜਨਮ ਦਿਹਾੜੇ ਸੰਬੰਧੀ ਮਹਾਨ ਨਗਰ ਕੀਰਤਨ ਸਜਾਇਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪਹਿਲੀ ਪਾਤਿਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਜੀ ਦਾ 530 ਵਾਂ ਜਨਮ ਦਿਹਾੜੇ ਦੇ ਸਬੰਧ 'ਚ ਅੱਜ ਪਿੰਡ ਚੰਦੂ ਨੰਗਲ ਅਤੇ ਜੌੜੀਆਂ ਖੁਰਦ ਦੀਆਂ ਸੰਗਤਾਂ ਵੱਲੋਂ ਇਤਿਹਾਸਕ ਗੁਰਦੁਆਰਾ ਬਾਬਾ ਸ਼੍ਰੀ ਚੰਦ ਜੀ ਚੰਦੂ ਨੰਗਲ ਦੇ ਮਹੰਤ ਭਗਵਾਨ ਦਾਸ ਦੀ ਅਗਵਾਈ ਵਿੱਚ ਇੱਕ ਮਹਾਨ ਨਗਰ ਕੀਰਤਨ ਸਜਾਇਆ ਗਿਆ।ਇਹ ਨਗਰ ਕੀਰਤਨ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਚੰਦੂ ਨੰਗਲ ਤੋ ਗ੍ਰੰਥੀ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਖਾਲਸਾਈ ਸ਼ਾਨੋ ਸ਼ੌਕਤ ਤੇ ਜੈਕਾਰਿਆਂ ਦੀ ਗੂੰਜ ਨਾਲ ਆਰੰਭ ਹੋਇਆ। ਇਸ ਮੌਕੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਫੁੱਲਾਂ ਨਾਲ ਸ਼ਿੰਗਾਰੀ ਇੱਕ ਸੁੰਦਰ ਪਾਲਕੀ ਵਿੱਚ ਸਜਾਇਆ ਹੋਇਆ ਸੀ ਜਿਸ ਦੀ ਅਗਵਾਈ ਪੰਜ ਪਿਆਰੇ ਕਰ ਰਹੇ ਸਨ।ਇਸ ਮੌਕੇ ਭਾਈ ਸ਼ਾਮ ਸਿੰਘ ਜੌੜੀਆਂ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਹ ਮਹਾਨ ਨਗਰ ਕੀਰਤਨ ਕਸਬਾ ਡੇਰਾ ਬਾਬਾ ਨਾਨਕ ਦੀਆਂ ਪਰਿਕਰਮਾ ਕਰਦਾ ਹੋਇਆ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਪੁੱਜਾ ਜਿੱਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਨੇਜਰ ਭਾਈ ਸਤਨਾਮ ਸਿੰਘ ਗੋਸਲ਼ ਵੱਲੋਂ ਪੰਜ ਪਿਆਰਿਆਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਉ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ।ਇਹ ਨਗਰ ਕੀਰਤਨ ਕਸਬੇ ਦੀ ਪਰਿਕਰਮਾ ਕਰਦਾ ਹੋਇਆ ਵਾਪਸ ਗੁਰਦੁਆਰਾ ਬਾਬਾ ਸ਼੍ਰੀ ਚੰਦ ਜੀ ਚੰਦੂ ਨੰਗਲ ਵਿਖੇ ਸੰਪੰਨ ਹੋਇਆ ।ਇਸ ਮੌਕੇ ਕਸ਼ਮੀਰ ਸਿੰਘ, ਸੁਖਵਿੰਦਰ ਸਿੰਘ, ਮਨਪ੍ਰੀਤ ਸਿੰਘ, ਗਰਪ੍ਰੀਤ ਸਿੰਘ, ਅਮਰੀਕ ਸਿੰਘ, ਚੈਨ ਸਿੰਘ, ਬਲਬੀਰ ਸਿੰਘ, ਹੀਰਾ ਸਿੰਘ, ਬਿਕਰਮ ਜੀਤ ਸਿੰਘ, ਹਰਜਿੰਦਰ ਸਿੰਘ, ਰਸ਼ਪਾਲ ਸਿੰਘ ਡੇਰੇ ਪਠਾਣਾ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਨਸ਼ਿਆਂ ਨਾਲ ਲੋਕਾਂ ਦੇ ਪੁੱਤ ਮਰ ਰਹੇ ਭਗਵੰਤ ਮਾਨ ਨੂੰ ਕੋਈ ਚਿੰਤਾ ਹੀ ਨਹੀਂ: ਦਰਾਜਕੇ, ਪੰਡੋਰੀ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਵੱਲੋਂ ਚੇਤਨਾ ਮਹਿੰਮ ਦੀ ਲੜੀ ਵਜੋਂ ਪਿੰਡ ਗੰਡੀਵਿੰਡ 'ਚ ਸੈਂਕੜੇ ਲੋਕਾਂ ਦਾ ਵਿਸ਼ਾਲ ਇਕੱਠ ਕੀਤਾ ਗਿਆ।ਇਸ ਮੌਕੇ ਔਰਤਾਂ ਨੇ ਵੱਡੀ ਗਿਣਤੀ 'ਚ ਹਿੱਸਾ ਲਿਆ । ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ ਜ਼ਿਲ੍ਹਾ ਵਿੱਤ ਸਕੱਤਰ ਬਲਦੇਵ ਸਿੰਘ ਪੰਡੋਰੀ ਨੇ ਬੋਲਦਿਆ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਝੂਠੀ, ਫਰੇਬੀ ਸਾਬਤ ਹੋਈ ਹੈ ਅਤੇ ਭਗਵੰਤ ਮਾਨ ਨੇ ਲੋਕਾਂ ਨੂੰ ਚੁਟਕਲੇ ਸੁਣਾਉਣ ਤੋਂ ਸਿਵਾਏ ਕਿਸੇ ਦੇ ਪੱਲੇ ਕੱਖ ਨਹੀਂ ਪਾਇਆ ।ਇਨ੍ਹਾਂ ਆਗੂਆਂ ਨੇ ਕਿਹਾ ਕਿ ਨਸ਼ਿਆ ਦੀ ਓਵਰਡੋਜ਼ ਨਾਲ ਲੋਕਾਂ ਦੇ ਪੁੱਤ ਮਰ ਰਹੇ ਹਨ ਅਤੇ ਘਰਾਂ 'ਚ ਸੱਥਰ ਵਿੱਛ ਰਹੇ ਹਨ। ਸਰਕਾਰ ਨੂੰ ਕੋਈ ਚਿੱਤਾ ਨਹੀਂ ।ਪੰਜਾਬ ਦੀ ਜਵਾਨੀ ਬੇਰੁਜ਼ਗਾਰੀ ਦੀ ਆਲਮ 'ਚ ਲੱਖਾਂ ਰੁਪਏ ਖਰਚ ਕੇ ਵਿਦੇਸ਼ਾਂ 'ਚ ਧੱਕੇ ਖਾ ਰਹੇ ਹਨ।ਇਨ੍ਹਾਂ ਨੂੰ ਕੋਈ ਚਿੰਤਾ ਨਹੀਂ ।ਹਲਕਾ ਵਿਧਾਇਕ ਆਪਣੀਆਂ ਤਨਖਾਹਾਂ ਭੱਤੇ ਵਧਾਉਣ ਲਈ ਸਾਰੇ ਇਕਮੱਤ ਹਨ ।ਇਹ ਕਹਿ ਰਹੇ ਹਨ ਕਿ ਇੰਨੇ ਪੈਸਿਆਂ ਨਾਲ ਘਰ ਦਾ ਗੁਜ਼ਾਰਾ ਨਹੀਂ ਚਲਦਾ।ਦੂਸਰੇ ਪਾਸੇ ਗਰੀਬ ਲੋਕਾਂ ਨੂੰ ਮਿਲਦੀਆਂ ਸੂਹਲਤਾਂ ਵੀ ਖੋਹੀਆਂ ਜਾ ਰਹੀਆਂ ਹਨ ।ਮਜ਼ਦੂਰ ਦੀ ਦਿਹਾੜੀ 8 ਘੰਟੇ ਤੋਂ ਸਮਾਂ 12 ਘੰਟੇ ਕੰਮ ਦੇ ਸਮੇਂ ਦਾ ਨੋਟੀਫਿਕੇਸ਼ਨ ਪਾਸ ਕੀਤੇ ਜਾ ਰਹੇ ਹਨ ।ਕਈ ਸਾਲਾਂ ਨੂੰ ਮਜ਼ਦੂਰਾਂ ਦੀ ਘੱਟੋ ਘੱਟੋ ਉਜਰਤਾਂ ਤਹਿ ਹੋਈਆਂ ਲਾਗੂ ਨਹੀਂ ਕੀਤੀਆਂ ਜਾ ਰਹੀਆਂ ।ਦਿਨ ਦਿਹਾੜੇ ਲੁੱਟਾਂ-ਖੋਹਾਂ, ਡਕੈਤੀਆ ਸ਼ਰੇਆਮ ਕਤਲ ਹੋ ਰਹੇ ਹਨ।ਪੰਜਾਬ ਦੀ ਕਾਨੂੰਨ ਅਵਸਥਾ ਦਿਨੋਂ-ਦਿਨ ਖੁਰਾਬ ਹੁੰਦੀ ਜਾ ਰਹੀ ਹੈ। ਪੰਜਾਬ ਸਰਕਾਰ ਦੇ ਕੰਟਰੋਲ ਤੋਂ ਬਾਹਰ ਹੈ।ਪੰਜਾਬ ਅੰਦਰ ਹਰ ਅਦਾਰੇ 'ਚ ਜੰਗੀ ਪੱਧਰ ਤੇ ਭ੍ਰਿਸ਼ਟਾਚਾਰ ਹੋ ਰਿਹਾ ਹੈ ਅਤੇ ਲੋਕਾਂ ਦੀ ਦਫਤਰਾਂ 'ਚ ਕੋਈ ਪੁੱਛਗਿੱਛ ਨਹੀਂ ਲੋਕ ਧੱਕੇ ਖਾ ਕੇ ਘਰਾਂ ਨੂੰ ਜਾਣ ਲਈ ਮਜਦੂਰ ਹਨ।ਇਨ੍ਹਾਂ ਆਗੂਆਂ ਨੇ ਪੰਜਾਬ ਦੀ ਲੋਕਾਂ ਨਾਲ ਝੂਠੇ ਲਾਰੇ ਲਾਉਣ ਵਾਲੀ ਮਾਨ ਸਰਕਾਰ ਖਿਲਾਫ ਇਕ ਮਜ਼ਦੂਰ ਕਿਸਾਨ ਪੱਖੀ ਰਾਜਸੀ ਬਦਲ ਉਸਾਰਨ ਦਾ ਸੱਦਾ ਦਿੱਤਾ ।ਇਸ ਮੌਕੇ ਦਿਹਾਤੀ ਮਜ਼ਦੂਰ ਸਭਾ ਦੇ ਤਹਿਸੀਲ ਸਕੱਤਰ ਜਰਨੈਲ ਸਿੰਘ ਰਸੂਲਪੁਰ, ਸੰਤੋਖ ਸਿੰਘ ਮੱਖੀ, ਮਨਰੇਗਾ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਮੀਨਾ ਕੌਰ ਚੀਮਾ ਨੂੰ 13 ਸਤੰਬਰ ਨੂੰ ਪਾਰਟੀ ਵੱਲੋਂ ਕੈਬਨਿਟ ਮੰਤਰੀ ਲਾਲਜੀਤ ਭੁੱਲਰ ਦੇ ਘਰ ਅੱਗੇ ਦਿੱਤੇ ਜਾ ਰਹੇ ਧਰਨੇ 'ਚ ਪ੍ਰਵਾਰਾਂ ਸਮੇਤ ਪਹੁੰਚਣ ਦਾ ਸੱਦਾ ਦਿੱਤਾ ।ਇਸ ਮੌਕੇ ਪਰਮਜੀਤ ਸਿੰਘ, ਤੀਰਥ ਸਿੰਘ ਤੋਂ ਇਲਾਵਾ ਹੋਰਨਾਂ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ ।

# ਬਿਜਲੀ ਮੁਲਾਜ਼ਮ ਤਿੰਨ ਦਿਨ ਹੜਤਾਲ 'ਤੇ ਰਹਿਣਗੇ: ਰਣਜੀਤ ਸਿੰਘ ਟੋਨਾ

ਗੁਰਦਾਸਪੁਰ (ਜਨਕ ਮਹਾਜਨ)-ਟੈਕਨੀਕਲ ਸਰਵਿਸਜ਼ ਯੂਨੀਅਨ ਰਜਿ. ਮੰਡਲ ਗੁਰਦਾਸਪੁਰ ਦੇ ਮੀਤ ਪ੍ਰਧਾਨ ਤੇ ਪੁਰਾਣਾ ਸ਼ਾਲਾ ਸਬ ਡਵੀਜਨ ਦੇ ਸਕੱਤਰ ਰਣਜੀਤ ਸਿੰਘ ਟੋਨਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੁਆਇੰਟ ਫੋਰਮ ਪੰਜਾਬ ਅਤੇ ਏਕਤਾ ਮੰਚ ਪੰਜਾਬ ਦੇ ਸੱਦੇ 'ਤੇ ਅੱਜ ਪਾਵਰਕਾਮ ਟਰਾਂਸਕੋ ਦੇ ਸਮੂਹ ਮੁਲਾਜ਼ਮ 10 ਸਤੰਬਰ ਤੋਂ ਹੜਤਾਲ 'ਤੇ ਚਲੇ ਗਏ ਹਨ ਜੋ ਕਿ 12 ਸਤੰਬਰ ਤੱਕ ਹੜਤਾਲ 'ਤੇ ਰਹਿਣਗੇ ਕਿਉਂਕਿ ਪਾਵਰਕਾਮ ਦੇ ਚੇਅਰਮੈਨ ਅਤੇ ਬਿਜਲੀ ਮੰਤਰੀ ਪੰਜਾਬ ਵਲੋਂ ਪਾਵਰਕਾਮ ਅਤੇ ਟਰਾਂਸਕੋ ਦੇ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਮੰਗਾਂ ਨਹੀਂ ਮੰਨੀਆਂ ਜਾ ਰਹੀਆਂ। ਮੁਲਾਜ਼ਮ ਮੰਗ ਕਰ ਰਹੇ ਹਨ ਕਿ 29/5/19 ਸੀ ਆਰ.ਏ ਦੇ ਮੁਲਾਜ਼ਮਾਂ ਨੂੰ ਪੂਰੀ ਤਨਖ਼ਾਹ ਦਿੱਤੀ ਜਾਵੇ, 17.7.20 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ 'ਤੇ ਛੇਵਾਂ ਪੇ ਕਮਿਸ਼ਨ ਲਾਗੂ ਕੀਤਾ ਜਾਵੇ, ਡੀਏ. ਦੀਆਂ ਕਿਸ਼ਤਾਂ, ਉਨ੍ਹਾਂ ਦਾ ਏਰੀਅਰ ਦਿੱਤਾ ਜਾਵੇ, ਪੁਰਾਣੀ ਪੈਨਸ਼ਨ 1972 ਨਿਯਮ ਤਹਿਤ ਲਾਗੂ ਕੀਤੀ ਜਾਵੇ, ਨਵੀਂ ਭਰਤੀ ਕੀਤੀ ਜਾਵੇ। ਪੁਰਾਣਾ ਸ਼ਾਲਾ ਸਬ ਡਵੀਜ਼ਨ ਵਿਚ ਤਿੰਨ ਦਿਨ ਕਾਊਂਟਰ ਬੰਦ ਰੱਖ ਕੇ ਮੁਕੰਮਲ ਹੜਤਾਲ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਹੀ ਮੰਡਲ ਦਫ਼ਤਰ ਗੁਰਦਾਸਪੁਰ ਜੌੜਾ ਛੱਤਰਾਂ, ਦੋਰਾਂਗਲਾ, ਤਿੱਬੜ ਦਿਹਾਤੀ ਗੁਰਦਾਸਪੁਰ, ਸ਼ਹਿਰੀ ਗੁਰਦਾਸਪੁਰ ਤੇ ਬਹਿਰਾਮਪੁਰ ਵਿਚ ਵੀ ਮੁਕੰਮਲ ਹੜਤਾਲ ਰਹੇਗੀ। ਉਨ੍ਹਾਂ ਕਿਹਾ ਕਿ ਜੇਕਰ ਚੇਅਰਮੈਨ ਪਾਵਰਕਾਮ ਨੇ ਜਲਦੀ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ ਜਿਸ ਤੋਂ ਨਿਕਲਣ ਵਾਲੇ ਸਾਰੇ ਸਿੱਟਿਆਂ ਦੀ ਜ਼ਿੰਮੇਵਾਰੀ ਚੇਅਰਮੈਨ ਪਾਵਰਕਾਮ ਦੀ ਹੋਵੇਗੀ।

# ਲੈਂਟਰ ਡਿੱਗਣ ਨਾਲ ਹੋਏ ਨੁਕਸਾਨ ਲਈ ਦੋ ਲੱਖ ਰੁਪਏ ਦੀ ਰਾਸ਼ੀ ਭੇਟ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਬੀਤੇ ਦਿਨੀਂ ਪਿੰਡ ਸੰਗਤਪੁਰ ਦੇ ਵਿੱਚ ਜੋ ਗੁਰਦੁਆਰਾ ਸਾਹਿਬ ਦਾ ਲੈਂਟਰ ਡਿੱਗ ਪਿਆ ਸੀ, ਅੱਜ ਉਸ ਦਾ ਦੌਰਾ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੇ ਕੀਤਾ ਅਤੇ ਪ੍ਰਬੰਧਕ ਕਮੇਟੀ ਨਾਲ ਮੁਲਾਕਾਤ ਦੌਰਾਨ ਸਾਬਕਾ ਵਿਧਾਇਕ ਸਿੱਕੀ ਵੱਲੋਂ ਕਮੇਟੀ ਮੈਂਬਰਾਂ ਨੂੰ ਦੋ ਲੱਖ ਰੁਪਏ ਨਗਦ ਦੇ ਕੇ ਲੈਂਟਰ ਦੇ ਹੇਠਾਂ ਆਉਣ ਨਾਲ ਜਿਨ੍ਹਾਂ ਸੰਗਤਾਂ ਦੇ ਸੱਟਾਂ ਵੱਜ ਚੁੱਕੀਆਂ ਹਨ ਉਨ੍ਹਾਂ ਦਾ ਇਲਾਜ ਕਰਵਾਉਣ ਲਈ ਕਿਹਾ ਅਤੇ ਗੁਰੂ ਘਰ ਦੇ ਲੈਂਟਰ ਦਾ ਜੋ ਨੁਕਸਾਨ ਹੋਇਆ ਉਸ ਲਈ ਵੀ ਸਹਿਯੋਗ ਦਾ ਭਰੋਸਾ ਸਾਬਕਾ ਵਿਧਾਇਕ ਸਿੱਕੀ ਵੱਲੋਂ ਦਿੱਤਾ ਗਿਆ। ਇਸ ਮੌਕੇ ਸਿੱਕੀ ਵੱਲੋਂ ਇਲਾਜ ਕਰਵਾ ਕੇ ਵਾਪਸ ਆਏ ਪਿੰਡ ਸੰਗਤਪੁਰ ਦੇ ਮਰੀਜ਼ ਜੱਗਾ ਸਿੰਘ, ਅੰਮ੍ਰਿਤਪਾਲ ਸਿੰਘ, ਸਤਨਾਮ ਸਿੰਘ ਦਾ ਹਾਲ ਜਾਣਿਆ ਅਤੇ ਅੱਗੇ ਇਲਾਜ ਲਈ ਨਗਦ ਰਾਸ਼ੀ ਵੀ ਦਿੱਤੀ ਗਈ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਮੈਂਬਰ ਹਰਪ੍ਰੀਤ ਸਿੰਘ ਸੰਗਤਪੁਰ, ਲਖਵਿੰਦਰ ਸਿੰਘ ਸੰਗਤਪੁਰ, ਕੰਵਲਜੀਤ ਸਿੰਘ ਸੰਗਤਪੁਰ, ਸੇਵਕ ਸਿੰਘ, ਇੰਦਰ ਸਿੰਘ ਅਤੇ ਸੀਨੀ ਕਾਂਗਰਸੀ ਆਗੂ ਸੁਖਦੇਵ ਸਿੰਘ, ਬਲਵਿੰਦਰ ਸਿੰਘ, ਜੱਗਾ ਸਿੰਘ, ਲਾਲੀ ਸਿੰਘ ਆਦਿ ਮੌਜੂਦ ਸਨ।ਇਸ ਮੌਕੇ ਸੁਖਦੇਵ ਸਿੰਘ, ਹਰਪ੍ਰੀਤ ਸਿੰਘ ਅਤੇ ਕਮੇਟੀ ਮੈਂਬਰਾਂ ਨੇ ਗੱਲਬਾਤ ਦੌਰਾਨ ਇਹ ਕਿਹਾ ਕਿ ਅਸੀ ਬਹੁਤ ਧੰਨਵਾਦੀ ਹਾਂ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੇ ਜਿਨ੍ਹਾਂ ਪਹਿਲਕਦਮੀ ਕਰਕੇ ਸਾਨੂੰ ਸਹਿਯੋਗ ਦਿੱਤਾ। ਕਮੇਟੀ ਮੈਂਬਰਾਂ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਸਿਰਫ ਝੂਠ ਬੋਲਿਆ ਜਾ ਰਿਹਾ ਪਰ ਹੁਣ ਤੱਕ ਸਾਡੀ ਕੋਈ ਵੀ ਮਾਲੀ ਸਹਾਇਤਾ ਮੌਜੂਦਾ ਵਿਧਾਇਕ ਵੱਲੋਂ ਨਹੀਂ ਕੀਤੀ ਗਈ ਤੇ ਨਾ ਹੀ ਸਾਨੂੰ ਲੱਗ ਰਿਹਾ ਕਿ ਸਰਕਾਰ ਸਾਡੀ ਕੋਈ ਮਦਦ ਕਰੇਗੀ। ਇਹ ਤਾਂ ਸਾਡੇ ਸਾਬਕਾ ਵਿਧਾਇਕ ਸਿੱਕੀ ਦਾ ਬਹੁਤ ਬਹੁਤ ਧੰਨਵਾਦ ਜੋ ਓਨ੍ਹਾ ਏਨਾ ਵੱਡਾ ਸਹਿਯੋਗ ਸਾਨੂੰ ਦਿੱਤਾ ਤੇ ਅੱਗੇ ਹੋਰ ਵੀ ਮਦਦ ਦਾ ਭਰੋਸਾ ਓਨ੍ਹਾ ਵੱਲੋਂ ਸਾਨੂੰ ਦਿੱਤਾ ਗਿਆ। ਅਸੀਂ ਪਿੰਡ ਵੱਲੋਂ ਸਾਬਕਾ ਵਿਧਾਇਕ ਦਾ ਦਿੱਤੇ ਹੋਏ ਸਹਿਯੋਗ ਲਈ ਧੰਨਵਾਦ ਕਰਦੇ ਹਾਂ।

# ਚੀਫ਼ ਖ਼ਾਲਸਾ ਦੀਵਾਨ ਪ੍ਰਬੰਧਕਾਂ ਵੱਲੋਂ ਸੀ ਕੇ ਡੀ ਸਕੂਲਾਂ ਦੇ ਪ੍ਰਿੰਸੀਪਲਾਂ ਨਾਲ ਵਿਸ਼ੇਸ਼ ਇਕੱਤਰਤਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਦੀ ਅਗਵਾਈ ਹੇਠ ਸ੍ਰੀ ਕਲਗੀਧਰ ਆਡੀਟੋਰੀਅਮ ਵਿਖੇ ਦੀਵਾਨ ਅਧੀਨ ਚੱਲ ਰਹੇ ਸਕੂਲਾਂ ਦੇ ਵਿਕਾਸ-ਵਿਸਥਾਰ ਅਤੇ ਪ੍ਰਬੰਧਕੀ ਸੁਧਾਰ ਦੇ ਮਨੋਰਥ ਨਾਲ ਸੀ.ਕੇ.ਡੀ ਮੈਨੇਜਮੈਂਟ ਵੱਲੋਂ ਪ੍ਰਿੰਸੀਪਲ ਸਾਹਿਬਾਨ ਨਾਲ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਸੀ.ਕੇ. ਡੀ ਸਕੂਲਾਂ ਵਿੱਚ ਵਿਦਿਆਰਥੀਆਂ ਲਈ ਸਾਫਟ ਸਕਿਲ ਪ੍ਰਫੁਲਿਤ ਕਰਨ ਦੇ ਨਾਲ-ਨਾਲ ਯੂ.ਕੇ.ਜੀ ਤੋ ਲੈ ਕੇ ਸਤਵੀਂ ਜਮਾਤ ਤੱਕ ਅਬੈਕਸ ਵਿਸ਼ੇ ਨੂੰ ਸਕਿਲਜ਼ ਸਬਜੈਕਟ ਦੇ ਤੌਰ ਤੇ ਪੜ੍ਹਾਉਣ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ ਤਾਂ ਜੋ ਬੱਚੇ ਬਹੁਤ ਕਠਿਨ ਅਤੇ ਗੁੰਝਲਦਾਰ ਗਣਨਾ ਨੂੰ ਬਹੁਤ ਸੌਖਿਆਂ ਅਤੇ ਛੇਤੀ ਹੱਲ ਕਰਨ ਦੇ ਮਾਹਿਰ ਬਣ ਸਕਣ। ਇਸ ਮੌਕੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਨੇ ਸ਼ਹਿਰਾਂ ਵਾਂਗ ਪੇਂਡੂ ਸੀ.ਕੇ.ਡੀ ਸਕੂਲਾਂ ਦੇ ਬੱਚਿਆਂ ਨੂੰ ਵੀ ਹਰ ਪੱਖੋਂ ਵੱਧ ਤੋ ਵੱਧ ਵਿਕਸਿਤ ਮਾਹੌਲ ਦੇਣ ਅਤੇ ਉੱਚ ਤਕਨੀਕੀ ਸੁਵਿਧਾਵਾਂ ਪ੍ਰਦਾਨ ਕਰਨ, ਪ੍ਰੀ-ਪ੍ਰਾਇਮਰੀ ਵਿੰਗ ਦੇ ਸੁੰਦਰੀਕਰਨ ਅਤੇ ਅਪਗ੍ਰੇਡ ਕਰਨ ਦੀ ਲੋੜ ਤੇ ਜ਼ੋਰ ਦਿੱਤਾ। ਉਹਨਾਂ ਡਾਇਰੈਕਟਰ ਨੂੰ ਹਰ ਸੀ.ਕੇ.ਡੀ. ਸਕੂਲ ਵਿਚ ਦੀਵਾਨ ਦੇ ਮੋਢੀ ਅਤੇ ਪੰਜਾਬੀ ਸਾਹਿਤ ਦੇ ਪਿਤਾਮਾ ਭਾਈ ਵੀਰ ਸਿੰਘ ਜੀ ਦੀ ਤਸਵੀਰ ਅਤੇ ਗੁਰਮੁੱਖੀ ਪੈਂਤੀ ਅੱਖਰਾਂ ਵਾਲੀ ਪੱਟੀ ਲਗਾਉਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਪ੍ਰਿੰ. ਸਾਹਿਬਾਨ ਨੂੰ ਸਕੂਲ ਵਿਚ ਸਾਫ ਪਾਣੀ, ਸਾਫ ਬਾਥਰੂਮ, ਅਨੁਸ਼ਾਸਨ ਦਾ ਖਾਸ ਧਿਆਨ ਰੱਖਦਿਆਂ ਸਕੂਲਾਂ ਦੇ ਪ੍ਰਬੰਧਨ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਕੂਲ ਕਮੇਟੀਆਂ ਬਣਾਉਣ ਲਈ ਕਿਹਾ ਗਿਆ। ਇਸ ਮੌਕੇ ਕਾਰਜਕਾਰੀ ਆਨਰੇਰੀ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ ਨੇ ਪ੍ਰਿੰਸੀਪਲਾਂ ਨੂੰ ਸਕੂਲ ਪ੍ਰਤੀ ਆਪਣੀਆਂ ਜ਼ਰੂਰਤਾਂ ਬਾਬਤ ਡਾਇਰੈਕਟਰ ਦਫ਼ਤਰ ਨੂੰ ਜਾਣੂ ਕਰਵਾਉਣ ਲਈ ਕਿਹਾ ਅਤੇ ਦੀਵਾਨ ਵੱਲੋਂ ਸਕੂਲ ਦੇ ਵਿਕਾਸ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਮੀਟਿੰਗ ਦੌਰਾਨ ਪ੍ਰਿੰਸੀਪਲਾਂ ਨੇ ਸਕੂਲਾਂ ਦੇ ਪ੍ਰਬੰਧਨ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਆਪਣੇ ਸੁਝਾਅ ਅਤੇ ਤਜ਼ਰਬੇ ਸਾਂਝੇ ਕੀਤੇ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਕਾਰਜਕਾਰੀ ਆਨਰੇਰੀ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ, ਐਡੀ.ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਡਾਇਰੈਕਟਰ ਏ.ਪੀ.ਐਸ.ਚਾਵਲਾ, ਸਮੇਤ ਪ੍ਰਿੰਸੀਪਲ ਹਾਜ਼ਰ ਸਨ।

# ਝੀਤਾ ਖੁਰਦ, ਝੀਤਾ ਕਲਾਂ ਤੇ ਮੰਡਿਆਲਾ 'ਚ ਦਿੱਲੀ-ਕਟੜਾ ਹਾਈਵੇਅ ਲਈ ਰਾਹ ਪੱਧਰਾ



ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਘਨਸ਼ਾਮ ਥੋਰੀ ਦੀ ਅਗਵਾਈ ਹੇਠ ਅਧਿਕਾਰੀਆਂ ਵੱਲੋਂ ਜ਼ਿਲੇ ਵਿੱਚੋਂ ਲੰਘਣ ਵਾਲੀਆਂ ਰਾਸ਼ਟਰੀ ਰਾਜ ਮਾਰਗ ਸੜਕਾਂ ਬਣਾਉਣ ਲਈ ਜ਼ਮੀਨ ਐਕਵਾਇਰ ਕਰਨ ਵਾਸਤੇ ਸ਼ੁਰੂ ਕੀਤੀ ਗਈ ਮੁਹਿੰਮ ਲਗਾਤਾਰ ਜਾਰੀ ਹੈ।ਬੀਤੇ ਦਿਨ ਸਬ ਡਿਵੀਜ਼ਨਲ ਮਜਿਸਟਰੇਟ ਅੰਮ੍ਰਿਤਸਰ ਲਾਲ ਵਿਸ਼ਵਾਸ ਨੇ ਆਪਣੀ ਟੀਮ ਨਾਲ ਝੀਤਾ ਖੁਰਦ, ਝੀਤਾ ਕਲਾਂ ਅਤੇ ਮੰਡਿਆਲਾ ਵਿੱਚੋਂ ਲੰਘਣ ਵਾਲੀ ਦਿੱਲੀ ਕਟੜਾ ਨੈਸ਼ਨਲ ਹਾਈਵੇ ਲਈ ਕਿਸਾਨਾਂ ਕੋਲੋਂ ਜ਼ਮੀਨਾਂ ਦੇ ਕਬਜ਼ੇ ਵਾਪਸ ਕਰਵਾਏ।

ਇਸ ਮੌਕੇ ਲਾਲ ਵਿਸ਼ਵਾਸ ਨੇ ਦੱਸਿਆ ਕਿ ਉਕਤ ਪਿੰਡਾਂ ਵਿੱਚ ਕੁਝ ਇੱਕ ਕਿਸਾਨਾਂ ਨੇ ਨੈਸ਼ਨਲ ਹਾਈਵੇ ਬਣਾਉਣ ਵਿੱਚ ਰੁਕਾਵਟਾਂ ਖੜੀਆਂ ਕੀਤੀਆਂ ਸਨ, ਉਨਾਂ ਕੋਲੋਂ 400 ਮੀਟਰ ਦੇ ਕਰੀਬ ਰਕਬਾ ਵਾਪਸ ਲਿਆ ਗਿਆ ਹੈ, ਜਿਸ ਨਾਲ ਨੈਸ਼ਨਲ ਹਾਈਵੇ ਦੇ ਇਸ ਹਿੱਸੇ ਵਿੱਚ ਪੈਦਾ ਹੋਈ ਰੁਕਾਵਟ ਦੂਰ ਹੋ ਗਈ ਹੈ ਅਤੇ ਹੁਣ ਕੰਮ ਨਿਰੰਤਰ ਚਲੇਗਾ।ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਤੈਅ ਕੀਤੀ ਗਈ ਮੁਆਵਜ਼ਾ ਰਾਸ਼ੀ ਲੈ ਲੈਣ ਅਤੇ ਆਪਣੀਆਂ ਜ਼ਮੀਨਾਂ ਦੇ ਕਬਜ਼ੇ ਛੱਡਣ ਤਾਂ ਜੋ ਸੜਕ ਦਾ ਨਿਰਮਾਣ ਨਿਰੰਤਰ ਜਾਰੀ ਰੱਖਿਆ ਜਾ ਸਕੇ।ਉਨ੍ਹਾਂ ਕਿਸਾਨਾਂ ਨੂੰ ਸੰਬੋਧਿਤ ਹੁੰਦੇ ਹੋਏ ਕਿਹਾ ਕਿ ਜੇਕਰ ਕਿਸੇ ਕਿਸਾਨ ਨੂੰ ਮਹਿਸੂਸ ਹੁੰਦਾ ਹੈ ਕਿ ਉਸ ਨੂੰ ਜ਼ਮੀਨ ਦਾ ਯੋਗ ਮੁਆਵਜ਼ਾ ਨਹੀਂ ਮਿਲਿਆ ਤਾਂ ਉਹ ਸਰਕਾਰ ਵੱਲੋਂ ਨਿਯੁਕਤ ਕੀਤੇ ਗਏ ਆਰਬੀਟਰੇਟਰ ਜੋ ਕਿ ਜਲੰਧਰ ਡਿਵੀਜ਼ਨ ਦੇ ਕਮਿਸ਼ਨਰ ਹਨ, ਕੋਲ ਅਪੀਲ ਕਰਕੇ ਨਿਆਂ ਲੈ ਸਕਦਾ ਹੈ।

ਉਨ੍ਹਾਂ ਕਿਹਾ ਕਿ ਆਰਬੀਟਰੇਟਰ ਕੋਲ ਹਰੇਕ ਤਰ੍ਹਾਂ ਦੀ ਸਮਰੱਥਾ ਮੁਆਵਜ਼ਾ ਤੈਅ ਕਰਨ ਲਈ ਹੁੰਦੀ ਹੈ, ਇਸ ਲਈ ਉਹ ਸਾਰੇ ਪੱਖਾਂ ਨੂੰ ਵਿਚਾਰਦੇ ਹੋਏ ਹੋਰ ਮੁਆਵਜ਼ਾ ਦੇ ਸਕਦੇ ਹਨ।

# ਵਿਦਿਆਰਥੀਆਂ ਨੇ 'ਗੁਰਬਾਣੀ ਕੰਠ ਮੁਕਾਬਲੇ' ਵਿੱਚ ਮੱਲਾਂ ਮਾਰੀਆਂ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਗੁਰਦਾਸ ਨੰਗਲ ਦੇ ਵਿਦਿਆਰਥੀਆਂ ਨੇ 'ਗੁਰਬਾਣੀ ਕੰਠ ਮੁਕਾਬਲੇ' ਵਿੱਚ ਮੱਲਾਂ ਮਾਰ ਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਬੰਧੀ ਸਕੂਲ ਪ੍ਰਿੰਸੀਪਲ ਸਰਬਜੀਤ ਕੌਰ ਨੇ ਦੱਸਿਆ ਕਿ ਸਿੱਖ ਵੈੱਲਫੇਅਰ ਫਾਊਂਡੇਸ਼ਨ ਧਾਰੀਵਾਲ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 'ਗੁਰਬਾਣੀ ਕੰਠ ਮੁਕਾਬਲੇ' ਇਤਿਹਾਸਕ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਦੇ ਦੀਵਾਨ ਹਾਲ ਵਿੱਚ ਕਰਵਾਏ ਗਏ। ਦੋ ਗਰੁੱਪਾਂ ਦੇ ਕਰਵਾਏ ਗੁਰਬਾਣੀ ਕੰਠ ਮੁਕਾਬਲਿਆਂ ਵਿੱਚ ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਸਮੇਤ ਵੱਖ ਵੱਖ ਸਕੂਲਾਂ ਦੇ 70 ਦੇ ਕਰੀਬ ਬੱਚਿਆਂ ਨੇ ਹਿੱਸਾ ਲਿਆ। ਇਸ ਮੁਕਾਬਲੇ ਵਿੱਚ ਉਨ੍ਹਾਂ ਦੇ ਸਕੂਲ ਵਿਦਿਆਰਥੀਆਂ ਨੇ ਅਧਿਆਪਕਾ ਸੁਖਮਨੀ ਉਪਲ ਦੀ ਅਗਵਾਈ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲੇ ਗਰੁੱਪ ਵਿੱਚੋਂ ਵਿਦਿਆਰਥਣ ਗੁਰਲੀਨ ਕੌਰ ਨੇ ਦੂਸਰਾ ਸਥਾਨ ਪ੍ਰਾਪਤ ਕਰਕੇ 1100 ਰੁਪਏ ਇਨਾਮ ਅਤੇ ਸੁਖਮਨਪ੍ਰੀਤ ਸਿੰਘ ਤੀਸਰਾ ਸਥਾਨ ਹਾਸਲ ਕਰਕੇ 500 ਰੁਪਏ ਇਨਾਮ ਪ੍ਰਾਪਤ ਕੀਤੇ ਅਤੇ ਹੋਰ ਵਿਦਿਆਰਥੀਆਂ ਨੇ ਵੀ ਵਧੀਆਂ ਕਾਰਗੁਜ਼ਾਰੀ ਵਿਖਾਈ। ਇਸ ਮੌਕੇ ਫਾਊਂਡੇਸ਼ਨ ਦੇ ਆਗੂ ਪੰਕਜ ਲੇਹਲ, ਗੁਰਸਾਹਿਬ ਸਿੰਘ ਜਫਰਵਾਲ, ਗ੍ਰੰਥੀ ਬਾਬਾ ਗੁਰਦੇਵ ਸਿੰਘ ਕਲਿਆਣਪੁਰ, ਪ੍ਰਚਾਰਕ ਜਗਰੂਪ ਸਿੰਘ ਕਲਿਆਣਪੁਰ ਦੁਆਰਾ ਜੇਤੂ ਬੱਚਿਆਂ ਨਗਦ ਇਨਾਮ ਅਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ।

ਸਕੂਲ ਪਹੁੰਚਣ ਤੇ ਪ੍ਰਿੰਸੀਪਲ ਸਰਬਜੀਤ ਕੌਰ ਨੇ ਜੇਤੂ ਬੱਚਿਆਂ ਉਨ੍ਹਾਂ ਦੇ ਮਾਤਾ ਪਿਤਾ ਅਤੇ ਅਧਿਆਪਕਾ ਨੂੰ ਵਧਾਈ ਦਿੱਤੀ ਅਤੇ ਸਕੂਲ ਦੇ ਸਮੂਹ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਅਜਿਹੀਆਂ ਹੋਰ ਗਤੀਵਿਧੀਆਂ ਵਿੱਚ ਭਾਗ ਲੈਂਦੇ ਰਹਿਣ ਲਈ ਪ੍ਰੇਰਿਤ ਕੀਤਾ। ਇਸ ਸਮੇਂ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਸ੍ਰੀ ਹਰਿਮੰਦਰ ਸਾਹਿਬ ਦੀ ਪੁਨਰ ਉਸਾਰੀ ਦੀ ਕਾਰ ਸੇਵਾ 'ਚ ਬੁੱਢਾ ਦਲ ਦੇ ਜਥੇਦਾਰਾਂ ਦੀ ਵਿਸ਼ੇਸ਼ ਭੂਮਿਕਾ: ਬਾਬਾ ਬਲਬੀਰ ਸਿੰਘ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸਿੱਖ ਕੌਮ ਦੇ ਮਹਾਨ ਸ਼ਹੀਦ ਨਿਹੰਗ ਸਿੰਘ ਬਾਬਾ ਸੁਖਾ ਸਿੰਘ, ਬਾਬਾ ਮਹਿਤਾਬ ਸਿੰਘ ਜੀ ਦੀ ਸਲਾਨਾ ਬਰਸੀ ਸਮਾਗਮ ਅੱਜ ਗੁਰਦੁਆਰਾ ਸਾਹਿਬ ਬੁੱਢਾ ਜੋਹੜ ਛਾਉਣੀ ਬੁੱਢਾ ਦਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਖੁੱਲੇ ਸਜੇ ਦੀਵਾਨ ਵਿੱਚ ਵੱਖ-ਵੱਖ ਧਾਰਮਿਕ ਆਗੂਆਂ, ਰਾਗੀਆਂ, ਢਾਡੀਆਂ, ਕਥਾ ਵਾਚਕਾਂ ਨੇ ਗੁਰਮਤਿ ਪ੍ਰਵਚਨਾਂ ਨਾਲ ਨਿਹਾਲ ਕੀਤਾ।

ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਵੱਲੋਂ ਜਾਰੀ ਇੱਕ ਲਿਖਤੀ ਪ੍ਰੈਸ ਬਿਆਨ ਵਿੱਚ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਕਿਹਾ ਕਿ ਬੁੱਢਾ ਦਲ ਦਾ ਇਤਿਹਾਸ ਸ਼ਾਨਾਮੱਤਾ ਇਤਿਹਾਸ ਹੈ। ਉਨ੍ਹਾਂ ਬੁੱਢਾ ਦਲ ਦੇ ਤੇਰਾਂ ਜਥੇਦਾਰਾਂ ਦਾ ਜੀਵਨ ਸਬੰਧੀ ਸੰਖੇਪ ਸ਼ਬਦਾਂ 'ਚ ਸੰਗਤਾਂ ਨੂੰ ਜਾਣੂੰ ਕਰਵਾਇਆ। ਉਨ੍ਹਾਂ ਕਿਹਾ ਸ੍ਰੀ ਹਰਿਮੰਦਰ ਸਾਹਿਬ ਦੀ ਪੁਨਰ ਉਸਾਰੀ 'ਚ ਬੁੱਢਾ ਦਲ ਦੇ ਮੁਖੀ ਦੀ ਕਾਰ ਸੇਵਾ ਸਮੇਂ ਵਿਸ਼ੇਸ਼ ਭੂਮਿਕਾ ਰਹੀ ਹੈ। ਬਾਕੀ ਧਾਰਮਿਕ ਅਸਥਾਨਾਂ ਦੀ ਸੇਵਾ ਸੰਭਾਲ ਅਤੇ ਉਸਾਰੀ ਵਿੱਚ ਵੱਡਾ ਯੋਗਦਾਨ ਹੈ।

ਤਖ਼ਤ ਸ੍ਰੀ ਹਜ਼ੂਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਦੀ ਸੇਵਾ ਅਕਾਲੀ ਬਾਬਾ ਫੂਲਾ ਸਿੰਘ ਦੇ ਰਾਹੀ ਹੋਈ। ਉਨ੍ਹਾਂ ਕਿਹਾ ਦੇਸ਼ ਵਿਦੇਸ਼ ਵਿੱਚ ਬੁੱਢਾ ਦਲ ਦੇ 500 ਤੋਂ ਵੱਧ ਧਾਰਮਿਕ ਅਸਥਾਨ ਹਨ ਜਿਨ੍ਹਾਂ ਦੀਆਂ ਕਾਰ ਸੇਵਾਵਾਂ ਦਾ ਕਾਰਜ ਚਲਦਾ ਰਹਿੰਦਾ ਹੈ। ਰਾਜਸਥਾਨ ਵਿੱਚ ਵੀ ਵੱਖ-ਵੱਖ ਥਾਈ ਅਸਥਾਨ ਹਨ।

ਉਨ੍ਹਾਂ ਹੋਰ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਬਖ਼ਸ਼ਿਸ਼ ਹੋਏ ਵਿਸ਼ੇਸ਼ ਸ਼ਸਤਰ, ਸ਼ਾਸਤਰ, ਨਿਸ਼ਾਨ ਤੇ ਗ੍ਰੰਥ ਬੁੱਢਾ ਦਲ ਪਾਸ ਹਨ, ਜਿਨ੍ਹਾਂ ਦੀ ਤਾਬਿਆ ਬੁੱਢਾ ਦਲ ਵਹੀਰ ਚਲਦਾ ਹੈ। ਸ੍ਰੀ ਹਰਿਮੰਦਰ ਸਾਹਿਬ ਮੱਸੇ ਰੰਗੜ ਨੇ ਜੋ ਉਭੱਦਰ ਕਾਰਾ ਕੀਤਾ ਸੀ। ਉਸ ਦੀ ਖਬਰ ਬੁੱਢਾ ਦਲ ਦੇ ਮੁਖੀ ਬਾਬਾ ਜੱਸਾ ਸਿੰਘ ਆਹਲੂਵਾਲੀਆ ਨੂੰ ਪੁੱਜੀ, ਤੇ ਉਨ੍ਹਾਂ ਦੇ ਦਿਸ਼ਾ ਨਿਰਦੇਸ਼ਾਂ ਤੇ ਸਿੰਘਾਂ ਨੇ ਗੁਰਮਤਾ ਕਰਕੇ ਬੁੱਢਾ ਜੋਹੜ ਰਾਜਸਥਾਨ ਤੋਂ ਅੰਮ੍ਰਿਤਸਰ ਸਾਹਿਬ ਲਈ ਨਿਹੰਗ ਬਾਬਾ ਸੁੱਖਾ ਸਿੰਘ ਮਾੜੀ ਕੰਬੋਕੀ ਅਤੇ ਨਿਹੰਗ ਬਾਬਾ ਮਹਿਤਾਬ ਸਿੰਘ ਮੀਰਾਂਕੋਟ ਨੂੰ ਭੇਜਿਆ ਸੀ। ਜੋ ਮੱਸੇ ਰੰਗੜ ਦਾ ਸਿਰ ਵੱਢ ਕੇ ਨੇਜਿਆ ਤੇ ਟੰਗ ਕੇ ਸਿੰਘਾਂ ਨੇ ਆਪਣੇ ਬੋਲ ਪੁਗਾਏ।

# ਪੰਡੋਰੀ ਤਖਤ ਮੱਲ 'ਚ ਬੀਬੀਆਂ ਦੀ 11 ਮੈਂਬਰੀ ਕਮੇਟੀ ਗਠਿਤ



**ਝਬਾਲ ( ਹਰਜਿੰਦਰ ਸਿੰਘ ਸੋਨੀ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਅਧੀਨ ਜ਼ਿਲਾ ਤਰਨ ਤਾਰਨ ਦੇ ਜ਼ੋਨ ਬਾਬਾ ਦੀਪ ਸਿੰਘ ਜੀ ਦੇ ਅਧੀਨ ਆਉਂਦੇ ਪਿੰਡ ਗੋਹਲਵੜ, ਪੰਡੋਰੀ ਤਖਤ ਮੱਲ ਵਿਖੇ ਜ਼ੋਨ ਪ੍ਰਧਾਨ ਮਨਜਿੰਦਰ ਸਿੰਘ ਗੋਹਲਵੜ, ਪ੍ਰਧਾਨ ਨਵਜੀਤ ਸਿੰਘ ਗੋਹਲਵੜ ਦੀ ਰਹਿਨੁਮਾਈ ਹੇਠ ਪੰਦਰਵਾੜਾ ਮੀਟਿੰਗ ਕਰਕੇ ਬੀਬੀਆਂ ਦੀ 11 ਮੈਂਬਰੀ ਕਮੇਟੀ ਗਠਿਤ ਕੀਤੀ ਗਈ।ਇਸ ਮੌਕੇ ਮੀਟਿੰਗ ਵਿੱਚ ਕਿਸਾਨ, ਮਜ਼ਦੂਰ, ਬਜ਼ੁਰਗ ਨੌਜਵਾਨ, ਬੀਬੀਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰਦਿਆਂ ਕਿਹਾਂ ਕਿ ਅਸੀਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਨਾਲ ਹਰ ਮੋਰਚੇ ਵਿੱਚ ਕਿਸਾਨ ਵੀਰਾਂ ਦਾ ਮੋਢੇ ਨਾਲ ਮੋਢਾ ਜੋੜ ਕੇ ਸਾਥ ਦੇਵਾਂਗੀਆਂ, ਕਿਉਂਕਿ ਸਰਕਾਰਾਂ ਕਿਸਾਨਾਂ ਨੂੰ ਤੇ ਉਨਾਂ ਦੀ ਖੇਤੀ ਨੂੰ ਫੇਲ ਕਰਨਾ ਚਾਹੁੰਦੀਆਂ ਹਨ, ਪਰ ਅਸੀਂ ਕਿਸਾਨ ਵੀਰਾਂ ਨਾਲ ਹਰ ਮੋਰਚੇ ਵਿੱਚ ਜਾਵਾਂਗੀਆਂ, ਕਿਸਾਨ ਆਗੂ ਦਰਬਾਰਾ ਸਿੰਘ ਗੋਹਲਵੜ ਨੇ ਜਥੇਬੰਦੀ ਵੱਲੋਂ ਆਉਣ ਵਾਲੇ ਸਮੇਂ ਦੌਰਾਨ ਸੰਘਰਸ਼ਾਂ ਦੀ ਰੂਪਰੇਖਾ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਦੇ ਖਿਲਾਫ ਸਾਨੂੰ ਜਥੇਬੰਧਕ ਢਾਂਚੇ ਨੂੰ ਮਜ਼ਬੂਤ ਕਰਕੇ ਹਰ ਵਕਤ ਤਿਆਰ ਬਰ ਤਿਆਰ ਰਹਿਣਾ ਚਾਹੀਦਾ, ਕਿਉਂਕਿ ਸਰਕਾਰਾਂ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਖੇਤੀ ਸੈਕਟਰ ਨੂੰ ਤਬਾਹ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡ ਰਹੀ, ਅਸੀਂ ਇਸ ਲੋਕ ਮਾਰੂ ਨੀਤੀ ਦਾ ਸਖਤ ਵਿਰੋਧ ਕਰਦੇ ਹਾਂ ਤੇ ਸੰਘਰਸ਼ ਇਸੇ ਤਰ੍ਹਾਂ ਜਾਰੀ ਰਹਿਣਗੇ। ਇਸ ਮੌਕੇ ਸਕੱਤਰ ਸੋਹਣ ਸਿੰਘ ਗੋਹਲਵੜ, ਲਵਪ੍ਰੀਤ ਸਿੰਘ ਗੋਹਲਵੜ, ਅਕਾਸ਼ ਸਿੰਘ ਗੋਹਲਵੜ, ਹੈਪੀ ਸਿੰਘ ਗੋਹਲਵੜ, ਹਰਚੰਦ ਸਿੰਘ ਗੋਹਲਵੜ, ਗੁਰਭੇਜ ਸਿੰਘ ਗੋਹਲਵੜ, ਲਖਵਿੰਦਰ ਸਿੰਘ ਗੋਹਲਵੜ, ਗੁਰਵਿੰਦਰ ਸਿੰਘ ਗੋਹਲਵੜ, ਜਤਿੰਦਰ ਸਿੰਘ ਗੋਹਲਵੜ ਆਦਿ ਹਾਜ਼ਰ ਸਨ

# ਖੇਡਾਂ ਵਤਨ ਪੰਜਾਬ ਦੀਆਂ 'ਚ ਸ੍ਰੀ ਗੁਰੂ ਹਰਗੋਬਿੰਦ ਸਕੂਲ ਦੇ ਬੱਚਿਆਂ ਦੀ ਚੜ੍ਹਤ




**ਤਰਸਿੱਕਾ, ਤਰਸੇਮ ਸਿੰਘ ਸਾਧਪੁਰ**)—ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੈਂਡਰੀ ਸਕੂਲ ਸੈਦੋ ਲੇਹਲ ਮਹਿਤਾ ਰੋਡ ਸਕੂਲ ਦੇ ਵਿਦਿਆਰਥੀਆਂ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਤਰਸਿੱਕਾ ਜੋਨ ਵਿੱਚ ਕਰਵਾਏ ਗਏ ਖੋ ਖੋ ਅਤੇ ਅਥਲੈਟਿਸ ਖੇਡਾਂ ਵਿੱਚ ਮੱਲਾਂ ਮਾਰੀਆਂ। ਖੋ-ਖੋ ਲੜਕੇ ਪਹਿਲੇ ਸਥਾਨ ਤੇ ਰਹੇ ਅਤੇ ਅੰਤਰ 21 ਸਾਲ ਵਿੱਚ ਲੜਕੀਆਂ ਨੇ ਤੀਸਰਾ ਸਥਾਨ ਹਾਸਿਲ ਕੀਤਾ। ਸਕੂਲ ਦੀ ਵਿਦਿਆਰਥਣ ਮਹਿਕਦੀਪ ਕੌਰ ਨੇ 400 ਮੀਟਰ 1500 ਮੀਟਰ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਇਸ ਦੀ ਜਾਣਕਾਰੀ ਸਕੂਲ ਪ੍ਰਬੰਧਕ ਇੰਦਰਜੀਤ ਸਿੰਘ ਗੁਮਟਾਲਾ ਤੇ ਮੈਡਮ ਬਲਵਿੰਦਰ ਕੌਰ ਨੇ ਦਿੰਦਿਆਂ ਦੱਸਿਆ ਕਿ ਪੜ੍ਹਾਈ ਦੇ ਨਾਲ ਨਾਲ ਬੱਚਿਆਂ ਨੂੰ ਖੇਡਾਂ ਵੱਲ ਵੀ ਆਕਰਸ਼ਤ ਕੀਤਾ ਜਾਂਦਾ ਹੈ। ਇਸ ਮੌਕੇ ਬੱਚਿਆਂ ਨੂੰ ਸਕੂਲ ਵਿੱਚ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਡਾਇਰੈਕਟਰ ਡਾਕਟਰ ਇੰਦਰਜੀਤ ਸਿੰਘ ਗੁਮਟਾਲਾ, ਪ੍ਰਿੰਸੀਪਲ ਮੈਡਮ ਬਲਵਿੰਦਰ ਕੌਰ, ਮੈਡਮ ਕਿਰਨ ਬਾਲਾ, ਰਾਜਨ ਕੁਮਾਰ ਅਤੇ ਰਮਨਦੀਪ ਕੌਰ ਡੀਪੀ ਤੇ ਸਮੂਹ ਸਟਾਫ ਹਾਜ਼ਰ ਸਨ।

# ਬਿਨਾਂ ਨੰਬਰੀ ਮੋਟਰਸਾਈਕਲਾਂ ਵਾਲੇ ਕਰਦੇ ਨੇ ਹੁੱਲੜਬਾਜ਼ੀ, ਪੁਲਸ ਪ੍ਰਸ਼ਾਸਨ ਸੁੱਤਾ ਕੁੰਭਕਰਨੀ ਨੀਂਦ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੜਕ ਸੁਰੱਖਿਆ ਨੂੰ ਲੈ ਕੇ ਕੀਤੇ ਜਾਂਦੇ ਵੱਡੇ-ਵੱਡੇ ਦਾਅਵਿਆਂ ਦੀ ਫੂਕ ਉਦੋਂ ਨਿਕਲਦੀ ਨਜ਼ਰ ਆਈ ਜਦੋਂ ਸਬ-ਡਵੀਜ਼ਨ ਗੋਇੰਦਵਾਲ ਸਾਹਿਬ ਅਧੀਨ ਆਉਂਦੇ ਇਲਾਕੇ ਵਿਚ ਬਿਨਾਂ ਨੰਬਰੀ ਮੋਟਰਸਾਈਕਲ ਆਮ ਹੀ ਸੜਕਾਂ 'ਤੇ ਘੁੰਮਦੇ ਦੇਖੇ ਗਏ।ਕਿਸੇ ਗਰੀਬ ਆਦਮੀ ਦੇ ਮੋਟਰਸਾਈਕਲ ਦਾ ਪ੍ਰਦੂਸ਼ਣ ਖਤਮ ਹੋਇਆ ਹੋਵੇ ਤਾਂ ਪੁਲਸ ਬੜੇ ਸਬਕ ਸਿਖਾਉਂਦੀ ਹੈ ਤੇ ਉਸ ਦਾ ਤੁਰੰਤ ਚਲਾਨ ਕੱਟਿਆ ਜਾਂਦਾ ਹੈ ਪਰ ਬਿਨਾਂ ਨੰਬਰ ਪਲੇਟਾਂ ਦੇ ਸੜਕਾਂ 'ਤੇ ਹੁੜਦੰਗ ਮਚਾਉਣ ਵਾਲੇ ਇਨ੍ਹਾਂ ਪੁਲਸ ਵਾਲਿਆਂ ਨੂੰ ਕਿਉਂ ਨਹੀਂ ਦਿਸਦੇ। ਗੋਇੰਦਵਾਲ ਸਾਹਿਬ ਵਿਖੇ 450 ਸਾਲਾ ਸ਼ਤਾਬਦੀ ਦੇ ਸਮਾਗਮ ਸ਼ੁਰੂ ਹਨ ਪਰ ਇਹ ਬਿਨਾਂ ਨੰਬਰਾਂ ਵਾਲੇ ਮੋਟਰਸਾਈਕਲ ਜਿਨ੍ਹਾਂ ਦੇ ਸਲੰਸਰ ਉਤਾਰੇ ਹੋਏ ਹਨ ਉਹ ਸ਼ਾਮ ਤੇ ਰਾਤ ਦੇ ਸਮੇਂ ਸੜਕਾਂ 'ਤੇ ਹੁੱਲੜਬਾਜ਼ੀ ਕਰਦੇ ਆਮ ਦਿਖਾਈ ਦਿੰਦੇ ਹਨ। ਇਨ੍ਹਾਂ ਹੁੱਲੜਬਾਜ਼ਾਂ ਵੱਲ ਦੇਖ ਕੇ ਕੋਈ ਵੀ ਸ਼ਰੀਫ ਵਿਅਕਤੀ ਆਪਣੇ ਪਰਿਵਾਰ ਸਮੇਤ ਸੜਕ ਤੇ ਜਾਣਾ ਸਹੀ ਨਹੀਂ ਸਮਝਦਾ।ਦੇਖਣਾ ਇਹ ਹੋਵੇਗਾ ਕਿ ਇਨ੍ਹਾਂ ਬਿਨਾਂ ਨੰਬਰੀ ਮੋਟਰਸਾਈਕਲਾਂ ਖਿਲਾਫ ਤਰਨ ਤਾਰਨ ਪੁਲਸ ਕੋਈ ਕਾਰਵਾਈ ਕਰਦੀ ਹੈ ਜਾਂ ਫਿਰ ਹੁੱਲੜਬਾਜ ਇਸੇ ਤਰ੍ਹਾਂ ਹਾ ਮਾਹੌਲ ਖਰਾਬ ਕਰਦੇ ਰਹਿਣਗੇ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸ਼ਹੀਦ ਭਾਈ ਤਾਰੂ ਸਿੰਘ ਜੀ ਪੂਹਲਾ ਜ਼ੋਨ ਭਿੱਖੀਵਿੰਡ ਦੀ ਹੰਗਾਮੀ ਮੀਟਿੰਗ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਕਿਸਾਨ ਮਜਦੂਰ ਸੰਘਰਸ ਕਮੇਟੀ ਪੰਜਾਬ ਦੇ ਸਹੀਦ ਭਾਈ ਤਾਰੂ ਸਿੰਘ ਜੀ ਪੂਹਲਾ ਜ਼ੋਨ ਭਿੱਖੀਵਿੰਡ ਵੱਲੋਂ ਪਿੰਡ ਚੀਮਾ ਖੁਰਦ,ਨਵਾਂ ਪਿੰਡ, ਫਤਿਹਪੁਰ, ਭੈਣੀ ਮੱਸਾ ਸਿੰਘ,ਵਾਂ ਤਾਰਾ ਸਿੰਘ, ਮਨਿਹਾਲਾ, ਕੱਚਾ ਪੱਕਾ, ਥੇਹ ਨੌਸਹਿਰਾ, ਮੱਖੀ ਕਲ੍ਹਾ ਆਦਿ ਇਕਾਈਆਂ ਦੀ ਮੀਟਿੰਗ ਨਿਸਾਨ ਸਿੰਘ ਮਾੜੀਮੇਘਾ, ਸੁਖਪਾਲ ਸਿੰਘ ਦੋਦੇ ਤੇ ਅਜਮੇਰ ਸਿੰਘ ਅਮੀਸਾਹ ਦੀ ਪ੍ਰਧਾਨਗੀ ਹੇਠ ਹੋਈ।

ਇਸ ਮੌਕੇ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਆਗੂ ਰੇਸਮ ਸਿੰਘ ਘੁਰਕਵਿੰਡ, ਜ਼ੋਨ ਪ੍ਰਧਾਨ ਦਿਲਬਾਗ ਸਿੰਘ ਪਹੂਵਿੰਡ ਤੇ ਸੁੱਚਾ ਸਿੰਘ ਵੀਰਮ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਪਣਾ ਖਜਾਨਾ ਭਰਨ ਲਈ ਡੀਜ਼ਲ, ਪੈਟਰੋਲ ਤੇ ਬੱਸ ਸਫਰ ਮਹਿੰਗਾ ਕਰਕੇ ਪਹਿਲਾਂ ਤੋਂ ਮਹਿੰਗਾਈ ਦੀ ਮਾਰ ਝੱਲ ਰਹੀ ਆਮ ਜਨਤਾ ਤੇ ਵਾਧੂ ਬੋਝ ਪਾ ਦਿੱਤਾ ਹੈ। ਆਗੂਆਂ ਨੇ ਕਿਹਾ ਕਿ ਕਾਂਗਰਸ ਸਰਕਾਰ ਵੱਲੋਂ ਬਿਜਲੀ ਖਪਤਕਾਰਾਂ ਨੂੰ ਪ੍ਰਤੀ ਯੂਨਿਟ ਦਿੱਤੀ ਗਈ 3 ਰੁਪਏ ਸਬਸਿਡੀ ਨੂੰ 'ਆਪ' ਸਰਕਾਰ ਨੇ ਖਤਮ ਕਰਕੇ ਲੋਕ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ।

ਇਸ ਮੌਕੇ ਰਣਜੀਤ ਸਿੰਘ ਚੀਮਾ ਤੇ ਬਲਿਹਾਰ ਸਿੰਘ ਮਨਿਹਾਲਾ ਨੇ ਲਿਖਤੀ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਭਾਰਤ ਮਾਲਾ ਪ੍ਰੋਜੈਕਟ ਦੇ ਨਾਂਅ 'ਤੇ ਮੁਆਵਜੇ ਤੋਂ ਬਿਨਾਂ ਧੱਕੇਸਾਹੀ ਨਾਲ ਕਿਸਾਨਾਂ ਦੀਆਂ ਜ਼ਮੀਨਾਂ ਤੇ ਕਬਜ਼ਾ ਕਰਵਾਉਣੇ ਬੰਦ ਕਰੇ ਤੇ ਜ਼ਮੀਨ ਮਾਲਕਾਂ ਨੂੰ ਬਣਦਾ ਮੁਆਵਜ਼ਾ ਦਿਵਾਵੇ। ਇਸ ਮੌਕੇ ਸੁਖਪਾਲ ਸਿੰਘ ਦੋਦੇ, ਬਲਵੀਰ ਸਿੰਘ ਚੀਮਾ, ਬਲਵਿੰਦਰ ਸਿੰਘ ਵਾੜਾ ਠੱਠੀ, ਸੁਖਦੇਵ ਸਿੰਘ ਚੀਮਾ, ਸੁਖਵਿੰਦਰ ਸਿੰਘ ਫੌਜੀ, ਸਰਬ ਸੰਧੂ ਅਮੀਰਕੇ, ਰਾਜਬੀਰ ਸਿੰਘ ਬੁੱਟਰ, ਪ੍ਰਤਾਪ ਸਿੰਘ ਚੀਮਾ, ਗੁਰਜਿੰਦਰ ਸਿੰਘ ਚੀਮਾ, ਗੁਰਜੰਟ ਸਿੰਘ ਚੀਮਾ, ਜਗਜੀਤ ਸਿੰਘ ਚੀਮਾ, ਜੈਮਲ ਸਿੰਘ ਚੀਮਾ, ਨਿਰਵੈਰ ਸਿੰਘ ਬੱਬਲ, ਮਨਜੀਤ ਸਿੰਘ ਆੜਤੀਆ, ਜੱਸ ਸਿੰਘ ਆੜਤੀਆ, ਜਸਨਪ੍ਰੀਤ ਸਿੰਘ, ਗੁਰਵੇਲ ਸਿੰਘ ਵਾੜਾ ਠੱਠੀ, ਬਚਿੱਤਰ ਸਿੰਘ ਨਵਾਂਪਿੰਡ, ਜੱਸਾ ਸਿੰਘ ਨਵਾਂਪਿੰਡ, ਹਰਪਾਲ ਸਿੰਘ ਨਵਾਂਪਿੰਡ, ਕੁਲਦੀਪ ਸਿੰਘ ਨਵਾਪਿੰਡ, ਪਰਮਿੰਦਰ ਸਿੰਘ ਨਵਾਂਪਿੰਡ, ਅੰਗਰੇਜ ਸਿੰਘ ਵਾਂ, ਅਮਰਜੀਤ ਸਿੰਘ ਵਾਂ, ਸੁਖਦੇਵ ਸਿੰਘ ਭੈਣੀ, ਨਿਰਵੈਲ ਸਿੰਘ ਭੈਣੀ, ਸਤਨਾਮ ਸਿੰਘ ਮਨਿਹਾਲਾ, ਰਾਜਬੀਰ ਸਿੰਘ ਮਨਿਹਾਲਾ, ਬਲਿਹਾਰ ਸਿੰਘ ਮਨਿਹਾਲਾ, ਗੋਪਾ ਪਹਿਲਵਾਨ, ਅਖਤਿਆਰ ਸਿੰਘ ਮਨਿਹਾਲਾ, ਜਗਤਾਰ ਸਿੰਘ ਕੱਚਾ ਪੱਕਾ, ਹਰਭਜਨ ਸਿੰਘ ਕੱਚਾ ਪੱਕਾ, ਸੁਖਜਿੰਦਰ ਸਿੰਘ ਕੱਚਾ ਪੱਕਾ, ਅਰੂੜ ਸਿੰਘ ਥੇਹ ਨੌਸਹਿਰਾ, ਰੇਸਮ ਸਿੰਘ ਥੇਹ ਨੌਸਹਿਰਾ, ਰਣਜੀਤ ਸਿੰਘ ਥੇਹ ਨੌਸਹਿਰਾ, ਗੁਰਨਾਮ ਸਿੰਘ ਮੱਖੀ ਕਲ੍ਹਾ, ਬਿੱਕਰ ਸਿੰਘ ਮੱਖੀ ਕਲ੍ਹਾ, ਜੱਸਾ ਸਿੰਘ ਮੱਖੀ ਕਲ੍ਹਾ, ਲੱਖਾ ਸਿੰਘ ਚੀਮਾ, ਜੱਸ ਆੜ ਤੀਆ, ਚਿੰਤ ਕੌਰ, ਜੋਗਿੰਦਰ ਕੌਰ, ਬਲਵਿੰਦਰ ਕੌਰ, ਵੀਰੋ, ਪਰਮਜੀਤ ਕੌਰ, ਅਮਰਜੀਤ ਕੌਰ, ਪ੍ਰਭਜੋਤ ਕੌਰ, ਬਲਜੀਤ ਕੌਰ, ਨਰਿੰਦਰ ਕੌਰ, ਬਚਨੋ, ਪੂਜਾ ਰਾਣੀ , ਗਿਆਨ ਕੌਰ ਆਦਿ ਕਿਸਾਨ ਮਜਦੂਰ ਤੇ ਬੀਬੀਆਂ ਹਾਜ਼ਰ ਸਨ।

# ਐਮਵੇ ਨੇ ਚਾਰ ਖੋਜ ਤੇ ਵਿਕਾਸ ਲੈਬਾਂ 'ਚ 4 ਮਿਲੀਅਨ ਡਾਲਰ ਦਾ ਨਿਵੇਸ਼ ਕੀਤਾ

**ਅੰਮ੍ਰਿਤਸਰ** : ਐਮਵੇ ਨੇ ਸਿਹਤ ਅਤੇ ਤੰਦਰੁਸਤੀ ਦਾ ਸਮਰਥਨ ਕਰਨ ਵਾਲੀ ਇੱਕ ਗਲੋਬਲ ਕੰਪਨੀ ਵਜੋਂ ਅੱਜ ਰਸਮੀ ਤੌਰ 'ਤੇ 4 ਮਿਲੀਅਨ ਡਾਲਰ ਦੇ ਨਿਵੇਸ ਨਾਲ ਭਾਰਤ ਭਰ ਵਿੱਚ ਆਪਣੀਆਂ ਚਾਰ ਅਤਿ ਆਧੁਨਿਕ ਖੋਜ ਅਤੇ ਵਿਕਾਸ ਲੈਬਾਂ ਨੂੰ ਪੇਸ਼ ਕੀਤਾ। ਉੱਨਤ ਤਕਨਾਲੋਜੀ, ਅਜੋਕੇ ਵਿਗਿਆਨ ਅਤੇ ਵਿਗਿਆਨਕ ਵਿਚਾਰਾਂ ਦੀ ਅਗਵਾਈ ਦੀ ਵਰਤੋਂ ਕਰਕੇ, ਇਹ ਲੈਬਾਂ ਭਾਰਤ ਅਤੇ ਵਿਸਵ ਭਰ ਦੇ ਲੋਕਾਂ ਦੀ ਸਿਹਤ ਅਤੇ ਤੰਦਰੁਸਤੀ ਦਾ ਸਮਰਥਨ ਕਰਨ ਦੇ ਉਦੇਸ਼ ਨਾਲ ਸੁਰੱਖਿਅਤ, ਪ੍ਰਭਾਵਸ਼ਾਲੀ, ਵਿਭਿੰਨ ਅਤੇ ਉੱਚ-ਕੁਆਲਿਟੀ ਵਾਲੇ ਸਿਹਤ ਅਤੇ ਤੰਦਰੁਸਤੀ ਉਤਪਾਦਾਂ ਨੂੰ ਵਿਕਸਤ ਕਰਕੇ ਉਦਯੋਗ ਦੇ ਮਿਆਰਾਂ ਨੂੰ ਮੁੜ ਪਰਿਭਾਸ਼ਤ ਕਰਨ ਲਈ ਤਿਆਰ ਹਨ।

ਐਮਵੇ ਇੰਡੀਆ ਦੇ ਕਾਰੋਬਾਰੀ ਦ੍ਰਿਸ਼ਟੀਕੋਣ ਤੋਂ ਨਿਵੇਸ ਬਾਰੇ ਗੱਲ ਕਰਦਿਆਂ ਐਮਵੇ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ ਰਜਨੀਸ਼ ਚੋਪੜਾ ਨੇ ਕਿਹਾ ਕਿ ਭਾਰਤ ਵਿੱਚ ਪੋਸ਼ਣ ਅਤੇ ਤੰਦਰੁਸਤੀ ਲਈ ਇੱਕ ਪਰਿਵਰਤਨਕਾਰੀ ਪਹੁੰਚ ਦੀ ਲੋੜ ਹੈ।

# ਬਾਸਮਤੀ ਦੀ ਵਿਕਰੀ 'ਤੇ ਐੱਮ ਐੱਸ ਪੀ ਨੂੰ ਲੈ ਕੇ ਕਿਰਤੀ ਕਿਸਾਨ ਯੂਨੀਅਨ 25 ਨੂੰ ਦੇਵੇਗੀ ਜ਼ਿਲ੍ਹਾ ਪੱਧਰੀ ਧਰਨੇ: ਢੁੱਡੀਕੇ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਕਿਰਤੀ ਕਿਸਾਨ ਯੂਨੀਅਨ ਨੇ ਕਿਸਾਨੀ ਮੰਗਾਂ ਨੂੰ ਲੈ ਕੇ 25 ਸਤੰਬਰ ਤੋਂ ਜ਼ਿਲ੍ਹਾ ਪੱਧਰ ਤੇ ਧਰਨੇ ਲਗਾਉਣ ਦਾ ਐਲਾਨ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬਾਸਮਤੀ ਦਾ ਭਾਅ ਛੇ ਹਜ਼ਾਰ ਕੁਇੰਟਲ ਨਿਰਧਾਰਤ ਕਰਨ ਦੇ ਨਾਲ ਨਾਲ ਸਰਕਾਰ ਇਸ ਦੀ ਖਰੀਦ ਨੂੰ ਐੱਮਐੱਸਪੀ ਐਲਾਨ ਕਰਕੇ ਯਕੀਨੀ ਬਣਾਏ ਜਦ ਕਿ ਕਿਸਾਨ ਫਸਲ ਨੂੰ ਲੈ ਕੇ ਅੱਜ ਮੰਡੀਆਂ ਵਿੱਚ ਰੁਲ ਰਿਹਾ ਹੈ ਤੇ ਉਹ ਆਪਣੀ ਫਸਲ ਨੂੰ ਵੇਚਣ ਦੀ ਬਜਾਏ ਸਸਤੇ ਭਾਅ 'ਤੇ ਸੁੱਟ ਰਹੇ ਹਨ ਜਿਸ ਨਾਲ ਕਿਸਾਨ ਦੀ ਮਾਲੀ ਹਾਲਤ ਦਿਨ ਪ੍ਰਤੀ ਦਿਨ ਨਿੱਘਰਦੀ ਜਾ ਰਹੀ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਯੂਨੀਅਨ ਦੇ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਜਤਿੰਦਰ ਸਿੰਘ ਛੀਨਾ, ਮਨਮਿੰਦਰ ਸਿੰਘ ਪਟਿਆਲਾ ਨੇ ਕਿਹਾ ਕਿ ਭਾਰਤ ਦੀ ਵਿਸ਼ੇਸ਼ ਕਰਕੇ ਪੰਜਾਬ ਦੇ ਦਰਿਆਵਾਂ ਨਾਲ ਲੱਗਦੀ ਜ਼ਮੀਨ ਦੇ ਚੌਲ਼ਾਂ ਨੂੰ ਦੁਨੀਆਂ ਭਰ ਵਿੱਚ ਪਸੰਦ ਕੀਤਾ ਜਾਂਦਾ ਹੈ ਤੇ ਇਸ ਇਲਾਕੇ ਨੂੰ ਜੀ ਆਈ ਦਾ ਦਰਜਾ ਮਿਲਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਬਾਸਮਤੀ ਦੇ ਚੌਲ ਜਿਹੜੇ ਵਿਸ਼ੇਸ਼ ਪ੍ਰਕਾਰ ਦੀ ਖੁਸ਼ਬੋ ਵੀ ਦਿੰਦੇ ਹਨ ਦੁਨੀਆਂ ਦੇ 150 ਦੇਸ਼ਾਂ ਵਿੱਚ ਪਸੰਦ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਇਹ ਵਾਅਦਾ ਕੀਤਾ ਸੀ ਕਿ ਹੋਰ ਫਸਲਾਂ ਦੇ ਨਾਲ ਨਾਲ ਬਾਸਮਤੀ 'ਤੇ ਵੀ ਐਮ ਐਸ ਪੀ ਦਿੱਤੀ ਜਾਵੇਗੀ ਪਰ ਇਹ ਵਾਅਦਾ ਢਾਈ ਸਾਲ ਬੀਤ ਜਾਣ ਦੇ ਬਾਵਜੂਦ ਵੀ ਵਫਾ ਨਹੀਂ ਹੋ ਸਕਿਆ। ਉਨਾਂ ਕਿਹਾ ਕਿ ਬਾਸਮਤੀ ਦੀ ਕਾਸ਼ਤ ਉਸ ਵੇਲੇ ਕੀਤੀ ਜਾਂਦੀ ਹੈ ਜਦੋਂ ਪੰਜਾਬ ਵਿੱਚ ਬਰਸਾਤਾਂ ਦਾ ਮੌਸਮ ਸ਼ੁਰੂ ਹੋ ਜਾਂਦਾ ਹੈ ਤੇ ਝੋਨੇ ਨਾਲੋਂ ਇਸ ਦੀ ਸੇਵਾ ਸੰਭਾਲ ਵੀ ਘੱਟ ਕਰਨੀ ਪੈਂਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪਾਣੀ ਦੇ ਪੱਧਰ ਨੂੰ ਲੈ ਕੇ ਜਿਸ ਤਰੀਕੇ ਨਾਲ ਹੇਠਲੇ ਪੱਧਰ 'ਤੇ ਜਾ ਰਿਹਾ ਹੈ ਉਸ ਨੂੰ ਲੈ ਕੇ ਸਾਡੇ ਵਿਗਿਆਨੀ ਕਾਫੀ ਚਿੰਤੁਤ ਹਨ ਤੇ ਪਾਣੀ ਦੀ ਬੱਚਤ ਕਰਨ ਲਈ ਫਸਲੀ ਵਿਭੰਨਤਾ ਵੀ ਬਹੁਤ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ 25 ਸਤੰਬਰ ਨੂੰ ਬਾਸਮਤੀ ਤੇ ਐੱਮਐੱਸਪੀ ਦੇਣ ਦਾ ਮੁੱਦੇ ਨੂੰ ਲੈ ਕੇ ਕਿਰਤੀ ਕਿਸਾਨ ਯੂਨੀਅਨ ਨੇ ਜ਼ਿਲ੍ਹਾ ਪੱਧਰ 'ਤੇ ਧਰਨੇ ਦੇਣ ਤੇ ਪੰਜਾਬ ਸਰਕਾਰ ਦੇ ਨਾਮ ਮੰਗ ਪੱਤਰ ਦੇਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਜੇਕਰ ਫਿਰ ਵੀ ਸਰਕਾਰ ਦੇ ਕੰਨ 'ਤੇ ਜੂੰ ਨਾ ਸਰਕੀ ਤਾਂ ਫਿਰ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਬਾਸਮਤੀ 6.73 ਲੱਖ ਹੈਕਟੇਅਰ ਵਿੱਚ ਕਾਸ਼ਤ ਕੀਤੀ ਜਾਂਦੀ ਹੈ ਜਿਸ ਵਿੱਚੋ ਬਾਕੀ ਜਿਲਿ੍ਆ ਨਾਲੋਂ ਅੰਮ੍ਰਿਤਸਰ ਜਿਲੇ ਵਿੱਚ ਸਭ ਤੋਂ ਵੱਧ 1.46 ਲੱਖ ਹੈਕਟੇਅਰ ਵਿੱਚ ਬਾਸਮਤੀ ਲਗਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ 950 ਅਮਰੀਕੀ ਡਾਲਰ ਦੇ ਭਾਅ ਪ੍ਰਤੀ ਟਨ ਦਾ ਮਤਾ ਕੀਤਾ ਹੈ ਜਦਕਿ ਵਪਾਰੀ ਦੀ ਖਰੀਦ ਵੀ 750-800 ਡਾਲਰ ਤੋਂ ਵੱਧ ਨਹੀ ਹੈ। ਵਪਾਰੀ ਘਾਟਾ ਪਾ ਕੇ ਵਪਾਰ ਨਹੀ ਕਰ ਸਕਦੇ। ਇਸ ਲਈ ਬਾਸਮਤੀ ਦੀ ਫਰੀ ਟਰੇਡ ਹੋਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਅਰਬ ਦੇਸ਼ਾਂ ਨੂੰ ਬਰਾਮਦ ਵਾਹਗਾ ਸਰਹੱਦ ਰਾਹੀ ਹੋਣੀ ਚਾਹੀਦੀ ਹੈ ਜਿਸ ਨਾਲ ਪੰਜਾਬ ਦੇ ਲੱਖਾਂ ਲੋਕਾਂ ਨੂੰ ਰੁਜਗਾਰ ਮਿਲੇਗਾ ਤੇ ਇਸ ਸਰਹੱਦ ਰਾਹੀ ਮਾਲ ਸਸਤੇ ਭਾੜੇ ਨਾਲ ਭੇਜਿਆ ਜਾ ਸਕਦਾ ਹੈ।

ਉਹਨਾਂ ਕਿਹਾ ਕਿ 30 ਸਾਲ ਪਹਿਲਾਂ 270 ਕਰੋੜ ਦਾ ਬਾਸਮਤੀ ਬਰਾਮਦ ਕੀਤੀ ਜਾਂਦੀ ਸੀ ਤੇ ਅੱਜ 48389 ਕਰੋੜ ਦਾ ਵਪਾਰ ਹੋ ਰਿਹਾ ਹੈ। ਇਸ ਸਮੇਂ ਕਿਸਾਨ ਹਰਦੀਪ ਕੌਰ ਕੋਟਲਾ, ਜਸਵਿੰਦਰ ਸਿੰਘ, ਹਰਨੇਕ ਸਿੰਘ, ਨਛੱਤਰ ਸਿੰਘ, ਸਤਨਾਮ ਸਿੰਘ, ਪਰਵਿੰਦਰ ਸਿੰਘ ਛੱਜਲਵੱਡੀ, ਰਾਜਿੰਦਰਬੀਰ ਸਿੰਘ ਆਦਿ ਵੀ ਹਾਜ਼ਰ ਸਨ।

# ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਹੜੇ 'ਚ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸ਼ਹੀਦ ਭਗਤ ਸਿੰਘ ਨਗਰ ਦੀ ਸੇਵਾ ਸੰਸਥਾ 'ਸਮਾਜਿਕ ਚੇਤਨਾ ਮੰਚ' ਵਲੋਂ ਭਾਰਤ ਦੀ ਪਹਿਲੀ ਮਹਿਲਾ ਅਧਿਆਪਕਾ ਸਵਿੱਤਰੀ ਬਾਈ ਫੂਲੇ ਦੀ ਯਾਦ ਨੂੰ ਸਮਰਪਿਤ ਅਤੇ ਭਾਰਤ ਦੇ ਸਭ ਤੋਂ ਵੱਧ ਪੜ੍ਹੇ ਲਿਖੇ ਯੋਗ ਅਧਿਆਪਕ ਤੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਡਕਰ ਅਤੇ ਸ਼ਹੀਦ ਭਗਤ ਸਿੰਘ ਦੇ ਜੱਦੀ ਸ਼ਹਿਰ ਦੇ ਪਿੰਡ ਬੱਬਰ ਕਰਮ ਸਿੰਘ ਮੈਮੋਰੀਅਲ ਟਰੱਸਟ ਅਤੇ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਹੜੇ ਵਿਚ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ। ਸੰਸਥਾ ਦੇ ਮੁਖੀ ਦਿਨੇਸ਼ ਕੁਮਾਰ ਕਰੀਹਾ ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਦੱਸਿਆ ਕਿ ਇਹ ਸੰਸਥਾ ਵਲੋਂ ਤੀਸਰਾ ਸਲਾਨਾ ਸਨਮਾਨ ਸਮਾਰੋਹ ਕਰਵਾਇਆ ਗਿਆ ਹੈ। ਸਨਮਾਨ ਸਮਾਰੋਹ ਦਾ ਰਸਮੀ ਉਦਘਾਟਨ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ ਸਿ) ਅਮਰਜੀਤ ਖਟਕੜ ਅਤੇ ਬੱਬਰ ਕਰਮ ਸਿੰਘ ਮੈਮੋਰੀਅਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੌਲਤਪੁਰ ਦੇ ਬੱਚਿਆਂ ਨੇ ਸ਼ਬਦ ਗਾਇਨ ਰਾਹੀਂ ਕੀਤਾ।ਮੰਚ ਸੰਚਾਲਨ ਦੀ ਭੂਮਿਕਾ ਅਸ਼ੋਕ ਕੁਮਾਰ ਸਾਬਕਾ ਬੀ. ਪੀ.ਈ.ਓ. ਨੇ ਨਿਭਾਈ। ਸ਼ੁਰੂਆਤੀ ਵਿਚ ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਦਿਨੇਸ਼ ਕੁਮਾਰ ਕਰੀਹਾ ਨੇ ਭਾਰਤ ਦੀ ਪਹਿਲੀ ਮਹਿਲਾ ਅਧਿਆਪਕ ਸਵਿੱਤਰੀ ਬਾਈ ਫੂਲੇ, ਡਾਕਟਰ ਭੀਮ ਰਾਓ ਅੰਬੇਡਕਰ ਅਤੇ ਸ਼ਹੀਦ ਭਗਤ ਸਿੰਘ ਦੇ ਜੀਵਨ ਫਲਸਫੇ 'ਤੇ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਪੜਾਈ ਅਗਿਆਨਤਾ ਦਾ ਹਨੇਰਾ ਦੂਰ ਕਰਦੀ ਹੈ।ਇਸ ਸਨਮਾਨ ਸਮਾਰੋਹ ਵਿੱਚ ਬੋਰਡ ਦੀਆਂ ਜਮਾਤਾਂ ਵਿੱਚੋਂ ਮੈਰਿਟ ਵਿੱਚ ਆਉਣ ਵਾਲੇ ਵਿਦਿਆਰਥੀ ਨੂੰ ਜਿਨ੍ਹਾਂ ਵਿੱਚ ਅੱਠਵੀਂ ਜਮਾਤ ਦੇ 6 ਵਿਦਿਆਰਥੀ, ਦਸਵੀਂ ਜਮਾਤ ਦੇ 9 ਵਿਦਿਆਰਥੀ ਅਤੇ ਬਾਰ੍ਹਵੀਂ ਜਮਾਤ ਦੇ 5 ਵਿਦਿਆਰਥੀ ਸ਼ਾਮਿਲ ਹਨ ਅਤੇ ਇਸ ਤੋਂ ਇਲਾਵਾ 35 ਅਧਿਆਪਕਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਨਿਵਾਜਿਆ ਗਿਆ।ਇਸ ਮੌਕੇ ਪ੍ਰਿੰਸੀਪਲ ਹਰਭਜਨ ਸਿੰਘ ਕਰਨਾਣਾ ਨੇ ਅਧਿਆਪਕ ਦਿਵਸ 'ਤੇ ਚਾਨਣਾ ਪਾਇਆ। ਸਿੱਖਿਆ ਅਧਿਕਾਰੀ ਅਮਰਜੀਤ ਖਟਕੜ ਨੇ ਮੈਰਿਟ ਵਿੱਚ ਆਏ ਵਿਦਿਆਰਥੀਆਂ ਨੂੰ ਸਨਮਾਨਿਤ ਕਰਦਿਆਂ ਵਧਾਈ ਦਿੱਤੀ ਤੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਬੱਬਰ ਕਰਮ ਸਿੰਘ ਮੈਮੋਰੀਅਲ ਪਬਲਿਕ ਸਕੂਲ ਦੌਲਤਪੁਰ ਦੀ ਪ੍ਰਿੰਸੀਪਲ ਰਾਜ ਰਾਣੀ ਨੇ ਇਸ ਮੌਕੇ ਕਿਹਾ ਕਿ ਅਧਿਆਪਕ ਤੋਂ ਬਿਨਾਂ ਵਿਦਿਆਰਥੀ ਦੀ ਜ਼ਿੰਦਗੀ ਵਿਚ ਹਨੇਰਾ ਹੈ। ਸਮਾਪਤੀ 'ਤੇ ਬੱਬਰ ਕਰਮ ਸਿੰਘ ਮੈਮੋਰੀਅਲ ਟਰੱਸਟ ਵੱਲੋਂ ਹਾਜ਼ਰ ਮਹਿਮਾਨਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ

।ਇਸ ਮੌਕੇ ਦਿਨੇਸ਼ ਕੁਮਾਰ ਕਰੀਹਾ ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ, ਛੋਟੂ ਰਾਮ ਸਾਬਕਾ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ, ਬੀ ਐਨ ਓ ਲਖਵੀਰ ਸਿੰਘ, ਦਲਜੀਤ ਸਿੰਘ ਬੋਲਾ ਪ੍ਰਿੰਸੀਪਲ ਖਾਲਸਾ ਸਕੂਲ, ਪ੍ਰਿੰਸੀਪਲ ਕੁਲਵਿੰਦਰ ਸਿੰਘ ਬੇਦੀ ਸਰਕਾਰੀ ਪੋਲੀਟੈਕਨਿਕ ਕਾਲਜ ਬਹਿਰਾਮ, ਗੁਰਪਾਲ ਚੰਦ ਬੀ ਪੀ ਈ ਓ, ਅਸ਼ੋਕ ਕੁਮਾਰ ਸਾਬਕਾ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਬੱਬਰ ਕਰਮ ਸਿੰਘ ਮੈਮੋਰੀਅਲ ਪਬਲਿਕ ਟਰਸਟ /ਸਕੂਲ ਦੌਲਤਪੁਰ ਦੇ ਡਾਇਰੈਕਟਰ ਕ੍ਰਿਪਾਲ ਸਿੰਘ ਖਾਬੜਾ, ਤਰਨਜੀਤ ਸਿੰਘ ਮੀਤ ਪ੍ਰਧਾਨ ਤੇ ਵਾਈਸ ਪ੍ਰਧਾਨ ਸਮਾਜਿਕ ਚੇਤਨਾ ਮੰਚ, ਪ੍ਰਿੰਸੀਪਲ ਰਾਜ ਰਾਣੀ, ਜਗਦੀਸ਼ ਰਾਏ ਐਮ ਆਈ ਐਸ ਕੁਆਰਡੀਨੇਟਰ ਤੇ ਵੱਖ ਵੱਖ ਸਕੂਲਾਂ ਤੋਂ ਆਏ ਵਿਦਿਆਰਥੀਆਂ ਤੋਂ ਇਲਾਵਾ ਸਨਮਾਨ ਹੋਣ ਵਾਲੇ ਅਧਿਆਪਕ ਸਨ।

# ਐੱਲ ਪੀ ਯੂ ਦੇ ਫ਼ਿਜ਼ੀਓਥੈਰੇਪੀ ਵਿਦਿਆਰਥੀਆਂ ਨੇ ਵਿਸ਼ਵ ਫ਼ਿਜ਼ੀਓਥੈਰੇਪੀ ਦਿਵਸ ਮਨਾਇਆ




**ਜਲੰਧਰ (ਸ਼ੈਲੀ ਐਲਬਰਟ)**-: ਫਿਜ਼ੀਓਥੈਰੇਪੀ ਵਿਭਾਗ, ਸਕੂਲ ਆਫ ਅਪਲਾਈਡ ਮੈਡੀਕਲ ਸਾਇੰਸਿਜ਼ ਨੇ ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਦੇ ਬਲਦੇਵ ਰਾਜ ਮਿੱਤਲ ਆਡੀਟੋਰੀਅਮ ਵਿੱਚ ਵਿਸ਼ਵ ਫ਼ਿਜ਼ੀਓਥੈਰੇਪੀ ਦਿਵਸ-2024 ਮਨਾਇਆ। ਪਿੱਠ ਦੇ ਹੇਠਲੇ ਹਿੱਸੇ ਵਿੱਚ ਦਰਦ ਵਿਸ਼ੇ 'ਤੇ, ਵਿਦਿਆਰਥੀਆਂ ਨੂੰ ਇਸ ਵਿਸ਼ਵਵਿਆਪੀ ਮੁੱਦੇ 'ਤੇ ਫ਼ਿਜ਼ੀਓਥੈਰੇਪਿਸਟ ਦੀ ਮਹੱਤਵਪੂਰਨ ਭੂਮਿਕਾ ਬਾਰੇ ਦੱਸਿਆ, ਜੋ ਕਿ ਦੁਨੀਆ ਭਰ ਵਿੱਚ ਲੱਖਾਂ ਲੋਕਾਂ ਨੂੰ ਪ੍ਰਭਾਵਿਤ ਕਰਨ ਵਾਲੀ ਅਪੰਗਤਾ ਦਾ ਇੱਕ ਵੱਡਾ ਕਾਰਨ ਹੈ। ਉਹ ਪਿੱਠ ਦੇ ਹੇਠਲੇ ਦਰਦ ਨੂੰ ਰੋਕਣ ਅਤੇ ਠੀਕ ਕਰਨ ਵਿੱਚ ਕਿਵੇਂ ਭੂਮਿਕਾ ਨਿਭਾਉਂਦੇ ਹਨ। ਐਗਜ਼ੀਕਿਊਟਿਵ ਡੀਨ ਮੋਨਿਕਾ ਗੁਲਾਟੀ ਨੇ ਐਲ ਪੀ ਯੂ ਦੇ ਡਾਇਰੈਕਟਰ ਜਨਰਲ ਇੰਜਨੀਅਰ ਐਚ.ਆਰ ਸਿੰਗਲਾ, ਮਹਿਮਾਨ ਡਾ. ਦਿਵਿਤਾ ਅਰੋੜਾ ਅਤੇ ਡਾ. ਵਿਸ਼ਨੂੰ ਗੁਪਤਾ ਦਾ ਸਵਾਗਤ ਕੀਤਾ। ਪ੍ਰਸਿੱਧ ਫ਼ਿਜ਼ੀਓਥੈਰੇਪਿਸਟ ਡਾ. ਦਿਵਿਤਾ ਅਰੋੜਾ ਨੇ ਜਣੇਪੇ ਦੇ ਸਾਲਾਂ ਦੌਰਾਨ ਫ਼ਿਜ਼ੀਓਥੈਰੇਪੀ ਦੀ ਮਹੱਤਤਾ ਨੂੰ ਉਜਾਗਰ ਕੀਤਾ ਅਤੇ ਗਰਭ ਧਾਰਨ ਤੋਂ ਪਹਿਲਾਂ, ਗਰਭ ਅਵਸਥਾ ਅਤੇ ਜਨਮ ਤੋਂ ਬਾਅਦ ਔਰਤਾਂ ਲਈ ਇਸ ਦੀ ਦੇਖਭਾਲ ਅਤੇ ਸਹਾਇਤਾ ਤੇ ਜ਼ੋਰ ਦਿੱਤਾ। ਵਰਕਸ਼ਾਪ ਸੈਸ਼ਨ ਦੌਰਾਨ ਉਨ੍ਹਾਂ ਨੇ ਆਮ ਮਾਸਪੇਸ਼ੀ ਸਮੱਸਿਆਵਾਂ ਦੇ ਪ੍ਰਬੰਧਨ, ਮਾਵਾਂ ਦੀ ਸਿਹਤ ਨੂੰ ਵਧਾਉਣ ਅਤੇ ਜਣੇਪੇ ਤੋਂ ਬਾਅਦ ਜਲਦੀ ਠੀਕ ਹੋਣ ਨੂੰ ਉਤਸ਼ਾਹਿਤ ਕਰਨ ਲਈ ਫ਼ਿਜ਼ੀਓਥੈਰੇਪੀ ਬਾਰੇ ਚਰਚਾ ਕੀਤੀ। ਭਾਗੀਦਾਰ ਜਨਮ ਤੋਂ ਪਹਿਲਾਂ ਦੀ ਕਸਰਤ, ਦਰਦ ਪ੍ਰਬੰਧਨ, ਪੇਲਵਿਕ ਫਲੋਰ ਰੀਹੈਬਲੀਟੇਸ਼ਨ ਅਤੇ ਜਣੇਪੇ ਤੋਂ ਬਾਅਦ ਦੇਖਭਾਲ ਵਿੱਚ ਸਬੂਤ-ਆਧਾਰਿਤ ਅਭਿਆਸਾਂ ਦੀ ਪੜਚੋਲ ਕਰਨ, ਜੋ ਇਸ ਨਾਜ਼ੁਕ ਸਮੇਂ ਦੌਰਾਨ ਔਰਤਾਂ ਦੇ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਕਰਨ ਲਈ ਉਹਨਾਂ ਨੂੰ ਸ਼ਕਤੀ ਪ੍ਰਦਾਨ ਕਰਨਗੇ। ਡਾ: ਵਿਸ਼ਨੂੰ ਗੁਪਤਾ ਨੇ ਲੋਅਰ ਬੈਕ ਪੇਨ ਵਿਚ ਫ਼ਿਜ਼ੀਓਥੈਰੇਪੀ ਦੀ ਭੂਮਿਕਾ ਬਾਰੇ ਦੱਸਿਆ। ਐਚ ਓ ਐਸ ਡਾ. ਸੁਰੇਸ਼ ਮਨੀ ਨੇ ਕਿਹਾ ਕਿ ਹਰ ਸਾਲ ਵਿਸ਼ਵ ਫ਼ਿਜ਼ੀਓਥੈਰੇਪਿਸਟ ਵੱਲੋਂ ਸਮਾਜ ਵਿੱਚ ਪਾਏ ਗਏ ਮਹੱਤਵਪੂਰਨ ਯੋਗਦਾਨ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਵਿਸ਼ਵ ਫ਼ਿਜ਼ੀਓਥੈਰੇਪੀ ਦਿਵਸ ਮਨਾਇਆ ਜਾਂਦਾ ਹੈ। ਮਰੀਜ਼ ਦੀ ਸਿੱਖਿਆ ਅਤੇ ਵਿਅਕਤੀਗਤ ਦੇਖਭਾਲ ਦੀਆਂ ਯੋਜਨਾਵਾਂ ਰਾਹੀਂ, ਫ਼ਿਜ਼ੀਓਥੈਰੇਪੀ ਨਾ ਸਿਰਫ਼ ਦਰਦ ਨੂੰ ਘਟਾਉਂਦੀ ਹੈ ਬਲਕਿ ਲੰਬੇ ਸਮੇਂ ਦੀ ਰਿਕਵਰੀ ਨੂੰ ਵੀ ਉਤਸ਼ਾਹਿਤ ਕਰਦੀ ਹੈ ਅਤੇ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਕਰਦੀ ਹੈ। ਸਹੁੰ ਚੁੱਕ ਸਮਾਗਮ ਵਿੱਚ ਵਿਦਿਆਰਥੀਆਂ ਨੇ ਫ਼ਿਜ਼ੀਓਥੈਰੇਪੀ ਦੇ ਸਿਧਾਂਤਾਂ ਨੂੰ ਬਰਕਰਾਰ ਰੱਖਣ, ਨੈਤਿਕ ਅਭਿਆਸ ਲਈ ਵਚਨਬੱਧਤਾ ਅਤੇ ਉਨ੍ਹਾਂ ਦੀ ਭਲਾਈ ਲਈ ਸਕਾਰਾਤਮਕ ਪ੍ਰਭਾਵ ਪਾਉਣ ਦੀ ਕੋਸ਼ਿਸ਼ ਕਰਨ ਦੀ ਸਹੁੰ ਚੁੱਕੀ। ਸੱਭਿਆਚਾਰਕ ਗਤੀਵਿਧੀਆਂ ਦੌਰਾਨ ਐਲ ਪੀ ਯੂ ਦੇ ਫ਼ਿਜ਼ੀਓਥੈਰੇਪੀ ਵਿਦਿਆਰਥੀਆਂ ਨੇ ਖੇਡਾਂ, ਯੋਗਾ, ਕਵਿਜ਼ ਮੁਕਾਬਲਿਆਂ ਅਤੇ ਮਜ਼ੇਦਾਰ ਗਤੀਵਿਧੀਆਂ ਵਿੱਚ ਵੀ ਸਰਗਰਮੀ ਨਾਲ ਹਿੱਸਾ ਲਿਆ।

## ਬਲਾਕ ਪੱਧਰੀ ਖੇਡਾਂ ਦਾ ਉਦਘਾਟਨ ਜੀਤ ਲਾਲ ਭੱਟੀ ਨੇ ਕੀਤਾ




**ਭੋਗਪੁਰ (ਕੁਲਵੀਰ ਕਾਹਲੋਂ)**- "ਖੇਡਾਂ ਵਤਨ ਪੰਜਾਬ ਦੀਆਂ 2024" ਹਲਕਾ ਆਦਮਪੁਰ ਵਿਚ ਬਲਾਕ ਪੱਧਰੀ ਖੇਡਾ ਦਾ ਅੱਜ ਉਦਘਾਟਨ ਜੀਤ ਲਾਲ ਭੱਟੀ ਹਲਕਾ ਇੰਚਾਰਜ/ ਡਾਇਰੈਕਟਰ ਪਨਬਸ ਪੰਜਾਬ ਵਲੋਂ ਕੀਤਾ ਗਿਆ ਅਤੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ। ਇਸ ਮੌਕੇ ਪਰਮਜੀਤ ਸਿੰਘ ਰਾਜਵੰਸ ਚੇਅਰਮੈਨ ਮਾਰਕੀਟ ਕਮੇਟੀ ਆਦਮਪੁਰ, ਬਰਕਤ ਰਾਮ ਚੇਅਰਮੈਨ ਮਾਰਕੀਟ ਕਮੇਟੀ ਭੋਗਪੁਰ, ਬਿੰਦਾ ਗਰੇਵਾਲ ਜ਼ਿਲ੍ਹਾ ਵਾਇਸ ਪ੍ਰਧਾਨ ਕਿਸਾਨ ਵਿੰਗ,ਦਲਜੀਤ ਸਿੰਘ ਮਿਨਹਾਸ, ਮੰਗਾ ਰਾਮ ਜ਼ਿਲ੍ਹਾ ਜੁਆਇੰਟ ਸਕੱਤਰ ਐਸ.ਸੀ ਵਿੰਗ, ਸੂਬੇਦਾਰ ਹੰਸ ਰਾਜ ਕੋਆਰਡੀਨੇਟਰ ਐਕਸ ਸਰਵਿਸਮੈਨ ਵਿੰਗ, ਸੁਖਦੇਵ ਲਾਲ ਕੋਆਰਡੀਨੇਟਰ ਬੁੱਧੀਜੀਵੀ ਵਿੰਗ, ਪਵਨ ਅਰੋੜਾ ਕੋਆਰਡੀਨੇਟਰ ਟਰੇਡ ਵਿੰਗ, ਸੁਦਾਗਰ ਸਿੰਘ ਕੋਆਰਡੀਨੇਟਰ ਸਪੋਰਟਸ ਵਿੰਗ, ਬਲਾਕ ਪ੍ਰਧਾਨ ਬਲਵਿੰਦਰ ਭੰਡਾਰੀ, ਬਲਾਕ ਪ੍ਰਧਾਨ ਪ੍ਰਦੀਪ ਸਿੰਘ, ਬਲਾਕ ਪ੍ਰਧਾਨ ਮਦਨ ਸਿੰਘ, ਬਲਾਕ ਪ੍ਰਧਾਨ ਪਰਮਿੰਦਰ ਪੰਮਾ, ਬਲਾਕ ਪ੍ਰਧਾਨ ਕਮਲਜੀਤ, ਬਲਾਕ ਪ੍ਰਧਾਨ ਭੁਪਿੰਦਰ ਦੇਵ, ਬਲਾਕ ਪ੍ਰਧਾਨ ਪਰਮਜੀਤ ਪੰਮਾ, ਬਲਾਕ ਪ੍ਰਧਾਨ ਅਮਰੀਕ ਸਿੰਘ, ਸੈਕਟਰੀ ਰਣਜੀਤ ਸਿੰਘ ਚਖਿਆਰਾ, ਬਲਵਿੰਦਰ ਸਿੰਘ ਮੌਜੂਦ ਸਨ।

# ਰਾਜਪੁਰ ਭਾਈਆਂ ਦਾ ਕ੍ਰਿਕਟ ਟੂਰਨਾਮੈਂਟ ਕਿਸ਼ਨਗੜ੍ਹ ਨੂੰ ਹਰਾ ਕੇ ਭੋਗਪੁਰ ਨੇ ਜਿੱਤਿਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਰਾਜਪੁਰ ਭਾਈਆਂ (ਹੁਸ਼ਿਆਰਪੁਰ) ਵਿਖੇ 8 ਰੋਜ਼ਾ ਸਲਾਨਾ ਕ੍ਰਿਕਟ ਟੂਰਨਾਮੈਂਟ ਅਭੁੱਲ ਯਾਦ ਛੱਡ ਕੇ ਸੰਪੰਨ ਹੋ ਗਿਆ। ਸੈਮੀਫਾਈਨਲ ਮੁਕਾਬਲਿਆਂ 'ਚ ਰਾਣੀਪੁਰ (ਫਗਵਾੜਾ) ਨੂੰ ਭੋਗਪੁਰ (ਜਲੰਧਰ) ਨੇ ਹਰਾਇਆ।ਦੂਜੇ ਸੈਮੀਫਾਈਨਲ ਮੁਕਾਬਲੇ ਵਿੱਚ ਕਾਂਟੀਆ (ਹੁਸ਼ਿਆਰਪੁਰ) ਨੂੰ ਕਿਸ਼ਨਗੜ੍ਹ ਜਲੰਧਰ ਨੇ ਹਰਾਇਆ।ਫਾਈਨਲ ਮੁਕਾਬਲੇ ਵਿੱਚ ਕਿਸ਼ਨਗੜ੍ਹ (ਜਲੰਧਰ) ਨੂੰ ਭੋਗਪੁਰ (ਜਲੰਧਰ) ਨੇ ਹਰਾ ਕੇ ਫਸਟ ਟਰਾਫ਼ੀ ਉਪਰ ਕਬਜ਼ਾ ਕਰ ਲਿਆ। ਪਹਿਲੇ ਨੰਬਰ 'ਤੇ ਆਉਣ ਵਾਲੇ ਖਿਡਾਰੀਆਂ ਨੂੰ ਟਰਾਫੀ +20000 ਰੁਪਏ ਨਕਦ ਇਨਾਮ ਅਤੇ ਦੂਸਰੇ ਨੰਬਰ 'ਤੇ ਆਉਣ ਵਾਲੇ ਖਿਡਾਰੀਆਂ ਨੂੰ 15500 ਰੁਪਏ + ਟਰਾਫ਼ੀ ਦਿੱਤੇ ਗਏ।ਇਨਾਮਾਂ ਦੀ ਵੰਡ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਲੋਕ ਸਭਾ ਵੱਲੋਂ ਕੀਤੀ ਗਈ। ਡਾਕਟਰ ਇਸ਼ਾਂਤ ਚੱਬੇਵਾਲ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਰਹਿਤ ਰਹਿਣ ਲਈ ਪ੍ਰੇਰਿਤ ਕੀਤਾ।ਸਰਪੰਚ ਮਨਜੀਤ ਸਿੰਘ ਰਾਜਪੁਰ ਭਾਈਆਂ, ਪਿਆਰਾ ਸਿੰਘ ਨਿਊਜ਼ੀਲੈਂਡ, ਤਰਨਜੀਤ ਸਿੰਘ ਯੂ ਕੇ, ਗੁਰਪ੍ਰੀਤ ਸਿੰਘ ਸੰਘਾ ਯੂ ਐਸ ਏ, ਹਰਸ਼ ਮਿਨਹਾਸ, ਨਵਜੋਤ ਸੰਘਾ, ਡਾਕਟਰ ਹਰਦੀਪ ਸਿੰਘ ਤੋਂ ਮਿਲੇ ਸਹਿਯੋਗ ਲਈ ਸਟੇਜ ਤੋਂ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ ਪ੍ਰਧਾਨ ਲਾਇਨਜ਼ ਕਲੱਬ ਇੰਟਰਨੈਸ਼ਨਲ ਰਿਹਾਣਾ ਜੱਟਾਂ ਕੋਹਿਨੂਰ ਅਤੇ ਉਹਨਾਂ ਦੇ ਨਾਲ ਪਹੁੰਚੇ ਮੋਹਨ ਲਾਲ ਕਲਸੀ ਦਾ ਵਿਸ਼ੇਸ਼ ਸਹਿਯੋਗ ਲਈ ਧੰਨਵਾਦ ਕੀਤਾ ਗਿਆ। ਟੂਰਨਾਮੈਂਟ ਦੌਰਾਨ ਐਸ ਐਸ ਪੀ ਹੁਸ਼ਿਆਰਪੁਰ ਸੁਰਿੰਦਰ ਲਾਂਬਾ ਵੱਲੋਂ ਸ਼ਿਵ ਦਰਸ਼ਨ ਸਿੰਘ ਡੀ ਐਸ ਪੀ ਚੱਬੇਵਾਲ ਨੇ ਵਿਸੇਸ਼ ਮਹਿਮਾਨ ਵਜੋਂ ਸ਼ਿਰਕਤ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੀਆਂ ਨਾਮੁਰਾਦ ਬਿਮਾਰੀਆਂ ਤੋਂ ਬਚਣ ਦੀ ਅਪੀਲ ਕੀਤੀ।ਟੂਰਨਾਮੈਂਟ ਦੀਆਂ ਪ੍ਰਬੰਧਕੀ ਜ਼ਿੰਮੇਵਾਰੀਆਂ ਨੂੰ ਹਰਸ਼, ਅਨਮੋਲ, ਵਿਜੈ, ਰਜਤ ਰਾਣਾ, ਮਨਵੀਰ, ਸਿਮਰਨ, ਸੌਰਵ, ਅਰੁਣ,ਪਿੰਦਾ ਨੇ ਤਨਦੇਹੀ ਨਾਲ ਨਿਭਾਇਆ। ਮੁੱਖ ਮਹਿਮਾਨ ਡਾਕਟਰ ਰਾਜ ਕੁਮਾਰ ਚੱਬੇਵਾਲ ਵਲੋਂ 3 ਲੱਖ ਰੁਪਏ ਦਾ ਚੈੱਕ ਖੇਡ ਮੈਦਾਨ ਵਿੱਚ ਬਣ ਰਹੇ ਕਮਰੇ ਵਾਸਤੇ ਦਿੱਤਾ ਗਿਆ ਅਤੇ 3 ਲੱਖ ਰੁਪਏ ਦੀ ਲਾਗਤ ਨਾਲ ਖੇਡ ਮੈਦਾਨ ਵਿੱਚ ਸਬਮਰਸੀਬਲ ਟਿਊਬਵੈੱਲ ਲਗਾਉਣ ਦਾ ਐਲਾਨ ਕੀਤਾ ਗਿਆ।

## ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਖੰਡ ਪਾਠ ਸਾਹਿਬ ਦੇ ਭੋਗ ਪਾਏ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**-ਗੁਰੂ ਨਾਨਕ ਖਾਲਸਾ ਮਿਸ਼ਨਰੀ ਐਜੂਕੇਸ਼ਨਲ ਐਂਡ ਚੈਰੀਟੇਬਲ ਟਰੱਸਟ ਅਤੇ ਗੁਰੂ ਖਾਲਸਾ ਸਕੂਲ ਲੁਹਾਰਾਂ ਚਾੜ੍ਹਕੇ ਭੋਗਪੁਰ ਵਿਖੇ ਗੁਰੂ ਨਾਨਕ ਮਿਸ਼ਨਰੀ ਚੈਰੀਟੇਬਲ ਟਰੱਸਟ ਤੇ ਗੁਰੂ ਨਾਨਕ ਖਾਲਸਾ ਸਕੂਲ ਦੇ ਸੰਸਥਾਪਕ, ਚੇਅਰਮੈਨ ਗਿ. ਸਵਰਨ ਸਿੰਘ ਕੈਨੇਡਾ ਵਾਲੇ, ਡਾਇਰੈਕਟਰ ਕੁਲਵੰਤ ਸਿੰਘ ਜੰਮੂ ਅਤੇ ਪ੍ਰਬੰਧਕ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਤੇ ਖਜ਼ਾਨਚੀ ਮਨਦੀਪ ਸਿੰਘ ਖਾਲਸਾ, ਮਨਿੰਦਰ ਸਿੰਘ ਟਰੱਸਟੀ, ਅਮਰਜੀਤ ਸਿੰਘ ਜੰਮੂ, ਟਰੱਸਟੀ ਰਮਨਦੀਪ ਕੌਰ, ਇੰਸਟੀਟਿਊਟ ਪ੍ਰਿੰਸੀਪਲ ਡਾ. ਕਮਲਜੀਤ ਕੌਰ ਅਤੇ ਸਕੂਲ ਪ੍ਰਿੰਸੀਪਲ ਮਨਦੀਪ ਸਿੰਘ ਤੇ ਸਮੂਹ ਸੰਸਥਾ ਤੇ ਸਕੂਲ ਸਟਾਫ਼ ਵੱਲੋਂ ਜਾਣਕਾਰੀ ਸਾਂਝੀ ਕੀਤੀ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅੱਜ ਅਖੰਡ ਪਾਠ ਸਾਹਿਬ ਦੇ ਭੋਗ ਮੌਕੇ ਨੌਵੇਂ ਮਹੱਲੇ ਦੇ ਸਲੋਕ ਉਪਰੰਤ ਇੰਸਟੀਟਿਊਟ ਦੀਆਂ ਵਿਦਿਆਰਥਣਾਂ ਦੁਆਰਾ ਸ਼ਬਦ ਕੀਰਤਨ, ਤੰਤੀ ਸਾਜ਼ ਕੀਰਤਨ, ਤਾਮਿਲਨਾਡੂ ਤੋਂ ਸਿੰਘਣੀਆਂ ਦੁਆਰਾ ਕੀਰਤਨ ਕੀਤਾ ਗਿਆ। ਇਸ ਮੌਕੇ ਪੰਥ ਦੇ ਵਿਦਵਾਨ ਕੈਪਟਨ ਯਸ਼ਪਾਲ ਸਿੰਘ ਦਿੱਲੀ ਵਾਲਿਆਂ ਨੇ ਵਿਦਿਆਰਥੀਆਂ ਨੂੰ ਗੁਰਮਤਿ ਵਿਚਾਰ ਵਿਵਹਾਰਕ ਜੀਵਨ ਤੇ ਅਕਾਦਮਿਕ ਪੜ੍ਹਾਈ ਨਾਲ ਸਬੰਧਤ ਵਿਚਾਰ ਸਾਂਝੇ ਕੀਤੇ। ਡਾ. ਸਰਬਜੀਤ ਸਿੰਘ ਰੇਨੂਕਾ, ਪੰਜਾਬ ਐਗਰੀਕਲਚਰ ਯੂਨੀਵਰਸਿਟੀ ਲੁਧਿਆਣਾ ਤੇ ਉਰਮਿੰਦਰ ਸਿੰਘ ਲੁਧਿਆਣਾ ਨੇ ' ਕਿਵੇਂ ਸਿੱਖੀਏ ? ਵਿਸ਼ੇ ਉੱਤੇ ਸਿੱਖਣ ਦੇ ਅਸਲ ਢੰਗ ਤੋਂ ਬੱਚਿਆਂ ਨੂੰ ਜਾਣੂ ਕਰਵਾਇਆ। ਡਾ. ਸੇਵਕ ਸਿੰਘ ਅਨੰਦਪੁਰ ਸਾਹਿਬ ਨੇ ਦੱਸਿਆ ਕਿ 'ਅੱਖਰ ਦੀ ਕੀ ਮਹੱਤਤਾ ਹੈ ? ਸਾਨੂੰ ਬਾਣੀ ਨੂੰ ਕਿਵੇਂ ਸਮਝਣਾ ਹੈ ਤੇ ਵਿਚਾਰ ਕਿਵੇਂ ਸਮਾਜ ਵਿੱਚ ਵਿਚਰਨਾ ਹੈ ? ਡਾ. ਮਹਿੰਦਰ ਕੌਰ ਗਰੇਵਾਲ ਰਿਟ. ਪ੍ਰਿੰਸੀਪਲ ਗੌ. ਕਾਲਜ ਲੁਧਿਆਣਾ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦੋ ਕਵਿਤਾਵਾਂ ਬੱਚਿਆਂ ਦੇ ਰੂਬਰੂ ਕੀਤੀਆਂ। ਗਿਆਨੀ ਸਵਰਨ ਸਿੰਘ ਕੈਨੇਡਾ ਵਾਲਿਆਂ ਵੱਲੋਂ ਆਏ ਬੁੱਧੀਜੀਵੀਆਂ, ਇਲਾਕੇ ਦੀਆਂ ਸੰਗਤਾਂ, ਵਿਦਿਆਰਥੀਆਂ ਤੇ ਉਹਨਾਂ ਦੇ ਮਾਤਾ ਪਿਤਾ ਦਾ ਧੰਨਵਾਦ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ ਲੰਗਰ ਵਰਤਾਇਆ ਗਿਆ।

# ਆਰ ਬੀ ਯੂ ਵਿਖੇ ਬਾਡੀ ਬਿਲਡਿੰਗ ਚੈਂਪੀਅਨਸ਼ਿਪ ਦੇ ਮੁਕਾਬਲੇ




**ਮੁਹਾਲੀ, ਕੁਰਾਲੀ (ਗੁਰਜੀਤ ਬਿੱਲਾ, ਮੋਹਨ ਅੱਗਰਵਾਲ)**-ਰਿਆਤ ਬਾਹਰਾ ਯੂਨੀਵਰਸਿਟੀ ਨੇ ਪੰਜਾਬ ਐਮੇਚਿਓਰ ਬਾਡੀ ਬਿਲਡਿੰਗ ਅਤੇ ਫਿਟਨੈਸ ਐਸੋਸੀਏਸ਼ਨ ਦੁਆਰਾ ਆਯੋਜਿਤ ਸੀਨੀਅਰ ਅਤੇ ਜੂਨੀਅਰ ਓਪਨ ਪੰਜਾਬ ਕਲਾਸਿਕ ਅਤੇ ਮਿਸਟਰ ਟ੍ਰਾਈਸਿਟੀ ਬਾਡੀ ਬਿਲਡਿੰਗ ਚੈਂਪੀਅਨਸ਼ਿਪ 2024 ਦੀ ਮੇਜ਼ਬਾਨੀ ਕੀਤੀ ਅਤੇ ਇਸ ਨੂੰ ਭਾਗੀਦਾਰਾਂ ਤੋਂ ਬਹੁਤ ਵਧੀਆ ਹੁੰਗਾਰਾ ਮਿਲਿਆ।ਯੂਨੀਵਰਸਿਟੀ ਦੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੇ ਬਾਡੀ ਬਿਲਡਰਾਂ ਦੀ ਹੌਸਲਾ ਅਫਜ਼ਾਈ ਕੀਤੀ।ਇਹਨਾਂ ਮੁਕਾਬਲਿਆਂ ਵਿੱਚ ਸਤੀਸ਼ ਨੇ ਸੀਨੀਅਰ ਓਵਰਆਲ ਮਿਸਟਰ ਪੰਜਾਬ ਚੈਂਪੀਅਨ ਜਦਕਿ ਕੈਫ ਨੇ ਜੂਨੀਅਰ ਮਿਸਟਰ ਪੰਜਾਬ ਦਾ ਖਿਤਾਬ ਜਿੱਤਿਆ।ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਬਾਡੀ ਬਿਲਡਿੰਗ ਸਭ ਤੋਂ ਵਧੀਆ ਖੇਡ ਹੈ ਜਦੋਂ ਇਹ ਤੁਹਾਡੇ ਸਰੀਰ ਨੂੰ ਅਨੁਪਾਤਕ ਆਕਾਰ ਅਤੇ ਫਿੱਟ ਬਣਾਉਣ ਦੀ ਗੱਲ ਆਉਂਦੀ ਹੈ। ਇਹ ਸਰੀਰਕ ਗਤੀਵਿਧੀ ਸਿਰਫ਼ ਤੁਹਾਡੇ ਸਰੀਰ ਨੂੰ ਬਣਾਉਣ ਬਾਰੇ ਨਹੀਂ ਹੈ, ਇਸ ਦੇ ਮਾਨਸਿਕ ਸਿਹਤ ਲਈ ਵੀ ਕਈ ਤਰ੍ਹਾਂ ਦੇ ਫਾਇਦੇ ਹਨ।ਡਾ. ਪਰਵਿੰਦਰ ਸਿੰਘ, ਵਾਈਸ-ਚਾਂਸਲਰ ਨੇ ਕਿਹਾ ਕਿ ਬਾਡੀ ਬਿਲਡਿੰਗ ਅਤੇ ਤਾਕਤ ਦੀ ਸਿਖਲਾਈ ਤੁਹਾਡੇ ਦਿਮਾਗ ਨੂੰ ਉਤਸ਼ਾਹਤ ਕਰ ਸਕਦੀ ਹੈ, ਤੁਹਾਡੇ ਆਤਮ-ਵਿਸ਼ਵਾਸ ਅਤੇ ਸਵੈ-ਮਾਣ ਵਿੱਚ ਸੁਧਾਰ ਕਰ ਸਕਦੀ ਹੈ, ਜਿਸ ਨਾਲ ਤੁਹਾਡੀ ਮਾਨਸਿਕ ਸਿਹਤ ਵਿੱਚ ਸੁਧਾਰ ਹੋ ਸਕਦਾ ਹੈ। ਜਿੰਮ ਜਾਣਾ ਤਣਾਅ, ਚਿੰਤਾ ਅਤੇ ਉਦਾਸੀ ਨੂੰ ਘਟਾਉਣ ਦਾ ਵਧੀਆ ਤਰੀਕਾ ਹੈ।ਡਾਇਰੈਕਟਰ ਸਪੋਰਟਸ ਡਾ. ਮਹੇਸ਼ ਜੇਟਲੀ ਨੇ ਕਿਹਾ ਕਿ ਸਰੀਰ ਯਕੀਨੀ ਤੌਰ 'ਤੇ ਕੋਈ ਆਸਾਨ ਪ੍ਰਕਿਰਿਆ ਨਹੀਂ ਹੈ, ਇਸ ਲਈ ਤੁਹਾਨੂੰ ਕਾਮਯਾਬ ਹੋਣ ਲਈ ਇੱਛਾ ਅਤੇ ਸਖ਼ਤ ਮਿਹਨਤ ਨੂੰ ਬਰਕਰਾਰ ਰੱਖਣਾ ਚਾਹੀਦਾ ਹੈ ਅਤੇ ਟਰੈਕ 'ਤੇ ਬਣੇ ਰਹਿਣ ਲਈ ਆਪਣੇ ਆਪ ਨੂੰ ਛੋਟੇ ਪ੍ਰਾਪਤ ਕਰਨ ਯੋਗ ਟੀਚੇ ਨਿਰਧਾਰਤ ਕਰਨੇ ਚਾਹੀਦੇ ਹਨ।

# ਪਾਸ਼ ਦੇ ਜਨਮ ਦਿਵਸ 'ਤੇ ਵਿਚਾਰ-ਚਰਚਾ ਤੇ ਕਵੀ ਦਰਬਾਰ



**ਬੰਗਾ (ਅਵਤਾਰ ਕਲੇਰ)**-ਪਾਸ਼ ਦੀ ਕਵਿਤਾ ਵਾਂਗ ਹੀ ਉਸ ਦੀ ਵਾਰਤਕ ਵੀ ਸਾਡੇ ਦੇਸ਼ ਨੂੰ ਦਰਪੇਸ਼ ਮਸਲਿਆਂ ਨੂੰ ਸਮਝਣ ਅਤੇ ਉਨ੍ਹਾਂ ਦੇ ਹੱਲ ਤਲਾਸ਼ਣ ਲਈ ਅੱਜ ਵੀ ਓਨੀ ਹੀ ਪ੍ਰਸੰਗਿਕ ਹੈ ਜਿੰਨੀ ਇਹ ਲਿਖੇ ਜਾਣ ਸਮੇਂ ਸੀ। ਪਾਸ਼ ਨੇ 1980 ਵਿਆਂ ਵਿਚ ਪੰਜਾਬ ਵਿਚ ਉੱਭਰੇ ਫਿਰਕਾਪ੍ਰਸਤੀ ਦੇ ਵਰਤਾਰੇ ਨੂੰ ਬਾਬਾ ਨਾਨਕ ਦੀ ਸੋਚ ਅਤੇ ਪੰਜਾਬ ਦੇ ਮੂਲ ਸੱਭਿਆਚਾਰ ਨੂੰ ਆਤਮਸਾਤ ਕਰਕੇ ਸਮਝਿਆ ਅਤੇ ਫਿਰਕਾਪ੍ਰਸਤ ਤਾਕਤਾਂ ਤੇ ਇਨ੍ਹਾਂ ਨੂੰ ਆਪਣੇ ਲੋਕ ਵਿਰੋਧੀ ਰਾਜਨੀਤਕ ਮੁਫ਼ਾਦਾਂ ਵਾਸਤੇ ਵਰਤ ਰਹੀਆਂ ਲੋਕ ਦੁਸ਼ਮਣ ਤਾਕਤਾਂ ਵਿਰੁੱਧ ਅਵਾਮ ਨੂੰ ਜਾਗਰੂਕ ਕਰਨ ਲਈ ਕਲਮ ਨੂੰ ਹਥਿਆਰ ਬਣਾਇਆ। ਇਹ ਵਿਚਾਰ ਅੱਜ ਇੱਥੇ ਸਿੱਖ ਨੈਸ਼ਨਲ ਕਾਲਜ ਬੰਗਾ ਦੇ ਪੈਂਜੀ ਇਕਮਿੰਦਰ ਸਿੰਘ ਸੰਧੂ ਸੈਮੀਨਾਰ ਹਾਲ ਵਿਚ ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਵੱਲੋਂ ਇਨਕਲਾਬੀ ਕਵੀ ਪਾਸ਼ ਦੇ ਜਨਮ ਦਿਵਸ 'ਤੇ ਪਾਸ਼ ਦੀ ਵਾਰਤਕ ਅਤੇ ਇਸ ਦੀ ਪ੍ਰਸੰਗਿਕਤਾ ਵਿਸ਼ੇ ਉੱਪਰ ਬੋਲਦਿਆਂ ਨਾਮਵਰ ਚਿੰਤਕ ਡਾ. ਪਰਮਿੰਦਰ ਨੇ ਪ੍ਰਗਟ ਕੀਤੇ। ਵਿਚਾਰ ਚਰਚਾ ਸੈਸ਼ਨ ਦੀ ਪ੍ਰਧਾਨਗੀ ਪ੍ਰੋਫੈਸਰ ਜਗਮੋਹਨ ਸਿੰਘ, ਕਾਲਜ ਦੇ ਪ੍ਰਿੰਸੀਪਲ ਤਰਸੇਮ ਸਿੰਘ, ਜਸਵੰਤ ਜ਼ਫ਼ਰ, ਹਰਸ਼ਰਨ ਗਿੱਲ ਧੀਦੋ ਅਤੇ ਡਾ.ਅਰੀਤ ਨੇ ਕੀਤੀ।ਉਨ੍ਹਾਂ ਕਿਹਾ ਕਿ ਬਾਬਾ ਨਾਨਕ, ਉਨ੍ਹਾਂ ਤੋਂ ਪਹਿਲੇ ਤੇ ਉਨ੍ਹਾਂ ਦੇ ਸਮਕਾਲੀ ਚਿੰਤਕਾਂ ਦਾ ਮੁਹਾਵਰਾ ਬੇਸ਼ੱਕ ਧਾਰਮਿਕ ਸੀ ਪਰ ਉਨ੍ਹਾਂ ਦਾ ਸਰੋਕਾਰ ਸਮਾਜਿਕ ਸੀ। ਉਨ੍ਹਾਂ ਨੇ ਆਲੇ-ਦੁਆਲੇ ਦੇ ਉਸਾਰ ਵਿਚ ਸੰਵਾਦ ਰਚਾਇਆ ਅਤੇ ਇਸ ਖਿੱਤੇ ਅੰਦਰਲੇ ਸੱਭਿਆਚਾਰਕ ਸੰਗਮ ਨੂੰ ਬੁਲੰਦ ਕਰਦਿਆਂ ਲੋਕ ਦੁਸ਼ਮਣ ਤਾਕਤਾਂ ਦੀ ਪਛਾਣ ਕੀਤੀ, ਦੱਬੇ ਕੁਚਲੇ ਲੋਕਾਂ ਨੂੰ ਏਕਤਾ 'ਚ ਪਰੋਣ ਲਈ ਬਾਣੀ ਦੀ ਰਚਨਾ ਕੀਤੀ ਅਤੇ ਸੱਤਾ ਦੇ ਜ਼ੁਲਮਾਂ ਵਿਰੁੱਧ ਉੱਠਣ ਦਾ ਹੋਕਾ ਦਿੱਤਾ। ਪਾਸ਼ ਨੇ ਸਟੇਟ ਅਤੇ ਹਾਕਮ ਜਮਾਤਾਂ ਦੀ ਆਪਣੇ ਹੱਥੀਂ ਪੈਦਾ ਕੀਤੀ ਤਾਕਤ ਨੂੰ ਖ਼ਤਮ ਕਰਨ ਲਈ ਫ਼ੌਜੀ ਐਕਸ਼ਨ ਤੇ ਰਾਜਕੀ ਦਹਿਸ਼ਤਵਾਦ ਦਾ ਵੀ ਬਰਾਬਰ ਵਿਰੋਧ ਕੀਤਾ। ਉਨ੍ਹਾਂ ਕਿਹਾ ਕਿ ਅਜੋਕੀ ਹਿੰਦੂਤਵੀ ਫਿਰਕਾਪ੍ਰਸਤੀ ਦੇ ਵਰਤਾਰੇ ਨੂੰ ਇਸ ਇਤਿਹਾਸਕ ਪ੍ਰਪੇਖ ਤੋਂ ਅਲੱਗ ਕਰਕੇ ਨਹੀਂ ਦੇਖਿਆ ਜਾ ਸਕਦਾ। ਜਿਸ ਵਿਚ ਸਟੇਟ ਦੀ ਮਿਲੀਭੁਗਤ ਹੈ ਅਤੇ ਇਹ ਉਸ ਦਾ ਤਿੱਖਾ ਰੂਪ ਹੈ। ਇਸਦਾ ਮੁਕਾਬਲਾ ਸੂਫ਼ੀ ਮੱਤ, ਭਗਤੀ ਲਹਿਰ ਅਤੇ ਨਾਨਕ ਵਿਚਾਰਧਾਰਾ ਨੂੰ ਸਹੀ ਮਾਇਨਿਆਂ ਵਿਚ ਗ੍ਰਹਿਣ ਕਰਕੇ ਹੀ ਕੀਤਾ ਜਾ ਸਕਦਾ ਹੈ। ਪ੍ਰਿੰਸੀਪਲ ਤਰਸੇਮ ਸਿੰਘ ਨੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਚਾਰ-ਵਟਾਂਦਰਾ ਅਤੇ ਸੰਵਾਦ ਹੀ ਮਸਲਿਆਂ ਨੂੰ ਸਮਝਣ ਦਾ ਸਹੀ ਤਰੀਕਾ ਹੈ ਅਤੇ ਇਹ ਜਾਰੀ ਰਹਿਣਾ ਚਾਹੀਦਾ ਹੈ।ਸਮਾਗਮ ਨੂੰ ਪ੍ਰੋਫੈਸਰ ਜਗਮੋਹਨ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਾਸ਼ ਦਾ ਜਮਹੂਰੀ ਹੱਕਾਂ ਅਤੇ ਖ਼ਾਸ ਕਰਕੇ ਸਿੱਖਿਆ ਦੇ ਖੇਤਰ ਵਿਚ ਵੀ ਕਮਾਲ ਦਾ ਯੋਗਦਾਨ ਹੈ। ਦੂਜੇ ਸੈਸ਼ਨ ਵਿਚ ਮਰਹੂਮ ਕਵੀ ਡਾ. ਸੁਰਜੀਤ ਪਾਤਰ, ਪਾਸ਼, ਸੰਤ ਰਾਮ ਉਦਾਸੀ, ਲਾਲ ਸਿੰਘ ਦਿਲ, ਗੁਰਦਾਸ ਰਾਮ ਆਲਮ ਅਤੇ ਬਾਵਾ ਬਲਵੰਤ ਨੂੰ ਯਾਦ ਕਰਦਿਆਂ ਖੜ੍ਹੇ ਹੋ ਕੇ ਡਾ.ਸੁਰਜੀਤ ਪਾਤਰ ਦੀ ਆਵਾਜ਼ ਵਿਚ ਗਾਏ ਬੋਲਾਂ, ਉੱਠ ਜਗਾ ਦੇ ਮੋਮਬੱਤੀਆਂ ਸੰਗ ਆਤਮਸਾਤ ਕੀਤਾ। ਕਵੀ ਦਰਬਾਰ ਦੀ ਪ੍ਰਧਾਨਗੀ ਜਸਵੰਤ ਜ਼ਫ਼ਰ, ਪ੍ਰੋਫ਼ੈਸਰ ਸੁਰਜੀਤ ਜੱਜ, ਦਰਸ਼ਨ ਖਟਕੜ, ਉਪਕਾਰ ਸਿੰਘ (ਭਰਾਤਾ ਲੋਕ ਕਵੀ ਸੁਰਜੀਤ ਪਾਤਰ) ਗਜ਼ਲਗੋ ਗੁਰਦਿਆਲ ਰੌਸ਼ਨ, ਹਰਮੀਤ ਵਿਦਿਆਰਥੀ, ਇਕਬਾਲ ਕੌਰ ਉਦਾਸੀ ਨੇ ਕੀਤੀ। ਕਵੀ ਦਰਬਾਰ ਵਿਚ ਹਰਵਿੰਦਰ ਭੰਡਾਲ, ਇਕਬਾਲ ਕੌਰ ਉਦਾਸੀ, ਦੀਪ ਕਲੇਰ, ਸ਼ਬਦੀਸ਼, ਮਨਪ੍ਰੀਤ ਜਸ, ਗੁਰਦਿਆਲ ਰੌਸ਼ਨ, ਦਰਸ਼ਨ ਖਟਕੜ, ਕੁਲਵੰਤ ਕੌਰ ਨਗਰ, ਉਪਕਾਰ ਸਿੰਘ, ਜਸਵੰਤ ਖਟਕੜ, ਹਰਸ਼ਰਨ ਗਿੱਲ ਧੀਦੋ, ਹਰਮੀਤ ਵਿਦਿਆਰਥੀ, ਸੁਨੀਲ ਚੰਦਿਆਣਵੀ, ਪ੍ਰੋਫ਼ੈਸਰ ਸੁਰਜੀਤ ਜੱਜ, ਪਰਮਜੀਤ ਦੇਹਲ, ਕੁਲਵਿੰਦਰ ਕੁੱਲਾ, ਤਲਵਿੰਦਰ ਸ਼ੇਰਗਿੱਲ, ਜਸਵੰਤ ਜ਼ਫ਼ਰ, ਸ਼ਮਸ਼ੇਰ ਮੋਹੀ, ਮਨਜਿੰਦਰ ਕਮਲ , ਸਤਪਾਲ ਚਹਿਲ, ਜੀਵਨ, ਸ਼ਿੰਗਾਰਾ ਲੰਗੇਰੀ, ਅਨੀ ਕਾਠਗੜ੍ਹ, ਨਕਾਸ਼ ਚਿੱਤੇਵਨੀ ਅਤੇ ਸੁਖਮਨਵੀਰ ਸਿੰਘ ਨੇ ਆਪੋ ਆਪਣੇ ਕਲਾਮ ਤੇ ਗੀਤ ਪੇਸ਼ ਕੀਤੇ। ਮੰਚ ਸੰਚਾਲਨ ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਦੇ ਪ੍ਰਤੀਨਿਧ ਮੈਂਬਰਾਨ ਅਮੋਲਕ ਸਿੰਘ ਅਤੇ ਜਗੀਰ ਜੋਸਣ ਨੇ ਕੀਤਾ। ਇਸ ਮੌਕੇ ਪਾਸ਼, ਸੁਰਜੀਤ ਪਾਤਰ, ਸੰਤ ਰਾਮ ਉਦਾਸੀ ਅਤੇ ਹਰਬੰਸ ਹੀਓਂ ਦੇ ਪਰਵਾਰ ਉਚੇਚੇ ਤੌਰ 'ਤੇ ਸ਼ਾਮਲ ਹੋਏ। ਸਮਾਗਮ 'ਚ ਗੁਰਮੀਤ ਕੜਿਆਲਵੀ, ਬੂਟਾ ਸਿੰਘ ਮਹਿਮੂਦਪੁਰ, ਹਰਮੇਸ਼ ਮਾਲੜੀ, ਜਸਬੀਰ ਦੀਪ, ਜੋਗਿੰਦਰ ਕੁੱਲੇਵਾਲ, ਅਵਤਾਰ ਲੰਗੇਰੀ, ਰਾਮ ਸਵਰਨ ਲੱਖੇਵਾਲੀ, ਮੋਹਣ ਬੀਕਾ, ਪ੍ਰੋ. ਗੁਰਪ੍ਰੀਤ ਸਿੰਘ, ਅਜਮੇਰ ਸਿੱਧੂ, ਸਰਦਾਰਾ ਸਿੰਘ ਚੀਮਾ, ਸੁੱਚਾ ਤਲਵੰਡੀ ਸਲੇਮ ਅਤੇ ਜਨਤਕ ਜਮਹੂਰੀ, ਤਰਕਸ਼ੀਲ ਜਥੇਬੰਦੀਆਂ ਤੇ ਸਾਹਿਤਿਕ ਖੇਤਰ ਨਾਲ ਜੁੜੀਆਂ ਬਹੁਤ ਸਾਰੀਆਂ ਨਾਮਵਰ ਸ਼ਖ਼ਸੀਅਤਾਂ ਹਾਜ਼ਰ ਸਨ।ਸਮਾਗਮ 'ਚ ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਦੇ ਕਨਵੀਨਰ ਸੁਰਿੰਦਰ ਧੰਜਲ ਦਾ ਸੁਨੇਹਾ ਸਾਂਝਾ ਕਰਦਿਆਂ ਦੱਸਿਆ ਗਿਆ ਕਿ ਕਿਵੇਂ ਉਹਨਾਂ ਨੇ ਕੈਨੇਡਾ ਅਤੇ ਹੋਰਨਾਂ ਮੁਲਕਾਂ ਤੱਕ ਪਹੁੰਚ ਰੱਖਦੇ ਮੀਡੀਆ ਚੈਨਲਾਂ ਉਪਰ ਪਾਸ਼ ਦੀ ਦੇਣ ਅਤੇ ਪ੍ਰਸੰਗਿਕਤਾ ਉਪਰ ਵਿਚਾਰਾਂ ਸਾਂਝੀਆਂ ਕੀਤੀਆਂ। ਸਿੱਖ ਨੈਸ਼ਨਲ ਕਾਲਜ ਦੇ ਪੰਜਾਬੀ ਵਿਭਾਗ ਦੇ ਡਾ. ਨਿਰਮਲਜੀਤ ਨੇ ਪਾਸ਼ ਦੀ ਵਾਰਤਕ, ਕਵਿਤਾ ਅਤੇ ਇਸ ਦੀ ਪ੍ਰਸੰਗਿਕਤਾ ਬਾਰੇ ਮੁੱਲਵਾਨ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਾਡੇ ਕਾਲਜ, ਪਾਸ਼ ਯਾਦਗਾਰੀ ਸਾਹਿਤਕ ਸਮਾਗਮ ਹੋਣਾ ਸਾਡੇ ਲਈ ਮਾਣਮੱਤਾ ਤਾਂ ਹੈ ਹੀ ਇਸ ਤੋਂ ਵੀ ਵਧ ਕੇ ਇਹ ਸਮਾਗਮ ਭਵਿੱਖ ਵਿਚ ਸਾਡੇ ਸਿਰ ਅਮੀਰ ਵਿਰਾਸਤ ਨੂੰ ਪ੍ਰਨਾਏ ਸਾਹਿਤ ਸਭਿਆਚਾਰ ਦੀ ਮਸ਼ਾਲ ਲੈ ਕੇ ਸਫ਼ਰ 'ਤੇ ਰਹਿਣ ਦੀ ਜ਼ਿੰਮੇਵਾਰੀ ਵੀ ਆਇਦ ਕਰਦਾ ਹੈ।ਇਸ ਸਮਾਗਮ ਨੂੰ ਸਫ਼ਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਪੰਜਾਬੀ ਵਿਭਾਗ ਸਿੱਖ ਨੈਸ਼ਨਲ ਕਾਲਜ ਬੰਗਾ, ਪਲਸ ਮੰਚ, ਪ੍ਰਗਤੀਸ਼ੀਲ ਲੇਖਕ ਸੰਘ ਇਕਾਈ ਨਵਾਂ ਸ਼ਹਿਰ,ਪੰਜਾਬੀ ਸਾਹਿਤ ਸਭਾ ਖਟਕੜ ਕਲਾਂ ਬੰਗਾ, ਦੋਆਬਾ ਰੰਗ ਮੰਚ ਮੰਗੂਵਾਲ, ਇਲਾਕੇ ਦੀਆਂ ਸਾਹਿਤਕ ਸੱਭਿਆਚਾਰਕ, ਤਰਕਸ਼ੀਲ, ਜਮਹੂਰੀ ਅਤੇ ਲੋਕ ਪੱਖੀ ਜਨਤਕ ਜਮਹੂਰੀ ਸੰਸਥਾਵਾਂ ਨੇ ਭਰਵਾਂ ਸਹਿਯੋਗ ਦਿੱਤਾ।

## ਡਾ. ਜਗਰੂਪ ਸਿੰਘ ਨੂੰ ਮਿਲਿਆ ਬੈੱਸਟ ਪ੍ਰਿੰਸੀਪਲ ਐਵਾਰਡ



**ਜਲੰਧਰ (ਸ਼ੈਲੀ ਐਲਬਰਟ)**-ਮੇਹਰਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੂੰ ਮਹਾਰਿਸ਼ੀ ਯੂਨੀਵਰਸਿਟੀ ਆਫ ਇਨਫਰਮੇਸ਼ਨ ਐਂਡ ਟੈਕਨੋਲੋਜੀ ਨੋਇਡਾ ਵਿਖੇ 2023-24 ਲਈ ਪ੍ਰਿਥਵੀ ਅਭਯੁਦਯ ਐਡੂਕੇਟਰਜ਼ ਅਸੋਸੀਏਸ਼ਨ ਇੰਡੀਆ ਵਲੋਂ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਐਕਸੀਲੈਂਸ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਜਿਸ ਵਿੱਚ ਐਮ.ਯੂ.ਆਈ.ਟੀ ਨੋਇਡਾ ਦੇ ਵਾਇਸ ਚਾਂਸਲਰ ਡਾ.ਭਾਨੂੰ ਪ੍ਰਤਾਪ ਸਿੰਘ ਨੇ ਸ਼ਿਰਕਤ ਕੀਤੀ। ਉਹਨਾਂ ਦੇ ਨਾਲ ਗਰੁਪ ਕੈਪਟਨ ਪ੍ਰੋ ਓ.ਪੀ ਸ਼ਰਮਾ ਡਾਇਰੈਕਟਰ ਜਨਰਲ ਤੇ ਡਾ. ਹਰਸ਼ਵਰਧਨ ਸਿੰਘ ਫਾਊਂਡਰ ਚੇਅਰਮੈਨ ਵਅਈ ਵੀ ਸਨ। ਇਸ ਪ੍ਰੋਗਰਾਮ ਵਿਚ ਪੂਰੇ ਭਾਰਤ ਵਿਚੋਂ ਸਿਰਫ 101 ਪ੍ਰਿੰਸੀਪਲਜ਼, ਡਾਇਰੈਕਟਰਸ ਤੇ ਟੀਚਰਜ਼ ਨੂੰ ਸਨਮਾਨਤ ਕੀਤਾ ਗਿਆ। ਜਿਨ੍ਹਾਂ ਨੇ ਆਪਣੇ ਕਾਰਜ ਖੇਤਰ ਵਿੱਚ ਅਮਿੱਟ ਯੋਗਦਾਨ ਦਿੱਤਾ ਤੇ ਆਪਣੀ ਸੰਸਥਾ ਨੂੰ ਬੁਲੰਦੀਆਂ 'ਤੇ ਪੁਹੰਚਾਇਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਉਹਨਾਂ ਨੂੰ ਸਭ ਤੋਂ ਜ਼ਿਆਦਾ ਖੁਸ਼ੀ ਇਸ ਗੱਲ ਦੀ ਹੈ ਕਿ ਇਸ ਸਮਾਗਮ ਵਿੱਚ ਉਹਨਾਂ ਦੇ ਨਾਲ ਇਹ ਐਵਾਰਡ ਕਾਲਜ ਦੇ ਹੀ ਪੁਰਾਣੇ ਵਿਦਿਆਰਥੀ ਡਾ. ਹਰਦੀਪ ਸਿੰਘ (ਪ੍ਰੋ.) ਨੂੰ ਮਿਲਿਆ ਜਿਨ੍ਹਾਂ ਨੇ 1996 ਵਿੱਚ ਫਾਰਮੇਸੀ ਦਾ ਡਿਪਲੋਮਾ ਕੀਤਾ ਸੀ। 2022-23 ਵਿਚ ਵੀ ਕਾਲਜ ਨੂੰ ਉਤਰ ਭਾਰਤ ਦੇ ਸਰਬਉਤਮ ਪੋਲੀਟੈਕਨਿਕ ਦੇ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਜੋ ਕਿ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਬਨਵਾਰੀ ਲਾਲ ਪ੍ਰੋਹਿਤ ਮਾਣਯੋਗ ਗਵਰਨਰ ਸਾਹਿਬ ਤੋਂ ਹਾਸਲ ਕੀਤਾ।

## ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸ਼ੰਕਰ 'ਚ ਰਾਸ਼ਟਰੀ ਸਾਖਰਤਾ ਦਿਵਸ ਮਨਾਇਆ

**ਕਾਲਾ ਸੰਘਿਆਂ (ਮਨਜੀਤ ਮਾਨ)**-ਸਿੱਖਿਆ ਵਿਭਾਗ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਬਲਾਕ ਨਕੋਦਰ-2 ਦੇ ਸਕੂਲਾਂ ਦੇ ਬੱਚਿਆਂ ਦਾ ਰਾਸ਼ਟਰੀ ਸਾਖਰਤਾ ਦਿਵਸ ਤਹਿਤ ਪੇਂਟਿੰਗ ਅਤੇ ਲੇਖ ਮੁਕਾਬਲੇ ਕਰਵਾਏ ਗਏ।ਇਹਨਾਂ ਮੁਕਾਬਲਿਆਂ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਆਪਣੇ ਹੁਨਰ ਪੇਸ਼ ਕਰਨ ਲਈ ਭਾਗ ਲਿਆ ਗਿਆ ਅਤੇ ਰਾਸ਼ਟਰੀ ਸਾਖਰਤਾ ਦਿਵਸ ਉੱਪਰ ਪੇਂਟਿੰਗ ਅਤੇ ਲੇਖ ਰਚਨਾਵਾਂ ਕੀਤੀਆਂ ਗਈਆਂ।ਇਹਨਾਂ ਵਿੱਚੋਂ ਪੇਂਟਿੰਗ ਮੁਕਾਬਲੇ ਵਿੱਚ ਪਹਿਲੇ ਸਥਾਨ 'ਤੇ ਅਕਾਸ਼ਦੀਪ ਕੌਰ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸ਼ੰਕਰ, ਦੂਜੇ ਸਥਾਨ 'ਤੇ ਬਬੀਤਾ ਸਹਸ ਬਜੂਹਾ ਕਲਾਂ, ਤੀਜੇ ਸਥਾਨ 'ਤੇ ਅਮਰਿੰਦਰ ਸਿੰਘ ਸਹਸ ਨੂਰਪੁਰ ਜੇਤੂ ਰਹੇ ਅਤੇ ਇਸੇ ਤਰ੍ਹਾਂ ਲੇਖ-ਰਚਨਾ ਵਿੱਚ ਪਹਿਲਾ ਸਥਾਨ ਗੁਰਪ੍ਰੀਤ ਕੌਰ ਸਰਕਾਰੀ ਹਾਈ ਸਕੂਲ ਚਾਨੀਆਂ, ਦੂਜਾ ਸਥਾਨ ਜਤਿਨ ਕੁਮਾਰ ਸਰਕਾਰੀ ਹਾਈ ਸਕੂਲ ਸ਼ੰਕਰ (ਮੁੰਡੇ) ਅਤੇ ਪ੍ਰੇਮ ਸਾਗਰ ਸਰਕਾਰੀ ਹਾਈ ਸਕੂਲ ਗੋਹੀਰ ਵੱਲੋਂ ਤੀਜਾ ਸਥਾਨ ਪ੍ਰਾਪਤ ਕਰਕੇ ਸਕੂਲਾਂ ਦਾ ਮਾਣ ਵਧਾਇਆ ਗਿਆ।ਇਸ ਮੌਕੇ 'ਤੇ ਜੱਜਮੈਂਟ ਲਈ ਆਏ ਅਧਿਆਪਕ ਪਲਵਿੰਦਰ ਕੌਰ, ਲੈਕਚਰਾਰ ਪੰਜਾਬੀ, ਜਗਤਾਰ ਸਿੰਘ, ਪੰਜਾਬੀ ਮਾਸਟਰ, ਕਿਰਨ ਬਾਲਾ, ਏ.ਸੀ.ਟੀ ਅਧਿਆਪਕਾ, ਬਲਵਿੰਦਰ ਕੁਮਾਰ/ਏ.ਸੀ.ਟੀ ਅਧਿਆਪਕ ਦੇ ਨਾਲ ਪ੍ਰਿੰਸੀਪਲ-ਕਮ-ਬਲਾਕ ਇੰਚਾਰਜ (ਨਕੋਦਰ-2) ਮੈਡਮ ਦਮਨਜੀਤ ਕੌਰ ਇਸ ਮੌਕੇ 'ਤੇ ਹਾਜ਼ਰ ਸਨ।



## ਸੁਖਵਿੰਦਰ ਸਿੰਘ ਸਟੇਟ ਐਵਾਰਡ ਨਾਲ ਸਨਮਾਨਤ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸੁਖਵਿੰਦਰ ਸਿੰਘ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਸ਼ਾਸਨਿਕ ਸੇਵਾਵਾਂ ਲਈ ਪੰਜਾਬ ਸਰਕਾਰ ਵੱਲੋਂ ਸਟੇਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ ਹੈ। ਇਸ ਵਿਸ਼ੇਸ਼ ਪ੍ਰਾਪਤੀ 'ਤੇ ਸੁਖਵਿੰਦਰ ਸਿੰਘ ਜ਼ਿਲ੍ਹਾ ਸਿੱਖਿਆ ਅਫ਼ਸਰ ਹਰਜਿੰਦਰ ਸਿੰਘ ਦੇ ਨਾਲ ਹੁਸ਼ਿਆਰਪੁਰ ਦੀ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੂੰ ਮਿਲੇ। ਡਿਪਟੀ ਕਮਿਸ਼ਨਰ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਸਿੱਖਿਆ ਦੇ ਖੇਤਰ ਵਿੱਚ ਪਾਏ ਵਡਮੁੱਲੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਹਾ ਕਿ ਸੁਖਵਿੰਦਰ ਸਿੰਘ ਦੀ ਮਿਹਨਤ ਅਤੇ ਲਗਨ ਸਦਕਾ ਪੂਰੇ ਪੰਜਾਬ ਵਿੱਚ ਹੁਸ਼ਿਆਰਪੁਰ ਜ਼ਿਲ੍ਹੇ ਦਾ ਨਾਮ ਰੌਸ਼ਨ ਹੋਇਆ ਹੈ। ਇਸ ਮੌਕੇ ਉਨ੍ਹਾਂ ਹਦਾਇਤ ਕੀਤੀ ਕਿ ਆਉਣ ਵਾਲੇ ਸਮੇਂ ਵਿੱਚ ਜ਼ਿਲ੍ਹੇ ਦੀ ਸਿੱਖਿਆ ਪ੍ਰਣਾਲੀ ਨੂੰ ਹੋਰ ਮਜ਼ਬੂਤ ?ਕੀਤਾ ਜਾਵੇ, ਤਾਂ ਜੋ ਹੁਸ਼ਿਆਰਪੁਰ ਜ਼ਿਲ੍ਹਾ ਪੰਜਾਬ ਵਿੱਚ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸਥਾਨ ਹਾਸਲ ਕਰ ਸਕੇ ਸਿੱਖਿਆ ਦੇ ਖੇਤਰ ਵਿੱਚ ਜੋ ਕੰਮ ਕੀਤਾ ਗਿਆ ਹੈ ਉਹ ਸ਼ਲਾਘਾਯੋਗ ਹੈ। ਉਨ੍ਹਾਂ ਦੇ ਯਤਨਾਂ ਸਦਕਾ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੀ ਹਾਲਤ ਵਿੱਚ ਵੱਡੀ ਤਬਦੀਲੀ ਆਈ ਹੈ। ਉਨ੍ਹਾਂ ਦਾ ਇਹ ਸਨਮਾਨ ਜਿੱਥੇ ਜ਼ਿਲ੍ਹੇ ਲਈ ਮਾਣ ਵਾਲੀ ਗੱਲ ਹੈ, ਉੱਥੇ ਹੀ ਇਹ ਹੋਰ ਅਧਿਆਪਕਾਂ ਨੂੰ ਵੀ ਪ੍ਰੇਰਿਤ ਕਰੇਗਾ।ਸੁਖਵਿੰਦਰ ਸਿੰਘ ਨੇ ਆਪਣੀ ਕਾਮਯਾਬੀ ਦਾ ਸਿਹਰਾ ਜ਼ਿਲ੍ਹੇ ਦੇ ਅਧਿਆਪਕਾਂ ਅਤੇ ਸਿੱਖਿਆ ਵਿਭਾਗ ਦੀ ਸਮੁੱਚੀ ਟੀਮ ਨੂੰ ਦਿੱਤਾ। ਉਨ੍ਹਾਂ ਭਰੋਸਾ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਉਹ ਸਿੱਖਿਆ ਦੇ ਖੇਤਰ ਵਿੱਚ ਹੋਰ ਨਵੇਂ ਆਯਾਮ ਸਥਾਪਿਤ ਕਰਨਗੇ।

## ਗੁਰੂ ਹਰਕ੍ਰਿਸ਼ਨ ਸਕੂਲ 'ਚ ਅਧਿਆਪਕਾਂ ਲਈ ਇੱਕ ਰੋਜ਼ਾ ਸੈਮੀਨਾਰ



**ਸੁਲਤਾਨਪੁਰ ਲੋਧੀ, ( ਹਨੀ )**-ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਸਟਾਫ਼ ਮੈਂਬਰਾਂ ਲਈ ਇਕ ਦਿਨਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਆਰ.ਸੀ.ਐਫ. ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੇ ਸਟਾਫ ਮੈਂਬਰਾਂ ਵੀ ਭਾਗ ਲਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਅਤੇ ਪੱਲਵੀ ਸਿੰਘ ਬਤੌਰ ਮੁੱਖ ਬੁਲਾਰਾ ਸ਼ਾਮਲ ਹੋਏ। ਸਟਾਫ਼ ਮੈਂਬਰਾਂ ਪਹੁੰਚੇ ਮਹਿਮਾਨਾਂ ਦਾ ਜ਼ੋਰਦਾਰ ਸਵਾਗਤ ਕੀਤਾ।ਇਸ ਦੌਰਾਨ ਮੈਡਮ ਪੱਲਵੀ ਸਿੰਘ ਨੇ ਪ੍ਰਭਾਵਸ਼ਾਲੀ ਅਧਿਆਪਨ ਤਰੀਕਿਆਂ ਬਾਰੇ ਦੱਸਿਆ। ਜਿਸ ਵਿੱਚ ਸਟੋਰੀ ਟੈਲਿੰਗ, ਪ੍ਰੋਜੈਕਟ ਵਰਕ, ਕਰੀਏਟਿਵ ਥਿੰਕਿੰਗ ਆਦਿ ਵੱਖ-ਵੱਖ ਗਤੀਵਿਧੀਆਂ ਰਾਹੀਂ ਪੜ੍ਹਾਈ ਨੂੰ ਹੋਰ ਵੀ ਵਧੇਰੇ ਦਿਲਚਸਪ ਤਰੀਕਿਆਂ ਨਾਲ ਪੜ੍ਹਾਉਣ ਬਾਰੇ ਦੱਸਿਆ। ਉਨ੍ਹਾਂ ਵੱਲੋਂ ਕਰਵਾਈਆਂ ਗਤੀਵਿਧੀਆਂ ਵਿੱਚ ਸਟਾਫ਼ ਮੈਂਬਰਾਂ ਬਹੁਤ ਹੀ ਦਿਲਚਸ

## ਖੱਡ 'ਚ ਮੁੜ ਪਾਣੀ ਆਉਣ ਨਾਲ ਸਵਿਫਟ ਸਵਾਰ ਨੌਜਵਾਨ ਵਾਲ ਵਾਲ ਬਚੇ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਸੋਮਵਾਰ ਨੂੰ ਸਵੇਰੇ ਕਰੀਬ 8 ਵਜੇ ਜੇਜੋਂ ਦੋਆਬਾ ਦੀ ਖੱਡ ਵਿੱਚ ਬਾਰਿਸ਼ ਦਾ ਪਾਣੀ ਆਉਣ ਨਾਲ ਮੁੜ ਹੜ੍ਹ ਵਰਗੇ ਹਾਲਾਤ ਬਣ ਗਏ। ਇਸ ਖੱਡ ਦੇ ਪਾਣੀ ਦੀ ਲਪੇਟ ਵਿੱਚ ਸਵਿਫਟ ਸਵਾਰ ਨੌਜਵਾਨ ਆ ਗਏ ਜਿਨ੍ਹਾਂ ਦਾ ਵਾਲ ਵੱਲ ਬਚਾਅ ਹੋ ਗਿਆ। ਪਿੰਡ ਜੇਜੋਂ ਦੇ ਨੌਜਵਾਨਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹ ਖੱਡ ਦੇ ਕੋਲ ਖੜ੍ਹੇ ਮੀਂਹ ਦੇ ਆਏ ਪਾਣੀ ਨੂੰ ਦੇਖ ਰਹੇ ਸਨ ਤਾਂ ਇਕ ਹਿਮਾਚਲ ਪ੍ਰਦੇਸ਼ ਨੰਬਰੀ ਕਾਰ ਨੰਬਰ ਐਚ. ਪੀ. 80 ਏ 7734 ਚੱਲ ਰਹੇ ਤੇਜ਼ ਪਾਣੀ ਦੇ ਵਹਾ ਨਾਲ ਰੁੜ੍ਹਨ ਲੱਗ ਪਈ ਸੀ। ਉਨ੍ਹਾਂ ਦੱਸਿਆ ਕਿ ਇਹ ਦ੍ਰਿਸ਼ ਦੇਖ ਕੇ ਉਨ੍ਹਾਂ ਦੀਆਂ ਅੱਖਾਂ ਅੱਗੇ 11 ਅਗਸਤ ਦੀ ਦੁਰਘਟਨਾ ਆ ਗਈ ਜਿਸ ਵਿਚ 11 ਲੋਕਾਂ ਦੀ ਜਾਨ ਚਲੀ ਗਈ ਸੀ। ਰੋਹਿਤ ਜੈਨ ਨੇ ਦੱਸਿਆ ਕਿ ਉਹ ਅਤੇ ਉਸ ਦੇ ਨਾਲ ਖੜ੍ਹੇ ਨੌਜਵਾਨ ਲਿਆਕਤ ਅਲੀ, ਵਿੱਕੀ ਖੰਨੀ, ਅਸ਼ਵਨੀ ਅਤੇ ਵੰਸ਼ ਗੱਜਰ ਨੇ ਪਾਣੀ ਵਿਚ ਛਾਲਾਂ ਮਾਰ ਦਿੱਤੀਆਂ ਅਤੇ ਜਲਦੀ ਨਾਲ ਕਾਰ ਵਿਚ ਬੈਠੇ ਨੌਜਵਾਨਾਂ ਨੂੰ ਬਾਹਰ ਕੱਢਿਆ। ਉਨ੍ਹਾਂ ਕਿਹਾ ਕਿ ਇਸ ਤੋਂ ਬਾਅਦ ਉਨ੍ਹਾਂ ਨੇ ਲੋਕਾਂ ਅਤੇ ਵਾਹਨਾਂ ਦੀ ਮਦਦ ਨਾਲ ਰੁੜ੍ਹ ਚੱਲੀ ਕਾਰ ਨੂੰ ਬੜੀ ਮੁਸ਼ਕਲ ਨਾਲ ਖਿੱਚ ਕੇ ਕਿਨਾਰੇ 'ਤੇ ਲਿਆਂਦਾ। ਜਾਣਕਾਰੀ ਮੁਤਾਬਕ ਸਵਿਫਟ ਕਾਰ ਸਵਾਰ ਹਿਮਾਚਲ ਪ੍ਰਦੇਸ਼ ਦੇ ਬੀਟਣ ਪਿੰਡ ਦੇ ਸਨ ਜੋ ਮਾਹਿਲਪੁਰ ਵੱਲ ਜਾ ਰਹੇ ਸਨ।ਪੀ ਅਤੇ ਉਤਸ਼ਾਹ ਨਾਲ ਹਿੱਸਾ ਲਿਆ।


## ਜਨਮ ਦਿਨ ਮੁਬਾਰਕ



ਅਸੀਸ ਕੌਰ ਬੁਆਲ (ਸਮਰਾਲਾ)



ਅਭਿਜੋਤ ਸਿੰਘ (ਮੱਖੂ)


# ਜਾਂਦਲਾ ਪੁਲ ਜਲਦੀ ਲੋਕਾਂ ਲਈ ਖੋਲ੍ਹਿਆ ਜਾਵੇਗਾ : ਐੱਸ ਡੀ ਓ



**ਭਲਾਣ (ਹਰਭਜਨ ਢਿੱਲੋਂ)**- 14.60 ਕਰੋੜ ਦੀ ਲਾਗਤ ਨਾਲ ਤਿਆਰ ਹੋ ਰਿਹਾ ਜਾਂਦਲਾ ਫਲਾਈ ਓਵਰ ਜਲਦੀ ਲੋਕ ਅਰਪਣ ਕੀਤਾ ਜਾਵੇਗਾ। ਜਿਸ ਨਾਲ ਦਰਜਨਾਂ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਦੀ ਸੁਚਾਰੂ ਸਹੂਲਤ ਮਿਲੇਗੀ।ਲੋਕ ਨਿਰਮਾਣ ਵਿਭਾਗ ਦੇ ਐਸ.ਡੀ.ਓ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਭਾਖੜਾ ਅਤੇ ਨੰਗਲ ਹਾਈਡਲ ਚੈਨਲ ਤੇ ਬਣ ਰਹੇ ਇਸ ਪੁਲ ਦੀ ਜਾਂਦਲਾ ਵਾਲੇ ਪਾਸੇ ਦੀ ਅਪਰੋਚ ਰੋਡ ਦਾ ਕੰਮ ਚੱਲ ਰਿਹਾ ਹੈ। ਸਰਕਾਰੀ ਸਕੂਲ ਵਾਲੇ ਪਾਸੇ ਦੇ ਪੁਲ ਦੀ ਜ਼ਮੀਨ ਦਾ ਮੁਆਵਜ਼ਾ ਸਕੂਲ ਨੂੰ ਦੇ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਦਰਜਨਾਂ ਪਿੰਡਾਂ ਦੇ ਲੋਕ ਦਹਾਕਿਆਂ ਤੋਂ ਇਸ ਪੁਲ ਦੇ ਨਿਰਮਾਣ ਦੀ ਮੰਗ ਕਰ ਰਹੇ ਸਨ, ਜਿਨ੍ਹਾਂ ਨੂੰ ਕਈ ਕਿਲੋਮੀਟਰ ਦਾ ਫੇਰਾ ਪਾ ਕੇ ਆਪਣੇ ਘਰਾਂ ਨੂੰ ਆਉਣਾ ਜਾਣਾ ਪੈਂਦਾ ਸੀ। ਮੌਜੂਦਾ ਸਰਕਾਰ ਵੱਲੋਂ ਇਸ ਪੁਲ ਦੇ ਨਿਰਮਾਣ ਲਈ ਮਿਲੇ ਆਦੇਸ਼ਾਂ ਤੇ ਪ੍ਰਾਪਤ ਫੰਡਾਂ ਨਾਲ ਇਸ ਪੁਲ ਦੇ ਨਿਰਮਾਣ ਦੇ ਕੰਮ ਦੀ ਰਫਤਾਰ ਨੂੰ ਗਤੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਪੁਲ ਦਾ ਕੰਮ ਮੁਕੰਮਲ ਹੋਣ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।

# ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦਾ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ



**ਕਪੂਰਥਲਾ, ( ਹਨੀ )**- ਜ਼ਿਲਾ ਪੱਧਰ ਅਤੇ ਬਲਾਕ ਪੱਧਰ 'ਤੇ ਚੱਲ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ 'ਚ ਹਿੱਸਾ ਲੈਂਦਿਆਂ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਆਰ ਸੀ ਐਫ ਦੇ ਵਿਦਿਆਰਥੀਆਂ ਬਹੁਤ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਵੱਡੀਆਂ ਮੱਲਾਂ ਮਾਰੀਆਂ। ਪ੍ਰਿੰਸੀਪਲ ਪ੍ਰਭਦੀਪ ਕੌਰ ਮੋਂਗਾ ਨੇ ਦੱਸਿਆ ਕਿ ਲੜਕੀਆਂ ਦੀ ਬਾਸਕਟਬਾਲ ਟੀਮ ਅੰਡਰ 17 ਨੇ ਬਲਾਕ ਪੱਧਰ 'ਤੇ ਦੂਜਾ ਸਥਾਨ ਹਾਸਲ ਕੀਤਾ।ਲੜਕੀਆਂ ਦੀ ਵਾਲੀਵਾਲ ਟੀਮ ਅੰਡਰ 17 ਨੇ ਬਲਾਕ ਪੱਧਰ 'ਤੇ ਦੂਜਾ ਅਤੇ ਅੰਡਰ 14 ਨੇ ਬਲਾਕ ਅਤੇ ਜ਼ਿਲ੍ਹਾ ਪੱਧਰ 'ਤੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਅੰਡਰ 17 ਜ਼ਿਲ੍ਹਾ ਪੱਧਰ 'ਤੇ ਦੂਜਾ ਸਥਾਨ ਹਾਸਲ ਕੀਤਾ। ਅੰਡਰ 19 ਦੀ ਟੀਮ ਨੇ ਬਲਾਕ ਪੱਧਰ 'ਤੇ ਪਹਿਲਾ ਸਥਾਨ ਹਾਸਲ ਕੀਤਾ। ਖੋ ਖੋ ਵਿੱਚ ਲੜਕੀਆਂ ਦੀ ਅੰਡਰ 17 ਟੀਮ ਨੇ ਬਲਾਕ ਪੱਧਰ 'ਤੇ ਪਹਿਲਾ ਸਥਾਨ ਅਤੇ ਅੰਡਰ 14 ਟੀਮ ਨੇ ਬਲਾਕ ਪੱਧਰ 'ਤੇ ਦੂਜਾ ਸਥਾਨ ਹਾਸਲ ਕੀਤਾ ਅਤੇ ਅੰਡਰ 17 ਦੀ ਟੀਮ ਨੇ ਜ਼ਿਲ੍ਹਾ ਪੱਧਰ 'ਤੇ ਤੀਜਾ ਸਥਾਨ ਹਾਸਲ ਕੀਤਾ। ਸ਼ਤਰੰਜ ਵਿੱਚ ਲੜਕੀਆਂ ਦੀ ਅੰਡਰ 19 ਟੀਮ ਨੇ ਬਲਾਕ ਪੱਧਰ 'ਤੇ ਪਹਿਲਾ ਸਥਾਨ ਹਾਸਲ ਕੀਤਾ। ਟਗ ਆਫ ਵਾਰ ਵਿੱਚ ਲੜਕੀਆਂ ਦੀ ਅੰਡਰ 17 ਟੀਮ ਨੇ ਬਲਾਕ ਪੱਧਰ 'ਤੇ ਤੀਜਾ ਅਤੇ ਅੰਡਰ 17 ਦੀ ਟੀਮ ਨੇ ਜ਼ਿਲ੍ਹਾ ਪੱਧਰ 'ਤੇ ਵੀ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਲੜਕਿਆਂ ਵੱਲੋਂ ਵਧੀਆ ਖੇਡ ਦਾ ਮੁਜ਼ਾਹਰਾ ਕਰਦਿਆਂ ਹੋਇਆਂ ਬਾਸਕਟਬਾਲ ਦੀ ਅੰਡਰ 17 ਟੀਮ ਨੇ ਬਲਾਕ ਪੱਧਰ 'ਤੇ ਦੂਜਾ ਸਥਾਨ, ਵਾਲੀਬਾਲ ਦੀ ਅੰਡਰ 14 ਟੀਮ ਨੇ ਬਲਾਕ ਪੱਧਰ 'ਤੇ ਦੂਜਾ ਅਤੇ ਅੰਡਰ 17 ਦੀ ਟੀਮ ਨੇ ਜ਼ਿਲ੍ਹਾ ਪੱਧਰ 'ਤੇ ਤੀਜਾ, ਅੰਡਰ 17 ਟੀਮ ਨੇ ਬਲਾਕ ਪੱਧਰ 'ਤੇ ਪਹਿਲਾ ਅਤੇ ਅੰਡਰ 19 ਦੀ ਟੀਮ ਨੇ ਬਲਾਕ ਪੱਧਰ 'ਤੇ ਦੂਜਾ ਸਥਾਨ ਹਾਸਲ ਕੀਤਾ।ਸ਼ਤਰੰਜ ਦੀ ਅੰਡਰ 19 ਟੀਮ ਨੇ ਬਲਾਕ ਪੱਧਰ 'ਤੇ ਪਹਿਲਾ ਅਤੇ ਬੈਡਮਿੰਟਨ ਵਿੱਚ ਅੰਡਰ 17 ਟੀਮ ਨੇ ਬਲਾਕ ਪੱਧਰ 'ਤੇ ਤੀਜਾ ਸਥਾਨ ਹਾਸਲ ਕੀਤਾ।

ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਸ਼੍ਰੋਮਣੀ ਕਮੇਟੀ, ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਜੇਤੂ ਰਹੇ ਵਿਦਿਆਰਥੀਆਂ ਅਤੇ ਸਟਾਫ ਨੂੰ ਇਸ ਸਫਲਤਾ 'ਤੇ ਵਧਾਈ।



*ਫਿਲੌਰ ਵਿਖੇ ਬਾਬਾ ਲਾਲ ਦਿਆਲ ਮੰਦਰ ਵਿਖੇ ਗਣੇਸ਼ ਮਹਾਂਉਤਸਵ ਮੌਕੇ ਪੰਡਿਤ ਰਾਕੇਸ਼ ਵਿਸ਼ਿਸ਼ਟ ਪ੍ਰਧਾਨ ਵਿਕਾਸ ਸ਼ਰਮਾ, ਸੁਸ਼ੀਲ ਸ਼ਰਮਾ ਬਾਕਸਰ, ਟੋਨੀ ਸ਼ਹਿਰ ਤੋਂ ਆਈਆ ਸੰਗਤਾਂ ਗਣੇਸ਼ ਜੀ ਦਾ ਗੁਣਗਾਨ ਕਰਦੀਆਂ ਹੋਈਆਂ। (ਫੋਟੋ ਤੇ ਵੇਰਵਾ : ਫਿਲੌਰ ਤੋਂ ਬੀ ਐੱਸ ਕੈਨੇਡੀ)*